ਸ਼ਨੀਵਾਰ, 18 ਜੁਲਾਈ, 2026
3 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 47

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 18 JULY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਮੋਦੀ ਵੱਲੋਂ ਪੰਜਾਬ 'ਚ ਵੀ ਡਬਲ ਇੰਜਣ ਸਰਕਾਰ ਦੀ ਵਕਾਲਤ

**ਜਲੰਧਰ (ਨਵਾਂ ਜ਼ਮਾਨਾ ਸਰਵਿਸ)**
ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਇੱਥੇ ਕਿਹਾ ਕਿ ਜਲੰਧਰ ਵਿਕਾਸ ਦਾ ਨਵਾਂ ਕੇਂਦਰ ਬਣ ਰਿਹਾ ਹੈ। ਉਨ੍ਹਾਂ ਨੇ ਪਹਿਲੀ ਹਾਈਡਰੋਜਨ ਰੇਲ ਗੱਡੀ ਦੇ ਉਦਘਾਟਨ, ਸਿੱਖ ਮਿਊਜ਼ੀਅਮ ਅਤੇ ਹੋਰ ਵਿਕਾਸ ਪ੍ਰੋਜੈਕਟਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਪੰਜਾਬ ਲਈ ਇਤਿਹਾਸਕ ਪਲ ਹਨ। ਉਨ੍ਹਾਂ ਨੇ ਕਿਹਾ ਕਿ ਸਿੱਖ ਮਿਊਜ਼ੀਅਮ ਗੁਰੂਆਂ ਦੀਆਂ ਸਿੱਖਿਆਵਾਂ ਅਤੇ ਬਲੀਦਾਨਾਂ ਤੋਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰੇਗਾ। ਨਾਲ ਹੀ ਹਰਿਆਣਾ ਸਰਕਾਰ ਵੱਲੋਂ ਸਿੱਖ ਕੌਮ ਲਈ ਕੀਤੇ ਕੰਮਾਂ ਦੀ ਵੀ ਸ਼ਲਾਘਾ ਕੀਤੀ। ਪ੍ਰਧਾਨ ਮੰਤਰੀ ਨੇ ਦੱਸਿਆ ਕਿ ਜਲੰਧਰ ਤੋਂ ਕਈ ਨਵੀਆਂ ਰੇਲ ਸੇਵਾਵਾਂ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਨੇ ਅੰਮ੍ਰਿਤਸਰ-ਕਾਸ਼ੀ ਰੇਲ ਸੇਵਾ, ਦੌਲਤਪੁਰ ਅਤੇ ਕਰਤੋਲੀ ਲਈ ਨਵੀਆਂ ਰੇਲ ਗੱਡੀਆਂ ਅਤੇ ਲੁਧਿਆਣਾ ਬਾਈਪਾਸ ਜੰਕਸ਼ਨ ਦੇ ਉਦਘਾਟਨ ਦਾ ਵੀ ਜ਼ਿਕਰ ਕੀਤਾ।

ਉਨ੍ਹਾ ਕਿਹਾ ਕਿ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਨਾ ਹੋਣ ਦੇ ਬਾਵਜੂਦ ਕੇਂਦਰ ਸਰਕਾਰ



ਵਿਕਾਸ ਕਾਰਜਾਂ ਵਿੱਚ ਕੋਈ ਕਮੀ ਨਹੀਂ ਛੱਡ ਰਹੀ। ਮੋਦੀ ਨੇ ਤੇਜਾ ਸਿੰਘ ਸਮੁੰਦਰੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਜੀਵਨ ਅਤੇ ਬਲੀਦਾਨ ਦੇਸ਼ ਲਈ ਪ੍ਰੇਰਨਾ ਸਰੋਤ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦਾ ਟੀਚਾ ਹਰ ਨਾਗਰਿਕ ਦਾ ਜੀਵਨ ਆਸਾਨ ਬਣਾਉਣਾ ਹੈ। ਉਨ੍ਹਾਂ ਨੇ ਕਿਹਾ ਕਿ ਭਾਰਤੀ ਰੇਲ ਗਰੀਬ ਅਤੇ ਮੱਧ ਵਰਗ ਦੀ ਜੀਵਨ ਰੇਖਾ ਹੈ। 2014 ਤੋਂ ਪਹਿਲਾਂ ਰੇਲਵੇ ਦੀ ਅਣਦੇਖੀ ਕੀਤੀ ਗਈ, ਪਰ ਹੁਣ ਦੇਸ਼ ਭਰ ਵਿੱਚ 1300 ਤੋਂ ਵੱਧ ਰੇਲਵੇ ਸਟੇਸ਼ਨਾਂ ਦਾ ਆਧੁਨਿਕੀਕਰਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਲੰਧਰ ਕੈਂਟ ਰੇਲਵੇ ਸਟੇਸ਼ਨ ਵਿਕਸਤ ਭਾਰਤ ਦੀ ਨਵੀਂ ਤਸਵੀਰ ਪੇਸ਼ ਕਰੇਗਾ। ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਦੇਸ਼ ਦੀ ਵਿਰਾਸਤ, ਸੱਭਿਆਚਾਰ ਅਤੇ ਸਥਾਨਕ ਪਛਾਣ ਨੂੰ ਮਜ਼ਬੂਤ ਕਰ ਰਹੀ ਹੈ।

ਮੋਦੀ ਨੇ ਜਲੰਧਰ ਦੇ ਖੇਡ ਉਦਯੋਗ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਸ਼ਹਿਰ ਦੁਨੀਆ ਭਰ ਵਿੱਚ ਆਪਣੀ ਵੱਖਰੀ ਪਛਾਣ ਰੱਖਦਾ ਹੈ। ਉਨ੍ਹਾਂ ਨੇ ਪੰਜਾਬ ਨੂੰ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਧਰਤੀ ਵੀ ਦੱਸਿਆ। ਪ੍ਰਧਾਨ ਮੰਤਰੀ ਨੇ ਪੰਜਾਬ ਦੀ ਕਾਨੂੰਨ-ਵਿਵਸਥਾ ਨੂੰ ਲੈ ਕੇ ਚਿੰਤਾ ਜਤਾਈ। ਉਨ੍ਹਾਂ ਦਾਅਵਾ ਕੀਤਾ ਕਿ ਸੂਬੇ ਵਿੱਚ ਪੁਲਿਸ ਥਾਣਿਆਂ 'ਤੇ ਹਮਲੇ ਹੋ ਰਹੇ ਹਨ ਅਤੇ ਨਸ਼ਾ ਤਸਕਰ ਖੁੱਲ੍ਹੇਆਮ ਘੁੰਮ ਰਹੇ ਹਨ। ਉਨ੍ਹਾਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਭ੍ਰਿਸ਼ਟਾਚਾਰ ਦੇ ਦੋਸ਼ ਲਗਾਉਂਦਿਆਂ ਕਿਹਾ ਕਿ ਵਿਜੇ ਸਿੰਗਲਾ ਸਮੇਤ ਕਈ ਮਾਮਲੇ ਸਾਹਮਣੇ ਆਏ ਹਨ। ਉਨ੍ਹਾਂ ਨੇ ਕਿਹਾ ਕਿ ਮੌਜੂਦਾ ਸਰਕਾਰ ਦੀ ਪਛਾਣ 'ਕੱਟੜ ਬੇਈਮਾਨ' ਵਜੋਂ ਬਣ ਗਈ ਹੈ। ਪ੍ਰਧਾਨ ਮੰਤਰੀ ਨੇ ਦਾਅਵਾ ਕੀਤਾ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਲਈ ਭੇਜੇ ਗਏ ਫੰਡਾਂ ਦੀ ਸਹੀ ਵਰਤੋਂ ਨਹੀਂ ਹੋ ਰਹੀ ਅਤੇ ਕਰਜ਼ੇ ਦਾ ਪੈਸਾ ਵੀ ਗਲਤ ਢੰਗ ਨਾਲ ਖਰਚਿਆ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਤੇਜ਼ ਵਿਕਾਸ ਲਈ ਡਬਲ ਇੰਜਨ ਦੀ ਸਰਕਾਰ ਦੀ ਲੋੜ ਹੈ। ਨਾਲ ਹੀ ਉਨ੍ਹਾਂ ਨੇ ਕਿਸਾਨਾਂ, ਡੀ ਏ ਅਤੇ ਮਹਿਲਾ ਯੋਜਨਾਵਾਂ ਨੂੰ ਲੈ ਕੇ ਵੀ ਪੰਜਾਬ ਸਰਕਾਰ 'ਤੇ ਵਾਅਦੇ ਪੂਰੇ ਨਾ ਕਰਨ ਦੇ ਦੋਸ਼ ਲਗਾਏ। ਮੋਦੀ ਨੇ ਇਸ ਮੌਕੇ 5470 ਕਰੋੜ ਦੇ ਰੇਲ ਤੇ ਸੜਕ ਪ੍ਰਾਜੈਕਟਾਂ ਦਾ ਵਰਚੂਅਲੀ ਉਦਘਾਟਨ ਵੀ ਕੀਤਾ।

ਇਸ ਤੋਂ ਪਹਿਲਾਂ ਮੋਦੀ ਨੇ ਚੰਡੀਗੜ੍ਹ ਦੌਰੇ ਦੌਰਾਨ ਟਰਾਈਸਿਟੀ ਅਤੇ ਇਸ ਦੇ ਨਾਲ ਲੱਗਦੇ ਸੂਬਿਆਂ ਲਈ 4,700 ਕਰੋੜ ਰੁਪਏ ਤੋਂ ਵੱਧ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ। ਇਸ ਮੌਕੇ ਇੱਕ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਆਖਿਆ ਕਿ ਚੰਡੀਗੜ੍ਹ ਮਹਿਜ਼ ਇੱਕ ਸ਼ਹਿਰ ਨਹੀਂ ਹੈ, ਸਗੋਂ ਇਹ ਬਦਲਦੇ ਭਾਰਤ ਦੇ 'ਵਿਕਾਸ ਮਾਡਲ' ਦਾ ਪ੍ਰਤੀਕ ਹੈ ਅਤੇ ਇਸ ਦਾ ਸਰਵਪੱਖੀ ਵਿਕਾਸ ਕਰਨਾ ਸਾਡੀ • ਬਾਕੀ ਸਫਾ 2 'ਤੇ

## ਨਿੱਕੂ ਦਾ ਭਲਕੇ ਮੈਸੀ ਨਾਲ ਮੁਕਾਬਲਾ



ਅਰਜਨਟੀਨੀ ਫੁੱਟਬਾਲ ਟੀਮ ਦੇ ਕਪਤਾਨ ਲਿਓਨਲ ਮੈਸੀ ਨੇ 20 ਸਾਲ ਪਹਿਲਾਂ ਯੂਨੀਸੈਫ ਦੇ ਇੱਕ ਫੋਟੋਸ਼ੂਟ ਦੌਰਾਨ ਅਣਜਾਣੇ ਵਿੱਚ ਸਪੇਨ ਦੇ ਸਿਤਾਰੇ ਲਾਮੀਨ ਯਮਾਲ ਨੂੰ ਜੱਫੀ ਪਾ ਲਈ ਅਤੇ ਉਸ ਨੂੰ ਨਹਾਇਆ। ਦੋਵਾਂ ਵਿੱਚੋਂ ਕਿਸੇ ਨੂੰ ਵੀ ਨਹੀਂ ਸੀ ਪਤਾ ਕਿ ਇਹ ਫੋਟੋ ਫੁੱਟਬਾਲ ਜਗਤ ਦੀਆਂ ਸਭ ਤੋਂ ਸ਼ਾਨਦਾਰ ਤਸਵੀਰਾਂ ਵਿੱਚੋਂ ਇੱਕ ਬਣ ਜਾਵੇਗੀ। ਐਤਵਾਰ ਦੋਨੋਂ ਫਿਰ ਨਜ਼ਰ ਆਉਣਗੇ ਪਰ ਇਸ ਵਾਰ ਵਿਸ਼ਵ ਕੱਪ ਫਾਈਨਲ ਵਿੱਚ ਵਿਰੋਧੀਆਂ ਦੇ ਰੂਪ ਵਿੱਚ। ਫੋਟੋਗ੍ਰਾਫਰ ਜੋਨ ਮੋਨਫੋਰਟ ਨੇ ਸਤੰਬਰ 2007 ਵਿੱਚ ਉਦੋਂ ਖਿੱਚੀ ਸੀ, ਜਦੋਂ ਮੈਸੀ 20 ਸਾਲ ਦਾ ਤੇ ਯਮਾਲ 5 ਮਹੀਨੇ ਦਾ ਸੀ। ਮੋਨਫੋਰਟ, ਜੋ ਹੁਣ 58 ਸਾਲ ਦਾ ਹੈ, ਨੇ ਦੱਸਿਆ "ਮੈਨੂੰ ਇਸ ਫੋਟੋ ਵਿੱਚ ਯਮਾਲ ਦਾ ਉਦੋਂ ਤੱਕ ਕੋਈ ਚੇਤਾ ਨਹੀਂ ਸੀ, ਜਦੋਂ ਤੱਕ ਮੇਰੇ ਇੱਕ ਦੋਸਤ ਨੇ 2024 ਵਿੱਚ ਮੈਨੂੰ ਫੋਨ ਕਰਕੇ ਨਹੀਂ ਦੱਸਿਆ ਕਿ ਯਮਾਲ ਦੇ ਪਿਤਾ ਨੇ ਇਸ ਨੂੰ ਇੰਸਟਾਗ੍ਰਾਮ 'ਤੇ ਪੋਸਟ ਕੀਤਾ ਹੈ।"

ਮੋਨਫੋਰਟ ਨੇ ਅੱਗੇ ਕਿਹਾ, "ਮੈਨੂੰ ਲੱਗਦਾ ਹੈ ਕਿ ਮੈਸੀ ਦੂਜੀ ਵਾਰ ਵਿਸ਼ਵ ਕੱਪ ਜਿੱਤ ਕੇ ਆਪਣੇ ਕਰੀਅਰ ਦਾ ਅੰਤ ਕਰਨ ਦਾ ਹੱਕਦਾਰ ਹੈ। ਯਮਾਲ ਕੋਲ ਵਿਸ਼ਵ ਕੱਪ ਵਰਗੀਆਂ ਟਰਾਫੀਆਂ ਜਿੱਤਣ ਲਈ ਕਾਫੀ ਸਮਾਂ ਹੈ। ਪਰ ਜੇ ਉਹ ਇਸ ਨੂੰ ਹੁਣ ਜਿੱਤਦਾ ਹੈ, ਤਾਂ ਇਹ ਉਸ ਦੇ ਹੋਰ ਖਿਤਾਬਾਂ ਨਾਲੋਂ ਵੱਧ ਕੀਮਤੀ ਹੋਵੇਗਾ। ਤਾਂ ਵੀ, ਮੈਂ ਕਹਿ ਨਹੀਂ ਸਕਦਾ ਕਿ ਐਤਕੀਂ ਕੌਣ ਜਿੱਤੇਗਾ। ਮੇਰੇ ਲਈ ਦੋਨੋਂ ਇੱਕੋ ਜਿਹੇ ਹਨ।"

# ਅਮਰੀਕਾ ਵੱਲੋਂ ਈਰਾਨ ਦੀ ਚਾਬਹਾਰ ਬੰਦਰਗਾਹ 'ਤੇ ਹਮਲਾ

**ਵਾਸ਼ਿੰਗਟਨ (ਨਵਾਂ ਜ਼ਮਾਨਾ ਸਰਵਿਸ)**
ਅਮਰੀਕਾ ਵੱਲੋਂ ਲਗਾਤਾਰ 6ਵੇਂ ਦਿਨ ਈਰਾਨ 'ਤੇ ਹਵਾਈ ਹਮਲੇ ਕੀਤੇ ਗਏ ਹਨ ਅਤੇ ਕਈ ਫੌਜੀ ਠਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਇਨ੍ਹਾਂ ਹਮਲਿਆਂ ਵਿੱਚ ਸ਼ੁੱਕਰਵਾਰ ਨੂੰ ਓਮਾਨ ਦੀ ਖਾੜੀ 'ਤੇ ਸਥਿਤ ਈਰਾਨ ਦੀ ਰਣਨੀਤਕ ਚਾਬਹਾਰ ਬੰਦਰਗਾਹ ਨੁਕਸਾਨੀ ਗਈ ਹੈ। ਸ਼ੁਰੂਆਤੀ ਜਾਣਕਾਰੀ ਦੇ ਅਨੁਸਾਰ, ਹਮਲੇ ਵਿੱਚ ਬੰਦਰਗਾਹ 'ਤੇ ਇੱਕ ਨਿਗਰਾਨੀ ਟਾਵਰ ਢਹਿ ਗਿਆ। ਚਾਬਹਾਰ ਬੰਦਰਗਾਹ ਨੂੰ ਅਫਗਾਨਿਸਤਾਨ ਲਈ ਇੱਕ ਮਹੱਤਵਪੂਰਨ ਵਪਾਰਕ ਰਸਤਾ ਮੰਨਿਆ ਜਾਂਦਾ ਹੈ ਅਤੇ ਖੇਤਰੀ ਰਣਨੀਤੀ ਵਿੱਚ ਇੱਕ ਮੁੱਖ ਭੂਮਿਕਾ ਨਿਭਾਉਂਦਾ ਹੈ। ਅਮਰੀਕੀ ਰੱਖਿਆ ਸਕੱਤਰ ਪੀਟ ਹੇਗਸੇਥ ਨੇ ਸੋਸ਼ਲ ਮੀਡੀਆ 'ਤੇ ਚਾਬਹਾਰ ਬੰਦਰਗਾਹ ਦੇ ਨਿਗਰਾਨੀ ਟਾਵਰ ਦੇ ਢਹਿਣ ਦੀ ਇੱਕ ਫੋਟੋ ਸਾਂਝੀ ਕੀਤੀ। ਹਾਲਾਂਕਿ



ਇਹ ਤਸਵੀਰ ਸੋਸ਼ਲ ਮੀਡੀਆ 'ਤੇ ਕਈ ਕਾਰਕੁਨਾਂ ਦੁਆਰਾ ਸ਼ੇਅਰ ਕਰਨ ਤੋਂ ਪਹਿਲਾਂ ਹੀ ਵਾਇਰਲ ਹੋ ਚੁੱਕੀ ਸੀ। ਚਾਬਹਾਰ ਬੰਦਰਗਾਹ ਪਹਿਲਾਂ ਵੀ ਕਈ ਵਾਰ ਅਮਰੀਕੀ ਹਵਾਈ ਹਮਲਿਆਂ ਦਾ ਨਿਸ਼ਾਨਾ ਰਹੀ ਹੈ। ਇਸ ਹਮਲੇ ਤੋਂ ਬਾਅਦ ਈਰਾਨੀ ਸਰਕਾਰੀ ਮੀਡੀਆ ਨੇ ਬੰਦਰਗਾਹ 'ਤੇ ਤੀਜੇ ਦੌਰ ਦੇ ਹਵਾਈ ਹਮਲਿਆਂ ਦੀ ਪੁਸ਼ਟੀ ਕੀਤੀ, ਪਰ ਨਿਗਰਾਨੀ ਟਾਵਰ ਦੇ ਢਹਿ ਜਾਣ ਦੀ ਤੁਰੰਤ ਅਧਿਕਾਰਤ ਪੁਸ਼ਟੀ ਨਹੀਂ ਹੋਈ। ਈਰਾਨ ਦੇ ਦੱਖਣ-ਪੂਰਬੀ ਸਿਸਤਾਨ-ਬਲੋਚਿਸਤਾਨ ਸੂਬੇ ਵਿੱਚ ਓਮਾਨ ਦੀ ਖਾੜੀ 'ਤੇ ਸਥਿਤ ਚਾਬਹਾਰ ਬੰਦਰਗਾਹ ਨੂੰ ਪੱਛਮੀ ਏਸ਼ੀਆ ਦੇ ਸਭ ਤੋਂ ਰਣਨੀਤਕ ਬੰਦਰਗਾਹਾਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ। ਇਹ ਬੰਦਰਗਾਹ ਹਾਰਮੁਜ਼ ਜਲਡਮਰੂ ਦੇ ਬਾਹਰ ਸਥਿਤ ਹੈ, ਜੋ ਇਸ ਨੂੰ ਤਣਾਅ ਜਾਂ ਯੁੱਧ ਦੇ ਸਮੇਂ ਵੀ ਉਪਯੋਗੀ ਬਣਾਉਂਦੀ ਹੈ। ਚਾਬਹਾਰ ਰਾਹੀਂ, ਭਾਰਤ ਪਾਕਿਸਤਾਨੀ ਸਰਹੱਦ ਪਾਰ ਕੀਤੇ ਬਿਨਾਂ ਸਿੱਧੇ ਅਫਗਾਨਿਸਤਾਨ ਅਤੇ ਮੱਧ ਏਸ਼ੀਆਈ ਦੇਸ਼ਾਂ ਵਿੱਚ ਸਾਮਾਨ ਪਹੁੰਚਾ ਸਕਦਾ ਹੈ। ਇਸੇ ਕਰਕੇ ਭਾਰਤ ਨੇ ਇਸ ਦੇ ਵਿਕਾਸ ਵਿੱਚ ਭਾਰੀ ਨਿਵੇਸ਼ ਕੀਤਾ ਹੈ। ਇਹ ਬੰਦਰਗਾਹ ਈਰਾਨ ਲਈ ਵਪਾਰ, ਊਰਜਾ ਨਿਰਯਾਤ ਤੇ ਖੇਤਰੀ ਸੰਪਰਕ ਲਈ ਇੱਕ ਮਹੱਤਵਪੂਰਨ ਕੇਂਦਰ ਹੈ। ਇਹ ਉਜ਼ਬੇਕਿਸਤਾਨ, ਤੁਰਕਮੇਨਿਸਤਾਨ, ਕਜ਼ਾਕਿਸਤਾਨ ਤੇ ਤਾਜਿਕਸਤਾਨ ਵਰਗੇ ਭੂਮੀਗਤ ਦੇਸ਼ਾਂ ਨੂੰ ਅੰਤਰਰਾਸ਼ਟਰੀ ਬਾਜ਼ਾਰਾਂ ਤੱਕ ਪਹੁੰਚ ਕਰਨ ਲਈ ਇੱਕ ਮਹੱਤਵਪੂਰਨ ਰਸਤਾ ਵੀ ਪ੍ਰਦਾਨ ਕਰਦਾ ਹੈ। ਇਸ ਬੰਦਰਗਾਹ ਦਾ ਭਾਰਤ, ਈਰਾਨ, ਅਫਗਾਨਿਸਤਾਨ, ਮੱਧ ਏਸ਼ੀਆਈ ਦੇਸ਼ਾਂ ਅਤੇ ਰੂਸ ਲਈ ਰਣਨੀਤਕ ਅਤੇ ਆਰਥਿਕ ਮਹੱਤਵ ਹੈ। ਭਾਰਤ ਤੇ ਈਰਾਨ ਸਾਂਝੇ ਤੌਰ 'ਤੇ ਚਾਬਹਾਰ ਬੰਦਰਗਾਹ ਦਾ ਵਿਕਾਸ ਕਰ ਰਹੇ ਹਨ। ਭਾਰਤ ਇਸ ਪ੍ਰੋਜੈਕਟ ਲਈ ਨਿਵੇਸ਼, ਉਪਕਰਣ ਅਤੇ ਸੰਚਾਲਨ ਸਹਾਇਤਾ ਪ੍ਰਦਾਨ ਕਰ ਰਿਹਾ ਹੈ, ਹਾਲਾਂਕਿ ਇਹ ਬੰਦਰਗਾਹ ਈਰਾਨੀ ਖੇਤਰ 'ਤੇ ਸਥਿਤ ਹੈ ਅਤੇ ਈਰਾਨ ਦੀ ਮਲਕੀਅਤ ਹੈ। 2024 ਵਿੱਚ ਭਾਰਤ ਅਤੇ ਈਰਾਨ ਨੇ ਚਾਬਹਾਰ ਦੇ ਸ਼ਹੀਦ ਬੇਹਸ਼ਤੀ ਟਰਮੀਨਲ ਨੂੰ ਵਿਕਸਤ ਕਰਨ ਅਤੇ ਚਲਾਉਣ ਲਈ 10 ਸਾਲਾਂ ਦੇ ਲੰਬੇ ਸਮੇਂ ਦੇ ਸਮਝੌਤੇ 'ਤੇ ਹਸਤਾਖਰ ਕੀਤੇ ਸਨ। ਅਫਗਾਨਿਸਤਾਨ ਵੀ ਇਸ ਪ੍ਰੋਜੈਕਟ ਵਿੱਚ ਇੱਕ ਮੁੱਖ ਭਾਈਵਾਲ ਹੈ।

# ਅਸਮਾਨ 'ਚ ਦਿਸੀ ਚਮਕਦਾਰ ਲਕੀਰ

**ਚੰਡੀਗੜ੍ਹ :** ਅੰਮ੍ਰਿਤਸਰ ਅਤੇ ਪੰਜਾਬ ਦੇ ਕਈ ਹਿੱਸਿਆਂ ਵਿੱਚ ਅਸਮਾਨ ਵਿੱਚ ਇੱਕ ਰਹੱਸਮਈ ਚਮਕਦਾਰ ਲਕੀਰ ਦਿਖਾਈ ਦਿੱਤੀ, ਜਿਸ ਨੇ ਸਥਾਨਕ ਲੋਕਾਂ ਨੂੰ ਹੈਰਾਨ ਕਰ ਦਿੱਤਾ। ਇਸ ਖਗੋਲੀ ਘਟਨਾ ਦੀਆਂ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀਆਂ ਹਨ। ਇਹ ਚਮਕਦੀ ਹੋਈ ਲਕੀਰ 16 ਜੁਲਾਈ ਨੂੰ ਰਾਤ ਲੱਗਭੱਗ 8.34 ਵਜੇ ਦੇਖੀ ਗਈ, ਜੋ ਕੁਝ ਸਕਿੰਟਾਂ ਤੱਕ ਅਸਮਾਨ ਨੂੰ ਰੌਸ਼ਨ ਕਰਨ ਤੋਂ ਬਾਅਦ ਗਾਇਬ ਹੋ ਗਈ। ਅੰਮ੍ਰਿਤਸਰ, ਤਰਨ ਤਾਰਨ, ਗੁਰਦਾਸਪੁਰ, ਜਲੰਧਰ ਅਤੇ ਆਸ-ਪਾਸ ਦੇ ਇਲਾਕਿਆਂ ਦੇ ਚਸ਼ਮਦੀਦਾਂ ਨੇ ਇਸ ਦੀਆਂ ਵੀਡੀਓ ਇੰਟਰਨੈੱਟ 'ਤੇ ਸਾਂਝੀਆਂ ਕੀਤੀਆਂ ਹਨ। ਜਲਦੀ ਹੀ ਇਸ ਦੇ ਵੀਡੀਓ (ਟਵਿੱਟਰ), ਫੇਸਬੁੱਕ ਅਤੇ ਇੰਸਟਾਗ੍ਰਾਮ 'ਤੇ ਵਾਇਰਲ



ਹੋ ਗਏ। ਇੱਕ ਯੂਜ਼ਰ ਨੇ ਲਿਖਿਆ, 'ਮੈਂ ਪੰਜਾਬ ਦੇ ਅਸਮਾਨ ਵਿੱਚ ਅਜਿਹਾ ਨਜ਼ਾਰਾ ਪਹਿਲਾਂ ਕਦੇ ਨਹੀਂ ਦੇਖਿਆ। ਇਹ ਬਿਲਕੁਲ ਕਿਸੇ ਫ਼ਿਲਮੀ ਦ੍ਰਿਸ਼ ਵਰਗਾ ਲੱਗ ਰਿਹਾ ਸੀ।" ਇੱਕ ਹੋਰ ਨੇ ਟਿੱਪਣੀ ਕੀਤੀ, "ਇੱਕ ਪਲ ਲਈ ਮੈਨੂੰ ਲੱਗਿਆ ਕਿ ਇਹ ਕੋਈ ਟੁੱਟਦਾ ਤਾਰਾ ਹੈ, ਪਰ ਇਹ ਉਸ ਤੋਂ ਕਿਤੇ ਜ਼ਿਆਦਾ ਚਮਕਦਾਰ ਸੀ।"

ਖਗੋਲ ਵਿਗਿਆਨ ਦੇ ਮਾਹਰਾਂ ਦਾ ਮੰਨਣਾ ਹੈ ਕਿ ਇਹ ਘਟਨਾ ਸ਼ਾਇਦ ਇੱਕ ਉਲਕਾ ਪਿੰਡ ਸੀ, ਜੋ ਬਹੁਤ ਤੇਜ਼ ਰਫ਼ਤਾਰ ਨਾਲ ਧਰਤੀ ਦੇ ਵਾਯੂਮੰਡਲ ਵਿੱਚ ਦਾਖਲ ਹੋਇਆ ਸੀ। ਜਿਵੇਂ ਹੀ ਇਹ ਵਾਯੂਮੰਡਲ ਦੀ ਰਗੜ ਨਾਲ ਟਕਰਾਇਆ, ਇਹ ਚਟਾਨ ਗਰਮ ਹੋ ਗਈ ਅਤੇ ਤੇਜ਼ੀ ਨਾਲ ਸੜਨ ਲੱਗੀ। ਇਸ ਕਾਰਨ ਅਸਮਾਨ ਵਿੱਚ ਰੌਸ਼ਨੀ ਦਾ ਗੋਲਾ ਬਣ ਗਿਆ ਅਤੇ ਜ਼ਮੀਨ 'ਤੇ ਪਹੁੰਚਣ ਤੋਂ ਪਹਿਲਾਂ ਹੀ ਉਚਾਈ 'ਤੇ ਸੜ ਕੇ ਸੁਆਹ ਹੋ ਗਿਆ। ਮਾਹਰਾਂ ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਕੁਦਰਤੀ ਹੁੰਦੀਆਂ ਹਨ ਅਤੇ ਆਮ ਤੌਰ 'ਤੇ ਨੁਕਸਾਨ ਰਹਿਤ ਹੁੰਦੀਆਂ ਹਨ।

## 7 ਸਾਲ ਦੀ ਉਮਰ 'ਚ ਸਰ ਕੀਤੀ 6,000 ਮੀਟਰ ਉੱਚੀ ਚੋਟੀ



**ਰੂਪਨਗਰ :** ਰੂਪਨਗਰ ਜ਼ਿਲ੍ਹੇ ਦੇ ਸੱਤ ਸਾਲਾ ਤੇਗਬੀਰ ਸਿੰਘ ਨੇ 6,000 ਮੀਟਰ ਤੋਂ ਵੱਧ ਉੱਚੀ ਪਹਾੜੀ ਨੂੰ ਸਫਲਤਾਪੂਰਵਕ ਸਰ ਕਰਕੇ ਦੁਨੀਆ ਦਾ ਸਭ ਤੋਂ ਛੋਟੀ ਉਮਰ ਦਾ ਪਰਬੱਤ ਅਰੋਹੀ ਬਣ ਕੇ ਆਪਣੀਆਂ ਪ੍ਰਾਪਤੀਆਂ ਵਿੱਚ ਇੱਕ ਹੋਰ ਮੀਲ ਪੱਥਰ ਜੋੜਿਆ ਹੈ। 7 ਸਾਲ 10 ਮਹੀਨਿਆਂ ਦੀ ਉਮਰ ਵਿੱਚ ਤੇਗਬੀਰ ਨੇ ਹਿਮਾਚਲ ਦੇ ਲਾਹੌਲ ਖੇਤਰ ਦੀ ਜ਼ਾਂਸਕਰ ਰੇਂਜ ਵਿੱਚ ਸਥਿਤ 6,111 ਮੀਟਰ ਉੱਚੇ ਮਾਊਂਟ ਯੂਨਮ ਨੂੰ ਸਫਲਤਾਪੂਰਵਕ ਸਰ ਕੀਤਾ, ਜਿਸ ਨੇ ਮੁੰਬਈ ਦੀ ਕਾਮਿਆ ਦਾ ਪਿਛਲਾ ਰਿਕਾਰਡ ਤੋੜ ਦਿੱਤਾ, ਕਾਮਿਆ ਨੇ 2017 ਵਿੱਚ 9 ਸਾਲ 11 ਮਹੀਨਿਆਂ ਦੀ ਉਮਰ ਵਿੱਚ 6,000 ਤੋਂ ਵੱਧ ਮੀਟਰ ਦੀ ਚੋਟੀ ਨੂੰ ਸਰ ਕੀਤਾ ਸੀ। ਸ਼ਿਵਾਲਿਕ ਪਬਲਿਕ ਸਕੂਲ, ਰੂਪਨਗਰ ਦੀ ਤੀਜੀ ਜਮਾਤ ਦੇ ਵਿਦਿਆਰਥੀ, ਤੇਗਬੀਰ ਨੇ 7 ਜੁਲਾਈ ਨੂੰ ਮੁਹਿੰਮ ਸ਼ੁਰੂ ਕੀਤੀ ਅਤੇ 13 ਜੁਲਾਈ ਨੂੰ ਛੇ ਦਿਨਾਂ ਦੀ ਚੜ੍ਹਾਈ ਤੋਂ ਬਾਅਦ ਸਿਖਰ 'ਤੇ ਪਹੁੰਚਿਆ।

## ਪੱਤਰਕਾਰਾਂ ਲਈ ਜ਼ਰੂਰੀ ਸੂਚਨਾ

'ਨਵਾਂ ਜ਼ਮਾਨਾ' ਦੀ ਬੇਹਤਰੀ ਲਈ ਸਾਰੇ ਪੱਤਰਕਾਰਾਂ ਦੀ ਇੱਕ ਜ਼ਰੂਰੀ ਮੀਟਿੰਗ 24 ਜੁਲਾਈ ਦਿਨ ਸ਼ੁੱਕਰਵਾਰ ਨੂੰ ਸਵੇਰੇ 12 ਵਜੇ 'ਨਵਾਂ ਜ਼ਮਾਨਾ' ਦਫ਼ਤਰ ਵਿਖੇ ਰੱਖੀ ਗਈ ਹੈ। ਸਾਰੇ ਪੱਤਰਕਾਰ ਸਮੇਂ ਸਿਰ ਪੁੱਜਣ ਦੀ ਖੇਚਲ ਕਰਨ। ਹਰ ਪੱਤਰਕਾਰ ਨੂੰ ਆਉਣ-ਜਾਣ ਦਾ ਕਿਰਾਇਆ ਦਫ਼ਤਰ ਵੱਲੋਂ ਦਿੱਤਾ ਜਾਵੇਗਾ।

*—ਪ੍ਰਿਥੀਪਾਲ ਮਾੜੀਮੇਘਾ, ਸਕੱਤਰ*

# ਅੰਦੋਲਨਕਾਰੀਆਂ ਨੂੰ ਫਿਲਮੀ ਹਸਤੀਆਂ 'ਤੇ ਬਹੁਤੀ ਟੇਕ ਨਹੀਂ ਰੱਖਣੀ ਚਾਹੀਦੀ : ਸਵਰਾ ਭਾਸਕਰ

**ਨਵੀਂ ਦਿੱਲੀ (ਨ ਜ਼ ਸ)**
ਉੱਘੀ ਅਦਾਕਾਰਾ ਸਵਰਾ ਭਾਸਕਰ ਦਾ ਕਹਿਣਾ ਹੈ ਕਿ ਕਿਸੇ ਅੰਦੋਲਨ ਦੀ ਮਹੱਤਤਾ ਕਦੇ ਵੀ ਇਸ ਗੱਲ 'ਤੇ ਨਿਰਭਰ ਨਹੀਂ ਹੋਣੀ ਚਾਹੀਦੀ ਕਿ ਮਸ਼ਹੂਰ ਹਸਤੀਆਂ ਇਸ ਦਾ ਜਨਤਕ ਤੌਰ 'ਤੇ ਸਮਰਥਨ ਕਰਨਾ ਚੁਣਦੀਆਂ ਹਨ ਜਾਂ ਨਹੀਂ। ਸਵਰਾ ਭਾਸਕਰ ਤੋਂ ਪੁੱਛਿਆ ਗਿਆ ਸੀ ਕਿ ਬਾਲੀਵੁੱਡ ਸੋਨਮ ਵਾਂਗਚੁੱਕ ਦੇ ਪ੍ਰੋਟੈੱਸਟ ਤੋਂ ਕਿਉਂ ਦੂਰ ਰਹਿ ਰਿਹਾ ਹੈ, ਖਾਸ ਕਰਕੇ ਜਦੋਂ ਬਹੁਤ ਸਾਰੀਆਂ ਮਸ਼ਹੂਰ ਹਸਤੀਆਂ ਨੇ 2011 ਵਿੱਚ ਅੰਨਾ ਹਜ਼ਾਰੇ ਦੇ ਭ੍ਰਿਸ਼ਟਾਚਾਰ ਵਿਰੋਧੀ ਅੰਦੋਲਨ ਦਾ ਖੁੱਲ੍ਹ ਕੇ ਸਮਰਥਨ ਕੀਤਾ ਸੀ। ਉਸ ਨੇ ਕਿਹਾ, "ਫਿਲਮੀ ਲੋਕ ਮੇਰੀ ਹਾਲਤ ਦੇਖ ਕੇ ਅੱਗੇ ਨਹੀਂ ਆ ਰਹੇ ਹਨ। ਉਨ੍ਹਾਂ ਨੂੰ



ਸਵਰਾ ਭਾਸਕਰ ਵਾਂਗਚੁੱਕ ਨੂੰ ਮਿਲਦੀ ਹੋਈ।

ਪਤਾ ਹੈ ਕਿ ਜ਼ਿਆਦਾ ਬੋਲਣ ਵਾਲੀ ਸਵਰਾ ਭਾਸਕਰ ਨਾਲ ਜੋ ਹੋਇਆ, ਉਹ ਸਾਡੇ ਸਭ ਨਾਲ ਹੋ ਸਕਦਾ ਹੈ।"

ਸਵਰਾ ਨੇ ਅੱਗੇ ਕਿਹਾ ਕਿ ਮੌਜੂਦਾ ਸਿਆਸੀ ਮਾਹੌਲ ਇੱਕ ਦਹਾਕੇ ਪਹਿਲਾਂ ਨਾਲੋਂ ਬਹੁਤ ਵੱਖਰਾ ਹੈ। 2011 ਵਿੱਚ ਸਥਿਤੀ ਵੱਖਰੀ ਸੀ। ਸਰਕਾਰ ਵੱਖਰੀ ਸੀ। ਹਾਂ, ਉਦੋਂ ਦੀ ਸਰਕਾਰ ਵੀ ਭ੍ਰਿਸ਼ਟਾਚਾਰ ਵਿੱਚ ਸ਼ਾਮਲ ਰਹੀ ਹੋਵੇਗੀ ਜਾਂ ਗਲਤ ਕੰਮ ਕੀਤੇ ਹੋਣਗੇ, ਪਰ ਇਹ ਸਰਕਾਰ ਜਿਸ ਹੱਦ ਤੱਕ ਜਾਂਦੀ ਹੈ, ਉਹ ਨਹੀਂ ਗਈ ਸੀ...ਉਸ ਨੇ ਕਾਰਕੁੰਨਾਂ ਅਤੇ ਵਿਦਿਆਰਥੀਆਂ ਨੂੰ ਬਿਨਾਂ ਜ਼ਮਾਨਤ ਅਤੇ ਬਿਨਾਂ ਕਿਸੇ ਜਾਇਜ਼ ਕਾਰਨ ਦੇ ਜੇਲ੍ਹ ਵਿੱਚ ਸੜਨ ਲਈ ਨਹੀਂ ਛੱਡਿਆ ਸੀ। ਵਾਂਗਚੁਕ ਦੇ ਪ੍ਰੋਟੈੱਸਟ ਦਾ ਸਮਰਥਨ ਕਰਨ ਦੇ ਆਪਣੇ ਫੈਸਲੇ ਬਾਰੇ ਉਸ ਨੇ ਕਿਹਾ ਕਿ ਇਹ ਅੰਦੋਲਨ ਉਸ ਦੀ ਧੀ ਦੇ • ਬਾਕੀ ਸਫਾ 2 'ਤੇ

## ਰੀੜ੍ਹ ਦੀ ਹੱਡੀ ਸਿੱਧੀ ਰੱਖਣਾ ਆਸਾਨ ਨਹੀਂ!

**ਨਵੀਂ ਦਿੱਲੀ :** '3 ਇਡੀਅਟਸ' ਫਿਲਮ ਵਿੱਚ ਆਪਣੇ ਮਸ਼ਹੂਰ ਕਿਰਦਾਰ ਦੀ ਪ੍ਰੇਰਨਾ ਬਾਰੇ ਆਮਿਰ ਖਾਨ ਦੇ ਸਪੱਸ਼ਟੀਕਰਨ ਨੇ ਇੱਕ ਨਵੀਂ ਸਿਆਸੀ ਅਤੇ ਜਨਤਕ ਬਹਿਸ ਛੇੜ ਦਿੱਤੀ ਹੈ। ਅਪੋਜ਼ੀਸ਼ਨ ਨੇਤਾਵਾਂ, ਕਾਰਕੁੰਨਾਂ ਅਤੇ ਸੋਸ਼ਲ ਮੀਡੀਆ ਯੂਜ਼ਰਜ਼ ਨੇ ਉਸਦੇ ਬਿਆਨ ਦੇ ਸਮੇਂ ਅਤੇ ਪ੍ਰਤੀਕਿਰਿਆ 'ਤੇ ਤਿੱਖੇ ਸਵਾਲ ਉਠਾਏ ਹਨ। ਰਾਸ਼ਟਰੀ ਜਨਤਾ ਦਲ ਦੇ ਸੰਸਦ ਮੈਂਬਰ ਮਨੋਜ ਝਾਅ ਨੇ ਅਦਾਕਾਰ 'ਤੇ '3 ਇਡੀਅਟਸ' ਵਿੱਚ ਆਪਣੇ ਮਸ਼ਹੂਰ ਕਿਰਦਾਰ ਦੇ ਪਿੱਛੇ ਦੀ ਪ੍ਰੇਰਨਾ ਨੂੰ



ਸਮਝਾਉਣ ਲਈ ਕਈ ਸਾਲ ਲਗਾਉਣ ਦਾ ਦੋਸ਼ ਲਗਾਇਆ ਅਤੇ ਕਿਹਾ ਕਿ ਸੱਤਾ ਦੇ ਸਾਹਮਣੇ ਰੀੜ੍ਹ ਦੀ ਹੱਡੀ ਨੂੰ ਸਿੱਧਾ ਰੱਖਣਾ ਕੋਈ ਆਸਾਨ ਕੰਮ ਨਹੀਂ ਹੈ।

ਵਿਵਾਦ ਉਦੋਂ ਸ਼ੁਰੂ ਹੋਇਆ ਜਦੋਂ ਆਮਿਰ ਖਾਨ ਨੇ ਕਿਹਾ ਕਿ '3 ਇਡੀਅਟਸ' ਵਿੱਚ ਉਸਦਾ ਕਿਰਦਾਰ ਫੁਨਸੁਖ ਵਾਂਗਡੂ (ਰੈਂਚੋ) ਸੋਨਮ ਵਾਂਗਚੁੱਕ 'ਤੇ ਅਧਾਰਤ ਨਹੀਂ ਸੀ। ਲੰਡਨ ਇੰਡੀਅਨ ਫਿਲਮ ਫੈਸਟੀਵਲ ਵਿਖੇ ਇੱਕ ਸਵਾਲ-ਜਵਾਬ ਸੈਸ਼ਨ ਦੌਰਾਨ ਬੋਲਦਿਆਂ, ਆਮਿਰ ਖਾਨ ਨੇ • ਬਾਕੀ ਸਫਾ 2 'ਤੇ

## ਕਾਂਗਰਸ ਅੰਦੋਲਨਕਾਰੀਆਂ ਦੇ ਨਾਲ

ਕਾਕਰੋਚ ਜਨਤਾ ਪਾਰਟੀ ਦੇ ਪ੍ਰਦਰਸ਼ਨ ਤੋਂ ਕਈ ਦਿਨਾਂ ਤੱਕ ਦੂਰ ਰਹਿਣ ਤੋਂ ਬਾਅਦ ਕਾਂਗਰਸ ਨੇ ਸ਼ੁੱਕਰਵਾਰ ਨੂੰ ਪ੍ਰਦਰਸ਼ਨਕਾਰੀਆਂ ਨੂੰ ਸਮਰਥਨ ਦਿੱਤਾ। ਪਾਰਟੀ ਆਗੂ ਪਵਨ ਖੇੜਾ ਨੇ ਇਕਜੁੱਟਤਾ ਪ੍ਰਗਟਾਉਣ ਲਈ ਪ੍ਰਦਰਸ਼ਨ ਵਾਲੀ ਥਾਂ ਦਾ ਦੌਰਾ ਕੀਤਾ। ਖੇੜਾ ਨੇ ਇਕੱਤਰ ਲੋਕਾਂ ਨੂੰ ਸੰਬੋਧਨ ਕਰਦਿਆਂ ਪ੍ਰਦਰਸ਼ਨਕਾਰੀਆਂ ਨਾਲ ਇਕਜੁੱਟਤਾ ਪ੍ਰਗਟਾਈ ਤੇ ਉਨ੍ਹਾਂ ਦੀਆਂ ਮੰਗਾਂ ਲਈ ਕਾਂਗਰਸ ਦੇ ਸਮਰਥਨ ਨੂੰ ਦੁਹਰਾਇਆ। ਉਨ੍ਹਾਂ ਨੇ ਇਸ ਮੁੱਦੇ 'ਤੇ ਕੇਂਦਰ ਦੀ ਆਲੋਚਨਾ ਵੀ ਕੀਤੀ ਅਤੇ ਕਿਹਾ ਕਿ ਪ੍ਰਦਰਸ਼ਨਕਾਰੀਆਂ ਵੱਲੋਂ ਉਠਾਈਆਂ ਗਈਆਂ ਚਿੰਤਾਵਾਂ ਨੂੰ ਸੁਣਿਆ ਜਾਣਾ ਚਾਹੀਦਾ ਹੈ।

## ਗੈਂਗਸਟਰ ਨਿਤੀਸ਼ ਕੌਸ਼ਲ ਅਮਰੀਕਾ 'ਚ ਗ੍ਰਿਫਤਾਰ

**ਵਾਸ਼ਿੰਗਟਨ :** ਐੱਫ.ਬੀ.ਆਈ. ਨੇ ਗੈਂਗਸਟਰ ਨਿਤੀਸ਼ ਕੌਸ਼ਲ ਨੂੰ ਸਭ ਤੋਂ ਵੱਧ ਲੋੜੀਂਦੇ ਅਪਰਾਧੀਆਂ ਦੀ ਸੂਚੀ ਵਿੱਚ ਸ਼ਾਮਲ ਕਰਨ ਦੇ ਕੁਝ ਦਿਨਾਂ ਬਾਅਦ ਗ੍ਰਿਫਤਾਰ ਕਰ ਲਿਆ ਹੈ, ਜੋ ਕਥਿਤ ਤੌਰ 'ਤੇ ਅਮਰੀਕਾ ਵਿੱਚ ਕਤਲ, ਅਗਵਾ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿੱਚ ਸ਼ਾਮਲ ਸੀ। ਐੱਫ.ਬੀ.ਆਈ. ਨੇ ਐਕਸ 'ਤੇ ਇੱਕ ਪੋਸਟ ਵਿੱਚ ਕਿਹਾ, "ਨਿਤੀਸ਼ ਕੌਸ਼ਲ ਨੂੰ ਵਰਮੋਂਟ ਵਿੱਚ ਗ੍ਰਿਫਤਾਰ ਕਰ ਲਿਆ ਗਿਆ ਹੈ।" ਐੱਫ.ਬੀ.ਆਈ. ਨੇ ਕਿਹਾ ਕਿ ਭਾਰਤੀ ਨਾਗਰਿਕ ਕੌਸ਼ਲ ਭਗਵਾਨਪੁਰੀਆ ਆਰਗੇਨਾਈਜ਼ਡ ਕ੍ਰਾਈਮ ਗਰੁੱਪ ਦੀ ਤਰਫੋਂ ਹਿੰਸਾ ਦੀਆਂ ਕਾਰਵਾਈਆਂ ਨੂੰ ਅੰਜਾਮ ਦਿੰਦਾ ਸੀ।

## ਹਰਜੀਤ ਗਰੇਵਾਲ ਕੌਮੀ ਘੱਟਗਿਣਤੀ ਕਮਿਸ਼ਨ ਦੇ ਨਵੇਂ ਚੇਅਰਮੈਨ

**ਨਵੀਂ ਦਿੱਲੀ :** ਕੇਂਦਰ ਸਰਕਾਰ ਨੇ ਹਰਜੀਤ ਸਿੰਘ ਗਰੇਵਾਲ ਨੂੰ ਤਿੰਨ ਸਾਲਾਂ ਦੀ ਮਿਆਦ ਲਈ ਕੌਮੀ ਘੱਟ-ਗਿਣਤੀ ਕਮਿਸ਼ਨ ਦਾ ਚੇਅਰਮੈਨ ਨਿਯੁਕਤ ਕੀਤਾ ਹੈ। ਗਰੇਵਾਲ, ਇਕਬਾਲ ਸਿੰਘ ਲਾਲਪੁਰਾ ਦੀ ਥਾਂ ਲੈਣਗੇ, ਜੋ ਪਹਿਲਾਂ ਇਸ ਕਮਿਸ਼ਨ ਦੇ ਚੇਅਰਪਰਸਨ ਵਜੋਂ ਸੇਵਾ ਨਿਭਾਅ ਚੁੱਕੇ ਹਨ।



ਗਰੇਵਾਲ ਨੂੰ ਪਹਿਲਾਂ ਪੰਜਾਬ ਵਿੱਚ ਭਾਜਪਾ ਦਾ ਪ੍ਰਮੁੱਖ ਸਿੱਖ ਚਿਹਰਾ ਮੰਨਿਆ ਜਾਂਦਾ ਸੀ। ਖ਼ਾਸ ਕਰਕੇ ਭਾਜਪਾ ਦੇ ਕਿਸਾਨ ਵਿੰਗ ਲਈ ਉਨ੍ਹਾਂ ਨੇ ਕਾਫ਼ੀ ਕੰਮ ਕੀਤਾ ਸੀ। ਹਾਲਾਂਕਿ ਪੰਜਾਬ ਵਿੱਚ ਕਾਂਗਰਸ ਅਤੇ ਹੋਰ ਸਿਆਸੀ ਪਾਰਟੀਆਂ ਦੇ ਆਗੂਆਂ ਦੇ ਭਾਜਪਾ ਵਿੱਚ ਸ਼ਾਮਲ ਹੋਣ ਦੌਰਾਨ ਗਰੇਵਾਲ ਹੌਲੀ-ਹੌਲੀ ਪਿੱਛੇ ਪੈਂਦੇ ਗਏ। ਹੁਣ ਇਹ ਮੰਨਿਆ ਜਾ ਰਿਹਾ ਹੈ ਕਿ ਉਨ੍ਹਾਂ ਨੂੰ ਇਹ ਵਕਾਰੀ ਅਹੁਦਾ ਦੇ ਕੇ ਸਿਆਸੀ ਤੌਰ 'ਤੇ 'ਅਡਜਸਟ' ਕੀਤਾ ਗਿਆ ਹੈ। ਕੇਂਦਰ ਸਰਕਾਰ ਨੇ ਐੱਸ ਮੁਨਵਰੀ ਬੇਗਮ ਨੂੰ ਮੁਸਲਿਮ ਨੁਮਾਇੰਦੇ ਵਜੋਂ ਕੌਮੀ ਘੱਟ-ਗਿਣਤੀ ਕਮਿਸ਼ਨ ਦੀ ਉਪ-ਚੇਅਰਪਰਸਨ ਨਿਯੁਕਤ ਕੀਤਾ ਹੈ, ਜਦੋਂ ਕਿ ਗਲੇਨ ਈ ਸੂਜ਼ਾ ਟਿੱਕਲੋ ਨੂੰ ਈਸਾਈ ਭਾਈਚਾਰੇ ਦੇ ਨੁਮਾਇੰਦੇ ਵਜੋਂ ਕਮਿਸ਼ਨ ਦਾ ਮੈਂਬਰ ਨਾਮਜ਼ਦ ਕੀਤਾ ਗਿਆ ਹੈ।

## ਸੁਖਬੀਰ ਦਾ ਧਰਮ ਯੁੱਧ ਮੋਰਚੇ ਦਾ ਐਲਾਨ ਸਿਆਸੀ ਡਰਾਮਾ : ਬਲਤੇਜ ਪੰਨੂ

**ਚੰਡੀਗੜ੍ਹ (ਨ ਜ਼ ਸ)**
ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਸ਼ੁੱਕਰਵਾਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਧਰਮ ਯੁੱਧ ਮੋਰਚਾ ਸ਼ੁਰੂ ਕਰਨ ਦੇ ਐਲਾਨ ਦੀ ਸਖ਼ਤ ਆਲੋਚਨਾ ਕਰਦਿਆਂ ਕਿਹਾ ਕਿ ਅਕਾਲੀ ਦਲ ਨੇ ਇੱਕ ਵਾਰ ਫਿਰ ਆਪਣੀ ਧੋਖੇਬਾਜ਼ੀ ਦੀ ਰਾਜਨੀਤੀ ਨੂੰ ਜੱਗ ਜ਼ਾਹਰ ਕਰ ਦਿੱਤਾ ਹੈ, ਕਿਉਂਕਿ ਚਰਚਿਤ ਅੰਦੋਲਨ ਹੁਣ ਚੁੱਪ-ਚਾਪ ਖਤਮ ਹੁੰਦਾ ਨਜ਼ਰ ਆ ਰਿਹਾ ਹੈ। ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਨੂ ਨੇ ਕਿਹਾ, ਲੱਗਭੱਗ ਇੱਕ ਮਹੀਨਾ ਪਹਿਲਾਂ ਸੁਖਬੀਰ ਸਿੰਘ ਬਾਦਲ ਨੇ ਨਾਟਕੀ ਢੰਗ ਨਾਲ ਐਲਾਨ ਕੀਤਾ ਸੀ ਕਿ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਅਰਦਾਸ ਕਰਨ ਤੋਂ ਬਾਅਦ ਅਕਾਲੀ ਦਲ 19 ਜੁਲਾਈ ਨੂੰ ਧਰਮ ਯੁੱਧ ਮੋਰਚਾ ਸ਼ੁਰੂ ਕਰੇਗਾ। ਹਾਲਾਂਕਿ ਸਿਰਫ ਦੋ ਦਿਨ ਬਾਕੀ ਰਹਿਣ ਦੇ ਬਾਵਜੂਦ ਪਾਰਟੀ ਨੇ ਨਾ ਤਾਂ ਕੋਈ ਤਿਆਰੀ ਕੀਤੀ ਹੈ ਅਤੇ ਨਾ ਹੀ ਕੋਈ ਪ੍ਰੋਗਰਾਮ ਦਾ ਐਲਾਨ ਕੀਤਾ ਹੈ। ਉਨ੍ਹਾ ਅੱਗੇ ਕਿਹਾ, ਜੋ ਲੋਕ ਪੀਜ਼ਾ ਅਤੇ ਕੋਕ ਖਾ ਕੇ ਵੱਡੇ ਹੋਏ



ਹਨ, ਉਹ ਹੁਣ ਧਰਮ ਯੁੱਧ ਸ਼ੁਰੂ ਕਰਨ ਦੀਆਂ ਗੱਲਾਂ ਕਰ ਰਹੇ ਹਨ, ਬਿਨਾਂ ਇਹ ਸਮਝੇ ਕਿ ਅਜਿਹੇ ਇਤਿਹਾਸਕ ਅੰਦੋਲਨ ਦਾ ਕੀ ਅਰਥ ਹੁੰਦਾ ਹੈ। ਜੋ ਆਗੂ ਅਸਲ ਵਿੱਚ ਅਜਿਹੇ ਅੰਦੋਲਨਾਂ ਵਿੱਚ ਹਿੱਸਾ ਲੈ ਚੁੱਕੇ ਹਨ, ਉਹ ਜਾਣਦੇ ਹਨ ਕਿ ਅਜਿਹਾ ਐਲਾਨ ਕਰਨ ਤੋਂ ਪਹਿਲਾਂ ਕਿੰਨੀ ਜ਼ਮੀਨੀ ਤਿਆਰੀ, ਲੋਕ ਲਾਮਬੰਦੀ ਅਤੇ ਵਚਨਬੱਧਤਾ ਦੀ ਲੋੜ ਹੁੰਦੀ ਹੈ। ਪੰਨੂ ਨੇ ਕਿਹਾ, ਅਕਾਲੀ ਦਲ ਆਪਣਾ ਵਾਅਦਾ ਸਹੂਲਤ ਅਨੁਸਾਰ ਭੁੱਲ ਗਿਆ ਹੈ। ਇੱਥੋਂ ਤੱਕ ਕਿ ਪਾਰਟੀ ਦੀ ਹਾਲੀਆ ਕੋਰ ਕਮੇਟੀ ਦੀ ਮੀਟਿੰਗ ਵਿੱਚ ਵੀ ਪ੍ਰਸਤਾਵਿਤ ਧਰਮ ਯੁੱਧ ਮੋਰਚੇ ਬਾਰੇ ਕੋਈ ਚਰਚਾ ਨਹੀਂ ਹੋਈ। ਅਜਿਹਾ ਲੱਗਦਾ ਹੈ ਕਿ ਉਨ੍ਹਾਂ ਨੇ ਮੰਨ ਲਿਆ ਸੀ ਕਿ ਪੰਜਾਬ ਦੇ ਲੋਕ ਵੀ ਭੁੱਲ ਜਾਣਗੇ ਕਿ ਉਨ੍ਹਾਂ ਨੇ ਇੰਨਾ ਵੱਡਾ ਐਲਾਨ ਕੀਤਾ ਸੀ। ਉਨ੍ਹਾਂ ਅੱਗੇ ਕਿਹਾ, ਪ੍ਰਸਤਾਵਿਤ ਮੋਰਚਾ ਕਦੇ ਵੀ ਕੋਈ ਗੰਭੀਰ ਅੰਦੋਲਨ ਨਹੀਂ ਸੀ, ਸਗੋਂ ਲੋਕਾਂ ਨੂੰ ਗੁੰਮਰਾਹ ਕਰਨ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖਿਲਾਫ ਬੇਲੋੜਾ ਸਿਆਸੀ ਟਕਰਾਅ ਪੈਦਾ ਕਰਨ ਦੀ ਇੱਕ ਹੋਰ ਕੋਸ਼ਿਸ਼ ਸੀ।

## ਅੱਜ-ਨਾਮਾ

ਚੱਲਦੀ ਪਾਣੀ ਨਾਲ ਚੱਲੀ ਅੱਜ ਰੇਲ ਗੱਡੀ,
ਚੁੱਕਿਆ ਭਾਰਤ ਨੇ ਕਦਮ ਤਾਂ ਖਾਸ ਬੇਲੀ।
ਮੁਨਕਰ ਕੋਈ ਵੀ ਹੋਊ ਨਹੀਂ ਏਸ ਤਰਫੋਂ,
ਕਰਦਾ ਈ ਭਾਰਤ ਤਾਂ ਰੋਜ਼ ਵਿਕਾਸ ਬੇਲੀ।
ਹੋਏ ਵਿਕਾਸ ਤੱਕ ਬਾਤ ਨਾ ਰੁਕਣ ਵਾਲੀ,
ਨਰਿੰਦਰ ਮੋਦੀ ਹੈ ਦੇਂਦਾ ਵਿਸ਼ਵਾਸ ਬੇਲੀ।
ਭਵਿੱਖ ਦੇ ਤਰਫ ਹੈ ਜਾਪਦੀ ਨਜ਼ਰ ਗੱਡੀ,
ਆਦਮੀ ਆਮ ਵੀ ਰੱਖ ਰਿਹਾ ਆਸ ਬੇਲੀ।
ਬਣਾਈ ਗੱਡੀ ਸੀ ਜਿਨ੍ਹਾਂ ਇੰਜੀਨੀਅਰਾਂ ਨੇ,
ਆਇਆ ਸਾਹਮਣੇ ਉਨ੍ਹਾਂ ਦਾ ਨਾਂ ਨਹੀਂਉਂ।
ਸਿਹਰਾ ਪੂਰਾ ਫਿਰ ਲੈ ਲਿਆ ਆਗੂਆਂ ਨੇ,
ਹੁਨਰ ਦੇ ਵਾਸਤੇ ਰੱਖੀ ਕੋਈ ਥਾਂ ਨਹੀਂਉਂ।

-ਤੀਸ ਮਾਰ ਖਾਂ

# ਬਾਰ੍ਹੀਂ ਸਾਲੀਂ ਤਾਂ ਰੂੜੀ ਦੀ ਵੀ ਸੁਣੀ ਗਈ ਸੀ, ਪਰ...

**ਸ਼ਾਹਕੋਟ (ਗਿਆਨ ਸੈਦਪੁਰੀ)**
ਪੰਜਾਬ ਵਿੱਚ ਇੱਕ ਮਿਥਿਹਾਸਕ ਕਹਾਣੀ ਦੇ ਹਵਾਲੇ ਨਾਲ ਕਹਾਵਤ ਪ੍ਰਚੱਲਤ ਹੈ ਕਿ ਬਾਰ੍ਹੀਂ ਸਾਲੀਂ ਤਾਂ ਰੂੜੀ ਦੀ ਵੀ ਸੁਣੀ ਜਾਂਦੀ ਹੈ। ਸ਼ਾਹਕੋਟ ਦੀ ਦਾਣਾ ਮੰਡੀ ਨੂੰ ਸ਼ਹਿਰ ਤੋਂ ਬਾਹਰ ਸਥਾਪਤ ਕਰਨ ਲਈ ਸਾਢੇ ਸੋਲਾਂ ਸਾਲ ਪਹਿਲਾਂ 30 ਏਕੜ 4 ਕਨਾਲਾਂ 12 ਮਰਲੇ ਜ਼ਮੀਨ, ਜੋ 33 ਕਿਸਾਨਾਂ ਨਾਲ ਸੰਬੰਧਤ ਸੀ, ਐਕੁਆਇਰ ਕੀਤੀ ਗਈ ਸੀ। ਵੱਖ-ਵੱਖ ਪੜਾਵਾਂ ਵਿੱਚੋਂ ਹੁੰਦਾ ਹੋਇਆ ਇਹ ਮਸਲਾ ਅੱਜ ਤੱਕ ਵੀ ਕਿਸੇ ਤਣ ਪੱਤਣ ਨਹੀਂ ਲੱਗ ਸਕਿਆ। ਸਤਾਰਾਂ ਸਾਲਾਂ ਬਾਅਦ ਵੀ ਮੰਡੀ ਦੀ ਨਹੀਂ ਸੁਣੀ ਗਈ। ਕੁਝ ਸਿਆਸੀ ਇੱਛਾਵਾਂ, ਕਾਨੂੰਨੀ ਅੜਿੱਕੇ ਤੇ ਸੰਬੰਧਤ ਕਿਸਾਨਾਂ ਵੱਲੋਂ ਜ਼ਮੀਨ ਦੇ ਵੱਧ ਪੈਸੇ ਲੈਣ ਦੀ ਮੰਗ ਕਾਰਨ ਆੜ੍ਹਤੀਆਂ, ਮੰਡੀ ਬੋਰਡ ਤੇ ਬਹੁਤ ਸਾਰੇ ਮੰਡੀ ਨਾਲ ਸੰਬੰਧਤ ਹੋਰ ਲੋਕਾਂ ਦੀ ਇੱਛਾ ਨੂੰ ਬੂਰ ਨਹੀਂ ਪੈ ਸਕਿਆ।



ਮੰਡੀ ਬੋਰਡ ਵੱਲੋਂ ਇਕੁਆਇਰ ਕੀਤੀ ਗਈ ਜ਼ਮੀਨ 'ਤੇ ਕਿਸਾਨਾਂ ਵੱਲੋਂ ਲਾਇਆ ਗਿਆ ਝੋਨਾ।

ਪ੍ਰਾਪਤ ਜਾਣਕਾਰੀ ਅਨੁਸਾਰ ਸਥਾਨਕ ਅਨਾਜ ਮੰਡੀ ਅਕਾਰ ਵਿੱਚ ਛੋਟੀ ਹੋਣ ਕਾਰਨ ਫ਼ਸਲਾਂ ਦੀ ਵੱਧ ਆਮਦ ਲਈ ਢੁਕਵੀਂ ਨਹੀਂ ਸੀ। ਮੰਡੀ ਲਈ ਵੱਧ ਥਾਂ ਹੋਣ ਅਤੇ ਸ਼ਹਿਰ ਤੋਂ ਬਾਹਰ ਸਥਾਪਤ ਕਰਨ ਦੀ ਮੰਗ ਦੇ ਮੱਦੇਨਜ਼ਰ ਜ਼ਮੀਨ ਐਕੁਆਇਰ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਸੀ। ਉਨ੍ਹਾਂ ਦਿਨਾਂ ਵਿੱਚ ਹਲਕੇ ਅੰਦਰ ਸਿਆਸੀ ਦਬ-ਦਬਾ ਮਰਹੂਮ ਜਥੇਦਾਰ ਅਜੀਤ ਸਿੰਘ ਕੋਹਾੜ ਦਾ ਹੁੰਦਾ ਸੀ। 2010 ਦੇ ਪੰਜਵੇਂ ਮਹੀਨੇ ਦੀ 7 ਤਰੀਕ ਨੂੰ 31 ਏਕੜ ਜ਼ਮੀਨ ਮੰਡੀ ਬੋਰਡ ਵੱਲੋਂ ਇਕੁਆਇਰ ਕਰ ਲਈ ਗਈ। ਸੰਬੰਧਤ ਕਿਸਾਨਾਂ ਨੇ ਮੰਡੀ ਬੋਰਡ ਦੀ ਇਸ ਕਾਰਵਾਈ ਵਿਰੁੱਧ 2011 ਵਿੱਚ ਪਟੀਸ਼ਨ ਦਾਖ਼ਲ ਕੀਤੀ। 13. 9. 2012 ਨੂੰ ਹਾਈਕੋਰਟ ਦਾ ਫ਼ੈਸਲਾ ਆਇਆ ਕਿ ਐਕੁਆਇਰ ਕੀਤੀ ਜ਼ਮੀਨ ਵਿੱਚ ਉਸਾਰੀ ਅਧੀਨ ਰਕਬਾ ਛੱਡ ਕੇ ਬਾਕੀ ਜ਼ਮੀਨ ਦਾ ਕਬਜ਼ਾ ਲੈ ਲਿਆ ਜਾਵੇ। ਅਦਾਲਤ ਦੇ ਇਸ ਹੁਕਮ ਅਨੁਸਾਰ ਮੰਡੀ ਬੋਰਡ ਵੱਲੋਂ ਤਿੰਨ ਕਨਾਲ ਦੋ ਮਰਲੇ ਰਕਬਾ ਛੱਡ ਦਿੱਤਾ ਗਿਆ। ਇਸ ਨਾਲ ਵੀ ਕਿਸਾਨਾਂ ਦੀ ਤਸੱਲੀ ਨਾ ਹੋਈ। ਉਨ੍ਹਾਂ ਨੇ 2015 ਵਿੱਚ ਸੁਪਰੀਮ ਕੋਰਟ ਦਾ ਦਰਵਾਜ਼ਾ ਜਾ ਖੜਕਾਇਆ। ਲੰਬੀ ਕਵਾਇਦ ਤੋਂ ਬਾਅਦ ਵੀ ਫ਼ੈਸਲਾ ਮੰਡੀ ਬੋਰਡ ਦੇ ਹੱਕ ਵਿੱਚ ਆਇਆ। ਹਾਈਕੋਰਟ ਅਤੇ ਸੁਪਰੀਮ ਕੋਰਟ ਦੇ ਫੈਸਲਿਆਂ ਦੀ ਰੌਸ਼ਨੀ ਵਿੱਚ ਡਿਪਟੀ ਡਾਇਰੈਕਟਰ ਅਬਾਦਕਾਰ ਵੱਲੋਂ ਤਹਿਸੀਲਦਾਰ ਸ਼ਾਹਕੋਟ ਅਤੇ ਸਕੱਤਰ ਮਾਰਕੀਟ ਕਮੇਟੀ ਸ਼ਾਹਕੋਟ ਨੂੰ ਪੱਤਰ ਜਾਰੀ ਹੋਇਆ ਕਿ ਜ਼ਮੀਨ ਦਾ ਕਬਜ਼ਾ ਲਿਆ ਜਾਵੇ।

ਜ਼ਮੀਨ ਦਾ ਕਬਜ਼ਾ ਲੈਣ ਦੀ ਕਾਰਵਾਈ ਤੋਂ ਪਹਿਲਾਂ ਕਈ ਮੀਟਿੰਗਾਂ ਹੋਈਆਂ, ਜਿਸ ਵਿੱਚ ਸੰਬੰਧਤ ਵੱਖ-ਵੱਖ ਧਿਰਾਂ ਸ਼ਾਮਲ ਹੁੰਦੀਆਂ ਰਹੀਆਂ, ਆਖਰ ਕਬਜ਼ਾ ਕਰਨ ਵਾਲਾ ਦਿਨ ਨਿਸ਼ਚਿਤ ਹੋ ਗਿਆ। ਸਰਕਾਰੀ • ਬਾਕੀ ਸਫਾ 2 'ਤੇ

## ਏ ਆਈ ਨਕਲੀ ਵੀਡੀਓ ਦਾ ਸ਼ਿਕਾਰ ਹੋਈ ਬਜ਼ੁਰਗ ਮਹਿਲਾ ਨੇ ਗਵਾਏ 10 ਲੱਖ ਡਾਲਰ

**ਵਿਨੀਪੈੱਗ :** ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਦੀ ਦੁਰਵਰਤੋਂ ਕਾਰਨ ਕੈਨੇਡਾ ਵਿੱਚ ਵਿੱਤੀ ਠੱਗੀ ਦਾ ਵੱਡਾ ਮਾਮਲਾ ਸਾਹਮਣੇ ਆਇਆ ਹੈ। ਇੱਥੋਂ ਦੀ ਇੱਕ 86 ਸਾਲਾ ਸੇਵਾ-ਮੁਕਤ ਫਾਰਮਾਸਿਸਟ, ਜੂਡੀ ਸਕੀਨ ਨੂੰ ਫੇਸਬੁੱਕ 'ਤੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੀ ਇੱਕ ਨਕਲੀ ਵੀਡੀਓ (ਡੀਪਫੇਕ) ਦਿਖਾ ਕੇ ਕਰੀਬ 10 ਲੱਖ ਡਾਲਰ (ਲੱਗਭੱਗ 8 ਕਰੋੜ ਰੁਪਏ) ਦੀ ਵੱਡੀ ਠੱਗੀ ਦਾ ਸ਼ਿਕਾਰ ਬਣਾਇਆ ਗਿਆ ਹੈ। ਜੂਡੀ ਨੇ ਫੇਸਬੁੱਕ 'ਤੇ ਇੱਕ ਪ੍ਰਯੋਜਿਤ ਇਸ਼ਤਿਹਾਰ ਦੇਖਿਆ ਸੀ। ਇਸ ਵੀਡੀਓ ਵਿੱਚ ਪ੍ਰਧਾਨ ਮੰਤਰੀ ਮਾਰਕ ਕਾਰਨੀ ਵਰਗਾ ਦਿਖਣ ਵਾਲਾ ਵਿਅਕਤੀ ਲੋਕਾਂ ਨੂੰ ਇੱਕ ਕ੍ਰਿਪਟੋਕਰੰਸੀ ਪਲੇਟਫ਼ਾਰਮ ਵਿੱਚ 350 ਡਾਲਰ ਨਿਵੇਸ਼ ਕਰਨ ਦੀ ਸਲਾਹ ਦੇ ਰਿਹਾ ਸੀ। ਵੀਡੀਓ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਇਹ ਸਕੀਮ 'ਬੈਂਕ ਆਫ਼ ਕੈਨੇਡਾ' ਵੱਲੋਂ ਸੁਰੱਖਿਅਤ ਹੈ। ਅਸਲ ਵਿੱਚ ਇਹ ਵੀਡੀਓ ਪੂਰੀ ਤਰ੍ਹਾਂ ਨਕਲੀ ਸੀ, ਜਿਸ ਨੂੰ ਏ ਆਈ ਦੀ ਮਦਦ ਨਾਲ ਤਿਆਰ ਕੀਤਾ ਗਿਆ ਸੀ। ਜਦੋਂ ਜੂਡੀ ਨੇ ਇਸ ਲਿੰਕ 'ਤੇ ਕਲਿੱਕ ਕੀਤਾ ਤਾਂ ਠੱਗਾਂ ਨੇ 'ਨਿਵੇਸ਼ ਸਲਾਹਕਾਰ' ਬਣ ਕੇ ਉਸ ਨਾਲ ਸੰਪਰਕ ਕੀਤਾ। ਉਨ੍ਹਾ ਨੇ ਜੂਡੀ ਦੇ ਕੰਪਿਊਟਰ ਦਾ ਰਿਮੋਟ ਐਕਸੈੱਸ (ਕਾਬੂ) ਹਾਸਲ ਕਰ ਲਿਆ ਅਤੇ ਉਸ ਨੂੰ ਇੱਕ ਨਕਲੀ ਟਰੇਡਿੰਗ ਪਲੇਟਫ਼ਾਰਮ ਦਿਖਾਇਆ, ਜਿੱਥੇ ਉਸ ਦਾ ਮੁਨਾਫ਼ਾ ਤਿੰਨ ਗੁਣਾ ਵਧਿਆ ਹੋਇਆ ਦਿਖਾਇਆ ਗਿਆ। ਠੱਗਾਂ ਨੇ ਉਸ ਨੂੰ ਹਰ ਮਹੀਨੇ 40,000 ਡਾਲਰ ਦੇ ਲਾਭ ਅੰਸ਼ ਦਾ ਲਾਲਚ ਦਿੱਤਾ। ਇਸ ਝਾਂਸੇ ਵਿੱਚ ਆ ਕੇ ਜੂਡੀ ਨੇ ਵੱਡਾ ਵਿੱਤੀ ਨੁਕਸਾਨ ਝੱਲਿਆ। ਉਸ ਨੇ ਆਪਣਾ 6,50,000 ਡਾਲਰ ਦਾ ਰਿਟਾਇਰਮੈਂਟ ਫ਼ੰਡ ਕਢਵਾ ਲਿਆ, ਆਪਣੇ ਘਰ ਉੱਤੇ 3,00,000 ਡਾਲਰ ਦਾ ਨਵਾਂ ਕਰਜ਼ਾ ਲੈ ਲਿਆ ਅਤੇ ਇਸ ਤੋਂ ਇਲਾਵਾ ਕ੍ਰੈਡਿਟ ਕਾਰਡ ਤ • ਬਾਕੀ ਸਫਾ 2 'ਤੇ

## ਜੌੜਾਮਾਜਰਾ ਤੇ ਬਰਸਟ ਦੀ ਮੁਲਾਕਾਤ ਬਣੀ ਚਰਚਾ ਦਾ ਵਿਸ਼ਾ



**ਸਮਾਣਾ (ਇਕਬਾਲ ਸਿੰਘ ਬੱਲ)**-ਹਲਕਾ ਸਮਾਣਾ ਦੇ ਵਿਧਾਇਕ ਸ੍. ਚੇਤਨ ਸਿੰਘ ਜੌੜਾਮਾਜਰਾ ਨੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸ੍. ਹਰਚੰਦ ਸਿੰਘ ਬਰਸਟ ਨਾਲ ਸਮਾਣਾ ਸਥਿਤ ਉਨ੍ਹਾਂ ਦੇ ਦਫ਼ਤਰ ਵਿੱਚ ਵਿਸ਼ੇਸ਼ ਮੁਲਾਕਾਤ ਕੀਤੀ।ਇਸ ਮੁਲਾਕਾਤ ਦੇ ਅਧਿਕਾਰਕ ਵੇਰਵੇ ਸਾਹਮਣੇ ਨਹੀਂ ਆਏ ਹਨ, ਪਰ ਸਿਆਸੀ ਗਲਿਆਰਿਆਂ ਵਿੱਚ ਇਸ ਨੂੰ ਅਹਿਮ ਮੰਨਿਆ ਜਾ ਰਿਹਾ ਹੈ।ਚਰਚਾਵਾਂ ਹਨ ਕਿ ਮੁਲਾਕਾਤ ਦੌਰਾਨ ਸਮਾਣਾ ਦੇ ਵਿਕਾਸ ਕਾਰਜਾਂ, ਪਾਰਟੀ ਦੇ ਸੰਗਠਨਾਤਮਕ ਮਸਲਿਆਂ ਤੇ ਭਵਿੱਖ ਦੀਆਂ ਸਿਆਸੀ ਰਣਨੀਤੀਆਂ ਸਬੰਧੀ ਵਿਚਾਰ-ਵਟਾਂਦਰਾ ਹੋ ਸਕਦਾ ਹੈ।ਹਾਲਾਂਕਿ ਇਸ ਬਾਰੇ ਕਿਸੇ ਵੀ ਪੱਖ ਵੱਲੋਂ ਅਧਿਕਾਰਕ ਪੁਸ਼ਟੀ ਨਹੀਂ ਕੀਤੀ ਗਈ।ਸਿਆਸੀ ਮਾਹਰਾਂ ਦਾ ਮੰਨਣਾ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਇਸ ਮੁਲਾਕਾਤ ਦੇ ਨਤੀਜੇ ਤੇ ਇਸ ਦੇ ਸੰਭਾਵਿਤ ਪ੍ਰਭਾਵ ਹੋਰ ਸਪੱਸ਼ਟ ਹੋ ਸਕਦੇ ਹਨ।ਫਿਲਹਾਲ ਇਹ ਮੁਲਾਕਾਤ ਸਮਾਣਾ ਦੇ ਸਿਆਸੀ ਹਲਕਿਆਂ ਵਿੱਚ ਚਰਚਾ ਦਾ ਵਿਸ਼ਾ ਬਣੀ ਹੋਈ ਹੈ ਤੇ ਲੋਕਾਂ ਦੀਆਂ ਨਜ਼ਰਾਂ ਅਗਲੇ ਸਿਆਸੀ ਘਟਨਾਕ੍ਰਮ 'ਤੇ ਟਿਕੀਆਂ ਹੋਈਆਂ ਹਨ।ਇਸ ਮੌਕੇ ਹਰਿੰਦਰ ਸਿੰਘ ਦਬਲਾਨ, ਜਸਬੀਰ ਸਿੰਘ ਢਿੱਲੋਂ, ਲਖਵਿੰਦਰ ਸਿੰਘ ਲੱਖੀ, ਹਰਮੇਸ਼ ਸ਼ਰਮਾ ਤੇ ਬਿੰਦਰ ਨਾਗਰ ਆਦਿ ਮੌਜੂਦ ਰਹੇ।

## ਪੱਤਰਕਾਰ ਮਹੇਸ਼ ਸ਼ਰਮਾ ਦੇ ਅਚਾਨਕ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ



**ਲੁਧਿਆਣਾ (ਰੈਕਟਰ ਕਥੂਰੀਆ)**-ਦਿ ਟ੍ਰਿਬਿਊਨ ਦੇ ਸੀਨੀਅਰ ਪੱਤਰਕਾਰ ਮਹੇਸ਼ ਸ਼ਰਮਾ ਦੇ ਅਚਾਨਕ ਦੇਹਾਂਤ ਦੀ ਖ਼ਬਰ ਨੇ ਐੱਸ.ਸੀ.ਡੀ. ਸਰਕਾਰੀ ਕਾਲਜ ਲੁਧਿਆਣਾ ਦੇ ਐਲਮਨਾਈ ਪਰਵਾਰ ਨੂੰ ਗਹਿਰੇ ਸਦਮੇ ਵਿੱਚ ਪਾ ਦਿੱਤਾ ਹੈ।ਐਸੋਸੀਏਸ਼ਨ ਦੇ ਆਰਗੇਨਾਈਜ਼ਿੰਗ ਸਕੱਤਰ ਬ੍ਰਿਜ ਭੂਸ਼ਣ ਗੋਇਲ ਨੇ ਦੱਸਿਆ ਕਿ ਮਹੇਸ਼ ਸ਼ਰਮਾ ਵਿਦਿਆਰਥੀ ਜੀਵਨ ਤੋਂ ਹੀ ਸਮਾਜਿਕ, ਸੱਭਿਆਚਾਰਕ ਤੇ ਵਿਗਿਆਨਕ ਵਿਸ਼ਿਆਂ 'ਤੇ ਨਿਰਪੱਖ, ਤੱਥਾਂ-ਅਧਾਰਤ ਤੇ ਸੰਵੇਦਨਸ਼ੀਲ ਲੇਖਣੀ ਲਈ ਜਾਣੇ ਜਾਂਦੇ ਸਨ। ਕਾਲਜ ਮੈਗਜ਼ੀਨ 'ਦਿ ਸਤਲੁਜ' ਦੇ ਵਿਦਿਆਰਥੀ ਸੰਪਾਦਕ ਵਜੋਂ ਉਹ ਸੰਪਾਦਕੀ ਮੰਡਲ ਦਾ ਅਹਿਮ ਹਿੱਸਾ ਰਹੇ ਤੇ ਆਪਣੀ ਲੇਖਣੀ ਨਾਲ ਵਿਦਿਆਰਥੀਆਂ ਵਿੱਚ ਵੱਖਰੀ ਪਛਾਣ ਬਣਾਈ।ਪ੍ਰੋ. ਆਈ. ਪੀ. ਸੇਤੀਆ ਨੇ ਉਨ੍ਹਾਂ ਨੂੰ ਯਾਦ ਕਰਦਿਆਂ ਕਿਹਾ ਕਿ ਮਹੇਸ਼ ਸ਼ਰਮਾ ਸੱਚਾਈ, ਇਮਾਨਦਾਰੀ ਤੇ ਨਿਮਰ ਸੁਭਾਅ ਦੇ ਮਾਲਕ ਸਨ।ਹਾਈ ਕੋਰਟ ਦੇ ਵਕੀਲ ਗੁਰਿੰਦਰ ਸਿੰਘ ਨੇ ਕਿਹਾ ਕਿ ਮਹੇਸ਼ ਉਨ੍ਹਾਂ ਦੇ ਜਮਾਤੀ ਸਨ ਤੇ ਉਨ੍ਹਾਂ ਵਰਗੀ ਸ਼ਖ਼ਸੀਅਤ ਸਮਾਜ ਵਿੱਚ ਬਹੁਤ ਹੀ ਵਿਰਲੀ ਹੁੰਦੀ ਹੈ।ਪ੍ਰੋ. ਸਰਿਤਾ ਤਿਵਾੜੀ, ਜੋ ਦੂਰਦਰਸ਼ਨ ਜਲੰਧਰ ਦੀ ਪ੍ਰਸਿੱਧ ਕਲਾਕਾਰ ਵੀ ਹਨ, ਨੇ ਸਮਾਜ ਪ੍ਰਤੀ ਉਨ੍ਹਾਂ ਦੇ ਯੋਗਦਾਨ ਨੂੰ ਸ਼ਰਧਾਂਜਲੀ ਭੇਟ ਕੀਤੀ। ਮਨਜੀਤ ਸਿੰਘ ਸੰਧੂ ਨੇ ਕਿਹਾ ਕਿ ਉਹ ਮਹੇਸ਼ ਸ਼ਰਮਾ ਦੀ ਇਲਾਕੇ ਦੀ ਹਰ ਖ਼ਬਰ ਤੇ ਜ਼ਮੀਨੀ ਰਿਪੋਰਟਿੰਗ ਨੂੰ ਬੜੀ ਦਿਲਚਸਪੀ ਨਾਲ ਪੜ੍ਹਦੇ ਰਹਿੰਦੇ ਸਨ।ਗੋਇਲ ਨੇ ਕਿਹਾ ਕਿ ਮਹੇਸ਼ ਸ਼ਰਮਾ ਦੇ ਵਿਛੋੜੇ ਨਾਲ ਨਿਰਪੱਖ ਤੇ ਜ਼ਮੀਨੀ ਪੱਤਰਕਾਰੀ ਦੇ ਖੇਤਰ ਵਿੱਚ ਇੱਕ ਵੱਡਾ ਖਾਲੀਪਨ ਪੈਦਾ ਹੋ ਗਿਆ ਹੈ, ਜਿਸ ਦੀ ਭਰਪਾਈ ਕਰਨਾ ਆਸਾਨ ਨਹੀਂ ਹੋਵੇਗਾ।ਰਾਮ ਗੋਪਾਲ ਰਾਏਕੋਟੀ (ਪੱਤਰਕਾਰ), ਪ੍ਰੋ. ਪੀ. ਕੇ. ਸ਼ਰਮਾ, ਡਾ. ਜੇ. ਐੱਸ. ਆਨੰਦ, ਸ਼੍ਰੀਮਤੀ ਜਸਪਾਲ ਕੌਰ ਤੇ ਜਗਰਾਜ (ਯੂ. ਕੇ.) ਨੇ ਵੀ ਆਪਣੇ ਸ਼ੋਕ ਸੰਦੇਸ਼ ਭੇਜਦਿਆਂ ਮਹੇਸ਼ ਸ਼ਰਮਾ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਤੇ ਪਰਵਾਰ ਨਾਲ ਡੂੰਘੀ ਹਮਦਰਦੀ ਪ੍ਰਗਟਾਈ।

## ਕਾਦੀਆਂ ਹਿੰਸਾ ਲੋਕਤੰਤਰ 'ਤੇ ਹਮਲਾ, ਨਿਰਪੱਖ ਜਾਂਚ ਕਰਵਾਈ ਜਾਵੇ : ਡਾ. ਅਮਰ ਸਿੰਘ



**ਰਾਏਕੋਟ (ਸੰਤੋਖ ਗਿੱਲ)**-ਸ੍ਰੀ ਫ਼ਤਿਹਗੜ੍ਹ ਸਾਹਿਬ ਤੋਂ ਸੰਸਦ ਮੈਂਬਰ ਤੇ ਪੰਜਾਬ ਕਾਂਗਰਸ ਦੀ ਮੈਨੀਫੈਸਟੋ ਕਮੇਟੀ ਦੇ ਚੇਅਰਮੈਨ ਡਾ. ਅਮਰ ਸਿੰਘ ਨੇ ਕਾਦੀਆਂ ਨਗਰ ਕੌਂਸਲ ਦੇ ਪ੍ਰਧਾਨ ਦੀ ਚੋਣ ਦੌਰਾਨ ਵਾਪਰੀ ਹਿੰਸਾ ਦੀ ਨਿੰਦਾ ਕਰਦਿਆਂ ਇਸ ਨੂੰ ਲੋਕਤੰਤਰ 'ਤੇ ਸਿੱਧਾ ਹਮਲਾ ਕਰਾਰ ਦਿੱਤਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਵਿੱਚ ਵਾਪਰ ਰਹੀਆਂ ਅਜਿਹੀਆਂ ਘਟਨਾਵਾਂ ਆਮ ਆਦਮੀ ਪਾਰਟੀ ਦੀ 'ਸਾਮ, ਦਾਮ, ਦੰਡ, ਭੇਦ' ਦੀ ਰਾਜਨੀਤੀ ਦਾ ਨਤੀਜਾ ਹਨ।ਡਾ. ਅਮਰ ਸਿੰਘ ਨੇ ਕਿਹਾ ਕਿ ਚੋਣ ਦੌਰਾਨ ਕਾਂਗਰਸੀ ਕੌਂਸਲਰਾਂ ਤੇ ਸਮਰਥਕਾਂ ਨਾਲ ਜਿਸ ਤਰ੍ਹਾਂ ਧੱਕੇਸ਼ਾਹੀ ਤੇ ਹਿੰਸਾ ਕੀਤੀ ਗਈ, ਇਹ ਲੋਕਤੰਤਰੀ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਹੈ।ਉਨ੍ਹਾਂ ਕਿਹਾ ਕਿ ਚੁਣੇ ਹੋਏ ਨੁਮਾਇੰਦਿਆਂ ਨੂੰ ਡਰਾਉਣਾ-ਧਮਕਾਉਣਾ ਲੋਕਾਂ ਦੇ ਫ਼ਤਵੇ ਦਾ ਅਪਮਾਨ ਹੈ।ਉਨ੍ਹਾਂ ਘਟਨਾ ਦੌਰਾਨ ਪੁਲਸ ਦੀ ਭੂਮਿਕਾ 'ਤੇ ਵੀ ਸਵਾਲ ਚੁੱਕਦਿਆਂ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੱਲੋਂ ਵੀ ਪੁਲਸ 'ਤੇ ਪੱਖਪਾਤ ਦੇ ਦੋਸ਼ ਲਗਾਏ ਗਏ ਹਨ।ਉਨ੍ਹਾਂ ਦਾਅਵਾ ਕੀਤਾ ਕਿ ਸੱਤਾਧਾਰੀ ਧਿਰ ਵੱਲੋਂ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਕਰਕੇ ਲੋਕਤੰਤਰੀ ਸੰਸਥਾਵਾਂ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ।ਡਾ. ਅਮਰ ਸਿੰਘ ਨੇ ਕਿਹਾ ਕਿ ਕਾਦੀਆਂ ਦੀ ਘਟਨਾ ਇਕੱਲੀ ਨਹੀਂ ਹੈ।ਉਨ੍ਹਾਂ ਦੋਸ਼ ਲਾਇਆ ਕਿ ਕਪੂਰਥਲਾ, ਮੋਰਿੰਡਾ ਤੇ ਸ੍ਰੀ ਚਮਕੌਰ ਸਾਹਿਬ ਵਿੱਚ ਵੀ ਕਾਂਗਰਸ ਨੂੰ ਮਿਲੇ ਬਹੁਮਤ ਨੂੰ ਸਿਆਸੀ ਜੋੜ-ਤੋੜ ਤੇ ਦਬਾਅ ਰਾਹੀਂ ਪ੍ਰਭਾਵਿਤ ਕਰਨ ਦੀਆਂ ਕੋਸ਼ਿਸ਼ਾਂ ਹੋਈਆਂ।ਉਨ੍ਹਾਂ ਕਿਹਾ ਕਿ ਜਿੱਥੇ ਲੋਕਾਂ ਨੇ ਕਾਂਗਰਸ ਦੇ ਹੱਕ ਵਿੱਚ ਫ਼ੈਸਲਾ ਦਿੱਤਾ, ਉੱਥੇ ਲੋਕਤੰਤਰੀ ਪ੍ਰੰਪਰਾਵਾਂ ਨੂੰ ਕਮਜ਼ੋਰ ਕਰਨ ਦੇ ਯਤਨ ਕੀਤੇ ਗਏ।ਸੰਸਦ ਮੈਂਬਰ ਨੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਮੰਗ ਕੀਤੀ ਕਿ ਕਾਦੀਆਂ ਘਟਨਾ ਦੀ ਉੱਚ ਪੱਧਰੀ, ਨਿਰਪੱਖ ਤੇ ਸਮਾਂਬੱਧ ਜਾਂਚ ਕਰਵਾਈ ਜਾਵੇ, ਹਿੰਸਾ ਵਿੱਚ ਸ਼ਾਮਲ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਪੰਜਾਬ ਕਾਂਗਰਸ ਲੋਕਤੰਤਰ, ਸੰਵਿਧਾਨ ਤੇ ਲੋਕਾਂ ਦੇ ਵੋਟ ਦੇ ਅਧਿਕਾਰ ਦੀ ਰੱਖਿਆ ਲਈ ਹਰ ਪੱਧਰ 'ਤੇ ਸੰਘਰਸ਼ ਜਾਰੀ ਰੱਖੇਗੀ ਤੇ ਸਿਆਸੀ ਹਿੰਸਾ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਸਰਵੇਲੈਂਸ ਟੀਮ ਵੱਲੋਂ ਨਰਮੇ ਦੇ ਖੇਤਾਂ ਦਾ ਨਿਰੀਖਣ



**ਕੋਟਕਪੂਰਾ (ਰਛਪਾਲ ਭੁੱਲਰ)**-ਮੁੱਖ ਖੇਤੀਬਾੜੀ ਅਫਸਰ ਡਾ. ਗੁਰਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਬਲਾਕ ਕੋਟਕਪੂਰਾ ਦੀ ਸਰਵੇਲੈਂਸ ਟੀਮ ਵੱਲੋਂ ਕੋਟਕਪੂਰਾ ਤੇ ਜੈਤੋ ਦੇ ਵੱਖ-ਵੱਖ ਪਿੰਡਾਂ ਵਿੱਚ ਨਰਮੇ ਦੇ ਖੇਤਾਂ ਦਾ ਨਿਰੀਖਣ ਕੀਤਾ ਗਿਆ।ਸਰਵੇਲੈਂਸ ਟੀਮ ਵਿੱਚ ਬਲਾਕ ਖੇਤੀਬਾੜੀ ਅਫਸਰ ਡਾ. ਗੁਰਪ੍ਰੀਤ ਸਿੰਘ, ਡਾ. ਜਤਬੀਰ ਸਿੰਘ ਏਡੀਓ ਟ੍ਰੇਨਿੰਗ ਤੇ ਡਾ. ਗੁਰਮਖ ਸਿੰਘ ਏਡੀਓ ਸ਼ਾਮਲ ਸਨ।ਡਾ. ਗੁਰਪ੍ਰੀਤ ਸਿੰਘ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਗਈ, ਜੋ ਆਪਣੇ ਨਰਮੇ ਵਾਲੇ ਖੇਤਾਂ ਦਾ ਲਗਾਤਾਰ ਨਰੀਖਣ ਕਰਦੇ ਰਹਿਣ, ਕਿਉਂਕਿ ਪਿਛਲੇ ਕੁਝ ਦਿਨਾਂ ਤੋਂ ਫਰੀਦਕੋਟ ਜ਼ਿਲ੍ਹੇ ਵਿੱਚ ਮੀਂਹ ਨਾ ਪੈਣ ਕਰਕੇ ਮੌਸਮ ਬਹੁਤ ਜ਼ਿਆਦਾ ਹੁੰਮਸ ਵਾਲਾ ਚੱਲ ਰਿਹਾ ਹੈ, ਜਿਸ ਕਾਰਨ ਨਰਮੇ 'ਤੇ ਚਿੱਟੀ ਮੱਖੀ ਤੇ ਹਰੇ ਤੇਲੇ ਦਾ ਹਮਲਾ ਵਧ ਗਿਆ ਹੈ।ਕਿਸਾਨਾਂ ਨੂੰ ਜਾਗਰੂਕ ਕੀਤਾ ਜਾਂਦਾ ਹੈ ਕਿ ਉਹ ਆਪਣੇ ਨਰਮੇ ਵਾਲੇ ਖੇਤਾਂ ਦਾ ਸਵੇਰੇ 10:00 ਵਜੇ ਤੋਂ ਪਹਿਲਾਂ ਲਗਭਗ 10 ਬੂਟਿਆਂ ਦੇ ਉਪਰਲੇ ਹਿੱਸੇ ਵਿੱਚੋਂ ਪੂਰੇ ਖੁੱਲ੍ਹੇ ਪੱਤਿਆਂ ਦੇ ਹੇਠਲੇ ਹਿੱਸੇ ਤੋਂ ਸਰਵੇ ਕਰਨ ਤੇ ਜੇ ਚਿੱਟੀ ਮੱਖੀ ਪ੍ਰਤੀ ਪੱਤਾ 6 ਤੋਂ ਵੱਧ ਹੈ ਤਾਂ ਕਿਸਾਨ ਇਸ ਦੀ ਰੋਕਥਾਮ ਲਈ ਸਿਫਾਰਸ਼ ਮੁਤਾਬਕ ਸਪਰੇਅ ਕਰਨ।ਹਰੇ ਤੇਲੇ ਸਬੰਧੀ ਜੇ 50 ਪ੍ਰਤੀਸ਼ਤ ਬੂਟਿਆਂ ਵਿੱਚ ਪੂਰੇ ਬਣ ਚੁੱਕੇ ਪੱਤੇ ਪੀਲੇ ਹੋ ਕੇ ਕਿਨਾਰਿਆਂ ਤੋਂ ਮੁੜ ਜਾਣ ਤਾਂ ਸਪਰੇਅ ਕਰਨੀ ਚਾਹੀਦੀ ਹੈ, ਜਿਵੇਂ ਕਿ ਕਿੱਲੇ ਲਈ ਉਲਾਲਾ 80 ਗ੍ਰਾਮ, ਉਸ਼ੀਨ 60 ਗ੍ਰਾਮ (ਇਹ ਦੋਵੇਂ ਦਵਾਈਆਂ ਹਰੇ ਤੇਲੇ ਦੀ ਵੀ ਰੋਕਥਾਮ ਕਰਦੀਆਂ ਹਨ) ਸਫੀਨਾ 400 ਐਮ ਐਲ ਅਤੇ ਕਲਾਸਟੋ 200 ਗ੍ਰਾਮ, ਪ੍ਰਤੀ ਕਿੱਲਾ 100 ਤੋਂ 150 ਲੀਟਰ ਪਾਣੀ ਵਰਤੇ ਜਾਣ।

## ਹੋਲੀ ਹਾਰਟ ਵਿਖੇ ਨੰਨ੍ਹੇ ਬੱਚਿਆਂ ਨੇ ਹਰਿਆਲੀ ਮੁਹਿੰਮ ਤਹਿਤ ਲਗਾਏ ਪੌਦੇ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੇ ਪ੍ਰਸਿੱਧ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਿਦਿਆਰਥੀਆਂ ਵੱਲੋਂ ਵਾਤਾਵਰਨ ਦੀ ਸੰਭਾਲ ਤੇ ਧਰਤੀ ਨੂੰ ਹਰਾ-ਭਰਾ ਬਣਾਉਣ ਦੇ ਮਕਸਦ ਨਾਲ ਇੱਕ ਵਿਸ਼ੇਸ਼ 'ਹਰਿਆਲੀ ਮੁਹਿੰਮ' ਦੀ ਸ਼ੁਰੂਆਤ ਕੀਤੀ ਗਈ।ਇਹ ਮੁਹਿੰਮ ਸਕੂਲ ਦੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ ਦੀ ਅਗਵਾਈ ਹੇਠ ਸ਼ੁਰੂ ਹੋਈ। ਇਸ ਮੁਹਿੰਮ ਦੇ ਪਹਿਲੇ ਦਿਨ ਪ੍ਰਾਇਮਰੀ ਤੋਂ ਲੈ ਕੇ ਸੀਨੀਅਰ ਕਲਾਸਾਂ ਦੇ ਬੱਚਿਆਂ ਨੇ ਸਕੂਲ ਕੈਂਪਸ ਤੇ ਇਸ ਦੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਵੱਡੀ ਗਿਣਤੀ 'ਚ ਛਾਂਦਾਰ ਤੇ ਫਲਦਾਰ ਪੌਦੇ ਲਗਾਏ ਗਏ। ਇਸ ਮੌਕੇ ਵਿਦਿਆਰਥੀਆਂ ਨੇ ਆਪਣੇ ਹੱਥਾਂ ਵਿੱਚ ਵਾਤਾਵਰਨ ਬਚਾਉਣ ਦੇ ਸੁਨੇਹੇ ਲਿਖੇ ਸਲੋਗਨ ਤੇ ਬੈਨਰ ਫੜੇ ਹੋਏ ਸਨ, ਜੋ ਹਰ ਇੱਕ ਦਾ ਧਿਆਨ ਆਪਣੇ ਵੱਲ ਖਿੱਚ ਰਹੇ ਸਨ।ਬੱਚਿਆਂ ਨੇ ਨਾ ਸਿਰਫ ਪੌਦੇ ਲਗਾਏ, ਸਗੋਂ ਅਧਿਆਪਕਾਂ ਤੇ ਮਾਪਿਆਂ ਦੇ ਸਹਿਯੋਗ ਨਾਲ ਰਾਹਗੀਰਾਂ ਨੂੰ ਵੀ ਮੁਫ਼ਤ ਪੌਦੇ ਵੰਡੇ ਅਤੇ ਉਨ੍ਹਾਂ ਨੂੰ ਆਪਣੇ ਜਨਮ ਦਿਨ ਜਾਂ ਹੋਰ ਖ਼ਾਸ ਮੌਕਿਆਂ 'ਤੇ ਇੱਕ ਰੁੱਖ ਜ਼ਰੂਰ ਲਗਾਉਣ ਦੀ ਅਪੀਲ ਕੀਤੀ।ਸਕੂਲ ਦੇ ਪ੍ਰਿੰਸੀਪਲ ਸਾਹਿਬਾਨ ਨੇ ਬੱਚਿਆਂ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਇਸ ਮੌਕੇ ਬੱਚਿਆਂ ਨੇ ਪ੍ਰਣ ਲਿਆ ਕਿ ਉਹ ਨਾ ਸਿਰਫ ਇਨ੍ਹਾਂ ਪੌਦਿਆਂ ਨੂੰ ਪਾਣੀ ਦੇਣਗੇ, ਸਗੋਂ ਇਨ੍ਹਾਂ ਦੇ ਵੱਡੇ ਹੋਣ ਤੱਕ ਪੂਰੀ ਦੇਖਭਾਲ ਵੀ ਕਰਨਗੇ। ਇਲਾਕਾ ਨਿਵਾਸੀਆਂ ਨੇ ਵੀ ਹੋਲੀ ਹਾਰਟ ਸਕੂਲ ਦੇ ਬੱਚਿਆਂ ਦੀ ਇਸ ਸੋਚ ਤੇ ਕੋਸ਼ਿਸ਼ ਨੂੰ ਸਲਾਮ ਕੀਤਾ ਅਤੇ ਕਿਹਾ ਕਿ ਅਜਿਹੀਆਂ ਮੁਹਿੰਮਾਂ ਸਮੇਂ ਦੀ ਮੁੱਖ ਲੋੜ ਹਨ।

## ਸ਼ੂਟਿੰਗ ਚੈਂਪੀਅਨਸ਼ਿਪ 'ਚ ਵਿਸ਼ਵਜੀਤ ਤੇ ਸੁਖਮਨਪ੍ਰੀਤ ਨੇ ਜਿੱਤੇ ਮੈਡਲ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-61ਵੀਂ ਪੰਜਾਬ ਰਾਜ ਸ਼ੂਟਿੰਗ ਚੈਂਪੀਅਨਸ਼ਿਪ ਮੁਹਾਲੀ ਵਿਖੇ ਕਰਵਾਈ ਗਈ, ਜਿਸ ਵਿੱਚ 50 ਮੀਟਰ ਰਾਈਫਲ 3 ਪੁਜ਼ੀਸ਼ਨ ਫੋਰਸ ਜੂਨੀਅਰ ਪੁਰਸ਼ ਵਰਗ 5 ਰੋਜ਼ਾ ਚੈਂਪੀਅਨਸ਼ਿਪ ਕਰਵਾਈ ਗਈ।ਇਸ ਵਿੱਚ ਐੱਚ. ਕੇ. ਐੱਮ. ਸ਼ੂਟਿੰਗ ਰੇਂਜ ਵਿਖੇ ਪ੍ਰੈਕਟਿਸ ਕਰਨ ਵਾਲੇ ਵਿਸ਼ਵਜੀਤ ਸਿੰਘ ਨੇ 3 ਪੁਜ਼ੀਸ਼ਨ ਈਵੈਂਟ ਵਿੱਚ ਸੋਨੇ ਦਾ ਤਗਮਾ ਜਿੱਤਿਆ, ਉਥੇ ਹੀ ਇਸੇ ਰੇਂਜ ਵਿੱਚ ਪ੍ਰੈਕਟਿਸ ਕਰਨ ਵਾਲੇ ਸੁਖਮਨਪ੍ਰੀਤ ਸਿੰਘ ਰੰਧਾਵਾ ਨੇ ਤਿੰਨੇ ਈਵੈਂਟਾਂ ਵਿੱਚ ਸਿਲਵਰ ਮੈਡਲ ਜਿੱਤ ਕੇ ਪਟਿਆਲਾ ਦਾ ਨਾਮ ਚਮਕਾਇਆ ਹੈ।ਜ਼ਿਕਰਯੋਗ ਹੈ ਕਿ ਇਹ ਦੋਵੇਂ ਖਿਡਾਰੀ ਕੋਚ ਖੁਸ਼ਦੀਪ ਕੌਰ, ਰਮਨਦੀਪ ਸਿੰਘ ਤੇ ਸ਼ਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਪ੍ਰੈਕਟਿਸ ਕਰਦੇ ਹਨ। ਇਨ੍ਹਾਂ ਦੇ ਮੈਡਲ ਜਿੱਤਣ ਨਾਲ ਅਕੈਡਮੀ ਵਿਖੇ ਕਾਫੀ ਖੁਸ਼ੀ ਪਾਈ ਜਾ ਰਹੀ ਹੈ।ਦੱਸਣਯੋਗ ਹੈ ਕਿ ਸੁਖਮਨਪ੍ਰੀਤ ਸਿੰਘ ਰੰਧਾਵਾ ਨੇ ਪਿਛਲੇ ਸਾਲ ਵੀ ਸਟੇਟ ਵਿੱਚੋਂ ਗੋਲਡ ਤੇ ਸਿਲਵਰ ਮੈਡਲ ਜਿੱਤੇ ਸਨ ਅਤੇ ਇਹ ਖਿਡਾਰੀ ਪਟਿਆਲਾ ਦੇ ਨਾਮੀ ਸਰਕਾਰੀ ਸਕੂਲ ਸੀ. ਸੈ. ਸਕੂਲ ਸਿਵਲ ਲਾਈਨਜ਼ ਵਿਖੇ ਪੜ੍ਹਦਾ ਹੈ।ਇਹ ਖਿਡਾਰੀ ਪਹਿਲਾਂ ਵੀ ਰਾਜ ਪੱਧਰੀ ਤੇ ਨੈਸ਼ਨਲ ਪੱਧਰੀ ਚੈਂਪੀਅਨਸ਼ਿਪਾਂ ਵਿੱਚ ਆਪਣੀ ਕਲਾ ਦਾ ਪ੍ਰਦਰਸ਼ਨ ਕਰ ਚੁੱਕੇ ਹਨ।

## ਮਨਰੇਗਾ ਮੁਲਾਜ਼ਮਾਂ 'ਤੇ ਤਸ਼ੱਦਦ ਸਰਕਾਰ ਦਾ ਮੁਲਾਜ਼ਮ ਵਿਰੋਧੀ ਚਿਹਰਾ ਮੁੜ ਬੇਨਕਾਬ : ਚੌਹਾਨ



**ਮਾਨਸਾ (ਆਤਮਾ ਸਿੰਘ ਪਮਾਰ)**-ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਖੰਨਾ ਵਿਖੇ ਸੂਬਾ ਪੱਧਰੀ ਸ਼ਾਂਤਮਈ ਰੋਸ ਪ੍ਰਦਰਸਨ ਕਰ ਰਹੇ ਮਨਰੇਗਾ ਕ੍ਰਮਚਾਰੀਆਂ ਅਤੇ ਬਦਲਾਅ ਵਾਲੀ ਨਿਕੰਮੀ ਮਾਨ ਸਰਕਾਰ ਨੇ ਅੰਨ੍ਹਾ ਤਸ਼ੱਦਦ ਕੀਤਾ। ਕ੍ਰਮਚਾਰੀਆਂ ਦੀਆਂ ਲੱਤਾਂ-ਬਾਹਾਂ ਤੋੜਨ ਤੋਂ ਇਲਾਵਾ ਲੜਕੀਆਂ ਨੂੰ ਗੁੱਤਾਂ ਤੋਂ ਫੜ ਕੇ ਘੜੀਸਿਆ ਵੀ ਗਿਆ।ਇਸ ਦੌਰਾਨ ਕ੍ਰਮਚਾਰੀਆਂ ਦੀਆਂ ਪੱਗਾਂ ਤੇ ਚੁੰਨੀਆਂ ਸੜਕਾਂ 'ਤੇ ਰੋਲੀਆਂ ਗਈਆਂ।ਮਾਨ ਸਰਕਾਰ ਵੱਲੋਂ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਕ੍ਰਮਚਾਰੀਆਂ 'ਤੇ ਕੀਤੇ ਜ਼ੁਲਮਾਂ ਦਾ ਹਿਸਾਬ-ਕਿਤਾਬ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਲਿਆ ਜਾਵੇਗਾ। ਸਰਕਾਰ ਦੁਆਰਾ ਕੀਤੇ ਇਸ ਸ਼ਰਮਨਾਕ ਕਾਰੇ ਦੀ ਸਖ਼ਤ ਸਬਦਾਂ 'ਚ ਨਿਖੇਧੀ ਕਰਦਿਆਂ ਸੀ.ਪੀ.ਆਈ ਦੇ ਸੂਬਾ ਸਕੱਤਰੇਤ ਮੈਂਬਰ ਤੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਸਿੰਘ ਚੌਹਾਨ ਨੇ ਕਿਹਾ ਕਿ ਮਨਰੇਗਾ ਕ੍ਰਮਚਾਰੀ ਕਈ ਮਹੀਨਿਆਂ ਤੋਂ ਤੋ ਹੜਤਾਲ ਤੇ ਆਪਣੀਆਂ ਨਿਗੂਣੀਆਂ ਤਨਖਾਹਾਂ ਲੈਣ ਲਈ ਬੈਠੇ ਹਨ। ਉਨ੍ਹਾਂ ਦੀਆ ਮੰਗਾਂ ਮੰਨਣ ਦੀ ਥਾ ਤਸ਼ੱਦਦ ਦਾ ਰਸਤਾ ਅਖਤਿਆਰ ਕਰਨਾ ਸਰਕਾਰ ਦੀ ਅਰਥੀ 'ਚ ਆਖਰੀ ਕਿੱਲ ਸਾਬਤ ਹੋਵੇਗਾ।ਕਮਿਊਨਿਸਟ ਆਗੂ ਸਾਥੀ ਚੌਹਾਨ ਨੇ ਕਿਹਾ ਕਿ ਬਦਲਾਅ ਵਾਲੀ ਮਾਨ ਸਰਕਾਰ ਨੂੰ ਅਜੇ ਵੀ ਹੋਸ਼ ਆਉਣਾ ਚਾਹੀਦਾ ਹੈ।ਦੋਸ਼ੀ ਅਧਿਕਾਰੀਆਂ ਖ਼ਿਲਾਫ਼ ਬਣਦੀ ਕਾਰਵਾਈ ਕਰਨ ਤੋਂ ਇਲਾਵਾ ਕ੍ਰਮਚਾਰੀਆਂ ਦੀ ਜਥੇਬੰਦੀ ਨਾਲ ਬੈਠ ਕੇ ਗੱਲਬਾਤ ਵੀ ਕਰਨੀ ਚਾਹੀਦੀ ਹੈ ਤੇ ਉਨ੍ਹਾਂ ਦੇ ਮਸਲੇ ਦਾ ਕੋਈ ਢੁਕਵਾਂ ਹੱਲ ਕਰਨਾ ਚਾਹੀਦਾ ਹੈ।

# ਅਣਪਛਾਤੀ ਲਾਸ਼ ਦੇਹ ਸੰਭਾਲ ਘਰ 'ਚ ਰੱਖੀ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਪਿੰਡ ਮਾੜੀ ਵਿੱਚੋਂ ਲੰਘ ਰਹੀ ਸਰਹੰਦ ਨਹਿਰ ਦੇ ਪੁਲ ਨਜ਼ਦੀਕ ਇੱਕ ਨੌਜਵਾਨ ਦੀ ਅਣਪਛਾਤੀ ਲਾਸ਼ ਮਿਲਣ ਦਾ ਸਮਾਚਾਰ ਪ੍ਰਾਪਤ ਹੋਇਆ।ਸਹਾਰਾ ਸਮਾਜ ਸੇਵਾ (ਰਜਿ:) ਦੇ ਪੰਜਾਬ ਪ੍ਰਧਾਨ ਸੰਦੀਪ ਵਰਮਾ ਨੇ ਦੱਸਿਆ ਕਿ ਪੰਜਾਬ ਵਿੱਚ ਨਹਿਰਾਂ ਤੋਂ ਮਿਲਣ ਵਾਲੀਆਂ ਲਵਾਰਸ ਲਾਸ਼ਾਂ ਦੀ ਗਿਣਤੀ ਬਹੁਤ ਵੱਧ ਚੁੱਕੀ ਹੈ, ਉਹਨਾਂ ਕਿਹਾ ਕਿ ਲਾਸ਼ਾਂ ਦੀ ਦੁਰਦਿਸ਼ਾ ਵਿਗਾੜਨ,ਤੇ ਖੁਰਦ- ਫੁਰਦ ਕਰਨ ਵਿੱਚ ਨਹਿਰਾਂ ਤੇ ਬਣੇ ਬਿਜਲੀ ਪਲਾਂਟਾਂ ਦੇ ਮੁਲਾਜ਼ਮ, ਵੇਲਦਾਰ, ਪੰਜਾਬ ਪੁਲਸ ਕਰ ਰਹੀ ਹੈ, ਕਿਉਂਕਿ ਜਿਸ ਨਹਿਰ 'ਤੇ ਬਿਜਲੀ ਪਲਾਂਟ ਲੱਗਿਆ ਹੈ।ਉੱਥੇ ਪਾਣੀ ਦੀ ਰੋਕਥਾਮ ਲਈ ਇੱਕ ਪਾਸੇ ਫੱਟੇ ਲੱਗੇ ਹੁੰਦੇ ਨੇ, ਦੂਜੇ ਪਾਸੇ ਬਿਜਲੀ ਬਣਾਉਣ ਵਾਲੀ ਡੈਨਮੂ ਲੱਗੀ ਹੋਈ ਹੈ, ਜਿਸ ਦੇ ਬਾਹਰ ਫੁੱਟ ਵਾਈ ਫੁੱਟ ਦਾ ਜਾਲ ਲੱਗਿਆ ਹੁੰਦਾ ਹੈ, ਤਾਂ ਜੁ ਡੈਨਮੋ ਵਿੱਚ ਕੋਈ ਚੀਜ਼ ਨਾ ਫਸ ਜਾਵੇ, ਚਿੰਤਾ ਦਾ ਵਿਸ਼ਾ ਹੈ ਕਿ ਉਥੋਂ ਤੀ ਲਾਸ ਕਿਵੇਂ ਲੰਘ ਜਾਂਦੀ ਹੈ।ਸਾਨੂੰ ਇਹ ਲਾਸ਼ ਬਿਜਲੀ ਪਲਾਂਟ ਦੇ ਕੁਝ ਹੀ ਦੂਰੀ ਤੋਂ ਮਿਲੀ ਹੈ।ਪੰਜਾਬ ਸਰਕਾਰ ਲਾਸ਼ਾਂ ਦੇ ਮਾਮਲੇ ਵਿੱਚ ਸਖਤੀ ਵਰਤੇ।ਉਨ੍ਹਾਂ ਕਿਹਾ ਕਿ ਸਾਡੇ ਸਹਾਰਾ ਕੰਟਰੋਲ ਰੂਮ ਨੂੰ ਇਤਲਾਹ ਮਿਲੀ ਕਿ ਪਿੰਡ ਮਾੜੀ ਦੇ ਪੁੱਲ ਨਜ਼ਦੀਕ ਇੱਕ ਨੌਜਵਾਨ ਦੀ ਲਾਸ਼ ਪਾਣੀ ਵਿੱਚ ਘੁੰਮ ਰਹੀ ਹੈ। ਬਿਨਾਂ ਕਿਸੇ ਦੇਰੀ ਤੋਂ ਸਹਾਰਾ ਦੇ ਵਾਈਸ ਪ੍ਰਧਾਨ ਸੁਖਦੇਵ ਸਿੰਘ, ਸਲਾਹਕਾਰ ਜਸਪਾਲ ਸਿੰਘ, ਵਿਸ਼ੇਸ਼ ਸਲਾਹਕਾਰ ਪ੍ਰਦੀਪ ਕੁਮਾਰ, ਮੈਂਬਰ ਜਗਤਾਰ ਸਿੰਘ, ਪ੍ਰਦੀਪ ਸ਼ਰਮਾ ਸੰਸਥਾ ਦੀ ਐਂਬੂਲੈਂਸ ਲੈ ਕੇ ਘਟਨਾ ਸਥਾਨ ਤੇ ਪਹੁੰਚੇ ਜਦ ਕਿ ਉੱਥੇ ਥਾਣਾ ਨਥਾਣਾ ਦੀ ਪੁਲਿਸ ਪਾਰਟੀ ਮੌਜੂਦ ਸੀ ਸਹਾਰਾ ਦੀ ਟੀਮ ਵੱਲੋਂ ਪੁਲਿਸ ਦੀ ਮੌਜੂਦਗੀ ਵਿੱਚ ਲਾਸ਼ ਨੂੰ ਨਹਿਰ ਵਿੱਚੋਂ ਬਾਹਰ ਕੱਢਿਆ ਗਿਆ।ਹੁਲੀਆ ਉਮਰ ਕਰੀਬ 30/32 ਸਾਲ, ਕੱਦ 05 ਫੁੱਟ 10 ਇੰਚ, ਲਾਸ਼ ਦੇ ਕੋਈ ਕੱਪੜਾ ਨਹੀਂ ਹੈ, ਸੱਜੀ ਬਾਂਹ ਨੂੰ ਪੋਲੀਓ ਹੋਇਆ ਜਾਪਦਾ ਹੈ, ਖੱਬੀ ਬਾਂਹ ਦੇ ਬਾਹਰਲੇ ਪਾਸੇ ਅੰਗਰੇਜ਼ੀ ਵਿੱਚ ਸਤਵਿੰਦਰ ਲਿਖਿਆ ਹੋਇਆ ਹੈ, ਖੱਬੇ ਡੌਲੇ ਪਰ ਸਟਾਰ ਦਾ ਟੈਟੂ ਖੁਣਿਆ ਹੋਇਆ ਹੈ, ਖੱਬੀ ਬਾਂਹ ਦੀ ਕਲਾਈ 'ਤੇ ਕ੍ਰਿਸ ਪੀ ਕੇ ਲਿਖਿਆ ਹੋਇਆ ਹੈ, ਇਹ ਲਾਸ਼ 10/15 ਦਿਨ ਪੁਰਾਣੀ ਜਾਪਦੀ ਹੈ।ਇਸ ਕੋਲੋਂ ਕੋਈ ਵੀ ਪਛਾਣ ਪੱਤਰ ਨਹੀਂ ਮਿਲਿਆ।ਲਾਸ਼ ਨੂੰ ਸੰਸਥਾ ਦੀ ਐਂਬੂਲੈਂਸ ਰਾਹੀਂ ਪੁਲਸ ਦੀ ਮੌਜੂਦਗੀ ਵਿੱਚ 72 ਘੰਟੇ ਸ਼ਨਾਖਤ ਲਈ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ ਰੱਖਿਆ ਗਿਆ ਹੈ। ਜੇਕਰ ਕਿਸੇ ਨੂੰ ਇਸ ਲਾਸ਼ ਬਾਰੇ ਕੋਈ ਜਾਣਕਾਰੀ ਹੋਵੇ ਤਾਂ ਉਹ ਸਹਾਰਾ ਕੰਟਰੋਲ ਰੂਮ ਰਾਮਪੁਰਾ ਫੂਲ, ਪੁਲਿਸ ਕੰਟਰੋਲ ਰੂਮ ਬਠਿੰਡਾ, ਥਾਣਾ ਨਥਾਣਾ ਨਾਲ ਸੰਪਰਕ ਕਰ ਸਕਦਾ ਹੈ।

# 13 ਲੱਖ ਦੀ ਲਾਗਤ ਨਾਲ ਆਈ ਨਵੀਂ ਹਾਈਟੈਕ ਅਲਟਰਾਸਾਊਂਡ ਮਸ਼ੀਨ ਦੀ ਸ਼ੁਰੂਆਤ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਲਗਾਤਾਰ ਯਤਨਾਂ ਸਦਕਾ ਸਿਵਲ ਹਸਪਤਾਲ ਵਿੱਚ ਲਗਭਗ 13 ਲੱਖ ਰੁਪਏ ਦੀ ਲਾਗਤ ਨਾਲ ਆਈ ਨਵੀਂ ਹਾਈ-ਟੈਕ ਅਲਟਰਾਸਾਊਂਡ ਮਸ਼ੀਨ ਦੀ ਯੂਥ ਆਗੂ ਅਭੈ ਢਿੱਲੋ ਵੱਲੋਂ ਹਸਪਤਾਲ ਵਿਖੇ ਮਰੀਜ਼ਾਂ ਦੀ ਚੈੱਕਅਪ ਲਈ ਸ਼ੁਰੂਆਤ ਕੀਤੀ।

ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਸ ਆਧੁਨਿਕ ਮਸ਼ੀਨ ਦੇ ਸ਼ੁਰੂ ਹੋਣ ਨਾਲ ਹੁਣ ਗਿੱਦੜਬਾਹਾ ਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਉੱਚ ਪੱਧਰੀ ਅਲਟਰਾਸਾਊਂਡ ਜਾਂਚ ਦੀ ਸਹੂਲਤ ਆਪਣੇ ਹੀ ਸਰਕਾਰੀ ਹਸਪਤਾਲ ਵਿੱਚ ਮਿਲੇਗੀ।ਇਸ ਨਾਲ ਮਰੀਜ਼ਾਂ ਨੂੰ ਦੂਰ-ਦੁਰਾਡੇ ਦੇ ਸ਼ਹਿਰਾਂ ਵਿੱਚ ਜਾਣ ਦੀ ਲੋੜ ਘੱਟ ਪਵੇਗੀ ਅਤੇ ਸਮੇਂ ਦੇ ਨਾਲ-ਨਾਲ ਪੈਸੇ ਦੀ ਵੀ ਬਚਤ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਹਰ ਨਾਗਰਿਕ ਨੂੰ ਆਪਣੇ ਨੇੜੇ ਹੀ ਮਿਆਰੀ ਤੇ ਆਧੁਨਿਕ ਸਿਹਤ ਸੇਵਾਵਾਂ ਮੁਹੱਈਆ ਕਰਾਉਣਾ ਹੈ।

ਸਿਵਲ ਹਸਪਤਾਲ ਵਿੱਚ ਇਹ ਨਵੀਂ ਸਹੂਲਤ ਉਸੇ ਵਚਨਬੱਧਤਾ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਹੈ।ਐਸਐਮਓ ਡਾ ਰਸ਼ਮੀ ਚਾਵਲਾ ਨੇ ਦੱਸਿਆ ਕਿ ਇਹ ਹਾਈ-ਟੈਕ ਅਲਟਰਾਸਾਊਂਡ ਮਸ਼ੀਨ ਗਰਭਵਤੀ ਮਹਿਲਾਵਾਂ ਦੀ ਨਿਯਮਤ ਜਾਂਚ, ਪੇਟ, ਲੀਵਰ, ਗੁਰਦੇ, ਪਿੱਤੇ ਦੀ ਥੈਲੀ, ਥਾਇਰਾਇਡ, ਪਿਸ਼ਾਬ ਪ੍ਰਣਾਲੀ ਤੇ ਸਰੀਰ ਦੇ ਹੋਰ ਅੰਦਰੂਨੀ ਅੰਗਾਂ ਦੀ ਸਹੀ ਅਤੇ ਸਪੱਸ਼ਟ ਜਾਂਚ ਕਰਨ ਵਿੱਚ ਮਦਦਗਾਰ ਸਾਬਤ ਹੋਵੇਗੀ। ਆਧੁਨਿਕ ਤਕਨੀਕ ਨਾਲ ਲੈਸ ਇਹ ਮਸ਼ੀਨ ਵਧੀਆ ਗੁਣਵੱਤਾ ਦੀਆਂ ਤਸਵੀਰਾਂ ਪ੍ਰਦਾਨ ਕਰਦੀ ਹੈ, ਜਿਸ ਨਾਲ ਡਾਕਟਰਾਂ ਨੂੰ ਬਿਮਾਰੀਆਂ ਦੀ ਸਮੇਂ ਸਿਰ ਤੇ ਵਧੇਰੇ ਸਹੀ ਪਛਾਣ ਕਰਨ ਵਿੱਚ ਮਦਦ ਮਿਲੇਗੀ ਤੇ ਮਰੀਜ਼ਾਂ ਦਾ ਇਲਾਜ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਹੋ ਸਕੇਗਾ।

## ਸੰਦੀਪ ਸਮਰਾਲਾ ਦੇ ਕਹਾਣੀ ਸੰਗ੍ਰਹਿ 'ਤੇ ਵਿਚਾਰ ਗੋਸ਼ਟੀ ਭਲਕੇ



**ਸਮਰਾਲਾ (ਸੁਰਜੀਤ ਸਿੰਘ)**-ਸਾਹਿਤ ਸਭਾ ਵੱਲੋਂ ਉੱਘੇ ਕਹਾਣੀਕਾਰ ਸੰਦੀਪ ਸਮਰਾਲਾ ਦੇ ਕਹਾਣੀ ਸੰਗ੍ਰਹਿ 'ਸੁਪਨੇ ਦਾ ਗਵਾਹ ਨਹੀਂ ਹੁੰਦਾ' 'ਤੇ ਵਿਚਾਰ ਗੋਸ਼ਟੀ 19 ਨੂੰ ਮਾਲਵਾ ਰਿਸੋਰਟਸ ਵਿਖੇ ਕਰਾਈ ਜਾ ਰਹੀ ਹੈ।ਸਭਾ ਦੇ ਪ੍ਰੈਸ ਸਕੱਤਰ ਇੰਦਰਜੀਤ ਸਿੰਘ ਕੰਗ ਅਤੇ ਜਨਰਲ ਸਕੱਤਰ ਦੀਪ ਦਿਲਬਰ ਨੇ ਦੱਸਿਆ ਕਿ ਇਸ ਵਿਚਾਰ ਗੋਸ਼ਠੀ ਵਿੱਚ ਡਾ. ਸਰਬਜੀਤ ਸਿੰਘ ਪ੍ਰਧਾਨ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਪ੍ਰਧਾਨਗੀ ਕਰਨਗੇ।ਮੁੱਖ ਮਹਿਮਾਨ ਵਜੋਂ ਉੱਘੇ ਚਿੰਤਕ ਹਰਵਿੰਦਰ ਭੰਡਾਲ ਸ਼ਿਰਕਤ ਕਰਨਗੇ।ਗੋਸ਼ਟੀ ਦੇ ਮੁੱਖ ਵਕਤਾ ਕਹਾਣੀਕਾਰ ਬਲਵਿੰਦਰ ਸਿੰਘ ਗਰੇਵਾਲ ਹੋਣਗੇ ਤੇ ਪੇਪਰ ਡਾ. ਪਰਮਜੀਤ ਸਿੰਘ ਪਟਿਆਲਾ ਅਤੇ ਡਾ. ਬਿੰਦਰ ਭੁਮਸੀ ਪੜ੍ਹਨਗੇ।ਵਿਚਾਰ ਚਰਚਾ ਦਾ ਅਰੰਭ ਕਹਾਣੀਕਾਰ ਗੁਰਮੀਤ ਕੜਿਆਲਵੀ ਕਰਨਗੇ।ਕਹਾਣੀਕਾਰ ਸੁਰਿੰਦਰ ਰਾਮਪੁਰੀ, ਅਜਮੇਰ ਸਿੱਧੂ, ਐਚ. ਐਸ. ਡਿੰਪਲ, ਡਾ. ਕਮਲਜੀਤ ਕੌਰ ਬਾਂਗਾ, ਡਾ. ਹਰੀਸ਼, ਦੀਪਤੀ ਬਬੂਟਾ, ਡਾ. ਕੇਵਲ ਰਾਮ ਨਵਾਂਸ਼ਹਿਰ ਵੀ ਵਿਚਾਰ ਚਰਚਾ ਵਿਚ ਭਾਗ ਲੈਣਗੇ।ਇਸ ਮੌਕੇ ਦਿਲਦੀਪ ਪ੍ਰਕਾਸ਼ਨ ਵਲੋਂ ਪੁਸਤਕਾਂ ਦੀ ਪ੍ਰਦਰਸ਼ਨੀ ਵੀ ਲਾਈ ਜਾਵੇਗੀ।

# ਏ ਐੱਨ ਟੀ ਐੱਫ ਫ਼ਿਰੋਜ਼ਪੁਰ ਰੇਂਜ ਵੱਲੋਂ ਅੰਤਰਰਾਸ਼ਟਰੀ ਡਰੱਗ ਸਿੰਡੀਕੇਟ ਦਾ ਪਰਦਾਫਾਸ਼

- 12 ਕਿੱਲੋ ਤੋਂ ਵੱਧ ਹੈਰੋਇਨ ਸਮੇਤ ਦੂਜੀ ਲਾਈਨ ਦਾ ਮੁੱਖ ਕੋਰੀਅਰ ਗ੍ਰਿਫ਼ਤਾਰ
- ਪਾਕਿਸਤਾਨੀ ਹੈਂਡਲਰ ਨਾਲ ਜੁੜੇ ਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੰਜਾਬ ਸਰਕਾਰ ਦੀ ਚੱਲ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਤਸਕਰਾਂ ਨੂੰ ਵੱਡਾ ਝਟਕਾ ਦਿੰਦਿਆਂ ਐਂਟੀ-ਨਾਰਕੋਟਿਕਸ ਟਾਸਕ ਫੋਰਸ (ਏਐੱਨਟੀਐੱਫ) ਫ਼ਿਰੋਜ਼ਪੁਰ ਰੇਂਜ ਨੇ ਇਕ ਅੰਤਰਰਾਸ਼ਟਰੀ ਡਰੱਗ ਤਸਕਰੀ ਨੈੱਟਵਰਕ ਨੂੰ ਰੋਕਿਆ ਹੈ। ਡੀਜੀਪੀ ਪੰਜਾਬ ਤੇ ਏਡੀਜੀਪੀ ਏਐੱਨਟੀਐੱਫ ਨੀਲਾਭ ਕਿਸ਼ੋਰ ਦੇ ਸਖ਼ਤ ਨਿਰਦੇਸ਼ਾਂ 'ਤੇ ਐੱਸ ਪੀ ਗੁਰਿੰਦਰਬੀਰ ਸਿੰਘ ਦੀ ਨਿਗਰਾਨੀ ਹੇਠ ਡੀਐੱਸਪੀ ਪ੍ਰਿਥੀਪਾਲ ਸਿੰਘ ਤੇ ਸਬ-ਇੰਸਪੈਕਟਰ ਹਰਦੇਵ ਸਿੰਘ ਦੀ ਟੀਮ ਨੇ 12 ਕਿੱਲੋ 100 ਗ੍ਰਾਮ ਹੈਰੋਇਨ ਦੀ ਵੱਡੀ ਬਰਾਮਦਗੀ ਕਰਕੇ ਇਕ ਦੋਸ਼ੀ ਨੂੰ ਕਾਬੂ ਕੀਤਾ ਹੈ। ਇਸ ਕਾਰਵਾਈ ਸਬੰਧੀ ਜਾਣਕਾਰੀ ਦਿੰਦਿਆਂ ਅਧਿਕਾਰੀਆਂ ਨੇ ਦੱਸਿਆ ਕਿ ਪੁਲਸ ਸਟੇਸ਼ਨ ਏਐੱਨਟੀਐੱਫ ਐੱਸਏਐੱਸ ਨਗਰ ਵਿਖੇ ਐੱਫਆਈਆਰ ਨੰਬਰ 155, ਮਿਤੀ 15-07-2026 ਨੂੰ ਐੱਨਡੀਪੀਐੱਸ ਐਕਟ ਦੀ ਧਾਰਾ 21 ਤਹਿਤ ਰਸਮੀ ਕੇਸ ਦਰਜ ਕੀਤਾ ਗਿਆ ਹੈ। ਗ੍ਰਿਫ਼ਤਾਰ ਕੀਤੇ ਗਏ ਮੁੱਖ ਦੋਸ਼ੀ ਦੀ ਪਛਾਣ ਜਗਸੀਰ ਸਿੰਘ ਉਰਫ਼ ਲਵੀ ਪੁੱਤਰ ਸੋਨਾ ਸਿੰਘ ਵਾਸੀ ਪਿੰਡ ਬਾਦਲ ਕੇ ਉੱਤਰ, ਥਾਣਾ ਅਮੀਰ ਖਾਸ, ਜ਼ਿਲ੍ਹਾ ਫਾਜ਼ਿਲਕਾ ਵਜੋਂ ਹੋਈ ਹੈ।

ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਫੜਿਆ ਗਿਆ ਦੋਸ਼ੀ ਡਿਪਲੋਮਾ ਦਾ ਇਕ ਵਿਦਿਆਰਥੀ ਹੈ। ਉਹ ਪਹਿਲੀ ਵਾਰ ਅਪਰਾਧ ਕਰਨ ਵਾਲਾ ਹੈ ਤੇ ਉਸ ਦਾ ਪਹਿਲਾਂ ਕੋਈ ਵੀ ਅਪਰਾਧਿਕ ਰਿਕਾਰਡ ਨਹੀਂ ਮਿਲਿਆ ਹੈ।

ਪੁਲਸ ਵੱਲੋਂ ਕੀਤੀ ਗਈ ਮੁੱਢਲੀ ਪੁੱਛਗਿੱਛ ਦੌਰਾਨ ਇੱਕ ਬਹੁਤ ਹੀ ਆਧੁਨਿਕ ਤੇ ਤਕਨੀਕੀ ਤੌਰ 'ਤੇ ਸਮਰੱਥ ਤਸਕਰੀ ਨੈੱਟਵਰਕ ਦਾ ਖੁਲਾਸਾ ਹੋਇਆ ਹੈ। ਫੜਿਆ ਗਿਆ ਦੋਸ਼ੀ ਜਗਸੀਰ ਸਿੰਘ ਇਸ ਸਿੰਡੀਕੇਟ ਵਿਚ 'ਦੂਜੀ ਲਾਈਨ ਦੇ ਕੋਰੀਅਰ' ਵਜੋਂ ਕੰਮ ਕਰ ਰਿਹਾ ਸੀ। ਉਹ ਖੁਦ ਸਿੱਧਾ ਡਰੋਨ ਰਾਹੀਂ ਸੁੱਟੀ ਗਈ ਖੇਪ ਪ੍ਰਾਪਤ ਨਹੀਂ ਕਰਦਾ ਸੀ, ਬਲਕਿ ਉਹ ਉਨ੍ਹਾਂ ਕੋਰੀਅਰਾਂ ਤੋਂ ਨਸ਼ਾ ਇਕੱਠਾ ਕਰਦਾ ਸੀ, ਜਿਨ੍ਹਾਂ ਨੇ ਡਰੋਨ ਵਾਲੀ ਜਗ੍ਹਾ ਤੋਂ ਮਾਲ ਚੁੱਕਿਆ ਹੁੰਦਾ ਸੀ। ਇਸ ਤੋਂ ਬਾਅਦ ਉਹ ਇਸ ਨਸ਼ੀਲੇ ਪਦਾਰਥ ਦੀ ਅਗਲੀ ਸਪਲਾਈ ਜਾਂ ਆਵਾਜਾਈ ਦਾ ਪ੍ਰਬੰਧ ਕਰਦਾ ਸੀ। ਦੋਸ਼ੀ ਨੇ ਪਿੰਡ ਰਾਓ ਕੇ ਵਿਖੇ ਇਕ ਖਾਸ ਤੇ ਪਹਿਲਾਂ ਤੋਂ ਤੈਅ ਕੀਤੀ ਜਗ੍ਹਾ ਤੋਂ ਇਹ 12 ਕਿੱਲੋ 100 ਗ੍ਰਾਮ ਹੈਰੋਇਨ ਦੀ ਨਜਾਇਜ਼ ਖੇਪ ਪ੍ਰਾਪਤ ਕੀਤੀ ਸੀ। ਇਸ ਕੰਮ ਲਈ ਉਸ ਨੂੰ ਪਾਕਿਸਤਾਨ ਦੇ ਕਸੂਰ ਖੇਤਰ ਨਾਲ ਸਬੰਧਤ ਇਕ ਵਿਦੇਸ਼ੀ ਹੈਂਡਲਰ, ਜਿਸ ਨੂੰ 'ਚਾਚਾ' ਦੇ ਨਾਮ ਨਾਲ ਜਾਣਿਆ ਜਾਂਦਾ ਹੈ, ਵੱਲੋਂ ਦਿਸ਼ਾ-ਨਿਰਦੇਸ਼ ਦਿੱਤੇ ਜਾ ਰਹੇ ਸਨ। ਇਹ ਵਿਦੇਸ਼ੀ ਹੈਂਡਲਰ ਸਰਹੱਦ ਪਾਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਪ੍ਰਮੁੱਖ ਸਿੰਡੀਕੇਟਾਂ ਵਿੱਚੋਂ ਇਕ ਚਲਾਉਂਦਾ ਹੈ।

'ਚਾਚਾ' ਨੇ ਵਟਸਐਪ ਰਾਹੀਂ ਇਨਕ੍ਰਿਪਟਡ ਸੰਚਾਰ ਦੀ ਵਰਤੋਂ ਕਰਕੇ ਰਿਮੋਟਲੀ ਪੂਰੇ ਅਪ੍ਰੇਸ਼ਨ ਦਾ ਤਾਲਮੇਲ ਕੀਤਾ ਤੇ ਦੋਸ਼ੀ ਨੂੰ ਸਹੀ ਜੀਪੀਐੱਸ ਕੋਆਰਡੀਨੇਟਸ ਪ੍ਰਦਾਨ ਕੀਤੇ ਤਾਂ ਜੋ ਉਹ ਨਿਰਧਾਰਤ ਕੋਰੀਅਰ ਪੁਆਇੰਟ ਤੱਕ ਪਹੁੰਚ ਸਕੇ। ਇਹ ਜ਼ਬਤ ਕੀਤੀ ਗਈ ਖੇਪ ਅੱਗੇ ਇਕ ਸਥਾਨਕ ਪ੍ਰਾਪਤਕਰਤਾ ਨੂੰ ਦਿੱਤੀ ਜਾਣੀ ਸੀ, ਜੋ ਇਕ ਆਸਟਰੇਲੀਆਈ ਵਰਚੁਅਲ ਵਟਸਐਪ ਨੰਬਰ ਦੀ ਆੜ ਵਿੱਚ ਆਪਣੀਆਂ ਗਤੀਵਿਧੀਆਂ ਚਲਾ ਰਿਹਾ ਸੀ। ਏਐੱਨਟੀਐੱਫ ਦੀ ਟੀਮ ਨੇ ਦੋਸ਼ੀ ਜਗਸੀਰ ਸਿੰਘ ਕੋਲੋਂ ਵਰਤਿਆ ਜਾ ਰਿਹਾ ਮੋਬਾਈਲ ਫ਼ੋਨ ਜ਼ਬਤ ਕਰ ਲਿਆ ਹੈ। ਪੁਲਸ ਵਿਭਾਗ ਵੱਲੋਂ ਫਿਲਹਾਲ ਇਸ ਬਰਾਮਦ ਕੀਤੇ ਗਏ ਫ਼ੋਨ ਦੇ ਵਿਆਪਕ ਤਕਨੀਕੀ ਤੇ ਡਿਜੀਟਲ ਫੋਰੈਂਸਿਕ ਵਿਸ਼ਲੇਸ਼ਣ ਨੂੰ ਪਹਿਲ ਦਿੱਤੀ ਜਾ ਰਹੀ ਹੈ। ਅਧਿਕਾਰੀਆਂ ਮੁਤਾਬਕ ਇਹਨਾਂ ਡਿਜੀਟਲ ਫੋਰੈਂਸਿਕ ਯਤਨਾਂ ਦਾ ਮੁੱਖ ਉਦੇਸ਼ ਇਸ ਸਰਹੱਦ ਪਾਰ ਚੱਲ ਰਹੇ ਸਿੰਡੀਕੇਟ ਦੇ ਅਗਲੇ (ਫਾਰਵਰਡ) ਤੇ ਪਿਛਲੇ (ਬੈਕਵਰਡ) ਸੰਪਰਕਾਂ ਦਾ ਪਤਾ ਲਗਾਉਣਾ ਹੈ, ਤਾਂ ਜੋ ਇਸ ਪੂਰੇ ਇੰਟਰਨੈਸ਼ਨਲ ਨੈੱਟਵਰਕ ਨੂੰ ਜੜ੍ਹੋਂ ਖ਼ਤਮ ਕੀਤਾ ਜਾ ਸਕੇ।

## ਸਫਾ 1 ਦੇ ਬਾਕੀ...

### ਮੋਦੀ ਵੱਲੋਂ ਪੰਜਾਬ 'ਚ...

ਸਰਕਾਰ ਦੀਆਂ ਮੁੱਖ ਪ੍ਰਾਥਮਿਕਤਾਵਾਂ ਵਿੱਚ ਸ਼ਾਮਲ ਹੈ। ਆਪਣੇ ਸੰਬੋਧਨ ਦੌਰਾਨ ਦੇਸ਼ ਦੀ ਕਾਨੂੰਨ ਵਿਵਸਥਾ ਦਾ ਜ਼ਿਕਰ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਪੁਰਾਣੀ ਦੰਡ ਸੰਹਿਤਾ ਨੂੰ ਬਦਲ ਕੇ 'ਭਾਰਤੀ ਨਿਆਂ ਸੰਹਿਤਾ' ਲਾਗੂ ਕੀਤੀ ਹੈ ਅਤੇ ਇਸ ਇਤਿਹਾਸਕ ਡਿਜੀਟਲ ਪ੍ਰੋਜੈਕਟ ਦੀ ਸ਼ੁਰੂਆਤ ਚੰਡੀਗੜ੍ਹ ਤੋਂ ਹੀ ਹੋਈ ਸੀ। ਉਨ੍ਹਾ ਕਿਹਾ ਕਿ ਚੰਡੀਗੜ੍ਹ ਦੀ ਭੂਗੋਲਿਕ ਸਥਿਤੀ ਅਜਿਹੀ ਹੈ, ਜੋ ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਨੂੰ ਆਪਸ ਵਿੱਚ ਜੋੜਦੀ ਹੈ, ਇਸ ਲਈ ਇੱਥੇ ਸਿਹਤ, ਸਿੱਖਿਆ ਅਤੇ ਬੁਨਿਆਦੀ ਢਾਂਚੇ ਵਿੱਚ ਕੀਤਾ ਗਿਆ ਸੁਧਾਰ ਸਿੱਧੇ ਤੌਰ 'ਤੇ ਇਨ੍ਹਾਂ ਗੁਆਂਢੀ ਸੂਬਿਆਂ ਦੇ ਲੋਕਾਂ ਨੂੰ ਵੀ ਵੱਡਾ ਫ਼ਾਇਦਾ ਪਹੁੰਚਾਉਂਦਾ ਹੈ। ਪ੍ਰਧਾਨ ਮੰਤਰੀ ਨੇ ਪੀ.ਜੀ.ਆਈ. ਨਾਲ ਜੁੜੀਆਂ ਆਪਣੀਆਂ ਪੁਰਾਣੀਆਂ ਯਾਦਾਂ ਤਾਜ਼ਾ ਕਰਦਿਆਂ ਕਿਹਾ ਕਿ ਉਹ ਅਕਸਰ ਆਪਣੇ ਸਾਥੀਆਂ ਦਾ ਹਾਲ-ਚਾਲ ਜਾਨਣ ਲਈ ਇੱਥੇ ਆਉਂਦੇ ਸਨ।

ਉਨ੍ਹਾਂ ਦੱਸਿਆ ਕਿ ਸਾਲ 2015 ਤੋਂ ਬਾਅਦ ਪੀ.ਜੀ.ਆਈ. ਦਾ ਬਹੁਤ ਵੱਡਾ ਵਿਸਥਾਰ ਹੋਇਆ ਹੈ। ਅੱਜ ਇੱਥੇ 'ਐਡਵਾਂਸਡ ਮਦਰ ਐਂਡ ਚਾਈਲਡ ਸੈਂਟਰ' ਅਤੇ 'ਐਡਵਾਂਸਡ ਨਿਊਰੋਸਾਇੰਸ ਸੈਂਟਰ' ਦਾ ਉਦਘਾਟਨ ਕੀਤਾ ਗਿਆ ਹੈ। ਇਸ ਦੇ ਨਾਲ ਹੀ ਉਨ੍ਹਾਂ ਇੱਕ ਵੱਡਾ ਐਲਾਨ ਕਰਦਿਆਂ ਦੱਸਿਆ ਕਿ ਚੰਡੀਗੜ੍ਹ ਪੀ.ਜੀ.ਆਈ. ਵਿੱਚ ਹੁਣ ਨਵੇਂ ਐੱਮ.ਬੀ.ਬੀ.ਐੱਸ. ਕਾਲਜ ਨੂੰ ਵੀ ਸਰਕਾਰ ਵੱਲੋਂ ਮਨਜ਼ੂਰੀ ਦੇ ਦਿੱਤੀ ਗਈ ਹੈ, ਜਿਸ ਨਾਲ ਦੇਸ਼ ਨੂੰ ਵੱਡੀ ਗਿਣਤੀ ਵਿੱਚ ਨਵੇਂ ਡਾਕਟਰ ਮਿਲਣਗੇ। ਆਪਣੇ ਭਾਸ਼ਣ ਦੌਰਾਨ ਪ੍ਰਧਾਨ ਮੰਤਰੀ ਨੇ ਚੰਡੀਗੜ੍ਹ ਦੇ ਸੇਵਾ ਮੁਕਤ ਆਈ.ਪੀ.ਐੱਸ. ਅਧਿਕਾਰੀ ਇੰਦਰਜੀਤ ਸਿੰਘ ਸਿੱਧੂ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ, ਜੋ ਲੰਬੇ ਸਮੇਂ ਤੋਂ ਸਵੱਛਤਾ ਨੂੰ ਲੈ ਕੇ ਲੋਕਾਂ ਨੂੰ ਜਾਗਰੂਕ ਕਰ ਰਹੇ ਹਨ ਅਤੇ ਜਿਨ੍ਹਾਂ ਨੂੰ ਸਰਕਾਰ ਵੱਲੋਂ ਪਦਮਸ੍ਰੀ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। ਸਿਹਤ ਖੇਤਰ 'ਤੇ ਗੱਲ ਕਰਦਿਆਂ ਪੀ.ਐੱਮ. ਮੋਦੀ ਨੇ ਕਿਹਾ ਕਿ ਪਿਛਲੇ 12 ਸਾਲਾਂ ਵਿੱਚ ਦੇਸ਼ ਦੇ ਮੈਡੀਕਲ ਢਾਂਚੇ ਵਿੱਚ ਕ੍ਰਾਂਤੀਕਾਰੀ ਬਦਲਾਅ ਆਏ ਹਨ ਅਤੇ ਮੈਡੀਕਲ ਸੀਟਾਂ ਸਮੇਤ ਕਾਲਜਾਂ ਦੀ ਗਿਣਤੀ ਦੁੱਗਣੀ ਹੋ ਗਈ ਹੈ। ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਨੇ ਹਰਿਆਣਾ ਦੇ ਜੀਂਦ ਰੇਲਵੇ ਸਟੇਸ਼ਨ ਤੋਂ ਦੇਸ਼ ਦੀ ਪਹਿਲੀ ਹਾਈਡਰੋਜਨ ਰੇਲ ਗੱਡੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਸਵਦੇਸ਼ੀ ਤਕਨੀਕ ਨਾਲ ਵਿਕਸਿਤ ਇਹ ਰੇਲ ਗੱਡੀ ਹਾਈਡਰੋਜਨ ਫਿਊਲ ਸੈੱਲ 'ਤੇ ਆਧਾਰਤ ਹੈ ਅਤੇ ਸੰਚਾਲਨ ਦੌਰਾਨ ਜ਼ੀਰੋ ਕਾਰਬਨ ਨਿਕਾਸ ਕਰਦੀ ਹੈ।

### ਏ ਆਈ ਨਕਲੀ...

35,000 ਡਾਲਰ ਦਾ ਕੈਸ਼ ਐਡਵਾਂਸ ਵੀ ਲੈ ਲਿਆ। ਸਥਾਨਕ ਸੀ.ਆਈ.ਬੀ.ਸੀ. ਬੈਂਕ ਦੀ ਬ੍ਰਾਂਚ ਨੇ ਜੂਡੀ ਨੂੰ ਚਿਤਾਵਨੀ ਵੀ ਦਿੱਤੀ ਸੀ ਕਿ ਉਸ ਨਾਲ ਠੱਗੀ ਹੋ ਰਹੀ ਹੈ, ਪਰ ਠੱਗਾਂ ਨੇ ਉਸ ਨੂੰ ਪਹਿਲਾਂ ਹੀ ਭਰਮਾ ਲਿਆ ਸੀ। ਠੱਗਾਂ ਨੇ ਉਸ ਨੂੰ ਕਿਹਾ ਸੀ ਕਿ ਉਹ ਇਸ ਨਿਵੇਸ਼ ਬਾਰੇ ਕਿਸੇ ਦੋਸਤ ਜਾਂ ਬੈਂਕ ਨਾਲ ਗੱਲ ਨਾ ਕਰੇ, ਕਿਉਂਕਿ ਲੋਕ ਉਸ ਦੀ ਵੱਡੀ ਕਮਾਈ ਤੋਂ ਸੜਨਗੇ। ਅੱਜ ਜੂਡੀ ਕੋਲ ਸਿਰਫ਼ 200 ਡਾਲਰ ਬਚੇ ਹਨ। ਉਸ ਦੀ ਕਾਰ ਖੁੱਸ ਚੁੱਕੀ ਹੈ ਅਤੇ ਉਸ ਦੇ ਖਾਤੇ ਵਿੱਚੋਂ ਮਾਰਟਗੇਜ ਅਤੇ ਕ੍ਰੈਡਿਟ ਕਾਰਡ ਦੀਆਂ ਕਿਸ਼ਤਾਂ ਬਾਊਂਸ ਹੋ ਰਹੀਆਂ ਹਨ। ਰਿਟਾਇਰਮੈਂਟ ਫ਼ੰਡ ਸਮੇਂ ਤੋਂ ਪਹਿਲਾਂ ਕਢਵਾਉਣ ਕਾਰਨ ਉਸ ਦੀ ਸਰਕਾਰੀ ਓਲਡ ਏਜ ਸਕਿਉਰਿਟੀ ਅਤੇ ਮੁਫ਼ਤ ਡੈਂਟਲ ਕਵਰੇਜ ਵੀ ਬੰਦ ਹੋ ਗਈ ਹੈ। ਉਸ ਦੇ ਸਿਰ 'ਤੇ 80,000 ਡਾਲਰ ਤੋਂ ਵੱਧ ਦਾ ਟੈਕਸ ਬਕਾਇਆ ਖੜ੍ਹਾ ਹੈ, ਜਦ ਕਿ ਉਸ ਦੀ ਮਾਸਿਕ ਆਮਦਨ ਸਿਰਫ਼ 1,150 ਡਾਲਰ ਪੈਨਸ਼ਨ ਰਹਿ ਗਈ ਹੈ।

### ਅੰਦੋਲਨਕਾਰੀਆਂ ਨੂੰ ...

ਭਵਿੱਖ ਬਾਰੇ ਵੀ ਹੈ। ਉਹ ਦੇਸ਼ ਛੱਡਣ ਅਤੇ ਦੁਬਈ ਗੋਲਡਨ ਵੀਜ਼ਾ 'ਤੇ ਰਹਿਣ ਲਈ ਮਜਬੂਰ ਨਹੀਂ ਹੋਣਾ ਚਾਹੁੰਦੀ। ਇਸ ਦੀ ਬਜਾਏ, ਉਹ ਚਾਹੁੰਦੀ ਹੈ ਕਿ ਉਸ ਦੀ ਧੀ ਭਾਰਤ ਵਿੱਚ ਪੜ੍ਹੇ।

ਚੇਤੇ ਰਹੇ ਅੰਨਾ ਅੰਦੋਲਨ ਵੇਲੇ ਪ੍ਰਿਅੰਕਾ ਚੋਪੜਾ ਨੇ ਪੋਸਟ ਪਾਈ ਸੀ : "ਭ੍ਰਿਸ਼ਟਾਚਾਰ ਵਿਰੁੱਧ ਜੰਗ ਦਾ ਕੁਰੂਕਸ਼ੇਤਰ ਰਾਮਲੀਲਾ ਮੈਦਾਨ ਵਿੱਚ ਤਬਦੀਲ ਹੋ ਰਿਹਾ ਹੈ!

ਪਰਮਾਤਮਾ ਅਤੇ ਭਾਰਤ ਤੁਹਾਡੇ ਨਾਲ ਹੈ ਅੰਨਾ।" ਗੀਤਕਾਰ ਪ੍ਰਸੂਨ ਜੋਸ਼ੀ ਨੇ ਜਨ ਲੋਕਪਾਲ ਬਿੱਲ ਲਈ ਅੰਨਾ ਹਜ਼ਾਰੇ ਦੇ ਅੰਦੋਲਨ ਬਾਰੇ ਇੱਕ ਕਵਿਤਾ ਲਿਖੀ। ਅਮਿਤਾਭ ਬੱਚਨ ਨੇ ਟਵੀਟ ਕੀਤਾ, "ਕੋਈ ਵੀ ਸਮਾਜ ਅਤੇ ਸ਼ਾਸਨ ਵਿੱਚ ਭ੍ਰਿਸ਼ਟਾਚਾਰ ਨਹੀਂ ਚਾਹੁੰਦਾ। ਸ਼ਾਂਤੀਪੂਰਵਕ ਵਿਰੋਧ ਕਰਨਾ ਸਾਡਾ ਸੰਵਿਧਾਨਕ ਅਧਿਕਾਰ ਹੈ। ਦੇਸ਼ ਦਾ ਕਾਨੂੰਨ ਜਿੱਤਣਾ ਚਾਹੀਦਾ ਹੈ!"

### ਰੂੜੀ ਦੀ ਤਾਂ ਬਾਰ੍ਹੀਂ...

ਕਾਰਵਾਈ ਵਿਰੁੱਧ ਸੰਬੰਧਤ ਕਿਸਾਨਾਂ ਵੱਲੋਂ ਕੋਈ ਟਕਰਾਅ ਦੀ ਸੰਭਾਵਨਾ ਦੇ ਮੱਦੇਨਜ਼ਰ ਪੁਲਸ ਵੱਲੋਂ ਛੇ ਜ਼ਿਲ੍ਹਿਆਂ ਦੀ ਪੁਲਸ ਸੱਦੀ ਗਈ। ਡੀ ਐੱਸ ਪੀ ਸ਼ਾਹਕੋਟ ਉਂਕਾਰ ਸਿੰਘ ਬਰਾੜ ਦੀ ਅਗਵਾਈ ਵਿੱਚ ਕਬਜ਼ਾ ਕਰਨ ਦੀ ਕਾਰਵਾਈ ਨੇਪਰੇ ਚਾੜ੍ਹੀ ਗਈ। ਕੁਝ ਦਿਨਾਂ ਬਾਅਦ ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਕਿਸਾਨਾਂ ਦੀ ਪਿੱਠ 'ਤੇ ਖੜ੍ਹ ਗਈ। ਇਸ ਤਰ੍ਹਾਂ ਜ਼ਮੀਨ ਵਾਹ ਕੇ ਚਾਰਾ ਅਤੇ ਝੋਨਾ ਲਾ ਕੇ ਜ਼ਮੀਨ ਮੁੜ ਕਿਸਾਨਾਂ ਦੇ ਕਬਜ਼ੇ ਵਿੱਚ ਚਲੇ ਗਈ। ਇਹ ਇੱਕ ਸਾਲ ਪਹਿਲਾਂ ਦੀ ਗੱਲ ਹੈ। ਇੱਕ ਸਾਲ ਬਾਅਦ ਇਨ੍ਹੀਂ ਦਿਨੀਂ ਕਿਸਾਨਾਂ ਨੇ ਫਿਰ ਝੋਨਾ ਲਾ ਲਿਆ ਹੈ। ਕਿਸਾਨਾਂ ਦਾ ਦਾਅਵਾ ਹੈ ਕਿ ਜ਼ਮੀਨ ਉਨ੍ਹਾਂ ਦੇ ਕਬਜ਼ੇ ਵਿੱਚ ਹੈ। ਆਬਾਦਕਾਰ ਵਿਭਾਗ ਤੇ ਮੰਡੀ ਬੋਰਡ ਅਗਲੀ ਕਾਰਵਾਈ ਕੀ ਕਰੇਗਾ, ਇਹ ਵੇਖਿਆ ਜਾਣਾ ਹੈ।

### ਰੀੜ੍ਹ ਦੀ ਹੱਡੀ ਸਿੱਧੀ...

ਕਿਹਾ ਕਿ 2009 ਦੀ ਬਲਾਕਬਸਟਰ ਫਿਲਮ ਬਣਾਉਣ ਵੇਲੇ ਨਾ ਤਾਂ ਉਹ, ਨਾ ਨਿਰਦੇਸ਼ਕ ਰਾਜਕੁਮਾਰ ਹਿਰਾਨੀ, ਅਤੇ ਨਾ ਹੀ ਲੇਖਕ ਅਭਿਜਾਤ ਜੋਸ਼ੀ ਵਾਂਗਚੁੱਕ ਨੂੰ ਜਾਣਦੇ ਸਨ।

ਆਮਿਰ ਖਾਨ ਨੇ ਇਹ ਗੱਲ ਉਦੋਂ ਕਹੀ ਹੈ, ਜਦੋਂ ਓਮੀ ਵੈਦਿਆ, ਜਿਸਨੇ 3 ਇਡੀਅਟਸ ਵਿੱਚ ਚਤੁਰ ਰਾਮਲਿੰਗਮ (ਸਾਈਲੈਂਸਰ) ਦਾ ਯਾਦਗਾਰੀ ਕਿਰਦਾਰ ਨਿਭਾਇਆ ਸੀ, ਨੇ ਐੱਕਸ 'ਤੇ ਇੱਕ ਵੀਡੀਓ ਸਾਂਝੀ ਕਰਕੇ ਦਾਅਵਾ ਕੀਤਾ ਕਿ ਰੈਂਚੋ ਦਾ ਕਿਰਦਾਰ ਵਾਂਗਚੁੱਕ 'ਤੇ ਅਧਾਰਤ ਹੈ। ਉਸਨੇ ਲੋਕਾਂ ਨੂੰ ਵਾਂਗਚੁੱਕ ਦਾ ਸਮਰਥਨ ਕਰਨ ਦੀ ਅਪੀਲ ਕੀਤੀ। ਇਸ ਪੋਸਟ 'ਤੇ ਪ੍ਰਤੀਕਿਰਿਆ ਦਿੰਦੇ ਹੋਏ, ਆਮਿਰ ਨੇ ਕਿਹਾ, "ਮੈਂ ਚਤੁਰ ਦਾ ਵੀਡੀਓ ਦੇਖੀ ਹੈ... ਉਹ ਗਲਤ ਹੈ।"

## ਪੰਜਾਬੀ ਸਾਹਿਤ ਸਭਾ ਧੂਰੀ ਵੱਲੋਂ ਡਾ. ਜਸਪ੍ਰੀਤ ਸਿੰਘ ਦਾ ਧੰਨਵਾਦ



**ਧੂਰੀ (ਸੁਖਦੇਵ ਧੂਰੀ)**-ਪੰਜਾਬੀ ਸਾਹਿਤ ਸਭਾ (ਰਜਿ:) ਧੂਰੀ ਜ਼ਿਲ੍ਹਾ ਸੰਗਰੂਰ ਨੇ ਇੱਕ ਵਿਸ਼ੇਸ਼ ਔਨ ਲਾਈਨ ਮੀਟਿੰਗ ਕਰਕੇ ਡਾ. ਜਸਪ੍ਰੀਤ ਸਿੰਘ ਅਟਾਰਨੀ ਐਟ ਲਾਅ ਅਮਰੀਕਾ ਦਾ ਧੰਨਵਾਦ ਕੀਤਾ ਹੈ, ਜਿਨ੍ਹਾਂ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੂੰ ਪੰਜਾਬੀ ਭਾਸ਼ਾ ਦੇ ਪ੍ਰਚਾਰ, ਸੰਭਾਲ ਤੇ ਵਿਸ਼ਵ ਪੱਧਰ 'ਤੇ ਵਿਕਾਸ ਲਈ 5 ਕਰੋੜ ਰੁਪਏ ਭੇਟ ਕਰਨ ਦਾ ਐਲਾਨ ਕੀਤਾ ਹੈ।ਵਰਨਣਯੋਗ ਹੈ ਕਿ ਉਹ ਇਸ ਉੱਚ ਵਿੱਦਿਅਕ ਅਦਾਰੇ ਦੇ ਸਾਬਕਾ ਵਿਦਿਆਰਥੀ ਹਨ, ਬੀਤੇ ਦਿਨੀਂ ਯੂਨੀਵਰਸਿਟੀ ਵਿਖੇ ਇੱਕ ਸਮਾਗਮ ਵਿੱਚ ਬੋਲਦਿਆਂ ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਮਰੀਕਾ ਤੇ ਹੋਰ ਦੇਸ਼ਾਂ ਵਿੱਚ ਵਸਦੇ ਪੰਜਾਬੀ ਭਾਈਚਾਰੇ ਨੂੰ ਆਪਣੀ ਭਾਸ਼ਾ ਤੇ ਸੱਭਿਆਚਾਰਕ ਪਛਾਣ ਨੂੰ ਸੰਭਾਲਣ ਲਈ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।ਸਿੱਖਿਆ, ਖੋਜ, ਡਿਜੀਟਲ ਸਰੋਤਾਂ ਤੇ ਸੱਭਿਆਚਾਰਕ ਪਹਿਲਕਦਮੀਆਂ ਰਾਹੀਂ ਪੰਜਾਬੀ ਭਾਸ਼ਾ ਨੂੰ ਵਿਸ਼ਵ ਪੱਧਰ 'ਤੇ ਹੋਰ ਮਜ਼ਬੂਤ ਕਰਨ ਦੀ ਲੋੜ ਹੈ।ਉਨ੍ਹਾਂ ਇਸ ਤੋਂ ਇਲਾਵਾ ਭਵਿੱਖ ਵਿੱਚ ਵੀ ਹਰ ਸੰਭਵ ਸਹਿਯੋਗ ਦੀ ਦੇਣ ਦਾ ਭਰੋਸਾ ਦਿੱਤਾ ਹੈ।ਸਭਾ ਦੇ ਪ੍ਰਧਾਨ ਮੂਲ ਚੰਦ ਸ਼ਰਮਾ ਨੇ ਆਪਣੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਡਾ. ਜਸਪ੍ਰੀਤ ਸਿੰਘ ਦਾ ਸ਼ੁਕਰੀਆ ਅਦਾ ਕਰਦਿਆਂ ਪੰਜਾਬੀ ਯੂਨੀਵਰਸਿਟੀ ਦੇ ਬਾਕੀ ਸਾਬਕਾ ਵਿਦਿਆਰਥੀਆਂ (ਵਿਸ਼ੇਸ਼ ਤੌਰ 'ਤੇ ਜਿਹੜੇ ਸਰਕਾਰ ਤੇ ਪ੍ਰਸ਼ਾਸਨ ਵਿੱਚ ਜ਼ਿੰਮੇਵਾਰ ਅਹੁਦਿਆਂ ਉੱਪਰ ਬੈਠੇ ਹਨ) ਨੂੰ ਵੀ ਅਪੀਲ ਕੀਤੀ ਹੈ ਕਿ ਉਹ ਵੀ ਜਸਪ੍ਰੀਤ ਸਿੰਘ ਤੋਂ ਪ੍ਰੇਰਨਾ ਲੈ ਕੇ ਯੂਨੀਵਰਸਿਟੀ ਤੇ ਮਾਤ ਭਾਸ਼ਾ ਪੰਜਾਬੀ ਨਾਲ਼ ਸੰਬੰਧਤ ਹੋਰ ਅਦਾਰਿਆਂ ਨੂੰ ਬਚਾਉਣ ਲਈਯੋਗ ਉਪਰਾਲੇ ਜ਼ਰੂਰ ਕਰਨ।

## ਨਵਭਾਰਤ ਕਲਾ ਮੰਚ ਦੀ ਮੀਟਿੰਗ, ਸੁਰਿੰਦਰ ਧੀਰ ਪ੍ਰਧਾਨ ਬਣੇ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਨਵ ਭਾਰਤ ਕਲਾ ਮੰਚ (ਗੀਤਾ ਭਵਨ) ਦੀ ਮੀਟਿੰਗ ਮਹਿੰਦਰ ਸ਼ਾਹੀ ਦੀ ਅਗਵਾਈ ਹੇਠ ਗੀਤਾ ਭਵਨ ਵਿਖੇ ਹੋਈ।ਮੀਟਿੰਗ ਦੌਰਾਨ ਸਰਬਸੰਮਤੀ ਨਾਲ ਇੱਕ ਸਾਲ ਲਈ ਨਵੀਂ ਕਾਰਜਕਾਰਨੀ ਕਮੇਟੀ ਦੀ ਚੋਣ ਕੀਤੀ ਗਈ।ਪ੍ਰਧਾਨ ਨੂੰ ਲੋੜ ਅਨੁਸਾਰ ਕਮੇਟੀ ਦਾ ਹੋਰ ਵਿਸਥਾਰ ਕਰਨ ਦੇ ਅਧਿਕਾਰ ਵੀ ਸੌਂਪੇ ਗਏ।ਨਵੇਂ ਚੁਣੇ ਸਮੁੱਚੇ ਅਹੁਦੇਦਾਰਾਂ ਨੇ ਆਪਣੀਆਂ ਜ਼ਿੰਮੇਵਾਰੀਆਂ ਪੂਰੀ ਇਮਾਨਦਾਰੀ ਤੇ ਸਮਰਪਤ ਭਾਵਨਾ ਨਾਲ ਨਿਭਾਉਣ ਦਾ ਭਰੋਸਾ ਦਿੱਤਾ। ਨਵ ਗਠਿਤ ਕਮੇਟੀ ਵਿੱਚ ਮਹਿੰਦਰ ਸ਼ਾਹੀ ਨੂੰ ਸਰਪ੍ਰਸਤ, ਜਸਕਰਨ ਬਾਂਸਲ (ਜੱਸੀ ਬਾਬਾ) ਨੂੰ ਚੇਅਰਮੈਨ ਤੇ ਸੁਰਿੰਦਰ ਧੀਰ ਨੂੰ ਪ੍ਰਧਾਨ ਚੁਣਿਆ ਗਿਆ।ਇਸ ਤੋਂ ਇਲਾਵਾ ਸੁਖਮੰਦਰ ਸਿੰਘ ਕਲਸੀ ਨੂੰ ਡਾਇਰੈਕਟਰ, ਡਾ. ਜਗਤਾਰ ਮਾਨ ਨੂੰ ਜਨਰਲ ਸਕੱਤਰ, ਰਵੀ ਕਾਂਸਲ ਨੂੰ ਵਾਈਸ ਚੇਅਰਮੈਨ, ਜਤਿੰਦਰ ਬਾਂਸਲ ਨੂੰ ਸੀਨੀ.ਵਾਈਸ ਪ੍ਰਧਾਨ, ਗੁਰਪ੍ਰੀਤ ਸਿੰਘ ਸੀਟਾ ਨੂੰ ਵਾਈਸ ਪ੍ਰਧਾਨ, ਸੁਨੀਲ ਦਹੀਆ ਨੂੰ ਸਹਾਇਕ ਡਾਇਰੈਕਟਰ, ਲਾਭ ਚੰਦ ਸਿੰਗਲਾ ਨੂੰ ਵਿੱਤ ਸਕੱਤਰ, ਲਛਮਣ ਦਾਸ ਗੋਇਲ ਨੂੰ ਸਹਾਇਕ ਵਿੱਤ ਸਕੱਤਰ, ਮਾ. ਭਗਵਾਨ ਦਾਸ ਨੂੰ ਸਹਾਇਕ ਸਕੱਤਰ ਨਿਯੁਕਤ ਕੀਤਾ ਗਿਆ।ਸਲਾਹਕਾਰ ਵਜੋਂ ਰਜਨੀਸ਼ ਕਰਕਰਾ, ਸੁਭਾਸ਼ ਪੇਂਟਰ , ਤਿੱਤਰ ਮਾਨ ਤੇ ਅਜੀਤ ਅਗਰਵਾਲ ਨੂੰ ਸ਼ਾਮਲ ਕੀਤਾ ਗਿਆ। ਕਾਰਜਕਾਰਨੀ ਮੈਂਬਰਾਂ ਵਜੋਂ ਕਰਮਜੀਤ ਸਿੰਘ ਰਤਨ, ਬਸੰਤ ਕਸੂਤਾ, ਟੈਨੀ ਬੁੱਗਰ, ਪਵਨ ਮਹਿਤਾ ਤੇ ਹਰਦੀਪ ਸਿੰਘ ਚਹਿਲ ਨੂੰ ਜ਼ਿੰਮੇਵਾਰੀਆਂ ਦਿੱਤੀਆਂ ਗਈਆਂ।ਲਖਵਿੰਦਰ ਧੀਰ ਲੱਖੀ ਨੂੰ ਸਟੋਰ ਕੀਪਰ, ਮਨਕੂ ਮਹਿਤਾ ਨੂੰ ਸਹਾਇਕ ਸਟੋਰ ਕੀਪਰ, ਡਾ. ਰਜਿੰਦਰ ਸਿੰਘ ਨੂੰ ਪ੍ਰੈਸ ਸਕੱਤਰ ਨਿਯੁਕਤ ਕੀਤਾ ਗਿਆ।ਮੀਟਿੰਗ ਦੇ ਅੰਤ ਵਿੱਚ ਸਮੂਹ ਮੈਂਬਰਾਂ ਨੇ ਨਵ ਭਾਰਤ ਕਲਾ ਮੰਚ ਦੀਆਂ ਸਮਾਜਿਕ, ਧਾਰਮਿਕ, ਸੱਭਿਆਚਾਰਕ ਤੇ ਸਾਹਿਤਕ ਗਤੀਵਿਧੀਆਂ ਨੂੰ ਹੋਰ ਮਜ਼ਬੂਤੀ ਨਾਲ ਅੱਗੇ ਵਧਾਉਣ ਦਾ ਸੰਕਲਪ ਲਿਆ।

## ਥਾਂ-ਥਾਂ ਲੱਗੇ ਗੰਦਗੀ ਦੇ ਢੇਰ, ਮੰਗਾਂ ਨਾ ਮੰਨੀਆਂ ਤਾਂ ਸਰਕਾਰ ਨੂੰ ਭੁਗਤਣੇ ਪੈਣਗੇ ਨਤੀਜੇ : ਸਫ਼ਾਈ ਸੇਵਕ ਯੂਨੀਅਨ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਸਫ਼ਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ 'ਤੇ ਸਫ਼ਾਈ ਸੇਵਕ ਯੂਨੀਅਨ ਵੱਲੋਂ ਮੇਨ ਚੌਕ ਵਿੱਚ ਪੰਜਾਬ ਸਰਕਾਰ ਦਾ ਪੁਤਲਾ ਫੂਕ ਕੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਸਫ਼ਾਈ ਸੇਵਕਾਂ ਦੀ ਹੜਤਾਲ ਕਾਰਨ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਗੰਦਗੀ ਦੇ ਢੇਰ ਲੱਗ ਗਏ ਹਨ, ਜਿਸ ਨਾਲ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਯੂਨੀਅਨ ਆਗੂਆਂ ਤੇ ਸਫ਼ਾਈ ਸੇਵਕਾਂ ਨੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਆਪਣੀਆਂ ਹੱਕੀ ਮੰਗਾਂ ਨੂੰ ਤੁਰੰਤ ਲਾਗੂ ਕਰਨ ਦੀ ਮੰਗ ਕੀਤੀ।ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਯੂਨੀਅਨ ਆਗੂਆਂ ਨੇ ਸੰਗਰੂਰ ਵਿਖੇ ਇੱਕ ਵਿਧਾਇਕ ਦੀ ਸਰਪ੍ਰਸਤੀ ਹੇਠ ਸਫ਼ਾਈ ਸੇਵਕਾਂ 'ਤੇ ਕੀਤੇ ਗਏ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ।ਉਨ੍ਹਾਂ ਕਿਹਾ ਕਿ ਆਪਣੇ ਹੱਕਾਂ ਲਈ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਮੁਲਾਜ਼ਮਾਂ 'ਤੇ ਬਲ ਪ੍ਰਯੋਗ ਕਰਨਾ ਲੋਕਤੰਤਰ ਦੀ ਭਾਵਨਾ ਦੇ ਉਲਟ ਹੈ ਤੇ ਸਰਕਾਰ ਨੂੰ ਅਜਿਹੇ ਰਵੱਈਏ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।ਯੂਨੀਅਨ ਦੇ ਪ੍ਰਧਾਨ ਰੱਤੀ ਰਾਮ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਸਫ਼ਾਈ ਸੇਵਕਾਂ ਦੀਆਂ ਜਾਇਜ਼ ਮੰਗਾਂ ਨੂੰ ਜਲਦ ਨਾ ਮੰਨਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਉਨ੍ਹਾਂ ਚਿਤਾਵਨੀ ਦਿੱਤੀ ਕਿ ਮੰਗਾਂ ਦੀ ਅਣਦੇਖੀ ਕਰਨ ਦੀ ਸੂਰਤ ਵਿੱਚ ਸਰਕਾਰ ਨੂੰ ਇਸ ਦੇ ਗੰਭੀਰ ਨਤੀਜੇ ਭੁਗਤਣੇ ਪੈਣਗੇ ਤੇ ਇਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

## ਸਫਾਈ ਸੇਵਕਾਂ ਨੇ ਫੂਕਿਆ ਸਰਕਾਰ ਦਾ ਪੁਤਲਾ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਸਫਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ 'ਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ, ਜਿਸ ਵਿੱਚ ਸਫਾਈ ਸੇਵਕ ਯੂਨੀਅਨ ਨਗਰ ਕੌਂਸਲ ਸਨੌਰ ਪ੍ਰਧਾਨ ਨੰਦ ਲਾਲ ਦੀ ਅਗਵਾਈ ਵਿੱਚ ਸਨੌਰ ਦੇ ਮੇਨ ਬਾਜ਼ਾਰ ਵਿੱਚ ਰੋਸ ਮਾਰਚ ਕੱਢਿਆ ਗਿਆ ਤੇ ਬੱਸ ਅੱਡਾ ਸਨੌਰ ਵਿਖੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਅਤੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ ਅਤੇ ਜੋ ਸੰਗਰੂਰ ਵਿਖੇ ਐੱਮਐੱਲਏ ਦੀ ਸ਼ਹਿ 'ਤੇ ਸਫਾਈ ਸੇਵਕਾਂ ਉੱਤੇ ਲਾਠੀਚਾਰਜ ਕੀਤਾ ਗਿਆ, ਉਸ ਦੀ ਸਖਤ ਸ਼ਬਦਾਂ ਵਿੱਚ ਨਿੰਦਿਆ ਕਰਦੇ ਹਾਂ ਅਤੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਸਫਾਈ ਸੇਵਕਾਂ ਦੀਆਂ ਮੰਗਾਂ ਵੱਲ ਜਲਦ ਧਿਆਨ ਨਹੀਂ ਦਿੰਦੀ ਤਾਂ ਇਸ ਦਾ ਨਤੀਜਾ ਸਰਕਾਰ ਨੂੰ ਭੁਗਤਣਾ ਪਵੇਗਾ ਅਤੇ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਮੀਤ ਪ੍ਰਧਾਨ ਵਰਨ ਕੁਮਾਰ, ਕੈਸ਼ੀਅਰ ਦੀਪਕ ਕੁਮਾਰ, ਸੈਕਟਰੀ ਰੋਕੀ ਅਟਵਾਲ, ਵੀਰਪਾਲ ਪੰਜੋਲਾ, ਸੁੰਦਰ ਸੋਨੀ, ਵਿੱਕੀ, ਵਿਸ਼ਾਲ ਕੁਮਾਰ, ਨਰਿੰਦਰ ਸਿੰਘ ਹਸਨਪੁਰ, ਜਗਜੀਤ ਸਿੰਘ ਰਾਏਪੁਰ, ਗੁਰਜੀਤ ਸਿੰਘ ਸੰਕਰਪੁਰ, ਅਮੀਰ ਚੰਦ ਕਾਡਗੜ੍ਹ, ਗੋਲਡੀ, ਗੁਰਪ੍ਰੀਤ ਸਿੰਘ ਨੈਨ ਕਲਾਂ ਤੇ ਸਾਰੇ ਹੀ ਸਫਾਈ ਸੇਵਕ ਯੂਨੀਅਨ ਨਗਰ ਕੌਂਸਲ ਦੇ ਮੈਂਬਰ ਹਾਜ਼ਰ ਸਨ।

## ਨਗਰ ਕੌਂਸਲ ਦੇ ਨਵੇਂ ਪ੍ਰਧਾਨ ਨੇ ਸੰਭਾਲਿਆ ਅਹੁਦਾ



**ਬਰੇਟਾ (ਰੀਤਵਾਲ)**-ਸਥਾਨਕ ਨਗਰ ਕੌਂਸਲ ਦੇ ਨਵੇਂ ਚੁਣੇ ਗਏ ਪ੍ਰਧਾਨ ਸੰਦੀਪ ਸਿੰਘ ਬੱਗਾ ਨੇ ਸ਼ੁੱਕਰਵਾਰ ਹਲਕਾ ਵਿਧਾਇਕ ਬੁੱਧ ਰਾਮ ਦੀ ਅਗਵਾਈ ਹੇਠ ਆਪਣੇ ਅਹੁਦੇ ਦਾ ਚਾਰਜ ਸੰਭਾਲ ਲਿਆ। ਇਸ ਮੌਕੇ ਨਗਰ ਕੌਂਸਲ ਦਫ਼ਤਰ ਵਿਖੇ ਇੱਕ ਸਾਦਾ ਪਰ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਕੌਂਸਲ ਦੇ ਸਾਰੇ ਮੈਂਬਰਾਂ, ਸਥਾਨਕ ਪਤਵੰਤਿਆਂ ਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀਆਂ ਨੇ ਸ਼ਿਰਕਤ ਕੀਤੀ।ਇਸ ਮੌਕੇ ਬੋਲਦਿਆਂ ਨਵੇਂ ਪ੍ਰਧਾਨ ਸੰਦੀਪ ਸਿੰਘ ਬੱਗਾ ਨੇ ਕਿਹਾ ਕਿ ਉਹ ਸ਼ਹਿਰ ਦੇ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀਆਂ ਮੁੱਖ ਤਰਜੀਹਾਂ ਵਿੱਚ ਸਾਫ਼-ਸਫ਼ਾਈ, ਸੜਕਾਂ ਦੀ ਮੁਰੰਮਤ, ਪੀਣ ਵਾਲੇ ਪਾਣੀ ਦੀ ਸਪਲਾਈ ਤੇ ਗਲੀਆਂ-ਨਾਲੀਆਂ ਦੇ ਨਿਰਮਾਣ ਵਰਗੇ ਬੁਨਿਆਦੀ ਮੁੱਦੇ ਸ਼ਾਮਲ ਹੋਣਗੇ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਨਗਰ ਕੌਂਸਲ ਨਾਲ ਮਿਲ ਕੇ ਸ਼ਹਿਰ ਦੀ ਤਰੱਕੀ ਵਿੱਚ ਸਹਿਯੋਗ ਦੇਣ।ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਦੇ ਆਗੂ ਜਤਿੰਦਰ ਮੋਹਨ ਗਰਗ ਨੇ ਨਵੇਂ ਪ੍ਰਧਾਨ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।ਸਮਾਗਮ ਦੌਰਾਨ ਹੋਰਨਾਂ ਕੌਂਸਲਰਾਂ ਤੇ ਪਤਵੰਤਿਆਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

## ਮਨਰੇਗਾ ਮਜ਼ਦੂਰਾਂ 'ਤੇ ਲਾਠੀਚਾਰਜ ਨਿੰਦਣਯੋਗ : ਗੋਲਡੀ ਖੰਗੂੜਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ ਨੇ ਖੰਨਾ ਵਿਖੇ ਮਨਰੇਗਾ ਮਜ਼ਦੂਰਾਂ ਉੱਤੇ ਹੋਏ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਆਪਣੀਆਂ ਜਾਇਜ਼ ਮੰਗਾਂ ਲਈ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਮਜ਼ਦੂਰਾਂ ਤੇ ਕਿਸਾਨਾਂ ਉੱਤੇ ਬਲ ਪ੍ਰਯੋਗ ਕਰਨਾ ਬਹੁਤ ਹੀ ਨਿੰਦਣਯੋਗ ਤੇ ਲੋਕਤੰਤਰੀ ਕਦਰਾਂ-ਕੀਮਤਾਂ ਦੇ ਖ਼ਿਲਾਫ਼ ਹੈ।ਉਨ੍ਹਾਂ ਕਿਹਾ ਕਿ ਉਹ ਆਪਣੀ ਤਰਫੋਂ ਤੇ ਕਾਂਗਰਸ ਪਾਰਟੀ ਦੀ ਤਰਫੋਂ ਮਨਰੇਗਾ ਮਜ਼ਦੂਰਾਂ, ਕਿਸਾਨਾਂ ਤੇ ਸੰਘਰਸ਼ ਕਰ ਰਹੇ ਹਰ ਮਿਹਨਤਕਸ਼ ਵਰਗ ਨਾਲ ਪੂਰੀ ਇੱਕਜੁੱਟਤਾ ਪ੍ਰਗਟ ਕਰਦੇ ਹਨ। ਕਾਂਗਰਸ ਪਾਰਟੀ ਹਮੇਸ਼ਾ ਕਿਸਾਨਾਂ, ਮਜ਼ਦੂਰਾਂ ਤੇ ਆਮ ਲੋਕਾਂ ਦੇ ਹੱਕਾਂ ਲਈ ਡੱਟ ਕੇ ਖੜ੍ਹੀ ਰਹੀ ਹੈ ਅਤੇ ਅੱਗੇ ਵੀ ਖੜ੍ਹੀ ਰਹੇਗੀ।ਦਲਵੀਰ ਸਿੰਘ ਗੋਲਡੀ ਨੇ ਕਿਹਾ ਕਿ ਲਾਠੀਚਾਰਜ ਦੌਰਾਨ ਕਿਸਾਨਾਂ ਦੀਆਂ ਪੱਗਾਂ ਦਾ ਲੱਥਣਾ ਤੇ ਮਹਿਲਾਵਾਂ ਦੀਆਂ ਚੁੰਨੀਆਂ ਦਾ ਲਹਿ ਜਾਣਾ ਬਹੁਤ ਹੀ ਮੰਦਭਾਗਾ ਤੇ ਦੁਖਦਾਈ ਹੈ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਸ ਘਟਨਾ ਦੀ ਨਿਰਪੱਖ ਜਾਂਚ ਕਰਵਾਈ ਜਾਵੇ, ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਤੇ ਮਨਰੇਗਾ ਮਜ਼ਦੂਰਾਂ ਦੀਆਂ ਜਾਇਜ਼ ਮੰਗਾਂ ਦਾ ਤੁਰੰਤ ਹੱਲ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਲੋਕਾਂ ਦੀ ਆਵਾਜ਼ ਨੂੰ ਲਾਠੀਆਂ ਨਾਲ ਨਹੀਂ, ਸਗੋਂ ਗੱਲਬਾਤ ਰਾਹੀਂ ਸੁਣਿਆ ਜਾਣਾ ਚਾਹੀਦਾ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

## ਮਗਨਰੇਗਾ ਕਰਮਚਾਰੀਆਂ ਉੱਪਰ ਕੀਤੇ ਲਾਠੀਚਾਰਜ ਦੀ ਸਖ਼ਤ ਨਿਖੇਧੀ





**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਮਗਨਰੇਗਾ ਕਰਮਚਾਰੀਆਂ ਅਤੇ ਵਰਕਰਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਖੰਨਾ ਵਿਖੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨ ਸਿੰਘ ਸੌਂਦ ਦੀ ਰਿਹਾਇਸ਼ ਅੱਗੇ ਸ਼ਾਂਤਮਈ ਰੋਸ ਪ੍ਰਦਰਸ਼ਨ ਤੇ ਪੁਲਸ ਵੱਲੋਂ ਕੀਤੇ ਜ਼ਬਰਦਸਤ ਲਾਠੀ ਚਾਰਜ ਅਤੇ ਅਥਰੂ ਗੈਸ ਦੇ ਗੋਲੇ ਸੁੱਟਣ ਦੀ ਮਨਰੇਗਾ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾਈ ਆਗੂ ਬਲਦੇਵ ਸਿੰਘ ਪੰਡੋਰੀ, ਜ਼ਿਲ੍ਹਾ ਪ੍ਰਧਾਨ ਜਸਬੀਰ ਕੌਰ ਕੈਰੋਂਵਾਲ, ਜ਼ਿਲ੍ਹਾ ਸਕੱਤਰ ਨਰਿੰਦਰ ਸਿੰਘ ਰਟੌਲ, ਮੰਗਲ ਸਿੰਘ ਟਾਂਡਾਂ ਨੇ ਸਖ਼ਤ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਵੱਲੋਂ ਲਗਾਤਾਰ ਵਾਅਦੇ ਤੇ ਦਾਅਵੇ ਕੀਤੇ ਜਾ ਰਹੇ ਹਨ ਕਿ ਸਾਰੇ ਠੇਕਾ ਕਰਮਚਾਰੀਆਂ ਨੂੰ ਉਨ੍ਹਾਂ ਦੇ ਵਿਭਾਗ ਅਧੀਨ ਲਿਆ ਕੇ ਪੱਕਾ ਕੀਤਾ ਜਾ ਰਿਹਾ ਹੈ ਪਰ ਇਹ ਝੂਠ ਉਦੋਂ ਨੰਗਾ ਹੋ ਗਿਆ ਜਦੋਂਕਿ ਉਨ੍ਹਾਂ ਨੂੰ 8 ਮਹੀਨਿਆਂ ਤੋਂ ਤਨਖਾਹਾਂ ਵੀ ਨਹੀਂ ਦਿੱਤੀਆਂ ਗਈਆਂ ਉਲਟਾ ਮਗਨਰੇਗਾ ਕਰਮਚਾਰੀਆਂ ਤੇ ਵਰਕਰਾਂ ਨੂੰ ਪੁਲਸ ਵੱਲੋਂ ਛੱਲੀਆਂ ਵਾਂਗ ਕੁੱਟਿਆ ਗਿਆ, ਇੱਕ ਕਰਮਚਾਰੀ ਦੀ ਲੱਤ ਤੋੜ ਦਿੱਤੀ ਗਈ ਅਤੇ ਹੋਰ ਮਹਿਲਾ ਕਰਮਚਾਰੀਆਂ ਸਮੇਤ ਕਈ ਬੇਹੋਸ਼ ਅਤੇ ਜ਼ਖ਼ਮੀ ਹੋ ਗਏ ਜਿਨ੍ਹਾਂ ਦਾ ਹਸਪਤਾਲ ਵਿੱਚ ਇਲਾਜ ਕਰਵਾਇਆ ਜਾ ਰਿਹਾ ਹੈ।ਇਸ ਤੋਂ ਬਾਅਦ ਮੰਤਰੀ ਤਰੁਣ ਸਿੰਘ ਸੌਂਦ ਵੱਲੋਂ ਮੀਟਿੰਗ ਕਰਕੇ ਮਗਰਮੱਛ ਦੇ ਹੰਝੂ ਵਹਾਏ ਗਏ ਕਿ ਮੈਂ ਇਨ੍ਹਾਂ ਮੁਲਾਜ਼ਮਾਂ ਦਾ ਵਕੀਲ ਬਣ ਕੇ ਕੰਮ ਕਰਾਂਗਾ ਅਤੇ ਇਨ੍ਹਾਂ ਦੇ ਮਸਲੇ ਹੱਲ ਕੀਤੇ ਜਾਣਗੇ ਜਦੋਂ ਕਿ ਮਗਨਰੇਗਾ ਕਰਮਚਾਰੀ ਅਤੇ ਵਰਕਰ ਉਨ੍ਹਾਂ ਨੂੰ ਅੱਠ ਮਹੀਨੇ ਦੀ ਤਨਖਾਹ ਨਾ ਮਿਲਣ ਅਤੇ ਉਨ੍ਹਾਂ ਨੂੰ ਪੰਚਾਇਤੀ ਵਿਭਾਗ ਵਿੱਚ ਲਿਆ ਕੇ ਪੱਕੇ ਕਰਨ ਦੀ ਮੰਗ ਨੂੰ ਲੈ ਕੇ ਡੇਢ ਮਹੀਨੇ ਤੋਂ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨ ਸਿੰਘ ਸੌਂਦ ਦੀ ਰਿਹਾਇਸ਼ ਨੇੜੇ ਧਰਨੇ 'ਤੇ ਬੈਠੇ ਹੋਏ ਹਨ।ਹਜ਼ਾਰਾਂ ਦੀ ਗਿਣਤੀ ਵਿੱਚ ਕਰਮਚਾਰੀਆਂ ਤੇ ਵਰਕਰਾਂ ਨੇ ਇੱਕਠੇ ਕਰਕੇ ਮੰਤਰੀ ਨੂੰ ਮਸਲੇ ਹੱਲ ਕਰਨ ਲਈ ਸ਼ਾਂਤਮਈ ਧਰਨਾ ਦਿੱਤਾ ਤਾਂ ਮੰਤਰੀ ਨੇ ਉਨ੍ਹਾਂ ਦੀ ਕੋਈ ਗੱਲ ਨਾ ਸੁਣੀ। ਜਦੋਂ ਕਰਮਚਾਰੀਆਂ ਨੇ ਰਹਿਣ ਦੇ ਪ੍ਰਬੰਧਾਂ ਤੇ ਮੰਗਾਂ ਲਈ ਮੰਤਰੀ ਦੇ ਘਰ ਦੇ ਨੇੜੇ ਜਾ ਕੇ ਜਾਣ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਤੇ ਜਬਰ ਦਾ ਕਹਿਰ ਢਾਹਿਆ ਗਿਆ।ਇਨ੍ਹਾਂ ਆਗੂਆਂ ਨੇ ਕਿਹਾ ਕਿ ਜੇਕਰ ਪੰਚਾਇਤ ਮੰਤਰੀ ਵੱਲੋਂ ਇਨ੍ਹਾਂ ਕਰਮਚਾਰੀਆਂ ਅਤੇ ਵਰਕਰਾਂ ਪ੍ਰਤੀ ਮੀਟਿੰਗ ਵਿੱਚ ਗੰਭੀਰਤਾ ਨਾਲ ਮਸਲੇ ਹੱਲ ਕਰਨ ਦੀ ਗੱਲ ਕਹੀ ਜਾ ਰਹੀ ਹੈ ਤਾਂ ਉਹ ਕਰਮਚਾਰੀਆਂ ਦੀ ਅੱਠ ਮਹੀਨੇ ਦੀ ਤਨਖਾਹ ਤੁਰੰਤ ਜਾਰੀ ਕਰੇ ਤੇ ਉਨ੍ਹਾਂ ਨੂੰ ਵਿਭਾਗ ਅਧੀਨ ਲਿਆ ਕੇ ਪੱਕਾ ਕੀਤਾ ਜਾਵੇ।

## ਐੱਸ ਆਈ ਆਰ ਤਹਿਤ ਭਲਕੇ ਜ਼ਿਲ੍ਹੇ ਦੇ ਸਮੂਹ ਪੋਲਿੰਗ ਬੂਥਾਂ 'ਤੇ ਲੱਗਣਗੇ ਵਿਸ਼ੇਸ਼ ਕੈਂਪ

**ਧਾਰੀਵਾਲ, (ਮਨਦੀਪ ਵਿੱਕੀ)**- ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਚੱਲ ਰਹੀ ਵਿਸ਼ੇਸ਼ ਗਹਿਰੀ ਸੁਧਾਈ (ਐੱਸ ਆਈ ਆਰ) ਮੁਹਿੰਮ ਤਹਿਤ ਯੋਗ ਵੋਟਰਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਯਕੀਨੀ ਬਣਾਉਣ ਅਤੇ ਗਣਨਾ ਫਾਰਮਾਂ ਦੀ ਰਿਕਾਰਡਿੰਗ ਅਤੇ ਡਿਜੀਟਾਈਜ਼ੇਸ਼ਨ ਦੇ ਕੰਮ ਨੂੰ ਤੇਜ਼ ਕਰਨ ਲਈ 19 ਜੁਲਾਈ, 2026 (ਐਤਵਾਰ) ਨੂੰ ਜ਼ਿਲ੍ਹੇ ਦੇ ਸਮੂਹ ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾਣਗੇ।ਉਨ੍ਹਾਂ ਦੱਸਿਆ ਕਿ ਇਹ ਵਿਸ਼ੇਸ਼ ਕੈਂਪ ਸਵੇਰੇ 8 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲਣਗੇ।ਇਸ ਦੌਰਾਨ ਬੂਥ ਪੱਧਰੀ ਅਧਿਕਾਰੀ (ਬੀ. ਐੱਲ. ਓ.) ਆਪਣੇ-ਆਪਣੇ ਪੋਲਿੰਗ ਬੂਥਾਂ 'ਤੇ ਮੌਜੂਦ ਰਹਿਣਗੇ ਅਤੇ ਵੋਟਰਾਂ ਨੂੰ ਗਣਨਾ ਫਾਰਮ ਤੇ ਲੋੜੀਂਦੇ ਦਸਤਾਵੇਜ਼ ਜਮ੍ਹਾਂ ਕਰਵਾਉਣ ਅਤੇ ਡਿਜੀਟਾਈਜ਼ੇਸ਼ਨ ਸਬੰਧੀ ਹਰ ਤਰ੍ਹਾਂ ਦੀ ਸਹਾਇਤਾ ਪ੍ਰਦਾਨ ਕਰਨਗੇ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਜਿਨ੍ਹਾਂ ਬੀ.ਐਲ.ਓਜ਼ ਵੱਲ ਡਿਜੀਟਾਈਜ਼ੇਸ਼ਨ ਦਾ ਕੰਮ ਪੂਰਾ ਕਰ ਲਿਆ ਗਿਆ ਹੈ, ਉਹ ਲੋੜੀਂਦੇ ਦਸਤਾਵੇਜ਼ਾਂ ਦੀ ਪ੍ਰਾਪਤੀ ਅਤੇ ਜੇਕਰ ਕੋਈ ਤਰੁੱਟੀਆਂ ਜਾਂ ਕਮੀਆਂ ਹਨ ਤਾਂ ਉਨ੍ਹਾਂ ਨੂੰ ਦੂਰ ਕਰਨ ਤੇ ਵਿਸ਼ੇਸ਼ ਧਿਆਨ ਦੇਣਗੇ, ਜਦਕਿ ਜਿਨ੍ਹਾਂ ਬੂਥਾਂ ਤੇ ਫਾਰਮਾਂ ਦੀ ਪ੍ਰਾਪਤੀ ਜਾਂ ਡਿਜੀਟਾਈਜ਼ੇਸ਼ਨ ਦਾ ਕੰਮ ਅਜੇ ਬਾਕੀ ਹੈ, ਉਥੇ ਇਸ ਕਾਰਜ ਨੂੰ ਪਹਿਲ ਦੇ ਆਧਾਰ ਤੇ ਮੁਕੰਮਲ ਕੀਤਾ ਜਾਵੇਗਾ।ਜ਼ਿਲ੍ਹਾ ਚੋਣ ਅਫ਼ਸਰ ਗੁਰਦਾਸਪੁਰ ਨੇ ਦੱਸਿਆ ਕਿ ਵਿਸ਼ੇਸ਼ ਕੈਂਪਾਂ ਬਾਰੇ ਵੋਟਰਾਂ ਨੂੰ ਵੱਖ-ਵੱਖ ਮਾਧਿਅਮਾਂ ਰਾਹੀਂ ਜਾਣੂ ਕਰਵਾਇਆ ਜਾ ਰਿਹਾ ਹੈ ਤਾਂ ਜੋ ਵੱਧ ਤੋਂ ਵੱਧ ਯੋਗ ਵੋਟਰ ਇਨ੍ਹਾਂ ਕੈਂਪਾਂ ਦਾ ਲਾਭ ਲੈ ਸਕਣ।ਇਸ ਤੋਂ ਇਲਾਵਾ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨੂੰ ਵੀ ਕੈਂਪਾਂ ਬਾਰੇ ਸੂਚਿਤ ਕੀਤਾ ਗਿਆ ਹੈ ਤਾਂ ਜੋ ਉਨ੍ਹਾਂ ਦੇ ਬੂਥ ਪੱਧਰੀ ਏਜੰਟ (ਬੀ. ਐੱਲ. ਏ.) ਵੋਟਰਾਂ ਨੂੰ ਕੈਂਪਾਂ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕਰ ਸਕਣ।ਜ਼ਿਲ੍ਹਾ ਚੋਣ ਅਫ਼ਸਰ ਨੇ ਜ਼ਿਲ੍ਹੇ ਦੇ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਨੇ ਅਜੇ ਤੱਕ ਆਪਣੇ ਗਣਨਾ ਫਾਰਮ ਭਰ ਕੇ ਬੀ. ਐੱਲ. ਓ. ਕੋਲ ਜਮ੍ਹਾ ਨਹੀਂ ਕਰਵਾਏ, ਉਹ 19 ਜੁਲਾਈ ਨੂੰ ਆਪਣੇ ਨਜ਼ਦੀਕੀ ਪੋਲਿੰਗ ਬੂਥ 'ਤੇ ਲੱਗਣ ਵਾਲੇ ਵਿਸ਼ੇਸ਼ ਕੈਂਪ ਵਿੱਚ ਪਹੁੰਚ ਕੇ ਲੋੜੀਂਦੇ ਦਸਤਾਵੇਜ਼ ਜਮ੍ਹਾਂ ਕਰਵਾਉਣ ਅਤੇ ਆਪਣਾ ਵੇਰਵਾ ਸਮੇਂ ਸਿਰ ਡਿਜੀਟਾਈਜ਼ ਕਰਵਾ ਕੇ ਵੋਟਰ ਸੂਚੀ ਦੀ ਵਿਸ਼ੇਸ਼ ਸਰਸਰੀ ਸੁਧਾਈ ਮੁਹਿੰਮ ਨੂੰ ਸਫ਼ਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।



## ਖੰਡ ਮਿੱਲ ਸ਼ੇਰੋਂ ਵਿਖੇ ਲੱਗਾ ਪੱਕਾ ਮੋਰਚਾ 58ਵੇਂ ਦਿਨ 'ਚ ਦਾਖ਼ਲ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਸ਼ੇਰੋਂ ਖੰਡ ਮਿੱਲ ਦੀ ਜ਼ਮੀਨ ਦੀ ਮਾਲਕੀ ਤਬਦੀਲ ਕਰਨ ਦੇ ਵਿਰੋਧ ਅਤੇ ਖੰਡ ਮਿੱਲ ਮੁੜ ਚਾਲੂ ਕਰਨ ਦੇ ਲੋਕ ਮੁੱਦੇ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਲਗਾਏ ਪੱਕੇ ਮੋਰਚੇ ਦੇ 58ਵੇਂ ਦਿਨ ਸ਼ੁੱਕਰਵਾਰ ਨੂੰ ਮੋਰਚੇ ਦੇ ਆਗੂਆਂ ਦਲਜੀਤ ਸਿੰਘ ਦਿਆਲਪੁਰ, ਨਛੱਤਰ ਸਿੰਘ ਮੁਗਲਚੱਕ, ਜੱਸਾ ਸਿੰਘ ਕੱਦਗਿੱਲ, ਮਨਜੀਤ ਸਿੰਘ ਬੱਗੂ, ਮਹਾਂਬੀਰ ਸਿੰਘ ਗਿੱਲ, ਤਰਸੇਮ ਸਿੰਘ ਲੁਹਾਰ, ਗੁਰਪ੍ਰੀਤ ਸਿੰਘ ਗੰਡੀਵਿੰਡ, ਰਤਨ ਸਿੰਘ ਢੰਡ, ਸੁਖਚੈਨ ਸਿੰਘ ਆਦਿ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਖੰਡ ਮਿੱਲ ਦੀ ਜ਼ਮੀਨ ਦੀ ਮਾਲਕੀ ਤਬਦੀਲ ਕਰਨ ਦਾ ਲੋਕ ਵਿਰੋਧੀ ਫ਼ੈਸਲਾ ਤੁਰੰਤ ਵਾਪਸ ਲੈ ਕੇ ਖੰਡ ਮਿੱਲ ਮੁੜ ਤੋਂ ਚਾਲੂ ਕਰੇ ਤਾਂ ਜੋ ਕਿਸਾਨ ਅਤੇ ਮਜ਼ਦੂਰ ਵਰਗ ਦੀ ਆਰਥਿਕਤਾ ਦਾ ਧੁਰਾ ਮਾਝੇ ਦੀ ਇਹ ਸਨਅਤ ਆਮ ਲੋਕਾਂ ਲਈ ਰੁਜ਼ਗਾਰ ਦਾ ਸਰੋਤ ਬਣ ਸਕੇ।ਇਸ ਮੌਕੇ ਆਗੂਆਂ ਨੇ ਹਾਕਮ ਧਿਰ ਤੇ ਵਾਅਦਾ ਖ਼ਿਲਾਫ਼ੀ ਦੇ ਦੋਸ਼ ਲਗਾਉਂਦਿਆਂ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ । ਕਿਸਾਨ ਆਗੂਆਂ, ਅਮਰੀਕ ਸਿੰਘ ਸ਼ੇਰੋਂ, ਕਸ਼ਮੀਰ ਸਿੰਘ ਸ਼ੇਰੋਂ, ਬਲਦੇਵ ਸਿੰਘ ਸ਼ੇਰੋਂ, ਬਰਕਤ ਸਿੰਘ ਵੇਹਰਾ, ਸਵਿੰਦਰ ਸਿੰਘ , ਮੰਗਲ ਸਿੰਘ, ਸਰਦਾਰਾ ਸਿੰਘ ਸ਼ਬੀਰ, ਅਨੋਖ ਸਿੰਘ ਕਾਹਲਵਾਂ, ਗੁਰਬਾਜ਼ ਸਿੰਘ ਸਿੱਧੂ, ਸੁਰਜੀਤ ਸਿੰਘ ਨੌਸ਼ਹਿਰਾ ਪੰਨੂਆਂ ਆਦਿ ਨੇ ਕਿਹਾ ਕਿ ਖੰਡ ਮਿੱਲ ਚਾਲੂ ਹੋਣ ਨਾਲ ਮਿੱਲ ਦੇ ਨੇੜਲੇ ਪਿੰਡਾਂ ਤੋਂ ਇਲਾਵਾ ਮੰਡ ਏਰੀਏ ਨਾਲ ਸਬੰਧਤ ਕਿਸਾਨਾਂ ਨੂੰ ਵੱਡੀ ਰਾਹਤ ਮਿਲ ਸਕਦੀ ਹੈ ਕਿਉਂਕਿ ਮੰਡ ਏਰੀਏ ਵਿੱਚ ਕਿਸਾਨਾਂ ਦਾ ਬਹੁਤ ਵੱਡਾ ਰਕਬਾ ਹਰ ਸਾਲ ਹੜਾਂ ਦੀ ਮਾਰ ਹੇਠਾਂ ਆ ਕੇ ਫਸਲਾਂ ਬਰਬਾਦ ਹੋਣ ਨਾਲ ਕਿਸਾਨਾਂ ਨੂੰ ਆਰਥਿਕ ਤੌਰ ਤੇ ਨੁਕਸਾਨ ਹੋ ਜਾਣ ਦਾ ਕਾਰਣ ਬਣ ਜਾਂਦਾ ਹੈ ।ਜੇਕਰ ਮਿੱਲ ਚਾਲੂ ਹੋ ਜਾਵੇ ਤਾਂ ਮੰਡ ਏਰੀਏ ਦੇ ਕਿਸਾਨਾਂ ਨੂੰ ਵੱਡੀ ਰਾਹਤ ਮਿਲ ਸਕਦੀ ਹੈ ਕਿਉਂਕਿ ਗੰਨੇ ਦੀ ਫਸਲ ਹੜਾਂ ਦੀ ਮਾਰ ਦਾ ਸਾਹਮਣਾ ਕਰਨ ਦੇ ਸਮਰਥ ਹੁੰਦੀ ਹੈ।ਇਸ ਲਈ ਭਗਵੰਤ ਮਾਨ ਸਰਕਾਰ ਖੰਡ ਮਿੱਲ ਚਾਲੂ ਕਰਕੇ ਲੋਕਾਂ ਨਾਲ ਕੀਤਾ ਵਾਅਦਾ ਨਿਭਾਵੇ ।



## ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ

**ਬਟਾਲਾ (ਡਾ ਮਲਵਿੰਦਰ ਸਿੰਘ)** - ਨਗਰ ਨਿਗਮ ਬਟਾਲਾ ਦੇ ਮੇਅਰ ਭੁਪਿੰਦਰ ਸਿੰਘ ਬਾਜਵਾ ਵਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੁਆਰਾ ਸ਼ੁਰੂ ਕੀਤੀ ਗਈ ਮੇਰੀ ਰਸੋਈ ਯੋਜਨਾ ਤਹਿਤ ਵਾਰਡ ਨੰਬਰ 39 ਵਿਖੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਮੇਅਰ ਭੁਪਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਹੈ ਕਿ ਹਰ ਘਰ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚੇ ਅਤੇ ਹਰ ਪਰਿਵਾਰ ਨੂੰ ਬਣਦਾ ਹੱਕ ਮਿਲੇ। ਲੋਕ ਸੇਵਾ ਅਤੇ ਸਮਾਜ ਭਲਾਈ ਲਈ ਅਜਿਹੇ ਉਪਰਾਲੇ ਅੱਗੇ ਵੀ ਨਿਰੰਤਰ ਜਾਰੀ ਰਹਿਣਗੇ। ਉਨ੍ਹਾਂ ਅੱਗੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਅੰਦਰ ਵੱਖ ਵੱਖ ਵਿਕਾਸ ਕਾਰਜ ਜਾਰੀ ਹਨ ਅਤੇ ਉਨ੍ਹਾਂ ਵਲੋਂ ਖੁਦ ਲੋਕਾਂ ਨੂੰ ਮਿਲਕੇ ਉਨ੍ਹਾਂ ਦੀਆਂ ਮੁਸ਼ਕਲਾਂ ਹੱਲ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਲੋਕ ਹਿੱਤ ਵਿੱਚ ਵੱਡੇ ਉਪਰਾਲੇ ਕੀਤੇ ਗਏ ਹਨ ਅਤੇ ਲੋਕਾਂ ਦੀ ਸਿਹਤ ਸਹੂਲਤ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਲਾਗੂ ਕੀਤੀ ਗਈ ਹੈ, ਜਿਸ ਤਹਿਤ ਬਿਮਾਰੀ ਦਾ ਇਲਾਜ ਕਰਵਾਉਣ ਲਈ 10 ਲੱਖ ਰੁਪਏ ਤੱਕ ਦੀ ਕੈਸ਼ਲੈੱਸ ਸਹੂਲਤ ਮੁਹੱਈਆ ਕਰਵਾਈ ਗਈ ਹੈ ਅਤੇ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਲਾਗੂ ਕੀਤੀ ਗਈ ਹੈ।



## ਪੀਰ ਬਾਬਾ ਖਾਕੀ ਸ਼ਾਹ ਸੋਹਲ ਦਾ ਦੋ ਰੋਜ਼ਾ ਜੋੜ ਮੇਲਾ ਸ਼ੁਰੂ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)** - ਤਰਨਤਾਰਨ ਜ਼ਿਲ੍ਹੇ ਦੇ ਪਿੰਡ ਸੋਹਲ ਵਿਖੇ ਦੇਸ਼-ਵਿਦੇਸ਼ਾਂ ਵਿੱਚ ਪ੍ਰਸਿੱਧ ਪੀਰ ਬਾਬਾ ਖਾਕੀ ਸ਼ਾਹ ਦਾ ਸਾਲਾਨਾ ਦੋ ਰੋਜ਼ਾ ਜੋੜ ਮੇਲਾ ਵੀਰਵਾਰ ਨੂੰ ਸ਼ਰਧਾ ਭਾਵਨਾ ਨਾਲ ਸ਼ੁਰੂ ਹੋ ਗਿਆ। ਮੇਲੇ ਦੀ ਸ਼ੁਰੂਆਤ ਪਹਿਲੇ ਦਿਨ ਸਵੇਰੇ ਪ੍ਰਬੰਧਕ ਕਮੇਟੀ ਵੱਲੋਂ ਬਾਬਾ ਜੀ ਦੀ ਦਰਗਾਹ 'ਤੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕਰਕੇ ਕੀਤੀ ਗਈ। ਮੇਲਾ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਮਨਜੀਤ ਸਿੰਘ ਬਾਰੀਆ ਅਤੇ ਸਟੇਜ ਸਕੱਤਰ ਗੁਰਪਾਲ ਸਿੰਘ ਹੈਪੀ ਦਿੱਲੀ ਨੇ ਦੱਸਿਆ ਕਿ ਮੇਲੇ ਦੇ ਪਹਿਲੇ ਦਿਨ ਪੰਜਾਬੀ ਗਾਇਕ ਰਿਆਜ਼ ਖਾਨ ਅਤੇ ਸੱਭਿਆਚਾਰਕ ਗਰੁੱਪਾਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਤੋਂ ਇਲਾਵਾ ਸ਼ਾਮ ਨੂੰ ਭਲਵਾਨਾਂ ਦੀਆਂ ਕੁਸ਼ਤੀਆਂ ਅਤੇ ਕਬੱਡੀ ਦੇ ਮੈਚ ਵੀ ਕਰਵਾਏ ਗਏ।ਦੂਜੇ ਦਿਨ ਪੰਜਾਬ ਦੀ ਮਸ਼ਹੂਰ ਗਾਇਕ ਜੋੜੀ ਬਲਕਾਰ ਅਣਖੀਲਾ ਅਤੇ ਮਨਜਿੰਦਰ ਗੁਲਸ਼ਨ ਆਪਣੀ ਕਲਾ ਦਾ ਪ੍ਰਦਰਸ਼ਨ ਕਰਨਗੇ। ਮੇਲੇ ਦੇ ਸਮਾਪਤੀ ਮੌਕੇ ਸ਼ਾਮ ਨੂੰ ਪੰਜਾਬ ਦੀਆਂ ਨਾਮਵਰ ਕਬੱਡੀ ਟੀਮਾਂ ਵਿਚਕਾਰ ਸ਼ੋਅ ਮੈਚ ਕਰਵਾਇਆ ਜਾਵੇਗਾ। ਇਸ ਮੌਕੇ ਚੇਅਰਮੈਨ ਮਨਜੀਤ ਸਿੰਘ ਬਾਰੀਆ, ਸਟੇਜ ਸਕੱਤਰ ਗੁਰਪਾਲ ਸਿੰਘ ਹੈਪੀ ਦਿੱਲੀ, ਪ੍ਰਧਾਨ ਹਰਜੀਤ ਸਿੰਘ, ਸਰਪੰਚ ਰਣਜੋਧ ਸਿੰਘ ਜੋਧਾ ਸੋਹਲ, ਸਰਪੰਚ ਗੁਰਦੇਵ ਸਿੰਘ ਸੈਣ ਭਗਤ ਸੋਹਲ, ਕੈਸ਼ੀਅਰ ਕੁਲਦੀਪ ਸਿੰਘ, ਦਲਜੀਤ ਸਿੰਘ ਸ਼ੇਰਾਂ, ਡਾ. ਸੁਖਦੇਵ ਸਿੰਘ, ਜੀਵਾਂ ਆੜ੍ਹਤੀ, ਬਲਵਿੰਦਰ ਸਿੰਘ ਬਿੱਟੂ, ਅਮਰੀਕ ਸਿੰਘ, ਮੁਨੀਮ ਜਸਮੇਰ ਸਿੰਘ, ਜੱਸ ਫੌਜੀ, ਹਰਦਿਆਲ ਸਿੰਘ, ਆੜ੍ਹਤੀ ਸੁੱਖ ਸ਼ਾਹ, ਮੈਂਬਰ ਤਰਸੇਮ ਸਿੰਘ, ਅਜੀਤ ਸਿੰਘ ਫੌਜੀ, ਮੁੱਖ ਸੇਵਾਦਾਰ ਬਾਬਾ ਬੀਰ ਸਿੰਘ, ਬਲਜੀਤ ਸਿੰਘ ਸਕੱਤਰ, ਗੁਰਲਾਲ ਸਿੰਘ, ਕਰਨ ਸੰਧੂ, ਗੋਲਡੀ ਸੋਹਲ, ਤੇਜਿੰਦਰ ਸਿੰਘ ਪਾਸੀ, ਸ਼ਮਸ਼ੇਰ ਸਿੰਘ ਸ਼ੇਰਾ, ਹੈਪੀ ਚੱਕੀਵਾਲਾ, ਬਲਜੀਤ ਸਿੰਘ ਸਕੱਤਰ, ਮੈਂਬਰ ਲਖਬੀਰ ਸਿੰਘ, ਅਜੇ ਮਹਿਤਾ, ਗੁਰਜੀਤ ਸਿੰਘ ਪਾਸੀ, ਗੁਰਸਾਹਿਬ ਸਿੰਘ ਉੱਠੀਆ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਪ੍ਰਸ਼ਾਸਨ ਵੱਲੋਂ ਮੇਲੇ ਦੇ ਮੱਦੇਨਜ਼ਰ ਸੁਰੱਖਿਆ ਅਤੇ ਲੰਗਰ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ।



## ਐੱਸ ਐੱਸ ਪੀ ਵੱਲੋਂ 'ਰੁੱਖ ਮਿੱਤਰ, ਰੁੱਖ ਲਗਾਓ' ਮੁਹਿੰਮ ਦਾ ਆਗਾਜ਼

**ਧਾਰੀਵਾਲ (ਮਨਦੀਪ ਵਿੱਕੀ)** - ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਿੰਧਵਾਂ ਵਿਖੇ ਵਾਤਾਵਰਨ ਸੁਰੱਖਿਆ ਨੂੰ ਪ੍ਰੋਤਸਾਹਿਤ ਕਰਨ ਅਤੇ ਨੌਜਵਾਨਾਂ ਵਿੱਚ ਕੁਦਰਤ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਦੇ ਉਦੇਸ਼ ਨਾਲ 'ਰੁੱਖ ਮਿੱਤਰ' ਰੁੱਖ ਲਗਾਓ ਮੁਹਿੰਮ ਦਾ ਸ਼ੁੱਭ ਆਰੰਭ ਐੱਸ ਐੱਸ ਪੀ ਗੁਰਦਾਸਪੁਰ ਸ੍ਰੀ ਆਦਿੱਤਿਆ, ਆਈ.ਪੀ. ਐਸ., ਦੀ ਰਹਿਨੁਮਾਈ ਅਤੇ ਜ਼ਿਲ੍ਹਾ ਗਾਈਡੈਂਸ ਕਾਊਂਸਲਰ ਮੁਕੇਸ਼ ਵਰਮਾ ਦੀ ਨਿਗਰਾਨੀ ਹੇਠ ਕੀਤਾ ਗਿਆ। ਇਸ ਮੌਕੇ ਸ੍ਰੀ ਆਦਿੱਤਿਆ ਨੇ ਕਿਹਾ ਪੰਜਾਬ ਪੁਲਿਸ ਦੇ ਕਮਿਊਨਿਟੀ ਅਫੇਅਰਜ ਡਿਵੀਜਨ ਦੀਆਂ ਹਦਾਇਤਾਂ ਅਤੇ ਸਪੈਸ਼ਲ ਡੀ.ਜੀ.ਪੀ. (ਕਮਿਊਨਿਟੀ ਅਫੇਅਰਜ ਡਿਵੀਜਨ) ਸ੍ਰੀਮਤੀ ਗੁਰਪ੍ਰੀਤ ਦਿਓ, ਆਈ.ਪੀ.ਐਸ. ਦੇ ਦੂਰਅੰਦੇਸ਼ੀ ਵਿਜ਼ਨ ਅਨੁਸਾਰ ਸ਼ੁਰੂ ਕੀਤੀ 'ਰੁੱਖ ਮਿੱਤਰ' ਰੁੱਖ ਲਗਾਓ ਮੁਹਿੰਮ ਪੁਲੀਸ ਅਤੇ ਸਿੱਖਿਆ ਵਿਭਾਗ ਦੀ ਵਾਤਾਵਰਨ ਸੰਭਾਲ, ਲੋਕ ਭਾਗੀਦਾਰੀ ਅਤੇ ਟਿਕਾਊ ਵਿਕਾਸ ਪ੍ਰਤੀ ਸਾਂਝੀ ਵਚਨਬੱਧਤਾ ਦਾ ਪ੍ਰਤੀਕ ਹੈ। ਇਸ ਮੌਕੇ ਐੱਸ.ਪੀ. ਹੈੱਡਕੁਆਰਟਰ ਸ੍ਰੀ ਜੁਗਰਾਜ ਸਿੰਘ, ਇੰਸਪੈਕਟਰ ਅਮਨਪ੍ਰੀਤ ਕੌਰ, ਸਟੂਡੈਂਟ ਪੁਲਿਸ ਕੈਡਿਟ (ਐੱਸ.ਪੀ.ਸੀ.) ਪ੍ਰੋਗਰਾਮ ਦੇ ਨੋਡਲ ਅਫਸਰ ਰਾਜਦੀਪ ਸਿੰਘ ਅਤੇ ਬਲਾਕ ਗਾਈਡੈਂਸ ਕਾਊਂਸਲਰ ਜਤਿੰਦਰ ਸਿੰਘ ਵੀ ਹਾਜਰ ਸਨ। ਇਨ੍ਹਾਂ ਅਧਿਕਾਰੀਆਂ ਦੀ ਪ੍ਰੇਰਨਾਦਾਇਕ ਮੌਜੂਦਗੀ ਅਤੇ ਮਾਰਗਦਰਸ਼ਨ ਨੇ ਵਿਦਿਆਰਥੀਆਂ ਨੂੰ ਕੁਦਰਤ ਦੇ ਸੱਚੇ ਰਾਖੇ ਬਣਨ ਲਈ ਪ੍ਰੇਰਿਤ ਕੀਤਾ। ਮੁਹਿੰਮ ਦੌਰਾਨ ਸਟੂਡੈਂਟ ਪੁਲਿਸ ਕੈਡਿਟਾਂ (ਐੱਸ.ਪੀ.ਸੀ.) ਵੱਲੋਂ ਸਕੂਲ ਕੈਂਪਸ ਵਿੱਚ ਫਲਦਾਰ ਅਤੇ ਆਕਸੀਜਨ ਪ੍ਰਦਾਨ ਕਰਨ ਵਾਲੇ ਪੌਦੇ ਲਗਾਏ ਗਏ। ਇਸ ਮੌਕੇ 102 ਪੌਦੇ ਸਕੂਲ ਦੇ ਪ੍ਰਿੰਸੀਪਲ ਨੂੰ ਸੌਂਪੇ ਗਏ, ਜਿਨ੍ਹਾਂ ਨੂੰ ਅੱਗੇ ਵਿਦਿਆਰਥੀਆਂ ਵਿੱਚ ਵੰਡਿਆ ਜਾਵੇਗਾ। ਜ਼ਿਲ੍ਹਾ ਗਾਈਡੈਂਸ ਕਾਊਂਸਲਰ ਮੁਕੇਸ਼ ਵਰਮਾ ਨੇ ਸੰਬੋਧਨ ਕਰਦਿਆਂ ਕਿਹਾ "ਰੁੱਖ ਲਗਾਉਣ ਦੀ ਮੁਹਿੰਮ ਦੀ ਸਫਲਤਾ ਸਿਰਫ ਪੌਦੇ ਲਗਾਉਣ ਵਿੱਚ ਨਹੀਂ, ਸਗੋਂ ਉਨ੍ਹਾਂ ਨੂੰ ਜੀਵੰਤ ਅਤੇ ਹਰਾ-ਭਰਾ ਬਣਾਈ ਰੱਖਣ ਵਿੱਚ ਹੈ। ਇੰਸਪੈਕਟਰ ਅਮਨਪ੍ਰੀਤ ਕੌਰ ਨੇ ਸਟੂਡੈਂਟ ਪੁਲਿਸ ਕੈਡਿਟਾਂ ਨੂੰ ਅਨੁਸ਼ਾਸ਼ਨ, ਸੇਵਾ ਭਾਵਨਾ ਅਤੇ ਵਾਤਾਵਰਨ ਸੁਰੱਖਿਆ ਦੇ ਮੁੱਲਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ। ਨੋਡਲ ਅਫਸਰ ਰਾਜਦੀਪ ਸਿੰਘ ਨੇ ਸਟੂਡੈਂਟ ਪੁਲਿਸ ਕੈਡਿਟ ਪ੍ਰੋਗਰਾਮ ਦੀ ਸਮਾਜਿਕ ਜ਼ਿੰਮੇਵਾਰੀ ਅਤੇ ਵਾਤਾਵਰਨ ਪ੍ਰਤੀ ਜਾਗਰੂਕ ਨਾਗਰਿਕ ਤਿਆਰ ਕਰਨ ਵਿੱਚ ਅਹਿਮ ਭੂਮਿਕਾ ਬਾਰੇ ਚਾਨਣਾ ਪਾਇਆ।



## ਕੋਟ ਖਾਲਸਾ ਵਿਖੇ ਮਹਾਂਮਾਈ ਦਾ ਜਾਗਰਣ ਕਰਵਾਇਆ



**ਤਰਸਿੱਕਾ (ਤਰਸੇਮ ਸਿੰਘ)**- ਸਾਧਪੁਰ ਕੋਟ ਖਾਲਸਾ ਇੰਦਰਾ ਕਲੋਨੀ ਵਿਖੇ ਮਹਾਂਮਾਈ ਦਾ ਜਾਗਰਣ ਬੜੀ ਸ਼ਰਧਾ ਤੇ ਧੂੰਮਧਾਮ ਨਾਲ ਕਰਵਾਇਆ ਗਿਆ। ਇਸ ਦੌਰਾਨ ਹਰਪਾਲ ਬੋਪਾਰਾਏ ਦੀ ਜਾਗਰਣ ਪਾਰਟੀ ਤੇ ਨਿਜਾਮਪੁਰ ਪਿੰਡ ਤੋਂ ਗਾਇਕ ਸੋਨੂੰ ਮੱਟੂ ਨੇ ਮਹਾਂਮਾਈ ਦੀਆਂ ਭੇਂਟਾਂ ਦਾ ਗੁਣਗਾਣ ਕੀਤਾ। ਇਸ ਜਾਗਰਣ ਦੇ ਪ੍ਰਬੰਧਕ ਰਾਮ ਲੁਭਾਇਆ ਅਤੇ ਬਲਜਿੰਦਰ ਕੌਰ ਨੇ ਭਗਤਾਂ ਦਾ ਨਿੱਘਾ ਸਵਾਗਤ ਕੀਤਾ। ਇਸ ਦੌਰਾਨ ਪਿੰਡ ਚੀਚਾ ਤੋਂ ਨਵ ਮੱਟੂ, ਬਲਜੀਤ ਮੱਟੂ, ਗੁਲਸ਼ਨ ਅਤੇ ਪ੍ਰਿਯਾ ਨੇ ਵੀ ਆਪਣੀ ਸੁਰੀਲੀ ਅਵਾਜ ਦਾ ਜਾਦੂ ਬਿਖੇਰਦਿਆਂ ਜਾਗਰਣ ਵਿਚ ਮੌਜੂਦ ਸ਼ਰਧਾਲੂਆਂ ਨੂੰ ਮੰਤਰ ਮੁਗਧ ਕਰ ਦਿੱਤਾ। ਇਸ ਸਮਾਰੋਹ ਵਿਚ ਚੀਚਾ ਤੋਂ ਰਤਨ ਸਿੰਘ , ਸੁਖਦੇਵ ਸਿੰਘ ਸੇਵਕ, ਪਰਮਜੀਤ ਕੌਰ, ਸਮਾਜ ਸੇਵਕ ਭਗਤ ਜਨਕ ਰਾਜ, ਚੰਨਾ ਆਦਿ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਦੌਰਾਨ ਵਿਸ਼ੇਸ਼ ਮਹਿਮਾਨ ਰਤਨ ਸਿੰਘ ਨੇ ਕਿਹਾ ਕਿ ਮਹਾਂਮਾਈ ਦੇ ਜਾਗਰਣ ਸ਼ਰਧਾਲੂਆਂ ਲਈ ਆਸਥਾ ਦਾ ਪ੍ਰਤੀਕ ਹੁੰਦੇ ਹਨ ਅਤੇ ਜਾਗਰਣ ਵਿਚ ਹਾਜ਼ਰੀ ਭਰਨ ਨਾਲ ਮੂੰਹ ਮੰਗੀਆਂ ਮੁਰਾਦਾਂ ਮਿਲਦੀਆਂ ਹਨ। ਉਪਰੰਤ ਪ੍ਰਬੰਧਕ ਰਾਮ ਲੁਭਾਇਆ ਅਤੇ ਬਲਜਿੰਦਰ ਕੌਰ ਵਲੋਂ ਸਾਰੇ ਮਹਿਮਾਨਾਂ ਤੇ ਗਾਇਕਾਂ ਨੂੰ ਮਾਤਾ ਰਾਣੀ ਦੀਆਂ ਚੁਨਰੀਆਂ ਭੇਂਟ ਕਰਕੇ ਸਨਮਾਨਿਤ ਵੀ ਕੀਤਾ।

## ਰਸਤੇ 'ਚ ਟੇਢਾ ਹੋਇਆ ਰੁੱਖ ਦੇ ਰਿਹਾ ਹਾਦਸਿਆਂ ਨੂੰ ਸੱਦਾ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਸ਼ਹਿਰ ਦੇ ਸੁੱਕੇ ਤਲਾਅ ਨਜ਼ਦੀਕ ਬਿਜਲੀ ਦਫ਼ਤਰ 'ਚ ਬਿੱਲ ਜਮ੍ਹਾਂ ਕਰਵਾਉਣ ਵਾਲੇ ਕਾਊਂਟਰ 'ਤੇ ਜਾਣ ਵਾਲੇ ਰਸਤੇ ਕੰਢੇ ਇਕ ਕਾਫ਼ੀ ਪੁਰਾਣਾ ਵੱਡਾ ਰੁੱਖ ਟੇਢਾ ਹੋਇਆ ਪਿਆ ਹੈ ਜਿਸ ਕਾਰਨ ਇਥੇ ਬਿਜਲੀ ਬਿੱਲ ਜਮ੍ਹਾਂ ਕਰਵਾਉਣ ਵਾਲੇ ਖਪਤਕਾਰਾਂ ਨੂੰ ਕਾਫ਼ੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਰੁੱਖ ਕਲਾ ਕੇਂਦਰ ਤੋਂ ਜੀ.ਟੀ. ਰੋਡ ਪੁਰਾਣੀ ਤਹਿਸੀਲ ਨੂੰ ਜਾਂਦੀ ਛੋਟੀ ਜਿਹੀ ਲਿੰਕ ਸੜਕ ਕੰਢੇ ਬਿਜਲੀ ਦਫ਼ਤਰ ਦੇ ਪਿਛਲੇ ਪਾਸੇ ਲੱਗਾ ਹੋਇਆ ਹੈ। ਇਹ ਰੁੱਖ ਕਾਫ਼ੀ ਹੇਠਾਂ ਨੂੰ ਝੁਕਿਆ ਹੋਇਆ ਹੈ ਜਿਸ ਕਾਰਨ ਸਕੂਟਰ, ਮੋਟਰਸਾਈਕਲ 'ਤੇ ਲੰਘਣਾ ਖ਼ਤਰੇ ਤੋਂ ਖਾਲੀ ਨਹੀਂ। ਇਹ ਰਸਤਾ ਬਾਜ਼ਾਰ ਤੋਂ ਜੀ.ਟੀ ਰੋਡ ਸਥਿਤ ਸਰਕਾਰੀ ਸਕੂਲ ਮੁੰਡੇ ਅਤੇ ਸਰਕਾਰੀ ਸਕੂਲ ਕੁੜੀਆਂ, ਪੁਰਾਣਾ ਤਹਿਸੀਲ ਕੰਪਲੈਕਸ ਨੂੰ ਜਾਂਦਾ ਹੈ ਜਿਸ ਕਰਕੇ ਇਸ ਰਸਤੇ ਵਿਚ ਟਰੈਫ਼ਿਕ ਦਾ ਕਾਫ਼ੀ ਜ਼ੋਰ ਰਹਿੰਦਾ ਹੈ। ਲੋਕਾਂ ਨੇ ਨਗਰ ਕੌਂਸਲ ਅਤੇ ਵਣ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਇਸ ਰੁੱਖ ਨੂੰ ਰਸਤੇ ਵਿਚੋਂ ਹਟਾਇਆ ਜਾਵੇ ਤਾਂ ਜੋ ਕੋਈ ਵੀ ਦੁਰਘਟਨਾ ਨਾ ਵਾਪਰ ਸਕੇ।



## ਵਿਦਿਆਰਥੀ ਨਾਗਰਿਕ ਸੁਰੱਖਿਆ ਦੇ ਗੁਰ ਜ਼ਰੂਰ ਸਿੱਖਣ : ਕਮਾਂਡੈਂਟ ਮਨਪ੍ਰੀਤ ਰੰਧਾਵਾ

**ਬਟਾਲਾ (ਤਰਲੋਕ ਬੱਗਾ)**- ਸਰਕਾਰੀ ਹਾਈ ਸਕੂਲ ਹਰਦੋਝੰਡੇ ਵਲੋਂ ਨਾਗਰਿਕ ਸੁਰੱਖਿਆ ਵਿਸ਼ੇ 'ਤੇ ਜਾਗਰੂਕਤਾ ਕੈਂਪ, ਹੈਡਮਿਸਟ੍ਰੈਸ ਭਾਰਤੀ ਦੱਤਾ ਦੀ ਅਗਵਾਈ ਵਿਚ ਲਗਵਾਇਆ ਗਿਆ। ਜਿਸ ਵਿਚ ਮੁੱਖ ਮਹਿਮਾਨ ਸ. ਮਨਪ੍ਰੀਤ ਸਿੰਘ ਰੰਧਾਵਾ ਕਮਾਂਡੈਂਟ ਪੰਜਾਬ ਹੋਮ ਗਾਰਡਜ਼-ਕਮ-ਅਡਿਸ਼ਨਲ ਕੰਟਰੋਲਰ ਸਿਵਲ ਡਿਫੈਂਸ ਦੇ ਨਾਲ ਹਰਬਖਸ਼ ਸਿੰਘ ਪੋਸਟ ਵਾਰਡਨ ਪੁੱਜੇ ਜਿਨਾਂ ਨੂੰ ਮਨਿੰਦਰ ਕੌਰ ਵਲੰਟੀਅਰ ਨੇ ਮੁੱਖ ਬੁਲਾਰੇ ਵਜੋਂ ਜੀ ਆਇਆਂ ਕਿਹਾ।ਸ਼ੁਰੂਆਤ ਵਿਚ ਕਮਾਂਡੈਂਟ ਮਨਪ੍ਰੀਤ ਸਿੰਘ ਰੰਧਾਵਾ ਨੇ ਸਿਵਲ ਡਿਫੈਂਸ ਦੀ ਜਾਣਕਾਰੀ ਤੇ ਸੁਰੱਖਿਆ ਗੁਰਾਂ ਦੀ ਕਿਤਾਬ, ਸਕੂਲ ਲਾਇਬ੍ਰੇਰੀ ਲਈ ਦੇਂਦੇ ਹੋਏ ਕਿਹਾ ਕਿ ਬੱਚਿਆਂ ਨੂੰ ਵਿੱਦਿਆ ਦੇ ਨਾਲ ਆਪਣੀ ਸੁਰੱਖਿਆ ਦੇ ਗੁਰ ਵੀ ਜਰੂਰੀ ਸਿੱਖਣੇ ਚਾਹੀਦੇ ਹਨ ਜੋ ਇਸ ਕਿਤਾਬ ਵਿਚ ਦਰਸਾਏ ਗਏ ਹਨ । ਉਹਨਾਂ ਵਲੋਂ ਕਈ ਘਟਨਾਵਾਂ ਸਾਂਝੀਆਂ ਕੀਤੀਆਂ । ਇਸ ਮੌਕੇ ਹਰਬਖਸ਼ ਸਿੰਘ ਤੇ ਮਨਿੰਦਰ ਕੌਰ ਕੌਰ ਵਲੋਂ ਸਿਵਲ ਡਿਫੈਂਸ ਦੇ ਉਦੇਸ਼, ਮੁੱਢਲੀ ਸਹਾਇਤਾ ਬਾਕਸ, ਰਾਸ਼ਟਰੀ ਸਹਾਇਤਾ ਐਪ- ਤੇ ਬਰਸਾਤੀ ਮੌਸਮ ਮੌਕੇ ਸਾਵਧਾਨੀਆਂ ਬਾਰੇ ਦਸਿਆ।ਜਾਨਵਰਾਂ ਤੇ ਪੰਛੀਆਂ ਦੀਆਂ ਕੀਮਤੀ ਜਾਨਾਂ ਬਚਾਉਣ ਵਾਲੇ ਨਾਗਰਿਕਾਂ ਦੀ ਹੌਂਸਲਾ ਅਫਜਾਈ ਤਹਿਤ 3 ਵਿਦਿਆਰਥੀਆਂ ਨੂੰ ਪ੍ਰਸ਼ੰਸਾ ਪੱਤਰ ਦਿੱਤੇ ਗਏ। ਆਖਰ ਵਿਚ ਹੈਡਸਿਮਟ੍ਰੈਸ ਭਾਰਤੀ ਦੱਤਾ ਤੇ ਸਟਾਫ ਵਲੋਂ ਮੁੱਖ ਮਹਿਮਾਨ ਤੇ ਸਿਵਲ ਡਿਫੈਂਸ ਟੀਮ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਭੇਟ ਕਰਦੇ ਹੋਏ ਧੰਨਵਾਦ ਕੀਤਾ ਗਿਆ। ਇਸ ਮੌਕੇ ਰਜਿੰਦਰਪਾਲ ਸਿੰਘ ਮਠਾਰੂ, ਗੁਰਪ੍ਰੀਤ ਸਿੰਘ, ਕੋਮਲ ਸਾਰੇ ਸੀ ਡੀ ਵਾਲੰਟੀਅਰ, ਅਮਨਦੀਪ ਕੌਰ (ਸਟੇਜ ਸੈਕਟਰੀ) ਸੁਰੇਸ਼ ਕੁਮਾਰ, ਪ੍ਰਮਜੀਤ ਕੌਰ, ਭੁਪਿੰਦਰ ਕੌਰ, ਕਵਲਜੀਤ ਕੌਰ, ਸੁਮਨਬੀਰ ਕੌਰ, ਨਵਨੀਤ ਕੌਰ, ਜੋਗਿੰਦਰਪਾਲ, ਸੂਰਜ, ਸਨਪ੍ਰੀਤ ਕੌਰ, ਦੀਪਤੀ ਸਾਰੇ ਅਧਿਆਪਕ, ਸੋਹਨਾ ਸਿੰਘ ਤੇ ਹਰਪ੍ਰੀਤ ਸਿੰਘ ਦੇ ਨਾਲ ਵਿਦਿਆਰਥੀ ਹਾਜ਼ਰ ਸਨ।



## ਆਜ਼ਮਪੁਰ 'ਚ ਰਾਸ਼ਨ ਕਿੱਟਾਂ ਵੰਡੀਆਂ

**ਫਤਿਹਗੜ੍ਹ ਚੂੜੀਆਂ (ਜੁਲਾਈ ਜਸਦੇਵ ਸਿੰਘ ਮਾਨ)** ਹਲਕਾ ਫਤਿਹਗੜ੍ਹ ਚੂੜੀਆਂ ਦੇ ਅਧੀਨ ਆਉਂਦੇ ਪਿੰਡ ਆਜ਼ਮਪੁਰ ਵਿਖੇ 'ਮੇਰੀ ਰਸੋਈ' ਯੋਜਨਾ ਤਹਿਤ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਜੀ ਵਲੋਂ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ।ਪੰਜਾਬ ਦੇ ਹਰ ਲੋੜਵੰਦ ਪਰਿਵਾਰ ਅਤੇ ਹਰ ਘਰ ਤੱਕ ਸੰਤੁਲਿਤ ਆਹਾਰ ਪਹੁੰਚਾਉਣਾ ਮਾਨ ਸਰਕਾਰ ਆਪਣੀ ਜ਼ਿੰਮੇਵਾਰੀ ਸਮਝਦੀ ਹੈ ਅਤੇ ਇਸੇ ਵਚਨਬੱਧਤਾ ਤਹਿਤ ਲੋਕ ਭਲਾਈ ਦੇ ਉਪਰਾਲੇ ਲਗਾਤਾਰ ਜਾਰੀ ਹਨ। ਇਸ ਮੌਕੇ ਸਰਪੰਚ ਪ੍ਰਗਟ ਸਿੰਘ, ਬਲਾਕ ਪ੍ਰਧਾਨ ਜਗਜੀਤ ਸਿੰਘ ਜੱਗਾ, ਮੈਂਬਰ ਪੰਚਾਇਤ ਸੁਖਦੇਵ ਸਿੰਘ, ਮਨਜੀਤ ਸਿੰਘ ਬਾਠ, ਅਮਰੀਕ ਸਿੰਘ, ਸਤਨਾਮ ਸਿੰਘ, ਹਰਪਿੰਦਰ ਸਿੰਘ, ਅੰਮ੍ਰਿਤਪਾਲ ਸਿੰਘ ਅੰਬਾ, ਸ਼ਮਸ਼ੇਰ ਸਿੰਘ, ਤਰਸੇਮ ਸਿੰਘ, ਪ੍ਰਦੀਪ ਸਿੰਘ ਅਤੇ ਤੀਰਥ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਰਹੇ।



## ਰਾਣੀਵਲਾਹ 'ਚ ਦੋ ਮਾਸੂਮ ਬੱਚਿਆਂ ਦੀ ਮੌਤ



**ਚੋਹਲਾ ਸਾਹਿਬ (ਰਮਨ ਚੱਢਾ)**- ਚੋਹਲਾ ਸਾਹਿਬ ਦੇ ਨੇੜੇ ਪੈਂਦੇ ਪਿੰਡ ਰਾਣੀਵਲਾਹ ਵਿਖੇ ਇੱਕ ਬੇਹੱਦ ਦੁਖਦਾਈ ਖਬਰ ਸਾਹਮਣੇ ਆਈ। ਜਾਣਕਾਰੀ ਅਨੁਸਾਰ ਪਿੰਡ ਰਾਣੀਵਲਾਹ ਦੇ ਦੋ ਮਾਸੂਮ ਬੱਚਿਆਂ ਦੀ ਭੇਦਭਰੇ ਹਾਲਾਤ ਵਿੱਚ ਮੌਤ ਹੋ ਗਈ ਜਿਸ ਨਾਲ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਮ੍ਰਿਤਕ ਬੱਚਿਆਂ ਦੀ ਪਹਿਚਾਣ ਗੁਰਨਿਸ਼ਾਨ ਸਿੰਘ 7 ਅਤੇ ਗੁਰਦਾਨ ਸਿੰਘ ਦੋਵੇਂ ਪੁੱਤਰ ਸੁਰਜੀਤ ਸਿੰਘ ਵਜੋਂ ਹੋਈ। ਪ੍ਰਾਪਤ ਜਾਣਕਾਰੀ ਮੁਤਾਬਕ ਦੋਵੇਂ ਬੱਚਿਆਂ ਦੀ ਮੌਤ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

## ਯੂਥ ਫੁੱਟਬਾਲ ਕਲੱਬ ਬਿਆਸ ਨੇ ਟੂਰਨਾਮੈਂਟ ਕਰਵਾਇਆ

**ਬਿਆਸ (ਪਰਮਜੀਤ ਸਿੰਘ ਰੱਖੜਾ)** ਯੂਥ ਫੁੱਟਬਾਲ ਕਲੱਬ ਬਿਆਸ ਵੱਲੋਂ 14-15 ਜੁਲਾਈ ਨੂੰ ਬਿਆਸ ਦੇ ਪ੍ਰਾਇਮਰੀ ਸਕੂਲ ਦੀ ਗਰਾਊਂਡ ਵਿੱਚ ਫੁੱਟਬਾਲ ਟੂਰਨਾਮੈਂਟ ਲਵ ਬਿਆਸ ਅਤੇ ਸਾਰੇ ਸੀਨੀਅਰ ਪਲੇਅਰਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ ।ਇਸ ਟੂਰਨਾਮੈਂਟ ਵਿੱਚ ਅੱਠ ਟੀਮਾਂ ਨੇ ਭਾਗ ਲਿਆ, ਜਿਵੇਂ ਬਿਆਸ ਰੋਇਲ ਕੈਂਬਬ੍ਰਿਜ ਸਕੂਲ, ਦੀਨੇਵਾਲ, ਸਠਿਆਲਾ, ਚੀਮਾਬਾਠ, ਕੋਟਲਾ , ਡਿਪਸ ਸਕੂਲ ਬੁਤਾਲਾ। ਟੂਰਨਾਮੈਂਟ ਦੀ ਖਾਸ ਗੱਲ ਇਹ ਰਹੀ ਕਿ ਇਸ ਟੂਰਨਾਮੈਂਟ ਵਿੱਚ ਪਹਿਲੀ ਵਾਰ ਕੁੜੀਆਂ ਦਾ ਸ਼ੋਅ ਮੈਚ ਕਰਵਾਇਆ ਗਿਆ,ਜਿਹਦੇ ਵਿੱਚ ਡੇਅਰੀਵਾਲ ਤੇ ਰਾਇਲ ਕੈਂਬਬ੍ਰਿਜ ਬਿਆਸ ਦੀਆਂ ਟੀਮਾਂ ਨੇ ਹਿੱਸਾ ਲਿਆ। ਇੱਕ ਸ਼ੋਅ ਮੈਚ ਵੱਡੇ ਬੱਚਿਆਂ ਦਾ ਕਰਾਇਆ ਗਿਆ। ਬਿਆਸ ਅਤੇ ਕੋਟਲਾ ਵਿਚਾਲੇ ਸ਼ੋਅ ਮੈਚ ਵੀ ਹੋਇਆ। ਟੂਰਨਾਮੈਂਟ ਦੀਆਂ ਫਾਈਨਲ ਵਿੱਚ ਪੁੱਜਣ ਵਾਲੀਆਂ ਟੀਮਾਂ ਬਿਆਸ ਅਤੇ ਰਾਇਅਲ ਕੈਂਬ੍ਰਿਜ ਬਿਆਸ ਰਹੀਆਂ। ਟੂਰਨਾਮੈਂਟ ਰਾਇਲ ਕੈਂਬ੍ਰਿਜ ਸਕੂਲ ਬਿਆਸ ਨੇ ਜਿੱਤਿਆ । ਜਿੱਤਣ ਵਾਲੀ ਟੀਮ ਨੂੰ 2100 ਰੁਪਏ ਨਗਦ ਤੇ ਕੱਪ ਨਾਲ ਸਨਮਾਨਤ ਕੀਤਾ ਗਿਆ। ਸੈਕਿੰਡ ਪ੍ਰਾਈਜ਼ 1100 ਰੁਪਏ ਅਤੇ ਕੱਪ ਦਿੱਤਾ ਗਿਆ। ਇਸ ਮੌਕੇ ਸੀਨੀਅਰ ਖਿਡਾਰੀ ਗੁਰਸ਼ਰਨ ਸਿੰਘ ਬੌਬੀ, ਦਵਿੰਦਰ ਸਿੰਘ ਬੌਬੀ, ਗੁਰਪ੍ਰੀਤ ਬੱਬਲੂ, ਜਤਿੰਦਰ ਕਾਲੂ, ਸਿਕੰਦਰ ਸ਼ਰੀਫ, ਨਿਰਮਲ ਸਿੰਘ ਕੋਚ, ਸੁਖਦੇਵ ਸਿੰਘ ਬਿਆਸ, ਮਾਨ ਸਿੰਘ, ਹੈਪੀ ਕੋਚ, ਰਾਜਾ ਚੀਮਾਬਾਠ, ਕੋਚ ਸ਼ਰਨ, ਲੱਕੀ, ਨੋਬਲ ਬਿਆਸ, ਜੋਤੀ, ਗਗਨ, ਲਵ ਬਿਆਸ, ਰਵੀ ਡੇਰਾ, ਨੂਰ, ਅਰਮਾਨ ਅਤੇ ਹੋਰ ਵੀ ਜੂਨੀਅਰ ਖਿਡਾਰੀ ਮੌਜੂਦ ਸਨ। ਸੁਖਦੇਵ ਸਿੰਘ ਵੱਲੋਂ ਆਏ ਸਾਰੇ ਪੱਤਰਕਾਰਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਇਸ ਮੌਕੇ ਡਾਕਟਰ ਰਜਿੰਦਰ ਰਿਖੀ ਵੀ ਮੌਜੂਦ ਰਹੇ। ਉਹਨਾ ਨਾਲ ਸੋਨਲ ਦਵੇਸਰ, ਪਰਮਜੀਤ ਸਿੰਘ ਰੱਖੜਾ, ਪ੍ਰਿੰਸ ਜਰਨਲਿਸਟ, ਨਿਊਜ਼-18 ਪੰਜਾਬ ਗੌਰਵ ਜੋਸ਼ੀ ਮੌਜੂਦ ਸਨ।



## ਭਾਈ ਪ੍ਰੇਮੀ ਤੇ ਬਾਬਾ ਸ਼ਾਹ ਹੁਸੈਨ ਦਾ ਸਾਲਾਨਾ ਜੋੜ ਮੇਲਾ ਸ਼ਰਧਾ ਭਾਵਨਾ ਨਾਲ ਮਨਾਇਆ

**ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)**- ਦਰਿਆ ਪੱਤਣ ਮਿਆਣੀ 'ਤੇ ਸਥਿਤ ਗੁਰਦੁਆਰਾ ਭਾਈ ਪ੍ਰੇਮੀ ਜੀ ਅਤੇ ਬਾਬਾ ਸ਼ਾਹ ਹੁਸੈਨ ਦਾ ਸਲਾਨਾ ਜੋੜ ਮੇਲਾ ਹਰ ਸਾਲ ਸ਼ਰਧਾ ਤੇ ਭਾਵਨਾ ਨਾਲ ਮਨਾਇਆ ਗਿਆ । ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਖੁੱਲ੍ਹੇ ਦੀਵਾਨ ਸਜਾਏ ਗਏ ਜਿਸ ਵਿੱਚ ਗੁਰੂ ਨਾਨਕ ਦੇਵ ਸੰਗੀਤ ਅਕੈਡਮੀ ਦੇ ਬੱਚੇ, ਭਾਈ ਅਵਤਾਰ ਸਿੰਘ ਗੋਇੰਦਵਾਲ ਸਾਹਿਬ, ਭਾਈ ਤੇਜਿੰਦਰ ਸਿੰਘ ਕਥਾਵਾਚਕ, ਭਾਈ ਜਤਿੰਦਰ ਸਿੰਘ ਕੀਰਤਨ ਜਥਾ, ਭਾਈ ਸਰਬਜੀਤ ਸਿੰਘ ਕਵੀਸ਼ਰ ਜਥਾ, ਭਾਈ ਗੁਰਪਾਲ ਸਿੰਘ ਪੱਖੋਪੁਰ, ਭਾਈ ਰਛਪਾਲ ਸਿੰਘ ਪਾਲ , ਬਗਸ਼ੀਸ਼ ਸਿੰਘ ਮਸਤ, ਭਾਈ ਹੀਰਾ ਕਵੀਸ਼ਰ ਜਥਾ, ਭਾਈ ਸਤਪਾਲ ਐਮ ਏ ਆਦਿ ਜਥਿਆਂ ਨੇ ਗੁਰੂ ਜੱਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ । ਮੇਲਾ ਪ੍ਰਬੰਧਕਾਂ ਵੱਲੋਂ ਕਬੱਡੀ ਮੈਚ ਕਰਵਾਏ ਗਏ । ਇਸ ਮੌਕੇ ਠੰਢੇ ਮਿੱਠੇ ਜਲ ਤੋਂ ਇਲਾਵਾ ਗੁਰੂ ਕੇ ਅਟੁੱਟ ਲੰਗਰ ਵਰਤਾਏ ਗਏ । ਸ਼ਾਮ ਨੂੰ ਕਬੱਡੀ ਦੇ ਸ਼ੋਅ ਮੈਚ ਕਰਵਾਏ ਗਏ। ਸਟੇਜ ਸਕੱਤਰ ਦੀ ਸੇਵਾ ਹਰਭਜਨ ਸਿੰਘ ਰਾਠੌਰ ਨੇ ਨਿਭਾਈ । ਇਸ ਮੌਕੇ ਬਾਬਾ ਸ਼ਾਹ ਹੁਸੈਨ ਅਤੇ ਭਾਈ ਪ੍ਰੇਮੀ ਜੀ ਕਮੇਟੀ ਮਿਆਣੀ ਗੋਇੰਦਵਾਲ ਸਾਹਿਬ ਦੇ ਪ੍ਰਧਾਨ ਪ੍ਰਧਾਨ ਕਸ਼ਮੀਰ ਸਿੰਘ ਲਹੌਰੀਆ, ਮੁੱਖ ਪ੍ਰਬੰਧਕ ਬਾਵਾ ਰਣਜੀਤ ਸਿੰਘ ਲੱਕੀ, ਸਤਨਾਮ ਸਿੰਘ ਨੇ ਹੈੱਡ ਗ੍ਰੰਥੀ ਭਾਈ ਗੁਰਮੱਖ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਸੂਬਾ ਮੀਤ ਪ੍ਰਧਾਨ ਕੁਲਦੀਪ ਸਿੰਘ ਔਲਖ, ਐਡੀਨਲ ਮੈਨੇਜਰ ਨਿਰਮਲ ਸਿੰਘ ਕਾਹਲਵਾਂ, ਜਨਰਲ ਸਕੱਤਰ ਕੁਲਦੀਪ ਸਿੰਘ ਲਾਹੌਰੀਆ, ਅਮਰਿੰਦਰ ਸਿੰਘ ਸੰਨੀ ਮਹਾਰਾਜਾ ਗੈਸ ਸਰਵਿਸ ਵਾਲੇ, ਐਕਸੀਅਨ ਹਰਦੀਪ ਸਿੰਘ, ਐਸ ਡੀ ਓ ਕੁਲਵਿੰਦਰ ਸਿੰਘ, ਚੈਅਰਮੈਨ ਗੁਰਨਾਮ ਸਿੰਘ ਲਾਡੀ, ਗੁਰਮੀਤ ਸਿੰਘ ਪ੍ਰਧਾਨ ਨੂੰ ਸਿਰੋਪਾਓ ਨਾਲ ਸਨਮਾਨਤ ਕੀਤਾ । ਇਸ ਮੌਕੇ ਰੁਪਿੰਦਰ ਸਿੰਘ ਲਹੌਰੀਆ, ਡਾ ਸੰਤੋਖ ਸਿੰਘ ਖਹਿਰਾ, ਮੈਂਬਰ ਹਰਦੀਪ ਸਿੰਘ ਖੱਖ, ਨੰਬਰਦਾਰ ਸੁਰਮੁੱਖ ਸਿੰਘ ਝੰਡੇਰ ਮਹਾਂਪੁਰਖਾਂ, ਇੰਦਰਜੀਤ ਸਿੰਘ, ਰਣਧੀਰ ਸਿੰਘ ਮੱਲ, ਬਾਬਾ ਸਰਵਣ, ਡਾ. ਗੁਰਮੀਤ ਸਿੰਘ, ਬਿੰਦਰ ਸਿੰਘ ਧੂੰਦਾ, ਐਸ ਕੇ ਬੁੱਕ ਡੀਪੂ, ਹਰਪਾਲ ਸਿੰਘ ਭਾਲਾ ,ਪਰਗਟ ਸਿੰਘ, ਦਲਜੀਤ ਸਿੰਘ ਵਿਰਕ, ਏ ਐਸ ਆਈ ਤਰਸੇਮ ਸਿੰਘ, ਸਰਪੰਚ ਗੁਰਮੇਜ ਸਿੰਘ ਖੱਖ, ਅੰਗਰੇ! ਸਿੰਘ ਕੈਰੋਂ ਆਦਿ ਨੇ ਹਾਜ਼ਰੀ ਭਰੀ ।




## ਮੇਅਰ ਬਾਜਵਾ ਨੇ ਵਾਰਡ ਨੰਬਰ 39 'ਚ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ

**ਬਟਾਲਾ (ਤਰਲੋਕ ਬੱਗਾ)**- ਨਗਰ ਨਿਗਮ ਬਟਾਲਾ ਦੇ ਮੇਅਰ ਭੁਪਿੰਦਰ ਸਿੰਘ ਬਾਜਵਾ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੁਆਰਾ ਸ਼ੁਰੂ ਕੀਤੀ ਗਈ ਮੇਰੀ ਰਸੋਈ ਯੋਜਨਾ ਤਹਿਤ ਵਾਰਡ ਨੰਬਰ 39 ਵਿਖੇ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ।ਇਸ ਮੌਕੇ ਮੇਅਰ ਭੁਪਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਹੈ ਕਿ ਹਰ ਘਰ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚੇ ਅਤੇ ਹਰ ਪਰਵਾਰ ਨੂੰ ਬਨਦਾ ਹੱਕ ਮਿਲੇ।ਉਨ੍ਹਾਂ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਅੰਦਰ ਵੱਖ ਵੱਖ ਵਿਕਾਸ ਕਾਰਜ ਜਾਰੀ ਹਨ ਅਤੇ ਉਨ੍ਹਾਂ ਵੱਲੋਂ ਖੁਦ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਹੱਲ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਲੋਕ ਹਿੱਤ ਵਿੱਚ ਵੱਡੇ ਉਪਰਾਲੇ ਕੀਤੇ ਗਏ ਹਨ ਅਤੇ ਲੋਕਾਂ ਦੀ ਸਿਹਤ ਸਹੂਲਤ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਲਾਗੂ ਕੀਤੀ ਗਈ ਹੈ, ਜਿਸ ਤਹਿਤ ਬਿਮਾਰੀ ਦਾ ਇਲਾਜ ਕਰਵਾਉਣ ਲਈ 10 ਲੱਖ ਰੁਪਏ ਤੱਕ ਦੀ ਕੈਸ਼ਲੈੱਸ ਸਹੂਲਤ ਮੁਹੱਈਆ ਕਰਵਾਈ ਗਈ ਹੈ ਅਤੇ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਲਾਗੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਵਲੋਂ ਹਲਕੇ ਅੰਦਰ ਸਰਬਪੱਖੀ ਵਿਕਾਸ ਕੰਮ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ । ਪਿੰਡਾਂ ਦੇ ਵਿੱਚ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਖੇਡ ਮੈਦਾਨ ਤਿਆਰ ਕੀਤੇ ਗਏ ਹਨ। ਪਿੰਡਾਂ ਵਿੱਚ ਸ਼ਾਨਦਾਰ ਪਾਰਕਾਂ ਦੀ ਉਸਾਰੀ ਕੀਤੀ ਗਈ ਹੈ। ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਉਣ ਸਮੇਤ ਵੱਖ ਵੱਖ ਵਿਕਾਸ ਕਾਰਜ ਕਰਵਾਏ ਗਏ।



## ਸਫਾਈ ਕਰਮਚਾਰੀਆਂ ਦੀ ਹੜਤਾਲ ਕਾਰਨ ਸ਼ਹਿਰ ਅੰਦਰ ਲੱਗੇ ਕੂੜੇ ਦੇ ਢੇਰ

**ਗੁਰਦਾਸਪੁਰ (ਜਨਕ ਮਹਾਜਨ)**- ਸ਼ਹਿਰ ਅੰਦਰ ਸਫਾਈ ਕਰਮਚਾਰੀਆਂ ਦੀ ਚੱਲ ਰਹੀ ਹੜਤਾਲ ਕਾਰਨ ਥਾਂ-ਥਾਂ 'ਤੇ ਕੂੜੇ ਦੇ ਢੇਰ ਲੱਗੇ ਹੋਏ ਹਨ ਜਿਸ ਕਰਕੇ ਭੈੜੀ ਬਦਬੂ ਫੈਲੀ ਹੋਈ ਹੈ। ਵੱਡੀ ਪੱਧਰ 'ਤੇ ਕੂੜੇ ਦੇ ਢੇਰ ਸ਼ਹਿਰ ਦੇ ਵੱਖ-ਵੱਖ ਚੌਕਾਂ ਅਤੇ ਹੋਰਨਾਂ ਥਾਵਾਂ 'ਤੇ ਲੱਗ ਚੁੱਕੇ ਹਨ। ਇਨ੍ਹਾਂ ਕੂੜੇ ਦੇ ਢੇਰਾਂ ਤੋਂ ਮੱਛਰ ਅਤੇ ਮੱਖੀਆਂ ਦੀ ਭਰਮਾਰ ਬਣੀ ਹੋਈ ਹੈ। ਲੋਕਾਂ ਨੇ ਕਿਹਾ ਕਿ ਜੇਕਰ ਹੋਰ ਥੋੜ੍ਹਾ ਸਮਾਂ ਸ਼ਹਿਰ ਅੰਦਰੋਂ ਕੂੜਾ ਨਾ ਚੁੱਕਿਆ ਗਿਆ ਤਾਂ ਕੂੜੇ ਦੇ ਢੇਰ ਹੋਰ ਵੱਡੇ ਹੋ ਜਾਣਗੇ ਅਤੇ ਬਰਸਾਤ ਦੇ ਮੌਸਮ ਵਿਚ ਸਥਿਤੀ ਹੋਰ ਵੀ ਭਿਆਨਕ ਹੋ ਜਾਵੇਗੀ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਸ਼ਹਿਰ ਅੰਦਰ ਫੈਲੇ ਕੂੜੇ ਦੇ ਢੇਰਾਂ ਨੂੰ ਜਲਦੀ ਤੋਂ ਜਲਦੀ ਚੁਕਵਾਇਆ ਜਾਵੇ। ਸਫਾਈ ਕਰਮਚਾਰੀਆਂ ਦੀ ਮੰਗ ਹੈ ਕਿ ਉਨ੍ਹਾਂ ਨੂੰ ਰੈਗੂਲਰ ਕੀਤਾ ਜਾਵੇ ਅਤੇ 1-1-2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਸਕੀਮ ਤਹਿਤ ਲਾਗੂ ਕੀਤੀ ਜਾਵੇ, ਸਫਾਈ ਸੇਵਕਾਂ ਦੀ ਨਵੀਂ ਭਰਤੀ ਕੀਤੀ ਜਾਵੇ। ਸਫਾਈ ਸੇਵਕਾਂ ਦੇ ਪਿਛੋਕੜ ਵਾਲੇ ਉਮੀਦਵਾਰਾਂ ਲਈ 75 ਫੀਸਦੀ ਆਰਕਸ਼ਣ ਦਿੱਤਾ ਜਾਵੇ।




## ਰੋਟਰੀ ਕਲੱਬ ਮੇਨ ਦਾ ਤਾਜਪੋਸ਼ੀ ਸਹੁੰ-ਚੁੱਕ ਸਮਾਗਮ ਧੂਮਧਾਮ ਨਾਲ ਸੰਪੰਨ

**ਅੰਮ੍ਰਿਤਸਰ (ਅਰੋੜਾ)**- ਰੋਟਰੀ ਇੰਟਰਨੈਸ਼ਨਲ ਵੱਲੋਂ ਨਿਰਧਾਰਿਤ ਨਿਯਮਾਂ ਦੇ ਅਨੁਸਾਰ ਰੋਟਰੀ ਕਲੱਬ ਮੇਨ ਦੇ ਪ੍ਰਧਾਨ ਮਹਿੰਦਰ ਪਾਲ, ਸਕੱਤਰ ਇੰਜੀਨੀਅਰ ਮਨਜੀਤ ਸਿੰਘ ਦਾ ਕਾਰਜਕਾਲ ਪੂਰਾ ਹੋਣ ਤੋਂ ਬਾਅਦ ਰੋਟਰੀ ਕਲੱਬ ਅੰਮ੍ਰਿਤਸਰ ਮੇਨ ਦੇ ਪ੍ਰਧਾਨ ਪਦ ਦਾ ਤਾਜ ਰੋਟੇਰੀਅਨ ਦਲਜੀਤ ਸਿੰਘ ਅਰੋੜਾ, ਸਕੱਤਰ ਅਸ਼ੋਕ ਸ਼ਰਮਾ ਦੇ ਸਿਰ ਤੇ ਸੁਸ਼ੋਭਿਤ ਹੋਇਆ।ਇਸ ਮੌਕੇ ਰੋਟਰੀ ਦੇ ਵੱਲੋਂ ਇਕ ਸ਼ਾਨਦਾਰ ਸਮਾਗਮ ਦਾ ਆਯੋਜਨ ਕੀਤਾ ਗਿਆ।ਰੋਟਰੀ ਦੇ ਸਾਬਕਾ ਗਵਰਨਰ ਪ੍ਰੋਜੈਕਟ ਚੇਅਰਮੈਨ ਸੀ. ਏ. ਦਵਿੰਦਰ ਸਿੰਘ ਦੀ ਦੇਖ-ਰੇਖ ਹੇਠਾਂ ਕਰਵਾਏ ਗਏ ਸਮਾਗਮ ਵਿੱਚ ਰੋਟਰੀ 3070 ਦੇ ਗਵਰਨਰ ਅਨਿਲ ਸਿੰਗਲ ਅਤੇ ਫਿਲਮੀ ਦੁਨੀਆ ਦੇ ਪ੍ਰਸਿੱਧ ਹਸਰਸ ਕਲਾਕਾਰ ਗੁਰਪ੍ਰੀਤ ਸਿੰਘ ਘੁੱਗੀ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ।ਸਮਾਗਮ ਦਾ ਸ਼ੁਭ ਆਰੰਭ ਰੋਟਰੀ ਪ੍ਰਥਾ ਦੇ ਅਨੁਸਾਰ ਰਾਸ਼ਟਰੀ ਗੀਤ ਦੇ ਨਾਲ ਕੀਤਾ ਗਿਆ।ਉਸ ਤੋਂ ਬਾਅਦ ਰੋਟਰੀ ਦੇ ਪੁਰਾਤਨ ਇਤਿਹਾਸ ਅਤੇ ਰੋਟਰੀ ਮੇਨ ਦੇ ਸਥਾਈ ਪ੍ਰੋਜੈਕਟਾਂ, ਦੇਸ਼ ਅਤੇ ਸਮਾਜ ਭਲਾਈ ਕੰਮਾਂ ਦੀ ਜਾਣਕਾਰੀ ਛੋਟੇ ਪਰਦੇ ਤੇ ਦਰਸਾਈ ਗਈ।ਸਾਬਕਾ ਗਵਰਨਰ ਡਾ. ਪੀ. ਐੱਸ. ਗਰੋਵਰ ਨੇ ਰੋਟਰੀ ਦੇ ਇਤਿਹਾਸ ਦੇ ਬਾਰੇ ਆਪਣੀ ਆਵਾਜ ਦੇ ਵਿੱਚ ਜਾਣਕਾਰੀ ਦਿੱਤੀ।ਇਸ ਦੇ ਨਾਲ ਸਾਬਕਾ ਪ੍ਰਧਾਨ ਐਡਵੋਕੇਟ ਸੁਦਰਸ਼ਨ ਕਪੂਰ ਅਤੇ ਸੁਰਿੰਦਰ ਸਿੰਘ, ਸਾਬਕਾ ਗਵਰਨਰ ਸੀ. ਏ. ਦਵਿੰਦਰ ਸਿੰਘ ਨੇ ਵੀ ਰੋਟਰੀ ਦੇ ਨਿਯਮਾਂ ਅਤੇ ਸਮਾਜ ਭਲਾਈ ਕੰਮਾਂ ਬਾਰੇ ਦੱਸਿਆ।ਇਸ ਮੌਕੇ ਸਾਬਕਾ ਪ੍ਰਧਾਨ ਵਿਕਾਸ ਕੁਮਾਰ, ਟੀ. ਐੱਮ. ਏ. ਦੇ ਪ੍ਰਧਾਨ ਦੀਪਕ ਖੰਨਾ, ਸਕੱਤਰ ਰਾਜੀਵ ਖੰਨਾ, ਰੋਟਰੀ ਦੇ ਆਉਣ ਵਾਲੇ ਗਵਰਨਰ ਐੱਚ.ਐੱਸ. ਜੋਗੀ, ਡਾ. ਪ੍ਰਤਾਪ ਸਿੰਘ ਮਲਹੋਤਰਾ, ਸੀਨੀਅਰ ਰੋਟੇਰੀਅਨ ਡਾ. ਜਸਪ੍ਰੀਤ ਸਿੰਘ ਗਰੋਵਰ, ਡਾ. ਨਿਰਮਲ ਸਿੰਘ ਆਨੰਦ, ਰੋਟੇਰੀਅਨ ਗੁਰਿੰਦਰ ਕੌਰ, ਨਰਿੰਦਰ ਸਦੀ, ਦਲਬੀਰ ਸਿੰਘ, ਗੁਰਚਰਨ ਕੌਰ, ਜਸਬੀਰ ਕੌਰ ਗਿੱਲ, ਨੀਲਮ ਕਾਮਰਾ, ਕੀਰਨ ਗੁਪਤਾ, ਰਾਜੇਸ਼ ਮੇਹਰਾ, ਸਾਬਕਾ ਸਹਾਇਕ ਗਵਰਨਰ ਗੁਰਮੀਤ ਸਿੰਘ ਹੀਰਾ, ਸਮੇਤ ਵੱਡੀ ਗਿਣਤੀ ਵਿੱਚ ਰੋਟਰੀ ਕਲੱਬ ਮੇਨ ਦੇ ਮੈਂਬਰ ਮੌਜੂਦ ਸਨ। ਸਮਾਗਮ ਦੇ ਅਖੀਰ ਵਿੱਚ ਮੁੱਖ ਮਹਿਮਾਨ ਫਿਲਮੀ ਕਲਾਰਕਾਰ ਗੁਰਪ੍ਰੀਤ ਸਿੰਘ ਘੁੱਗੀ ਨੇ ਰੋਟਰੀ ਮੈਂਬਰਾਂ ਅਤੇ ਉਨਾਂ ਦੇ ਪਰਿਵਾਰਾਂ ਦਾ ਖੂਬ ਮਨੋਰੰਜਨ ਕੀਤਾ।




## ਵਿਸ਼ਾਲ ਮੰਨਣ ਬ੍ਰਾਹਮਣ ਵੈੱਲਫੇਅਰ ਬੋਰਡ ਦੇ ਚੇਅਰਮੈਨ ਨਿਯੁਕਤ

**ਬਿਆਸ (ਪਰਮਜੀਤ ਸਿੰਘ ਰੱਖੜਾ)**- ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਨਾਲ ਸਬੰਧਿਤ ਆਮ ਆਦਮੀ ਪਾਰਟੀ ਦੇ ਆਗੂ ਵਿਸ਼ਾਲ ਮੰਨਣ ਨੂੰ ਪੰਜਾਬ ਬ੍ਰਾਹਮਣ ਵੈੱਲਫੇਅਰ ਬੋਰਡ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ।ਆਪਣੀ ਨਿਯੁਕਤੀ 'ਤੇ ਖੁਸ਼ੀ ਅਤੇ ਧੰਨਵਾਦ ਪ੍ਰਗਟ ਕਰਦਿਆਂ ਵਿਸ਼ਾਲ ਮੰਨਣ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਅਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਉਹ ਮੁੱਖ ਮੰਤਰੀ, ਪਾਰਟੀ ਲੀਡਰਸ਼ਿਪ ਅਤੇ ਸਮੂਹ ਮੈਂਬਰਾਂ ਦੇ ਇਸ ਭਰੋਸੇ ਲਈ ਸਦਾ ਰਿਣੀ ਰਹਿਣਗੇ।ਉਨ੍ਹਾਂ ਕਿਹਾ ਕਿ ਮੈਂ ਇਸ ਅਹਿਮ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਨਿਸ਼ਠਾ, ਲਗਨ ਅਤੇ ਤਨਦੇਹੀ ਨਾਲ ਨਿਭਾਵਾਂਗਾ।ਬੋਰਡ ਦੇ ਉਦੇਸ਼ਾਂ ਅਤੇ ਲੋਕ ਭਲਾਈ ਦੇ ਟੀਚਿਆਂ ਨੂੰ ਸਾਕਾਰ ਕਰਨ ਲਈ ਆਪਣੀ ਪੂਰੀ ਸਮਰੱਥਾ ਨਾਲ ਕੰਮ ਕਰਾਂਗਾ ਅਤੇ ਸਭ ਨੂੰ ਨਾਲ ਲੈ ਕੇ ਅੱਗੇ ਵਧਾਂਗਾ।ਉਨ੍ਹਾਂ ਉਮੀਦ ਜ਼ਾਹਿਰ ਕੀਤੀ ਕਿ ਭਵਿੱਖ ਵਿੱਚ ਵੀ ਪਾਰਟੀ ਲੀਡਰਸ਼ਿਪ ਅਤੇ ਸਮੂਹ ਮੈਂਬਰਾਂ ਦਾ ਮਾਰਗਦਰਸ਼ਨ ਅਤੇ ਸਹਿਯੋਗ ਇਸੇ ਤਰ੍ਹਾਂ ਮਿਲਦਾ ਰਹੇਗਾ।



## ਬਲਬੀਰ ਸਿੰਘ ਪੰਨੂੰ ਨੇ ਭਾਗੋਵਾਲ ਵਿਖੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਭਾਗੋਵਾਲ ਵਿਖੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣ ਕੇ ਉਨ੍ਹਾਂ ਦਾ ਮੌਕੇ 'ਤੇ ਹੀ ਸੰਬੰਧਿਤ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕਰਕੇ ਹੱਲ ਕਰ ਦਿੱਤਾ ਗਿਆ ਅਤੇ ਨਾਲ ਹੀ ਆਮ ਲੋਕਾਂ ਨੂੰ ਮਾਨ ਸਰਕਾਰ ਦੇ ਵੱਲੋਂ ਚਲਾਈਆਂ ਜਾਂਦੀਆਂ ਲੋਕ ਭਲਾਈ ਯੋਜਨਾਵਾਂ ਦੇ ਬਾਰੇ ਵਿੱਚ ਜਾਣੂ ਕਰਵਾਇਆ ਗਿਆ।ਲੋਕਾਂ ਦੀ ਭਲਾਈ ਹੀ ਮਾਨ ਸਰਕਾਰ ਦੀ ਹਮੇਸ਼ਾ ਤਰਜੀਹ ਰਹੀ ਹੈ।

ਇਸ ਮੌਕੇ ਸਰਪੰਚ ਪਲਵਿੰਦਰ ਸਿੰਘ, ਗੁਰਦੀਪ ਸਿੰਘ, ਦਿਲਬਾਗ ਸਿੰਘ, ਰੁਪਿੰਦਰ ਸਿੰਘ, ਰਮੇਸ਼ ਕੁਮਾਰ, ਸੁਲੱਖਣ ਸਿੰਘ, ਗੁਰਪ੍ਰੀਤ ਸਿੰਘ, ਪ੍ਰਦੀਪ ਸਿੰਘ, ਹਰਪ੍ਰੀਤ ਸਿੰਘ, ਸੰਦੀਪ ਸਿੰਘ, ਧਰਮ ਸਿੰਘ, ਗੁੱਡੀ, ਕਸ਼ਮੀਰ ਸਿੰਘ, ਸੁਖਵਿੰਦਰ ਸਿੰਘ ਆਦਿ ਹਾਜ਼ਰ ਰਹੇ।

# ਪਲਾਸਟਿਕ ਦੇ ਨੋਟ

ਭਾਰਤੀ ਰਿਜ਼ਰਵ ਬੈਂਕ (ਆਰ ਬੀ ਆਈ) ਨੇ ਪਲਾਸਟਿਕ ਨੋਟ ਛਾਪਣ ਲਈ ਲੋੜੀਂਦੀਆਂ ਓਪੈਸੀਫਾਈਡ ਪੌਲੀਮਰ ਸਬਸਟਰੇਟ ਸ਼ੀਟਾਂ ਦੀ ਸਪਲਾਈ ਕਰਨ ਵਾਲੀਆਂ ਕੰਪਨੀਆਂ ਤੋਂ ਗਲੋਬਲ ਟੈਂਡਰ ਮੰਗੇ ਹਨ। ਇਸ ਤੋਂ ਪਤਾ ਲਗਦਾ ਹੈ ਕਿ ਭਾਰਤ ਭਵਿੱਖ ਵਿੱਚ ਕਾਗਜ਼ੀ ਨੋਟਾਂ ਨੂੰ ਪੌਲੀਮਰ ਜਾਂ ਪਲਾਸਟਿਕ ਨੋਟਾਂ ਨਾਲ ਬਦਲਣ ਵੱਲ ਵਧ ਸਕਦਾ ਹੈ। ਹਾਲਾਂਕਿ ਆਰ ਬੀ ਆਈ ਜਾਂ ਕੇਂਦਰ ਸਰਕਾਰ ਨੇ ਅਜੇ ਤੱਕ ਅਧਿਕਾਰਤ ਤੌਰ 'ਤੇ ਐਲਾਨ ਨਹੀਂ ਕੀਤਾ ਕਿ ਪਲਾਸਟਿਕ ਨੋਟ ਕਦੋਂ ਜਾਰੀ ਕੀਤੇ ਜਾਣਗੇ। ਟੈਂਡਰ ਜਾਰੀ ਹੋਣ ਤੋਂ ਬਾਅਦ ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ ਨੇ ਪੁੱਛਿਆ ਹੈ ਕਿ ਕੀ ਭ੍ਰਿਸ਼ਟ ਭਾਜਪਾ ਸ਼ਾਸਨ ਦੌਰਾਨ ਕਰੰਸੀ ਦਾ ਨਿੱਜੀਕਰਨ ਵੀ ਹੋ ਜਾਵੇਗਾ? ਦੇਸ਼ ਦੇ ਲੋਕਾਂ ਨੇ ਕਦੇ ਸੋਚਿਆ ਵੀ ਨਹੀਂ ਸੀ ਕਿ ਕਮਿਸ਼ਨ ਲੈਣ ਦਾ ਮਾਡਲ ਏਨਾ ਹੇਠਾਂ ਡਿਗ ਜਾਵੇਗਾ। ਜਦੋਂ ਦੇਸ਼ ਦੀ ਕਰੰਸੀ ਖੁਦ ਸਵੈ-ਨਿਰਭਰ ਨਹੀਂ ਹੈ, ਤਾਂ ਅਰਥਵਿਵਸਥਾ ਅਤੇ ਦੇਸ਼ ਸਵੈ-ਨਿਰਭਰ ਕਿਵੇਂ ਹੋਵੇਗਾ? ਕੀ ਹੁਣ ਸਰਕਾਰ ਨੂੰ ਵੀ ਆਊਟਸੋਰਸ ਕੀਤਾ ਜਾਵੇਗਾ? ਕੀ ਏਨੇ ਵੱਡੇ ਅਤੇ ਸੰਵੇਦਨਸ਼ੀਲ ਕੰਮ ਲਈ ਏਨਾ ਛੋਟਾ, ਕੰਜੂਸ ਟੈਂਡਰ ਜਾਰੀ ਕਰਨ ਪਿੱਛੇ ਕੋਈ ਗਲਤ ਇਰਾਦਾ ਹੈ, ਤਾਂ ਜੋ ਗੁਪਤ ਰੂਪ ਵਿੱਚ ਇੱਕ ਰਸਮੀ ਕਾਰਵਾਈ ਪੂਰੀ ਕੀਤੀ ਜਾ ਸਕੇ? ਅਜਿਹਾ ਲਗਦਾ ਹੈ ਕਿ ਪ੍ਰਬੰਧ ਪਹਿਲਾਂ ਹੀ ਕੀਤਾ ਜਾ ਚੁੱਕਾ ਹੈ ਅਤੇ ਇੱਕ ਨਕਾਬ ਰੱਖਿਆ ਜਾ ਰਿਹਾ ਹੈ। ਭਾਜਪਾ ਸਰਕਾਰ ਨਹੀਂ ਹੈ; ਇਹ ਮੁਨਾਫ਼ਾਖੋਰਾਂ ਦੀ ਭਾਈਵਾਲ ਹੈ।

ਭਾਰਤ ਵਿੱਚ ਇਸ ਵੇਲੇ ਪ੍ਰਚੱਲਤ ਬੈਂਕ ਨੋਟ ਮੁੱਖ ਤੌਰ 'ਤੇ ਕਪਾਹ ਤੋਂ ਬਣੇ ਵਿਸ਼ੇਸ਼ ਕਾਗਜ਼ 'ਤੇ ਛਾਪੇ ਜਾਂਦੇ ਹਨ। ਇਸ ਦੇ ਉਲਟ, ਪਲਾਸਟਿਕ ਜਾਂ ਪੌਲੀਮਰ ਨੋਟ ਵਿਸ਼ੇਸ਼ ਸਿੰਥੈਟਿਕ ਪਲਾਸਟਿਕ ਸਮੱਗਰੀ ਤੋਂ ਬਣਾਏ ਜਾਂਦੇ ਹਨ। ਦੇਖਣ ਤੇ ਛੂਹਣ ਵਿੱਚ ਇਹ ਆਮ ਨੋਟਾਂ ਵਰਗੇ ਹੁੰਦੇ ਹਨ, ਪਰ ਇਨ੍ਹਾਂ ਵਿੱਚ ਆਧੁਨਿਕ ਸੁਰੱਖਿਆ ਤਕਨਾਲੋਜੀਆਂ ਦੀ ਵਰਤੋਂ ਕੀਤੀ ਜਾ ਸਕਦੀ ਹੈ। ਪੌਲੀਮਰ ਨੋਟ ਜ਼ਿਆਦਾ ਟਿਕਾਊ ਹੁੰਦੇ ਹਨ। ਕਾਗਜ਼ ਦੇ ਨੋਟ ਫਟ ਜਾਂਦੇ ਹਨ, ਗਿੱਲੇ ਹੋ ਜਾਂਦੇ ਹਨ ਅਤੇ ਆਸਾਨੀ ਨਾਲ ਘਿਸ ਜਾਂਦੇ ਹਨ। ਦੂਜੇ ਪਾਸੇ, ਪਲਾਸਟਿਕ ਦੇ ਨੋਟ ਪਾਣੀ-ਰੋਧਕ ਹੁੰਦੇ ਹਨ ਅਤੇ ਲੰਬੇ ਸਮੇਂ ਤੱਕ ਚੱਲਦੇ ਹਨ, ਜਿਸ ਨਾਲ ਨਵੇਂ ਨੋਟਾਂ ਨੂੰ ਵਾਰ-ਵਾਰ ਛਾਪਣ ਦੀ ਜ਼ਰੂਰਤ ਘਟ ਜਾਂਦੀ ਹੈ। ਇਹ ਛਪਾਈ ਦੀ ਲਾਗਤ ਨੂੰ ਵੀ ਘਟਾ ਸਕਦਾ ਹੈ।

ਪਲਾਸਟਿਕ ਨੋਟਾਂ ਵਿੱਚ ਕਈ ਆਧੁਨਿਕ ਸੁਰੱਖਿਆ ਵਿਸ਼ੇਸ਼ਤਾਵਾਂ ਹੁੰਦੀਆਂ ਹਨ, ਜਿਵੇਂ ਕਿ ਪਾਰਦਰਸ਼ੀ ਵਿੰਡੋ, ਐਡਵਾਂਸ ਹੋਲੋਗ੍ਰਾਮ, ਵਿਸ਼ੇਸ਼ ਸੁਰੱਖਿਆ ਪਰਤਾਂ ਅਤੇ ਮਾਈਕ੍ਰੋਪ੍ਰਿੰਟਿੰਗ। ਇਨ੍ਹਾਂ ਦੀ ਨਕਲ ਕਰਨਾ ਰਵਾਇਤੀ ਕਾਗਜ਼ੀ ਨੋਟਾਂ ਨਾਲੋਂ ਬਹੁਤ ਜ਼ਿਆਦਾ ਮੁਸ਼ਕਲ ਮੰਨਿਆ ਜਾਂਦਾ ਹੈ। ਆਸਟ੍ਰੇਲੀਆ, ਕੈਨੇਡਾ, ਨਿਊਜ਼ੀਲੈਂਡ, ਯੂ ਕੇ, ਸਿੰਗਾਪੁਰ, ਮਲੇਸ਼ੀਆ, ਵੀਅਤਨਾਮ ਅਤੇ ਕਈ ਹੋਰ ਦੇਸ਼ਾਂ ਵਿੱਚ ਇਹ ਚੱਲ ਵੀ ਰਹੇ ਹਨ। ਭਾਰਤ ਵਿੱਚ ਪੌਲੀਮਰ ਨੋਟਾਂ ਬਾਰੇ ਚਰਚਾ ਕੋਈ ਨਵੀਂ ਗੱਲ ਨਹੀਂ। ਲੱਗਭੱਗ ਇੱਕ ਦਹਾਕਾ ਪਹਿਲਾਂ ਸਰਕਾਰ ਅਤੇ ਆਰ ਬੀ ਆਈ ਨੇ ਸੀਮਤ ਪੈਮਾਨੇ 'ਤੇ ਪਲਾਸਟਿਕ ਨੋਟਾਂ ਦਾ ਤਜਰਬਾ ਕੀਤਾ ਸੀ, ਪਰ ਵੱਡੇ ਪੱਧਰ 'ਤੇ ਸਫਲ ਨਹੀਂ ਹੋ ਸਕਿਆ। ਹੁਣ ਨਵੇਂ ਟੈਂਡਰ ਦੇ ਨਾਲ ਇਹ ਮੰਨਿਆ ਜਾ ਰਿਹਾ ਹੈ ਕਿ ਆਰ ਬੀ ਆਈ ਇੱਕ ਵਾਰ ਫਿਰ ਇਸ ਦਿਸ਼ਾ ਵਿੱਚ ਅੱਗੇ ਵਧ ਰਹੀ ਹੈ। ਹਾਲੇ ਆਰ ਬੀ ਆਈ ਨੇ ਪੌਲੀਮਰ ਸਬਸਟਰੇਟ ਦੀ ਸਪਲਾਈ ਲਈ ਸਿਰਫ ਟੈਂਡਰ ਜਾਰੀ ਕੀਤਾ ਹੈ। ਇਹ ਸਪੱਸ਼ਟ ਨਹੀਂ ਕੀਤਾ ਗਿਆ ਕਿ ਪਲਾਸਟਿਕ ਦੇ ਨੋਟ ਕਦੋਂ ਜਾਰੀ ਕੀਤੇ ਜਾਣਗੇ, ਕਿੰਨੇ ਮੁੱਲ ਵਰਗਾਂ ਵਿੱਚ ਆਉਣਗੇ ਅਤੇ ਇਨ੍ਹਾਂ ਦੀ ਵਰਤੋਂ ਕਿਹੜੇ ਪੜਾਵ ਵਿੱਚ ਸ਼ੁਰੂ ਹੋਵੇਗੀ। ਹਾਲਾਂਕਿ ਇਸ ਟੈਂਡਰ ਨੇ ਸਿਆਸੀ ਬਹਿਸ ਛੇੜ ਦਿੱਤੀ ਹੈ। ਸੋਸ਼ਲ ਮੀਡੀਆ 'ਤੇ ਵੀ ਵੱਖ-ਵੱਖ ਪ੍ਰਤੀਕਿਰਿਆਵਾਂ ਦੇਖਣ ਨੂੰ ਮਿਲ ਰਹੀਆਂ ਹਨ। ਕੁਝ ਉਪਭੋਗਤਾ ਇਸ ਨੂੰ ਇੱਕ ਬਹੁਤ ਵਧੀਆ ਪਹਿਲਕਦਮੀ ਵਜੋਂ ਸ਼ਲਾਘਾ ਕਰ ਰਹੇ ਹਨ, ਨੋਟਾਂ ਦੇ ਟਿਕਾਊਪਣ ਅਤੇ ਸੁਰੱਖਿਆ ਦਾ ਹਵਾਲਾ ਦੇ ਰਹੇ ਹਨ, ਜਦੋਂ ਕਿ ਦੂਸਰੇ ਇਸ ਦੇ ਪਿੱਛੇ ਇੱਕ ਸਾਜ਼ਿਸ਼ ਵੇਖ ਰਹੇ ਹਨ। ਸੰਤੋਸ਼ ਪਾਠਕ ਨਾਂਅ ਦੇ ਇੱਕ ਉਪਭੋਗਤਾ ਨੇ ਲਿਖਿਆ, "ਨੋਟਬੰਦੀ ਵਾਂਗ, ਮੋਦੀ ਸਰਕਾਰ ਅਤੇ ਆਰ ਬੀ ਆਈ ਇੱਕ ਵਾਰ ਫਿਰ ਦੇਸ਼ ਦੀ ਆਰਥਿਕਤਾ ਨਾਲ ਇੱਕ ਵੱਡਾ ਜੂਆ ਖੇਡ ਰਹੇ ਹਨ। ਇਹ ਦਲੀਲ ਵਾਰ-ਵਾਰ ਦੁਹਰਾਅ ਕੇ (ਕਿ ਨਕਲੀ ਨੋਟ ਨਹੀਂ ਬਣਾਏ ਜਾ ਸਕਦੇ), ਉਹ ਆਮ ਜਨਤਾ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਮੈਨੂੰ ਹੈਰਾਨੀ ਹੈ ਕਿ ਲੋਕ ਆਪਣੀਆਂ ਜੇਬਾਂ ਜਾਂ ਪਰਸਾਂ ਵਿੱਚ ਪਲਾਸਟਿਕ ਦੇ ਨੋਟ ਕਿਵੇਂ ਰੱਖ ਸਕਣਗੇ?" ਜਦੋਂ ਕਿ ਸਰਕਾਰ ਇਸ ਨੂੰ ਬੈਂਕ ਨੋਟਾਂ ਦੀ ਸੁਰੱਖਿਆ ਅਤੇ ਟਿਕਾਊਪਣ ਵਧਾਉਣ ਵੱਲ ਇੱਕ ਸੰਭਾਵੀ ਕਦਮ ਵਜੋਂ ਵਿਚਾਰ ਰਹੀ ਹੈ, ਵਿਰੋਧੀ ਧਿਰ ਦੇ ਨੇਤਾ ਅਤੇ ਸੋਸ਼ਲ ਮੀਡੀਆ ਉਪਭੋਗਤਾ ਇਸ ਨੂੰ ਨਿੱਜੀਕਰਨ ਅਤੇ ਪਾਰਦਰਸ਼ਤਾ ਦੇ ਮੁੱਦਿਆਂ ਨਾਲ ਜੋੜ ਰਹੇ ਹਨ। ਪੂਰੀ ਤਸਵੀਰ ਨੇੜ-ਭਵਿੱਖ ਵਿੱਚ ਆਰ ਬੀ ਆਈ ਅਤੇ ਕੇਂਦਰ ਸਰਕਾਰ ਦੇ ਅਧਿਕਾਰਤ ਐਲਾਨਾਂ ਤੋਂ ਬਾਅਦ ਹੀ ਸਪੱਸ਼ਟ ਹੋਵੇਗੀ।

## ਨਸ਼ਾ-ਮੁਕਤ ਪੰਜਾਬ : ਸਿਰਫ਼ ਮੁਹਿੰਮ ਨਹੀਂ, ਸਾਂਝਾ ਸੰਕਲਪ

ਪੰਜਾਬ ਨੂੰ ਮਿਹਨਤ, ਹਿੰਮਤ ਅਤੇ ਇਨਸਾਨੀ ਕਦਰਾਂ-ਕੀਮਤਾਂ ਦੀ ਧਰਤੀ ਵਜੋਂ ਜਾਣਿਆ ਜਾਂਦਾ ਹੈ। ਇਸ ਧਰਤੀ ਨੇ ਦੇਸ਼ ਨੂੰ ਅੰਨ, ਬਹਾਦਰ ਸੈਨਿਕ ਅਤੇ ਅਨੇਕ ਮਹਾਨ ਸ਼ਖ਼ਸੀਅਤਾਂ ਦਿੱਤੀਆਂ ਹਨ। ਪਰ ਅੱਜ ਪੰਜਾਬ ਇੱਕ ਅਜਿਹੀ ਚੁਣੌਤੀ ਦਾ ਸਾਹਮਣਾ ਕਰ ਰਿਹਾ ਹੈ, ਜੋ ਸਿਰਫ਼ ਇੱਕ ਵਿਅਕਤੀ ਜਾਂ ਇੱਕ ਪਰਵਾਰ ਤੱਕ ਸੀਮਿਤ ਨਹੀਂ, ਸਗੋਂ ਪੂਰੇ ਸਮਾਜ ਦੇ ਭਵਿੱਖ ਨਾਲ ਜੁੜੀ ਹੋਈ ਹੈ। ਇਹ ਚੁਣੌਤੀ ਹੈ—ਨਸ਼ਿਆਂ ਦਾ ਵਧਦਾ ਪ੍ਰਭਾਵ।

ਨਸ਼ਾ ਕਿਸੇ ਵੀ ਸਮਾਜ ਨੂੰ ਅੰਦਰੋਂ ਕਮਜ਼ੋਰ ਕਰ ਦਿੰਦਾ ਹੈ। ਇਹ ਮਨੁੱਖ ਦੀ ਸਿਹਤ, ਸੋਚ, ਪਰਵਾਰਕ ਰਿਸ਼ਤਿਆਂ ਅਤੇ ਸਮਾਜਿਕ ਜ਼ਿੰਮੇਵਾਰੀਆਂ 'ਤੇ ਡੂੰਘਾ ਅਸਰ ਪਾਉਂਦਾ ਹੈ। ਸਭ ਤੋਂ ਵੱਧ ਚਿੰਤਾ ਦੀ ਗੱਲ ਇਹ ਹੈ ਕਿ ਇਸ ਦਾ ਪ੍ਰਭਾਵ ਨੌਜਵਾਨ ਪੀੜ੍ਹੀ 'ਤੇ ਪੈ ਰਿਹਾ ਹੈ। ਜਿਨ੍ਹਾਂ ਹੱਥਾਂ ਵਿੱਚ ਕਿਤਾਬਾਂ, ਹੁਨਰ ਅਤੇ ਨਵੇਂ ਸੁਪਨੇ ਹੋਣੇ ਚਾਹੀਦੇ ਹਨ, ਉਹ ਜੇਕਰ ਨਸ਼ਿਆਂ ਵੱਲ ਮੁੜ ਜਾਣ, ਤਾਂ ਕਿਸੇ ਵੀ ਸਮਾਜ ਦਾ ਭਵਿੱਖ ਖ਼ਤਰੇ ਵਿੱਚ ਪੈ ਜਾਂਦਾ ਹੈ।ਇਹ ਸੱਚ ਹੈ ਕਿ ਨਸ਼ਿਆਂ ਦੀ ਸਮੱਸਿਆ ਦਾ ਹੱਲ ਸਿਰਫ਼ ਸਖ਼ਤ ਕਾਨੂੰਨਾਂ ਨਾਲ ਨਹੀਂ ਹੋ ਸਕਦਾ। ਇਸ ਲਈ ਜਾਗਰੂਕਤਾ, ਸਿੱਖਿਆ, ਰੁਜ਼ਗਾਰ ਦੇ ਮੌਕੇ ਅਤੇ ਪਰਿਵਾਰਕ ਸਹਿਯੋਗ ਦੀ ਵੀ ਓਨੀ ਹੀ ਲੋੜ ਹੈ। ਮਾਪਿਆਂ ਨੂੰ ਆਪਣੇ ਬੱਚਿਆਂ ਨਾਲ ਖੁਲ੍ਹ ਕੇ ਗੱਲ ਕਰਨੀ ਚਾਹੀਦੀ ਹੈ, ਅਧਿਆਪਕਾਂ ਨੂੰ ਵਿਦਿਆਰਥੀਆਂ ਵਿੱਚ ਚੰਗੇ ਚਰਿੱਤਰ ਅਤੇ ਜੀਵਨ-ਮੁੱਲਾਂ ਦਾ ਵਿਕਾਸ ਕਰਨਾ ਚਾਹੀਦਾ ਹੈ ਅਤੇ ਸਮਾਜ ਨੂੰ ਅਜਿਹਾ ਮਾਹੌਲ ਤਿਆਰ ਕਰਨਾ ਚਾਹੀਦਾ ਹੈ ਜਿੱਥੇ ਨੌਜਵਾਨ ਆਪਣੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਲਗਾ ਸਕਣ।

ਅੱਜ ਦਾ ਨੌਜਵਾਨ ਕੇਵਲ ਆਪਣੇ ਪਰਵਾਰ ਦੀ ਹੀ ਨਹੀਂ, ਸਗੋਂ ਪੂਰੇ ਸਮਾਜ ਦੀ ਉਮੀਦ ਹੈ। ਜੇਕਰ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਸਿੱਖਿਆ, ਹੁਨਰ, ਖੇਡਾਂ ਅਤੇ ਸਮਾਜ ਸੇਵਾ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਏ, ਤਾਂ ਉਹ ਆਪਣੇ ਨਾਲ-ਨਾਲ ਹੋਰਾਂ ਲਈ ਵੀ ਪ੍ਰੇਰਨਾ ਬਣ ਸਕਦਾ ਹੈ। ਇੱਕ ਜਾਗਰੂਕ ਨੌਜਵਾਨ ਦਸ ਹੋਰ ਨੌਜਵਾਨਾਂ ਦੀ ਸੋਚ ਬਦਲ ਸਕਦਾ ਹੈ।ਸਾਨੂੰ ਇਹ ਵੀ ਸਮਝਣਾ ਹੋਵੇਗਾ ਕਿ ਨਸ਼ਿਆਂ ਵਿਰੁੱਧ ਲੜਾਈ ਕਿਸੇ ਇੱਕ ਵਿਭਾਗ ਜਾਂ ਸੰਸਥਾ ਦੀ ਨਹੀਂ, ਸਗੋਂ ਪੂਰੇ ਸਮਾਜ ਦੀ ਲੜਾਈ ਹੈ। ਜਦੋਂ ਸਰਕਾਰ, ਪਰਵਾਰ, ਸਕੂਲ, ਸਮਾਜਿਕ ਸੰਸਥਾਵਾਂ ਅਤੇ ਨੌਜਵਾਨ ਇੱਕੋ ਮਕਸਦ ਨਾਲ ਅੱਗੇ ਵਧਣਗੇ, ਤਦੋਂ ਹੀ ਅਸਲ ਬਦਲਾਅ ਸੰਭਵ ਹੋਵੇਗਾ।

ਅੱਜ ਲੋੜ ਸਿਰਫ਼ ਨਸ਼ਿਆਂ ਨੂੰ 'ਨਾਂਹ' ਕਹਿਣ ਦੀ ਨਹੀਂ, ਸਗੋਂ ਇੱਕ ਅਜਿਹੀ ਸੋਚ ਅਪਣਾਉਣ ਦੀ ਹੈ ਜੋ ਜੀਵਨ ਨੂੰ ਮਕਸਦ, ਅਨੁਸ਼ਾਸਨ ਅਤੇ ਜ਼ਿੰਮੇਵਾਰੀ ਨਾਲ ਜੋੜੇ। ਨਸ਼ਾ-ਮੁਕਤ ਪੰਜਾਬ ਕੋਈ ਅਸੰਭਵ ਸੁਪਨਾ ਨਹੀਂ। ਇਹ ਇੱਕ ਅਜਿਹਾ ਟੀਚਾ ਹੈ, ਜਿਸ ਨੂੰ ਅਸੀਂ ਸਾਂਝੇ ਯਤਨਾਂ, ਪੱਕੇ ਇਰਾਦਿਆਂ ਅਤੇ ਜਾਗਰੂਕ ਨੌਜਵਾਨਾਂ ਦੀ ਤਾਕਤ ਨਾਲ ਹਾਸਲ ਕਰ ਸਕਦੇ ਹਾਂ।ਜਦੋਂ ਨੌਜਵਾਨ ਆਪਣੇ ਭਵਿੱਖ ਨੂੰ ਨਸ਼ਿਆਂ ਤੋਂ ਉੱਪਰ ਰੱਖਣਗੇ, ਉਦੋਂ ਹੀ ਪੰਜਾਬ ਦਾ ਭਵਿੱਖ ਸੱਚਮੁੱਚ ਰੌਸ਼ਨ ਹੋਵੇਗਾ।

-ਕੁਲਬੀਰ ਸ਼ਰਮਾ, ਪਿੰਡ ਅਤੇ ਡਾਕ: ਝਬੇਲਵਾਲੀ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਪੰਜਾਬ

# ਸਾਹਿਤ ਜਗਤ ਦਾ ਚਮਕਦਾ ਸਿਤਾਰਾ ਅਲੋਪ ਹੋ ਗਿਆ

**ਰਜਿੰਦਰ ਪਾਲ ਕੌਰ**



ਚੌਦਾਂ ਜੁਲਾਈ ਮੰਗਲਵਾਰ ਵਾਲੇ ਦਿਨ ਇਹ ਖਬਰ ਮੈਨੂੰ ਡਾਕਟਰ ਇਕਬਾਲ ਕੌਰ ਜੀ ਦੇ ਘਰੋਂ ਦਿਲਰਾਜ (ਦਿਲਰਾਜ ਨੂੰ ਉਹ ਪੁੱਤਰਾਂ ਵਾਂਗ ਪਿਆਰ ਕਰਦੇ ਸਨ) ਨੇ ਜਦੋਂ ਦਿੱਤੀ ਤਾਂ ਮੈਂ ਬੈਂਕ ਵਿੱਚ ਕਿਸੇ ਕੰਮ ਗਈ ਹੋਈ ਸੀ, ਉਸ ਤੋਂ ਇਕਦਮ ਬਾਅਦ ਨਾਰੀ ਚੇਤਨਾ ਮੰਚ ਦੇ ਪ੍ਰਧਾਨ ਭੈਣ ਜੀ ਬਲਜਿੰਦਰ ਕੌਰ ਦਾ ਫੋਨ ਆ ਗਿਆ।ਮੈਂ ਕਿਹਾ, ਭੈਣ ਜੀ ਬਾਅਦ 'ਚ ਫੋਨ ਕਰਦੀ ਹਾਂ ਕਿਉਂਕਿ ਉਸ ਵੇਲੇ ਮੈਨੂੰ ਕੁਝ ਸਮਝ ਨਹੀਂ ਸੀ ਆ ਰਿਹਾ, ਮੈਨੂੰ ਲੱਗ ਰਿਹਾ ਸੀ ਜਿਵੇਂ ਅਸੀਂ ਸਾਰੇ ਲੋਕ ਜਿਹੜੇ ਉਹਨਾਂ ਨਾਲ ਜੁੜੇ ਹੋਏ ਯਤੀਮ ਹੋ ਗਏ ਹਾਂ।

ਭੈਣ ਜੀ ਇਕਬਾਲ ਦਾ ਜਨਮ ਦੋ ਅਪ੍ਰੈਲ 1939 ਨੂੰ ਉੱਘੇ ਸਮਾਜ ਸੇਵਕ ਕਾਮਰੇਡ ਗਹਿਲ ਸਿੰਘ ਅਤੇ ਮਾਤਾ ਹਰਨਾਮ ਕੌਰ ਦੀ ਕੁੱਖੋਂ ਪਿੰਡ ਛੱਜਲਵੱਡੀ ਵਿਖੇ ਹੋਇਆ।ਉਹ ਛੇ ਭੈਣਾਂ ਅਤੇ ਇੱਕ ਭਰਾ ਸਨ। ਕਾਮਰੇਡ ਗਹਿਲ ਸਿੰਘ ਜੀ ਕਿਉਂਕਿ ਚੇਤਨ ਖਿਆਲ ਸਨ, ਇਸ ਕਰਕੇ ਉਹਨਾਂ ਨੇ ਆਪਣੀਆਂ ਬੱਚੀਆਂ ਦੀ ਪੜ੍ਹਾਈ ਵੱਲ ਖਾਸ ਧਿਆਨ ਦਿੱਤਾ, ਪਰੰਤੂ 1947 ਵਿੱਚ ਵੰਡ ਦੇ ਦੁਖਾਂਤ ਸਮੇਂ ਉਹ ਜਦੋਂ ਪੀੜਤ ਮੁਸਲਿਮ ਭੈਣ-ਭਰਾਵਾਂ ਦੀ ਮਦਦ ਕਰ ਰਹੇ ਸਨ ਤਾਂ ਕੁਝ ਫਿਰਕੂ ਲੋਕਾਂ ਨੂੰ ਇਹ ਗੱਲ ਚੰਗੀ ਨਾ ਲੱਗੀ ਅਤੇ ਉਹਨਾਂ ਨੂੰ ਸ਼ਹੀਦ ਕਰ ਦਿੱਤਾ ਗਿਆ।ਬਾਅਦ ਵਿੱਚ ਉਹਨਾਂ ਦੇ ਮਾਤਾ ਜੀ ਨੇ ਸਾਰੀਆਂ ਜ਼ਿੰਮੇਵਾਰੀਆਂ ਆਪਣੇ ਸਿਰ ਚੁੱਕ ਲਈਆਂ।ਇਸ ਤਰਾਂ ਭੈਣ ਜੀ ਨੂੰ ਅਗਾਂਹਵਧੂ ਸੋਚ ਵਿਰਸੇ ਵਿੱਚ ਮਿਲੀ।

ਭੈਣ ਜੀ ਇਕਬਾਲ ਦੇ ਵੱਡੇ ਭੈਣ ਜੀ ਬਲਵੰਤ ਜਿਹਨਾਂ ਨੂੰ ਅਸੀਂ ਬੀਬੀ ਬੀਰ ਕਲਸੀ ਕਰਕੇ ਜਾਣਦੇ ਹਾਂ, ਪੰਜਾਬ ਇਸਤਰੀ ਸਭਾ ਦੇ ਧੜੱਲੇਦਾਰ ਸੂਬਾਈ ਆਗੂ ਸਨ।ਉਹਨਾਂ ਦਾ ਪੂਰਾ ਜੀਵਨ ਇੱਕ ਸੰਘਰਸ਼ ਸੀ।ਉਹ ਸ਼ਹਿਜ਼ਾਦਾ ਨੰਦ ਕਾਲਜ ਵਿੱਚ ਨੌਕਰੀ ਕਰਦੇ ਸਨ ਤਾਂ ਉਹਨਾਂ ਨੇ ਬਹੁਤ ਸਾਰੀਆਂ ਬੱਚੀਆਂ ਨੂੰ ਜਿਹੜੀਆਂ ਕਿ ਪੜ੍ਹਾਈ ਤੋਂ ਵਿਰਵੀਆਂ ਰਹਿ ਗਈਆਂ ਸਨ, ਪੜ੍ਹਨ ਲਈ ਉਤਸ਼ਾਹਿਤ ਕੀਤਾ ਅਤੇ ਆਪਣੇ ਕੋਲ ਪੜ੍ਹਨ ਲਈ ਸੱਦਿਆ।ਭਾਵੇਂ ਆਪਣੇ ਆਰਥਿਕ ਸਾਧਨ ਬਹੁਤ ਘੱਟ ਸਨ, ਫਿਰ ਵੀ ਕਿਸੇ ਨਾ ਕਿਸੇ ਤਰ੍ਹਾਂ ਉਹਨਾਂ ਬਹੁਤ ਸਾਰੀਆਂ ਬੱਚੀਆਂ ਨੂੰ ਪੜ੍ਹਾਇਆ। ਇੱਥੇ ਭੈਣ ਜੀ ਇਕਬਾਲ ਵੀ ਇਹਨਾਂ ਕੋਲ ਪੜ੍ਹਦੇ ਰਹੇ।ਬਾਅਦ ਵਿੱਚ ਭੈਣ ਜੀ ਬੀਰ ਕਲਸੀ ਨੇ ਆਪਣੇ ਪਾਪਾ ਦੇ ਨਾਂਅ 'ਤੇ ਛੱਜਲਵੱਡੀ ਵਿਖੇ ਇੱਕ ਸਕੂਲ ਚਲਾਇਆ, ਜਿੱਥੋਂ ਕਿ ਸੈਂਕੜੇ ਲੜਕੀਆਂ ਵਿੱਦਿਆ ਪ੍ਰਾਪਤ ਕਰਕੇ ਬਹੁਤ ਉੱਚੇ ਅਹੁਦਿਆਂ ਤੇ ਪਹੁੰਚੀਆਂ। ਇਸ ਸਕੂਲ ਵਿੱਚ ਭੈਣ ਜੀ ਇਕਬਾਲ ਸੇਵਾ ਕਰਦੇ ਰਹੇ।

ਇੱਥੇ ਹੀ ਇਹਨਾਂ ਦੀ ਮੁਲਾਕਾਤ ਸਰਦਾਰ ਨਰੋਤਮ ਸਿੰਘ ਜੀ ਨਾਲ ਹੋਈ, ਜੋ ਕਿ ਬਹੁਤ ਗੁਣੀ-ਗਿਆਨੀ ਅਤੇ ਵਧੀਆ ਸੁਭਾਅ ਦੇ ਮਾਲਕ ਸਨ।ਇਹਨਾਂ ਦਾ ਆਪਸ ਵਿੱਚ ਰਿਸ਼ਤਾ ਤੈਅ ਹੋ ਗਿਆ।ਇਹ ਇਕ ਮਿਸਾਲੀ ਜੋੜੀ ਸੀ।ਸਰਦਾਰ ਨਰੋਤਮ ਸਿੰਘ ਜੀ ਨੇ ਭੈਣ ਜੀ ਇਕਬਾਲ ਦੀ ਪੜ੍ਹਨ ਵਿਚ ਬਹੁਤ ਮਦਦ ਕੀਤੀ। ਭੈਣ ਜੀ ਨੇ ਬੀ.ਐੱਡ ਕਰਕੇ ਐੱਮ.ਏ. ਕੀਤੀ ਅਤੇ ਫਿਰ ਪੀ ਐੱਚ ਡੀ ਕੀਤੀ, ਭੈਣ ਜੀ ਇਕਬਾਲ ਦੇ ਤਿੰਨ ਬੱਚੇ ਹਨ।ਭੈਣ ਜੀ ਮਿਹਨਤ ਕਰਦੇ ਹੋਏ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਪ੍ਰੋਫੈਸਰ ਦੇ ਅਹੁਦੇ 'ਤੇ ਪਹੁੰਚ ਗਏ ਅਤੇ ਉਹਨਾਂ ਨੂੰ ਯੂਨੀਵਰਸਿਟੀ ਵਿੱਚ ਭਗਤ ਨਾਮ ਦੇਵ ਚੇਅਰ ਦੇ ਚੇਅਰਪਰਸਨ ਰਹਿਣ ਦਾ ਵੀ ਮਾਣ ਪ੍ਰਾਪਤ ਹੋਇਆ।

ਪ੍ਰੋ. ਪ੍ਰੇਮ ਪ੍ਰਕਾਸ਼ ਪੁੰਜ ਭਾਜੀ ਨਰੋਤਮ ਸਿੰਘ ਜੀ ਬਾਰੇ ਲਿਖਦੇ ਹੋਏ ਕਹਿੰਦੇ ਹਨ ਕਿ ਇੱਕ ਵਾਰੀ ਮੈਂ ਉਹਨਾਂ ਦੇ ਘਰ ਜਾ ਕੇ ਆਵਾਜ਼ ਮਾਰੀ ਤਾਂ ਨਰੋਤਮ ਸਿੰਘ ਜੀ ਕਹਿੰਦੇ, ਮੈਂ ਨਰਸਰੀ ਡਿਪਾਰਟਮੈਂਟ ਵਿੱਚ ਹਾਂ।ਮੇਰੀ ਸਮਝ ਵਿੱਚ ਕੁਝ ਨਾ ਆਇਆ ਤਾਂ ਉਹਨਾਂ ਨੇ ਕਿਹਾ ਕਿ ਮੈਂ ਇਸ ਵੇਲੇ ਬੱਚਿਆਂ ਦੀ ਦੇਖਭਾਲ ਕਰ ਰਿਹਾ ਹਾਂ।ਫਿਰ ਇੱਕ ਵਾਰੀ ਉਹਨਾਂ ਦੇ ਘਰ ਗਿਆ ਤਾਂ ਉਹਨਾਂ ਨੇ ਆਵਾਜ਼ ਦਿੱਤੀ ਮੈਂ ਲਾਂਡਰੀ ਵਿੱਚ ਹਾਂ, ਇਧਰ ਹੀ ਆ ਜਾਓ, ਇਸ ਤੋਂ ਪਤਾ ਲੱਗਦਾ ਹੈ ਕਿ ਇੱਕ ਤਾਂ ਉਹ ਬਹੁਤ ਮਜ਼ਾਕੀਆ ਸਨ, ਦੂਜਾ ਉਹਨਾਂ ਦੀ ਆਪਣੀ ਜੀਵਨ ਸਾਥਣ ਨਾਲ ਇੰਨੀ ਸਾਂਝ ਸੀ ਕਿ ਉਹ ਉਹਨਾਂ ਦੀ ਤਰੱਕੀ ਵਾਸਤੇ ਘਰ ਦੇ ਕੰਮਾਂ ਵਿੱਚ ਉਹਨਾਂ ਦਾ ਬਹੁਤ ਸਾਥ ਦਿੰਦੇ ਸਨ।

ਨਾਰੀ ਚੇਤਨਾ ਮੰਚ ਵਿੱਚ ਕੰਮ ਕਰਦਿਆਂ ਕਈਆਂ ਨਾਲ ਮੇਰੇ ਦੋਸਤਾਨਾ ਸੰਬੰਧ ਹਨ। ਉਹ ਸਾਰੇ ਭੈਣ ਜੀ ਦੀ ਗੁਰੂਆਂ ਵਾਂਗ ਇੱਜ਼ਤ ਕਰਦੇ ਸਨ। ਉਹ ਸਾਰੇ ਭੈਣ ਜੀ ਨੂੰ ਮਿਲਣ ਆਉਂਦੇ ਰਹਿੰਦੇ ਅਤੇ ਪ੍ਰੋਫੈਸਰ ਬਲਜਿੰਦਰ ਕੌਰ ਤਾਂ ਅਕਸਰ ਹੀ ਮਿਲਣ ਆ ਜਾਂਦੇ ਸਨ।ਇੰਦਰਾ ਵਿਰਕ ਨੂੰ ਉਹ ਆਪਣੀ ਬੇਟੀ ਹੀ ਮੰਨਦੇ ਸਨ। ਇਸ ਕਰਕੇ ਇੰਦਰਾ ਵਿਰਕ ਦੇ ਹਰ ਦੁੱਖ-ਸੁੱਖ 'ਤੇ ਉਹ ਬਹੁਤ ਅਧੀਰ ਹੋ ਜਾਂਦੇ ਸਨ। ਇੰਦਰਾ ਦੀ ਕੋਈ ਵੀ ਸਮੱਸਿਆ ਉਹਨਾਂ ਨੂੰ ਪਤਾ ਲੱਗਣੀ, ਉਸੇ ਵੇਲੇ ਉਹਨਾਂ ਨੇ ਮੈਨੂੰ ਫੋਨ ਕਰਨਾ ਤੇ ਫਿਰ ਵਾਰ-ਵਾਰ ਕਰਨਾ ਕਿ ਇਹਦਾ ਹੱਲ ਕੀ ਹੈ। ਜਿਵੇਂ ਇੰਦਰਾ ਨੂੰ ਘਰ ਵਿੱਚ ਮਦਦ ਕਰਨ ਲਈ ਲੜਕੀ ਦੀ ਲੋੜ ਹੁੰਦੀ ਤਾਂ ਭੈਣ ਜੀ ਇਕਬਾਲ ਬਹੁਤ ਚਿੰਤਿਤ ਹੁੰਦੇ ਵਾਰ-ਵਾਰ ਫੋਨ ਕਰਦੇ, ਜਦੋਂ ਤੱਕ ਇਹ ਮਸਲਾ ਹੱਲ ਨਾ ਹੋ ਜਾਂਦਾ।

ਭੈਣ ਜੀ ਇਕਬਾਲ ਕੌਰ ਇੱਕ ਕਮਾਲ ਦੀ ਸ਼ਖਸੀਅਤ ਸਨ। ਉਹਨਾਂ ਨੇ ਬਹੁਤ ਸਾਹਿਤ ਰਚਿਆ। ਗੀਤ, ਕਵਿਤਾ, ਬੋਲੀਆਂ, ਲੇਖ ਆਦਿ ਵਿੱਚ ਬਹੁਤ ਕਿਤਾਬਾਂ ਲਿਖੀਆਂ ਅਤੇ 1947 ਦੀ ਵੰਡ ਦੇ ਦੁਖਾਂਤ ਬਾਰੇ ਉਹਨਾਂ ਦੀ ਕਿਤਾਬ 'ਬੁੱਢੇ ਥੇਹ' ਦੀ ਹੂਕ ਹਰ ਪੜ੍ਹਨ ਵਾਲੇ ਦੇ ਦਿਲ ਵਿੱਚ ਹੂਕ ਪੈਦਾ ਕਰਦੀ ਹੈ। ਉੱਘੇ ਲੇਖਕ ਸਰਦਾਰ ਗੁਰਭਜਨ ਗਿੱਲ ਨੇ ਵਿਚਾਰ ਪ੍ਰਗਟ ਕਰਦੇ ਹਨ ਕਿਹਾ ਕਿ ਲੋਕ ਸਾਹਿਤ ਅਤੇ ਪੰਜਾਬੀ ਸਾਹਿਤ ਖੋਜ ਕਰਨ ਵਾਲੇ ਅਤੇ ਆਪਣੇ ਸੱਭਿਆਚਾਰ ਨੂੰ ਬਚਾਉਣ ਦੀ ਕੋਸ਼ਿਸ਼ ਕਰਨ ਵਾਲੇ ਭੈਣ ਜੀ ਇਕਬਾਲ ਕੌਰ ਪੰਜਾਬੀ ਸਾਹਿਤ ਜਗਤ ਵਿੱਚ ਇੱਕ ਖਿਲਾਅ ਪੈਦਾ ਕਰ ਗਏ ਹਨ। ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਉਪ ਕੁਲਪਤੀ ਕਰਮਜੀਤ ਸਿੰਘ ਜੀ ਸ਼ਰਧਾਂਜਲੀ ਭੇਟ ਕਰਦੇ ਹੋਏ ਕਹਿੰਦੇ ਹਨ ਕਿ ਡਾਕਟਰ ਇਕਬਾਲ ਕੌਰ ਪੰਜਾਬੀ ਸਾਹਿਤ, ਸਿੱਖਿਆ ਅਤੇ ਸਮਾਜਿਕ ਚੇਤਨਾ ਦੇ ਖੇਤਰ ਦੀ ਇੱਕ ਪ੍ਰਮੁੱਖ ਹਸਤੀ ਅਤੇ ਉੱਚ ਕੋਟੀ ਦੇ ਵਿਦਵਾਨ ਸਨ।ਉਹਨਾਂ ਦੇ ਅਕਾਲ ਚਲਾਣੇ ਨਾਲ ਪੰਜਾਬੀ ਸਾਹਿਤਕ ਅਤੇ ਅਕਾਦਮਿਕ ਜਗਤ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

ਭੈਣ ਜੀ ਨੇ ਅਗਾਂਹਵਧੂ ਔਰਤਾਂ ਦੀ ਨਾਰੀ ਚੇਤਨਾ ਮੰਚ ਨਾਂਅ ਦੀ ਸੰਸਥਾ ਦੀ ਸਥਾਪਨਾ ਕੀਤੀ ਤਾਂ ਕਿ ਆਪਣੇ ਵਿਚਾਰਾਂ ਰਾਹੀਂ ਸਭਾ ਔਰਤਾਂ ਨੂੰ ਜਾਗਰੂਕ ਕੀਤਾ ਜਾ ਸਕੇ ਇਸ ਸੰਸਥਾ ਦੇ ਸਾਰੇ ਮੈਂਬਰਾਂ ਦੇ ਨਾਂਅ ਸ਼ਾਇਦ ਮੈਂ ਨਾ ਲੈ ਸਕਾਂ, ਪਰ ਕੁਝ ਖਾਸ ਨਾਂਅ ਜ਼ਰੂਰੀ ਹਨ-ਅਤਰਜੀਤ ਸੂਰੀ ਜਸਬੀਰ ਕੌਰ, ਇੰਦਰਾ ਵਿਰਕ, ਅਰਤਿੰਦਰ ਸੰਧੂ, ਡਾਕਟਰ ਇੰਦਰਾ ਵਿਰਕ, ਜਸਪਾਲ ਭਾਟੀਆ, ਪ੍ਰੋਫੈਸਰ ਬਲਜਿੰਦਰ ਕੌਰ, ਡਾਕਟਰ ਪ੍ਰਭਜੋਤ ਕੌਰ, ਪ੍ਰਿੰਸੀਪਲ ਕੇਵਲ ਸ਼ਰਮਾ ਰਿਤੂ ਗਗਨ, ਪ੍ਰੋਫੈਸਰ ਪੂਨਮ, ਰੀਵਾ ਦਰਿਆ, ਡਾਕਟਰ ਬਲਜੀਤ ਕੌਰ , ਡਾਕਟਰ ਰਾਜਬੀਰ ਗਰੇਵਾਲ , ਪ੍ਰਿੰਸੀਪਲ ਕੁਲਦੀਪ ਕੌਰ ਸ਼ਰਨ ਅਰੋੜਾ, ਰਾਜਵੰਤ ਬਾਜਵਾ, ਸ੍ਰੀਮਤੀ ਮਿਨਹਾਸ, ਸੁਰਿੰਦਰ ਚਾਹਲ ਮਸ਼ਹੂਰ ਡਾਕਟਰ ਸੁਰਿੰਦਰ ਕੌਰ, ਸਤਿੰਦਰ ਸੰਧੂ ਰਣਬੀਰ ਰਾਣਾ, ਜਗੀਰ ਕੌਰ ਬੋਪਾਰਾਏ ਅੰਦਲੀਪ ਔਜਲਾ, ਆਦਿ ਮਹਾਨ ਹਸਤੀਆਂ ਭੈਣ ਜੀ ਇਕਬਾਲ ਜੀ ਦੇ ਪ੍ਰਭਾਵ ਹੇਠ ਹੀ ਨਾਰੀ ਚੇਤਨਾ ਮੰਚ ਆਈਆਂ ਅਤੇ ਕੰਮ ਕੀਤਾ। ਇਹਨਾਂ ਵਿੱਚੋਂ ਕੁਝ ਹਸਤੀਆਂ ਇਸ ਦੁਨੀਆ ਨੂੰ ਛੱਡ ਕੇ ਜਾ ਚੁੱਕੀਆਂ ਹਨ ਅਤੇ ਬਾਕੀ ਅਜੇ ਸਰਗਰਮ ਹਨ।

ਮੈਂ ਭੈਣ ਜੀ ਬੀਰ ਕਲਸੀ ਨਾਲ ਪੰਜਾਬ ਇਸਤਰੀ ਸਭਾ ਵਿੱਚ ਲੰਬੇ ਸਮੇਂ ਤੱਕ ਕੰਮ ਕੀਤਾ ਸੀ, ਪਰੰਤੂ ਭੈਣ ਜੀ ਇਕਬਾਲ ਨਾਲ ਕਦੇ ਕਦੇ ਹੀ ਮਿਲਣ ਹੁੰਦਾ ਸੀ, ਇਸ ਕਰਕੇ ਡੂੰਘੀ ਦੋਸਤੀ ਨਹੀਂ ਸੀ।ਇਹ ਦੋਸਤੀ ਬਣੀ 2017 'ਚ ਜਦੋਂ ਮੈਂ ਆਪਣੀ ਪਹਿਲੀ ਕਿਤਾਬ 'ਪੱਥਰਾਂ ਨਾਲ ਟਕਰਾਉਂਦੇ ਫੁੱਲ' ਦੀ ਇੱਕ ਕਾਪੀ ਇਕਬਾਲ ਜੀ ਨੂੰ ਦੇਣ ਵਾਸਤੇ ਗਈ ਤਾਂ ਮੈਨੂੰ ਉਹਨਾਂ ਨੂੰ ਚੰਗੀ ਤਰ੍ਹਾਂ ਜਾਨਣ ਦਾ ਮੌਕਾ ਮਿਲਿਆ।ਉਹ ਕਿਸੇ ਨਾਲ ਈਰਖਾ ਨਹੀਂ ਕਰਦੇ ਸਨ।ਘਰ ਆਏ ਹਰ ਅਮੀਰ, ਗਰੀਬ ਦੀ ਪੂਰੀ ਇੱਜ਼ਤ ਕਰਦੇ ਸਨ ਅਤੇ ਜਿਹੜੇ ਵੀ ਕੰਮ ਲਈ ਕੋਈ ਆਉਂਦਾ ਸੀ, ਕਦੇ ਉਹਨਾਂ ਨੂੰ ਨਿਰਾਸ਼ ਨਹੀਂ ਸੀ ਕਰਦੇ। ਲੇਖਕ ਤਾਂ ਬੇਅੰਤ ਨੇ, ਪਰੰਤੂ ਭੈਣ ਜੀ ਦੀ ਇੱਕ ਵੱਖਰੀ ਖਾਸੀਅਤ ਸੀ ਕਿ ਉਹ ਲੇਖਕ ਪੈਦਾ ਕਰਦੇ ਸੀ।ਜਿਹੜਾ ਵੀ ਉਹਨਾਂ ਨੂੰ ਮਿਲਦਾ, ਉਸ ਨੂੰ ਕਹਿੰਦੇ ਕੁਝ ਲਿਖ-ਕੁਝ ਲਿਖ।ਤੂੰ ਲਿਖ ਸਕਦਾ ਹੈਂ, ਤੂੰ ਲਿਖ ਸਕਦੀ ਹੈਂ ਅਤੇ ਬਹੁਤ ਸਾਰੇ ਲੇਖਕ ਉਹਨਾਂ ਦੀ ਥਾਪਨਾ ਨਾਲ ਕਾਮਯਾਬ ਹੋਏ। ਮੈਨੂੰ ਵੀ ਉਹਨਾਂ ਨੇ ਮੇਰੀ ਕਿਤਾਬ ਪੜ੍ਹ ਕੇ ਬਹੁਤ ਉਤਸ਼ਾਹ ਦਿੱਤਾ ਅਤੇ ਅੱਗੇ ਤੋਂ ਲਗਾਤਾਰ ਲਿਖਣ ਦੀ ਨਸੀਹਤ ਵੀ ਕੀਤੀ।ਜਦੋਂ ਵੀ ਮਿਲਣ ਜਾਣਾ, ਉਦੋਂ ਹੀ ਉਹਨਾਂ ਨੇ ਪੁੱਛਣਾ-ਕੀ ਲਿਖ ਰਹੀ ਹੈਂ, ਮੈਂ ਕਹਿਣਾ ਭੈਣ ਜੀ ਪੰਜਾਬ ਇਸਤਰੀ ਸਭਾ 'ਚ ਕੰਮ ਕਰਨ ਕਰਕੇ ਮੈਨੂੰ ਸਮਾਂ ਬਹੁਤ ਘੱਟ ਮਿਲਦਾ ਹੈ।

ਦੂਜੀ ਕਿਤਾਬ ਮੈਂ ਲਿਖ ਚੁੱਕੀ ਹਾਂ, ਜਿਸ ਦਾ ਤੁਸੀਂ ਮੁੱਖਬੰਦ ਲਿਖਿਆ ਹੈ ਤਾਂ ਉਹਨਾਂ ਕਿਤਾਬ ਦੀ ਬਹੁਤ ਤਾਰੀਫ਼ ਕੀਤੀ ਤਾਂ ਕਿ ਮੈਨੂੰ ਅੱਗੇ ਵਧਣ ਦਾ ਹੌਂਸਲਾ ਮਿਲੇ। ਹਸਪਤਾਲ ਵਿੱਚ ਮਿਲਣ ਗਏ ਤਾਂ ਪੁੱਛਣ ਲੱਗੇ-ਹੁਣ ਕੀ ਲਿਖ ਰਹੀ ਹੈ। ਇਹੋ ਜਿਹੀ ਸ਼ਖਸੀਅਤ ਸ਼ਾਇਦ ਹੀ ਕੋਈ ਹੋਰ ਹੋਵੇ। ਵਰਨਣਯੋਗ ਹੈ ਕਿ ਇਹਨਾਂ ਦੀ ਭੈਣ ਰਣਜੀਤ ਸਫ਼ੀਰ ਵੀ ਪੰਜਾਬ ਇਸਤਰੀ ਸਭਾ ਦੇ ਜ਼ਿਲ੍ਹਾ ਪ੍ਰਧਾਨ ਰਹੇ ਹਨ।

ਜਦੋਂ ਤੋਂ ਮੇਰਾ ਭੈਣ ਜੀ ਇਕਬਾਲ ਨਾਲ ਮੇਲ ਹੋਇਆ ਤਾਂ ਉਹ ਪੰਜਾਬ ਇਸਤਰੀ ਸਭਾ ਦੇ ਕੰਮਾਂ ਵਿੱਚ ਮੇਰਾ ਸਾਥ ਦੇਣ ਲੱਗੇ। ਭਾਵੇਂ ਉਦੋਂ ਵੀ ਉਹਨਾਂ ਦੀ ਉਮਰ ਕਾਫੀ ਹੋ ਚੁੱਕੀ ਸੀ, ਪਰੰਤੂ ਜਿੱਥੇ ਵੀ ਕੋਈ ਪ੍ਰੋਗਰਾਮ ਅਸੀਂ ਕਰਨਾ, ਭੈਣ ਜੀ ਨੇ ਜ਼ਰੂਰ ਪਹੁੰਚਣਾ ਅਤੇ ਸਮੇਂ-ਸਮੇਂ 'ਤੇ ਉਹਨਾਂ ਸਾਡੀ ਆਰਥਿਕ ਮਦਦ ਵੀ ਕਰਦੇ ਰਹਿਣਾ। ਕਈ ਵਾਰੀ ਮੈਨੂੰ ਉਹਨਾਂ ਦੀਆਂ ਗੱਲਾਂ ਤੋਂ ਲੱਗਣਾ, ਜਿਵੇਂ ਉਹ ਮੈਂ ਮਹਿਸੂਸ ਕਰਦੇ ਨੇ ਕਿ ਜਿਵੇਂ ਮੈਂ ਕੰਮ ਕਰ ਰਹੀ, ਕਿਉਂ ਨਹੀਂ ਕਰ ਸਕਦੇ। ਮੈਂ ਕਹਿਣਾ, ਭੈਣ ਜੀ ਆਪਣੀ ਸਿਹਤ ਵੇਖੋ ਤੁਹਾਡੀ ਸਿਹਤ ਜ਼ਰੂਰੀ ਹੈ ਬਾਕੀ ਕੰਮ ਤਾਂ ਬਾਅਦ 'ਚ ਹੋਣਗੇ, ਥੋੜ੍ਹੇ ਦਿਨ ਪਹਿਲਾਂ ਅਸੀਂ ਪੰਜਾਬ ਇਸਤਰੀ ਸਭਾ ਵੱਲੋਂ ਗੁਰੂ ਨਾਨਕ ਦੇਵ ਜੀ ਦੇ ਫਲਸਫੇ 'ਤੇ ਸੈਮੀਨਾਰ ਕਰਵਾਇਆ ਤੇ ਸੈਮੀਨਾਰ ਤੋਂ ਬਾਅਦ ਮੈਂ ਤੇ ਭੈਣ ਜੀ ਬਲਜਿੰਦਰ ਕੌਰ ਉਹਨਾਂ ਨੂੰ ਮਿਲਣ ਵਾਸਤੇ ਆਈ ਸੀ, ਯੂ ਵਿੱਚ ਗਏ, ਉਸ ਵੇਲੇ ਉਹਨਾਂ ਦੀ ਹਾਲਾਤ ਚੰਗੀ ਨਹੀਂ ਸੀ ਪਰ ਸਾਨੂੰ ਵੇਖ ਕੇ ਮੁਸਕਰਾਏ ਅਤੇ ਪੁੱਛਣ ਲੱਗੇ ਕਿੱਥੋਂ ਆਈਆਂ। ਜੇ ਅਸੀਂ ਕਿਹਾ ਕਿ ਅਸੀਂ ਇੱਕ ਪ੍ਰੋਗਰਾਮ ਤੋਂ ਆਏ ਹਾਂ ਤਾਂ ਉਹਨਾਂ ਨੇ ਦੋ ਵਾਰੀ ਇੱਕ ਲਫ਼ਜ਼ ਦੁਹਰਾਇਆ ਵਿਰਾਂਗਣਾ ਵਿਰਾਂਗਣਾ ਇਸ ਤੋਂ ਵੱਧ ਨਹੀਂ ਬੋਲ ਸਕੀ ਅਸੀਂ ਸੋਚਿਆ ਸੀ ਕਿ ਫਿਰ ਮੁਲਾਕਾਤ ਕਰਾਂਗੇ, ਪਰ ਫਿਰ ਮੌਕਾ ਹੀ ਨਹੀਂ ਮਿਲਿਆ।

ਭੈਣ ਜੀ ਇਕਬਾਲ ਦੇ ਤਿੰਨ ਬੱਚੇ ਹਨ ਅਤੇ ਤਿੰਨੇ ਹੀ ਆਪਣੇ-ਆਪਣੇ ਖੇਤਰ ਵਿੱਚ ਬਹੁਤ ਕਾਮਯਾਬ ਹਨ।ਉਹਨਾਂ ਦਾ ਪੁੱਤਰ ਬੱਚਿਆਂ ਦੇ ਰੋਗਾਂ ਦਾ ਮਾਹਿਰ ਹੈ, ਜਦਕਿ ਉਹਨਾਂ ਦੀ ਬੇਟੀ ਨਵਕਿਰਨ ਦੰਦਾਂ ਦੀ ਡਾਕਟਰ ਹੈ ਅਤੇ ਹੁਣ ਅਮਰੀਕਾ ਜਾ ਕੇ ਵੱਸ ਗਈ ਹੈ। ਇਹਨਾਂ ਦੇ ਪੁੱਤਰ ਡਾਕਟਰ ਸਰਤਾਜ ਸਿੰਘ ਦੀ ਜੀਵਨ ਸਾਥਣ ਕਿਰਨਦੀਪ ਕੌਰ ਇੱਕ ਬਹੁਤ ਹੀ ਕਾਬਲ ਡਾਕਟਰ ਹੈ। ਭੈਣ ਜੀ ਅਕਸਰ ਹੀ ਮੇਰੇ ਨਾਲ ਨਾਰਾਜ਼ ਹੋ ਜਾਂਦੇ ਸੀ ਕਿ ਤੂੰ ਕਿਰਨਦੀਪ ਨੂੰ ਛੱਡ ਕੇ ਕਿਸੇ ਹੋਰ ਡਾਕਟਰ ਕੋਲ ਕਿਉਂ ਜਾਂਦੀ ਹੈ, ਕਿਰਨਦੀਪ ਬਹੁਤ ਵਧੀਆ ਡਾਕਟਰ ਹੈ।ਇਹਨਾਂ ਦੇ ਦੋ ਬੱਚੇ ਨਵਰਾਜ ਅਤੇ ਅਮਿਤੇਸ਼ਵਰ ਵੀ ਆਪਣੇ-ਆਪਣੇ ਖੇਤਰ ਵਿੱਚ ਕਾਮਯਾਬ ਹੋਣ ਲਈ ਪੂਰੀ ਕੋਸ਼ਿਸ਼ ਕਰ ਰਹੇ ਹਨ।ਬੇਟੀ ਨਵਕਿਰਨ ਦੇ ਜੀਵਨ ਸਾਥੀ ਬਲਜੀਤ ਸਿੰਘ ਜਵਾਨੀ ਵਿੱਚ ਹੀ ਉਹਨਾਂ ਨੂੰ ਛੱਡ ਗਏ ਸੀ।ਉਹਨਾਂ ਦਾ ਇੱਕ ਬੇਟਾ ਅਰਮਾਨ ਇਸ ਵੇਲੇ ਆਪਣੀ ਮੰਮੀ ਨਾਲ ਅਮਰੀਕਾ ਵਿੱਚ ਰਹਿ ਰਿਹਾ ਹੈ।ਛੋਟੀ ਬੇਟੀ ਨਵਦੀਪ ਮੌਂਟਰੀਅਲ ਵਿਖੇ ਡੈਂਟਿਸਟਰੀ ਸਪੈਸ਼ਲਿਸਟ ਹਨ ਅਤੇ ਉਹਨਾਂ ਦੇ ਜੀਵਨ ਸਾਥੀ ਮਨਿੰਦਰ ਸਿੰਘ ਜੀ ਆਪਣਾ ਕਾਰੋਬਾਰ ਕਰ ਰਹੇ ਹਨ ਅਤੇ ਉਹਨਾਂ ਦੇ ਬੱਚੇ ਜੈਤੇਸ਼ਵਰ ਆਰਥੋ ਵਿੱਚ ਡਿਗਰੀ ਕਰ ਰਹੇ ਹਨ ਅਤੇ ਬੇਟੀ ਗੁਰਕੀਰਤ ਵਕੀਲ ਹੈ।

ਭੈਣ ਜੀ ਦਾ ਆਪਣੇ ਭਤੀਜਿਆਂ ਜੰਗ ਬਹਾਦਰ ਅਤੇ ਸਾਹਿਬ ਨਾਲ ਵੀ ਬਹੁਤ ਪਿਆਰ ਸੀ। ਅਕਸਰ ਹੀ ਉਹਨਾਂ ਦੀਆਂ ਅਤੇ ਉਹਨਾਂ ਦੇ ਪਰਵਾਰ ਦੀਆਂ ਗੱਲਾਂ ਕਰਦੇ ਰਹਿੰਦੇ ਸਨ ਅਤੇ ਹਮੇਸ਼ਾ ਆਪਣੇ ਪੇਕੇ ਘਰ ਦੀ ਸੁੱਖ ਮੰਗਦੇ ਸਨ। ਉਹਨਾਂ ਦੇ ਭਤੀਜੇ ਦੀ ਪਤਨੀ ਕੰਵਲ ਅੱਜਕੱਲ੍ਹ ਸ਼ਹੀਦ ਗਹਿਲ ਸਿੰਘ ਛੱਜਲਵੱਡੀ ਸਕੂਲ ਨੂੰ ਸੰਭਾਲਦੀ ਹੈ, ਜਿਸ ਦੀ ਸਥਾਪਨਾ ਬੀਬੀ ਬੀਰ ਕਲਸੀ ਨੇ ਕੀਤੀ ਅਤੇ ਸਾਰੀਆਂ ਭੈਣਾਂ ਨੇ ਸਖ਼ਤ ਮਿਹਨਤ ਨਾਲ ਚਲਾਇਆ ਸੀ। ਕਾਮਰੇਡ ਸ਼ਮਸ਼ੇਰ ਸਿੰਘ ਵੇਰਕਾ ਅਤੇ ਉਹਨਾਂ ਦੇ ਪੁੱਤਰ ਬਲਦੇਵ ਸਿੰਘ ਜੀ ਵੇਰਕਾ ਨਾਲ ਵੀ ਭੈਣ ਜੀ ਦੇ ਪਰਵਾਰਕ ਸੰਬੰਧ ਸਨ। ਉਹ ਇਹਨਾਂ ਭੈਣਾਂ ਨੂੰ ਬਹੁਤ ਮਾਣ ਦੇਂਦੇ ਸਨ।

ਜਨਵਰੀ ਵਿੱਚ ਭੈਣ ਜੀ ਨੂੰ ਸੱਟ ਲੱਗ ਗਈ ਅਤੇ ਚੂਲੇ ਦੀ ਹੱਡੀ ਟੁੱਟ ਗਈ। ਬੇਟਾ ਡਾਕਟਰ ਸਰਤਾਜ ਸਿੰਘ ਅਤੇ ਨੂੰਹ ਬੇਟੀ (ਭੈਣ ਜੀ ਕਿਹਾ ਕਰਦੇ ਸਨ) ਉਨ੍ਹਾਂ ਨੂੰ ਹਸਪਤਾਲ ਲੈ ਗਏ ਅਤੇ ਸਫਲ ਆਪਰੇਸ਼ਨ ਹੋ ਗਿਆ। ਜਦੋਂ ਮੈਂ ਮਿਲਣ ਗਈ ਤਾਂ ਕਾਫ਼ੀ ਹੌਸਲੇ ਵਿੱਚ ਸਨ, ਲਗਦਾ ਸੀ ਜਲਦੀ ਹੀ ਤੁਰਨ ਲੱਗ ਜਾਣਗੇ।ਦਿਲਰਾਜ ਭਾਜੀ ਨਰੋਤਮ ਸਿੰਘ ਦੇ ਨਾਲ ਭੈਣ ਜੀ ਦਾ ਵੀ ਬਹੁਤ ਧਿਆਨ ਰੱਖਦਾ ਸੀ ਅਤੇ ਉਹਨਾਂ ਨੂੰ ਖੁਸ਼ ਰੱਖਣ ਦੀ ਕੋਸ਼ਿਸ਼ ਕਰਦਾ ਸੀ।

ਆਸ ਮੁਤਾਬਕ ਭੈਣ ਜੀ ਦੀ ਸਿਹਤ ਠੀਕ ਨਹੀਂ ਹੋਈ, ਸਗੋਂ ਵਿਗੜਦੀ ਗਈ। ਉਹਨਾਂ ਨੂੰ ਵਾਰ-ਵਾਰ ਹਸਪਤਾਲ ਲਿਜਾ ਕੇ ਕਈ-ਕਈ ਦਿਨ ਦਾਖਲ ਕਰਵਾਉਣਾ ਪੈਂਦਾ।ਇਸ ਦੌਰਾਨ ਪੁੱਤਰ ਡਾਕਟਰ ਸਰਤਾਜ ਸਿੰਘ ਅਤੇ ਨੂੰਹ ਬੇਟੀ ਕਿਰਨਦੀਪ ਨੇ ਅਣਥੱਕ ਸੇਵਾ ਕੀਤੀ। ਉਹਨਾਂ ਦੇ ਘਰ ਅਤੇ ਹਸਪਤਾਲ ਵਿੱਚ ਚੱਕਰ ਲੱਗਦੇ ਰਹਿੰਦੇ ਸਨ, ਕਿਉਂਕਿ ਪਾਪਾ ਦੀ ਸਿਹਤ ਵੀ ਚੰਗੀ ਨਹੀਂ ਸੀ।ਮੈਂ ਕਦੇ ਵੀ ਉਹਨਾਂ ਦੇ ਮੱਥੇ 'ਤੇ ਸ਼ਿਕਨ ਨਹੀਂ ਵੇਖੀ।ਉਹ ਹਰ ਆਏ-ਗਏ ਨੂੰ ਖਿੜੇ ਮੱਥੇ ਮਿਲਦੇ ਸਨ.।ਕਿਰਨਦੀਪ ਦੇ ਮੂੰਹ 'ਤੇ ਥਕਾਵਟ ਨਹੀਂ ਮੁਸਕਾਨ ਹੀ ਦਿਸਦੀ ਸੀ।ਇਹੋ ਜਹੇ ਬੱਚੇ ਹਰ ਇਕ ਨੂੰ ਨਹੀਂ ਮਿਲਦੇ। ਭੈਣ ਜੀ ਦੀ ਜਾਣ ਪਛਾਣ ਵਾਲੇ ਅਸੀਂ ਸਾਰੇ ਵੱਡੀ ਉਮਰ ਦੇ ਹਾਂ ਅਤੇ ਸਿਹਤ ਸਬੰਧੀ ਜਦੋਂ ਕੋਈ ਸਮੱਸਿਆ ਆਉਂਦੀ ਸੀ ਤਾਂ ਅਸੀਂ ਇਹਨਾਂ ਦੋਵਾਂ ਕੋਲੋਂ ਹੀ ਰਾਇ ਲੈਂਦੇ ਸੀ।ਆਖਰੀ ਦਿਨਾਂ ਵਿੱਚ ਬੇਟੀ ਨਵਦੀਪ ਵੀ ਕੈਨੇਡਾ ਤੋਂ ਆ ਗਈ।

ਭੈਣ ਜੀ ਕੇਵਲ ਸ਼ਰਮਾ ਦਾ ਜ਼ਿਕਰ ਕਰਨਾ ਵੀ ਜ਼ਰੂਰੀ ਹੈ, ਜਿਨ੍ਹਾਂ ਨੂੰ ਉਹਨਾਂ ਨੇ ਕੋਲ ਰੱਖ ਕੇ ਪੜ੍ਹਾਇਆ ਸੀ ਅਤੇ ਆਪਣੀ ਬੇਟੀ ਵਾਂਗ ਸਮਝਦੇ ਸਨ। ਜਦੋਂ ਤੋਂ ਭੈਣ ਜੀ ਮੰਜੇ 'ਤੇ ਪੈ ਗਏ ਤਾਂ ਭੈਣ ਜੀ ਕੇਵਲ ਸ਼ਰਮਾ ਨੇ ਉਹਨਾਂ ਦਾ ਬਹੁਤ ਸਾਥ ਦਿੱਤਾ, ਬਹੁਤ ਸੇਵਾ ਕੀਤੀ। ਉਹਨਾਂ ਦੀ ਬੇਟੀ ਰੀਤੂ ਗਗਨ ਦੀ ਵੀ ਭੈਣ ਜੀ ਨਾਲ ਡੂੰਘੀ ਸਾਂਝ ਸੀ।

ਅਖਬਾਰਾਂ ਵਿੱਚ ਸੱਭਿਆਚਾਰ ਸੱਥ, ਸਾਹਿਤ ਸੰਸਥਾ ਅੰਮ੍ਰਿਤਸਰ, ਆਲਮੀ ਵਿਰਾਸਤ ਫਾਊਂਡੇਸ਼ਨ, ਗਲੋਬਲ ਹਿਊਮਨ ਰਾਈਟਸ ਫਰੰਟ, ਵਿਸ਼ਵ ਪੰਜਾਬੀ ਸਭਾ ਕੈਨੇਡਾ, ਮਾਨ ਸਰੋਵਰ ਸਾਹਿਤ ਅਕਾਦਮੀ ਰਾਜਸਥਾਨ, ਉੱਘੇ ਸਾਹਿਤਕਾਰ ਗੁਰਭਜਨ ਗਿੱਲ ਸੁਖਦੇਵ ਸਿੰਘ ਸਿਰਸਾ, ਡਾਕਟਰ ਪਰਮਿੰਦਰ ਸਿੰਘ, ਡਾਕਟਰ ਕਸ਼ਮੀਰ ਸਿੰਘ, ਡਾਕਟਰ ਰਾਜਬੀਰ ਕੌਰ ਗਰੇਵਾਲ, ਵਿਰਸਾ ਵਿਹਾਰ ਦੇ ਪ੍ਰਧਾਨ ਕੇਵਲ ਧਾਲੀਵਾਲ ਰਮੇਸ਼ ਯਾਦਵ, ਭੁਪਿੰਦਰ ਸੰਧੂ ਅਤੇ ਹੋਰ ਅਨੇਕਾਂ ਹੀ ਸੰਸਥਾਵਾਂ ਨੇ ਅਤੇ ਸ਼ਖਸੀਅਤਾਂ ਨੇ ਸ਼ੋਕ ਵਿਅਕਤ ਕੀਤਾ।

ਜਿੰਨੀ ਮਹਾਨ ਸ਼ਖਸੀਅਤ ਉਹਨਾਂ ਦੀ ਸੀ, ਓਨੀ ਹੀ ਜਿਆਦਾ ਉਹਨਾਂ ਵਿੱਚ ਨਿਮਰਤਾ ਸੀ।ਇੱਕ ਵਾਰੀ ਮੈਨੂੰ ਦੱਸਣ ਲੱਗੇ ਕਿ ਮਾਣਕ ਸਿੰਘ ਭਾਟੀਆ ਜਦੋਂ ਕਿਤਾਬ ਲਿਖ ਰਿਹਾ ਸੀ ਤਾਂ ਅਕਸਰ ਸਲਾਹ ਲੈਣ ਲਈ ਆ ਜਾਂਦਾ ਸੀ ਅਤੇ ਕਈ ਵਾਰੀ ਮੇਰੇ ਨਾਲ ਨਾਰਾਜ਼ ਹੋ ਜਾਂਦਾ ਸੀ। ਜਦੋਂ ਉਹਨਾਂ ਨਰਾਜ਼ ਹੋ ਕੇ ਜਾਣ ਲੱਗਣਾ ਤਾਂ ਮੈਂ ਕਹਿਣਾ ਭਾਜੀ ਬਹਿ ਜਾਓ, ਮੇਰੇ ਘਰੋਂ ਕੋਈ ਨਰਾਜ਼ ਹੋ ਕੇ ਨਹੀਂ ਜਾ ਸਕਦਾ। ਇਸ ਤੋਂ ਪਤਾ ਲੱਗਦਾ ਹੈ ਕਿ ਭੈਣ ਜੀ ਹਰ ਘਰ ਆਏ ਨੂੰ ਸਿਰ ਮੱਥੇ ਰੱਖਦੇ ਸਨ।ਮੈਂ ਵੀ ਕਈ ਵਾਰੀ ਕਹਿ ਦੇਣਾ ਭੈਣ ਜੀ ਇਹ ਕੰਮ ਆਪਾਂ ਇਦਾਂ ਨਹੀਂ ਕਰਨਾ, ਇਹ ਗੱਲ ਇਦਾਂ ਨਹੀਂ ਕਰਨੀ ਤਾਂ ਭੈਣ ਜੀ ਨੇ ਕਹਿਣਾ ਠੀਕ ਹੈ। ਉਹਨਾਂ ਨੇ ਅੱਗੋਂ ਬਹਿਸ ਨਹੀਂ ਕਰਨੀ, ਉਹਨਾਂ ਨੇ ਮੇਰੇ ਨਾਲ ਸਹਿਮਤ ਹੋ ਜਾਣਾ।ਇਹ ਉਹਨਾਂ ਦਾ ਵੱਡਾ ਗੁਣ ਸੀ। ਇਹੋ ਜਿਹੀ ਅਦੁੱਤੀ ਸ਼ਖਸੀਅਤ ਬਾਰੇ ਲਿਖਣਾ ਮੇਰੇ ਵੱਸ ਦੀ ਗੱਲ ਨਹੀਂ, ਬੱਸ ਕੁਝ ਸ਼ਬਦਾਂ ਨਾਲ ਸ਼ਰਧਾ ਦੇ ਫੁੱਲ ਅਰਪਿਤ ਕਰਦੇ ਹੋਏ ਭਰੇ ਮਨ ਨਾਲ ਸਲਾਮ ਕਰਦੀ ਹਾਂ।

# ਸੰਪਰਕ : 99881-76811

# ਕੁਦਰਤ ਕਹਿ ਰਹੀ ਕਿ ਜੀਵਨ ਨੂੰ ਤਬਾਹ ਹੋਣ ਤੋਂ ਬਚਾਓ



ਗੁਰਚਰਨ ਸਿੰਘ ਨੂਰਪੁਰ

ਵਿਕਾਸ ਸਾਡੇ ਲਈ ਬਹੁਤ ਜ਼ਰੂਰੀ ਹੈ, ਪਰ ਇਹ ਏਨਾ ਜਰੂਰੀ ਨਹੀਂ ਕਿ ਇਸ ਨਾਲ ਮਨੁੱਖ ਦਾ ਜੀਵਨ ਹੀ ਦਾਅ 'ਤੇ ਲੱਗ ਜਾਵੇ।

ਕੁਦਰਤ ਦਾ ਵਿਨਾਸ਼ ਕਰਕੇ ਪੈਦਾ ਕੀਤਾ ਵਿਕਾਸ, ਮਨੁੱਖ ਲਈ ਵਿਨਾਸ਼ ਸਾਬਤ ਹੋ ਰਿਹਾ ਹੈ। ਵਿਕਾਸ ਦੀ ਇਸ ਤਰਜੀਹ 'ਤੇ ਚਲਦਿਆਂ ਮਨੁੱਖ ਪਿਛਲੇ ਕਈ ਦਹਾਕਿਆਂ ਤੋਂ ਕੁਦਰਤ ਦਾ ਸਬਰ ਪਰਖ ਰਿਹਾ ਹੈ। ਜੂਨ 2026 ਵਿੱਚ ਯੂਰਪੀਨ ਦੇਸ਼ਾਂ ਵਿੱਚ ਪੈ ਰਹੀ ਗਰਮੀ ਦੀ ਘਟਨਾ ਰਾਹੀਂ ਕੁਦਰਤ ਸਾਨੂੰ ਦੱਸ ਰਹੀ ਹੈ ਕਿ ਬੱਸ ਹੁਣ ਬਹੁਤ ਹੋ ਗਿਆ। ਇਸ ਸਮੇਂ ਯੂਰਪ ਦੇ ਕਈ ਦੇਸ਼ ਭਿਆਨਕ ਗਰਮੀ ਨਾਲ ਝੁਲਸ ਰਹੇ ਹਨ। ਇਸ ਗਰਮੀ ਦੀ ਲਹਿਰ ਨੇ ਪਿਛਲੇ ਸਾਰੇ ਰਿਕਾਰਡ ਤੋੜ ਦਿੱਤੇ ਹਨ। ਗਰਮੀ ਨਾਲ ਵੱਖ-ਵੱਖ ਦੇਸ਼ਾਂ ਦੇ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਮਰ ਰਹੇ ਹਨ, ਸੜਕਾਂ ਪਿਘਲ ਰਹੀਆਂ ਹਨ, ਝੀਲਾਂ, ਨਦੀਆਂ ਦਾ ਪਾਣੀ ਗਰਮ ਹੋ ਰਿਹਾ ਹੈ, ਬਿਜਲੀ ਦੀ ਮੰਗ ਰਿਕਾਰਡ ਤੋੜ ਵਧ ਰਹੀ ਹੈ, ਜੰਗਲਾਂ ਨੂੰ ਅੱਗ ਲੱਗ ਰਹੀ ਹੈ, ਇੱਥੋਂ ਤੱਕ ਕਿ ਰੇਲਵੇ ਲਾਈਨਾਂ ਦੀਆਂ ਬਣਤਰਾਂ ਵਿਗੜ ਰਹੀਆਂ ਹਨ। ਇਸ ਭਿਆਨਕ ਗਰਮੀ ਵਿੱਚ ਮਨੁੱਖ ਲਈ ਰੁੱਖ ਆਸਰਾ ਵੀ ਬਣ ਰਹੇ ਹਨ ਅਤੇ ਮਨੁੱਖ ਦੀਆਂ ਆਪ-ਹੁਦਰੀਆਂ ਦਾ ਖਮਿਆਜ਼ਾ ਭੁਗਤਦੇ ਝੁਲਸ ਵੀ ਰਹੇ ਹਨ।

**ਤਪਸ਼ ਦੇ ਸੰਕਟ ਦੀ ਸਿਰਜਣਾ**:- ਮੌਸਮ ਵਿਗਿਆਨੀਆਂ ਅਨੁਸਾਰ ਇਸ ਸੰਕਟ ਦਾ ਸਿਰਜਕ ਮਨੁੱਖ ਆਪ ਹੈ। ਇਹਨਾਂ ਠੰਢੇ ਮੁਲਕਾਂ ਵਿੱਚ ਜਿੱਥੇ, ਏ ਸੀ, ਪੱਖਿਆ ਦੀ ਕਦੇ ਲੋੜ ਨਹੀਂ ਪਈ, ਇਹਨਾਂ ਮੁਲਕਾਂ ਵਿੱਚ ਵੀ ਭਿਆਨਕ ਗਰਮੀ ਦੇ ਕਹਿਰ ਨੇ ਲੋਕਾਂ ਦਾ ਜੀਣਾ ਮੁਹਾਲ ਕਰ ਦਿੱਤਾ ਹੈ। ਜੰਗਲਾਂ, ਰੁੱਖਾਂ ਦੀ ਕਟਾਈ ਅਤੇ ਡੀਜ਼ਲ, ਪੈਟਰੋਲ ਅਤੇ ਕੋਲੇ ਦੀ ਅੰਨ੍ਹੀ ਵਰਤੋਂ ਨੇ ਆਪਣਾ ਅਸਰ ਵਿਖਾਉਣਾ ਸ਼ੁਰੂ ਕਰ ਦਿੱਤਾ ਹੈ। ਪਿਛਲੇ ਅਰਸੇ ਤੋਂ ਮਾਹਰ, ਲੇਖਕ, ਮੌਸਮ ਅਤੇ ਭੂ-ਵਿਗਿਆਨੀ ਜਦੋਂ ਗਲੋਬਲ ਵਾਰਮਿੰਗ ਦੀ ਗੱਲ ਕਰਦੇ ਸਨ ਤਾਂ ਬਹੁਤ ਸਾਰੇ ਲੋਕਾਂ ਵੱਲੋਂ ਇਹ ਕਿਹਾ ਜਾਂਦਾ ਸੀ ਕਿ ਇਹਨਾਂ ਵੱਲੋਂ ਇਸ ਵਿਸ਼ੇ 'ਤੇ ਲਿਖਣਾ, ਬੋਲਣਾ ਤੇ ਲੋਕਾਂ ਨੂੰ ਡਰਾਉਣਾ ਇੱਕ ਫੈਸ਼ਨ ਬਣ ਗਿਆ ਹੈ।

**ਕਿਵੇਂ ਬਣਦੀ ਹੈ ਹੀਟ ਵੇਵਜ** :- ਗਰਮੀ ਦੀ ਰੁੱਤ ਦੌਰਾਨ ਜਦੋਂ ਕਿਸੇ ਇਲਾਕੇ ਵਿੱਚ ਕੁਝ ਹੱਦ ਤੱਕ ਗਰਮੀ ਵਧਦੀ ਹੈ ਤਾਂ ਉੱਪਰੀ ਹਵਾ ਦੇ ਦਬਾਅ ਕਰਕੇ ਧਰਤੀ ਦੀ ਸਤ੍ਹਾ ਦੇ ਨੇੜੇ ਵਾਲੀ ਗਰਮ ਹਵਾ ਉੱਪਰ ਨਹੀਂ ਉੱਠਦੀ, ਜਿਸ ਨਾਲ ਉਸ ਖਾਸ ਇਲਾਕੇ ਵਿੱਚ ਹੀਟ ਡੌਮ ਬਣ ਜਾਂਦਾ ਹੈ। ਹੀਟ ਡੌਮ ਦਾ ਭਾਵ ਹੈ ਗਰਮ ਹਵਾਵਾਂ ਦਾ ਅਜਿਹਾ ਗੁੰਬਦ ਜਾਂ ਢੱਕਣ, ਜਿਸ ਤੋਂ ਗਰਮੀ ਦਾ ਨਿਕਾਸ ਨਹੀਂ ਹੁੰਦਾ। ਜਦੋਂ ਇਸ ਦਾ ਸਮਾਂ ਦੋ ਜਾਂ ਤਿੰਨ ਦਿਨ ਤੋਂ ਵੱਧ ਹੋ ਜਾਂਦਾ ਹੈ ਤਾਂ ਇਹ ਹੀਟ ਵੇਵਜ਼ ਵਿੱਚ ਤਬਦੀਲ ਹੋ ਜਾਂਦਾ ਹੈ। ਇਸ ਨਾਲ ਫਿਰ ਸੰਬੰਧਤ ਇਲਾਕਿਆਂ ਵਿੱਚ ਭਿਆਨਕ ਗਰਮੀ ਪੈਣ ਲਗਦੀ ਹੈ, ਜੋ ਮਨੁੱਖ ਸਮੇਤ ਸਭ ਜੀਵ-ਜਾਤੀਆਂ ਲਈ ਜਾਨਲੇਵਾ ਸਾਬਤ ਹੁੰਦੀ ਹੈ। ਹੀਟ ਡੌਮ ਜਿੰਨਾ ਲੰਮਾ ਸਮਾਂ ਬਣਿਆ ਰਹਿੰਦਾ ਹੈ, ਗਰਮੀ ਦੀ ਭਿਆਨਿਕਤਾ ਓਨੀ ਹੀ ਵਧਦੀ ਜਾਂਦੀ ਹੈ। ਇਸ ਪੂਰੀ ਪ੍ਰਕਿਰਿਆ ਨੂੰ ਹੀਟ ਵੇਵਜ਼ ਭਾਵ ਗਰਮੀ ਦੀ ਲਹਿਰ ਜਾਂ ਗਰਮੀ ਦੀਆਂ ਲਹਿਰਾਂ ਕਿਹਾ ਜਾਂਦਾ ਹੈ। ਸੀਮਤ ਸਮੇਂ ਲਈ ਹੀਟ ਵੇਵਜ਼ ਦਾ ਬਣਨਾ ਓਨਾ ਘਾਤਕ ਨਹੀਂ ਹੁੰਦਾ, ਪਰ ਜਦੋਂ ਇਸ ਦਾ ਸਮਾਂ ਤਿੰਨ ਜਾਂ ਚਾਰ ਦਿਨ ਤੋਂ ਜ਼ਿਆਦਾ ਹੋ ਜਾਂਦਾ ਹੈ ਤਾਂ ਫਿਰ ਇਸ ਨਾਲ ਜੀਣਾ ਮੁਹਾਲ ਹੋ ਜਾਂਦਾ ਹੈ। ਯੂਰਪੀਨ ਦੇਸ਼ਾਂ ਵਿੱਚ ਇਸ ਗਰਮੀ ਦੀ ਰੁੱਤ ਵਿੱਚ ਬਣੀ ਰਿਕਾਰਡ ਤੋੜ ਹੀਟ ਵੇਵ ਨੇ ਮਨੁੱਖ ਨੂੰ ਵਾਤਾਵਰਨ ਸੰਬੰਧੀ ਗੰਭੀਰਤਾ ਨਾਲ ਸੋਚਣ 'ਤੇ ਮਜਬੂਰ ਕਰ ਦਿੱਤਾ ਹੈ।

**ਗਰਮੀ ਦਾ ਪ੍ਰਕੋਪ ਤੇ ਹਾਲਾਤ**:- 2026 ਦੀਆਂ ਗਰਮੀਆਂ ਯੂਰਪੀ ਦੇਸ਼ਾਂ ਹੀ ਨਹੀਂ, ਬਲਕਿ ਪੂਰੀ ਦੁਨੀਆਂ ਦੇ ਦੇਸ਼ਾਂ ਲਈ ਇੱਕ ਤਰ੍ਹਾਂ ਨਾਲ ਸੰਕਟ ਦਾ ਸੰਦੇਸ਼ ਲੈ ਕੇ ਆਈਆਂ ਹਨ। ਜਿਵੇਂ ਅਸੀਂ ਹਰ ਦਿਨ ਕੁਦਰਤੀ ਮਾਹੌਲ ਨੂੰ ਤਬਾਹ ਕਰਕੇ ਅਖੌਤੀ ਵਿਕਾਸ ਦੇ ਰਾਹ ਤੁਰੇ ਹੋਏ ਹਾਂ, ਇਹ ਸਾਡੇ ਲਈ ਬੇਹੱਦ ਘਾਤਕ ਹੈ। ਇਸ ਸਮੇਂ ਪੁਰਤਗਾਲ, ਸਵਿਟਜਰਲੈਂਡ, ਇਟਲੀ, ਸਪੇਨ, ਫਰਾਂਸ, ਇੰਗਲੈਂਡ, ਗਰੀਸ, ਜਰਮਨੀ, ਬੈਲਜੀਅਮ, ਹੰਗਰੀ, ਆਸਟਰੀਆ ਆਦਿ ਵਰਗੇ ਮੁਲਕਾਂ ਜਿੱਥੇ ਲੋਕਾਂ ਨੂੰ ਕਦੇ ਗਰਮੀ ਦਾ ਅਹਿਸਾਸ ਵੀ ਨਹੀਂ ਹੋਇਆ ਸੀ, ਇੱਥੇ ਲੋਕ ਭਿਆਨਕ ਗਰਮੀ ਦਾ ਕਹਿਰ ਝੱਲ ਰਹੇ ਹਨ। ਇੱਥੋਂ ਦੇ ਲੋਕਾਂ ਨੂੰ ਕਦੇ ਵੀ ਅਜਿਹੀ ਸਥਿਤੀ ਦਾ ਸਾਹਮਣਾ ਨਹੀਂ ਕਰਨਾ ਪਿਆ, ਨਾ ਹੀ ਇੱਥੇ ਗਰਮੀ ਨੂੰ ਮੁੱਖ ਰੱਖ ਕੇ ਘਰ ਬਣਾਏ ਜਾਂਦੇ ਹਨ। ਸਗੋਂ ਇਸ ਦੇ ਉਲਟ ਇੱਥੇ ਤਾਂ ਸਖਤ ਸਰਦੀ ਤੋਂ ਬਚਾਅ ਨੂੰ ਮੁੱਖ ਰੱਖਦਿਆਂ ਘਰਾਂ ਦੀ ਉਸਾਰੀ ਕੀਤੀ ਜਾਂਦੀ ਹੈ। ਇਹਨਾਂ ਠੰਢੇ ਮੁਲਕਾਂ ਦੇ ਵਸਨੀਕ ਲੋਕਾਂ ਨੂੰ ਗਰਮੀ ਵਿੱਚ ਰਹਿਣ ਅਤੇ ਇਸ ਨੂੰ ਸਹਿਣ ਕਰਨ ਦੀ ਆਦਤ ਨਹੀਂ, ਇਸ ਲਈ ਵੀ ਲੋਕ ਹਾਲੋ-ਬੇਹਾਲ ਹੋ ਰਹੇ ਹਨ।

**ਜੀਵ ਜੰਤੂਆਂ 'ਤੇ ਬਨਸਪਤੀ 'ਤੇ ਅਸਰ**: ਹਰ ਸਾਲ ਵਧ ਰਹੇ ਗਰੀਨ ਹਾਊਸ ਗੈਸਾਂ ਦੇ ਪ੍ਰਭਾਵ ਨੇ ਧਰਤੀ ਦੀ ਬਨਸਪਤੀ ਨੂੰ ਵੀ ਬੜੀ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਨਵੇਂ ਬੂਟਿਆਂ ਦੇ ਰੁੱਖ ਬਣਨ ਦੀ ਦਰ ਘੱਟ ਹੋਣ ਲੱਗ ਪਈ ਹੈ। ਜੰਗਲਾਂ ਨੂੰ ਅੱਗਾਂ ਲੱਗਣ ਦੀਆਂ ਘਟਨਾਵਾਂ ਵਿੱਚ ਇੱਕ ਵੇਗ ਆ ਗਿਆ ਹੈ। ਅੱਗਾਂ ਲੱਗਣ ਦੀਆਂ ਘਟਨਾਵਾਂ ਨਾਲ ਜਿੱਥੇ ਵਾਤਾਵਰਨ ਵਿੱਚ ਇੱਕਦਮ ਭਿਆਨਕ ਗਰਮੀ ਦਾ ਪ੍ਰਕੋਪ ਵਧ ਜਾਂਦਾ ਹੈ, ਉੱਥੇ ਕਈ ਕਿਲੋਮੀਟਰਾਂ ਦੇ ਇਲਾਕੇ ਵਿੱਚੋਂ ਰੁੱਖਾਂ, ਬਨਸਪਤੀਆਂ ਦਾ ਸਫਾਇਆ ਹੋ ਜਾਂਦਾ ਹੈ, ਜਿਸ ਨਾਲ ਅਗਲੇ ਸਾਲਾਂ ਦੌਰਾਨ ਗਰਮੀ ਦੀ ਤਪਸ਼ ਹੋਰ ਵਧਦੀ ਹੈ। ਇਸ ਤਪਸ਼ ਤੇ ਗਰੀਨ ਹਾਊਸ ਗੈਸਾਂ ਦੇ ਇਸ ਸੰਕਟ ਦਾ ਸਿਰਜਕ ਮਨੁੱਖ ਆਪ ਹੈ। ਮਨੁੱਖ ਜੋ ਆਪਣੇ ਆਪ ਨੂੰ ਧਰਤੀ ਦਾ ਪੁੱਤਰ ਅਤੇ ਧਰਤੀ ਦਾ ਸਭ ਤੋਂ ਉੱਤਮ ਜੀਵ ਆਖਦਾ ਹੈ, ਪਰ ਇਸ ਦੀਆਂ ਗਤੀਵਿਧੀਆਂ ਨਾਲ ਹੁਣ ਦੂਜੇ ਜੀਵਾਂ ਦੀ ਹੋਂਦ ਵੀ ਖਤਰੇ ਵਿੱਚ ਪੈ ਗਈ ਹੈ। ਕਈ ਜੀਵ ਜਾਤੀਆਂ ਧਰਤੀ ਤੋਂ ਲੁਪਤ ਹੋਣ ਦੀ ਕਗਾਰ 'ਤੇ ਹਨ। ਇਸ ਦਾ ਸਭ ਤੋਂ ਵੱਡਾ ਕਾਰਨ ਧਰਤੀ ਦੀਆਂ ਮੌਸਮੀ ਤਬਦੀਲੀਆਂ ਹਨ। ਇਸ ਵਧ ਰਹੇ ਤਾਪਮਾਨ ਨਾਲ ਕਈ ਤਰ੍ਹਾਂ ਦੇ ਵਿਗਾੜ ਪੈਦਾ ਹੋ ਰਹੇ ਹਨ, ਜੋ ਮਨੁੱਖ ਸਮੇਤ ਦੂਜੀਆਂ ਜੀਵ ਜਾਤੀਆਂ ਅਤੇ ਧਰਤੀ ਦੀਆਂ ਬਨਸਪਤੀਆਂ ਲਈ ਘਾਤਕ ਹਨ।

**ਸਮਝਣ ਵਾਲੀ ਬਰੀਕ ਗੱਲ**: ਇੱਥੇ ਜਿਸ ਗੱਲ ਨੂੰ ਅਸੀਂ ਬਿਲਕੁਲ ਹੀ ਅਣਗੌਲਿਆ ਕਰ ਰਹੇ ਹਾਂ, ਉਹ ਸਮਝਣ ਵਾਲੀ ਗੱਲ ਇਹ ਹੈ ਕਿ ਜਿਸ ਆਲਮੀ ਤਪਸ਼ ਦਾ ਸੰਤਾਪ ਦੁਨੀਆ ਹੰਢਾਅ ਰਹੀ ਹੈ, ਉਸ ਸਥਿਤੀ ਤੋਂ ਵਕਤੀ ਰਾਹਤ ਲਈ ਜੋ ਕੁਝ ਕੀਤਾ ਜਾਂਦਾ ਹੈ, ਉਸ ਨਾਲ ਮੌਸਮੀ ਵਿਗਾੜ ਹੋਰ ਵਧਦੇ ਹਨ। ਜਿਵੇਂ ਇਸ ਸਮੇਂ ਗਰਮੀ ਤੋਂ ਤੁਰੰਤ ਨਿਜਾਤ ਲਈ ਉਹਨਾਂ ਦੇਸ਼ਾਂ ਵਿੱਚ ਏ ਸੀ ਲਾਉਣ ਦੀ ਹੋੜ ਲੱਗੀ ਹੋਈ ਹੈ, ਜਿੱਥੇ ਕਦੇ ਪੱਖੇ ਦੀ ਵੀ ਲੋੜ ਨਹੀਂ ਸੀ ਹੁੰਦੀ। ਏ ਸੀ ਅਤੇ ਫਰਿਜ਼ਾਂ ਦੀ ਭਰਮਾਰ ਨਾਲ ਮੌਸਮੀ ਤਪਸ਼ ਹੋਰ ਵਧਦੀ ਹੈ ਅਤੇ ਗਰੀਨ ਹਾਊਸ ਗੈਸਾਂ ਵਿੱਚ ਵਾਧਾ ਕਰਦੀ ਹੈ। ਵਧ ਗਰਮੀ ਦਾ ਮਤਲਬ ਹੈ ਵੱਧ ਊਰਜਾ ਦੀ ਲੋੜ, ਵੱਧ ਊਰਜਾ ਦੀ ਖਪਤ ਦਾ ਸਿੱਧਾ ਭਾਵ ਹੈ ਕਿ ਵੱਧ ਗਰਮੀ ਪੈਦਾ ਹੋਵੇਗੀ। ਇਸ ਸਰਕਲ ਨੂੰ ਸਮਝਣ ਦੀ ਲੋੜ ਹੈ। ਦੁਨੀਆਂ ਭਰ ਦੇ ਦੇਸ਼ਾਂ ਨੂੰ ਇਸ ਸਰਕਲ ਨੂੰ ਤੋੜਨ ਦੀ ਲੋੜ ਹੈ।

**ਕੀ ਕੁਝ ਕੀਤਾ ਜਾਵੇ**: ਦੁਨੀਆ ਭਰ ਵਿੱਚ ਰੁੱਖਾਂ ਨੂੰ ਲਾਏ ਜਾਣ ਦੀ ਵੱਡੀ ਮੁਹਿੰਮ ਛੇੜੇ ਜਾਣ ਦੀ ਲੋੜ ਹੈ। ਰੁੱਖਾਂ ਨੂੰ ਪਾਲਣ, ਇਹਨਾਂ ਦੀ ਦੇਖ-ਭਾਲ ਕਰਨ ਲਈ ਵੱਡੇ ਉਪਰਾਲਿਆਂ ਦੀ ਲੋੜ ਹੈ। ਧਰਤੀ ਤੋਂ ਹਰ ਤਰ੍ਹਾਂ ਦੇ ਜੰਗਲਾਂ ਨੂੰ ਕੱਟੇ ਜਾਣ 'ਤੇ ਸਖਤ ਪਾਬੰਦੀਆਂ ਲਾਉਣ ਦੀ ਲੋੜ ਹੈ। ਹਰ ਮਨੁੱਖ ਤੱਕ ਇਹ ਗੱਲ ਪਹੁੰਚਾਉਣ ਦੀ ਲੋੜ ਹੈ ਕਿ ਅਸੀਂ ਇਸ ਅਖੌਤੀ ਵਿਕਾਸ ਦੇ ਰਾਹ 'ਤੇ ਚਲਦਿਆਂ ਆਪਣੀਆਂ ਨਸਲਾਂ ਦਾ ਭਵਿੱਖ ਤਬਾਹ ਕਰ ਰਹੇ ਹਾਂ। ਦੁਨੀਆਂ ਭਰ ਦੀ ਰਾਜਨੀਤੀ ਦੀ ਤਰਜੀਹ ਜੋ 'ਅਖੌਤੀ ਵਿਕਾਸ ਦੀ ਦਰ 'ਤੇ ਟਿਕੀ ਹੋਈ ਹੈ, ਇਸ ਤਰਜੀਹ ਨੂੰ 'ਅਖੌਤੀ ਵਿਕਾਸ' ਤੋਂ ਬਦਲ ਕੇ 'ਜੀਵਨ ਲਈ ਕਰਨ' ਦੀ ਲੋੜ ਹੈ। ਹਰ ਤਰ੍ਹਾਂ ਦੇ ਮਕਾਨਾਂ, ਦੁਕਾਨਾਂ, ਸੜਕਾਂ ਦੀਆਂ ਬਣਤਰਾਂ ਅਜਿਹੀਆਂ ਬਣਾਈਆਂ ਜਾਣ ਕਿ ਇਹਨਾਂ ਦੁਆਲੇ ਰੁੱਖਾਂ, ਬੂਟਿਆਂ ਦੀ ਭਰਮਾਰ ਹੋਵੇ, ਤਾਂ ਕਿ ਘੱਟ ਤੋਂ ਘੱਟ ਤਪਸ਼ ਪੈਦਾ ਹੋਵੇ। ਦੁਨੀਆ ਦੇ ਵੱਡੀ ਗਿਣਤੀ 95 ਫੀਸਦੀ ਲੋਕ ਮਾਸ ਖਾਂਦੇ ਹਨ, ਇਸ ਮਾਸ ਨੂੰ ਪੈਦਾ ਕਰਨ ਲਈ ਹਰ ਦਿਨ ਲੱਖਾਂ ਪਸ਼ੂਆਂ, ਜਾਨਵਰਾਂ ਦੀ ਬਲੀ ਦਿੱਤੀ ਜਾਂਦੀ ਹੈ। ਇਹਨਾਂ ਜਾਨਵਰਾਂ ਦੀ ਖੁਰਾਕ ਲਈ ਦੁਨੀਆਂ ਭਰ ਵਿੱਚ ਟਨਾਂ ਦੇ ਟਨ ਅਨਾਜ ਅਤੇ ਬਨਸਪਤੀਆਂ ਦਾ ਉਜਾੜਾ ਕੀਤਾ ਜਾਂਦਾ ਹੈ। ਦੁਨੀਆਂ ਨੂੰ ਇਹ ਦੱਸਣ ਦੀ ਲੋੜ ਹੈ ਕਿ ਆਪਣੀਆਂ ਖੁਰਾਕੀ ਲੋੜਾਂ ਲਈ ਜਾਨਵਰਾਂ, ਪਸ਼ੂਆਂ ਦੀ ਬਜਾਏ ਕੁਦਰਤ 'ਤੇ ਨਿਰਭਰਤਾ ਵਧਾਈ ਜਾਵੇ।

ਵਾਤਾਵਰਨ ਵਿੱਚ ਵਧ ਰਹੀ ਤਪਸ਼ ਅਤੇ ਇਸ ਨਾਲ ਮਨੁੱਖਤਾ ਨੂੰ ਦਰਪੇਸ਼ ਚੁਣੌਤੀਆਂ ਦਾ ਮਸਲਾ ਏਨਾ ਗੰਭੀਰ ਹੈ ਕਿ ਅਸੀਂ ਅਤੇ ਸਾਡੀ ਰਾਜਨੀਤਕ ਵਿਵਸਥਾ ਨੂੰ ਚਲਾਉਣ ਵਾਲੀਆਂ ਧਿਰਾਂ ਇਸ ਪ੍ਰਤੀ ਓਨੀਆਂ ਗੰਭੀਰ ਨਹੀਂ ਹਨ। ਇਹ ਅਜਿਹਾ ਸੰਕਟ ਹੈ, ਜਿਸ ਨੇ ਭਵਿੱਖ ਵਿੱਚ ਹੋਰ ਵਧਦੇ ਜਾਣਾ ਹੈ, ਪਰ ਅਸੀਂ ਧਰਤੀ ਦੇ ਲੋਕ ਜੀਵਨ ਦੀ ਤਰਜੀਹ ਛੱਡ ਕੇ ਉਸ ਅਖੌਤੀ ਵਿਕਾਸ ਵੱਲ ਵਧ ਰਹੇ ਹਾਂ, ਜਿਸ ਦਾ ਅੰਤ ਵਿਨਾਸ਼ ਹੈ। ਸਾਡੇ ਦੇਸ਼ ਭਾਰਤ ਵਿੱਚ ਵੀ ਲੂ ਵਗਣ ਦਾ ਸਮਾਂ ਵਧ ਰਿਹਾ ਹੈ ਮੌਨਸੂਨ ਦਾ ਪੈਟਰਨ ਬਦਲ ਰਿਹਾ ਹੈ। ਕੁਝ ਮਾਹਰਾਂ ਵੱਲੋਂ ਇਹ ਕਿਹਾ ਜਾਣਾ ਕਿ ਹੁਣ ਲੋਕਾਂ ਨੂੰ ਸਖਤ ਗਰਮੀ ਵਿੱਚ ਰਹਿਣ ਦੀ ਆਪਣੇ ਆਪ ਨੂੰ ਆਦਤ ਪਾ ਲੈਣੀ ਚਾਹੀਦੀ ਹੈ ਇਹ ਬੇਹੱਦ ਨਿੰਦਨਯੋਗ ਵੀ ਹੈ ਅਤੇ ਅਫਸੋਸਨਾਕ ਵੀ ਹੈ। ਚਾਹੀਦਾ ਤਾਂ ਇਹ ਹੈ ਕਿ ਅਸੀਂ ਜਿਹੜੀਆਂ ਤਰਜੀਹਾਂ 'ਤੇ ਚੱਲ ਕੇ ਆਪਣੀ ਤਬਾਹੀ ਦੇ ਕਾਗਜ਼ਾਂ 'ਤੇ ਦਸਤਖਤ ਕੀਤੇ ਹਨ, ਉਸ ਤਬਾਹਕੁੰਨ ਅਖੌਤੀ ਵਿਕਾਸ ਤੋ ਮੁੜ ਕੇ ਅਸੀਂ ਧਰਤੀ 'ਤੇ ਹਰ ਤਰ੍ਹਾਂ ਦੇ ਜੀਵਨ ਲਈ ਸਾਜਗਾਰ ਹਾਲਾਤ ਪੈਦਾ ਕਰਨ ਵੱਲ ਮੁੜੀਏ। ਇਹ ਯਤਨ ਅਖੌਤੀ ਵਿਕਾਸ ਦੇ ਰਾਹ ਤੋਂ ਹਟ ਕੇ ਮੁਨਾਫੇ ਦੀ ਅੰਨੀ ਦੌੜ ਛੱਡ ਕੇ ਕੁਦਰਤ ਨਾਲ ਇੱਕਮਿਕਤਾ ਬਣਾ ਕੇ ਕੀਤੇ ਜਾਣੇ ਚਾਹੀਦੇ ਹਨ।

# ਸੰਪਰਕ : 98550-51099

# ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਡੀ ਸੀ ਦਫ਼ਤਰਾਂ ਅੱਗੇ ਰੋਸ ਪ੍ਰਦਰਸ਼ਨ, ਲੋਕ-ਵਿਰੋਧੀ ਪੱਤਰ ਦੀਆਂ ਫੂਕੀਆਂ ਕਾਪੀਆਂ


ਪਟਿਆਲਾ


ਮੋਗਾ


ਫਿਰੋਜ਼ਪੁਰ

## 7 ਅਗਸਤ ਨੂੰ ਚੰਡੀਗੜ੍ਹ ਵਿਖੇ ਹੋਵੇਗੀ ਮਹਾਂਰੈਲੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਮੁਲਾਜ਼ਮ ਤੇ ਪੈਨਸ਼ਨ ਸਾਂਝਾ ਫਰੰਟ ਅਤੇ ਪੰਜਾਬ ਮੁਲਾਜ਼ਮ ਮੰਚ ਵੱਲੋਂ ਬਣਾਈ ਗਈ ਸਾਂਝੀ ਕੁਆਰਡੀਨੇਸ਼ਨ ਕਮੇਟੀ ਦੇ ਸੱਦੇ 'ਤੇ ਸ਼ੁੱਕਰਵਾਰ ਪੰਜਾਬ ਭਰ 'ਚ ਡੀ ਸੀ ਦਫਤਰਾਂ ਅੱਗੇ ਰੋਸ ਪ੍ਰਦਰਸ਼ਨ ਕੀਤੇ ਗਏ। ਇਸੇ ਤਹਿਤ ਜ਼ਿਲ੍ਹਾ ਪਟਿਆਲਾ ਨਾਲ ਸਬੰਧਤ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਡਿਪਟੀ ਕਮਿਸ਼ਨਰ ਦਫਤਰ ਪਟਿਆਲਾ ਵਿਖੇ ਇਕੱਠੇ ਹੋ ਕੇ ਪੰਜਾਬ ਸਰਕਾਰ ਖਿਲਾਫ ਰੈਲੀ ਕਰਨ ਉਪਰੰਤ ਪੰਜਾਬ ਸਰਕਾਰ ਦੇ 17 ਜੁਲਾਈ 2020 ਵਾਲੇ ਮਾਰੂ ਪੱਤਰ ਦੀਆਂ ਕਾਪੀਆਂ ਸਾੜੀਆਂ ਗਈਆਂ ਅਤੇ ਪੰਜਾਬ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਤੋਂ ਬਾਅਦ ਇਕੱਠੇ ਹੋਏ ਮੁਲਾਜ਼ਮਾਂ ਤੇ ਪੈਨਸ਼ਨਾਂ ਰੋਸ ਪ੍ਰਦਰਸ਼ਨ ਵੀ ਕੀਤਾ। ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦਿਆਂ ਸਾਂਝੀ ਕੁਆਰਡੀਨੇਸ਼ਨ ਕਮੇਟੀ ਜ਼ਿਲ੍ਹਾ ਪਟਿਆਲਾ ਦੇ ਆਗੂ ਦਰਸ਼ਨ ਬੇਲੂ ਮਾਜਰਾ, ਬਚਿੱਤਰ ਸਿੰਘ, ਗੁਰਦੀਪ ਵਾਲੀਆ, ਸੁਖਵਿੰਦਰ ਸਿੰਘ ਸੈਣੀ, ਗੁਰਮੇਲ ਸਿੰਘ ਵਿਰਕ, ਕ੍ਰਿਸ਼ਨ ਦੇਵ, ਗਗਨਦੀਪ ਸਿੰਘ, ਨਿਰਮਲ ਕੁਮਾਰ ਨਾਭਾ, ਸੁਖਜਿੰਦਰ ਸਿੰਘ ਪਟਵਾਰੀ, ਜਗਤਾਰ ਸਿੰਘ ਢੀਂਡਸਾ, ਜਸਵੀਰ ਖੋਖਰ ਨਾਹਰ ਸਿੰਘ ਡੀ.ਐੱਸ.ਪੀ, ਸੰਤ ਰਾਮ ਚੀਮਾ, ਗੁਰਮੀਤ ਸਿੰਘ ਵਾਲੀਆਂ ਆਦਿ ਨੇ ਸੰਬੋਧਨ ਕੀਤਾ ਅਤੇ ਸਰਕਾਰ ਤੋਂ ਮੰਗ ਕੀਤੀ ਕਿ 17 ਜੁਲਾਈ 2020 ਦਾ ਮੁਲਾਜ਼ਮ ਮਾਰੂ ਪੱਤਰ ਰੱਦ ਕੀਤਾ ਜਾਵੇ, ਸਾਰੇ ਮੁਲਾਜ਼ਮਾਂ ਨੂੰ ਡੀ.ਏ.ਆਈ. ਏ.ਐੱਸ. ਤੇ ਆਈ.ਪੀ.ਐੱਸ. ਅਫਸਰਾਂ ਦੀ ਤਰ੍ਹਾਂ 60% ਦਿੱਤਾ ਜਾਵੇ, 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਸਮੁੱਚੇ ਵਿਭਾਗਾਂ ਦੇ ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ, ਸਕੀਮ ਵਰਕਰਾਂ ਦੇ ਉਜਰਤਾਂ ਵਿੱਚ ਵਾਧਾ ਕੀਤਾ ਜਾਵੇ, ਵੱਖ-ਵੱਖ ਵਿਭਾਗਾਂ ਦਾ ਨਿੱਜੀਕਰਨ ਤੇ ਪੰਚਾਇਤੀਕਰਨ ਕਰਨ ਨੂੰ ਠੱਲ੍ਹ ਪਾਈ ਜਾਵੇ। ਇੱਕਤਰਤਾ ਨੂੰ ਸੰਬੋਧਨ ਕਰਦਿਆਂ ਪਰੇਮ ਪੰਜੋਲਾ, ਲਖਵਿੰਦਰ ਖਾਨਪੁਰ, ਰਾਜਪਾਲ ਲਸੋਈ, ਜਸਵਿੰਦਰ ਸੋਜਾ ਨੇ ਨਰੇਗਾ ਮੁਲਾਜ਼ਮਾਂ 'ਤੇ ਲਾਠੀਚਾਰਜ ਦੀ ਨਿੰਦਾ ਕਰਦਿਆਂ ਮੰਗ ਕੀਤੀ ਕਿ ਇਨ੍ਹਾਂ ਮੁਲਾਜ਼ਮਾਂ ਦੀਆਂ ਰਹਿੰਦੀਆਂ ਤਨਖਾਹਾਂ ਜਾਰੀ ਕੀਤੀਆਂ ਜਾਣ। ਅੰਤ ਵਿੱਚ ਸਮੁੱਚੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਕਿਹਾ ਕਿ 7 ਅਗਸਤ ਨੂੰ ਜ਼ਿਲ੍ਹਾ ਪਟਿਆਲੇ ਵਿੱਚੋਂ ਹਜ਼ਾਰਾਂ ਮੁਲਾਜ਼ਮ ਬੱਸਾਂ ਟਰੱਕਾਂ 'ਤੇ ਸਵਾਰ ਹੋ ਕੇ ਵੱਡੀ ਗਿਣਤੀ ਵਿੱਚ ਚੰਡੀਗੜ੍ਹ ਵੱਲ ਵਹੀਰਾ ਘੱਤਣਗੇ ਅਤੇ ਉਸ ਦਿਨ ਸਰਕਾਰ ਦੇ ਖਿਲਾਫ ਆਰ ਪਾਰ ਦੀ ਲੜਾਈ ਦਾ ਐਲਾਨ ਕਰਨਗੇ।

**ਮੋਗਾ (ਇਕਬਾਲ ਸਿੰਘ ਖਹਿਰਾ)** : ਸਾਂਝਾ ਮੁਲਾਜ਼ਮ ਮੰਚ, ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਆਜ਼ਾਦ ਜਥੇਬੰਦੀਆਂ ਨੇ ਮੋਗਾ ਦੇ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਮੁਲਾਜ਼ਮ ਵਿਰੋਧੀ ਕਾਲਾ ਦਿਵਸ ਮਨਾਉਂਦਿਆਂ 17 ਜੁਲਾਈ 2020 ਦੇ ਉਸ ਨੋਟੀਫਿਕੇਸ਼ਨ ਦੀਆਂ ਕਾਪੀਆਂ ਅਗਨ ਭੇਟ ਕੀਤੀਆਂ। ਬੁਲਾਰਿਆਂ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦੇ ਇਸ ਕਾਲੇ ਪੱਤਰ ਨੇ 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਨੂੰ ਪੰਜਾਬ ਸਰਕਾਰ ਦੇ ਸਕੇਲਾਂ ਤੋਂ ਵਾਂਝੇ ਕਰਕੇ ਇਨ੍ਹਾਂ ਤੇ ਕੇਂਦਰੀ ਸਕੇਲ ਠੋਸ ਦਿੱਤੇ ਗਏ, ਜਿਸ ਨਾਲ ਇਹ ਮੁਲਾਜ਼ਮ ਪੰਜਾਬ ਦੇ ਛੇਵੇਂ ਪੇ ਕਮਿਸ਼ਨ ਤੋਂ ਬਾਹਰ ਕਰ ਦਿੱਤੇ ਗਏ।ਬੁਲਾਰਿਆਂ ਵਿੱਚ ਕੁਲਦੀਪ ਸਿੰਘ, ਭਜਨ ਸਿੰਘ ਗਿੱਲ, ਜਗਦੀਸ਼ ਸਿੰਘ ਚਾਹਲ, ਦਿਗ ਵਿਜੇਪਾਲ ਸ਼ਰਮਾ, ਗੁਰਜੰਟ ਸਿੰਘ ਕੋਕਰੀ, ਰਾਜਿੰਦਰ ਸਿੰਘ ਰਿਆੜ, ਪਲਵਿੰਦਰ ਸਿੰਘ, ਕੁਲਵੀਰ ਸਿੰਘ ਢਿੱਲੋਂ, ਦਲਜੀਤ ਸਿੰਘ ਭੁੱਲਰ, ਹਰਜੰਟ ਸਿੰਘ ਬੌਡੇ, ਸੁਰਜੀਤ ਸਿੰਘ ਗਗੜਾ, ਸੁਖਮੰਦਰ ਸਿੰਘ, ਭੁਪਿੰਦਰ ਸਿੰਘ ਸੇਖੋਂ, ਸੁਰਿੰਦਰ ਕੁਮਾਰ ਸ਼ਰਮਾ ਪ੍ਰਧਾਨ ਈ. ਟੀ. ਟੀ, ਪ੍ਰਗਟ ਸਿੰਘ ਕਿਸ਼ਨਪੁਰਾ, ਰਾਜ ਕੁਮਾਰ ਸਿਹਤ ਵਿਭਾਗ ਆਦਿ ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਇਹ ਕਾਲਾ ਕਾਨੂੰਨ ਪਾਸ ਕਰਕੇ ਪੰਜਾਬ ਦੇ ਮੁਲਾਜ਼ਮਾਂ ਨੂੰ ਪੰਜਾਬ ਦੇ ਸਕੇਲਾਂ ਤੋਂ ਵਿਰਵੇ ਕਰਕੇ ਉਨ੍ਹਾਂ ਦੀਆਂ ਤਨਖਾਹਾਂ ਨੂੰ ਖੋਰਾ ਲਾਇਆ ਹੈ। ਅੱਜ ਦੇ ਧਰਨੇ 'ਤੇ ਸੁਰਿੰਦਰ ਰਾਮ ਕੁੱਸਾ, ਪ੍ਰੇਮ ਕੁਮਾਰ, ਨਾਇਬ ਸਿੰਘ, ਸੁਖਪਾਲ ਜੀਤ ਸਿੰਘ, ਸੁਰਿੰਦਰ ਸਿੰਘ, ਬਲਵਿੰਦਰ ਸਿੰਘ ਗਿੱਲ, ਗੁਰਚਰਨ ਸਿੰਘ, ਚਰਨ ਸਿੰਘ, ਖੁਸ਼ਵਿੰਦਰ ਕੌਰ, ਮਮਤਾ ਕੌਸ਼ਲ, ਕਮਲਜੀਤ ਕੌਰ, ਸ਼ਿੰਦਰ ਪਾਲ, ਸੱਤਿਆ ਦੇਵੀ, ਦਰਸ਼ਨ ਪਾਲ ਕੌਰ, ਰਮਨਦੀਪ ਕੌਰ, ਜਤਿੰਦਰ ਕੌਰ, ਅਮਰਦੀਪ ਸਿੰਘ ਦੀਪੂ, ਪ੍ਰੈੱਸ ਸਕੱਤਰ ਗਿਆਨ ਸਿੰਘ ਸਾਬਕਾ ਡੀ ਪੀ ਆਰ ਓ ਤੋਂ ਹੋਰ ਮੁਲਾਜ਼ਮ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।

**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)** : ਸਥਾਨਕ ਮਿਨੀ ਸਕੱਤਰੇਤ ਵਿਖੇ ਡਿਪਟੀ ਕਮਿਸ਼ਨਰ ਦਫ਼ਤਰ ਸਾਹਮਣੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਇਕੱਠੇ ਹੋ ਕੇ ਪੰਜਾਬ ਸਰਕਾਰ ਖ਼ਿਲਾਫ਼ ਤਿੱਖੀ ਨਾਹਰੇਬਾਜ਼ੀ ਕੀਤੀ। ਪ੍ਰਦਰਸ਼ਨਕਾਰੀਆਂ ਵੱਲੋਂ ਪਿਛਲੀ ਕਾਂਗਰਸ ਸਰਕਾਰ ਵੱਲੋਂ 17 ਜੁਲਾਈ 2020 ਨੂੰ ਜਾਰੀ ਕੀਤੇ ਗਏ ਮੁਲਾਜ਼ਮ ਵਿਰੋਧੀ ਪੱਤਰ ਦੀਆਂ ਕਾਪੀਆਂ ਸਾੜ ਕੇ ਜ਼ੋਰਦਾਰ ਰੋਸ ਪ੍ਰਗਟਾਇਆ ਗਿਆ।ਇਹ ਐਕਸ਼ਨ ਸਾਂਝੀ ਤਾਲਮੇਲ ਕਮੇਟੀ, ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਦੇ ਸੂਬਾ ਵਿਆਪੀ ਸੱਦੇ ਤਹਿਤ ਜ਼ਿਲ੍ਹਾ ਤੇ ਤਹਿਸੀਲ ਪੱਧਰ 'ਤੇ ਕੀਤਾ ਗਿਆ।ਇਸ ਵਿਰੋਧ ਪ੍ਰਦਰਸ਼ਨ ਦੌਰਾਨ ਮੁਲਾਜ਼ਮ ਤੇ ਪੈਨਸ਼ਨਰ ਵੱਡੀ ਗਿਣਤੀ ਵਿੱਚ ਕਾਲੇ ਬਿੱਲੇ ਲਗਾ ਕੇ, ਕਾਲੇ ਚੋਗੇ ਪਾ ਕੇ ਤੇ ਕਾਲੀਆਂ ਪੱਟੀਆਂ ਤੇ ਕਾਲੀਆਂ ਦਸਤਾਰਾਂ ਸਜਾ ਕੇ ਸ਼ਾਮਲ ਹੋਏ।ਰੈਲੀ ਨੂੰ ਸੰਬੋਧਨ ਕਰਨ ਵਾਲੇ ਪ੍ਰਮੁੱਖ ਆਗੂਆਂ ਵਿੱਚ ਗੁਰਨਾਮ ਸਿੰਘ ਵਿਰਕ (ਮੁੱਖ ਕਨਵੀਨਰ, ਸਾਂਝਾ ਮੁਲਾਜ਼ਮ ਮੰਚ ਪੰਜਾਬ), ਵਿਕਰਮਜੀਤ ਸਿੰਘ ਢਿੱਲੋਂ (ਜ਼ਿਲ੍ਹਾ ਪ੍ਰਧਾਨ, ਮਨਿਸਟਰੀਅਲ ਸਟਾਫ਼), ਜਤਿੰਦਰ ਕੁਮਾਰ, ਜਸਮੇਲ ਸਿੰਘ ਜੱਸੀ, ਸਿਮਰਜੀਤ ਸਿੰਘ ਬਰਾੜ, ਬਲਕਾਰ ਸਿੰਘ ਸਹੋਤਾ, ਅਧਿਆਪਕ ਆਗੂ ਸੁਖਵਿੰਦਰ ਸਿੰਘ ਸੁੱਖੀ, ਗਗਨ ਪਾਹਵਾ, ਧਰਮਿੰਦਰ ਸਿੰਘ, ਜੀਤੇਂਦਰ ਕੁਮਾਰ ਹੰਸ ਤੇ ਹਰਪ੍ਰੀਤ ਸਿੰਘ ਸਰਾਂ, ਪੈਨਸ਼ਨਰ ਆਗੂ ਇੰਦਰਜੀਤ ਸਿੰਘ ਖੀਵਾ, ਕੁਲਵੰਤ ਸਿੰਘ ਚਾਨੀ, ਪ੍ਰਿੰਸੀਪਲ ਕ੍ਰਿਸ਼ਨ ਲਾਲ, ਵੀਰ ਇੰਦਰਜੀਤ ਸਿੰਘ ਪੁਰੀ, ਸੋਮ ਨਾਥ ਅਰੋੜਾ, ਜਗਤਾਰ ਸਿੰਘ ਗਿੱਲ, ਇੰਦਰਜੀਤ ਸਿੰਘ ਗਿੱਲ, ਰਜਿੰਦਰ ਸਿੰਘ ਸਰਾਂ (ਸੇਵਾਮੁਕਤ ਤਹਿਸੀਲਦਾਰ), ਪ੍ਰਦੀਪ ਸਿੰਘ ਬਰਾੜ, ਅਮਰਜੀਤ ਸਿੰਘ ਵਾਲੀਆ, ਮਿੱਠੂ ਸਿੰਘ (ਬਿਜਲੀ ਬੋਰਡ) ਤੇ ਬਲਵਿੰਦਰ ਸਿੰਘ ਬਰਾੜ (ਸਿਹਤ ਵਿਭਾਗ) ਸ਼ਾਮਲ ਸਨ।

**ਮਾਨਸਾ (ਆਤਮਾ ਸਿੰਘ ਪਮਾਰ)** : ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਸੱਦੇ 'ਤੇ ਜ਼ਿਲ੍ਹਾ ਇਕਾਈ ਮਾਨਸਾ ਵੱਲੋਂ ਸੈਂਕੜੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਡਿਪਟੀ ਕਮਿਸ਼ਨਰ ਦਫ਼ਤਰ ਮੂਹਰੇ ਜ਼ੋਰਦਾਰ ਪ੍ਰਦਰਸ਼ਨ ਕਰਨ ਤੋਂ ਇਲਾਵਾ ਰੋਸ ਰੈਲੀ ਵੀ ਕੀਤੀ ਗਈ।ਇਸ ਸਮੇਂ ਰੋਹ 'ਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸਰਕਾਰ ਦੇ ਅੜੀਅਲ ਵਤੀਰੇ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਵੀ ਕੀਤੀ ਗਈ।ਰੈਲੀ ਉਪਰੰਤ ਮੁਲਾਜ਼ਮਾਂ ਵੱਲੋਂ ਸਥਾਨਕ ਮੁੱਖ ਕਚਿਹਰੀ ਰੋਡ 'ਤੇ ਸਰਕਾਰ ਵੱਲੋਂ ਜਾਰੀ 17 ਜੁਲਾਈ 2020 ਦੇ ਵਿਵਾਦਿਤ ਪੱਤਰ ਦੀਆਂ ਕਾਪੀਆਂ ਫੂਕ ਕੇ ਰੋਸ ਪ੍ਰਦਰਸ਼ਨ ਕਰਦਿਆਂ ਅੱਜ ਦੇ ਦਿਨ ਨੂੰ 'ਕਾਲੇ ਦਿਵਸ' ਵਜੋਂ ਮਨਾਇਆ।ਰੋਸ ਰੈਲੀ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਲਖਨ ਲਾਲ ਮੌੜ, ਸਿਕੰਦਰ ਸਿੰਘ ਘਰਾਂਗਣਾਂ, ਗੁਰਦਰਸ਼ਨ ਸਿੰਘ ਪੈਨਸ਼ਨਰਜ਼ ਯੂਨੀਅਨ ਜਸਵੰਤ ਸਿੰਘ ਮੌਜੋ ਮੁਲਾਜ਼ਮ ਆਗੂ, ਪੀ ਐੱਸ ਪੀ ਐੱਮ ਯੂ ਦੇ ਪ੍ਰਧਾਨ ਪ੍ਰਤਾਪ ਸਿੰਘ ਖੁਡਾਲ ਨੇ ਸਰਕਾਰ ਦੀਆਂ ਮੁਲਾਜ਼ਮ ਤੇ ਲੋਕ ਮਾਰੂ ਨੀਤੀਆਂ ਦੀ ਤਿੱਖੀ ਆਲੋਚਨਾ ਕਰਦਿਆਂ ਕਿਹਾ ਮੁਲਾਜ਼ਮਾਂ ਨੂੰ ਪੰਜਾਬ ਦੇ ਰਵਾਇਤੀ ਪੈਟਰਨ ਮੁਤਾਬਕ ਪੂਰੇ ਵਿੱਤੀ ਲਾਭ ਦਿੱਤੇ ਜਾਣ। ਪੁਰਾਣੀ ਪੈਨਸ਼ਨ ਸਕੀਮ ਦਾ ਨੋਟੀਫਿਕੇਸ਼ਨ ਹੂ-ਬ-ਹੂ ਤੇ ਮੁਕੰਮਲ ਰੂਪ 'ਚ ਲਾਗੂ ਕੀਤਾ ਜਾਵੇ।ਕੱਚੇ, ਦਿਹਾੜੀਦਾਰ ਤੇ ਆਊਟਸੋਰਸਿੰਗ ਮੁਲਾਜ਼ਮਾਂ ਨੂੰ ਬਿਨਾਂ ਸ਼ਰਤ ਪੱਕਾ ਕੀਤਾ ਜਾਵੇ।ਪੈਨਸ਼ਨਰਾਂ ਦੀਆਂ ਲੰਬਿਤ ਮੰਗਾਂ ਤੇ ਡੀ ਏ ਦੀਆਂ ਬਕਾਇਆ ਕਿਸ਼ਤਾਂ ਤੁਰੰਤ ਜਾਰੀ ਕੀਤੀਆਂ ਜਾਣ।ਇਸ ਮੌਕੇ ਪੰਜਾਬ ਮੁਲਾਜ਼ਮ ਪੈਨਸ਼ਨਰ ਸਾਂਝਾ ਫਰੰਟ (ਪ.ਸ.ਸ.ਫ.) ਦੇ ਵੱਖ-ਵੱਖ ਗਰੁੱਪਾਂ ਦੇ ਆਗੂ ਹਰਪਾਲ ਸਿੰਘ (ਸੱਜਣ ਗਰੁੱਪ), ਜੱਗਾ ਸਿੰਘ (ਰਾਣਾ ਗਰੁੱਪ), ਬਿੱਕਰ ਸਿੰਘ (ਵਿਗਿਆਨਕ ਗਰੁੱਪ) ਰਵਨੀਸ਼ ਕੁਮਾਰ, ਕਮਲ ਸ਼ਰਮਾ, ਹੁਸਨਪ੍ਰੀਤ ਸ਼ਰਮਾ, ਸੁਖਵਿੰਦਰ ਸਿੰਘ, ਯਾਦਵਿੰਦਰ ਸਿੰਘ ਵਿਰਕ, ਸੰਦੀਪ ਸਿੰਘ ਆਦਿ ਤੋਂ ਇਲਾਵਾ ਪੈਨਸ਼ਨਰਜ ਐਸੋਸੀਏਸ਼ਨ ਦੇ ਅਹੁਦੇਦਾਰ ਤੇ ਮੈਂਬਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਸਾਂਝੀ ਮੁਲਾਜ਼ਮ ਪੈਨਸ਼ਨ ਕੋਆਰਡੀਨੇਸ਼ਨ ਕਮੇਟੀ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਦੀ ਹਾਜ਼ਰੀ ਵਿੱਚ ਪਿੱਪਲ ਸਿੰਘ ਦੀ ਅਗਵਾਈ ਹੇਠ ਡੀਸੀ ਦਫ਼ਤਰ ਫਿਰੋਜ਼ਪੁਰ ਵਿਖੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਮੁਲਾਜ਼ਮਾਂ ਨੇ 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਕਰਮਚਾਰੀਆਂ 'ਤੇ ਜਬਰੀ ਥੋਪੇ ਗਏ ਕੇਂਦਰੀ ਤਨਖਾਹ ਸਕੇਲਾਂ ਦੀਆਂ ਕਾਪੀਆਂ ਫੂਕ ਕੇ ਪੰਜਾਬ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਤੇ ਧੋਖੇਬਾਜ਼ੀ ਦੇ ਦੋਸ਼ ਲਗਾਏ। ਇਸ ਮੌਕੇ ਜਸਪਾਲ ਸਿੰਘ ਤੇ ਹੋਰਨਾਂ ਜਥੇਬੰਦੀਆਂ ਦੇ ਬੁਲਾਰਿਆਂ ਨੇ ਸਰਕਾਰ ਦੀਆਂ ਨੀਤੀਆਂ ਦੀ ਤਿੱਖੀ ਆਲੋਚਨਾ ਕੀਤੀ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਮੰਨਣ ਦੀ ਬਜਾਏ, ਪੰਜਾਬ ਸਰਕਾਰ ਹਾਈਕੋਰਟ ਵਿੱਚ ਮੋਟੀਆਂ ਰਕਮਾਂ ਖ਼ਰਚ ਕੇ ਮਹਿੰਗੇ ਵਕੀਲ ਖੜ੍ਹੇ ਕਰ ਰਹੀ ਹੈ ਤਾਂ ਜੋ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਹੱਕਾਂ ਤੋਂ ਵਾਂਝਾ ਰੱਖਿਆ ਜਾ ਸਕੇ। ਇਸੇ ਰੋਸ ਦੇ ਚਲਦਿਆਂ ਅੱਜ ਪੂਰੇ ਪੰਜਾਬ ਵਿੱਚ ਡੀਸੀ ਦਫ਼ਤਰਾਂ ਅੱਗੇ ਕੇਂਦਰੀ ਸਕੇਲਾਂ ਦੀਆਂ ਕਾਪੀਆਂ ਸਾੜੀਆਂ ਗਈਆਂ ਹਨ। ਉਨ੍ਹਾਂ ਐਲਾਨ ਕੀਤਾ ਕਿ ਆਉਂਦੀ 7 ਤਰੀਕ ਨੂੰ ਹੋਣ ਵਾਲੀ ਸੂਬਾ ਪੱਧਰੀ 'ਮਹਾਂ ਰੈਲੀ' ਵਿੱਚ ਪੰਜਾਬ ਭਰ ਦੇ ਮੁਲਾਜ਼ਮ ਆਪਣਾ ਕੰਮਕਾਜ ਮੁਕੰਮਲ ਬੰਦ ਕਰਕੇ ਸ਼ਮੂਲੀਅਤ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਸੀਰ ਸਿੰਘ ਭਾਂਗਰ, ਅਜੀਤ ਸਿੰਘ ਸੋਢੀ, ਜਸਪਾਲ ਸਿੰਘ ਡੀਐੱਸਪੀ, ਸੁਬੇਗ ਸਿੰਘ, ਰਕੇਸ਼ ਸ਼ਰਮਾ, ਨਰਿੰਦਰ ਸ਼ਰਮਾ, ਰਮਨਦੀਪ ਸਿੰਘ, ਜੇਲ੍ਹ ਵਿਭਾਗ ਤੋਂ ਕਸ਼ਮੀਰ ਸਿੰਘ, ਸਿਹਤ ਵਿਭਾਗ ਤੋਂ ਰਾਮ ਪ੍ਰਸ਼ਾਦ, ਕਰਮਚਾਰੀ ਯੂਨੀਅਨ ਤੋਂ ਬਲਵੀਰ ਸਿੰਘ, ਪ੍ਰਤਾਪ ਸਿੰਘ ਢਿੱਲੋਂ, ਪ੍ਰਤਾਪ ਸਿੰਘ ਅਤੇ ਟੀਚਰ ਯੂਨੀਅਨ ਤੋਂ ਹਰਜੀਤ ਸਿੰਘ ਸਿੱਧੂ, ਪਰਮਵੀਰ ਮੋਗਾ ਤੇ ਸੁਰਿੰਦਰ ਸ਼ਰਮਾ ਆਦਿ ਨੇ ਰੈਲੀ ਨੂੰ ਸੰਬੋਧਨ ਕੀਤਾ। ਸਿਹਤ ਵਿਭਾਗ ਤੋਂ ਨਰਿੰਦਰ ਸਿੰਘ, ਪ੍ਰੀਤਮ ਖੀਵਾ ਤੇ ਰਮੇਸ਼ ਕੁਮਾਰ ਵੀ ਵੱਡੀ ਗਿਣਤੀ ਵਿੱਚ ਸਾਥੀਆਂ ਸਮੇਤ ਹਾਜ਼ਰ ਸਨ।

## ਕਾਤਰਾਂ

### 22 ਨੂੰ ਲੁਧਿਆਣਾ ਜ਼ਿਲ੍ਹੇ ਦੇ ਤਿੰਨ ਟੋਲ ਪਲਾਜ਼ੇ ਹੋਣਗੇ ਪਰਚੀ ਮੁਕਤ : ਕਿਸਾਨ ਆਗੂ

**ਦੋਰਾਹਾ (ਹਰਮਿੰਦਰ ਸੇਠ)**-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਲੁਧਿਆਣਾ ਦੀ ਮੀਟਿੰਗ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਸੀਨੀਅਰ ਆਗੂ ਹਮਦੀਪ ਸਿੰਘ ਮੋਹਲੇ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਫੈਸਲਾ ਕੀਤਾ ਕਿ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ ਉੱਤੇ 22 ਜੁਲਾਈ ਨੂੰ ਲੁਧਿਆਣਾ ਜ਼ਿਲ੍ਹੇ ਵਿੱਚ ਪੈਂਦੇ ਤਿੰਨ ਟੋਲ ਪਲਾਜ਼ੇ ਲਾਡੂਵਾਲ, ਚੌਕੀਮਾਨ ਤੇ ਘੁਲਾਲ ਨੂੰ ਦੁਪਹਿਰ 12 ਵਜੇ ਤੋਂ ਲੈਕੇ ਸ਼ਾਮ 03 ਵਜੇ ਤੱਕ ਪਰਚੀ ਮੁਕਤ ਕੀਤਾ ਜਾਵੇਗਾ।ਹਾਜ਼ਰ ਆਗੂਆਂ ਨੇ ਦੱਸਿਆ ਕਿ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤੇ ਨੂੰ ਰੱਦ ਕਰਵਾਉਣ, ਕਿਸਾਨਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਲਾਗੂ ਕਰਨ ਤੇ ਰਹਿੰਦੀਆਂ ਮੰਗਾਂ ਮਨਵਾਉਣ ਲਈ ਇਹ ਐਕਸ਼ਨ ਕੀਤਾ ਜਾਵੇਗਾ।ਇਸ ਐਕਸ਼ਨ ਨੂੰ ਕਾਮਯਾਬ ਕਰਨ ਲਈ ਡਿਊਟੀਆਂ ਦੀ ਵੰਡ ਕਰ ਲਈ ਗਈ ਹੈ।ਇਹ ਐਕਸ਼ਨ ਕੇਂਦਰ ਤੇ ਸੂਬਾ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਨੂੰ ਰੋਕਣ ਵਿੱਚ ਸਹਾਈ ਹੋਵੇਗਾ।ਇਸ ਸਮੇਂ ਆਲ ਇੰਡੀਆ ਕਿਸਾਨ ਸਭਾ (1936) ਦੇ ਜਸਵੀਰ ਝੱਜ, ਚਮਕੌਰ ਸਿੰਘ ਬਰ੍ਹਮੀ, ਜਮਹੂਰੀ ਕਿਸਾਨ ਸਭਾ ਪੰਜਾਬ ਦੇ ਹਰਨੇਕ ਸਿੰਘ ਗੁੱਜਰਵਾਲ, ਅਮਰਜੀਤ ਸਿੰਘ ਸਹਿਜ਼ਾਦ, ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਸੁਦਾਗਰ ਸਿੰਘ ਘੁਡਾਣੀ, ਚਰਨ ਸਿੰਘ ਨੂਰਪੁਰਾ, ਮਨਜੀਤ ਸਿੰਘ, ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਧਨੇਰ) ਦੇ ਹਰਜਿੰਦਰ ਕੌਰ, ਰਜਿੰਦਰ ਸਿੰਘ ਆਦਿ ਹਾਜ਼ਰ ਸਨ।

### ਹੈਰੋਇਨ ਦਾ ਸੇਵਨ ਕਰਨ ਤੇ ਇਕ ਵਿਅਕਤੀ ਕਾਬੂ, ਨਾਮਜ਼ਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ ਹੈਰੋਇਨ ਦਾ ਨਸ਼ਾ ਕਰਨ ਤੇ ਇਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਪਿੰਡ ਅਮੀਰ ਖਾਸ ਤੋਂ ਪੀਰ ਬਖਸ਼ ਚੌਹਾਨ ਨਹਿਰ ਦੀ ਕੱਚੀ ਪੱਟੜੀ ਤੇ ਜਾ ਰਹੇ ਸੀ ਤਾਂ ਇਕ ਨੌਜਵਾਨ ਵਿਅਕਤੀ ਹੈਰੋਇਨ ਦਾ ਸੇਵਨ ਕਰ ਰਿਹਾ ਸੀ, ਜਿਸਨੂੰ ਪੁਲਸ ਪਾਰਟੀ ਨੇ ਕਾਬੂ ਕਰਕੇ ਉਸਦਾ ਨਾਮ ਪਤਾ ਪੁੱਛਿਆ ਤਾਂ ਉਸਨੇ ਆਪਣਾ ਨਾਮ ਗੁਰਪ੍ਰੀਤ ਸਿੰਘ ਉਰਫ ਗੋਰੀ ਪੁਤਰ ਜੋਗਿੰਦਰ ਸਿੰਘ ਵਾਸੀ ਪੀਰੇਕੇ ਉਤਾੜ ਨੂੰ ਸਿਲਵਰ ਪੰਨੀ, 1 ਲਾਇਟਰ, 20 ਰੁਪਏ ਦਾ ਨੋਟ ਬਰਾਮਦ ਹੋਇਆ। ਪੁਲਸ ਨੇ ਥਾਣਾ ਅਮੀਰ ਖਾਸ ਵਿਖੇ ਵਿਖੇ ਮੁਕੱਦਮਾ ਨੰਬਰ 81 ਮਿਤੀ 16 ਜੁਲਾਈ 2026 ਨੂੰ ਧਾਰਾ 27/61/85 ਐਨ.ਡੀ.ਪੀ.ਐਸ. ਐਕਟ ਅਧੀਨ ਦਰਜ ਕੀਤਾ ਗਿਆ ਹੈ।

### ਭਲਕੇ ਲੱਗੇਗਾ ਮੁਫ਼ਤ ਸ਼ੂਗਰ ਤੇ ਕਿਡਨੀ ਜਾਂਚ ਕੈਂਪ

**ਜਲਾਲਾਬਾਦ (ਪਰਮਜੀਤ ਢਾਬਾਂ)**-ਲਾਇਨਜ਼ ਕਲੱਬ ਗੋਲਡ ਵੱਲੋਂ ਪਿਛਲੇ ਦੋ ਸਾਲਾਂ ਤੋਂ ਹਰ ਐਤਵਾਰ ਹਨੂੰਮਾਨ ਮੰਦਰ ਨੇੜੇ ਤਹਿਸੀਲ ਕੰਪਲੈਕਸ ਵਿਖੇ ਸਵੇਰੇ 7 ਵਜੇ ਤੋਂ 8 ਵਜੇ ਤੱਕ ਮੁਫ਼ਤ ਸ਼ੂਗਰ ਚੈਕਅੱਪ ਕੈਂਪ ਲਗਾਤਾਰ ਲਾਇਆ ਜਾ ਰਿਹਾ ਹੈ। 19 ਜੁਲਾਈ ਨੂੰ ਸ਼੍ਰੀ ਜਸਰਾਜ ਕਾਠਪਾਲ ਦੀ ਬਰਸੀ ਮੌਕੇ ਵਿਸ਼ੇਸ਼ ਸਿਹਤ ਜਾਂਚ ਕੈਂਪ ਦਾ ਆਯੋਜਨ ਕੀਤਾ ਜਾਵੇਗਾ। ਲਾਇਨਜ਼ ਕਲੱਬ ਗੋਲਡ ਜਲਾਲਾਬਾਦ ਦੇ ਪ੍ਰਧਾਨ ਗੌਰਵ ਠਠਈ ਨੇ ਦੱਸਿਆ ਕਿ ਇਸ ਵਿਸ਼ੇਸ਼ ਕੈਂਪ ਦੌਰਾਨ ਸ਼ੂਗਰ ਦੇ ਮਰੀਜ਼ਾਂ ਦੀ ਤਿੰਨ ਮਹੀਨਿਆਂ ਦੀ ਸ਼ੂਗਰ, ਮੌਜੂਦਾ ਸ਼ੂਗਰ ਤੇ ਕਿਡਨੀ ਨਾਲ ਸਬੰਧਤ ਸਾਰੇ ਲੋੜੀਂਦੇ ਟੈਸਟ ਬਿਲਕੁਲ ਮੁਫ਼ਤ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਸਮੇਂ ਸਿਰ ਜਾਂਚ ਕਰਾਉਣ ਨਾਲ ਸ਼ੂਗਰ ਅਤੇ ਕਿਡਨੀ ਨਾਲ ਜੁੜੀਆਂ ਕਈ ਗੰਭੀਰ ਸਮੱਸਿਆਵਾਂ ਤੋਂ ਬਚਾਅ ਕੀਤਾ ਜਾ ਸਕਦਾ ਹੈ।

## ਨਰੇਗਾ ਕਰਮਚਾਰੀਆਂ 'ਤੇ ਲਾਠੀਚਾਰਜ ਦੀ ਬਜਾਏ ਸਰਕਾਰ ਉਨ੍ਹਾਂ ਦੀਆਂ ਮੰਗਾਂ ਮੰਨੇ : ਗਦਾਈਆ



**ਨਾਭਾ (ਅਮਨ ਗਰਗ)**-ਬੀਤੀ ਦਿਨੀਂ ਖੰਨਾ ਵਿੱਚ ਪੰਚਾਇਤ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਦੇ ਘਰ ਅੱਗੇ ਸ਼ਾਂਤੀਪੂਰਵਕ ਪ੍ਰਦਰਸ਼ਨ ਕਰ ਰਹੇ ਨਰੇਗਾ ਕਰਮਚਾਰੀਆਂ ਨਾਲ ਗੱਲਬਾਤ ਕਰਨ ਦੀ ਬਜਾਏ ਉਨ੍ਹਾਂ ਉੱਤੇ ਅੰਨ੍ਹਾ ਲਾਠੀਚਾਰਜ, ਪਾਣੀ ਦੀਆਂ ਬੁਛਾੜਾਂ ਮਾਰਨਾ, ਬਹੁਤ ਸਾਰੇ ਕਰਮਚਾਰੀਆਂ ਨੂੰ ਜ਼ਖ਼ਮੀ ਕਰਨ ਦੀ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਇਸ ਜਬਰ ਦੀ ਜ਼ੋਰਦਾਰ ਨਿਖੇਧੀ ਕਰਦੀ ਹੈ। ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਨੇ ਕਿਹਾ ਕਿ ਇਹ ਕਰਮਚਾਰੀ ਬਹੁਤ ਲੰਮੇ ਤੋਂ ਹੜਤਾਲ 'ਤੇ ਹਨ, ਇਨ੍ਹਾਂ ਕਰਮਚਾਰੀਆਂ ਨੂੰ ਲਗਭਗ ਅੱਠ ਮਹੀਨਿਆਂ ਤੋਂ ਤਨਖਾਹਾਂ ਨਹੀਂ ਮਿਲੀਆਂ ਹਨ। ਇਨ੍ਹਾਂ ਲੰਮਾਂ ਸਮਾਂ ਤਨਖਾਹਾਂ ਦਾ ਨਾ ਮਿਲਣਾ ਇਨ੍ਹਾਂ ਨਾਲ ਘੋਰ ਬੇਇਨਸਾਫ਼ੀ ਹੈ, ਤਨਖਾਹਾਂ ਨਾ ਮਿਲਣ 'ਤੇ ਇਨ੍ਹਾਂ ਕਰਮਚਾਰੀਆਂ ਲਈ ਘਰ ਦਾ ਗੁਜ਼ਾਰਾ ਕਰਨਾ ਬਹੁਤ ਮੁਸ਼ਕਲ ਹੈ, ਇਸ ਲਈ ਸਰਕਾਰ ਨੂੰ ਲਾਠੀਚਾਰਜ ਨਹੀਂ ਗੱਲਬਾਤ ਕਰਕੇ ਮਸਲੇ ਦਾ ਹੱਲ ਕਰਨਾ ਚਾਹੀਦਾ ਹੈ। ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਕੇਂਦਰ ਸਰਕਾਰ 1 ਜੁਲਾਈ ਤੋਂ ਕੇਂਦਰ ਸਰਕਾਰ ਵੱਲੋਂ ਲਾਗੂ ਕੀਤੇ ਗਏ ਵਿਕਸਿਤ ਭਾਰਤ ਗ੍ਰਾਮ ਜੀ ਰਾਹੀਂ ਬੜੇ ਲੰਮੇ ਸਮੇਂ ਤੋਂ ਨਰੇਗਾ ਕੰਮ ਬੰਦ ਹੋਣ ਕਾਰਨ ਬੇਹੱਦ ਤੰਗੀਆਂ ਤੁਰਸ਼ੀਆਂ ਹੰਡਾ ਰਹੇ ਪੇਂਡੂ ਕਿਰਤੀਆਂ ਨੂੰ ਕੰਮ ਦੇਣ ਦੀ ਪਲਾਨਿੰਗ ਕਰੇ। ਨਰੇਗਾ ਕਾਮਿਆਂ ਦੇ ਆਗੂ ਕਾਮਰੇਡ ਗਦਾਈਆ ਨੇ ਕਿਹਾ ਕਿ ਪਿੰਡਾਂ ਵਿੱਚ ਬਿਲਕੁਲ ਕੰਮ ਨਹੀਂ ਹੈ, ਇਸ ਲਈ ਪੇਂਡੂ ਕਿਰਤੀ ਕਾਮੇ ਲਈ ਮਾਰੇ ਮਾਰੇ ਫਿਰ ਰਹੇ ਹਨ, ਉਨ੍ਹਾਂ ਕੋਲ ਘਰ ਦਾ ਗੁਜ਼ਾਰਾ ਕਰਨਾ ਅਤਿਅੰਤ ਮੁਸ਼ਕਲ ਹੈ, ਭਾਵੇਂ ਸਰਕਾਰ ਨੇ ਔਰਤਾਂ ਲਈ 1000-1500 ਰੁਪਏ ਦੇਣੇ ਸ਼ੁਰੂ ਕੀਤੇ ਹਨ, ਮੰਗੀ ਸਸਤੀ ਸਕੀਮ ਦੇ ਤਹਿਤ ਨਿਗੂਣੇ ਜਿਹੇ ਕੱਲੇ ਸਾਮਾਨ ਦੀ ਕਿੱਟ ਵੀ ਦੇਣੀ ਸ਼ੁਰੂ ਕੀਤੀ ਹੈ, ਇਹ ਨਾ ਕਾਫ਼ੀ ਹੈ। ਇਨ੍ਹਾਂ ਬੁਰਕੀਆਂ ਨਾਲ ਕਿਰਤੀਆਂ ਦਾ ਗੁਜ਼ਾਰਾ ਨਹੀਂ ਹੋ ਸਕਦਾ। ਇਨ੍ਹਾਂ ਦਾ ਗੁਜ਼ਾਰਾ ਇਨ੍ਹਾਂ ਲਈ ਰੁਜ਼ਗਾਰ ਦਾ ਪੱਕਾ ਪ੍ਰਬੰਧ ਕਰਕੇ ਹੀ ਕੀਤਾ ਜਾ ਸਕਦਾ ਹੈ, ਵਿਕਸਿਤ ਭਾਰਤ ਗ੍ਰਾਮ ਜੀ ਸਕੀਮ ਰਾਹੀਂ ਪੇਂਡੂ ਕਿਰਤੀਆਂ ਨੂੰ ਕੰਮ ਦੇਣ ਨਾਲ ਹੀ ਉਨ੍ਹਾਂ ਨੂੰ ਸਤਿਕਾਰਤ ਜ਼ਿੰਦਗੀ ਜਿਊਣ ਯੋਗ ਕੀਤਾ ਜਾ ਸਕਦਾ ਹੈ।

## ਰਾਏਸਰ 'ਚ ਟੈਂਕੀ 'ਤੇ ਚੜ੍ਹੀਆਂ ਔਰਤਾਂ 'ਚੋਂ ਇਕ ਦੀ ਸਿਹਤ ਵਿਗੜੀ

### ਮਜ਼ਦੂਰਾਂ ਵੱਲੋਂ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਲੋਕ ਕਵੀ ਸੰਤ ਰਾਮ ਉਦਾਸੀ ਦੇ ਪਿੰਡ ਰਾਏਸਰ ਪੰਜਾਬ ਵਿਖੇ ਇਨਸਾਫ ਲੈਣ ਲਈ ਪਾਣੀ ਵਾਲੀ ਟੈਂਕੀ ਉੱਪਰ ਚੜ੍ਹ ਕੇ ਤਿੰਨ ਦਿਨਾਂ ਤੋਂ ਲਗਾਤਾਰ ਰੋਸ ਪ੍ਰਦਰਸ਼ਨ ਕਰਨ ਰਹੀਆਂ ਛੇ ਔਰਤਾਂ 'ਚੋਂ ਇਕ ਔਰਤ ਮਾਤਾ ਜਸਵੀਰ ਕੌਰ (70) ਪਤਨੀ ਵਜ਼ੀਰ ਸਿੰਘ ਰਾਏਸਰ ਪੰਜਾਬ ਦੀ ਜ਼ਿਆਦਾ ਗਰਮੀ ਕਾਰਨ ਸਿਹਤ ਖਰਾਬ ਹੋ ਜਾਣ ਕਰਕੇ ਉਸ ਨੂੰ ਐਂਬੂਲੈਂਸ ਰਾਹੀਂ ਸਿਵਲ ਹਸਪਤਾਲ ਬਰਨਾਲਾ ਭਰਤੀ ਕਰਵਾਇਆ ਗਿਆ, ਜਦਕਿ ਸੰਤੋਸ਼ੀ ਕੌਰ, ਜਸਵਿੰਦਰ ਕੌਰ, ਕੁਲਵਿੰਦਰ ਕੌਰ, ਸੁਖਦੀਪ ਕੌਰ, ਸਰਬਜੀਤ ਕੌਰ, ਰਾਜਵਿੰਦਰ ਕੌਰ, ਅਜੇ ਵੀ ਟੈਂਕੀ ਉੱਪਰ ਮੌਜੂਦ ਹਨ ਤੇ ਡਟੀਆਂ ਹੋਈਆਂ ਹਨ।ਉਨ੍ਹਾਂ ਸਪੱਸ਼ਟ ਕਿਹਾ ਕਿ ਜਿੰਨਾ ਚਿਰ ਇਨਸਾਫ ਨਹੀਂ ਮਿਲ ਜਾਂਦਾ, ਤਦ ਤੱਕ ਉਹ ਟੈਂਕੀ ਤੋਂ ਹੇਠਾਂ ਨਹੀਂ ਉਤਰਨਗੀਆਂ।ਇਸ ਮੌਕੇ ਰੋਹ 'ਚ ਆਏ ਪੀੜਤ ਮਜ਼ਦੂਰਾਂ ਨੇ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਇਨਸਾਫ ਦੀ ਮੰਗ ਕੀਤੀ।ਪੀੜਤ ਮਜ਼ਦੂਰ ਪਰਿਵਾਰਾਂ ਦਾ ਕਹਿਣਾ ਹੈ ਕਿ ਪਿੰਡ ਦੇ ਬੁੱਧਵਾਰ ਤੋਂ ਕੇ ਨੇ ਪਾਣੀ ਵਾਲੀ ਟੈਂਕੀ ਉਪਰ ਬੈਠੀਆਂ ਮਜ਼ਦੂਰ ਔਰਤਾਂ ਦਾ ਸਾਰ ਲੈਣ ਲਈ ਕੋਈ ਵੀ ਅਧਿਕਾਰੀ ਜਾਂ ਸੱਤਾਧਾਰੀ ਧਿਰ ਦਾ ਕੋਈ ਨੁਮਾਇੰਦਾ ਨਹੀਂ ਪਹੁੰਚਿਆ।ਉਨ੍ਹਾਂ ਕਿਹਾ ਕਿ ਸਿਖਰ ਦੁਪਹਿਰੇ ਵੀ ਮਜ਼ਦੂਰ ਪਰਵਾਰ ਦੀਆਂ ਔਰਤਾਂ ਰਾਤ ਟੈਂਕੀ ਵਾਲੀ ਥਾਂ 'ਤੇ ਕੱਟੀ ਹੈ। ਹਰਜਿੰਦਰ ਕੌਰ, ਬਲਜੀਤ ਕੌਰ, ਮਨਜੀਤ ਕੌਰ, ਗਿਆਨ ਕੌਰ, ਅਮਨਦੀਪ ਕੌਰ, ਲਖਵੀਰ ਕੌਰ, ਮਨਪ੍ਰੀਤ ਕੌਰ, ਗੁਰਜੰਟ ਸਿੰਘ ਰਾਏਸਰ ਆਦਿ ਆਗੂਆਂ ਨੇ ਕਿਹਾ ਕਿ ਲੰਬੇ ਸਮੇਂ ਤੋਂ ਉਨ੍ਹਾਂ ਦੇ ਕਬਜ਼ੇ ਹੇਠ ਰੂੜੀਆਂ ਵਾਲੇ ਥਾਂ ਉੱਪਰ ਹੁਣ ਧੱਕੇ ਨਾਲ ਗਰਾਊਂਡ ਬਣਾਇਆ ਜਾ ਰਿਹਾ ਹੈ।ਇਸ ਧੱਕੇਸ਼ਾਹੀ ਨੂੰ ਉਹ ਕਿਸੇ ਹਾਲਤ 'ਚ ਵੀ ਸਹਿਣ ਨਹੀਂ ਕਰਨਗੇ।ਭਾਈ ਲਾਲੋ ਪੰਜਾਬੀ ਮੰਚ ਦੇ ਹਰਜੀਤ ਸਿੰਘ ਖਿਆਲੀ, ਕਾਂਗਰਸ ਦੇ ਕੋਆਰਡੀਨੇਟਰ ਗੁਰਮੇਲ ਸਿੰਘ ਮੌੜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਲੋਕ ਕਵੀ ਸੰਤ ਰਾਮ ਉਦਾਸੀ ਦੀ ਰਚਨਾ 'ਮਘਦਾ ਰਵੀ ਵੇ ਸੂਰਜਾ ਕੰਮੀਆਂ ਦੇ ਵਿਹੜੇ' ਪੰਜਾਬ ਵਿਧਾਨ ਸਭਾ ਤੇ ਪੰਜਾਬ 'ਚ ਪਾਰਟੀ ਦੀਆਂ ਸਟੇਜਾਂ ਉੱਪਰ ਅਕਸਰ ਬੋਲਦੇ ਰਹਿੰਦੇ ਹਨ, ਪਰ ਬੜੇ ਹੀ ਦੁੱਖ ਦੀ ਗੱਲ ਹੈ ਕਿ ਸੰਤ ਰਾਮ ਉਦਾਸੀ ਦੇ ਪਿੰਡ ਦੇ ਮਜ਼ਦੂਰ ਪਰਵਾਰਾਂ ਤੋਂ ਰੂੜੀਆਂ ਵਾਲੀ ਥਾਂ ਵੀ ਰੰਗਲਾ ਪੰਜਾਬ ਸਕੀਮ ਤਹਿਤ ਖੇਡ ਗਰਾਊਂਡ ਬਣਾਉਣ ਦੇ ਨਾਂਅ ਹੇਠ ਧੱਕੇ ਨਾਲ ਖੋਹੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਦਿਨਾਂ ਤੋਂ ਕਹਿਰ ਦੀ ਗਰਮੀ ਦੇ ਮੌਸਮ 'ਚ ਪਾਣੀ ਵਾਲੀ ਟੈਂਕੀ ਉਪਰ ਚੜ੍ਹ ਕੇ ਇਨਸਾਫ ਦੀ ਮੰਗ ਕਰ ਰਹੀਆਂ ਔਰਤਾਂ ਤੇ ਧਰਨੇ ਉਪਰ ਬੈਠੇ ਮਜ਼ਦੂਰ ਪਰਵਾਰਾਂ ਦੀ ਗੱਲ ਸੁਣਨ ਲਈ ਕਿਸੇ ਅਧਿਕਾਰੀ ਜਾਂ ਆਗੂ ਨੇ ਪਹੁੰਚਣ ਦੀ ਲੋੜ ਨਹੀਂ ਸਮਝੀ। ਸ਼ਾਇਦ ਅਧਿਕਾਰੀ ਕਿਸੇ ਵੱਡੇ ਹਾਦਸੇ ਦੀ ਉਡੀਕ 'ਚ ਹੋਣ।ਆਗੂਆਂ ਨੇ ਕਿਹਾ ਕਿ ਵਿਧਾਨ ਸਭਾ ਚੋਣਾਂ ਵੇਲੇ ਵੋਟਾਂ ਲਈ ਆਉਣ ਵਾਲੇ ਲੀਡਰਾਂ ਨੂੰ ਘੇਰ ਕੇ ਜੁਆਬ ਮੰਗਿਆ ਜਾਵੇਗਾ। ਤਹਿਸੀਲਦਾਰ ਬਰਨਾਲਾ ਕੁਲਦੀਪ ਸਿੰਘ, ਥਾਣਾ ਮਹਿਲ ਕਲਾਂ ਦੇ ਮੁੱਖ ਅਫ਼ਸਰ ਇੰਸਪੈਕਟਰ ਕੁਲਵਿੰਦਰ ਸਿੰਘ ਧਾਲੀਵਾਲ ਨੇ ਇਸ ਮਸਲੇ ਨੂੰ ਹੱਲ ਕਰਨ ਲਈ ਕਈ ਵਾਰ ਯਤਨ ਕੀਤੇ, ਪਰ ਗੱਲ ਕੋਈ ਸਿਰੇ ਨਾ ਲੱਗੀ।

## ਪਾਵਰਕਾਮ ਦੇ ਜੇ ਈ ਦੀ ਸ਼ੱਕੀ ਹਾਲਤਾਂ 'ਚ ਮੌਤ



**ਭੀਖੀ (ਧਰਮਵੀਰ ਸ਼ਰਮਾ)**-ਲੰਘੀ ਰਾਤ ਪਾਰਵਕਾਮ ਦੇ ਉਪ-ਮੰਡਲ ਦਫਤਰ ਭੀਖੀ ਵਿਖੇ ਤੈਨਾਤ ਜੂਨੀਅਰ ਇੰਜੀਨੀਅਰ ਗੁਰਜੀਤ ਸਿੰਘ ਵਾਸੀ ਕਿਸ਼ਨਗੜ੍ਹ ਫਰਮਾਹੀ ਹਾਲ ਅਬਾਦ ਭੀਖੀ ਦੀ ਲੰਘੀ ਰਾਤ ਸ਼ੱਕੀ ਹਾਲਤਾਂ ਵਿੱਚ ਮੌਤ ਹੋ ਗਈ। ਥਾਣਾ ਮੁਖੀ ਗੁਰਮੇਲ ਸਿੰਘ ਭੁੱਲਰ ਨੇ ਦੱਸਿਆ ਕਿ ਮ੍ਰਿਤਕ ਦੇ ਪੁੱਤਰ ਇੰਦਰਜੀਤ ਸਿੰਘ ਨੇ ਬਿਆਨ ਦਰਜ ਕਰਵਾਏ ਹਨ ਕਿ ਬੀਤੀ ਰਾਤ ਮੇਰੇ ਗੁਆਂਢੀ ਨੇ ਮੈਨੂੰ ਦੱਸਿਆ ਕਿ ਤੇਰੇ ਪਿਤਾ ਜੀ ਮੋਟਰਸਾਈਕਲ ਨਾਲ ਕੂੜਾ ਡੰਪ ਕੋਲ ਕਾਫੀ ਜ਼ਖ਼ਮੀ ਹਾਲਤ ਵਿੱਚ ਪਏ ਹਨ ਤਾਂ ਮੈਂ ਪਿੰਡ ਦੇ ਮੋਹਤਬਰ ਵਿਅਕਤੀਆਂ ਨੂੰ ਨਾਲ ਲੈ ਕੇ ਉਨ੍ਹਾਂ ਨੂੰ ਸਿਵਲ ਹਸਪਤਾਲ ਮਾਨਸਾ ਵਿਖੇ ਲੈ ਕੇ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਦੀ ਹਾਲਤ ਨੂੰ ਦੇਖਦੇ ਹੋਏ ਰਜਿੰਦਰਾ ਹਸਪਤਾਲ ਪਟਿਆਲਾ ਵਿਖੇ ਰੈਫ਼ਰ ਕਰ ਦਿੱਤਾ। ਜਦ ਅਸੀਂ ਪਟਿਆਲਾ ਨੂੰ ਲੈ ਕੇ ਜਾ ਰਹੇ ਸੀ ਤਾਂ ਅਚਾਨਕ ਉਨ੍ਹਾਂ ਦੀ ਭਵਾਨੀਗੜ੍ਹ ਕੋਲ ਪੁੱਜਣ 'ਤੇ ਹਾਲਤ ਖਰਾਬ ਹੋ ਗਈ ਅਤੇ ਰਜਿੰਦਰਾ ਹਸਪਤਾਲ ਪਟਿਆਲਾ ਵਿਖੇ ਉਨ੍ਹਾਂ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ ਅਤੇ ਨਾਲ ਹੀ ਉਸ ਨੇ ਕਿਹਾ ਕਿ ਜੇਕਰ ਇਸ ਦੁਰਘਟਨਾ ਪਿੱਛੇ ਕੋਈ ਹੋਰ ਵਜ੍ਹਾ ਸਾਹਮਣੇ ਆਉਂਦੀ ਹੈ ਤਾਂ ਉਹ ਬਣਦੀ ਕਾਰਵਾਈ ਕਰਵਾਉਣ ਲਈ ਜ਼ਿੰਮੇਵਾਰ ਹੋਣਗੇ ਅਤੇ ਫਿਲਹਾਲ ਅਸੀਂ ਕੋਈ ਕਾਰਵਾਈ ਨਹੀਂ ਕਰਵਾਉਣਾ ਚਾਹੁੰਦੇ, ਦੇ ਬਿਆਨਾਂ 'ਤੇ ਭੀਖੀ ਪੁਲਸ ਨੇ ਅਧੀਨ ਧਾਰਾ 194 ਬੀ.ਐੱਨ.ਐੱਸ.ਐੱਸ. ਤਹਿਤ ਕਾਰਵਾਈ ਕੀਤੀ ਹੈ।

## ਪਟਿਆਲਾ ਦੇ ਇੱਕ ਦਫ਼ਤਰ ਤੇ ਸਕੂਲ ਨੂੰ ਬੰਬ ਨਾਲ ਉਡਾਣ ਦੀ ਧਮਕੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਦੇ ਇੱਕ ਸਰਕਾਰੀ ਦਫ਼ਤਰ ਤੇ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ।ਇਹ ਧਮਕੀ ਇੱਕ ਈਮੇਲ ਰਾਹੀਂ ਭੇਜੀ ਗਈ ਹੈ, ਜਿਸ ਤੋਂ ਬਾਅਦ ਪੁਲਸ ਵੱਲੋਂ ਮੁਸਤੈਦੀ ਨਾਲ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।ਖਾਲਿਸਤਾਨ ਨੈਸ਼ਨਲ ਆਰਮੀ ਵੱਲੋਂ ਈਮੇਲ ਰਾਹੀਂ ਭੇਜੇ ਗਏ ਇਸ ਧਮਕੀ ਪੱਤਰ ਵਿੱਚ, ਧਮਕੀ ਦੇਣ ਵਾਲਿਆਂ ਵਜੋਂ ਇੰਜੀਨੀਅਰ ਗੁਰਨਾਖ ਸਿੰਘ ਰੁਕਣ ਸ਼ਾਹਵਾਲਾ ਤੇ ਡਾ. ਗੁਰਨਿਰਵੈਰ ਸਿੰਘ ਖ਼ਾਨ ਰਜਾਦਾ ਦੇ ਨਾਮ ਸ਼ਾਮਲ ਹਨ।ਦੱਸ ਦਈਏ ਕਿ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੰਜਾਬ ਦੌਰੇ 'ਤੇ ਹਨ ਤੇ ਇਸੇ ਵਿਚਾਲੇ ਅਜਿਹੀਆਂ ਧਮਕੀਆਂ ਭਰੀਆਂ ਈਮੇਲਜ਼ ਮਿਲ ਰਹੀਆਂ ਹਨ।ਇਸ ਤੋਂ ਪਹਿਲਾਂ ਚੰਡੀਗੜ੍ਹ ਤੇ ਜਲੰਧਰ ਵਿੱਚ ਵੱਖ-ਵੱਖ ਥਾਵਾਂ 'ਤੇ ਬੰਬ ਧਮਾਕੇ ਕਰਨ ਦਾ ਦਾਅਵਾ ਕੀਤਾ ਗਿਆ ਸੀ।ਇਸ ਦੇ ਨਾਲ ਹੀ ਭਾਰਤੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਜਾਨੋਂ ਮਾਰਨ ਦੀ ਧਮਕੀ ਵੀ ਦਿੱਤੀ ਗਈ ਸੀ।ਇਨ੍ਹਾਂ ਧਮਕੀਆਂ ਤੋਂ ਬਾਅਦ ਸੁਰੱਖਿਆ ਏਜੰਸੀਆਂ ਤੇ ਪੁਲਸ ਹਾਈ ਅਲਰਟ 'ਤੇ ਹਨ।

## ਸਫ਼ਾਈ ਸੇਵਕਾਂ ਦੀ ਹੜਤਾਲ ਕਾਰਨ ਸ਼ਹਿਰ ਕੂੜੇ ਦੇ ਢੇਰ 'ਚ ਤਬਦੀਲ, ਬਿਮਾਰੀਆਂ ਫੈਲਣ ਦਾ ਖ਼ਦਸ਼ਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**

ਸਥਾਨਕ ਨਗਰ ਕੌਂਸਲ ਸਫ਼ਾਈ ਸੇਵਕਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਵਿੱਢੀ ਗਈ ਅਣਮਿੱਥੇ ਸਮੇਂ ਦੀ ਹੜਤਾਲ ਕਾਰਨ ਇਤਿਹਾਸਕ ਸ਼ਹਿਰ ਧੂਰੀ ਪੂਰੀ ਤਰ੍ਹਾਂ ਕੂੜੇ ਦੇ ਡੰਪ ਵਿੱਚ ਤਬਦੀਲ ਹੋ ਚੁੱਕਾ ਹੈ।ਸਫ਼ਾਈ ਸੇਵਕ ਯੂਨੀਅਨ ਦੇ ਸੱਦੇ 'ਤੇ ਕੀਤੀ ਗਈ ਇਸ ਕੰਮਛੋੜ ਹੜਤਾਲ ਕਾਰਨ ਸ਼ਹਿਰ ਦੇ ਸਫ਼ਾਈ ਪ੍ਰਬੰਧ ਮੁਕੰਮਲ ਰੂਪ ਵਿੱਚ ਠੱਪ ਹੋ ਗਏ ਹਨ।ਸ਼ਹਿਰ ਦੇ ਮੁੱਖ ਬਾਜ਼ਾਰਾਂ, ਰਿਹਾਇਸ਼ੀ ਗਲੀਆਂ, ਚੌਕਾਂ ਤੇ ਜਨਤਕ ਥਾਵਾਂ 'ਤੇ ਕੂੜੇ-ਕਰਕਟ ਦੇ ਵੱਡੇ-ਵੱਡੇ ਢੇਰ ਲੱਗ ਚੁੱਕੇ ਹਨ, ਜਿਸ ਕਾਰਨ ਲੰਘਣ ਵਾਲੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਝੱਲਣੀ ਪੈ ਰਹੀ ਹੈ।ਅੱਜ-ਕੱਲ੍ਹ ਪੈ ਰਹੀ ਅੱਤ ਦੀ ਗਰਮੀ ਤੇ ਹੁੰਮਸ ਭਰੇ ਮੌਸਮ ਕਾਰਨ ਗਲੀਆਂ ਤੇ ਸੜਕਾਂ ਦੇ ਕਿਨਾਰਿਆਂ 'ਤੇ ਪਿਆ ਇਹ ਕੂੜਾ ਹੁਣ ਸੜਨ ਲੱਗ ਪਿਆ ਹੈ।ਇਸ ਗੰਦਗੀ ਵਿੱਚੋਂ ਉੱਠ ਰਹੀ ਅਸਹਿ ਬਦਬੂ ਨੇ ਆਲੇ-ਦੁਆਲੇ ਦੇ ਦੁਕਾਨਦਾਰਾਂ, ਰਿਹਾਇਸ਼ੀ ਲੋਕਾਂ ਤੇ ਰਾਹਗੀਰਾਂ ਦਾ ਦਮ ਘੁੱਟ ਕੇ ਰੱਖ ਦਿੱਤਾ ਹੈ।ਗੰਦਗੀ ਤੇ ਸੜ ਰਹੇ ਕੂੜੇ ਦੇ ਇਨ੍ਹਾਂ ਢੇਰਾਂ ਉੱਪਰ ਮੱਖੀਆਂ, ਮੱਛਰਾਂ ਤੇ ਹੋਰ ਜ਼ਹਿਰੀਲੇ ਕੀਟ-ਪਤੰਗਿਆਂ ਦੀ ਭਰਮਾਰ ਹੋ ਗਈ ਹੈ, ਜਿਸ ਕਾਰਨ ਸ਼ਹਿਰ ਵਿੱਚ ਹੈਜ਼ਾ, ਡੇਂਗੂ, ਮਲੇਰੀਆ ਤੇ ਚਮੜੀ ਦੇ ਰੋਗਾਂ ਵਰਗੀਆਂ ਭਿਆਨਕ ਮਹਾਮਾਰੀਆਂ ਤੇ ਬਿਮਾਰੀਆਂ ਫੈਲਣ ਦਾ ਗੰਭੀਰ ਖ਼ਦਸ਼ਾ ਪੈਦਾ ਹੋ ਗਿਆ ਹੈ।ਸ਼ਹਿਰ ਦੀ ਇਸ ਬਦਤਰ ਤੇ ਚਿੰਤਾਜਨਕ ਸਥਿਤੀ ਨੂੰ ਦੇਖਦਿਆਂ ਇਲਾਕੇ ਦੇ ਬੁੱਧੀਜੀਵੀਆਂ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਤੇ ਮੋਹਤਬਰ ਸ਼ਹਿਰੀਆਂ ਨੇ ਡੂੰਘੇ ਦੁੱਖ ਤੇ ਚਿੰਤਾ ਦਾ ਪ੍ਰਗਟਾਵਾ ਕੀਤਾ ਹੈ।ਉਨ੍ਹਾਂ ਸਥਾਨਕ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਆਮ ਲੋਕਾਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਇਸ ਗੰਭੀਰ ਮਸਲੇ ਦਾ ਤੁਰੰਤ ਕੋਈ ਸਾਰਥਕ ਹੱਲ ਕੱਢਿਆ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਸਮਾਂ ਰਹਿੰਦਿਆਂ ਕੋਈ ਠੋਸ ਕਦਮ ਨਾ ਚੁੱਕਿਆ ਗਿਆ ਤਾਂ ਸਥਿਤੀ ਬੇਕਾਬੂ ਹੋ ਸਕਦੀ ਹੈ, ਜਿਸ ਦੀ ਸਿੱਧੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।ਦੂਜੇ ਪਾਸੇ, ਹੜਤਾਲੀ ਸਫ਼ਾਈ ਕਰਮਚਾਰੀਆਂ ਦੇ ਆਗੂਆਂ ਦਾ ਕਹਿਣਾ ਹੈ ਕਿ ਉਹ ਲੰਬੇ ਸਮੇਂ ਤੋਂ ਆਪਣੀਆਂ ਹੱਕੀ ਮੰਗਾਂ ਜਿਵੇਂ ਕਿ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨਾ, ਠੇਕੇਦਾਰੀ ਪ੍ਰਥਾ ਬੰਦ ਕਰਨਾ ਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਵਾਉਣ ਲਈ ਸੰਘਰਸ਼ ਕਰ ਰਹੇ ਹਨ।ਪ੍ਰਸ਼ਾਸਨ ਦੇ ਨਕਾਰਾਤਮਕ ਰਵੱਈਏ ਤੇ ਲਾਰੇ-ਲੱਪਿਆਂ ਤੋਂ ਤੰਗ ਆ ਕੇ ਹੀ ਉਨ੍ਹਾਂ ਨੂੰ ਮਜਬੂਰਨ ਹੜਤਾਲ ਦਾ ਰਾਹ ਚੁਣਨਾ ਪਿਆ ਹੈ।ਸ਼ਹਿਰ ਵਾਸੀਆਂ ਨੇ ਮੰਗ ਕੀਤੀ ਹੈ ਕਿ ਸਰਕਾਰ ਜਲਦ ਤੋਂ ਜਲਦ ਦਖ਼ਲ ਦੇ ਕੇ ਸਫ਼ਾਈ ਸੇਵਕਾਂ ਦੀਆਂ ਮੰਗਾਂ ਦਾ ਨਿਪਟਾਰਾ ਕਰੇ ਤਾਂ ਜੋ ਸ਼ਹਿਰ ਨੂੰ ਇਸ ਨਰਕ ਭਰੀ ਸਥਿਤੀ ਵਿੱਚੋਂ ਨਿਜਾਤ ਮਿਲ ਸਕੇ।

## 2 ਚੋਰੀ ਦੇ ਮੋਟਰਸਾਈਕਲ ਸਣੇ 3 ਵਿਅਕਤੀ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ 2 ਚੋਰੀ ਦੇ ਮੋਟਰ ਸਾਇਕਲ ਸਮੇਤ 3 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਐਚ.ਸੀ. ਬਲਜੀਤ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਦੇ ਨਾਲ ਉਹ ਗਸ਼ਤ ਦੌਰਾਨ ਸ਼੍ਰੀ ਮੁਕਤਸਰ ਸਾਹਿਬ ਰੋਡ ਤੇ ਸਥਿਤ ਡਰੀਮ ਵਿਲਾ ਪੈਲੇਸ ਦੇ ਕੋਲ ਪੁੱਜੇ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਬਲਵਿੰਦਰ ਸਿੰਘ ਵਗੈਰਾ ਜੋਕਿ ਮੋਟਰ ਸਾਇਕਲ ਚੋਰੀ ਕਰਨ ਅਤੇ ਚੋਰੀ ਦੇ ਮੋਟਰ ਸਾਇਕਲ ਅੱਗੇ ਵੇਚਣ ਦੇ ਆਦੀ ਹਨ, ਜਿਨ੍ਹਾਂ ਤੇ ਹੁਣੇ ਰੇਡ ਕਰਕੇ ਕਾਬੂ ਆ ਸਕਦੇ ਹਨ, ਇਹ ਇਤਲਾਹ ਠੋਸ ਅਤੇ ਭਰੋਸੇਯੋਗ ਹੋਣ ਤੇ ਪੁਲਸ ਪਾਰਟੀ ਨੇ ਨਾਕਾਬੰਦੀ ਕਰਕੇ 2 ਮੋਟਰ ਸਾਇਕਲ ਬਿਨਾ ਨੰਬਰੀ ਸਮੇਤ ਬਲਵਿੰਦਰ ਸਿੰਘ ਪੁਤਰ ਹਰਬੰਸ ਲਾਲ ਵਾਸੀ ਬਸਤੀ ਭਗਵਾਨਪੁਰਾ ਜਲਾਲਾਬਾਦ, ਜਸਪਾਲ ਸਿੰਘ ਪੁਤਰ ਸਵਰਨ ਸਿੰਘ ਅਤੇ ਵੰਸ਼ ਪੁਤਰ ਜਸਪਾਲ ਸਿੰਘ ਵਾਸੀ ਘੁਬਾਇਆ ਨੂੰ ਕਾਬੂ ਕੀਤਾ ਗਿਆ ਹੈ। ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਨੰਬਰ 124 ਮਿਤੀ 16 ਜੁਲਾਈ 2026 ਨੂੰ ਧਾਰਾ 303(2),317(2) ਬੀ.ਐਨ.ਐਸ. ਅਧੀਨ ਦਰਜ ਕਰਕੇ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਪੰਜਾਬੀ ਬੋਲਣ ਤੋਂ ਰੋਕਣ ਵਾਲੇ ਸਕੂਲਾਂ ਖਿਲਾਫ ਵੱਡਾ ਐਕਸ਼ਨ ਲਵਾਂਗੇ : ਬੀਕੇਯੂ ਕਾਦੀਆਂ

**ਜ਼ੀਰਾ (ਨਰਿੰਦਰ ਅਨੇਜਾ)**

ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਇੱਕ ਵਿਸ਼ੇਸ਼ ਮੀਟਿੰਗ ਬਲਾਕ ਦੇ ਪ੍ਰਧਾਨ ਸੁਖਦੇਵ ਸਿੰਘ ਸਨੇਰ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਜਾਹਰਾ ਪੀਰ ਸਨੇਰ ਵਿਖੇ ਹੋਈ। ਇਸ ਮੀਟਿੰਗ ਵਿੱਚ ਬਲਾਕ ਜ਼ਿਲ੍ਹਾ ਤੇ ਪੰਜਾਬ ਪੱਧਰੀ ਆਗੂਆਂ ਨੇ ਭਾਗ ਲਿਆ।ਮੀਟਿੰਗ ਵਿੱਚ ਦਰਸ਼ਨ ਸਿੰਘ ਮੀਹਾ ਸਿੰਘ ਵਾਲਾ, ਪ੍ਰੀਤਮ ਸਿੰਘ ਮੀਹਾ ਸਿੰਘ ਵਾਲਾ, ਹਰਪ੍ਰੀਤ ਸਿੰਘ ਲੋਂਗੋਦੇਵਾ, ਮਨਦੀਪ ਸਿੰਘ ਅਲੀਪੁਰ, ਗੁਰਚਰਨ ਸਿੰਘ ਨੂਰਪੁਰ, ਗੁਲਜਾਰ ਸਿੰਘ ਮੀਹਾ ਸਿੰਘ ਵਾਲਾ, ਗੁਰਪ੍ਰੀਤ ਸਿੰਘ ਵਲਟੋਹਾ, ਭੂਪਿੰਦਰ ਸਿੰਘ ਨੂਰਪੁਰ ਆਦਿ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਆਗੂਆਂ ਨੇ ਭਾਗ ਲਿਆ।ਮੀਟਿੰਗ ਵਿੱਚ ਕਿਸਾਨ ਆਗੂਆਂ ਨੇ ਉਨ੍ਹਾਂ ਸਕੂਲਾਂ ਦਾ ਨੋਟਿਸ ਲਿਆ, ਜਿਨ੍ਹਾਂ ਵਿੱਚ ਬੱਚਿਆਂ ਨੂੰ ਪੰਜਾਬੀ ਬੋਲਣ 'ਤੇ ਜੁਰਮਾਨਾ ਲੱਗਦਾ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਜ਼ੀਰਾ ਦੇਹੀ ਕੁਝ ਸਕੂਲ ਅਜੈ ਹਨ, ਜਿੱਥੇ ਅਧਿਆਪਕ ਵੱਲੋਂ ਵੀ ਬੱਚੇ ਨਾਲ ਪੰਜਾਬੀ ਬੋਲਣ 'ਤੇ ਮਨਾਹੀ ਹੈ। ਦੇਸ਼ ਤੌਰ 'ਤੇ ਜ਼ੀਰੇ ਦੇ ਜੈਨ ਸਕੂਲ ਤੇ ਕੁਝ ਹੋਰ ਸਕੂਲਾਂ ਦਾ ਜ਼ਿਕਰ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਹੀ ਰਹਿ ਕੇ



ਪੰਜਾਬੀ ਨਾਲ ਵਿਤਕਰਾ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਏਗਾ।ਇਸ ਦੌਰਾਨ ਡੀਏਪੀ ਖਾਦ ਨਾਲ ਦਿੱਤੀ ਜਾਣ ਵਾਲੀ ਨੈਨੋ ਯੂਰੀਆ ਦਾ ਵਿਰੋਧ ਕਰਦਿਆਂ ਕਿਸਾਨਾਂ ਨੇ ਕਿਹਾ ਕਿ ਕਿਸਾਨ ਖਾਦ ਦੇ ਨਾਲ ਵਾਧੂ ਸਾਮਾਨ ਦੀ ਖਰੀਦਦਾਰੀ ਬਿਲਕੁਲ ਨਹੀਂ ਕਰਨਗੇ, ਜੇਕਰ ਅਜਿਹਾ ਕਰਨ ਲਈ ਕਿਸਾਨਾਂ ਨੂੰ ਮਜਬੂਰ ਕੀਤਾ ਜਾਂਦਾ ਹੈ ਤਾਂ ਸਬੰਧਤ ਅਦਾਰੇ ਦੇ ਦਫਤਰਾਂ ਦਾ ਘਰਾਓ ਕੀਤਾ ਜਾਏਗਾ। ਕਿਸਾਨ ਆਗੂਆਂ ਨੇ ਕਿਸਾਨਾਂ ਨੂੰ ਆਪਣੇ ਖੇਤਾਂ ਵਿੱਚ ਮੌਨਸੂਨ ਦੇ ਇਸ ਮੌਸਮ ਵਿੱਚ ਪੰਜ ਪੰਜ ਰੁੱਖ ਲਾਏ ਜਾਣ ਦੀ ਅਪੀਲ ਕੀਤੀ।ਇਸ ਮੌਕੇ ਪਰਮਜੀਤ ਸਿੰਘ ਬਰਾੜ, ਬਲਵਿੰਦਰ ਸਿੰਘ, ਕੁਲਵੰਤ ਸਿੰਘ, ਜਗਜੀਤ ਸਿੰਘ, ਗੁਰਜੰਟ ਸਿੰਘ, ਵਿੱਕੀ ਨਾਰੰਗ ਜੀਰਾ, ਜਰਨੈਲ ਸਿੰਘ, ਗੁਰਪ੍ਰੀਤ ਸਿੰਘ, ਜਿਸ ਵੀਰ ਸਿੰਘ, ਅੰਗਰੇਜ ਸਿੰਘ, ਭੁਪਿੰਦਰ ਸਿੰਘ, ਜਸਮੇਲ ਸਿੰਘ, ਬਖਸ਼ੀਸ਼ ਸਿੰਘ, ਚਾਨਣ ਸਿੰਘ, ਹਰਪਾਲ ਸਿੰਘ, ਪਰਮਜੀਤ ਸਿੰਘ, ਅਮਰੀਕ ਸਿੰਘ, ਬਲਜਿੰਦਰ ਸਿੰਘ, ਬਚਿੱਤਰ ਸਿੰਘ, ਗੁਰਦੇਵ ਸਿੰਘ, ਗੁਰਸੇਵਕ ਸਿੰਘ, ਆਤਮਾ ਸਿੰਘ, ਗੁਰਚਰਨ ਸਿੰਘ ਬਾਜਵਾ, ਜਸਵੀਰ ਸਿੰਘ, ਰੋਸ਼ਨਦੀਪ ਸਿੰਘ, ਤਰਸੇਮ ਸਿੰਘ, ਜਸਵਿੰਦਰ ਸਿੰਘ, ਪਰਮਜੀਤ ਸਿੰਘ, ਅਮਰੀਕ ਸਿੰਘ, ਜਗਦੀਪ ਸਿੰਘ, ਅਜੇ ਧਵਨ, ਧਰਮਪਾਲ, ਹਰਪਾਲ ਸਿੰਘ ਪੰਡੋਰੀ, ਗੁਰਜੰਟ ਸਿੰਘ, ਜਸਵੰਤ ਸਿੰਘ ਨਾਮਦੇਵ, ਆਤਮਾ ਸਿੰਘ, ਗੁਰਅਵਤਾਰ ਸਿੰਘ, ਬਲਰਾਮ ਸਿੰਘ ਫੇਰੋਕੇ ਆਦਿ ਕਿਸਾਨ ਆਗੂ ਹਾਜ਼ਰ ਸਨ।

## ਜ਼ਿਲ੍ਹਾ ਪੱਧਰੀ ਫੁੱਟਬਾਲ ਟੂਰਨਾਮੈਂਟ 'ਚ ਮਹਾਪ੍ਰਗਯ ਸਕੂਲ ਦੀ ਬੱਲੇ-ਬੱਲੇ



**ਜਗਰਾਉਂ (ਅਮਿਤ ਖੰਨਾ)**-ਮਹਾਪ੍ਰਗਯ ਸਕੂਲ ਦੇ ਖਿਡਾਰੀਆਂ ਨੇ ਸੀ.ਆਈ.ਐਸ.ਸੀ. ਦੇ ਜ਼ਿਲ੍ਹਾ ਪੱਧਰੀ ਜ਼ੋਨਲ ਫੁੱਟਬਾਲ ਟੂਰਨਾਮੈਂਟਾਂ 'ਚ ਨਵਾਂ ਇਤਿਹਾਸ ਰਚਦਿਆਂ ਲੁਧਿਆਣਾ ਜ਼ਿਲ੍ਹੇ 'ਚੋਂ ਮੁੰਡਿਆਂ ਦੀਆਂ ਟੀਮਾਂ ਦੇ ਵਰਗ ਅੰਡਰ-14 ਤੇ ਅੰਡਰ-17 ਵਿੱਚ ਪਹਿਲਾ ਸਥਾਨ ਅਤੇ ਅੰਡਰ-19 ਵਿੱਚ ਦੂਜਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਇਸ ਟੂਰਨਾਮੈਂਟ ਵਿੱਚ ਮਹਾਪ੍ਰਗਯ ਸਕੂਲ ਦੇ ਨਾਲ-ਨਾਲ ਲੁਧਿਆਣਾ ਜ਼ਿਲ੍ਹੇ ਦੇ ਛੇ ਹੋਰ ਸਕੂਲਾਂ ਸੈਕਰਡ ਹਾਰਟ ਕਾਨਵੈਂਟ ਸਕੂਲ ਲੁਧਿਆਣਾ, ਸੱਤਪਾਲ ਮਿੱਤਲ ਸਕੂਲ ਲੁਧਿਆਣਾ, ਸੈਕਰਡ ਹਾਰਟ ਕਾਨਵੈਂਟ ਸਕੂਲ ਰਾਏਕੋਟ, ਬੀਬੀਐਸਬੀ ਸਕੂਲ ਸਿੱਧਵਾਂ ਬੇਟ, ਸੈਕਰਡ ਹਾਰਟ ਕਾਨਵੈਂਟ ਸਕੂਲ ਸਾਹਨੇਵਾਲ ਤੇ ਗੁਰੂ ਨਾਨਕ ਪਬਲਿਕ ਸਕੂਲ ਲੁਧਿਆਣਾ ਦੇ ਖਿਡਾਰੀਆਂ ਨੇ ਭਾਗ ਲਿਆ। ਸਕੂਲ ਦੇ ਫੁੱਟਬਾਲ ਕੋਚ ਸ: ਇਕਬਾਲ ਸਿੰਘ ਨੇ ਦੱਸਿਆ ਕਿ ਅੰਡਰ -14 ਦੇ ਫਾਈਨਲ ਦੇ ਫਸਵੇਂ ਮੁਕਾਬਲੇ ਵਿੱਚ ਮਹਾਪ੍ਰਗਯ ਸਕੂਲ ਦੀ ਟੀਮ ਨੇ ਸਤਪਾਲ ਮਿੱਤਲ ਸਕੂਲ ਲੁਧਿਆਣਾ ਦੀ ਟੀਮ ਨੂੰ 2-0 ਨਾਲ ਹਰਾ ਕੇ ਟਰਾਫ਼ੀ ਤੇ ਆਪਣਾ ਕਬਜ਼ਾ ਕੀਤਾ।ਇਸੇ ਤਰ੍ਹਾਂ ਹੀ ਅੰਡਰ-17 ਮੁੰਡਿਆਂ ਦੇ ਵਰਗ 'ਚ ਵੀ ਮਹਾਪ੍ਰਗਯ ਸਕੂਲ ਦੇ ਹੋਣਹਾਰ ਖਿਡਾਰੀਆਂ ਨੇ ਫਾਈਨਲ ਮੁਕਾਬਲੇ ਵਿੱਚ ਸਤਪਾਲ ਮਿੱਤਲ ਸਕੂਲ ਲੁਧਿਆਣਾ ਦੇ ਟੀਮ ਨੂੰ 4-0 ਨਾਲ ਹਰਾ ਕੇ ਟਰਾਫੀ ਆਪਣੇ ਨਾਂਅ ਕੀਤੀ।ਅੰਡਰ-19 ਵਰਗ ਦੇ ਮੁਕਾਬਲੇ 'ਚ ਵੀ ਸਕੂਲ ਦੇ ਖਿਡਾਰੀਆਂ ਨੇ ਆਪਣੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਦੂਜਾ ਸਥਾਨ ਹਾਸਲ ਕੀਤਾ। ਇਸ ਵਿੱਚ 5-4 ਨਾਲ ਸਤਪਾਲ ਮਿੱਤਲ ਸਕੂਲ ਲੁਧਿਆਣਾ ਅੱਗੇ ਰਿਹਾ।ਇਸ ਪ੍ਰਕਾਰ ਸਕੂਲ ਦੇ ਹੋਣਹਾਰ ਖਿਡਾਰੀਆਂ ਨੇ ਮਹਾਪ੍ਰਗਯ ਸਕੂਲ ਦੀ ਚੜ੍ਹਤ ਨੂੰ ਕਾਇਮ ਰੱਖਦਿਆਂ ਦੋ ਟਰਾਫੀਆਂ ਆਪਣੇ ਨਾਂਅ ਕੀਤੀਆਂ।ਇਸ ਮੌਕੇ ਸਕੂਲ ਡਾਇਰੈਕਟਰ ਸ਼੍ਰੀ ਵਿਸ਼ਾਲ ਜੈਨ ਨੇ ਜੇਤੂ ਖਿਡਾਰੀਆਂ ਨੂੰ ਉਨ੍ਹਾਂ ਦੀ ਇਸ ਮਾਣਮੱਤੀ ਪ੍ਰਾਪਤ 'ਤੇ ਵਧਾਈ ਦਿੱਤੀ ਅਤੇ ਅੱਗੇ ਤੋਂ ਵੀ ਇਸੇ ਤਰ੍ਹਾਂ ਸਕੂਲ ਦਾ ਨਾਂ ਰੌਸ਼ਨ ਕਰਨ ਅਤੇ ਹੋਰਨਾਂ ਵਿਦਿਆਰਥੀਆਂ ਨੂੰ ਵੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਜੇਤੂ ਖਿਡਾਰੀਆਂ ਨੂੰ ਇਨਾਮ ਤਕਸੀਮ ਕੀਤੇ ਤੇ ਫੁੱਟਬਾਲ ਕੋਚ ਇਕਬਾਲ ਸਿੰਘ ਦੀ ਵੀ ਤਾਰੀਫ ਕੀਤੀ ਅਤੇ ਕਿਹਾ ਕਿ ਇਹ ਸਭ ਕੁਝ ਉਨ੍ਹਾਂ ਦੀ ਅਤੇ ਵਿਦਿਆਰਥੀਆਂ ਦੀ ਸਖਤ ਮਿਹਨਤ ਕਰਕੇ ਹੀ ਸੰਭਵ ਹੋ ਸਕਿਆ ਹੈ।

## ਗਿਆਨਾ 'ਚ ਬਣੇ ਜਿਮ ਤੇ ਆਧੁਨਿਕ ਲਾਇਬ੍ਰੇਰੀ ਨੇ ਬਦਲੀ ਨੌਜਵਾਨਾਂ ਦੀ ਜ਼ਿੰਦਗੀ

### ਕੋਈ ਬਣਿਆ ਅਧਿਆਪਕ ਤਾਂ ਕੋਈ ਪੁਲਸ ਤੇ ਫੌਜ 'ਚ ਹੋਇਆ ਭਰਤੀ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਸ਼ਾਮ ਢਲਦੇ ਹੀ ਪਿੰਡ ਗਿਆਨਾ ਦੀ ਪੰਚਾਇਤੀ ਲਾਇਬ੍ਰੇਰੀ ਵਿੱਚ ਕਿਤਾਬਾਂ ਦੇ ਸਫ਼ੇ ਪਲਟਣ ਦੀਆਂ ਆਵਾਜ਼ਾਂ ਗੂੰਜਣ ਲੱਗ ਪੈਂਦੀਆਂ ਹਨ।ਕੋਈ ਐੱਸ ਐੱਸ ਸੀ ਸੀ ਜੀ ਐੱਲ ਦੀ ਤਿਆਰੀ ਕਰ ਰਿਹਾ ਹੈ, ਕੋਈ ਬੈਂਕਿੰਗ ਪ੍ਰੀਖਿਆ ਦੀ, ਤਾਂ ਕੋਈ ਅਧਿਆਪਕ ਬਣਨ ਜਾਂ ਅਗਨੀਵੀਰ ਵਜੋਂ ਭਾਰਤੀ ਫੌਜ ਵਿੱਚ ਭਰਤੀ ਹੋਣ ਦਾ ਸੁਪਨਾ ਲੈ ਕੇ ਪੜ੍ਹਾਈ ਵਿੱਚ ਜੁਟਿਆ ਹੋਇਆ ਹੈ। ਨੇੜੇ ਹੀ ਬਣੇ ਜਿੰਮ ਵਿੱਚ ਕੁਝ ਨੌਜਵਾਨ ਕਸਰਤ ਕਰਦੇ ਹੋਏ ਪਸੀਨਾ ਬਹਾ ਰਹੇ ਹਨ।ਕੁਝ ਸਮੇਂ ਬਾਅਦ ਇਹੀ ਨੌਜਵਾਨ ਕਿਤਾਬਾਂ ਹੱਥ ਵਿੱਚ ਲੈ ਕੇ ਲਾਇਬ੍ਰੇਰੀ ਵਿੱਚ ਬੈਠ ਜਾਂਦੇ ਹਨ।ਪਿੰਡ ਵਿੱਚ ਇਹ ਬਦਲਾਅ ਅਚਾਨਕ ਨਹੀਂ ਆਇਆ।ਇਸ ਦੇ ਪਿੱਛੇ ਐੱਚ ਐੱਮ ਈ ਐੱਲ ਦੀ ਗੁਰੂ ਗੋਬਿੰਦ ਸਿੰਘ ਰਿਫਾਈਨਰੀ ਦੀ ਇੱਕ ਅਜਿਹੀ ਪਹਿਲ ਹੈ, ਜਿਸ ਨੇ ਨੌਜਵਾਨਾਂ ਨੂੰ ਇੱਕ ਵਧੀਆ ਥਾਂ, ਅਨੁਕੂਲ ਮਾਹੌਲ ਤੇ ਆਪਣੇ ਸੁਪਨੇ ਪੂਰੇ ਕਰਨ ਲਈ ਸਹੀ ਦਿਸ਼ਾ ਦਿੱਤੀ।ਅੱਜ ਪਿੰਡ ਵਿੱਚ ਬਣਿਆ ਜਿੰਮ ਤੇ ਆਧੁਨਿਕ ਸਹੂਲਤਾਂ ਨਾਲ ਲੈਸ ਪੰਚਾਇਤੀ ਲਾਇਬ੍ਰੇਰੀ ਨੌਜਵਾਨਾਂ ਦੇ ਸੁਪਨਿਆਂ ਦਾ ਕੇਂਦਰ ਬਣ ਚੁੱਕੇ ਹਨ।ਇੱਥੇ ਪੜ੍ਹਾਈ ਕਰਕੇ ਮਜ਼ਦੂਰ ਪਰਵਾਰਾਂ ਨਾਲ ਸੰਬੰਧਤ ਤਿੰਨ ਨੌਜਵਾਨ ਸਰਕਾਰੀ ਨੌਕਰੀਆਂ ਹਾਸਲ ਕਰਨ ਵਿੱਚ ਕਾਮਯਾਬ ਹੋਏ ਹਨ।ਜੀਵਨ ਸਿੰਘ ਸਰਕਾਰੀ ਪ੍ਰਾਇਮਰੀ ਅਧਿਆਪਕ ਬਣੇ, ਸੁਖਵਿੰਦਰ ਸਿੰਘ ਪੰਜਾਬ ਪੁਲਸ ਵਿੱਚ ਭਰਤੀ ਹੋਏ ਤੇ ਉਨ੍ਹਾਂ ਦੇ ਭਰਾ ਗੁਰਲਾਲ ਸਿੰਘ ਭਾਰਤੀ ਫੌਜ ਵਿੱਚ ਸ਼ਾਮਲ ਹੋਏ।ਇਨ੍ਹਾਂ ਸਫਲਤਾਵਾਂ ਨੇ ਪਿੰਡ ਦੇ ਹੋਰ ਨੌਜਵਾਨਾਂ ਵਿੱਚ ਵੀ ਇਹ ਵਿਸ਼ਵਾਸ ਜਗਾਇਆ ਹੈ ਕਿ ਜੇ ਮਿਹਨਤ ਨੂੰ ਸਹੀ ਮਾਹੌਲ ਮਿਲੇ ਤਾਂ ਮੰਜ਼ਿਲ ਦੂਰ ਨਹੀਂ ਰਹਿੰਦੀ।ਪਿੰਡ ਦੇ ਨੌਜਵਾਨ ਗੁਰਮੀਤ ਸਿੰਘ ਨੇ ਦੱਸਿਆ ਕਿ ਸਾਲ 2022-23 ਵਿੱਚ ਐੱਚ ਐੱਮ ਈ ਐੱਲ ਨੇ ਪਿੰਡ ਦੇ ਯੂਥ ਕਲੱਬ ਨਾਲ ਮਿਲ ਕੇ ਖਾਲੀ ਪਈ ਪੰਚਾਇਤੀ ਜ਼ਮੀਨ ਨੂੰ ਵਿਕਸਤ ਕਰਨ ਦੀ ਪਹਿਲ ਕੀਤੀ।ਜ਼ਮੀਨ ਦੀ ਚਾਰਦੀਵਾਰੀ ਕਰਕੇ ਉੱਥੇ ਬਣੇ ਪੁਰਾਣੇ ਕਮਰੇ ਦੀ ਮੁਰੰਮਤ ਕੀਤੀ ਗਈ ਤੇ ਆਧੁਨਿਕ ਮਸ਼ੀਨਾਂ ਨਾਲ ਲੈਸ ਜਿੰਮ ਸਥਾਪਤ ਕੀਤਾ ਗਿਆ।ਇਸ ਦੇ ਨਾਲ ਹੀ ਪੰਚਾਇਤ ਦੇ ਸਹਿਯੋਗ ਨਾਲ ਲਾਇਬ੍ਰੇਰੀ ਲਈ ਫਰਨੀਚਰ, ਕੂਲਰ, ਬੁੱਕ ਰੈਕ ਤੇ ਹੋਰ ਲੋੜੀਂਦੀਆਂ ਸਹੂਲਤਾਂ ਵੀ ਮੁਹੱਈਆ ਕਰਵਾਈਆਂ ਗਈਆਂ।

ਸ਼ੁਰੂ ਵਿੱਚ ਨੌਜਵਾਨ ਸਿਰਫ਼ ਕਸਰਤ ਕਰਨ ਲਈ ਜਿੰਮ ਆਉਂਦੇ ਸਨ, ਪਰ ਨੇੜੇ ਹੀ ਬਣੀ ਸ਼ਾਂਤ ਤੇ ਸੁਵਿਧਾਜਨਕ ਲਾਇਬ੍ਰੇਰੀ ਨੇ ਉਨ੍ਹਾਂ ਨੂੰ ਪੜ੍ਹਾਈ ਵੱਲ ਵੀ ਆਕਰਸ਼ਿਤ ਕੀਤਾ।ਹੌਲੀ-ਹੌਲੀ ਜਿੰਮ ਤੋਂ ਬਾਅਦ ਲਾਇਬ੍ਰੇਰੀ ਵਿੱਚ ਬੈਠ ਕੇ ਪੜ੍ਹਨਾ ਉਨ੍ਹਾਂ ਦੀ ਰੋਜ਼ਾਨਾ ਦੀ ਰੁਟੀਨ ਬਣ ਗਿਆ।ਕਿਸੇ ਨੇ ਆਨਲਾਈਨ ਕਲਾਸਾਂ ਲਗਾਉਣੀਆਂ ਸ਼ੁਰੂ ਕੀਤੀਆਂ, ਤਾਂ ਕਿਸੇ ਨੇ ਇੱਥੇ ਉਪਲਬਧ ਪੰਜਾਬੀ ਸਾਹਿਤ ਤੇ ਵਿਆਕਰਨ ਦੀਆਂ ਕਿਤਾਬਾਂ ਨਾਲ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਸ਼ੁਰੂ ਕਰ ਦਿੱਤੀ।ਇਸ ਦੀ ਪਹਿਲੀ ਉਦਾਹਰਣ ਬਣਿਆ ਇਕ ਮਜ਼ਦੂਰ ਦਾ ਪੁੱਤਰ ਜੀਵਨ ਸਿੰਘ, ਜਿਸ ਨੇ ਇਸ ਲਾਇਬ੍ਰੇਰੀ ਬੈਠ ਕੇ ਆਪਣੀ ਟੀਈਟੀ ਦੀ ਤਿਆਰੀ ਕੀਤੀ।ਉਨ੍ਹਾਂ ਦੀ ਮਿਹਨਤ ਰੰਗ ਲੈ ਆਈ ਤੇ ਅਪ੍ਰੈਲ 2025 ਵਿੱਚ ਉਹ ਸਰਕਾਰੀ ਪ੍ਰਾਇਮਰੀ ਅਧਿਆਪਕ ਵਜੋਂ ਚੁਣੇ ਗਏ।ਇਸ ਵੇਲੇ ਉਹ ਹੋਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਤਲਵੰਡੀ ਰਈਆਂ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਸੇਵਾਵਾਂ ਨਿਭਾ ਰਹੇ ਹਨ।ਇਸੇ ਤਰ੍ਹਾਂ ਸੁਖਵਿੰਦਰ ਸਿੰਘ ਨੇ ਬੀਐੱਸਸੀ ਕਰਨ ਤੋਂ ਬਾਅਦ ਪੰਜਾਬ ਪੁਲਸ ਵਿੱਚ ਭਰਤੀ ਹੋਣ ਦਾ ਟੀਚਾ ਰੱਖਿਆ।ਸ਼ੁਰੂ ਵਿੱਚ ਉਹ ਸਿਰਫ਼ ਜਿਮ ਵਿੱਚ ਕਸਰਤ ਕਰਨ ਆਉਂਦੇ ਸਨ, ਪਰ ਬਾਅਦ ਵਿੱਚ ਉਨ੍ਹਾਂ ਨੇ ਮਹਿਸੂਸ ਕੀਤਾ ਕਿ ਜਿੰਮ ਦੇ ਨਾਲ ਬਣੀ ਲਾਇਬ੍ਰੇਰੀ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਵੀ ਬਹੁਤ ਵਧੀਆ ਥਾਂ ਹੈ।ਉਨ੍ਹਾਂ ਨੂੰ ਦੇਖ ਕੇ ਉਨ੍ਹਾਂ ਦੇ ਭਰਾ ਗੁਰਲਾਲ ਸਿੰਘ ਵੀ ਨਾਲ ਆਉਣ ਲੱਗ ਪਏ। ਦੋਵੇਂ ਭਰਾ ਪਹਿਲਾਂ ਜਿੰਮ ਵਿੱਚ ਸਰੀਰਕ ਤਿਆਰੀ ਕਰਦੇ ਤੇ ਫਿਰ ਲਾਇਬ੍ਰੇਰੀ ਵਿੱਚ ਬੈਠ ਕੇ ਪੜ੍ਹਾਈ ਕਰਦੇ।ਜਨਵਰੀ 2026 ਵਿੱਚ ਸੁਖਵਿੰਦਰ ਦੀ ਚੋਣ ਪੰਜਾਬ ਪੁਲਸ ਵਿੱਚ ਹੋਈ ਤੇ ਇਸ ਵੇਲੇ ਉਹ ਕਪੂਰਥਲਾ ਵਿੱਚ ਸਿਖਲਾਈ ਲੈ ਰਹੇ ਹਨ।ਉਨ੍ਹਾਂ ਦੇ ਭਰਾ ਗੁਰਲਾਲ ਸਿੰਘ ਭਾਰਤੀ ਫੌਜ ਵਿੱਚ ਭਰਤੀ ਹੋ ਚੁੱਕੇ ਹਨ।ਹੁਣ ਦਿਲਜੀਤ ਸਿੰਘ ਤੇ ਲਵਪ੍ਰੀਤ ਸਿੰਘ ਵੀ ਅਗਨੀਵੀਰ ਭਰਤੀ ਦੀ ਤਿਆਰੀ ਕਰ ਰਹੇ ਹਨ। ਲਖਵੀਰ ਸਿੰਘ ਦਾ ਟੀਚਾ ਐੱਸ ਐੱਸ ਸੀ ਸੀ ਜੀ ਐੱਲ ਹੈ, ਮਨਜੀਤ ਸਿੰਘ ਬੈਂਕਿੰਗ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਹਨ, ਜਦਕਿ ਸ਼ੰਮੀ ਸਿੰਘ ਪੀ ਐੱਸ ਐੱਸ ਬੀ ਤੇ ਅਧਿਆਪਕ ਭਰਤੀ ਪ੍ਰੀਖਿਆਵਾਂ ਲਈ ਮਿਹਨਤ ਕਰ ਰਹੇ ਹਨ।ਪਿੰਡ ਦੇ ਨੌਜਵਾਨ ਵੀਰ ਦਵਿੰਦਰ ਸਿੰਘ ਕਹਿੰਦੇ ਹਨ ਕਿ ਸਫਲ ਨੌਜਵਾਨਾਂ ਨੂੰ ਦੇਖ ਕੇ ਹੋਰਨਾਂ ਦੀ ਸੋਚ ਵੀ ਬਦਲੀ ਹੈ।ਪਹਿਲਾਂ ਪੜ੍ਹਾਈ ਲਈ ਕੋਈ ਸਾਂਝੀ ਤੇ ਸ਼ਾਂਤ ਥਾਂ ਨਹੀਂ ਸੀ, ਪਰ ਹੁਣ ਹਰ ਰੋਜ਼ ਨੌਜਵਾਨ ਇੱਕ ਨਵੇਂ ਟੀਚੇ ਨਾਲ ਇੱਥੇ ਇਕੱਠੇ ਹੁੰਦੇ ਹਨ।

## ਹੀਰੋ ਐੱਚ ਐੱਫ ਡੀਲਕਸ ਮੋਟਰਸਾਈਕਲ ਦੀ ਮਾਈਲੇਜ ਦਾ ਮੁਕਾਬਲਾ ਕਰਵਾਇਆ




**ਕੋਟਕਪੂਰਾ (ਰਛਪਾਲ ਭੁੱਲਰ)**

ਕੋਟਕਪੂਰਾ ਦੇ ਹੀਰੋ ਮੋਟੋਕੋਰਪ ਕੰਪਨੀ ਦੇ ਡੀਲਰ ਧਿੰਗੜਾ ਆਟੋਜ਼ ਵੱਲੋਂ ਹੀਰੋ ਐੱਚ ਐੱਫ ਡੀਲਕਸ ਮੋਟਰਸਾਈਕਲ ਦਾ ਮਾਈਲੇਜ ਕੰਪਟੀਸ਼ਨ ਕਰਵਾਇਆ, ਜਿਸ ਵਿੱਚ ਨੌਂ ਵਿਅਕਤੀਆਂ ਨੇ ਹਿੱਸਾ ਲਿਆ। ਮੋਟਰਸਾਈਕਲ ਚਾਲਕਾਂ ਨੂੰ ਨਿਆਰਾ ਪੈਟਰੋਲ ਪੰਪ ਮੋਗਾ ਰੋਡ ਕੋਟਕਪੂਰਾ ਤੋਂ ਮੁਕਾਬਲਾ ਸ਼ੁਰੂ ਕਰਕੇ ਪੱਕਾ ਪਿੰਡ ਆਉਣ-ਜਾਣ ਦਾ ਟੀਚਾ ਦਿੱਤਾ ਗਿਆ।ਮੋਟਰਸਾਈਕਲ ਦੀਆਂ ਟੈਂਕੀਆਂ ਫੁੱਲ ਕਰਵਾ ਕੇ ਦਿੱਤੀਆਂ ਗਈਆਂ।ਇਸ ਮੁਕਾਬਲੇ ਵਿੱਚ ਲਵਪ੍ਰੀਤ ਸਿੰਘ ਵਾਸੀ ਔਲਖ ਦੇ ਮੋਟਰਸਾਈਕਲ ਦਾ ਸਭ ਤੋਂ ਵੱਧ ਐਵਰੇਜ 143 ਕਿਲੋਮੀਟਰ ਪ੍ਰਤੀ ਲੀਟਰ ਆਈ।ਦੂਸਰਾ ਸਥਾਨ ਸਾਗਰ ਕੁਮਾਰ ਵਾਸੀ ਕੋਟਕਪੂਰਾ ਨੇ 117 ਕਿਲੋਮੀਟਰ ਦੀ ਐਵਰੇਜ਼ ਕੱਢ ਕੇ ਪ੍ਰਾਪਤ ਕੀਤਾ ਤੇ ਤੀਸਰਾ ਸਥਾਨ ਸਤਪਾਲ ਸਿੰਘ ਵਾਸੀ ਪਿੰਡ ਸੰਧਵਾਂ ਨੇ 112 ਕਿਲੋਮੀਟਰ ਦੀ ਐਵਰੇਜ ਕੱਢ ਕੇ ਹਾਸਲ ਕੀਤਾ।ਸਾਰੇ ਸ਼ਾਮਲ ਵਿਅਕਤੀਆਂ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ।ਜੋ ਨਵਾਂ ਪੈਟਰੋਲ ਈ 20 ਆ ਰਿਹਾ ਹੈ, ਉਸ ਨਾਲ ਵੀ ਵਹੀਕਲ ਦੀ ਮਾਈਲੇਜ ਵਧੀਆ ਆ ਰਹੀ ਹੈ।ਗਾਹਕਾਂ ਵੱਲੋਂ ਹੀਰੋ ਕੰਪਨੀ ਤੇ ਧਿੰਗੜਾ ਆਟੋਜ਼ ਦਾ ਧੰਨਵਾਦ ਕੀਤਾ ਗਿਆ।ਉਨ੍ਹਾਂ ਕਿਹਾ ਕਿ ਧਿੰਗੜਾ ਆਟੋਜ਼ ਵੱਲੋਂ ਪਿਛਲੇ 20 ਸਾਲਾਂ ਤੋਂ ਇਲਾਕੇ ਵਿੱਚ ਵਧੀਆ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਆਰਾ ਪੈਟਰੋਲ ਪੰਪ ਦੇ ਮਾਲਕ ਮਨੀਸ਼ ਕੁਮਾਰ ਵੀ ਹਾਜ਼ਰ ਸਨ।

## ਜੇ ਬਾਬੇ ਦੀ ਬਲੱਡ ਸੇਵਾ ਸੁਸਾਇਟੀ ਨੇ ਚਾਰ ਯੂਨਿਟ ਕੀਤਾ ਖੂਨ ਦਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪ੍ਰਜ)**-ਜੇ ਬਾਬੇ ਦੀ ਬਲੱਡ ਸੇਵਾ ਸੁਸਾਇਟੀ ਦੀ ਟੀਮ ਦੇ ਮੈਂਬਰਾਂ ਨੇ ਇੱਕ ਔਰਤ ਦੀ ਡਿਲਵਰੀ ਲਈ ਚਾਰ ਯੂਨਟ ਖੂਨ ਦਾਨ ਕੀਤਾ।ਸੁਸਾਇਟੀ ਦੇ ਪ੍ਰਵੀਨ ਮਦਾਨ, ਗਗਨ ਅਹੂਜਾ ਨੇ ਦੱਸਿਆ ਕਿ ਕੂਲਰ ਕਲੋਨੀ ਗਲੀ ਨੰਬਰ 1 ਦੀ ਅੰਜਲੀ ਨਾਮ ਦੀ 25 ਸਾਲਾ ਔਰਤ ਦੀ ਡਿਲਵਰੀ ਲਈ ਖੂਨ ਦੀ ਘਾਟ ਸੀ।ਸੁਸਾਇਟੀ ਦੇ ਸੇਵਾਦਾਰ ਨਿਤਨ ਕਾਲੜਾ ਨੂੰ ਆਸ਼ਾ ਵਰਕਰ ਦਾ ਖੂਨ ਦੀ ਕਮੀ ਪੂਰੀ ਕਰਨ ਵਾਸਤੇ 4 ਯੂਨਿਟ ਖੂਨ ਲਈ ਫੋਨ ਆਇਆ ਤਾਂ ਸੁਸਾਇਟੀ ਨਾਲ ਜੁੜੇ ਸੇਵਾਦਾਰ ਨਵੀਨ ਜੁਨੇਜਾ, ਅਭਿਸ਼ੇਕ ਪ੍ਰਭਾਕਰ, ਇੰਦਰਜੀਤ ਤੇ ਰਮਨ ਛਾਬੜਾ ਤੁਰੰਤ ਸਿਵਲ ਹਸਪਤਾਲ ਵਿਖੇ ਖੂਨ ਦਾਨ ਕਰਨ ਪਹੁੰਚੇ ਤੇ ਮਹਿਲਾ ਦੀ ਜਾਨ ਬਚਾਉਣ ਲਈ ਖੂਨ ਦੀ ਕਮੀ ਨੂੰ ਦੇਖਦਿਆਂ ਖੂਨ ਦਾਨ ਕੀਤਾ।ਔਰਤ ਦੇ ਪਰਿਵਾਰ ਨੇ ਸੁਸਾਇਟੀ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਅਜਿਹੇ ਮੁਸ਼ਕਲ ਹਾਲਾਤ ਵੇਲੇ ਉਸ ਦਾ ਪਤੀ ਵੀ ਉਸ ਦੇ ਨਾਲ ਨਹੀਂ ਸੀ, ਪਰ ਸੁਸਾਇਟੀ ਦੇ ਨੌਜਵਾਨ ਫਰਿਸ਼ਤਾ ਬਣ ਕੇ ਖੂਨ ਦਾਨ ਕਰਨ ਪਹੁੰਚੇ।ਸੁਸਾਇਟੀ ਨੇ ਆਸ਼ਾ ਵਰਕਰਾਂ ਦੀ ਇਸ ਲਈ ਸ਼ਲਾਘਾ ਕੀਤੀ, ਜੋ ਇੱਕ ਔਰਤ ਨੂੰ ਹਸਪਤਾਲ ਲਿਜਾ ਕੇ ਦੇਖ-ਰੇਖ ਕਰਦੀਆਂ ਹਨ।

# ਸੁਖਵੀਰ ਮਾਈਸਰਖਾਨਾ ਦਾ ਹਲਕਾ ਮੌੜ ਦੀਆਂ ਪੰਚਾਇਤਾਂ ਵੱਲੋਂ ਵਿਰੋਧ ਜਾਰੀ

### ਬਾਲਿਆਂਵਾਲੀ ਲੋਕ-ਮਿਲਣੀ 'ਚ ਲੋਕਾਂ ਕੀਤੀ ਨਾਅਰੇਬਾਜ਼ੀ



**ਬਠਿੰਡਾ (ਪਰਵਿੰਦਰ ਜੀਤ ਸਿੰਘ)** ਆਮ ਆਦਮੀ ਪਾਰਟੀ ਵੱਲੋਂ ਪੰਜਾਬ ਅੰਦਰ ਲੋਕ ਮਿਲਣੀ ਤਹਿਤ ਅੱਜ ਹਲਕਾ ਮੌੜ ਦੇ ਪਿੰਡ ਬਾਲਿਆਂਵਾਲੀ ਵਿਖੇ ਰਾਮ ਲੀਲ੍ਹਾ ਗਰਾਊਂਡ 'ਚ ਹਲਕਾ ਵਿਧਾਇਕ ਸੁਖਵੀਰ ਸਿੰਘ ਮਾਈਸਰਖਾਨਾ ਵੱਲੋਂ ਰੱਖੀ ਗਈ ਲੋਕ ਮਿਲਣੀ ਉਦੋਂ ਵਿਵਾਦਾਂ 'ਚ ਘਿਰਦੀ ਨਜ਼ਰ ਆਈ, ਜਦੋਂ ਮੌਜੂਦਾ ਸਰਪੰਚ ਤੇ ਪੰਚਾਇਤ ਅਤੇ ਸੰਘਰਸ਼ ਕਮੇਟੀ ਤੇ ਸਮੂਹ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੂੰ ਲੋਕ ਮਿਲਣੀ 'ਚ ਸ਼ਾਮਲ ਹੋਣ ਤੋਂ ਰੋਕਣ ਲਈ ਪੁਲਸ ਮਨੁੱਖੀ ਚੈਨ ਬਣਾ ਕੇ ਸਟੇਜ ਅੱਗੇ ਖੜ੍ਹ ਗਈ।ਇਸ ਮੌਕੇ ਵਿਧਾਇਕ ਸੁਖਵੀਰ ਸਿੰਘ ਮਾਈਸਰਖਾਨਾ ਸਟੇਜ ਤੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦਾ ਰਿਪੋਰਟ ਕਾਰਡ ਪੇਸ਼ ਕਰਨ ਸਮੇਂ ਵਿਧਾਇਕ ਨੇ ਕਿਹਾ ਕਿ ਮੈਂ ਬਾਲਿਆਂਵਾਲੀ ਪਿੰਡ 'ਚ ਵੱਖ-ਵੱਖ ਵਿਕਾਸ ਕਾਰਜਾਂ ਲਈ ਲੱਖਾਂ ਰੁਪਏ ਖ਼ਰਚੇ ਹਨ ਤਾਂ ਪਿੰਡ ਦੀ ਪੰਚਾਇਤ ਤੇ ਸੰਘਰਸ਼ ਕਮੇਟੀ ਅਤੇ ਵਾਸੀਆਂ ਨੇ ਸਵਾਲ ਕੀਤੇ ਕਿ ਇਸ ਪਿੰਡ ਵਿਚ ਵਿਕਾਸ ਕਿਹੜੇ ਪਾਸੇ ਕੀਤਾ ਹੈ।ਇਸ ਮੌਕੇ ਸਟੇਜ ਤੋਂ ਵਿਧਾਇਕ ਨੇ ਲੋਕਾਂ ਨੂੰ ਚਿਤਾਵਨੀ ਦਿੱਤੀ ਕਿ ਤੁਸੀਂ ਮੇਰੇ ਲੋਕ ਮਿਲਣੀ ਪ੍ਰੋਗਰਾਮ 'ਚ ਵਿਘਨ ਨਹੀਂ ਪਾ ਸਕਦੇ।ਇਸ ਮੌਕੇ ਵਿਧਾਇਕ ਦੇ ਭਾਸ਼ਨ ਦੌਰਾਨ ਪਿੰਡ ਵਾਸੀਆਂ ਨੇ ਹਲਕਾ ਵਿਧਾਇਕ ਤੇ ਸੂਬਾ ਸਰਕਾਰ ਤੇ ਪ੍ਰਸ਼ਾਸਨ ਖ਼ਿਲਾਫ਼ ਜ਼ੋਰਦਾਰ ਪ੍ਰਦਰਸ਼ਨ ਕਰਦਿਆਂ ਨਾਅਰੇਬਾਜ਼ੀ ਕੀਤੀ, ਜਦਕਿ ਵਿਧਾਇਕ ਇਨਕਲਾਬ ਦੇ ਨਾਅਰੇ ਲਗਾਉਂਦਾ ਰਿਹਾ ਤੇ ਲੋਕ ਮੁਰਦਾਬਾਦ ਦੇ ਨਾਅਰੇ ਲਗਾਉਂਦੇ ਰਹੇ।ਇਸ ਮੌਕੇ ਵਿਧਾਇਕ ਨੇ ਸਪੱਸ਼ਟ ਕੀਤਾ ਕਿ ਪੁਲਸ ਥਾਣੇ ਵਾਲਾ ਮਾਮਲਾ ਪੁਰਾਣਾ ਹੈ।ਇਸ ਵਿੱਚ ਮੈਂ ਅੱਜ ਨਾ ਪਵਾਂਗੇ ਨਾ ਕੱਲ੍ਹ ਪਵਾਂਗਾ, ਜਦਕਿ ਜੋ ਪਰਚੇ ਦਰਜ ਹੋਏ ਹਨ, ਉਨ੍ਹਾਂ ਪਰਚਿਆਂ ਨੂੰ ਰੱਦ ਕਰਵਾਉਣ ਲਈ ਮੈਂ ਅੱਗੇ ਲੱਗ ਕੇ ਤੁਰਨ ਨੂੰ ਤਿਆਰ ਹਾਂ।ਇਸ ਮੌਕੇ ਸਰਪੰਚ ਸੁਖਪਾਲ ਕੌਰ ਦੇ ਪਤੀ ਬਲਰਾਜ ਸਿੰਘ ਚਹਿਲ ਨੇ ਜਦੋਂ ਸਟੇਜ ਤੋਂ ਜਦੋਂ ਵਿਧਾਇਕ ਨੂੰ ਕਿਹਾ ਕਿ ਸਾਡੀ ਪੰਚਾਇਤ ਤੇ ਸੰਘਰਸ਼ ਕਮੇਟੀ ਨਾਲ 10 ਮਿੰਟ ਬੈਠ ਕੇ ਟੇਬਲ-ਟਾਕ ਕਰੋ ਤਾਂ ਵਿਧਾਇਕ ਮੁੜ ਕੇ ਸਟੇਜ 'ਤੇ ਆ ਕੇ ਬਲਰਾਜ ਸਿੰਘ ਤੋਂ ਮਾਈਕ ਫੜ ਕੇ ਲੋਕਾਂ ਨੂੰ ਕਿਹਾ ਕਿ ਇਹ ਸਿਆਸੀ ਵਿਰੋਧ ਹੈ, ਵਿਰੋਧੀ ਪਾਰਟੀਆਂ ਦਾ ਕੰਮ ਹੀ ਹੁੰਦਾ ਆਇਆ।ਲੋਕਾਂ ਨੂੰ ਨਸੀਹਤ ਦੇਣ ਲੱਗੇ ਤਾਂ ਲੋਕ ਕਹਿਣ ਲੱਗੇ ਸਾਨੂੰ ਸਾਡੇ ਸਵਾਲਾਂ ਦੇ ਜਵਾਬ ਦਿਓ ਤਾਂ ਵਿਧਾਇਕ ਸੁਖਵੀਰ ਸਿੰਘ ਮਾਈਸਰਖਾਨਾ ਸਵਾਲਾਂ ਦੇ ਜਵਾਬਾਂ ਤੋਂ ਟਲਦੇ ਹੋਏ ਗੱਡੀ 'ਚ ਬੈਠ ਕੇ ਰਵਾਨਾ ਹੋ ਗਏ।ਇਸ ਮੌਕੇ ਪੰਚਾਇਤ ਤੇ ਸੰਘਰਸ਼ ਕਮੇਟੀ ਅਤੇ ਪਿੰਡ ਦੇ ਲੋਕਾਂ ਨੇ ਸਰਕਾਰ ਖ਼ਿਲਾਫ਼ ਟਰਾਲੀ ਸਮੇਤ ਵੱਖ-ਵੱਖ ਰੋਸ ਵਿਅੰਗਾਂ ਰਾਹੀਂ ਰੋਸ ਪ੍ਰਦਰਸ਼ਨ ਕੀਤਾ।

### ਦੂੱਧੜ 'ਚ ਸੌਲਿਡ ਵੇਸਟ ਤੇ ਬਾਇਓ ਗੈਸ ਪ੍ਰੋਜੈਕਟ ਲਗਾਉਣ ਦਾ ਮਾਮਲਾ ਗਰਮਾਇਆ

# ਕਿਸੇ ਵੀ ਕੀਮਤ 'ਤੇ ਹੱਦ 'ਚ ਨਹੀਂ ਆਉਣ ਦਿੱਤਾ ਜਾਵੇਗਾ ਇਹ ਪ੍ਰੋਜੈਕਟ : ਇਲਾਕਾ ਨਿਵਾਸੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਡਕਾਲਾ ਹਲਕੇ ਦੇ ਪਿੰਡ ਦੂੱਧੜ ਦੇ ਪ੍ਰਸਤਾਵਿਤ ਸੌਲਿਡ ਵੇਸਟ ਤੇ ਬਾਇਓ ਗੈਸ ਪ੍ਰੋਜੈਕਟ ਦਾ ਜ਼ੋਰਦਾਰ ਵਿਰੋਧ ਕਰਦੇ ਹੋਏ ਲੋਕ ਇਕਜੁਟ ਹੋ ਗਏ ਹਨ ਤੇ ਉਨ੍ਹਾਂ ਤਹੱਈਆ ਕੀਤਾ ਹੈ ਕਿ ਉਹ ਕਿਸੇ ਵੀ ਕੀਮਤ 'ਤੇ ਇਸ ਪ੍ਰੋਜੈਕਟ ਨੂੰ ਹੱਦ ਵਿੱਚ ਨਹੀਂ ਆਉਣ ਦੇਣਗੇ।ਇਹ ਤਹੱਈਆ ਡਕਾਲਾ ਦੇ ਗੁਰਦੁਆਰਾ ਸਾਹਿਬ ਵਿਖੇ ਹੋਈ ਭਰਵੀਂ ਮੀਟਿੰਗ ਵਿੱਚ ਲਿਆ ਗਿਆ, ਜਿਸ ਵਿਚ ਭਾਰੀ ਤਾਦਾਦ 'ਚ ਪਿੰਡ ਵਾਸੀ ਸ਼ਾਮਲ ਹੋਏ।ਇਸ ਵਿਰੋਧ ਨੂੰ ਉਸ ਸਮੇਂ ਹੋਰ ਬਲ ਮਿਲਿਆ, ਜਦੋਂ ਕਿਸਾਨ ਯੂਨੀਅਨਾਂ ਨੇ ਵੀ ਇਸ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ।ਡਾ. ਦਰਸ਼ਨ ਪਾਲ (ਕ੍ਰਾਂਤੀਕਾਰੀ ਕਿਸਾਨ ਯੂਨੀਅਨ) ਨੇ ਮੀਟਿੰਗ ਵਿੱਚ ਸ਼ਿਰਕਤ ਕੀਤੀ।ਮੀਟਿੰਗ ਵਿੱਚ ਆਉਣ ਵਾਲੇ ਸਮੇਂ ਵਿੱਚ ਪਿੰਡ ਪਿੰਡ ਜਾ ਕੇ ਪੰਚਾਇਤਾਂ ਤੇ ਲੋਕਾਂ ਨੂੰ ਨਾਲ ਜੋੜਨ ਤੇ ਇਸ ਪ੍ਰੋਜੈਕਟ ਵਿਰੁੱਧ ਲਾਮਬੰਦ ਕਰਨ ਦਾ ਵੀ ਫ਼ੈਸਲਾ ਲਿਆ ਗਿਆ।ਲੋਕਾਂ ਦਾ ਕਹਿਣਾ ਹੈ ਕਿ ਇਸ ਪ੍ਰੋਜੈਕਟ ਨਾਲ ਤਕਰੀਬਨ 6-7 ਕਿਲੋਮੀਟਰ ਦਾ ਇਲਾਕਾ ਬਰਬਾਦ ਹੋ ਜਾਵੇਗਾ, ਜ਼ਮੀਨ ਹੇਠਲਾ ਪਾਣੀ ਤੇਜ਼ਾਬੀ ਹੋਣ ਦੇ ਨਾਲ ਨਾਲ ਦੂਸ਼ਿਤ ਹਵਾ ਤੇ ਦੁਰਗੰਧ ਕਾਰਨ ਲੋਕਾਂ ਨੂੰ ਪਿੰਡ ਤੋਂ ਪਲਾਇਨ ਵੀ ਕਰਨਾ ਪੈ ਸਕਦਾ ਹੈ।ਲੋਕ ਪਹਿਲਾਂ ਹੀ ਨਾਲ ਲਗਦੀਆਂ ਪੇਪਰ ਮਿੱਲਾਂ, ਸ਼ਰਾਬ ਫੈਕਟਰੀ ਤੇ ਨਦੀ ਤੋਂ ਉੱਠਦੀ ਦੁਰਗੰਧ ਕਾਰਨ ਦੁਖੀ ਹਨ।ਮੀਟਿੰਗ ਵਿੱਚ ਇਹ ਵੀ ਫੈਸਲਾ ਲਿਆ ਗਿਆ ਕਿ ਜੇਕਰ ਸਰਕਾਰ ਨੇ ਇਸ ਪ੍ਰੋਜੈਕਟ ਨੂੰ ਵਾਪਸ ਨਾ ਲਿਆ ਤਾਂ ਬਹੁਤ ਜਲਦ ਇੱਕ ਵੱਡਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ ਤੇ ਪੱਕਾ ਮੋਰਚਾ ਲਾਇਆ ਜਾਵੇਗਾ।ਇਸ ਮੀਟਿੰਗ ਵਿੱਚ ਸਰਪੰਚ ਹਰਕਿੰਦਰ ਸਿੰਘ, ਸਰਪੰਚ ਕਾਲਾ, ਬਿਸ਼ਨ ਪ੍ਰਕਾਸ਼ ਆੜ੍ਹਤੀ ਐਸੋਸੀਏਸ਼ਨ, ਮਲਕੀਅਤ ਸਿੰਘ ਡਕਾਲਾ, ਰਘੁਵੀਰ ਸਿੰਘ ਧਾਲੀਵਾਲ, ਰੋਡਾ ਡਕਾਲਾ, ਜਥੇਦਾਰ ਪਵਿੱਤਰ ਸਿੰਘ, ਨਾਇਬ ਸਿੰਘ ਭਾਨਰੀ, ਜੱਸੀ ਦੂੱਧੜ, ਜਸਪਾਲ ਦੂੱਧੜ, ਹਰਪਾਲ ਦੂੱਧੜ, ਹਰਦਮ ਸਿੰਘ ਦੂੱਧੜ, ਰਣਜੀਤ ਸਿੰਘ ਦੂੱਧੜ, ਨਿੱਕਾ ਡਕਾਲਾ, ਹਰਵਿੰਦਰ ਖੇੜ੍ਹਕਾ, ਸਤਿਗੁਰ ਡਕਾਲਾ ਤੇ ਹੋਰ ਮੋਹਤਬਰਾਂ ਨੇ ਸ਼ਮੂਲੀਅਤ ਕੀਤੀ।

ਵਿਕਰਮ ਜੀਤ ਡਕਾਲਾ ਨੇ ਸਾਰਿਆਂ ਦਾ ਪਾਰਟੀ ਪੱਧਰ ਤੋਂ ਉਪਰ ਉੱਠ ਕੇ ਇਸ ਮੀਟਿੰਗ ਵਿੱਚ ਆਉਣ 'ਤੇ ਧੰਨਵਾਦ ਕਰਦਿਆਂ ਦੱਸਿਆ ਕਿ ਸਮਾਜਸੇਵੀ ਸ਼ੈਰੀ ਸੂਸੋ ਸੀਤਾ ਤੇ ਹਰਮੇਸ਼ ਗੋਇਲ ਡਕਾਲਾ ਨੇ ਵੀ ਪਿੰਡ ਵਾਸੀਆਂ ਨਾਲ ਖੜਨ ਦਾ ਭਰੋਸਾ ਦਿੱਤਾ ਹੈ।ਇਲਾਕੇ ਦੀਆਂ ਕੁਝ ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਨੇ ਵੀ ਇਸ ਪ੍ਰੋਜੈਕਟ ਦੇ ਵਿਰੋਧ ਵਿੱਚ ਸਮਰਥਨ ਦਿੱਤਾ ਹੈ।ਲੋਕਾਂ ਦੀ ਮੰਗ ਹੈ ਕਿ ਇਸ ਪ੍ਰੋਜੈਕਟ ਨੂੰ ਕਿਸੇ ਬੇਆਬਾਦ ਥਾਂ ਲਾਇਆ ਜਾਵੇ ਨਾ ਕਿ ਉਪਜਾਊ ਤੇ ਆਬਾਦ ਥਾਂ 'ਤੇ।

## ਡੀ ਐੱਮ ਕਾਲਜ ਵਿਖੇ ਮਹਿਲਾ ਲੋਕ ਅਦਾਲਤ ਲਗਾਈ

### ਚੇਅਰਪਰਸਨ ਵਿਜੇ ਕਿਸ਼ੋਰ ਰਹਿਤਕਰ ਦਾ ਕੀਤਾ ਸਨਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਜ਼ਿਲ੍ਹਾ ਪ੍ਰਸ਼ਾਸਨ ਮੋਗਾ ਵੱਲੋਂ ਡੀ. ਐੱਮ. ਕਾਲਜ ਮੋਗਾ ਵਿਖੇ ਮਹਿਲਾ ਲੋਕ ਅਦਾਲਤ ਲਗਾਈ ਗਈ, ਜਿਸ ਵਿੱਚ ਮੋਗਾ ਜ਼ਿਲ੍ਹੇ ਨਾਲ ਸੰਬੰਧਤ ਕਾਫੀ ਮਹਿਲਾਵਾਂ ਦੀਆਂ ਸਮੱਸਿਆਵਾਂ ਨੂੰ ਸੁਣਨ ਲਈ ਵਿਜੇ ਕਿਸ਼ੋਰ ਰਹਿਤਕਰ ਚੇਅਰਪਰਸਨ ਰਾਸ਼ਟਰੀ ਮਹਿਲਾ ਕਮਿਸ਼ਨ ਭਾਰਤ ਸਰਕਾਰ ਉਚੇਚੇ ਤੌਰ 'ਤੇ ਸ਼ਾਮਲ ਹੋਏ, ਜਿਨ੍ਹਾਂ ਨੇ ਪੀੜਤ ਮਹਿਲਾਵਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਉਨ੍ਹਾਂ ਦਾ ਮੌਕੇ 'ਤੇ ਹੀ ਹੱਲ ਕਰਵਾਇਆ ਅਤੇ ਮੌਕੇ ਵਿੱਚ ਇਸ ਸਮੇਂ ਦੌਰਾਨ ਨੀਰਾ ਅਗਰਵਾਲ ਪ੍ਰਧਾਨ ਇੱਕ ਅਨੋਖੀ ਪਹਿਲ ਮੁਸਕੁਰਾਹਟ ਸੇਵਾ ਟਰੱਸਟ ਮੋਗਾ ਤੇ ਅਰੁਣ ਕੁਮਾਰ ਵਾਇਸ ਪ੍ਰਧਾਨ ਜ਼ਿਲ੍ਹਾ ਮੋਗਾ ਨੇ ਭਗਵਾਨ ਸ੍ਰੀ ਰਾਮ ਦੀ ਸਰੂਪ ਤੇ ਦੁਸ਼ਾਲਾ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਚੇਅਰਪਰਸਨ ਵਿਜੇ ਕਿਸ਼ੋਰ ਰਹਿਤਕਰ ਨੇ ਕਿਹਾ ਕਿ ਨੀਰਾ ਅਗਰਵਾਲ ਹਲਕਾ ਮੋਗਾ ਵਿੱਚ ਲੋਕਾਂ ਦੀ ਸੇਵਾ ਕਰ ਰਹੇ ਹਨ, ਜੋ ਪ੍ਰਸ਼ੰਸਾਯੋਗ ਕਦਮ ਹੈ ਅਤੇ ਜੋ ਮਾਨ ਸਨਮਾਨ ਮੈਨੂੰ ਅੱਜ ਦਿੱਤਾ ਹੈ, ਉਸ ਨੂੰ ਮੈਂ ਕਦੇ ਵੀ ਨਹੀਂ ਭੁਲਾਵਾਂਗੀ।

## ਪਿੰਡ ਪੱਧਰ 'ਤੇ ਨਸ਼ਾ ਮੁਕਤੀ ਲਹਿਰ ਹੋਵੇਗੀ ਹੋਰ ਮਜ਼ਬੂਤ : ਡਾ. ਜਵੰਧਾ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਲਈ ਪਿੰਡ ਪੱਧਰ 'ਤੇ ਲੋਕਾਂ ਦੀ ਭਾਗੀਦਾਰੀ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਬਲਾਕ ਸੰਮਤੀ ਦਫਤਰ ਸੰਗਰੂਰ ਵਿਖੇ ਬਲਾਕ ਸੰਮਤੀ ਚੇਅਰਪਰਸਨ ਕੁਲਵਿੰਦਰ ਕੌਰ ਦੀ ਅਗਵਾਈ ਹੇਠ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸਬੰਧੀ ਮੀਟਿੰਗ ਕੀਤੀ ਗਈ।ਇਸ ਮੌਕੇ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਨਸ਼ਾ ਵਿਰੋਧੀ ਮੁਹਿੰਮ ਨੂੰ ਲੋਕ ਲਹਿਰ ਬਣਾਉਣ ਦਾ ਸੱਦਾ ਦਿੱਤਾ।ਮੀਟਿੰਗ ਦੌਰਾਨ ਬਲਾਕ ਸੰਮਤੀ ਮੈਂਬਰਾਂ ਤੇ ਕਲੱਸਟਰਾਂ ਨੇ ਪਿੰਡਾਂ ਵਿੱਚ ਚਲਾਈਆਂ ਜਾ ਰਹੀਆਂ ਜਾਗਰੂਕਤਾ ਗਤੀਵਿਧੀਆਂ ਦੀ ਸਮੀਖਿਆ ਕੀਤੀ ਤੇ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਆਪਣੇ ਸੁਝਾਅ ਸਾਂਝੇ ਕੀਤੇ।ਇਸ ਮੌਕੇ ਡਾ. ਮਿੰਕੂ ਜਵੰਧਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਸਿਰਫ਼ ਸਰਕਾਰੀ ਪੱਧਰ 'ਤੇ ਨਹੀਂ ਜਿੱਤੀ ਜਾ ਸਕਦੀ, ਸਗੋਂ ਇਸ ਲਈ ਹਰ ਪਿੰਡ, ਹਰ ਪਰਿਵਾਰ ਤੇ ਹਰ ਨਾਗਰਿਕ ਦੀ ਸਰਗਰਮ ਭਾਗੀਦਾਰੀ ਲਾਜ਼ਮੀ ਹੈ।ਉਨ੍ਹਾਂ ਕਿਹਾ ਕਿ ਵਲੰਟੀਅਰ ਇਸ ਮੁਹਿੰਮ ਦੀ ਰੀੜ੍ਹ ਦੀ ਹੱਡੀ ਹਨ, ਜੋ ਘਰ-ਘਰ ਜਾ ਕੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰ ਰਹੇ ਹਨ ਤੇ ਨੌਜਵਾਨਾਂ ਨੂੰ ਸਹੀ ਦਿਸ਼ਾ ਵੱਲ ਪ੍ਰੇਰਿਤ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਟੀਚਾ ਸੂਬੇ ਨੂੰ ਨਸ਼ਾ-ਮੁਕਤ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪਿੰਡ-ਪਿੰਡ ਜਾਗਰੂਕਤਾ ਮੁਹਿੰਮਾਂ ਨੂੰ ਹੋਰ ਤੇਜ਼ ਕੀਤਾ ਜਾਵੇਗਾ ਤਾਂ ਜੋ ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਦੇ ਟੀਚੇ ਨੂੰ ਸਾਕਾਰ ਕੀਤਾ ਜਾ ਸਕੇ।

# ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਨਵੇਂ ਕੈਂਪਸ ਦਾ ਉਦਘਾਟਨ

### ਪ੍ਰੋ. ਸਰਬਜਿੰਦਰ ਸਿੰਘ ਵੱਲੋਂ 100 ਲੋੜਵੰਦ ਵਿਦਿਆਰਥੀਆਂ ਦੀ ਫੀਸ ਦਾ ਖਰਚਾ ਚੁੱਕਣ ਦਾ ਐਲਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ ਦੇ ਮਾਣਯੋਗ ਵਾਈਸ ਚਾਂਸਲਰ ਪ੍ਰੋ. (ਡਾ.) ਰਤਨ ਸਿੰਘ ਦੇ ਸੁਯੋਗ ਯਤਨਾਂ ਸਦਕਾ ਯੂਨੀਵਰਸਿਟੀ ਦੇ ਨਵੇਂ ਕੈਂਪਸ (ਮਹਿੰਦਰਾ ਕੋਠੀ, ਨੇੜੇ ਫੁਹਾਰਾ ਚੌਂਕ, ਪਟਿਆਲਾ) ਦੀ ਰਸਮੀ ਸ਼ੁਰੂਆਤ ਕਰਦੇ ਹੋਏ ਗੁਰੂ ਮਹਾਰਾਜ ਜੀ ਦਾ ਓਟ ਆਸਰਾ ਲੈਂਦਿਆਂ ਅਰਦਾਸ ਤੋਂ ਬਾਅਦ ਪਹਿਲਾ ਅਕਾਦਮਿਕ ਸੈਸ਼ਨ ਸ਼ੁਰੂ ਕੀਤਾ ਗਿਆ।ਇਹ ਸਮਾਗਮ ਉਸ ਸਮੇਂ ਇਤਿਹਾਸਕ ਰੂਪ ਧਾਰਨ ਕਰ ਗਿਆ ਜਦੋਂ ਸੂਬੇ ਦੀਆਂ ਪ੍ਰਮੁੱਖ ਯੂਨੀਵਰਸਿਟੀਆਂ ਦੇ ਵਾਈਸ-ਚਾਂਸਲਰ ਤੇ ਅਮਰੀਕਾ ਦੇ ਪ੍ਰਸਿੱਧ ਕਾਨੂੰਨ ਸ਼ਾਸਤਰੀ ਤੇ ਸਮਾਜ ਸੇਵੀ ਜਸਪ੍ਰੀਤ ਸਿੰਘ ਅਟਾਰਨੀ ਨੇ ਇਸ ਸਮਾਗਮ ਵਿੱਚ ਹਿੱਸਾ ਲਿਆ। ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ: ਰਤਨ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਆਈਆਂ ਪ੍ਰਮੁੱਖ ਸ਼ਖਸੀਅਤਾਂ ਦਾ ਸਵਾਗਤ ਕਰਦਿਆਂ ਸੰਦੇਸ਼ ਪ੍ਰਦਾਨ ਕੀਤਾ ਕਿ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪੰਜਾਬ ਦੀ ਇੱਕੋ-ਇੱਕ ਯੂਨੀਵਰਸਿਟੀ ਹੈ, ਜਿਸ ਨੇ ਸਮੁੱਚੇ ਪੰਜਾਬ ਨੂੰ ਕਵਰ ਕੀਤਾ ਹੋਇਆ ਹੈ।ਇਸ ਮੌਕੇ ਪ੍ਰੋ. ਕਰਮਜੀਤ ਸਿੰਘ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਜੋ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ ਦੇ ਫਾਊਂਡਰ ਵਾਈਸ ਚਾਂਸਲਰ ਸਨ, ਨੇ ਵੀ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਆਉਣ ਵਾਲਾ ਸਮਾਂ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦਾ ਹੈ, ਕਿਉਂਕਿ ਜਿਵੇਂ ਇਹ ਯੂਨੀਵਰਸਿਟੀ ਆਨਲਾਈਨ ਪੱਧਰ ਤੇ ਕਾਰਜ ਕਰ ਰਹੀ ਹੈ, ਉਸੇ ਤਰ੍ਹਾਂ ਅੱਜ ਦਾ ਸਮਾਜ ਵੀ ਆਨਲਾਈਨ ਸਿੱਖਿਆ ਨੂੰ ਹੀ ਤਰਜੀਹ ਦੇਹ ਰਿਹਾ ਹੈ।ਮੁੱਖ ਮਹਿਮਾਨ ਵਜੋਂ ਪਹੁੰਚੇ ਡਾ. ਜਸਪ੍ਰੀਤ ਸਿੰਘ ਅਟਾਰਨੀ ਨੇ ਆਪਣੇ ਭਾਸ਼ਣ ਦੌਰਾਨ ਦੱਸਿਆ ਕਿ ਬਾਹਰ ਰਹਿ ਰਹੇ ਪੰਜਾਬੀ ਪੰਜਾਬ ਲਈ ਹਮੇਸ਼ਾ ਹੀ ਚਿੰਤਨਸ਼ੀਲ ਹਨ ਤੇ ਉਹ ਸੋਚਦੇ ਰਹਿੰਦੇ ਹਨ ਕਿ ਕਿਵੇਂ ਪੰਜਾਬ ਦੀ ਸੇਵਾ ਕੀਤੀ ਜਾ ਸਕੇ।ਡਾ. ਜਗਦੀਪ ਸਿੰਘ ਵਾਈਸ ਚਾਂਸਲਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਸੰਦੇਸ਼ ਦਿੱਤਾ ਕਿ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ: ਰਤਨ ਸਿੰਘ ਜਿਸ ਸ਼ਿੱਦਤ ਨਾਲ ਕਾਰਜ ਕਰ ਰਹੇ ਹਨ, ਇਹ ਕਾਰਜ ਬੇਮਿਸਾਲ ਹਨ।ਪ੍ਰੋ: ਪੁਸ਼ਪਿੰਦਰ ਸਿੰਘ ਗਿੱਲ ਵਾਈਸ ਚਾਂਸਲਰ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਸ ਯੂਨੀਵਰਸਿਟੀ ਪਟਿਆਲਾ ਨੇ ਨਵੇਂ ਕੈਂਪਸ ਦੀ ਵਧਾਈ ਦਿੰਦਿਆਂ ਹਮੇਸ਼ਾ ਯੂਨੀਵਰਸਿਟੀ ਨਾਲ ਜੁੜੇ ਰਹਿਣ ਦੀ ਵਚਨਬੱਧਤਾ ਦਰਸਾਈ।ਪ੍ਰੋ. ਜੈਸ਼ੰਕਰ ਵਾਈਸ ਚਾਂਸਲਰ ਰਾਜੀਵ ਗਾਂਧੀ ਨੈਸ਼ਨਲ ਲਾਅ ਯੂਨੀਵਰਸਿਟੀ ਪਟਿਆਲਾ ਨੇ ਯੂਨੀਵਰਸਿਟੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਯੂਨੀਵਰਸਿਟੀ ਨੇ ਆਪਣੇ ਇਸ ਸੈਸ਼ਨ ਵਿੱਚ ਲਾਅ ਨਾਲ ਸੰਬੰਧਤ ਕੋਰਸਾਂ ਦੀ ਸ਼ੁਰੂਆਤ ਕਰ ਦਿੱਤੀ ਹੈ, ਜੋ ਯੂਨੀਵਰਸਿਟੀ ਦੀ ਕਾਰਗੁਜ਼ਾਰੀ ਲਈ ਲਾਹੇਵੰਦ ਸਾਬਿਤ ਹੋਵੇਗੀ।ਪ੍ਰੋ. ਸਰਬਜਿੰਦਰ ਸਿੰਘ ਵਾਈਸ ਚਾਂਸਲਰ, ਸੰਨੀ ਓਬਰਾਏ ਵਿਵੇਕ ਸਦਨ ਫਿਊਚਰਿਸਟਿਕ ਯੂਨੀਵਰਸਿਟੀ, ਸ੍ਰੀ ਆਨੰਦਪੁਰ ਸਾਹਿਬ ਨੇ ਆਪਣੇ ਨਿਵਕਲੇ ਅੰਦਾਜ਼ ਵਿੱਚ ਯੂਨੀਵਰਸਿਟੀ ਨਾਲ ਡੱਟ ਕੇ ਖੜ੍ਹਨ ਦਾ ਐਲਾਨ ਕਰਦਿਆਂ ਕਿਹਾ ਕਿ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵਿੱਚ ਦਾਖਲਾ ਲੈਣ ਵਾਲੇ 100 ਲੋੜਵੰਦ ਵਿਦਿਆਰਥੀਆਂ ਦੀ ਸੰਪੂਰਨ ਫੀਸ ਉਨ੍ਹਾਂ ਵੱਲੋਂ ਦਿੱਤੀ ਜਾਵੇਗੀ।ਇਸ ਮੌਕੇ ਉੱਤੇ ਹਾਜ਼ਰੀਨ ਵਾਈਸ ਚਾਂਸਲਰ ਸਾਹਿਬਾਨ ਤੋਂ ਇਲਾਵਾ ਉਨ੍ਹਾਂ ਦੇ ਪਰਿਵਾਰਕ ਮੈਂਬਰ, ਵਿਦੇਸ਼ਾਂ ਤੋਂ ਆਏ ਹੋਏ ਵਿਸ਼ੇਸ਼ ਡੈਲੀਗੇਟਸ, ਯੂਨੀਵਰਸਿਟੀ ਦੇ ਅਧਿਕਾਰੀਆਂ ਵਿੱਚੋਂ ਡਾ. ਕੁਲਦੀਪ ਵਾਲੀਆ (ਡਾਇਰੈਕਟਰ ਸੀਕਾ), ਡਾ. ਅਮਿਤੋਜ ਸਿੰਘ (ਐਸੋਸੀਏਟ ਡੀਨ ਅਕਾਦਮਿਕ ਮਾਮਲੇ), ਡਾ. ਨਵਲੀਨ ਮੁਲਤਾਨੀ (ਐਸੋਸੀਏਟ ਡੀਨ ਰਿਸਰਚ), ਡਾ. ਸੁਲਕਸ਼ਨਾ (ਐਸੋਸੀਏਟ ਡੀਨ ਵਿਦਿਆਰਥੀ ਭਲਾਈ) ਤੇ ਡਾ. ਸੁਖਦੇਵ ਸਿੰਘ, (ਲੋਕ ਸੰਪਰਕ ਅਫਸਰ) ਹਾਜ਼ਰ ਸਨ।

## ਰਿਸ਼ਵਤ ਲੈਂਦਾ ਜਲ ਸਰੋਤ ਵਿਭਾਗ ਦਾ ਅਸਿਸਟੈਂਟ ਰੈਵਨਿਊ ਕਲਰਕ ਕਾਬੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਆਪਣੀ ਮੁਹਿੰਮ ਤਹਿਤ ਵੱਡੀ ਕਾਰਵਾਈ ਕਰਦਿਆਂ ਜਲ ਸਰੋਤ ਵਿਭਾਗ ਦੇਵੀਗੜ੍ਹ ਮੰਡਲ, ਪਟਿਆਲਾ ਵਿੱਚ ਤਾਇਨਾਤ ਸੁਖਪਾਲ ਸਿੰਘ, ਅਸਿਸਟੈਂਟ ਰੈਵਨਿਊ ਕਲਰਕ (ਵਾਧੂ ਚਾਰਜ ਐਚ.ਆਰ.ਸੀ.) ਨੂੰ 10,500 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਥਾਣਾ ਵਿਜੀਲੈਂਸ ਬਿਊਰੋ, ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਸੰਬੰਧਿਤ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਕਾਰਵਾਈ ਸ੍ਰੀ ਹਰਜਿੰਦਰ ਸਿੰਘ, ਵਾਸੀ ਪਿੰਡ ਗੱਜੂਮਾਜਰਾ, ਤਹਿਸੀਲ ਅਤੇ ਜ਼ਿਲ੍ਹਾ ਪਟਿਆਲਾ ਦੀ ਸ਼ਿਕਾਇਤ ਦੇ ਆਧਾਰ 'ਤੇ ਕੀਤੀ ਗਈ।ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਉਸ ਅਤੇ ਉਸ ਦੇ ਭਰਾ ਦੇ ਖੇਤਾਂ ਵਿੱਚ ਨਹਿਰੀ ਪਾਣੀ ਲਈ ਮੋਘਾ ਲਾਉਣ ਦੇ ਬਦਲੇ ਮੁਲਜ਼ਮ ਨੇ ਪਹਿਲਾਂ 20,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ।ਬਾਅਦ ਵਿੱਚ ਸੌਦਾ 14,000 ਰੁਪਏ 'ਤੇ ਤੈਅ ਹੋਇਆ, ਜਿਸ ਵਿੱਚੋਂ 3,500 ਰੁਪਏ ਪਹਿਲਾਂ ਲੈ ਲਏ ਗਏ ਸਨ ਅਤੇ ਬਾਕੀ 10,500 ਰੁਪਏ ਦੀ ਮੰਗ ਕੀਤੀ ਜਾ ਰਹੀ ਸੀ। ਸ਼ਿਕਾਇਤ ਦੀ ਪੁਸ਼ਟੀ ਹੋਣ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾ ਕੇ ਮੁਲਜ਼ਮ ਨੂੰ 10,500 ਰੁਪਏ ਰਿਸ਼ਵਤ ਪ੍ਰਾਪਤ ਕਰਦੇ ਸਮੇਂ ਰੰਗੇ ਹੱਥੀਂ ਕਾਬੂ ਕਰ ਲਿਆ।ਮੌਕੇ ਤੋਂ ਰਿਸ਼ਵਤ ਦੀ ਰਕਮ ਵੀ ਬਰਾਮਦ ਕਰ ਲਈ ਗਈ।ਵਿਜੀਲੈਂਸ ਬਿਊਰੋ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਜਾਰੀ ਹੈ ਅਤੇ ਭ੍ਰਿਸ਼ਟਾਚਾਰ ਨਾਲ ਸਬੰਧਤ ਕਿਸੇ ਵੀ ਹੋਰ ਪੱਖ ਦੀ ਸ਼ਮੂਲੀਅਤ ਸਾਹਮਣੇ ਆਉਣ 'ਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।ਅੰਤ ਵਿੱਚ ਵਿਜੀਲੈਂਸ ਬਿਊਰੋ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਸਰਕਾਰੀ ਕ੍ਰਮਚਾਰੀ ਰਿਸ਼ਵਤ ਦੀ ਮੰਗ ਕਰਦਾ ਹੈ ਤਾਂ ਉਸ ਦੀ ਸੂਚਨਾ ਤੁਰੰਤ ਵਿਜੀਲੈਂਸ ਬਿਊਰੋ ਨੂੰ ਦਿੱਤੀ ਜਾਵੇ, ਤਾਂ ਜੁ ਭ੍ਰਿਸ਼ਟਾਚਾਰ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾ ਸਕੇ।

## ਵਿਦੇਸ਼ ਯਾਤਰਾ ਤੋਂ ਵਾਪਸ ਪਰਤੇ ਪ੍ਰਿੰਸੀਪਲ ਦਾ ਸਕੂਲ 'ਚ ਨਿੱਘਾ ਸਵਾਗਤ




**ਸਮਾਣਾ (ਇਕਬਾਲ ਸਿੰਘ ਬੱਲ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਫਤਿਹਪੁਰ (ਸਮਾਣਾ) ਦੇ ਪ੍ਰਿੰਸੀਪਲ ਸ੍ਰੀਮਤੀ ਸੁਨੀਤਾ ਰਾਣੀ ਦਾ ਵਿਦੇਸ਼ ਯਾਤਰਾ ਤੋਂ ਵਾਪਸ ਪਰਤਣ ਉਪਰੰਤ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ, ਸਮੂਹ ਮੈਨੇਜਮੈਂਟ ਕਮੇਟੀ, ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਵੱਲੋਂ ਸਕੂਲ ਪ੍ਰੁੱਜਣ 'ਤੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਸਕੂਲ ਦੀ ਸਮੂਹ ਮੈਨੇਜਮੈਂਟ ਕਮੇਟੀ ਤੇ ਸਟਾਫ਼ ਵੱਲੋਂ ਫੁੱਲਾਂ ਦਾ ਗੁਲਦਸਤਾ ਭੇਟ ਕੀਤਾ ਗਿਆ।ਇਸ ਉਪਰੰਤ ਵਿਦਿਆਰਥੀਆਂ ਵੱਲੋਂ ਸਕੂਲ ਪ੍ਰਿੰਸੀਪਲ ਤੋਂ ਕੇਕ ਕਟਵਾਇਆ ਗਿਆ।ਮੈਨੇਜਮੈਂਟ ਦੇ ਹਾਜ਼ਰ ਮੈਂਬਰਾਂ ਨੇ ਆਸ ਪ੍ਰਗਟਾਈ ਕਿ ਵਿਦੇਸ਼ ਯਾਤਰਾ ਦੌਰਾਨ ਪ੍ਰਾਪਤ ਕੀਤੇ ਨਵੇਂ ਤਜਰਬੇ ਤੇ ਵਿਚਾਰ ਸਕੂਲ ਦੇ ਵਿੱਦਿਅਕ ਵਿਕਾਸ ਵਿੱਚ ਯੋਗਦਾਨ ਪਾਉਣਗੇ।ਸਕੂਲ ਮੈਨੇਜਮੈਂਟ ਨੇ ਕਿਹਾ ਕਿ ਸੰਸਥਾ ਹਮੇਸ਼ਾ ਗੁਣਵੱਤਾ ਭਰਪੂਰ ਸਿੱਖਿਆ, ਆਧੁਨਿਕ ਸੋਚ ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ।ਇਸ ਮੌਕੇ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੇ ਸਕੂਲ ਦੀ ਨਿਰੰਤਰ ਤਰੱਕੀ ਤੇ ਚੜ੍ਹਦੀ ਕਲਾ ਲਈ ਆਪਣੀਆਂ ਸ਼ੁੱਭ-ਕਾਮਨਾਵਾਂ ਪ੍ਰਗਟ ਕੀਤੀਆਂ।

# ਸਿਵਲ ਹਸਪਤਾਲ 'ਚ ਨਿੱਜੀ ਡਾਕਟਰਾਂ ਦੀ ਓ ਪੀ ਡੀ 'ਤੇ ਸਿਆਸੀ ਬਵਾਲ

### ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਕੀਤਾ ਤਿੱਖਾ ਵਿਰੋਧ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਫ਼ਿਰੋਜ਼ਪੁਰ ਦੇ ਸਿਵਲ ਹਸਪਤਾਲ ਵਿੱਚ ਹਾਲ ਹੀ ਵਿੱਚ ਨਿੱਜੀ ਹਸਪਤਾਲਾਂ ਦੇ ਡਾਕਟਰਾਂ ਵੱਲੋਂ ਸ਼ੁਰੂ ਕੀਤੀ ਗਈ ਓ.ਪੀ.ਡੀ. ਸੇਵਾ ਨੇ ਇੱਕ ਵੱਡਾ ਸਿਆਸੀ ਵਿਵਾਦ ਖੜ੍ਹਾ ਕਰ ਦਿੱਤਾ ਹੈ। ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਹਲਕਾ ਫ਼ਿਰੋਜ਼ਪੁਰ ਸ਼ਹਿਰ ਦੇ ਇੰਚਾਰਜ ਜਸਵੀਰ ਸਿੰਘ ਭੁੱਲਰ ਨੇ ਇਸ ਕਦਮ ਦਾ ਪੁਰਜ਼ੋਰ ਸ਼ਬਦਾਂ ਵਿੱਚ ਵਿਰੋਧ ਕੀਤਾ ਹੈ ਤੇ ਭਗਵੰਤ ਮਾਨ ਸਰਕਾਰ ਨੂੰ ਘੇਰਿਆ ਹੈ। ਇੱਕ ਤਿੱਖੇ ਬਿਆਨ ਵਿੱਚ ਸ੍ਰੀ ਭੁੱਲਰ ਨੇ ਕਿਹਾ ਕਿ ਇਹ ਬਹੁਤ ਹੀ ਹੈਰਾਨੀਜਨਕ ਤੇ ਨਿੰਦਣਯੋਗ ਹੈ ਕਿ ਹੁਣ ਸਰਕਾਰੀ ਹਸਪਤਾਲਾਂ ਦੀਆਂ ਇਮਾਰਤਾਂ ਦੀ ਵਰਤੋਂ ਪ੍ਰਾਈਵੇਟ ਹਸਪਤਾਲਾਂ ਵਾਲੇ ਆਪਣੀ ਓ.ਪੀ.ਡੀ. ਚਲਾਉਣ ਲਈ ਕਰ ਰਹੇ ਹਨ। ਉਨ੍ਹਾਂ ਸਵਾਲ ਉਠਾਇਆ ਕਿ ਜੇਕਰ ਨਿੱਜੀ ਹਸਪਤਾਲ ਸੱਚਮੁੱਚ ਗਰੀਬਾਂ ਦਾ ਮੁਫ਼ਤ ਇਲਾਜ ਕਰਨਾ ਚਾਹੁੰਦੇ ਹਨ ਤਾਂ ਉਹ ਇਹ ਸੇਵਾ ਆਪਣੇ ਨਿੱਜੀ ਹਸਪਤਾਲਾਂ ਦੇ ਅੰਦਰ ਕਿਉਂ ਨਹੀਂ ਪ੍ਰਦਾਨ ਕਰਦੇ। ਉਨ੍ਹਾਂ ਦੋਸ਼ ਲਾਇਆ ਕਿ ਇਹ ਕਦਮ



ਗਰੀਬ ਮਰੀਜ਼ਾਂ ਦੀ ਭਲਾਈ ਦੇ ਨਾਂ 'ਤੇ ਪ੍ਰਾਈਵੇਟ ਹਿੱਤਾਂ ਨੂੰ ਉਤਸ਼ਾਹਤ ਕਰਨ ਦੀ ਇੱਕ ਕੋਸ਼ਿਸ਼ ਹੈ। ਗੱਲਬਾਤ ਕਰਦਿਆਂ ਭੁੱਲਰ ਨੇ ਚੇਤਾਵਨੀ ਦਿੱਤੀ ਕਿ ਅਜਿਹੀਆਂ ਨੀਤੀਆਂ ਨਾਲ ਆਉਣ ਵਾਲੇ ਸਮੇਂ ਵਿੱਚ ਗਰੀਬਾਂ ਵਿੱਚ ਭੁੱਖਮਰੀ ਤੇ ਬੇਰੁਜ਼ਗਾਰੀ ਵਧੇਗੀ। ਉਨ੍ਹਾਂ ਕਿਹਾ ਕਿ ਇਸ ਨਾਲ ਰੁਜ਼ਗਾਰ ਦੇ ਮੌਕੇ ਘਟਣਗੇ ਤੇ ਮੁਲਾਜ਼ਮ 10-10 ਹਜ਼ਾਰ ਰੁਪਏ ਦੀ ਨੌਕਰੀ ਕਰਨ ਲਈ ਮਜਬੂਰ ਹੋਣਗੇ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਿਵਲ ਹਸਪਤਾਲ ਵਿੱਚ ਚੱਲ ਰਹੀ ਇਸ ਨਿੱਜੀ ਓ.ਪੀ.ਡੀ. ਨੂੰ ਤੁਰੰਤ ਬੰਦ ਕਰਵਾਇਆ ਜਾਵੇ। ਅਕਾਲੀ ਆਗੂ ਨੇ ਸਪੱਸ਼ਟ ਕੀਤਾ ਕਿ ਜੇਕਰ ਸਰਕਾਰ ਨੇ ਇਸ ਮਾਮਲੇ ਵਿੱਚ ਤੁਰੰਤ ਕਾਰਵਾਈ ਨਾ ਕੀਤੀ ਤਾਂ ਉਹ ਮੁਲਾਜ਼ਮ ਜਥੇਬੰਦੀਆਂ ਦੇ ਨਾਲ ਮਿਲ ਕੇ ਇੱਕ ਤਕੜਾ ਸੰਘਰਸ਼ ਸ਼ੁਰੂ ਕਰਨ ਲਈ ਮਜਬੂਰ ਹੋਣਗੇ। ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੇ ਅਣਸੁਖਾਵੇਂ ਹਾਲਾਤ ਲਈ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਹੱਕੀ ਮੰਗਾਂ ਨੂੰ ਲੈ ਕੇ ਮਿਊਂਸੀਪਲ ਇੰਪਲਾਈਜ਼ ਫੈਡਰੇਸ਼ਨ ਨੇ ਫੂਕਿਆ ਸਰਕਾਰ ਦਾ ਪੁਤਲਾ



**ਮੋਗਾ (ਇਕਬਾਲ ਸਿੰਘ ਖਹਿਰਾ)**- ਮਿਊਂਸੀਪਲ ਇੰਪਲਾਈਜ਼ ਫੈਡਰੇਸ਼ਨ ਨਗਰ ਨਿਗਮ ਮੋਗਾ ਵੱਲੋਂ ਦਸਵੇਂ ਦਿਨ ਕੰਮ ਛੋੜ ਹੜਤਾਲ ਜਾਰੀ ਰਹੀ ਸਫਾਈ ਸੈਨਿਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਮਨਵਾਉਣ ਲਈ ਸਮੂਹ ਮਿਊਂਸੀਪਲ ਕਾਮਿਆਂ ਨੇ ਇੱਕ ਵੱਡਾ ਰੋਸ ਪ੍ਰਦਰਸ਼ਨ ਕੀਤਾ ਸਫਾਈ ਸੇਵਕ ਯੂਨੀਅਨ ਪੰਜਾਬ ਦੇ ਦਿਸ਼ਾ ਨਿਰਦੇਸ਼ ਅਨੁਸਾਰ ਪੂਰੇ ਪੰਜਾਬ ਵਿੱਚ ਪੰਜਾਬ ਸਰਕਾਰ ਦੇ ਉਤਲੇ ਫੂਕਣ ਦਾ ਫੈਸਲਾ ਲਿਆ ਗਿਆ।ਇਸ ਮੌਕੇ ਸਫਾਈ ਸੇਵਕ ਯੂਨੀਅਨ ਦੇ ਪ੍ਰਧਾਨ ਸੋਮਨਾਥ ਚੋਬੜ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਸੰਗਰੂਰ ਵਿੱਚ ਸਫਾਈ ਸੈਨਕਾਂ ਦੇ ਸ਼ਾਂਤਮਈ ਪ੍ਰਦਰਸ਼ਨ ਵਿੱਚ ਪ੍ਰਸ਼ਾਸਨ ਤੇ ਪੰਜਾਬ ਪੁਲਸ ਨੇ ਤਸ਼ਦਦ ਕੀਤਾ ਅਤੇ ਸਫਾਈ ਸੇਵਕ ਯੂਨੀਅਨ ਸੰਗਰੂਰ ਦੇ ਆਗੂਆਂ ਨੂੰ ਪੰਜਾਬ ਪੁਲਸ ਵੱਲੋਂ ਆਪਣੀ ਹਿਰਾਸਤ ਵਿੱਚ ਲਿਆ ਗਿਆ, ਜੋ ਕਿ ਸੰਵਿਧਾਨ ਖਿਲਾਫ ਹੈ। ਇਹ ਸਫਾਈ ਸੈਨਿਕ ਸਾਥੀ ਸ਼ਾਂਤਮਈ ਤਰੀਕੇ ਨਾਲ ਆਪਣਾ ਰੋਸ ਪ੍ਰਦਰਸ਼ਨ ਕਰ ਰਹੇ ਸਨ।ਪੰਜਾਬ ਸਰਕਾਰ ਦੀ ਇਸ ਧੱਕੇਸ਼ਾਹੀ ਦੀ ਸਫਾਈ ਸੇਵਕ ਯੂਨੀਅਨ ਪੰਜਾਬ ਪੁਰਜ਼ੋਰ ਨਿੰਦਾ ਕਰਦੀ ਹੈ ਤੇ ਇਸੇ ਰੋਸ ਵਜੋਂ ਅੱਜ ਪੂਰੇ ਪੰਜਾਬ ਦੇ ਵਿੱਚ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਜਾ ਰਹੇ ਹਨ।ਮੋਗਾ ਵਿੱਚ ਵੀ ਸਫਾਈ ਸੇਵਕ ਯੂਨੀਅਨ ਪੰਜਾਬ ਦੇ ਨਿਰਦੇਸ਼ ਅਨੁਸਾਰ ਮੋਗਾ ਨਗਰ ਨਿਗਮ ਦੇ ਸਮੂਹ ਮਿਉਂਸੀਪਲ ਕਰਮਚਾਰੀਆਂ ਨੇ ਵੱਡੀ ਗਿਣਤੀ ਵਿੱਚ ਇੱਕ ਰੋਸ ਮਾਰਚ ਕਰਦਿਆਂ ਮਜਿਸਟਿਕ ਚੌਕ ਵਿੱਚ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਤੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਜੇਕਰ ਸਾਡੀਆਂ ਮੰਗਾਂ ਜਲਦ ਨਾ ਮੰਨੀਆਂ ਗਈਆਂ ਤਾਂ ਅਸੀਂ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਦਾਰੀ ਪ੍ਰਸ਼ਾਸਨ ਦੀ ਹੋਵੇਗੀ। ਇਸ ਰੋਸ ਧਰਨੇ ਵਿੱਚ ਵੱਖ ਵੱਖ ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਨੇ ਆਪਣਾ ਸਮਰਥਨ ਦਿੱਤਾ। ਵਾਲਮੀਕੀ ਸਭਾ ਮੋਗਾ ਆਪਣੀ ਪੂਰੀ ਟੀਮ ਦੇ ਨਾਲ ਇਸ ਪ੍ਰਦਰਸ਼ਨ ਵਿੱਚ ਸ਼ਾਮਲ ਰਹੀ। ਨੌਜਵਾਨ ਭਾਰਤ ਸਭਾ ਤੋਂ ਜਨਰਲ ਸਕੱਤਰ ਕਰਮਜੀਤ ਮਾਣੂਕੇ, ਕਿਰਤੀ ਕਿਸਾਨ ਯੂਨੀਅਨ ਤੋਂ ਪੰਜਾਬ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਪੰਜਾਬ ਸਟੂਡੈਂਟ ਯੂਨੀਅਨ ਤੋਂ ਹਰਪ੍ਰੀਤ ਢੁੱਡੀਕੇ ਤੋਂ ਇਲਾਵਾ ਮਿਉਂਸੀਪਲ ਇੰਪਲਾਈਜ਼ ਫੈਡਰੇਸ਼ਨ ਦੇ ਪ੍ਰਧਾਨ ਜਸਵੀਰ ਸਿੰਘ ਗਿੱਲ, ਜਨਰਲ ਸਕੱਤਰ ਵਿੱਕੀ ਬੋਹਤ, ਚੇਅਰਮੈਨ ਸਿਕੰਦਰ ਗੁੱਲੂ, ਚੀਫ ਸਕੱਤਰ ਨਰੋਤਮ ਬੋਹਤ, ਕੈਸ਼ੀਅਰ ਜੋਗਿੰਦਰ ਭੁੱਲਰ, ਜਨਰਲ ਸਕੱਤਰ ਵਿਸ਼ਵਨਾਥ ਜੋਨੀ, ਚੇਅਰਮੈਨ ਰਜਿੰਦਰ ਬੋਹਤ, ਕੈਸ਼ੀਅਰ ਅਜੇ ਪੰਤਮੋਲੀ, ਚੀਫ ਸਕੱਤਰ ਰਵੀਸਾਰਵਾਨ, ਸੀਨੀਅਰ ਆਗੂ ਮਦਨ ਲਾਲ ਬੋਹਤ, ਰਿਟਾਇਰਮੈਂਟ ਯੂਨੀਅਨ ਦੇ ਪ੍ਰਧਾਨ ਹਰਕ੍ਰਿਸ਼ਨ ਬੋਹਤ, ਸੀਨੀਅਰ ਆਗੂ ਹਰਬੰਸ ਸਾਗਰ, ਸਤਪਾਲ ਅਨਜਾਨ, ਸੰਯੁਕਤ ਅਫਸਰ ਐਸੋਸੀਏਸ਼ਨ ਦੇ ਪ੍ਰਧਾਨ ਰਵੀ ਚਾਵਰੀਆ, ਬੇਲਦਾਰ ਯੂਨੀਅਨ ਤੋਂ ਜਸਮੇਲ ਸਿੰਘ ਪ੍ਰਵੀਨ ਕੁਮਾਰ, ਦਫਤਰ ਯੂਨੀਅਨ ਦੇ ਪ੍ਰਧਾਨ ਸੁਖਪਾਲ ਸੌਂਦਾ, ਸੀਵਰੇਜ ਯੂਨੀਅਨ ਤੋਂ ਮੰਗਤ ਰਾਮ, ਸਤੀਸ਼ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮੁਲਾਜ਼ਮਾਂ ਵੱਲੋਂ ਸ਼ਮੂਲੀਅਤ ਕੀਤੀ ਗਈ।


## ਅਸਟੇਟ ਦਫਤਰ ਯੂ ਟੀ, ਚੰਡੀਗੜ੍ਹ

### ਜਨਤਕ ਸੂਚਨਾ

ਸਨਮੁਖ ਸ੍ਰੀ ਪਵਿੱਤਰ ਸਿੰਘ, ਪੀ ਸੀ ਐੱਸ, ਅਸਿਸਟੈਂਟ ਅਸਟੇਟ ਅਫਸਰ, ਯੂ ਟੀ, ਚੰਡੀਗੜ੍ਹ



ਵਿਸ਼ਾ : ਸਵਰਗੀ ਸ੍ਰੀਮਤੀ ਬੱਬੂ ਦੀ ਅਣ-ਰਜਿਸਟਰਡ ਵਸੀਅਤ ਦੇ ਆਧਾਰ 'ਤੇ 33.34% ਹਿੱਸੇ ਹੱਦ ਲਈ ਰਿਹਾਇਸ਼ੀ ਸਾਈਟ ਨੰ. 2801 ਪੀ, ਸੈਕਟਰ 37-ਸੀ, ਚੰਡੀਗੜ੍ਹ (ਐੱਲ ਆਰ ਪੀ 291) ਦੇ ਸੰਬੰਧ 'ਚ ਲੀਜ਼ ਹੋਲਡ ਅਧਿਕਾਰਾਂ ਦਾ ਤਬਾਦਲਾ।

ਆਮ ਜਨਤਾ ਅਤੇ ਸਾਰੇ ਸੰਬੰਧਤਾਂ ਨੂੰ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫਤਰ ਦੇ ਰਿਕਾਰਡ ਮੁਤਾਬਕ ਸ੍ਰੀਮਤੀ ਬੱਬੂ ਰਿਹਾਇਸ਼ੀ ਸਾਈਟ ਨੰ. 2801 ਪੀ, ਸੈਕਟਰ 37-ਸੀ, ਚੰਡੀਗੜ੍ਹ ਦੇ 33.34% ਹੱਦ ਹਿੱਸੇ ਦੀ ਮਾਲਕ/ਪਟੇਦਾਰ ਹੈ।

ਇਸ ਦੁਆਰਾ ਅਰੁਣ ਕੁਮਾਰ, ਨਰਿੰਦਰ ਕੁਮਾਰ ਵੱਲੋਂ ਸੂਚਿਤ ਕੀਤਾ ਗਿਆ ਹੈ ਕਿ ਸ੍ਰੀਮਤੀ ਬੱਬੂ ਦੀ 17/08/2018 ਨੂੰ ਮੌਤ ਹੋ ਚੁੱਕੀ ਹੈ ਅਤੇ ਉਨ੍ਹਾਂ ਇਹ ਵੀ ਸੂਚਨਾ ਦਿੱਤੀ ਹੈ ਕਿ ਨਿਮਨਲਿਖਤ ਦਰਸਾਏ ਮ੍ਰਿਤਕ ਮਾਲਕ/ਪਟੇਦਾਰ ਦੇ ਕਾਨੂੰਨੀ ਵਾਰਿਸ ਹਨ :

| ਲੜੀ ਨੰ. | ਕਾਨੂੰਨੀ ਵਾਰਿਸਾਂ ਦਾ ਨਾਂਅ | ਮ੍ਰਿਤਕ ਨਾਲ ਰਿਸ਼ਤਾ |
|---|---|---|
| 1 | ਅੰਜਨਾ ਕੁਮਾਰੀ | ਭੈਣ |
| 2 | ਨਰਿੰਦਰ ਕੁਮਾਰ | ਭਰਾ |
| 3 | ਅਰੁਣ ਕੁਮਾਰ | ਭਰਾ |

ਹੁਣ ਅਰੁਣ ਕੁਮਾਰ, ਨਰਿੰਦਰ ਕੁਮਾਰ ਨੇ ਆਪਣੇ ਪੱਖ 'ਚ ਰਿਹਾਇਸ਼ੀ ਸਾਈਟ ਨੰ. 2801 ਪੀ, ਸੈਕਟਰ 37 ਸੀ, ਚੰਡੀਗੜ੍ਹ 'ਚ ਸਵ. ਸ੍ਰੀਮਤੀ ਬੱਬੂ ਦੇ 33.34% ਹੱਦ ਹਿੱਸੇ ਲਈ ਲੀਜ਼ ਅਧਿਕਾਰਾਂ ਦੇ ਤਬਾਦਲੇ ਲਈ ਅਣਰਜਿਸਟਰਡ ਵਸੀਅਤ ਮਿਤੀ 26/05/20218 ਲਈ ਬਿਨੈ ਕੀਤਾ ਹੈ। ਜੇਕਰ ਕਿਸੇ ਨੂੰ ਉਕਤ ਮ੍ਰਿਤਕ ਦੇ ਉਕਤ ਦਰਸਾਏ ਕਾਨੂੰਨੀ ਵਾਰਿਸਾਂ ਦੇ ਇਲਾਵਾ ਕਿਸੇ ਹੋਰ ਕਾਨੂੰਨੀ ਵਾਰਿਸ ਬਾਰੇ ਕੋਈ ਜਾਣਕਾਰੀ ਹੈ ਤਾਂ ਅਸਟੇਟ ਅਫਸਰ, ਯੂ ਟੀ, ਚੰਡੀਗੜ੍ਹ ਨਾਲ ਤੁਰੰਤ ਸੰਪਰਕ ਕਰੇ।

ਜੇਕਰ ਕਿਸੇ ਨੂੰ ਉਕਤ ਜਾਇਦਾਦ ਦੇ ਉਕਤ ਹਿੱਸੇ ਦੇ ਤਬਾਦਲੇ 'ਤੇ ਉਕਤ ਬਿਨੈਕਾਰਾਂ ਦੇ ਹੱਕ 'ਚ ਕਰਨ 'ਤੇ ਕੋਈ ਇਤਰਾਜ਼ ਹੈ ਤਾਂ ਉਹ ਲਿਖਤੀ ਰੂਪ 'ਚ (ਮੈਜਿਸਟ੍ਰੇਟ/ਨੋਟਰੀ ਦੁਆਰਾ ਬਕਾਇਆ ਤਸਦੀਕ ਸਮਰਥਿਤ ਐਫੀਡੇਵਿਟ) ਨਿਮਨ ਲਿਖਤ ਦੇ ਦਫਤਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 30 ਦਿਨਾਂ ਦੇ ਵਿੱਚ-ਵਿੱਚ ਦੇ ਸਕਦਾ ਹੈ। ਉਕਤ ਜਾਇਦਾਦ ਦੇ ਉਕਤ ਹਿੱਸੇ ਦੇ ਤਬਾਦਲੇ 'ਚ ਕਿਸੇ ਇਤਰਾਜ਼ ਦੇ ਨਾ ਹੋਣ 'ਤੇ ਇਹ ਉਕਤ ਲਾਭਕਾਰੀਆਂ ਦੇ ਨਾਂਅ ਕਰ ਦਿੱਤੀ ਜਾਵੇਗੀ। ਇਸ ਤੋਂ ਬਾਅਦ ਕੋਈ ਵੀ ਦਾਅਵਾ, ਜੋ ਕਿਸੇ ਵੀ ਰੂਪ 'ਚ ਸਵੀਕਾਰ ਨਹੀਂ ਕੀਤਾ ਜਾਵੇਗਾ।

ਪਵਿੱਤਰ ਸਿੰਘ, ਪੀ ਪੀ ਐੱਸ

ਅਸਿਸਟੈਂਟ ਅਸਟੇਟ ਅਫਸਰ,

ਅਸਟੇਟ ਅਫਸਰ ਯੂ ਟੀ ਚੰਡੀਗੜ੍ਹ ਦੇ ਅਧਿਕਾਰਾਂ ਦੀ ਵਰਤੋਂ ਕਰਦਿਆਂ।


## ਬੂਟਾ ਸਿੰਘ ਚੌਹਾਨ ਅਕਾਲੀ ਦਲ ਵਿਦਿਆਰਥੀ ਵਿੰਗ ਦੇ ਹਲਕਾ ਪ੍ਰਧਾਨ ਬਣੇ



**ਸਮਰਾਲਾ (ਸੁਰਜੀਤ ਸਿੰਘ)**-ਸ਼੍ਰੋਮਣੀ ਅਕਾਲੀ ਦਲ ਦੇ ਪਾਰਟੀ ਢਾਂਚੇ ਵਿੱਚ ਵਿਸਥਾਰ ਕਰਦੇ ਹੋਏ ਪਰਮਜੀਤ ਸਿੰਘ ਢਿੱਲੋਂ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਲੁਧਿਆਣਾ ਦਿਹਾਤੀ ਤੇ ਇੰਚਾਰਜ ਹਲਕਾ ਸਮਰਾਲਾ ਨੇ ਬੂਟਾ ਸਿੰਘ ਚੌਹਾਨ ਨੂੰ ਹਲਕਾ ਸਮਰਾਲਾ ਤੋਂ ਵਿਦਿਆਰਥੀ ਵਿੰਗ (ਐੱਸ. ਓ. ਆਈ.) ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਨਿਯੁਕਤੀ ਪੱਤਰ ਦਿੰਦੇ ਹੋਏ ਪਰਮਜੀਤ ਸਿੰਘ ਢਿੱਲੋਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇੱਕੋ ਇੱਕ ਅਜਿਹੀ ਖੇਤਰੀ ਪਾਰਟੀ ਹੈ ਜੋ ਤਨਦੇਹੀ ਤੇ ਇਮਾਨਦਾਰੀ ਨਾਲ ਕੰਮ ਕਰਨ ਵਾਲੇ ਹਰੇਕ ਵਰਕਰ ਨੂੰ ਉਸ ਦੁਆਰਾ ਕੀਤੇ ਕਾਰਜਾਂ ਨੂੰ ਮੁੱਖ ਰੱਖ ਕੇ ਅਹੁਦਾ ਦੇ ਕੇ ਨਿਵਾਜਦੀ ਹੈ। ਉਨ੍ਹਾਂ ਕਿਹਾ ਕਿ ਬੂਟਾ ਸਿੰਘ ਚੌਹਾਨ ਦੀਆਂ ਪਾਰਟੀ ਤੇ ਸਮਾਜ ਪ੍ਰਤੀ ਸੇਵਾਵਾਂ ਨੂੰ ਦੇਖਦੇ ਹੋਏ ਸਮਰਾਲਾ ਹਲਕੇ ਦਾ ਵਿਦਿਆਰਥੀ ਵਿੰਗ ਦਾ ਪ੍ਰਧਾਨ ਲਗਾਇਆ ਗਿਆ ਹੈ।ਇਸ ਮੌਕੇ ਬੂਟਾ ਸਿੰਘ ਚੌਹਾਨ ਨੇ ਵਿਦਿਆਰਥੀ ਵਿੰਗ ਦਾ ਪ੍ਰਧਾਨ ਬਣਨ ਉਪਰੰਤ ਹਲਕਾ ਇੰਚਾਰਜ ਪਰਮਜੀਤ ਸਿੰਘ ਢਿੱਲੋਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਜਿਸ ਵਿਉਂਤਬੰਦੀ ਨਾਲ ਹਲਕਾ ਸਮਰਾਲਾ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਕੰਮ ਕੀਤਾ ਜਾ ਰਿਹਾ ਹੈ, ਹਰੇਕ ਵਰਗ ਨਾਲ ਰਾਬਤਾ ਕਾਇਮ ਕਰਨ ਲਈ ਹਰੇਕ ਵਿੰਗ ਨੂੰ ਅਲੱਗ ਤੋਂ ਪਲੇਟਫਾਰਮ ਦਿੱਤਾ ਜਾ ਰਿਹਾ ਹੈ, ਉਸ ਦੀ ਸਾਰੇ ਪੰਜਾਬ ਅੰਦਰ ਪ੍ਰਸੰਸਾ ਹੋ ਰਹੀ ਹੈ।ਉਹ ਆਪਣੇ ਹਲਕੇ ਦੇ ਵਿਦਿਆਰਥੀ ਵਰਗ ਨੂੰ ਨਾਲ ਲੈ ਕੇ ਚੱਲਣਗੇ ਤੇ ਵਿਦਿਆਰਥੀਆਂ ਦੀਆਂ ਪਿੰਡ ਪੱਧਰ ਤੱਕ ਇਕਾਈਆਂ ਬਣਾ ਕੇ ਲੋਕਾਂ ਨਾਲ ਰਾਬਤਾ ਕਾਇਮ ਕਰਕੇ ਪੰਜਾਬ ਵਿੱਚ ਅਗਲੀ ਸਰਕਾਰ ਸ਼੍ਰੋਮਣੀ ਅਕਾਲੀ ਦਲ ਦੀ ਬਣਾਉਣਗੇ।ਇਸ ਮੌਕੇ ਹਲਕਾ ਸਮਰਾਲਾ ਦੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ, ਅਹੁਦੇਦਾਰ ਹਾਜ਼ਰ ਸਨ।

# ਸਾਬਕਾ ਸਰਪੰਚ ਰਾਣੂ ਨੇ 'ਸਕੂਲ ਫਾਰ ਬਲਾਇੰਡ' ਦੇ ਬੱਚਿਆਂ ਨਾਲ ਮਨਾਇਆ ਜਨਮ ਦਿਨ

### ਵਿਦਿਆਰਥੀਆਂ ਨੂੰ ਵੰਡੀਆਂ ਮਠਿਆਈਆਂ, ਸਕੂਲ ਪ੍ਰਬੰਧਕਾਂ ਨੂੰ 21 ਹਜ਼ਾਰ ਰੁਪਏ ਦਾ ਚੈੱਕ ਭੇਟ

**ਮਾਲੇਰਕੋਟਲਾ (ਅਸਗਰ ਪਰਿਹਾਰ)**

ਨੇੜਲੇ ਪਿੰਡ ਬਾਦਸ਼ਾਹਪੁਰ ਮੰਡਿਆਲਾ ਦੇ ਸਾਬਕਾ ਸਰਪੰਚ ਤੇ ਉੱਘੇ ਰੋਟੇਰੀਅਨ ਹਾਕਮ ਸਿੰਘ ਰਾਣੂ ਨੇ ਆਪਣਾ ਜਨਮ ਦਿਨ 'ਸਕੂਲ ਫਾਰ ਬਲਾਇੰਡ ਐਂਡ ਡਿਸਏਬਲਡ' ਦੇ ਦਿਵਿਆਂਗ ਵਿਦਿਆਰਥੀਆਂ ਨਾਲ ਮਨਾਇਆ।ਇਸ ਮੌਕੇ ਸ੍ਰੀ ਰਾਣੂ ਨੇ ਸਕੂਲ ਦੇ ਬੱਚਿਆਂ ਨੂੰ ਮਿਠਾਈਆਂ ਵੰਡ ਕੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਤੇ ਸਕੂਲ ਦੀ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਸ੍ਰੀ ਰਾਸ਼ਿਦ ਸ਼ੇਖ ਨੂੰ 21 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਦਾ ਚੈੱਕ ਭੇਟ ਕੀਤਾ, ਤਾਂ ਜੋ ਬੱਚਿਆਂ ਦੀਆਂ ਲੋੜਾਂ ਵਿੱਚ ਹਿੱਸਾ ਪਾਇਆ ਜਾ ਸਕੇ।ਵਰਣਨਯੋਗ ਹੈ ਕਿ ਸ੍ਰੀ ਰਾਣੂ ਪਹਿਲਾਂ ਵੀ ਆਪਣੀਆਂ ਤਮਾਮ ਪਰਿਵਾਰਕ ਖ਼ੁਸ਼ੀਆਂ ਸਕੂਲ ਫਾਰ ਬਲਾਇੰਡ ਦੇ ਵਿਦਿਆਰਥੀਆਂ ਨਾਲ ਹੀ ਮਨਾਉਂਦੇ ਆ ਰਹੇ ਹਨ। ਇਸ ਮੌਕੇ ਇਕੱਤਰ ਹੋਏ ਪਤਵੰਤਿਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਭਾਵੁਕ ਅੰਦਾਜ਼ ਵਿੱਚ ਕਿਹਾ



ਕਿ ਸਾਡੇ ਛੋਟੇ-ਛੋਟੇ ਉਪਰਾਲੇ ਵੀ ਇਨ੍ਹਾਂ ਦਿਵਿਆਂਗ ਵਿਦਿਆਰਥੀਆਂ ਦੇ ਚਿਹਰਿਆਂ 'ਤੇ ਵੱਡੀ ਖ਼ੁਸ਼ੀ ਲਿਆ ਸਕਦੇ ਹਨ।ਸਾਨੂੰ ਆਪਣੀਆਂ ਪਰਿਵਾਰਕ ਖ਼ੁਸ਼ੀਆਂ ਸਮਾਜ ਦੇ ਅਜਿਹੇ ਲੋਕਾਂ ਨਾਲ ਜ਼ਰੂਰ ਸਾਂਝੀਆਂ ਕਰਨੀਆਂ ਚਾਹੀਦੀਆਂ ਹਨ, ਜੋ ਕਿਸੇ ਨਾ ਕਿਸੇ ਕਾਰਨ ਹਾਸ਼ੀਏ 'ਤੇ ਹਨ।ਇਨ੍ਹਾਂ ਬੱਚਿਆਂ ਨੂੰ ਗਲ ਨਾਲ ਲਗਾ ਕੇ ਚੱਲਣ ਨਾਲ ਜੋ ਮਾਨਸਿਕ ਸੁੱਖ ਤੇ ਰੂਹਾਨੀ ਖ਼ੁਸ਼ੀ ਪ੍ਰਾਪਤ ਹੁੰਦੀ ਹੈ, ਉਹ ਦੁਨੀਆ ਦੇ ਕਿਸੇ ਹੋਰ ਕੰਮ ਵਿੱਚੋਂ ਨਹੀਂ ਮਿਲ ਸਕਦੀ। ਇਸ ਮੌਕੇ ਰੋਟਰੀ ਕਲੱਬ ਮਾਲੇਰਕੋਟਲਾ ਦੇ ਪ੍ਰਧਾਨ ਐਡਵੋਕੇਟ ਇਕਬਾਲ ਅਹਿਮਦ ਨੇ ਸ੍ਰੀ ਰਾਣੂ ਨੂੰ ਜਨਮ ਦਿਨ ਦੀ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਨੇਕ ਕਾਰਜ ਦੂਜੇ ਲੋਕਾਂ ਲਈ ਵੀ ਪ੍ਰੇਰਨਾ ਸਰੋਤ ਬਣਦੇ ਹਨ।ਸਮਾਜ ਨੂੰ ਅੱਜ ਅਜਿਹੀ ਸਕਾਰਾਤਮਕ ਸੋਚ ਦੀ ਬਹੁਤ ਲੋੜ ਹੈ। ਸਕੂਲ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਰਾਸ਼ਿਦ ਸ਼ੇਖ ਤੇ ਡਾਇਰੈਕਟਰ ਉਸਮਾਨ ਸਿੱਦੀਕੀ ਨੇ ਹਾਕਮ ਸਿੰਘ ਰਾਣੂ ਤੇ ਉਨ੍ਹਾਂ ਦੇ ਪਰਿਵਾਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਦਾਨੀ ਸੱਜਣਾਂ ਦੇ ਸਹਿਯੋਗ ਸਦਕਾ ਹੀ ਇਹ ਸੰਸਥਾ ਇਨ੍ਹਾਂ ਬੱਚਿਆਂ ਦੇ ਭਵਿੱਖ ਨੂੰ ਰੋਸ਼ਨ ਕਰਨ ਲਈ ਨਿਰੰਤਰ ਕਾਰਜਸ਼ੀਲ ਹੈ।

## ਅਲੀਆਣਾ 'ਚ ਇਕ ਰੋਜ਼ਾ ਕਿਸਾਨ ਸਿਖਲਾਈ ਕੈਂਪ ਲਾਇਆ




**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਮਿਸ਼ਨ ਆਤਮਨਿਰਭਰਤਾ ਇਨ ਪਲਸਿਜ਼ ਤਹਿਤ ਪਿੰਡ ਅਲੀਆਣਾ ਵਿਖੇ ਇੱਕ ਰੋਜ਼ਾ ਕਿਸਾਨ ਸਿਖ਼ਲਾਈ ਕੈਂਪ ਲਾਇਆ ਗਿਆ।ਕੈਂਪ ਵਿੱਚ ਮੁੱਖ ਖੇਤੀਬਾੜੀ ਅਫ਼ਸਰ ਡਾ. ਕੁਲਵੰਤ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਕੈਂਪ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਦਾਲਾਂ ਦੀ ਵਿਗਿਆਨਕ ਖੇਤੀ, ਉਤਪਾਦਕਤਾ ਵਿੱਚ ਵਾਧਾ ਤੇ ਟਿਕਾਊ ਖੇਤੀ ਪ੍ਰਬੰਧਨ ਬਾਰੇ ਜਾਗਰੂਕ ਕਰਨਾ ਸੀ।ਕੈਂਪ ਦੌਰਾਨ ਮੁੱਖ ਖੇਤੀਬਾੜੀ ਅਫ਼ਸਰ ਨੇ ਮੂੰਗੀ ਸਮੇਤ ਹੋਰ ਦਾਲਾਂ ਦੀ ਕਾਸ਼ਤ ਦੇ ਮਹੱਤਵ ਬਾਰੇ ਚਰਚਾ ਕਰਦਿਆਂ ਕਿਹਾ ਕਿ ਵੱਧ ਤੋਂ ਵੱਧ ਕਿਸਾਨਾਂ ਨੂੰ ਦਾਲਾਂ ਦੀ ਖੇਤੀ ਅਪਣਾਉਣੀ ਚਾਹੀਦੀ ਹੈ।ਇਸ ਨਾਲ ਜ਼ਮੀਨ ਦੀ ਸਿਹਤ ਸੁਧਰੇਗੀ, ਪਾਣੀ ਦੀ ਬੱਚਤ ਹੋਵੇਗੀ ਅਤੇ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹ ਮਿਲੇਗਾ।ਉਨ੍ਹਾਂ ਭਾਰਤ ਨੂੰ ਦਾਲਾਂ ਦੇ ਉਤਪਾਦਨ ਵਿੱਚ ਆਤਮਨਿਰਭਰ ਬਣਾਉਣ ਤੇ ਵਿਦੇਸ਼ੀ ਆਯਾਤ ਘਟਾਉਣ ਲਈ ਇਸ ਦਿਸ਼ਾ ਵੱਲ ਕਦਮ ਵਧਾਉਣ ਦੀ ਲੋੜ 'ਤੇ ਜ਼ੋਰ ਦਿੱਤਾ।ਬਲਾਕ ਖੇਤੀਬਾੜੀ ਅਫ਼ਸਰ ਡਾ. ਪਰਮਿੰਦਰ ਧੰਜੂ ਨੇ ਆਏ ਹੋਏ ਕਿਸਾਨਾਂ ਨੂੰ ਖੇਤੀਬਾੜੀ ਵਿਭਾਗ ਨਾਲ ਨਿਰੰਤਰ ਰਾਬਤਾ ਬਣਾਉਣ ਤੇ ਵਿਭਾਗ ਦੀਆਂ ਭਲਾਈ ਸਕੀਮਾਂ ਤੇ ਆਧੁਨਿਕ ਤਕਨੀਕਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ, ਤਾਂ ਜੁ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋ ਸਕੇ।ਖੇਤੀਬਾੜੀ ਵਿਕਾਸ ਅਫ਼ਸਰ ਸ੍ਰੀ ਲਵਪ੍ਰੀਤ ਸਿੰਘ ਨੇ ਦਾਲਾਂ ਦੀ ਖੇਤੀ ਤੋਂ ਇਲਾਵਾ ਝੋਨੇ ਤੇ ਬਾਸਮਤੀ ਦੀ ਵਿਗਿਆਨਕ ਕਾਸ਼ਤ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਕ੍ਰਿਸ਼ੀ ਵਿਗਿਆਨ ਕੇਂਦਰ ਦੇ ਡਾ. ਅਰਵਿੰਦ ਆਹਲਾਵਤ ਨੇ ਕੇ.ਵੀ.ਕੇ. ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਅਤੇ ਸਿਖ਼ਲਾਈ ਪ੍ਰੋਗਰਾਮਾਂ ਬਾਰੇ ਦੱਸਿਆ।ਡਾ. ਪ੍ਰਕਾਸ਼ ਨੇ ਮਿੱਟੀ ਦੀ ਉਪਜਾਊ ਸ਼ਕਤੀ ਵਧਾਉਣ ਲਈ ਹਰੀ ਖਾਦ ਜਿਵੇਂ ਜੰਤਰ, ਮੂੰਗੀ ਆਦਿ ਦੀ ਕਾਸ਼ਤ ਤੇ ਉਨ੍ਹਾਂ ਨੂੰ ਖੇਤ ਵਿੱਚ ਹੀ ਵਾਹੁਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਕੈਂਪ ਵਿੱਚ ਪਿੰਡ ਅਲੀਆਣਾ ਦੇ ਅਗਾਂਹਵਧੂ ਕਿਸਾਨ ਸ੍ਰੀ ਕਰਨੈਲ ਸਿੰਘ, ਪਿੰਡ ਅਲੀਆਣਾ ਦੇ ਸਰਪੰਚ, ਪਿੰਡ ਚਿਰਾਗ ਢਾਣੀ ਦੇ ਸਰਪੰਚ ਸਮੇਤ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਭਾਗ ਲਿਆ।

# ਮੋਦੀ ਵੱਲੋਂ ਰੇਲਵੇ ਸਟੇਸ਼ਨਾਂ ਦਾ ਉਦਘਾਟਨ ਕਰਨਾ ਰੁਟੀਨ ਦੇ ਕੰਮ : ਮਾਨ

**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**

ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਪੰਜਾਬ ਦੇ ਵੱਖ-ਵੱਖ ਸਥਾਨਾਂ ਉਤੇ ਆ ਕੇ ਨਵੇਂ ਰੇਲਵੇ ਸਟੇਸ਼ਨਾਂ ਤੇ ਕੰਨਟੀਨਾਂ ਦਾ ਉਦਘਾਟਨ ਕਰਨ ਦੀ ਕਾਰਵਾਈ ਤਾਂ ਰੁਟੀਨ ਦੀਆਂ ਵਿਕਾਸ ਦੀਆਂ ਜ਼ਿੰਮੇਵਾਰੀਆਂ ਹਨ, ਪਰ ਉਨ੍ਹਾਂ ਦੀ ਆਮਦ ਉਤੇ ਜਮਹੂਰੀਅਤ ਤੇ ਅਮਨਮਈ ਢੰਗਾਂ ਨਾਲ ਆਪਣੀ ਆਜ਼ਾਦੀ ਪ੍ਰਾਪਤੀ ਦਾ ਸੰਘਰਸ਼ ਕਰਨ ਵਾਲੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਅਹੁਦੇਦਾਰਾਂ, ਮੈਂਬਰਾਂ, ਸਮਰਥਕਾਂ ਨੂੰ ਹਾਊਸ ਅਰੈਸਟ ਕਰਨ ਜਾਂ ਗ੍ਰਿਫ਼ਤਾਰੀਆਂ ਕਰਨ ਦੀ ਕਾਰਵਾਈ ਗੈਰ ਜਮਹੂਰੀਅਤ ਅਤੇ ਪੰਜਾਬ ਦੇ ਮਾਹੌਲ ਨੂੰ ਸਮਾਜਿਕ ਤੌਰ 'ਤੇ ਹੋਰ ਗੰਧਲਾ ਕਰਨ ਵਾਲੀਆਂ ਨਿੰਦਣਯੋਗ ਕਾਰਵਾਈਆਂ ਹਨ।

ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਜ਼ਿਲ੍ਹੇ ਦੇ ਪ੍ਰਧਾਨ ਦਲਜੀਤ ਸਿੰਘ ਕੁੰਭੜਾ, ਸਰਬਜੀਤ ਸਿੰਘ ਭਾਟੀਆ ਆਦਿ ਵੱਡੀ ਗਿਣਤੀ ਵਿਚ ਪੁਲਿਸ ਵੱਲੋਂ ਗੈਰ ਕਾਨੂੰਨੀ ਢੰਗ ਨਾਲ ਹਾਊਸ ਅਰੈਸਟ ਕਰਨ ਦੀਆਂ ਗੈਰ ਕਾਨੂੰਨੀ ਕਾਰਵਾਈਆਂ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਤੇ ਲੰਮੇ ਸਮੇਂ ਤੋਂ ਪੰਜਾਬ ਸੂਬੇ ਅਤੇ ਸਿੱਖ ਕੌਮ ਨਾਲ ਸੰਬੰਧਤ ਗੰਭੀਰ ਮਸਲਿਆਂ ਨੂੰ ਸਿਆਸੀ ਸਵਾਰਥਾਂ ਦੀ ਪੂਰਤੀ ਕਰਨ ਅਧੀਨ ਹੱਲ ਨਾ ਕਰਨ ਦਾ ਸਖਤ ਨੋਟਿਸ ਲੈਂਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਇਸ ਗੱਲ 'ਤੇ ਚਿੰਤਾ ਜ਼ਾਹਰ ਕੀਤੀ ਕਿ ਵੋਟ ਸਿਆਸਤ ਨੂੰ ਮੁੱਖ ਰੱਖ ਕੇ ਸੈਂਟਰ ਦੇ ਬੀਜੇਪੀ-ਆਰ.ਐਸ.ਐਸ ਦੇ ਆਗੂ ਪੰਜਾਬੀਆਂ ਨੂੰ ਗੁੰਮਰਾਹ ਕਰਨ ਹਿੱਤ ਤਾਂ ਅਮਲ ਕਰ ਰਹੇ ਹਨ, ਪਰ ਬੀਤੇ ਲੰਮੇ ਸਮੇਂ ਤੋਂ ਪੰਜਾਬ ਸੂਬੇ ਤੇ ਸਿੱਖ ਕੌਮ ਨਾਲ ਸੰਬੰਧਤ ਗੰਭੀਰ ਮਸਲਿਆ ਨੂੰ ਹੱਲ ਕਰਨ ਲਈ ਕੋਈ ਅਮਲ ਨਹੀ ਕੀਤਾ ਜਾ ਰਿਹਾ, ਬਲਕਿ ਹਿੰਦੂ ਅਤੇ ਸਿੱਖਾਂ ਵਿਚ ਬਿਨ੍ਹਾਂ ਵਜ੍ਹਾ ਨਫਰਤ ਪੈਦਾ ਕਰਕੇ ਇਸ ਪਾੜੇ ਨੂੰ ਵਧਾਉਣ ਦੇ ਦੁਖਦਾਇਕ ਅਮਲ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਲੰਮੇ ਸਮੇਂ ਤੋਂ ਆਪਣੀਆਂ ਕਾਨੂੰਨੀ ਸਜਾਵਾਂ ਪੂਰੀਆ ਕਰ ਚੁੱਕੇ ਸਿੱਖਾਂ ਨੂੰ ਰਿਹਾਅ ਨਾ ਕਰਨਾ, ਬੀਤੇ 15 ਸਾਲ ਤੋਂ ਐਸ.ਜੀ.ਪੀ.ਸੀ ਦੀਆਂ ਜਨਰਲ ਚੋਣਾਂ ਨਾ ਕਰਾਉਣਾ, ਜ਼ਿੰਮੀਦਾਰਾਂ ਦੀਆਂ ਫ਼ਸਲਾਂ ਤੇ ਵਪਾਰੀਆਂ ਦੇ ਉਤਪਾਦਾਂ ਦਾ ਕੌਮਾਂਤਰੀ ਵਪਾਰ ਲਈ ਸਰਹੱਦਾਂ ਨੂੰ ਨਾ ਖੋਲ੍ਹਣਾ, ਪੰਜਾਬ ਦੇ ਦਰਿਆਵਾਂ, ਨਹਿਰਾਂ ਦੇ ਜਬਰੀ ਖੋਹੇ ਜਾ ਰਹੇ ਕੀਮਤੀ ਪਾਣੀਆਂ ਦੇ ਮਸਲੇ, ਪੰਜਾਬ ਤੋਂ ਬਾਹਰ ਰਹਿ ਚੁੱਕੇ ਪੰਜਾਬੀ ਬੋਲਦੇ ਇਲਾਕਿਆਂ, ਰਾਜਧਾਨੀ ਚੰਡੀਗੜ੍ਹ ਨੂੰ ਪੰਜਾਬ ਦੇ ਤੁਰੰਤ ਹਵਾਲੇ ਕਰਨਾ, ਫ਼ੌਜ ਵਿਚ ਸਿੱਖਾਂ ਦੀ 33% ਬਣਦੀ ਕੋਟੇ ਦੀ ਬਹਾਲੀ, ਬੇਰੁਜ਼ਗਾਰੀ ਦੇ ਮਸਲੇ ਨੂੰ ਹੱਲ ਕਰਨ ਲਈ ਪੰਜਾਬ ਨੂੰ ਵੱਡੇ ਉਦਯੋਗ ਨਾ ਦੇਣਾ, ਪੰਜਾਬ ਸੂਬੇ ਦੀ ਡੈਮੋਗ੍ਰਾਫੀ ਨੂੰ ਪ੍ਰਭਾਵਤ ਕਰਨ ਹਿੱਤ ਪ੍ਰਵਾਸੀਆਂ ਨੂੰ ਰਾਸ਼ਨ ਕਾਰਡ, ਵੋਟਰ ਕਾਰਡ, ਤੇਜੀ ਨਾਲ ਜਾਰੀ ਕਰਨ ਤੇ ਉਨ੍ਹਾਂ ਨੂੰ ਇਥੇ ਨੌਕਰੀਆਂ ਦੇਣ ਦੇ ਗੈਰ ਕਾਨੂੰਨੀ ਅਮਲ, ਪੰਜਾਬੀ ਬੋਲੀ, ਭਾਸ਼ਾ ਨੂੰ ਬਣਦਾ ਸਤਿਕਾਰ ਨਾ ਦੇਣਾ, ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਨੂੰ ਸੁਰੂ ਕਰਕੇ ਫਿਰ ਬੰਦ ਕਰ ਦੇਣਾ, ਸਿੱਖਾਂ ਦੇ ਕਾਤਲਾਂ ਨੂੰ ਬਣਦੀਆਂ ਸਜਾਵਾਂ ਨਾ ਦੇਣਾ ਤੇ ਬੀਤੇ ਸਮੇਂ ਦੇ ਪੰਜਾਬ ਦੇ ਦੁਖਾਂਤ ਦੀ ਨਿਰਪੱਖਤਾ ਨਾਲ ਜਾਂਚ ਨਾ ਕਰਾਉਣਾ ਆਦਿ ਅਤਿ ਗੰਭੀਰ ਤੇ ਵੱਡੀਆ ਬੇਇਨਸਾਫ਼ੀਆਂ ਅਤੇ ਵਿਤਕਰੇ ਹਨ।


## CHIEF KHALSA DIWAN - TENDER NOTICE

**TENDER ON PERCENTAGE BASIS OF LATEST (C.S.R.+C.P. 2020) OVER ALL FOR THE CONSTRUCTION OF WORKS IN VARIOUS SCHOOLS OF C.K.D.**

Name of Work : CONSTRUCTION WORK OF SRI GURU HARKRISHAN PUBLIC SCHOOLS AT BHURJ MARHANA & KASEL

Date of Issue : 20/07/2026 to 30/07/2026 up to 4:00 PM

Last Date for Submission : BY 04.00 P.M ON 30/07/2026

Date of Opening : BY 03.00 P.M ON 03/08/2026

**Eligibility Criteria :** Contractor shall submit following documents in two sealed envelope i.e. Technical and Financial Bid separately. (A)The bidder shall submit Documentary proof in support of the having carried out successfully two works amounting to 80% of estimated cost or one work of tendered amount. (B)The contractor shall submit the detail of Man power & Machinery available with him. (C) The contractor submit registration of GST. (D) The contractor shall submit copy of Pan Card/ Adhar Card (Registration of E.S.I, E.P.F of labour as per government rules) (E) Rate should be quoted in percentage above (+) or below (-) on C S R 2020 Rates. (F) Term of negotiation will be applicable & Tender decided after negotiation.

Tender Receiving Authority :Honorary Secretary, Chief Khalsa Diwan Charitable Society, G.T. Road, Amritsar.

Contact Nos. :0183-2228771, 6283282075

| Sr. No. | Description | Estimated Cost | Cost of Tender Document | Earnest Money Deposit | Time of Completion |
|---|---|---|---|---|---|
| 1 | Construction of Classroom, Ramp, Addition & Alternation of Ramp at Bhurj Marhana, Harike | Rs. 225 Lacs | Rs.5000/- | 2% of Tendered Amount | 10 Months |
| 2 | Construction of Classroom & Bathrooms at Kasel | Rs. 39.5 Lacs | Rs.5000/- | 2% of Tendered Amount | 05 Months |

# ਏਡਿਡ ਸਕੂਲ ਅਧਿਆਪਕਾਂ ਤੇ ਕਰਮਚਾਰੀਆਂ ਵੱਲੋਂ ਸਰਕਾਰ ਖ਼ਿਲਾਫ਼ ਆਰ-ਪਾਰ ਦੀ ਲੜਾਈ ਦਾ ਐਲਾਨ



ਧੂਰੀ (ਸੁਖਦੇਵ ਧੂਰੀ) ਪੰਜਾਬ ਰਾਜ ਸਰਕਾਰੀ ਸਹਾਇਤਾ ਪ੍ਰਾਪਤ ਸਕੂਲ ਅਧਿਆਪਕ ਤੇ ਹੋਰ ਕਰਮਚਾਰੀ ਯੂਨੀਅਨ (ਪੰਜਾਬ-1967) ਵੱਲੋਂ ਸਿੱਖਿਆ ਵਿਭਾਗ ਤੇ ਪੰਜਾਬ ਸਰਕਾਰ ਦੇ ਅੜੀਅਲ ਰਵੱਈਏ ਖ਼ਿਲਾਫ਼ ਤਿੱਖੇ ਸੰਘਰਸ਼ ਦਾ ਬਿਗਲ ਵਜਾ ਦਿੱਤਾ ਗਿਆ ਹੈ। ਯੂਨੀਅਨ ਦੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਤੇ ਜਨਰਲ ਸਕੱਤਰ ਸ਼ਰਨਜੀਤ ਸਿੰਘ ਕਾਦੀਆਂ ਨੇ ਐਲਾਨ ਕੀਤਾ ਕਿ ਵਿਭਾਗੀ ਨਾਕਾਮੀਆਂ ਤੇ ਮੰਗਾਂ ਵੱਲ ਕੋਈ ਧਿਆਨ ਨਾ ਦੇਣ ਕਾਰਨ ਲਗਾਤਾਰ ਝੂਠੇ ਵਾਅਦਿਆਂ ਤੋਂ ਤੰਗ ਆ ਕੇ ਸਮੂਹ ਏਡਿਡ ਸਟਾਫ਼ ਅਤੇ ਪੈਨਸ਼ਨਰਜ਼ ਸਾਥੀ 21 ਜੁਲਾਈ ਨੂੰ ਸਵੇਰੇ 10:30 ਵਜੇ ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ) ਦੇ ਦਫ਼ਤਰ ਅੱਗੇ ਇੱਕ ਵਿਸ਼ਾਲ ਰੋਸ ਧਰਨਾ ਦੇਣ ਲਈ ਮਜਬੂਰ ਹੋਏ ਹਨ। ਯੂਨੀਅਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਵਿਭਾਗ ਨੇ ਤੁਰੰਤ ਮੰਗਾਂ ਨਾ ਮੰਨੀਆਂ ਤਾਂ ਇਹ ਸੰਘਰਸ਼ ਸਰਕਾਰ ਨੂੰ ਗੋਡੇ ਟੇਕਣ ਲਈ ਮਜਬੂਰ ਕਰ ਦੇਵੇਗਾ। ਜ਼ਿਲ੍ਹਾ ਯੂਨੀਅਨ ਇਕਾਈ ਦੇ ਵਰਕਿੰਗ ਸੀਨੀਅਰ ਆਗੂ ਲਖਬੀਰ ਸਿੰਘ ਸਰਾਓ ਨੇ ਦੱਸਿਆ ਕਿ 4 ਜੂਨ ਨੂੰ ਜਥੇਬੰਦੀ ਦੀ ਕੈਬਨਿਟ ਸਬ-ਕਮੇਟੀ ਨਾਲ ਚੰਡੀਗੜ੍ਹ ਵਿਖੇ ਹੋਈ ਅਹਿਮ ਮੀਟਿੰਗ ਦੌਰਾਨ ਸਬ-ਕਮੇਟੀ ਦੇ ਚੇਅਰਮੈਨ ਹਰਪਾਲ ਸਿੰਘ ਚੀਮਾ ਵੱਲੋਂ ਵਿਭਾਗੀ ਅਫ਼ਸਰਾਂ ਨੂੰ ਸਪੱਸ਼ਟ ਹੁਕਮ ਦਿੱਤੇ ਗਏ ਸਨ ਕਿ ਬਿਨਾਂ ਆਡਿਟ ਪੈਰਾ ਰਿਪੋਰਟ ਦੀ ਉਡੀਕ ਕੀਤੇ ਜਨਵਰੀ ਤੋਂ ਮਾਰਚ 2026 ਦੀ ਗ੍ਰਾਂਟ ਤੁਰੰਤ ਜਾਰੀ ਕੀਤੀ ਜਾਵੇ, ਪਰ ਬੜੇ ਅਫ਼ਸੋਸ ਦੀ ਗੱਲ ਹੈ ਕਿ ਡੇਢ ਮਹੀਨਾ ਲੰਘ ਜਾਣ ਦੇ ਬਾਵਜੂਦ ਇਹ ਗ੍ਰਾਂਟਾਂ ਜਾਰੀ ਨਹੀਂ ਕੀਤੀਆਂ ਗਈਆਂ, ਜਿਸ ਕਾਰਨ ਸਮੁੱਚੇ ਪੰਜਾਬ ਦਾ ਏਡਿਡ ਸਟਾਫ਼ ਭੁੱਖਮਰੀ ਦੀ ਕਗਾਰ 'ਤੇ ਪਹੁੰਚ ਚੁੱਕਾ ਹੈ ਅਤੇ ਇਸੇ ਰੋਸ ਵਜੋਂ ਇਹ ਮੋਰਚਾ ਖੋਲ੍ਹਿਆ ਜਾ ਰਿਹਾ ਹੈ। ਆਗੂਆਂ ਨੇ ਦੱਸਿਆ ਕਿ ਅਦਾਲਤ ਦੇ ਆਦੇਸ਼ਾਂ ਤੋਂ ਬਾਅਦ ਵੀ ਇਹ ਵਿਭਾਗੀ ਪੱਤਰ ਸਾਲ 2011 ਤੇ ਪੱਤਰ ਮੀਮੋ ਨੰਬਰ 17/90-2017 ਗ(3) ਮਿਤੀ 14-12-2017 ਦੀਆਂ ਸ਼ਰਤਾਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ। ਇਨ੍ਹਾਂ ਹੁਕਮਾਂ ਦੇ ਬਾਵਜੂਦ ਅਪ੍ਰੈਲ 2026 ਤੋਂ ਦਸੰਬਰ 2026 ਤੱਕ ਦੀ ਐਡਵਾਂਸ ਗ੍ਰਾਂਟ ਹਾਲੇ ਤੱਕ ਜਾਰੀ ਨਹੀਂ ਕੀਤੀ ਗਈ, ਜਿਸ ਕਾਰਨ ਕੁਮਚਾਰੀਆਂ ਵਿੱਚ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਯੂਨੀਅਨ ਨੇ ਵਿਭਾਗ ਦੀ ਢਿੱਲੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਸਬ-ਕਮੇਟੀ ਦੀ ਮੀਟਿੰਗ ਵਿੱਚ ਇਹ ਫ਼ੈਸਲਾ ਹੋਇਆ ਸੀ ਕਿ ਏਡਿਡ ਸਟਾਫ਼ ਨੂੰ ਸਰਕਾਰੀ ਸਕੂਲਾਂ ਵਿੱਚ ਮਰਜ (ਸ਼ਾਮਲ) ਕਰਨ ਜਾਂ ਉਦੋਂ ਤੱਕ ਮੁਲਾਜ਼ਮਾਂ ਵਾਲੇ ਸਕੂਲਾਂ ਦੇ ਸਟਾਫ਼ ਲਈ ਟ੍ਰਾਂਸਫਰ ਪਾਲਿਸੀ ਲਾਗੂ ਕਰਨ ਤੇ ਹੋਰਨਾਂ ਸਕੂਲਾਂ/ਸੰਸਥਾਵਾਂ ਵਿੱਚ ਡੈਪੂਟੇਸ਼ਨ 'ਤੇ ਭੇਜਣ ਦੀ ਯੂਨੀਅਨ ਦੀ ਮੰਗ ਸਬੰਧੀ ਵਿਚਾਰ ਕਰਕੇ ਕੋਈ ਫ਼ੈਸਲਾ ਲੈਣ ਲਈ ਇੱਕ ਉੱਚ ਪੱਧਰੀ ਵਿਭਾਗੀ ਕਮੇਟੀ ਦਾ ਗਠਨ ਕੀਤਾ ਜਾਵੇਗਾ, ਪਰ ਲੰਮਾ ਸਮਾਂ ਬੀਤਣ ਦੇ ਬਾਵਜੂਦ ਇਸ ਫ਼ੈਸਲੇ 'ਤੇ ਕੋਈ ਵੀ ਕਾਰਵਾਈ ਹੁੰਦੀ ਨਜ਼ਰ ਨਹੀਂ ਆ ਰਹੀ। ਯੂਨੀਅਨ ਨੇ ਸਰਕਾਰ ਦੇ ਗਰੀਬ ਵਿਰੋਧੀ ਚਿਹਰੇ ਨੂੰ ਨੰਗਾ ਕਰਦਿਆਂ ਕਿਹਾ ਕਿ ਏਡਿਡ ਸਕੂਲਾਂ ਵਿੱਚ ਪੜ੍ਹਦੇ ਲੋੜਵੰਦ ਬੱਚਿਆਂ ਨੂੰ ਵਰਦੀਆਂ ਅਤੇ ਵਿੱਦਿਅਕ ਟੂਰ 'ਤੇ ਜਾਣ ਦੀ ਗ੍ਰਾਂਟ ਨਾ ਦੇ ਕੇ ਵਿਭਾਗ ਉਨ੍ਹਾਂ ਦੇ ਹੱਕਾਂ 'ਤੇ ਡਾਕਾ ਮਾਰ ਰਿਹਾ ਹੈ। ਜ਼ਿਲ੍ਹਾ ਵਰਕਿੰਗ ਆਗੂ ਲਖਬੀਰ ਸਿੰਘ ਸਰਾਓ ਨੇ ਦੱਸਿਆ ਕਿ ਸਟੇਟ ਬਾਡੀ ਨੇ ਸਾਂਝੇ ਤੌਰ 'ਤੇ ਐਲਾਨ ਕੀਤਾ ਕਿ ਜੇਕਰ ਵਿਭਾਗ ਨੇ ਆਪਣਾ ਅੜੀਅਲ ਰਵੱਈਆ ਨਾ ਬਦਲਿਆ ਤਾਂ 21 ਜੁਲਾਈ ਨੂੰ ਡੀ.ਐੱਸ.ਈ. ਦਫ਼ਤਰ ਦਾ ਮੁਕੰਮਲ ਘਿਰਾਓ ਕੀਤਾ ਜਾਵੇਗਾ ਤੇ ਇਸ ਸੰਘਰਸ਼ ਦੌਰਾਨ ਪੈਦਾ ਹੋਣ ਵਾਲੇ ਹਾਲਾਤਾਂ ਦੀ ਸਾਰੀ ਜ਼ਿੰਮੇਵਾਰੀ ਸਿੱਖਿਆ ਵਿਭਾਗ ਅਤੇ ਪੰਜਾਬ ਸਰਕਾਰ ਦੀ ਆਪਣੀ ਹੋਵੇਗੀ।

## ਐੱਸ ਡੀ ਐੱਮ ਵੱਲੋਂ ਨਸ਼ਾ ਮੁਕਤੀ ਕੇਂਦਰ ਸਿਵਲ ਹਸਪਤਾਲ ਦਾ ਦੌਰਾ



ਤਲਵੰਡੀ ਸਾਬੋ (ਜਗਦੀਪ ਗਿੱਲ) ਪੰਜਾਬ ਸਰਕਾਰ ਤੇ ਸਿਵਿਲ ਸਰਜਨ ਬਠਿੰਡਾ ਡਾਕਟਰ ਤਪਿੰਦਰਜੋਤ ਕੌਸ਼ਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫ਼ਸਰ ਸਿਵਿਲ ਹਸਪਤਾਲ ਤਲਵੰਡੀ ਸਾਬੋ ਡਾਕਟਰ ਰਵੀਕਾਂਤ ਗੁਪਤਾ ਵੱਲੋਂ ਐੱਸਡੀਐੱਮ ਨੂੰ ਸਿਵਲ ਹਸਪਤਾਲ ਦਾ ਦੌਰਾ ਕਰਾਇਆ ਗਿਆ। ਐੱਸਡੀਐੱਮ ਵੱਲੋਂ ਨਸ਼ਾ ਮੁਕਤੀ ਕੇਂਦਰ, ਐਮਰਜੈਂਸੀ, ਓਪੀਡੀ ਕੇਂਦਰ ਤੇ ਐਸਐਮਓ ਦਫ਼ਤਰ ਦਾ ਦੌਰਾ ਕੀਤਾ ਗਿਆ। ਐਸਐਮਓ ਡਾਕਟਰ ਰਵੀਕਾਂਤ ਗੁਪਤਾ, ਡਾਕਟਰ ਅੰਕੁਰ ਸਿੰਘਲਾ ਮਨੋਰੋਗਾਂ ਦੇ ਮਾਹਰ, ਸਮੂਹ ਨਰਸਿੰਗ ਸਿਸਟਰ, ਫਾਰਮੇਸੀ ਅਫ਼ਸਰ, ਫੈਸਿਲਿਟੀ ਮੈਨੇਜਰ ਤੇ ਹੋਰ ਅਧਿਕਾਰੀ ਤੇ ਕੁਮਚਾਰੀ ਸ਼ਾਮਲ ਸਨ। ਨਸ਼ਾ ਮੁਕਤੀ ਕੇਂਦਰ ਦੇ ਦੌਰੇ ਦੌਰਾਨ ਐੱਸਡੀਐੱਮ ਸਾਹਿਬ ਵੱਲੋਂ ਨਵੇਂ ਖੁੱਲ੍ਹ ਰਹੇ ਨਸ਼ਾ ਮੁਕਤੀ ਕੇਂਦਰ ਵਿੱਚ ਕੀਤੇ ਜਾ ਰਹੇ ਪ੍ਰਬੰਧਾਂ ਦੀ ਸ਼ਲਾਘਾ ਕੀਤੀ ਤੇ ਹਸਪਤਾਲ ਦੇ ਐਸਐਮਓ ਨੂੰ ਵਿਸ਼ਵਾਸ ਦਿਵਾਇਆ ਕਿ ਜਲਦ ਤੋਂ ਜਲਦ ਨਿਯਮਾਂ ਦੇ ਮੁਤਾਬਕ ਨਸ਼ਾ ਮੁਕਤੀ ਕੇਂਦਰ ਨੂੰ ਖੋਲਣ ਵਿੱਚ ਪ੍ਰਸ਼ਾਸਨ ਤਰਫ਼ੋਂ ਪੂਰੀ ਸਹਾਇਤਾ ਕੀਤੀ ਜਾਵੇਗੀ। ਐਮਰਜੈਂਸੀ ਦੌਰੇ ਦੌਰਾਨ ਐਸਡੀਐੱਮ ਵੱਲੋਂ ਮਰੀਜ਼ਾਂ ਨਾਲ ਗੱਲਬਾਤ ਕੀਤੀ ਗਈ। ਉਨ੍ਹਾਂ ਨੂੰ ਦਵਾਈਆਂ ਮਿਲਣ ਬਾਰੇ ਪੁੱਛਿਆ ਗਿਆ। ਐਮਰਜੈਂਸੀ ਦੇ ਪ੍ਰਬੰਧਾਂ ਬਾਰੇ ਪੁੱਛਿਆ ਗਿਆ। ਐਸਡੀਐਮ ਵੱਲੋਂ ਓਪੀਡੀ ਦੇ ਦੌਰੇ ਦੌਰਾਨ ਮਰੀਜ਼ਾਂ ਤੇ ਡਾਕਟਰਾਂ ਨਾਲ ਗੱਲਬਾਤ ਕੀਤੀ ਗਈ ਅਤੇ ਹਸਪਤਾਲ ਦੇ ਪ੍ਰਬੰਧਾਂ ਦੀ ਸ਼ਲਾਘਾ ਕੀਤੀ ਗਈ।

# ਅਕਾਲੀ ਵਰਕਰਾਂ 'ਤੇ ਕੀਤੇ ਝੂਠੇ ਪਰਚੇ ਰੱਦ ਕਰਨ ਦੀ ਮੰਗ



ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)-ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਅਕਾਲੀ ਵਰਕਰਾਂ ਨੂੰ ਲਾਮਬੰਦ ਕਰਨ ਅਤੇ ਬੀਤੇ ਦਿਨ ਕਾਦੀਆਂ ਵਿੱਚ ਹੋਈ ਨਗਰ ਕੌਂਸਲ ਦੀ ਪ੍ਰਧਾਨਗੀ ਦੀ ਚੋਣ ਮੌਕੇ ਆਪ ਆਗੂਆਂ ਅਤੇ ਪੁਲਸ ਵੱਲੋਂ ਅਕਾਲੀ ਕੌਂਸਲਰਾਂ ਅਤੇ ਪਾਰਟੀ ਦੇ ਸੀਨੀਅਰ ਆਗੂਆਂ ਤੇ ਕੀਤੇ ਤਸ਼ੱਦਦ ਅਤੇ ਝੂਠੇ ਪਰਚੇ ਦਰਜ ਕਰਾਉਣ ਲਈ 25 ਜੁਲਾਈ ਨੂੰ ਕਾਦੀਆਂ ਵਿਖੇ ਦਿੱਤੇ ਜਾ ਰਹੇ ਧਰਨੇ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜ਼ਿਲ੍ਹਾ ਜਥੇਦਾਰ ਤੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਜਥੇਦਾਰ ਸੁੱਚਾ ਸਿੰਘ ਲੰਗਾਹ ਵੱਲੋਂ ਹਲਕੇ ਦੇ ਅਕਾਲੀ ਵਰਕਰਾਂ ਨਾਲ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੇ ਵਿਖੇ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੀਟਿੰਗ ਮੌਕੇ ਅਕਾਲੀ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਤੇ ਆਪੋ ਆਪਣੇ ਸੁਝਾਅ ਪੇਸ਼ ਕੀਤੇ। ਇਸ ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਸੁੱਚਾ ਸਿੰਘ ਲੰਗਾਹ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਡੇਰਾ ਬਾਬਾ ਨਾਨਕ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਮਜ਼ਬੂਤ ਕਰਨ ਲਈ, ਪਾਰਟੀ ਵਰਕਰਾਂ ਨਾਲ ਸਲਾਹ ਮਸ਼ਵਰਾ ਕਰਨ ਲਈ ਕੀਤੀ ਗਈ ਜਿਸ ਵਿੱਚ ਅਕਾਲੀ ਵਰਕਰਾਂ ਨਾਲ ਬਹੁਤ ਸੋਹਣੇ ਢੰਗ ਨਾਲ ਵਿਚਾਰ-ਵਟਾਂਦਰਾ ਹੋਇਆ। ਉਨ੍ਹਾਂ ਆਮ ਆਦਮੀ ਪਾਰਟੀ 'ਤੇ ਤੰਜ ਕੱਸਦਿਆਂ ਕਿਹਾ ਕਿ ਸਾਡਾ ਉਸ ਪਾਰਟੀ ਨਾਲ ਵਾਹ ਪੈ ਗਿਆ ਹੈ, ਜਿਸ ਦੀਆਂ ਜੜ੍ਹਾਂ ਬਿਲਕੁਲ ਉਤੇ ਹਨ। ਉਨ੍ਹਾਂ ਕਿਹਾ ਕਿ ਇਸ ਵੇਲੇ ਪੰਜਾਬ ਵਿੱਚ ਜੰਗਲ ਰਾਜ ਦਾ ਰਾਜ ਚੱਲ ਰਿਹਾ ਹੈ, ਦਿੱਨੋ ਦਿਨ ਕਿਸੇ ਨਾ ਕਿਸੇ ਦਾ ਕਤਲ ਹੋ ਜਾਂਦਾ ਹੈ, ਕੋਈ ਦੁਕਾਨਦਾਰਾਂ ਕੋਲੋਂ ਡਰਾ ਧਮਕਾ ਕੇ ਫ਼ਿਰੌਤੀ ਮੰਗਦਾ ਫਿਰਦਾ ਹੈ, ਇਹ ਕਾਹਦੀ ਸਰਕਾਰ ਹੈ? ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਕਾਦੀਆਂ ਨਗਰ ਕੌਂਸਲ ਦੀ ਪ੍ਰਧਾਨਗੀ ਦੀ ਚੋਣ ਮੌਕੇ ਆਪ ਦੇ ਨਵੇਂ ਬਣੇ ਆਗੂਆਂ ਵੱਲੋਂ ਪੁਲਸ ਦੀ ਮਦਦ ਨਾਲ ਅਕਾਲੀ ਵਰਕਰਾਂ ਤੇ ਕਾਂਗਰਸੀ ਵਰਕਰਾਂ 'ਤੇ ਤਸ਼ੱਦਦ ਕੀਤਾ ਗਿਆ ਅਤੇ ਉਨ੍ਹਾਂ 'ਤੇ ਝੂਠੇ ਪਰਚੇ ਦਰਜ ਕੀਤੇ ਗਏ ਹਨ। ਉਨ੍ਹਾਂ ਪੁਲਸ ਪ੍ਰਸ਼ਾਸਨ ਨੂੰ ਤਾੜਨਾ ਕਰਦਿਆਂ ਕਿਹਾ ਕਿ ਜੇਕਰ ਅਕਾਲੀ ਆਗੂਆਂ ਤੇ ਵਰਕਰਾਂ 'ਤੇ ਕੀਤੇ ਝੂਠੇ ਪਰਚੇ ਰੱਦ ਨਾ ਕੀਤੇ ਤਾਂ 25 ਜੁਲਾਈ ਨੂੰ ਅਕਾਲੀ ਦਲ ਵੱਲੋਂ ਕਾਦੀਆਂ ਵਿੱਚ ਵਿਸ਼ਾਲ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਪੀਏ ਤੇਜਬੀਰ ਸਿੰਘ ਦਿਉਲ, ਸਰਕਲ ਪ੍ਰਧਾਨ ਗੁਰਦੇਵ ਸਿੰਘ ਧਾਰੋਵਾਲੀ, ਸਰਕਲ ਪ੍ਰਧਾਨ ਰਜਿੰਦਰ ਸਿੰਘ ਵੇਰੋਕੇ, ਸਾਬਕਾ ਕੌਂਸਲਰ ਧਰਮਪਾਲ ਸਿੰਘ, ਸਰਕਲ ਪ੍ਰਧਾਨ ਸਤਨਾਮ ਸਿੰਘ ਪਟਵਾਰੀ, ਸਰਕਲ ਪ੍ਰਧਾਨ ਜਸਪਿੰਦਰ ਸਿੰਘ ਭੰਗੂ, ਸਰਕਲ ਪ੍ਰਧਾਨ ਜੋਗਾ ਸਿੰਘ ਮਾਨ, ਹਲਕਾ ਯੂਥ ਪ੍ਰਧਾਨ ਸਿਮਰ ਬਾਜਵਾ ਵੇਰੋਕੇ, ਸਰਕਲ ਪ੍ਰਧਾਨ ਬਲਵਿੰਦਰ ਸਿੰਘ ਢਿੱਲਵਾਂ, ਸਰਕਲ ਪ੍ਰਧਾਨ ਜੋਗਿੰਦਰ ਸਿੰਘ ਪੱਬਾਰਾਲੀ, ਸਰਕਲ ਪ੍ਰਧਾਨ ਸਤਨਾਮ ਸਿੰਘ ਨਿੱਕੇ ਘੁੰਮਣ, ਸਰਕਲ ਪ੍ਰਧਾਨ ਜਸਵੰਤ ਸਿੰਘ ਰਾਮਾ, ਸਿਟੀ ਪ੍ਰਧਾਨ ਰਣਜੀਤ ਸਿੰਘ ਕਲਾਨੌਰ, ਸਰਕਲ ਪ੍ਰਧਾਨ ਰਸ਼ਪਾਲ ਸਿੰਘ ਢਿੱਲੋਂ, ਸਰਕਲ ਪ੍ਰਧਾਨ ਸਰਵਣ ਸਿੰਘ ਦਿਆਲਗੜ੍ਹ, ਸਰਕਲ ਪ੍ਰਧਾਨ ਮਨਜੀਤ ਸਿੰਘ ਸਹਾਰੀ, ਸਰਕਲ ਪ੍ਰਧਾਨ ਪ੍ਰੀਤ ਸਿੰਘ ਲੱਖਣਕੇ, ਸਰਕਲ ਪ੍ਰਧਾਨ ਕਸ਼ਮੀਰ ਸਿੰਘ ਰਸੂਲਕੇ, ਸਰਕਲ ਪ੍ਰਧਾਨ ਜਥੇਦਾਰ ਸੁਖਵਿੰਦਰ ਸਿੰਘ ਪਕੀਵਾ, ਸਰਕਲ ਪ੍ਰਧਾਨ ਦਿਲਬਾਗ ਸਿੰਘ, ਜਗੀਰ ਮਸੀਹ ਧੰਦੋਈ, ਅਸ਼ੋਕ ਕਾਮਰੇਡ ਡੇਰਾ, ਬੱਬੂ ਸਰਪੰਚ ਸ਼ਾਹਪੁਰ ਜਾਜਨ, ਪ੍ਰਿੰਸ ਮਸੀਹ ਧਰਮਕੋਟ ਰੰਧਾਵਾ, ਬਿੱਟੂ ਖਾਸਾਵਾਲੀ, ਪ੍ਰਿਥੀ ਮਸੀਹ ਅਠਵਾਲ, ਚੈਨ ਮਸੀਹ, ਕੁਲਦੀਪ ਮਸੀਹ, ਬਗੀਚਾ ਮਸੀਹ, ਸਾਹਿਲ ਪੀ ਏ, ਬਲਵਿੰਦਰ ਮਸੀਹ ਨਾਨੋਹਾਰਨੀ, ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਹਾਜ਼ਰ ਸਨ।

# ਕਲਾਸੀਫਾਈਡ ਇਸ਼ਤਿਹਾਰ



## Change of Name

I,Mamta W/O Pankaj Chaudhary R/O H.No. 66, Ganpati Enclave,Rishi Vihar,Majitha Road, Amritsar,Punjab have changed my name from Mamta to Mamta Chaudhary. Concerned note.

I, Balbir Kaur W/o Sadhu Singh R/o Vill. Masitan,Tehsil Sultanpur Lodhi, Distt. Kapurthala.That I have changed my name Balbir Kaur To Balvir Singh. All Concerned please note.

I, Paramjeet Singh S/o Piara Singh R/o Vill. Bidhipur, PO. Tibba, Tehsil Sultanpur Lodhi, Distt. Kapurthala.That I have changed my name Paramjeet Singh To Paramjit. All Concerned please note.

I, Pratima W/o late Kunal Kapoor R/o H. No. NB-257, Laxmipura, Industrial Town, Jalandhar, Punjab-144004, India have changed my name from Pratima to Pratima Kapoor. Please note. (13620)

I, Ranjit Singh S/o Baldev Singh R/O Village Dhadde, PO Chawinda Devi, Distt. Amritsar, Punjab-143504 have changed my name from Ranjit Singh to Singh is my surname and Ranjit is my given name.

I, Loveleen Singh S/o Mahinderpal Singh R/O Village Shahzada, PO Chawinda Devi, Distt. Amritsar, Punjab-143504 have changed my name from Loveleen Singh to Singh is my surname and Loveleen is my given name.

I Gagan Deep s/o Harash Kumar 44 Gali No. 2 B/S School Nimla Avenue Chheharta Amritsar 143105 Have Changed my name from Gagan Deep S/o Harash Kumar to Gagan Dhir S/o Harsh Kumar Dhir.

I, Manjeet Singh S/o Balwinder Singh R/o H.No. 211, New Azad Nagar, Amritsar have changed my name from Manjeet Singh to Manjit Singh.

I, Parvinder Singh S/o Harnam Singh R/o # 206, Preet Vihar, Near Purani Chungi, Chheharta, Amritsar - 143105 (Pb) have changed my name from Parvinder Singh to Parwinder Singh, please note.

I, Tejinder Singh S/o Satnam Singh R/o H.No. 1063, B-Block, New Partap Nagar, Amritsar have changed my name from Tejinder Singh to Tajinder Singh.

I, Gurdeep Singh S/o Swaran Singh R/o H.No 38, Block -C, Guru Nanak Nagar, Bhalla Colony, Chheharta, Amritsar, Punjab have changed my name from Gurdip Singh to Gurdeep Singh.

I, Anjna W/o Jatinder Kumar, R/o H.No. 21, Balmiki Colony, Gazi Gulla, Jalandhar have changed my name from Anju to Anjna.

I, Manju Bala D/o Subhash chander R/o Village jamalpur post office Sarna, tehsil & Distt Pathankot 145025 have changed my name from Manju Bala to Madhu Sharma.

I, Pappu W/o Manohar Lal R/o H.No 146, ward No. 32, Bajri Company tehil & Distt Pathankot 145001 have changed my name from Pappu to Pushpa devi.

I, Sunita D/o Brij Raj, R/o Deep Nagar, Kapurthala have changed my name from Sunita To Sunita Raj. All Concerned please note. (13625)

I, Charanpreet Singh son of Daljit Singh resident of Vill. Odhpur PO Urmar, Teh. Dasuya, Hoshiarpur, Punjab-144204 have changed my name from Charanpreet Singh to Given Name Charanpreet & Surname as Singh. All concerned please note.

I, Parmjit Kaur wife of Palvinder Singh resident of VPO Zahura, Teh. Dasuya, Distt. Hoshiarpur, Punjab-144203 have changed my name from Parmjit Kaur to Given Name Paramjit & Surname as Kaur. All concerned please note.

I, Disha W/O Anant, R/o House N. 614, First Floor, Omex Cassia, Phase-3, Near Ratwara Sahib, New Chandigarh, PO: Mullanpur, Dist: SAS Nagar (Mohali), Punjab- 140901. have changed my name and shall hereafter be Known as Disha Nashier.

I, hitherto known as GURPREET KAUR SATNAM SINGH SANDHU daughter of SATNAM SINGH SANDHU wife of SUBEG SINGH residing at H.No. 53/3, Shaheed Baba Deep Singh Nagar, Jalandhar, Punjab-144012 have changed my name and shall hereafter be known as GURPREET KAUR.

I, Parmjit Kaur wife of Palvinder Singh resident of VPO Zahura, Teh. Dasuya, Distt. Hoshiarpur, Punjab-144203 certifies that my husband true and correct name/spelling is Palvinder Singh instead of Palwinder Singh, belongs to one and same person.

## Change of Name

I, Amroo S/O Dev Raj, R/o Kotla, Jalandhr, Punjab- 144106, have changed my name and shall hereafter be Known as Gurpreet Ram.

I, Sukhwinder Singh S/o Sangat Singh R/o H.No. 244, Randhawa Gurdwara, Naushehra Majja Singh, Distt. Gurdaspur, Punjab have changed my name from Sukhwinder Singh to Singh Sukhwinder. That Singh is my Surname & Sukhwinder is my Given Name. Concerned Note.

I, Pawan Kumar S/o Madan Lal R/o H.No. 162/3, Dharampura Colony, Batala, Distt. Gurdaspur, Punjab have changed my name from Pawan Kumar to Pawan Padam. Concerned Note.

I, Amarjit Alias Pappu son of Sh. Sain Dass resident of H.No. B-1/50, Street No. 1, Kabir Nagar, Jalandhar, Punjab have changed my name from Amarjit Alias Pappu to Amarjeet. All concerned please note.

I Gurjap Singh S/O Sarabjit Singh R/O Village Butala PO dhilwan district Kapurthala declare that have changed my name from Gurjap Singh to Gurjap Singh butala. Please note.

I, Bimal Kaur w/o Gurmit Singh r/o H.No. 501, Golden Avenue, Phase-2, Jalandhar have changed my name from Bimal Kaur to Vimaljit Kaur. All Please Note.

I, Gagandeep Mahay s/o Amarjit r/o Vill. Kadiana, Distt. Jalandhar have changed my given name as Gagandeep & Surname as Mahay. All Please Note.

I, Rohit S/o Krishan Lal R/o H.No.29/A, Ashok Nagar, Jalandhar, Punjab have changed my name from Rohit to Rohit Kumar. (Kumar as surname) All Please Note.

## PUBLIC NOTICE

I Ankur Gaba s/o Ajay Gaba R/O H.No.100/3, Central Town, Jalandhar declare that my date of birth has been wrongly recorded in my School Certificate The correct my date of birth is 28/12/1989 as per my Birth certificate and aadhar card please note all concerned.

I, Jagjit Singh Dhindsa S/o Sulakhan Singh Dhindsa R/o H.No. 11, Near M.K Public School. Guru Ramdass Colony, Mithapur, Jalandhar-144022, Punjab declare that name of my father has been wrongly written as Sulakhan Singh in my Passport H3835856. The actual name of my father is Sulakhan Singh Dhindsa. All Please Note.

I, Lakhwinder Singh S/o Hakumat Rai, R/o Chur Chak ,P/O Naushera Majja Singh, Gurdaspur hereby declare that in my Passport, my wife's name has been inadver-tently printed as Swarnjeet instead of the correct name Sawarn Jit. Both names refer to one and the same person. This notice is published for the purpose of correction of my wife's 'name in my Passport.

I, Lakhwinder Singh S/o Hakumat Rai, R/o Chur Chak, P/O Naushera Majja Singh, Gurdaspur hereby declare that in my Passport, my mother's name has been inadvertently printed as Santosh instead of the correct name Santosh Rani. Both names refer to one and the same person. This notice is published for the purpose of correction of my mother's name in my Passport.

## ਨਾਂਅ ਦੀ ਬਦਲੀ

ਮੈਂ, ਕਿਰਨ ਜਿੰਦਲ, ਪਤਨੀ ਵਿਜੈ ਕੁਮਾਰ ਜਿੰਦਲ, ਵਾਸੀ ਗਿੱਲਕੋ ਵੈਲੀ, ਖਰੜ, ਜ਼ਿਲ੍ਹਾ ਮੋਹਾਲੀ, ਪੰਜਾਬ, ਆਪਣਾ ਨਾਮ ਬਦਲ ਕੇ ਕਿਰਨ ਬਾਲਾ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ ਲਵਪ੍ਰੀਤ ਪੁੱਤਰੀ ਹਰਮੇਸ਼ ਲਾਲ ਵਾਸੀ ਪਿੰਡ ਤੇ ਡਾਕਖਾਨਾ ਕਪੂਰ ਪਿੰਡ, ਜਿਲਾ ਜਲੰਧਰ (ਪੰਜਾਬ) ਨੇ ਆਪਣਾ ਨਾਮ ਲਵਪ੍ਰੀਤ ਤੋ ਬਦਲ ਕੇ ਲਵਪ੍ਰੀਤ ਕੌਰ ਰੱਖ ਲਿਆ ਹੈ। ਸਬੰਧਤ ਨੋਟ ਕਰਨ।

ਮੈਂ, ਜੋਤੀ ਸਰੂਪ ਪੁੱਤਰੀ ਨਰਿੰਦਰ ਸਿੰਘ ਵਾਸੀ ਦਬੁਰਜੀ ਦੇ ਨੇੜੇ, ਚਾਟੀਵਿੰਡ, ਸ਼ੀਤਾਕਲਾਂ, ਅੰਮ੍ਰਿਤਸਰ, ਪੰਜਾਬ ਨੇ ਆਪਣਾ ਨਾਂਅ ਜੋਤੀ ਸਰੂਪ ਤੋਂ ਬਦਲ ਕੇ ਜੋਤੀ ਸਰੂਪ ਕੌਰ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਲਵਲੀ ਪਤਨੀ ਚੰਦਨ ਪਾਲ ਵਾਸੀ ਪਿੰਡ ਪਟਿਆਲ, ਤਹਿਸੀਲ ਵਾ ਜ਼ਿਲ੍ਹਾ ਹੁਸ਼ਿਆਰਪੁਰ ਦੀ ਵਸਨੀਕ ਹਾਂ। ਮਹਿਕਮਾ ਮਾਲ ਵਿੱਚ ਮੇਰਾ ਨਾਮ ਸ਼ਰਮੀਲਾ ਦੇਵੀ ਪੁੱਤਰੀ ਮੰਗਲ ਸਿੰਘ ਪੁੱਤਰ ਹਰੀਆ ਰਾਮ ਚੱਲਦਾ ਹੈ। ਮੇਰੀ ਸ਼ਾਦੀ ਤੋਂ ਬਾਅਦ ਮੇਰੇ ਸਹੁਰੇ ਪਰਿਵਾਰ ਨੇ ਮੇਰਾ ਨਾਮ ਲਵਲੀ ਰੱਖ ਦਿੱਤਾ ਸੀ ਜੋ ਹੁਣ ਮੇਰੇ ਸਾਰੇ ਦਸਤਾਵੇਜਾ ਵਿੱਚ ਚੱਲਦਾ ਹੈ। ਮੈਨੂੰ ਲਵਲੀ ਪਤਨੀ ਚੰਦਨ ਪਾਲ ਅਤੇ ਸ਼ਰਮੀਲਾ ਦੇਵੀ ਪੁੱਤਰੀ ਮੰਗਲ ਸਿੰਘ ਦੋਵਾ ਨਾਮਾ ਨਾਲ ਜਾਣਿਆ ਜਾਂਦਾ ਹੈ।

ਮੈਂ, ਜਸ਼ਨਦੀਪ ਸਿੰਘ ਜੇ ਵੀ ਪੁੱਤਰ ਗੁਰਦੇਵ ਲਾਲ ਵਾਸੀ ਪਿੰਡ ਤੇ ਡਾਕ: ਕਾਲਾ ਸੰਘਾਂ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣਾ ਨਾਮ ਜਸ਼ਨਦੀਪ ਸਿੰਘ ਜੇ ਵੀ ਤੋਂ ਬਦਲ ਕੇ ਜਸ਼ਨਦੀਪ ਸਿੰਘ ਰੱਖ ਲਿਆ ਹੈ। ਸਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ ਰਜਿੰਦਰ ਕੁਮਾਰ ਪੁੱਤਰ ਫਕੀਰ ਚੰਦ ਵਾਸੀ ਪਿੰਡ ਆਦਮਵਾਲ ਗੜ੍ਹੀ ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਨਦੀਪ ਸੈਣੀ ਅਤੇ ਉਸਦੀ ਪਤਨੀ ਰਜਿੰਦਰ ਕੌਰ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਮੈ ਇਨ੍ਹਾਂ ਨੂੰ ਆਪਣੀ ਚੱਲ ਅੱਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੇਕਰ ਇਨ੍ਹਾਂ ਨਾਲ ਕੋਈ ਵੀ ਲੈਣ ਦੇਣ ਕਰੇਗਾ ਤਾਂ ਮੈ ਇਨ੍ਹਾਂ ਦੇ ਲੈਣ ਦੇਣ ਦੇ ਜ਼ਿਮੇਵਾਰ ਨਹੀ ਹੋਵਾਂਗੇ। ਸਬੰਧਤ ਨੋਟ ਕਰਨ।

ਮੈਂ, ਗੁਰਮੀਤ ਸਿੰਘ ਪੁੱਤਰ ਸ਼੍ਰੀ ਮਹਿੰਦਰ ਸਿੰਘ ਵਾਸੀ ਪਿੰਡ ਕੁਲਾਰ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗਗਨਦੀਪ ਸਿੰਘ (ਕੁਆਰਾ) ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਮੁਖਤਿਆਰ ਸਿੰਘ ਪੁੱਤਰ ਬੰਤਾ ਸਿੰਘ ਵਾਸੀਆਨ ਪਿੰਡ ਸੈਦ ਜਲਾਲਪੁਰ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਮੇਰਾ ਪੁੱਤਰ ਰੁਬਲ ਅਤੇ ਉਸ ਦੀ ਪਤਨੀ ਵੀਨਾ ਰਾਣੀ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ ਸੁਖਵਿੰਦਰ ਕੌਰ ਪਤਨੀ ਹਰਦੀਪ ਸਿੰਘ ਵਾਸੀ ਉੱਚਾ ਕਿਲਾ, ਹਰਸ਼ਾ ਛੀਨਾ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਦੀ ਰਹਿਣ ਵਾਲੀ ਹਾਂ। ਇਹ ਕਿ ਮੇਰਾ ਪੁੱਤਰ ਸਤਨਾਮ ਸਿੰਘ ਮੇਰੇ ਕਹਿਣੇ-ਸੁਣਨੇ ਤੋਂ ਬਾਹਰ ਹੈ ਅਤੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਕ੍ਰਿਪਾ ਕਰਕੇ ਸੰਬੰਧਤ ਨੋਟ ਕਰ ਲੈਣ।

ਮੈਂ, ਬਲਵਿੰਦਰ ਸਿੰਘ ਪੁੱਤਰ ਸ਼੍ਰੀ ਗੁਰਮੀਤ ਸਿੰਘ ਵਾਸੀ ਪਿੰਡ ਕਾਹਨਪੁਰ, ਜ਼ਿਲਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਕਸ਼ੇ ਕੁਮਾਰ ,ਉਸਦੀ ਪਤਨੀ ਪੂਜਾ ਰਾਣੀ ਅਤੇ ਉਹਨਾਂ ਦੇ ਵਾਰਸਾਨ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ ਭਗਵਾਨ ਲਾਲ ਸ਼ਾਹ ਪੁੱਤਰ ਸ਼੍ਰੀ ਵਿਲਾਸ ਸ਼ਾਹ ਵਾ ਪੂਨਮ ਦੇਵੀ ਪਤਨੀ ਸ਼੍ਰੀ ਭਗਵਾਨ ਲਾਲ ਸ਼ਾਹ, ਵਾਸੀਆਨ ਮਕਾਨ ਨੰਬਰ 46-ਬੀ, ਗਲੀ ਨੰਬਰ 7, ਨਿਊ ਰਤਨ ਨਗਰ, ਜ਼ਿਲ੍ਹਾ ਜਲੰਧਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਖਿਲੇਸ਼ ਕੁਮਾਰ , ਉਸਦੀ ਪਤਨੀ ਚੰਦਾ ਅਤੇ ਉਹਨਾਂ ਦੇ ਵਾਰਸਾਨ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਹਨਾ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਹਨਾ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਪ੍ਰਸ਼ੋਤਮ ਲਾਲ ਪੁੱਤਰ ਮਦਨ ਲਾਲ, ਵਾਸੀ ਕੋਟ ਈਸੇ ਖਾਂ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰੋਹਿਤ ਕੁਮਾਰ ਅਤੇ ਨੂੰਹ ਚਾਂਦਨੀ ਪਤਨੀ ਰੋਹਿਤ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਸੁਖਜੀਤ ਕੌਰ ਪਤਨੀ ਗੁਰਦਿਆਲ ਸਿੰਘ, ਵਾਸੀ ਪਿੰਡ ਮਹਿਤਾ ਚੌਕ, ਤਹਿਸੀਲ ਬਾਬਾ ਬਕਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਸ਼ਨਦੀਪ ਸਿੰਘ ਅਤੇ ਉਸ ਦੀ ਪਤਨੀ ਗੀਤਿਕਾ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਪਰਵਾਰ ਤੋਂ ਵੱਖਰੇ ਰਹਿੰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਦੇ ਕਿਸੇ ਵੀ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜ਼ਿੰਮੇਵਾਰ ਹੋਣਗੇ। ਮੇਰਾ ਤੇ ਮੇਰੇ ਪਰਵਾਰ ਦਾ ਉਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਅਸੀਂ, ਰਾਮ ਸਜੀਵਨ ਪੁੱਤਰ ਹਰਿਪ੍ਰਸਾਦ ਅਤੇ ਪੂਨਮ ਪਤਨੀ ਰਾਮ ਸਜੀਵਨ, ਵਾਸੀਆਨ ਮਕਾਨ ਨੰ: 27/28, ਗਲੀ ਨੰ: 4, ਨਿਊ ਆਜ਼ਾਦ ਨਗਰ ਹਾਲ ਮੌਜੂਦਾ ਮਕਾਨ ਨੰ: 14, ਗਲੀ ਨੰ:2, ਨਿਊ ਆਜ਼ਾਦ ਨਗਰ ਸੁਲਤਾਵਿੰਡ ਰੋਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਡਿੰਪਲ, ਜੋ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਅਤੇ ਸਾਡੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਕਿਸ਼ੋਰ ਚੰਦ ਸ਼ਰਮਾ ਪੁੱਤਰ ਸ੍ਰੀ ਖਿਆਲੀ ਰਾਮ, ਵਾਸੀ ਮਕਾਨ ਨੰ: 2075, ਗਲੀ ਨੰ: 1, ਚੌਧਰੀ ਹਰੀ ਸਿੰਘ ਨਗਰ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੌਰਵ ਸ਼ਰਮਾ ਉਰਫ ਸੰਨੀ ਅਤੇ ਉਸ ਦੀ ਪਤਨੀ ਵੀਨਾ ਸ਼ਰਮਾ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਸੰਬੰਧ ਨਹੀਂ ਹੈ।

ਅਸੀਂ, ਸੂਰਜ ਸਿੰਘ ਪੁੱਤਰ ਪੁਤੀ ਸਿੰਘ ਅਤੇ ਕਲਪਨਾ ਪਤਨੀ ਸੂਰਜ ਸਿੰਘ ਵਾਸੀ ਪਲਾਟ ਨੰਬਰ 31, ਸਰਨਾਮਦਾਸ ਭਾਰਤ ਨਗਰ, ਮਾਲ ਮੰਡੀ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਦੀਪਕ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਕਰਨੈਲ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਲੱਖਣ ਕਲਾਂ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਵੀਨ ਸਿੰਘ ਜੋ ਕਿ ਮੇਰੇ ਕਹਿਣੇਕਾਰ ਤੋਂ ਬਾਹਰ ਹੈ ਅਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਸਾਦਕ ਪੁੱਤਰ ਅਜੀਜ ਵਾਸੀ ਪਿੰਡ ਮਸੀਤਾਂ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬੂਟਾ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਅਸੀਂ, ਪੂਰਨ ਚੰਦ ਪੁੱਤਰ ਸ੍ਰੀ ਮੁਨਸ਼ੀ ਰਾਮ ਅਤੇ ਜਸਵਿੰਦਰ ਕੌਰ ਪਤਨੀ ਸ੍ਰੀ ਪੂਰਨ ਚੰਦ, ਵਾਸੀ ਪਿੰਡ ਤੇ ਡਾਕ. ਟਾਹਲੀ, ਤਹਿ. ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਕਰਨ ਜੋ ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰਕ ਮੈਂਬਰਾ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਅਸੀਂ, ਪਵਨ ਕੁਮਾਰ ਪੁੱਤਰ ਓਮ ਪ੍ਰਕਾਸ਼ ਅਤੇ ਪੂਨਮ ਕੁਮਾਰੀ ਪਤਨੀ ਪਵਨ ਕੁਮਾਰ, ਵਾਸੀਆਨ ਮਕਾਨ ਨੰ: 02, ਸੁੰਦਰ ਨਗਰ, ਮੇਨ ਬਾਜ਼ਾਰ, ਨੇੜੇ ਪਰਸ਼ੂਰਾਮ ਮੰਦਰ, ਤਹਿ. ਵਾ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਗੌਰਵ ਯਾਦਵ ਅਤੇ ਉਸ ਦੀ ਪਤਨੀ ਸਵਾਤੀ, ਜੋ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਡੇ ਨਾਲ ਲੜਾਈ- ਝਗੜਾ, ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

## ਆਮ ਸੂਚਨਾ

ਮੈਂ, ਜਸਵੰਤ ਸਿੰਘ ਪੁੱਤਰ ਸ. ਪ੍ਰੀਤਮ ਸਿੰਘ ਵਾਸੀ ਮਕਾਨ ਨੰ. 399, ਸ਼ਾਤੀ ਵਿਹਾਰ, ਮਕਸੂਦਾਂ, ਨੰਦਨਪੁਰ, ਨਾਗਰਾ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਪੁੱਤਰੀ ਜੈਸਦੀਪ ਕੌਰ ਜਿਸ ਦੀ ਉਮਰ 26 ਸਾਲ ਤੋਂ ਵੱਧ ਹੈ, ਨੇ ਆਪਣਾ ਨਾਂ ਰਾਣੀ ਤੋਂ ਜੈਸਦੀਪ ਕੌਰ ਮੇਰੀ ਮਰਜੀ ਨਾਲ ਤਬਦੀਲ ਕਰ ਲਿਆ ਹੈ। ਮੈਂ ਇੱਕੋ ਅਤੇ ਉਹੀ ਵਿਅਕਤੀ ਹਾਂ ਜਿਸ ਦਾ ਨਾਂ ਮੇਰੇ ਦੂਸਰੇ ਡਾਕੂਮੈਂਟਸ ਵਿੱਚ ਜੈਸਦੀਪ ਕੌਰ ਹੈ। ਸੰਬੰਧਿਤ ਨੋਟ ਕਰਨ।

ਅਸੀਂ, ਜਗਜੀਵਨ ਸਿੰਘ ਪੁੱਤਰ ਲੇਟ ਅਵਤਾਰ ਸਿੰਘ, ਵਾਸੀ 5891, ਜੋਤੀਸਰ ਐਵੇਨਿਊ, ਜੰਡਿਆਲਾ ਗੁਰੂ, ਅੰਮ੍ਰਿਤਸਰ ਅਤੇ ਪ੍ਰਭਜੋਤ ਕੌਰ ਪਤਨੀ ਰਣਜੀਤ ਸਿੰਘ ਪੁੱਤਰ ਲੇਟ ਅਵਤਾਰ ਸਿੰਘ ਵਾਸੀ ਪਿੰਡ ਜਵੰਦਪੁਰ, ਡਾਕਖਾਨਾ ਮੀਆਂਵਿੰਡ, ਜ਼ਿਲ੍ਹਾ ਤਾਰਨ ਤਾਰਨ ਬਿਆਨ ਕਰਦੇ ਹਾਂ ਕਿ ਸਾਡੇ ਮਾਤਾ-ਪਿਤਾ ਦੀ ਮੌਤ ਹੋ ਚੁੱਕੀ ਹੈ ਤੇ ਸਾਡਾ ਭਰਾ ਅਕਾਸ਼ਦੀਪ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਅਸੀਂ ਉਸ ਨਾਲੋਂ ਆਪਣੇ ਸਾਰੇ ਸੰਬੰਧ ਖਤਮ ਕਰਦੇ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਅਸੀਂ ਅਤੇ ਸਾਡਾ ਪਰਵਾਰ ਜ਼ਿੰਮੇਵਾਰ ਨਹੀਂ ਹੋਵੇਗਾ, ਉਹ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਉਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮਾਗਾ ਰਾਮ ਪੁੱਤਰ ਮੇਹਰੂ ਰਾਮ ਪਿੰਡ ਬੁਸੈਹਿਰਾ ਈਏ-176 ਦੇ ਨਾਮ ਮੋਟਰ ਕੁਨੈਕਸ਼ਨ ਹੈ। ਇਸ ਨੂੰ ਬਦਲ ਕੇ ਜਗਪਾਲ ਪੁੱਤਰ ਮਾਗਾ ਰਾਮ ਵਾਸੀ ਬੁਸੈਹਿਰਾ ਦੇ ਨਾਮ ਬਦਲੀ ਕਰਨ ਦੀ ਅਰਜੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ ਹੈ ਤਾਂ 15 ਦਿਨਾ ਵਿੱਚ ਕਰ ਸਕਦਾ ਹੈ ਵੱਲੋਂ:- ਐਸ.ਡੀ.ਓ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਬੰਗਾਂ।

ਮੈਂ ਮਨਜਿੰਦਰ ਕੌਰ ਪੁੱਤਰੀ ਹਾਕਮ ਸਿੰਘ ਪੁੱਤਰ ਸੁਰੈਣ ਸਿੰਘ ਵਾਸੀ ਝੋਕ ਨੋਧ ਸਿੰਘ ਵਾਲਾ ਤਹਿਸੀਲ ਵਾ ਫਿਰੋਜ਼ਪੁਰ ਦੀ ਰਹਿਣ ਵਾਲੀ ਹਾਂ। ਮੇਰਾ ਮਾਲ ਰਿਕਾਰਡ ਵਿਚ ਨਾਮ ਮਨਿੰਦਰ ਸਿੰਘ ਵਿਧਵਾ ਹਾਕਮ ਸਿੰਘ ਅਤੇ ਮਨਿੰਦਰ ਕੌਰ ਪੁੱਤਰੀ ਹਾਕਮ ਸਿੰਘ ਚੱਲਦਾ ਹੈ ਜੋ ਕਿ ਇਹ ਦੋਵੇਂ ਨਾਮ ਗਲਤ ਹਨ। ਮੇਰਾ ਅਸਲੀ ਨਾਮ ਮਨਜਿੰਦਰ ਕੌਰ ਪੁੱਤਰੀ ਹਾਕਮ ਸਿੰਘ ਹੈ। ਜੇਕਰ ਕਿਸੇ ਨੂੰ ਇਤਰਾਜ਼ ਹੋਵੇ ਤਾਂ 15 ਦਿਨਾਂ ਵਿਚ ਜੁਆਇੰਟ ਸਬ ਰਜਿਸਟਰਾਰ ਦੇ ਦਫਤਰ ਮਮਦੋਟ ਵਿਖੇ ਲਿਖਤੀ ਪੇਸ਼ ਕਰੇ।

ਇਕ ਟਿਊਬਵੈੱਲ ਕੁਨੈਕਸ਼ਨ ਕੇ-802, 7.5 ਹਾਰਸ ਪਾਵਰ ਜੋ ਕੁਲਵੰਤ ਸਿੰਘ ਪੁੱਤਰ ਨਰਿੰਜਨ ਸਿੰਘ ਵਾਸੀ ਪਿੰਡ ਝੰਜੋਟੀ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਦੇ ਨਾਂਅ 'ਤੇ ਚੱਲ ਰਿਹਾ ਹੈ। ਹੁਣ ਇਹ ਕੁਨੈਕਸ਼ਨ ਸੰਨਜੀਵਨਜੀਤ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀ ਪਿੰਡ ਝੰਜੋਟੀ ਦੇ ਨਾਂਅ 'ਤੇ ਤਬਦੀਲ ਹੋਣ ਜਾ ਰਿਹਾ ਹੈ। ਜੇ ਇਸ ਨਾਂਅ ਦੇ ਤਬਦੀਲ ਹੋਣ ਸੰਬੰਧੀ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ 10 ਦਿਨਾਂ ਦੇ ਅੰਦਰ-ਅੰਦਰ ਉਪ-ਮੰਡਲ ਅਫਸਰ ਪੀ ਐੱਸ ਪੀ ਸੀ ਐੱਲ ਚੋਗਾਵਾਂ ਨਾਲ ਸੰਪਰਕ ਕਰ ਸਕਦਾ ਹੈ। ਬਾਅਦ ਵਿਚ ਕੋਈ ਵੀ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ।

ਇਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰ: ਏ 32 ਏ ਪੀ 120043 ਐੱਮ, ਜੋ ਕਿ ਸਰਦੂਲ ਸਿੰਘ ਪੁੱਤਰ ਚੂਹੜ ਸਿੰਘ ਵਾਸੀ ਪਿੰਡ ਦੁੱਬਲੀ, ਤਹਿਸੀਲ ਪੱਟੀ, ਜ਼ਿਲ੍ਹਾ ਤਾਰਨ ਤਾਰਨ ਦੇ ਨਾਂਅ 'ਤੇ ਚੱਲ ਰਿਹਾ ਹੈ, ਨੂੰ ਗੁਰਨਾਮ ਸਿੰਘ ਪੁੱਤਰ ਸੰਤੋਖ ਸਿੰਘ ਵਾਸੀ ਚੱਕ ਕਮਾਲ ਖਾਂ, ਤਹਿਸੀਲ ਰਾਜਾਸਾਂਸੀ, ਜ਼ਿਲ੍ਹਾ ਅੰਮ੍ਰਿਤਸਰ ਦੇ ਨਾਂਅ 'ਤੇ ਬਦਲੀ ਕਰਨ ਦੀ ਅਰਜ਼ੀ ਆਈ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਨੋਟਿਸ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਪੀ ਐੱਸ ਪੀ ਸੀ ਐੱਲ ਉਪ-ਮੰਡਲ ਅਫਸਰ ਚੋਗਾਵਾਂ ਨੂੰ ਆਪਣਾ ਇਤਰਾਜ਼ ਪੇਸ਼ ਕਰੇ। ਬਾਅਦ ਵਿਚ ਕੋਈ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ।

ਮੈਂ, ਸਿਮਰਜੀਤ ਕੌਰ ਪਤਨੀ ਮਾਗਜਿੰਦਰ ਸਿੰਘ ਵਾਸੀ ਮ.ਨੰ. 39, ਸੂਰਿਆ ਇਨਕਲੇਵ, ਕਪੂਰਥਲਾ, ਪੰਜਾਬ ਬਿਆਨ ਕਰਦੀ ਹਾਂ ਕਿ ਬੈਨਾਮਾ ਰਜਿਸਟਰੀ ਵਾਕਿਆ ਰਕਬਾ ਪਿੰਡ ਕਪੂਰਥਲਾ ਗਰਬੀ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ ਜਿਸਦਾ ਬੈਨਾਮਾ ਵਸੀਕਾ ਨੰਬਰ 2019-20/30/1/1959 ਮਿਤੀ 07-10-2019 ਤਸਦੀਕ ਸਬ ਰਜਿਸਟਰਾਰ ਕਪੂਰਥਲਾ ਜੋ ਕਿ ਮਿਤੀ 13-07-2026 ਨੂੰ ਕਿੱਧਰੇ ਗੁੰਮ ਹੋ ਗਿਆ ਹੈ। ਜੇਕਰ ਕਿਸੇ ਨੂੰ ਉਕਤ ਦਸਤਾਵੇਜ ਮਿਲਣ ਤਾਂ ਉਪਰੋਕਤ ਪਤੇ ਤੇ ਸੰਪਰਕ ਕਰੋ। ਸੰਬੰਧਿਤ ਨੋਟ ਕਰਨ।

ਮੈਂ, ਹਨੀ ਗੁਪਤਾ ਪੁੱਤਰ ਹਰੀ ਕ੍ਰਿਸ਼ਨ ਅਗਰਵਾਲ ਵਾਸੀ ਮਕਾਨ ਨੰਬਰ 117, ਅਰਬਨ ਅਸਟੇਟ, ਕੂਪਥਲਾ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਇੱਕ ਹੈਂਡ ਬੈਗ ਜਿਸ ਵਿੱਚ ਦੋ ਬੈਨਾਮਾ ਅਸਲ ਵਾ ਇਕ ਜੇ.ਡੀ. ਵਲੋਂ ਜਾਰੀ ਕੀਤਾ ਮਾਲਕੀ ਸਬੂਤ (ਤਬਦੀਲ ਮਲਕੀਅਤ ਸਰਟੀਫਿਕੇਟ) ਵਾਕਿਆ ਰਕਬਾ ਅਰਬਨ ਅਸਟੇਟ ਕਪੂਰਥਲਾ ਜਿਸਦਾ ਵਸੀਕਾ ਨੰਬਰ 4461 ਮਿਤੀ 05-02-2008 ਵਾ ਵਸੀਕਾ ਨੰਬਰ 1550 ਮਿਤੀ 14-08-2023 ਦੋਨੋ ਤਸਦੀਕ ਸਬ ਰਜਿਸਟਰਾਰ ਕਪੂਰਥਲਾ ਵਾ ਮਾਲਕੀ ਤਬਦੀਲੀ ਸਰਟੀਫਿਕੇਟ ਮੀਮੋ ਨੰਬਰ ਜੇ.ਡੀ.ਏ/ਮੀ:ਅ/2023/JDA/22-23/CLH/16 ਮਿਤੀ 23-03-2023 ਜੋ ਮਿਤੀ 14-07-2026 ਨੂੰ ਨਜਦੀਕ ਬੱਸ ਸਟੈਂਡ ਕਪੂਰਖਲਾ ਵਿੱਖੇ ਕਿੱਧਰੇ ਡਿੱਗ ਗਿਆ ਹੈ। ਜੇਕਰ ਕਿਸੇ ਨੂੰ ਉਕਤ ਦਸਤਾਵੇਜ ਮਿਲਣ ਤਾਂ ਉਪਰੋਕਤ ਪਤੇ ਤੇ ਸੰਪਰਕ ਕਰੋ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਨਰਕ ਭਰੀ ਜ਼ਿੰਦਗੀ ਜਿਊਣ ਲਈ ਮਜਬੂਰ ਮੱਲ੍ਹਾ ਵਾਸੀ



ਹਠੂਰ, (ਲਵਲੀ ਕੁਮਾਰ) ਪਿਛਲੇ ਕਈ ਸਾਲਾਂ ਤੋਂ ਪਿੰਡ ਮੱਲ੍ਹਾ ਦੇ ਵੱਡੇ ਖੂਹ ਨਜਦੀਕ ਗ੍ਰਾਮ ਪੰਚਾਇਤ ਮੱਲ੍ਹਾ ਦੀ ਜਗ੍ਹਾ 'ਤੇ ਕੂੜਾ-ਕਰਕਟ ਸੁੱਟ ਕੇ ਰੂੜੀਆਂ ਲੱਗੀਆਂ ਹੋਈਆਂ ਹਨ। ਇਨ੍ਹਾਂ ਰੂੜੀਆਂ ਨੂੰ ਚੁਕਾਉਣ ਲਈ ਪਿੰਡ ਮੱਲ੍ਹਾ ਦੇ ਵਾਰਡ ਨੰਬਰ ਛੇ ਦੇ ਪੰਚ ਗੁਰਚਰਨ ਸਿੰਘ ਚੰਨਾ ਅਤੇ ਵਾਰਡ ਨੰਬਰ ਨੌਂ ਦੀ ਪੰਚ ਮਨਜੀਤ ਕੌਰ ਦੀ ਅਗਵਾਈ ਹੇਠ ਦੋਵੇ ਵਾਰਡ ਦੇ ਇਕੱਠੇ ਕੀਤਾ ਗਿਆ। ਗੁਰਵਿੰਦਰ ਸਿੰਘ ਆਸਟਰੇਲੀਆ ਵਾਲੇ, ਪਰਮਜੀਤ ਸਿੰਘ ਫੌਜੀ, ਗੁਰਮੀਤ ਸਿੰਘ ਗੋਪੀ, ਗੁਰਦੇਵ ਸਿੰਘ ਆਦਿ ਨੇ ਕਿਹਾ ਕਿ ਫਰਵਰੀ 2026 ਵਿਚ ਨੇੜਲੇ ਘਰਾਂ ਦੇ ਲੋਕਾਂ ਨੇ ਗ੍ਰਾਮ ਪੰਚਾਇਤ ਮੱਲ੍ਹਾ ਨੂੰ ਸਹਿਮਤੀ ਦਿੱਤੀ ਸੀ ਕਿ ਇਸ ਸ਼ਾਮਲਾਟ ਵਿਚ ਰੂੜੀਆਂ ਚੁਕਾ ਕੇ ਸੁੰਦਰ ਪਾਰਕ ਬਣਾਇਆ ਜਾਵੇ ਤਾਂ ਗ੍ਰਾਮ ਪੰਚਾਇਤ ਮੱਲ੍ਹਾ ਨੇ 28 ਮਾਰਚ 2026 ਨੂੰ ਮਤਾ ਪਾਸ ਕਰਕੇ ਰੂੜੀਆ ਚੁੱਕਣੀਆਂ ਸ਼ੁਰੂ ਕਰ ਦਿੱਤੀਆਂ, ਪਰ ਦੋ-ਚਾਰ ਘਰਾਂ ਵੱਲੋਂ ਵਿਰੋਧ ਕਰਨ ਤੇ ਗ੍ਰਾਮ ਪੰਚਾਇਤ ਦਾ ਕੰਮ ਅੱਧ ਵਿਚਕਾਰ ਹੀ ਰੁਕ ਗਿਆ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਇਸ ਸ਼ਾਮਲਾਟ ਵਿੱਚ ਵੱਡੀ ਪੱਧਰ 'ਤੇ ਕੂੜਾ-ਕਰਕਟ ਸੁੱਟਿਆ ਜਾਂਦਾ ਹੈ ਤੇ ਇੱਥੇ ਘਰਾਂ ਵੱਲੋਂ ਸੀਵਰੇਜ ਦੇ ਪਾਇਪਾਂ ਵਿੱਚ ਪਥ੍ਹਆ ਦਾ ਗੋਹਾ, ਪਲਾਸਟਿਕ ਦੇ ਲਿਫਾਫੇ ਰੋੜ੍ਹ ਕੇ ਪਾਇਪ ਬੰਦ ਕਰ ਦਿੱਤੇ ਹਨ, ਜਿਸ ਨਾਲ ਸੀਵਰੇਜ ਦੀਆਂ ਹੌਦੀਆਂ ਬੰਦ ਹੋ ਕੇ ਪਾਣੀ ਓਵਰਫਲੋਅ ਹੋ ਕੇ ਨੇੜਿਓਂ ਦੀ ਲੰਘਦੀ ਸੜਕ ਅਤੇ ਪੰਚਾਇਤੀ ਸ਼ਾਮਲਾਟ ਵਿੱਚ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸਮੱਸਿਆ ਸਬੰਧੀ ਅਸੀਂ ਪੰਚਾਇਤੀ ਤੌਰ 'ਤੇ 28 ਮਾਰਚ ਨੂੰ ਮੰਗ ਪੱਤਰ ਦੇ ਚੁੱਕੇ ਹਾਂ, ਜਿਨ੍ਹਾਂ ਨੇ 01 ਅਪ੍ਰੈਲ ਨੂੰ ਪੁਲਿਸ ਥਾਣਾ ਹਠੂਰ ਨੂੰ ਭੇਜ ਦਿੱਤੀ ਹੈ, ਪਰ ਅੱਜ 111 ਦਿਨ ਬੀਤ ਜਾਣ ਦੇ ਬਾਵਜੂਦ ਕੋਈ ਕਾਰਵਾਈ ਨਹੀ ਹੋਈ।

# ਐੱਸ ਆਈ ਆਰ -2026 ਵੋਟਰ ਸੂਚੀਆਂ ਦੀ ਸੁਧਾਈ ਲਈ ਸੋਧਿਆ ਸ਼ਡਿਊਲ ਜਾਰੀ



ਮਾਲੇਰਕੋਟਲਾ, (ਅਸਗਰ ਪਰਿਹਾਰ)- ਭਾਰਤ ਚੋਣ ਕਮਿਸ਼ਨ ਵੱਲੋਂ 01 ਅਕਤੂਬਰ 2026 ਨੂੰ ਯੋਗਤਾ ਮਿਤੀ ਮੰਨਦੇ ਹੋਏ ਪੰਜਾਬ ਵਿੱਚ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.)-2026 ਮੁਹਿੰਮ ਦੇ ਸ਼ਡਿਊਲ ਵਿੱਚ ਸੋਧ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਵਿਰਾਜ ਐੱਸ. ਤਿੜਕੇ ਨੇ ਦੱਸਿਆ ਕਿ ਸੋਧੇ ਹੋਏ ਸ਼ਡਿਊਲ ਅਨੁਸਾਰ ਬੂਥ ਲੈਵਲ ਅਫ਼ਸਰਾਂ (ਬੀ.ਐੱਲ.ਓਜ਼) ਵੱਲੋਂ ਘਰ-ਘਰ ਜਾ ਕੇ ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਤੇ ਐਨੂਮਿਰੇਸ਼ਨ ਨਾਲ ਸਬੰਧਤ ਕੰਮ ਹੁਣ 03 ਅਗਸਤ 2026 ਤੱਕ ਜਾਰੀ ਰਹਿਣਗੇ। ਇਸ ਤੋਂ ਬਾਅਦ 03 ਅਗਸਤ 2026 ਨੂੰ ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜ਼ੇਸ਼ਨ/ਪੁਨਰ-ਵਿਵਸਥਾ ਦੀ ਪ੍ਰਕਿਰਿਆ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸੋਧੇ ਹੋਏ ਕਾਰਜਕ੍ਰਮ ਅਨੁਸਾਰ ਡਰਾਫਟ ਵੋਟਰ ਸੂਚੀ 13 ਅਗਸਤ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਇਸ ਤੋਂ ਬਾਅਦ ਵੋਟਰਾਂ ਤੇ ਹੋਰ ਸਬੰਧਤ ਵਿਅਕਤੀਆਂ ਨੂੰ 13 ਅਗਸਤ ਤੋਂ 12 ਸਤੰਬਰ 2026 ਤੱਕ ਦਾਅਵੇ ਤੇ ਇਤਰਾਜ਼ ਦਾਇਰ ਕਰਨ ਦਾ ਮੌਕਾ ਮਿਲੇਗਾ। ਦਾਅਵਿਆਂ ਤੇ ਇਤਰਾਜ਼ਾਂ ਦਾ ਨਿਪਟਾਰਾ ਕਰਨ ਉਪਰੰਤ ਅੰਤਿਮ ਵੋਟਰ ਸੂਚੀ 12 ਅਕਤੂਬਰ 2026 ਨੂੰ ਪ੍ਰਕਾਸ਼ਤ ਕੀਤੀ ਜਾਵੇਗੀ। ਜ਼ਿਲ੍ਹਾ ਚੋਣ ਅਫ਼ਸਰ ਨੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਐੱਸ.ਆਈ.ਆਰ.-2026 ਦੀ ਪ੍ਰਕਿਰਿਆ ਵਿੱਚ ਸਰਗਰਮ ਸਹਿਯੋਗ ਦੇਣ ਅਤੇ ਬੀ.ਐੱਲ.ਓਜ਼ ਵੱਲੋਂ ਘਰ-ਘਰ ਪਹੁੰਚ ਦੌਰਾਨ ਲੋੜੀਂਦੀ ਜਾਣਕਾਰੀ ਤੇ ਐਨੂਮਿਰੇਸ਼ਨ ਫਾਰਮ ਸਬੰਧੀ ਕਾਰਵਾਈ ਸਮੇਂ ਸਿਰ ਪੂਰੀ ਕਰਵਾਉਣ।

## COURT NOTICE

In The Court of Sh. Sparsh Puri
Civil Judge Junior Division,
Amritsar
CNR NO. PBAS02-001099-2023
CASE NO. CS/703/2024
NEXT DATE : 17-08-2026

Satbir Singh Age 37 Years S/o Sukhwinder Singh S/o Niranjan Singh R/o Village Khapar-Kheri, Tehsil and Distt. Amritsar. ......plaintiff

Versus

Jarmail Singh And Others. ....defendants

Notice To Defendant :-

6. Baljinder Kaur D/o Niranjan Singh W/o Manjit Singh R/o Village Chabba, Near Sarhali, Tehsil and Distt. Tarn Taran.

Suit For Declaration And PI

In The Above Titled Case, The Defendant Could Not Be Served Through Ordinary Process. It Is Ordered That Defendant Should Appear In Person or Through Counsel on 17-08-2026.

For details logon to https://highcourtchd.gov.in/?trs=district_notice&district=amritsar.

Given under my hand and the seal of the Court, this 16-07-2026.

Sparsh Puri
Civil Judge Junior Division, Amritsar

## COURT NOTICE

(U/o 5 Rule 20 CPC)
In The Court of
Hasan Deep Singh Bajwa
Additional Civil Judge (Senior Division), Kharar
CNR No. PBSAA0-000402-2026
Next Date:- 15-09-2026
SUCC/9/2026

Lovepreet Kaur W/o Dalvir Singh @ Dilbir Singh S/o Kesar Singh R/o Near Govt. School, Vill. Chahar Majra, Tehsil Kharar Distt. Mohali .

Vs.

General Public

Publication Issued To:
General Public
:- General Public

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 15-09-2026 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge (Senior Division) Kharar
Dated, this day of 16-07-2026

## ਪਬਲਿਕ ਨੋਟਿਸ

ਬਾ-ਅਦਾਲਤ ਸਹਾਇਕ ਕੁਲੈਕਟਰ, ਦਰਜਾ ਦੋਇਮ-ਕਮ-ਨਾਇਬ ਤਹਿਸੀਲਦਾਰ, ਬੁਢਲਾਡਾ
ਨੋਟਿਸ ਬਨਾਮ ਆਮ ਜਨਤਾ

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਵਿਅਕਤੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸੁਖਵਿੰਦਰ ਸਿੰਘ ਪੁੱਤਰ ਗੁਰਮੇਲ ਸਿੰਘ ਵਾਸੀ ਪਿੰਡ ਬੀਰੋਕੇ ਕਲਾਂ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਵੱਲੋਂ ਦਰਖਾਸਤ ਪੇਸ਼ ਕੀਤੀ ਗਈ ਹੈ ਕਿ ਮੇਰੇ ਅਧਾਰ ਕਾਰਡ, ਵੋਟਰ ਕਾਰਡ ਵਿੱਚ ਮੇਰੇ ਪਿਤਾ ਦਾ ਨਾਂਅ ਗੁਰਮੇਲ ਸਿੰਘ ਹੈ। ਜਮ੍ਹਾਂਬੰਦੀ ਵਿੱਚ ਮੇਰੇ ਪਿਤਾ ਦਾ ਨਾਂਅ ਮੇਲਾ ਸਿੰਘ ਹੈ। ਮੇਰੇ ਪਿਤਾ ਜੀ ਨੂੰ ਗੁਰਮੇਲ ਸਿੰਘ ਅਤੇ ਮੇਲਾ ਸਿੰਘ ਦੋਵੇਂ ਨਾਵਾਂ ਨਾਲ ਜਾਣਿਆ ਜਾਂਦਾ ਹੈ। ਉਸ ਵੱਲੋਂ ਮੰਗ ਕੀਤੀ ਗਈ ਹੈ ਕਿ ਜਮ੍ਹਾਂਬੰਦੀ ਸਾਲ 2023 24 ਪਿੰਡ ਬੀਰੋਕੇ ਕਲਾਂ ਵਿੱਚ ਉਸ ਦੇ ਪਿਤਾ ਦਾ ਨਾਂਅ ਗੁਰਮੇਲ ਸਿੰਘ ਉਰਫ਼ ਮੇਲਾ ਸਿੰਘ ਦਰਜ ਕੀਤਾ ਜਾਵੇ।

ਜੇਕਰ ਕਿਸੇ ਵੀ ਵਿਅਕਤੀ ਨੂੰ ਦਰਖਾਸਤ ਕਰਤਾ ਦੇ ਨਾਂਅ ਮਾਲ ਰਿਕਾਰਡ ਪਿੰਡ ਬੀਰੋਕੇ ਕਲਾਂ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਵਿੱਚ ਪ੍ਰਾਰਥੀ ਦੇ ਪਿਤਾ ਦਾ ਨਾਂਅ ਗੁਰਮੇਲ ਸਿੰਘ ਉਰਫ਼ ਮੇਲਾ ਸਿੰਘ ਪੁੱਤਰ ਬਚਨ ਸਿੰਘ ਤਬਦੀਲੀ ਸੰਬੰਧੀ ਕੋਈ ਇਤਰਾਜ਼ ਹੈ ਤਾਂ ਉਹ ਇਸ ਇਸ਼ਤਿਹਾਰ ਦੇ ਪ੍ਰਕਾਸ਼ਿਤ ਹੋਣ ਤੋਂ ਇੱਕ ਮਹੀਨੇ ਦੇ ਅੰਦਰ-ਅੰਦਰ ਨਿਮਨ ਹਸਤਾਖਰ ਪਾਸ ਅਸਾਲਤਨ ਜਾਂ ਵਕਾਲਤਨ ਪੇਸ਼ ਹੋ ਕਰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕਿਸੇ ਵੀ ਕਿਸਮ ਦੇ ਇਤਰਾਜ਼ ਪਰ ਕੋਈ ਗੌਰ ਨਹੀਂ ਕੀਤੀ ਜਾਵੇਗੀ ਅਤੇ ਦਰਖਾਸਤ ਕਰਤਾ ਦੇ ਪਿਤਾ ਦਾ ਨਾਂਅ ਮਾਲ ਰਿਕਾਰਡ ਪਿੰਡ ਬੀਰੋਕੇ ਕਲਾਂ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਵਿੱਚ ਗੁਰਮੇਲ ਸਿੰਘ ਉਰਫ਼ ਮੇਲਾ ਸਿੰਘ ਪੁੱਤਰ ਬਚਨ ਸਿੰਘ ਕਰ ਦਿੱਤਾ ਜਾਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 9-07-2026 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਰਾਹੀਂ ਜਾਰੀ ਕੀਤਾ ਗਿਆ

ਸਹਾਇਕ ਕੁਲੈਕਟਰ, ਦਰਜਾ ਦੋਇਮ -ਕਮ-ਤਹਿਸੀਲਦਾਰ, ਬੁਢਲਾਡਾ।
ਨੰਬਰ 845/ਰੀ-1 ਮਿਤੀ : 9/7/2026

## ਪਬਲਿਕ ਨੋਟਿਸ

ਸਰਕਲ ਰੈਵੇਨਿਊ ਅਫਸਰ-ਕਮ-ਨਾਇਬ ਤਹਿਸੀਲਦਾਰ, ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ (ਪੰਜਾਬ)।
(ਨੋਟਿਸ ਬਨਾਮ ਆਮ ਜਨਤਾ)

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਵਿਅਕਤੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਮੰਗਤ ਰਾਮ ਪੁੱਤਰ ਬੀਰਬਲ ਰਾਮ ਵਾਸੀ ਪਿੰਡ ਕਾਹਨੇਵਾਲਾ, ਤਹਿਸੀਲ ਸਰਦੂਲਗੜ੍ਹ ਜ਼ਿਲ੍ਹਾ ਮਾਨਸਾ ਨੇ ਇੱਕ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਹੈ ਕਿ ਉਨ੍ਹਾਂ ਦੇ ਆਧਾਰ ਕਾਰਡ, ਵੋਟ ਕਾਰਡ, ਬੈਂਕ ਖਾਤਾ ਵਿੱਚ ਮੇਰੇ ਪਿਤਾ ਜੀ ਦਾ ਨਾਂਅ ਬੀਰਬਲ ਰਾਮ ਅਤੇ ਮੇਰਾ ਨਾਂਅ ਮੰਗਤ ਰਾਮ ਪੁੱਤਰ ਬੀਰਬਲ ਰਾਮ ਦਰਜ ਹੈ ਅਤੇ ਪਿੰਡ ਕਾਹਨੇਵਾਲਾ ਦੀ ਜਮ੍ਹਾਂਬੰਦੀ 2023-24 ਦੀ ਖੇਵਟ ਨੰਬਰ 38 ਅਤੇ 102 ਵਿੱਚ ਇਨ੍ਹਾਂ ਦੇ ਪਿਤਾ ਦਾ ਨਾਂਅ ਬੀਰਬਲ ਅਤੇ ਮੇਰਾ ਨਾਂਅ ਮੰਗਤੂ ਰਾਮ ਦਰਜ ਹੈ। ਦਰਅਸਲ ਇਨ੍ਹਾਂ ਦੋਵਾਂ ਵਿਅਕਤੀਆਂ ਨੂੰ ਦੋਵੇਂ ਨਾਵਾਂ ਨਾਲ ਜਾਣਿਆ ਜਾਂਦਾ ਹੈ। ਇਸ ਲਈ ਇਨ੍ਹਾਂ ਵੱਲੋਂ ਮਾਲ ਰਿਕਾਰਡ ਪਿੰਡ ਕਾਹਨੇਵਾਲਾ ਵਿੱਚ ਆਪਣਾ ਨਾਂਅ ਅਤੇ ਪਿਤਾ ਦਾ ਨਾਂਅ ਬੀਰਬਲ ਉਰਫ ਬੀਰਬਲ ਰਾਮ ਅਤੇ ਮੰਗਤੂ ਰਾਮ ਉਰਫ ਮੰਗਤ ਰਾਮ ਪੁੱਤਰ ਬੀਰਬਲ ਰਾਮ ਦਰਜ ਕੀਤੇ ਜਾਣ ਦੀ ਬੇਨਤੀ ਕੀਤੀ ਗਈ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਦਰਖਾਸਤਕਰਤਾ ਦਾ ਨਾਂਅ ਮਾਲ ਰਿਕਾਰਡ ਪਿੰਡ ਕਾਹਨੇਵਾਲਾ ਦੀ ਜਮ੍ਹਾਂਬੰਦੀ 2023-24 ਦੀ ਖੇਵਟ ਨੰਬਰ 38 ਅਤੇ 102 ਵਿੱਚ ਮੰਗਤੂ ਰਾਮ ਪੁੱਤਰ ਬੀਰਬਲ ਦੀ ਬਜਾਏ ਮੰਗਤੂ ਰਾਮ ਉਰਫ ਮੰਗਤ ਰਾਮ ਪੁੱਤਰ ਬੀਰਬਲ ਉਰਫ ਬੀਰਬਲ ਰਾਮ ਕੀਤੇ ਜਾਣ ਦੀ ਤਬਦੀਲੀ ਸੰਬੰਧੀ ਕੋਈ ਇਤਰਾਜ਼ ਹੈ ਤਾਂ ਉਹ ਇਸ ਇਸ਼ਤਿਹਾਰ ਦੇ ਅਖਬਾਰ ਵਿੱਚ ਪ੍ਰਕਾਸ਼ਿਤ ਹੋਣ ਦੀ ਮਿਤੀ ਤੋਂ 15 (ਪੰਦਰਾਂ ਦਿਨਾਂ) ਦੇ ਅੰਦਰ-ਅੰਦਰ ਇਸ ਦਫਤਰ ਵਿਖੇ ਅਸਾਲਤਨ ਜਾਂ ਵਕਾਲਤਨ ਪੇਸ਼ ਹੋ ਕਰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕਿਸੇ ਵੀ ਕਿਸਮ ਦੇ ਇਤਰਾਜ਼ ਪਰ ਕੋਈ ਗੌਰ ਨਹੀਂ ਕੀਤੀ ਜਾਵੇਗੀ ਅਤੇ ਦਰਖਾਸਤਕਰਤਾ ਦਾ ਨਾਂਅ ਮਾਲ ਰਿਕਾਰਡ ਵਿੱਚ ਮੰਗਤੂ ਰਾਮ ਪੁੱਤਰ ਬੀਰਬਲ ਦੀ ਬਜਾਏ ਮੰਗਤੂ ਰਾਮ ਉਰਫ ਮੰਗਤ ਰਾਮ ਪੁੱਤਰ ਬੀਰਬਲ ਉਰਫ ਬੀਰਬਲ ਰਾਮ ਕਰ ਦਿੱਤਾ ਜਾਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 16.07.2026 ਨੂੰ ਮੇਰੇ ਦਸਤਖਤ ਅਤੇ ਮੋਹਰ ਦਫ਼ਤਰ ਰਾਹੀਂ ਜਾਰੀ ਕੀਤਾ ਗਿਆ।

ਸਹੀ/-ਸਰਕਲ-ਰੈਵੇਨਿਊ ਅਫ਼ਸਰ, ਕਮ-ਨਾਇਬ ਤਹਿਸੀਲਦਾਰ, ਸਰਦੂਲਗੜ੍ਹ
ਨੰਬਰ: 230/ਰੀਡਰ-2 ਮਿਤੀ : 16.07.2026


## ਉਤਰ ਰੇਲਵੇ

ਉਤਰ ਰੇਲਵੇ ਫਿਰੋਜਪੁਰ ਮੰਡਲ ਵਿਚ ਮਾਨਦ ਵਿਜਿਟਿੰਗ ਮਾਹਿਰਾਂ (ਐਚਵੀਐਸ) ਦੀ ਨਿਯੁਕਤੀ

| ਲ.ਨੰ. | ਹਸਪਤਾਲ ਦਾ ਨਾਮ | ਐਚਵੀਐਸ | ਪਦਾਂ ਦਾ ਨੰਬਰ |
|---|---|---|---|
| 1 | ਮੰਡਲ ਹਸਪਤਾਲ, ਫਿਰੋਜਪੁਰ | ਬਾਲ ਰੋਗ ਮਾਹਿਰ<br>ਅੱਖ ਰੋਗ ਮਾਹਿਰ<br>ਮਨੋਰੋਗ ਮਾਹਿਰ<br>ਰੇਡਿਯੋਲੋਜੀ ਮਾਹਿਰ | 01<br>01<br>01<br>01 |
| 2 | ਉਪ ਮੰਡਲ ਹਸਪਤਾਲ, ਅੰਮ੍ਰਿਤਸਰ | ਫਿਜਿਸ਼ਿਯਨ<br>ਅੱਖ ਰੋਗ ਮਾਹਿਰ | 01<br>01 |

ਨਿਯੁਕਤੀ ਨੂੰ ਕੰਟਰੋਲ ਕਰਨ ਵਾਲੇ ਵਿਸਤ੍ਰਿਤ ਨਿਯਮ ਅਤੇ ਸ਼ਰਤਾਂ ਉਤਰ ਰੇਲਵੇ ਦੀ ਵੈਬਸਾਈਟ www.nr.indianrailways.gov.in 'ਤੇ ਉਪਲਬਧ ਹਨ, ਇਛੁਕ ਡਾਕਟਰ ਆਪਣੇ ਪੇਸ਼ੇਵਰ ਕੰਮ ਅਨੁਭਵ/ਜਨਮਮਿਤੀ/ਯੋਗਤਾ ਸਰਟੀਫਿਕੇਟ ਅਤੇ ਸੰਪਰਕ ਵੇਰਵੇ ਦੇ ਨਾਲ ਆਪਣਾ ਬਾਯੋਡਾਟਾ ਚੀਫ ਮੈਡੀਕਲ ਸੁਪਰੰਟੈਂਡੇਂਟ, ਉਤਰ ਰੇਲਵੇ ਮੰਡਲ ਹਸਪਤਾਲ, ਫਿਰੋਜਪੁਰ-152001 (ਪੰਜਾਬ) ਨੂੰ 17.8.26 ਨੂੰ 13.00 ਵਜੇ ਤਕ ਜਮ੍ਹਾ ਕਰ ਸਕਦੇ ਹਨ।

ਨੰਬਰ 40-ਮੇਡ/ਐਚਵੀਐਸ/ਐਫਜੇਡਆਰ ਮਿਤੀ 14.7.26 — ਚੀਫ ਮੈਡੀਕਲ ਸੁਪਰੰਟੈਂਡੇਂਟ, ਫਿਰੋਜਪੁਰ

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ — 2470/2026


## PUBLIC NOTICE

DCB Bank Ltd. issuing Public Notice for loss of original document in the loan case of Tarun Dhall|App.ID.APPL01364855

"Tarun Dhall S/o Raghunath is owner in possession of Plot measuring 9 Marlas 72 Sq.ft comprising under khasra No. 25575/10543, 25516/10543, 10546, 10547, 10548 situated at Baldev Nagar, Ravidass Nagar Road, Tehsil and District JalandharThe previous chain document i.e. Original Sale deed No 907 Dated 28.04.2010 SR – Jalandhar and Sale deed No 10234 Dated 15.02.1991 SR –Jalandhar have been lost/ missing & is not traceable If any concern, Bank or any person having claim. Objection related to above transactions/ document or found them, he/she may contact DCB Bank Limited 10-R, First Floor, Adjoining Indusind Bank, Mall Road, Model Town, Jalandhar-144003, Punjab

## COURT NOTICE

(U/o 5 Rule 20 CPC)
In the Court of Ms. Papneet
Civil Judge (Junior Division), Khamanon
CNR No. PBFGB0-000192-2026
Next Date:- 12-08-2026

Navdeep Singh

Vs.

General Public

Publication Issued To:
General Public
:- General Public

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 12-08-2026 at 10:00 a.m.

For details logon to https://highcourtchd.gov.in/?mod=district_notice&district=mogacourt

Civil Judge (Junior Division) Khamanon
Dated, this day of 17-07-2026


## ਉੱਤਰ ਰੇਲਵੇ

ਸੂਚਨਾ

ਉੱਤਰ ਰੇਲਵੇ ਜੰਮੂ ਮੰਡਲ ਵਿਚ ਮਾਨਦ ਵਿਜਿਟਿੰਗ ਵਿਸ਼ੇਸ਼ਗਣਾਂ (ਐਚਵੀਐਸ) ਦੀ ਨਿਯੁਕਤੀ

| ਲ.ਨੰ: | ਹਸਪਤਾਲ ਦਾ ਨਾਮ | ਐਚਵੀਐਸ | ਪਦਾਂ ਦੀ ਗਿਣਤੀ |
|---|---|---|---|
| 1 | ਮੰਡਲ ਹਸਵਤਾਲ, ਜੰਮੂ ਤਵੀ | ਫਿਜੀਸ਼ਿਯਨ | 01 |

ਨਿਯੁਕਤੀ ਨੂੰ ਨਿਯੰਤਰਿਤ ਕਰਨ ਵਾਲੇ ਪੂਰੇ ਨਿਯਮ ਅਤੇ ਸ਼ਰਤਾਂ ਉੱਤਰ ਰੇਲਵੇ ਦੀ ਵੈੱਬਸਾਈਟ www.nr.indianrailway.gov.in. ਉਤੇ ਉਪਲਬਧ ਹੈ, ਇਛੁਕ ਡਾਕਟਰ ਅਪਣੇ ਪੇਸ਼ੇਵਰ ਕੰਮ ਅਨੁਭਵ/ਜਨਮਮਿਤੀ/ਯੋਗਤਾ ਪ੍ਰਮਾਣ ਪੱਤਰ ਅਤੇ ਸੰਪਰਕ ਵੇਰਵੇ ਦੇ ਨਾਲ ਅਪਣਾ ਬਾਯੋਡੇਟਾ ਮੁੱਖ ਚਿਕਿਤਸਾ ਸੁਪਰੀਡੈਂਟ, ਉੱਤਰ ਰੇਲਵੇ ਮੰਡਲ ਹਸਪਤਾਲ, ਫ਼ਿਰੋਜ਼ਪੁਰ-152001 (ਪੰਜਾਬ) ਨੂੰ 17.08.2026 ਨੂੰ 13:00 ਵਜੇ ਤਕ ਜਮਾਂ ਕਰ ਸਕਦੇ ਹਨ।

2469/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉਤਰ ਰੇਲਵੇ

ਭੰਡਾਰ ਦੀ ਸਪਲਾਈ ਲਈ ਮੰਗ ਨਿਵਿਦਾ
ਇਲੈਕਟ੍ਰੋਨਿਕ ਨਿਵਿਦਾ ਈ ਪ੍ਰਣਾਲੀ ਦੇ ਤਹਿਤ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀ. ਮੰਡਲ ਸਮਗਰੀ ਪ੍ਰਬੰਧਕ/ਉਤਰ ਰੇਲਵੇ/ਭੰਡਾਰ ਬਰਾਂਚ/ਫਿਰੋਜਪੁਰ ਦੁਆਰਾ ਸੰਭਰਨਕਰਤਾਵਾਂ ਤੋਂ ਹੇਠਾਂ ਲਿਖਤ ਮਦਾਂ ਦੇ ਲਈ ਨਿਵਿਦਾ ਦੀ ਮੰਗ ਕੀਤੀ ਜਾਂਦੀ ਹੈ:-

| ਨਿਵਿਦਾ ਨੰ. | ਮਾਲ ਦਾ ਵੇਰਵਾ | ਮਾਤਰਾ | ਨਿਵਿਦਾ ਖੁਲਣ ਦੀ ਮਿਤੀ |
|---|---|---|---|
| 94265433 | MOH Kit-2 (36 Months) WBL-85HR Pantograph as per Schunk part no. 909010049900. Consisting of 21 Items, Details as per attached annexure-A | 30.00 Numbers | 17.08.2026 |

ਨਿਵਿਦਾ ਸ਼ਰਤਾਂ:- IREPS ਦੀ ਵੈਬਸਾਈਟ www.ireps.gov.in 'ਤੇ ਉਪਲਬਧ ਹਨ। ਸਾਰੇ ਇਛੁਕ ਵਿਕ੍ਰੇਤਾਵਾਂ ਨੂੰ ਈ-ਟੈਂਡਰ ਵਿਚ ਭਾਗ ਲੈਣ ਅਤੇ ਪੰਜੀਕਰਨ ਕਰਾਉਣ ਦੇ ਲਈ ਭਾਰਤ ਸਰਕਾਰ ਆਈ ਟੀ ਅਧਿਨਿਯਮ 2000 ਦੇ ਤਹਿਤ ਪ੍ਰਾਧੀਕ੍ਰਿਤ ਪ੍ਰਮਾਣਿਤ ਏਜੰਸੀ ਤੋਂ ਕਲਾਸ-III ਡਿਜੀਟਲ ਪ੍ਰਮਾਣ ਪੱਤਰ (ਜੇਕਰ ਪਹਿਲਾਂ ਤੋਂ ਪ੍ਰਾਪਤ ਨਹੀਂ ਕੀਤਾ ਹੋਵੇ ਤਾਂ ਪ੍ਰਾਪਤ ਕਰਨਾ ਹੋਵੇਗਾ) ਹੱਥ ਨਾਲ ਲਿਖੀ ਨਿਵਿਦਾ ਸਵੀਕਾਰ ਨਹੀਂ ਕੀਤੀ ਜਾਵੇਗੀ।

ਟੈਂਡਰ ਨੋਟਿਸ ਨੰ.: 05/2026-27/94265433 ਤਾਰੀਕ: 15.07.2026 — 2453/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਓਮਕਾਰਾ ਐੱਸਟਸ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ

ਕਾਰਪੋਰੇਟ ਦਫਤਰ : ਕੋਹਿਨੂਰ ਸੁਕੇਅਰ, 47ਵੀਂ ਮੰਜ਼ਲ, ਐੱਨ ਸੀ ਕੇਲਕਰ ਮਾਰਗ, ਆਰ ਜੀ ਗਡਕਰੀ ਚੌਕ, ਦਾਦਰ (ਪੱਛਮੀ), ਮੁੰਬਈ-400028, ਫੋਨ 022-69231111/9833546349

### ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂਕਿ ਸੰਮਾਨ ਕੈਪੀਟਲ ਲਿਮਟਿਡ (ਪਹਿਲਾਂ ਇੰਡੀਅਨ ਬੁਲਜ਼ ਹਾਊਸਿੰਗ ਫਾਇਨਾਂਸ ਲਿਮਟਿਡ ਵਜੋਂ ਜਾਣੇ ਜਾਂਦੇ) ਦੇ ਅਧਿਕਾਰਤ ਅਫਸਰ ਨੇ ਸਕਿਉਰਟੀਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਈਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12) ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ ਸੰਜੀਵ ਮਿੱਢਾ ਅਤੇ ਮਨੀ ਭੱਲਾ ਉਰਫ ਮਨੀ ਮਿੱਢਾ ਨੂੰ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 11.11.2024 ਨੂੰ ਐੱਚ ਐੱਚ ਐੱਲ ਬੀ ਏ ਟੀ 00083338 'ਚ ਬਕਾਇਆ ਰਕਮ ਰੁਪਏ 22,33,215.36/- (ਬਾਈ ਲੱਖ ਤੇਤੀ ਹਜ਼ਾਰ ਦੋ ਸੌ ਪੰਦਰਾਂ ਰੁਪਏ ਅਤੇ ਛੱਤੀ ਪੈਸੇ ਕੇਵਲ) ਅਤੇ ਉਸ ਤੇ ਵਿਆਜ ਦੀ ਅਦਾਇਗੀ 60 ਦਿਨਾਂ ਦੇ ਅੰਦਰ ਕਰਨ ਲਈ ਮਿਤੀ 18.11.2024 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਇਸ ਤੋਂ ਇਲਾਵਾ ਓਮਕਾਰਾ ਐੱਸਟਸ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ (ਓ ਏ ਆਰ ਪੀ ਐੱਲ) ਜੋ ਕਿ ਓਮਕਾਰਾ ਪੀ ਐੱਸ 22/2024-25 ਦੇ ਟਰੱਸਟੀ ਵਜੋਂ ਕਾਰਜਸ਼ੀਲ ਨੇ ਮਿਤੀ 29/03/2026 ਦੇ ਅਸਾਈਨਮੈਂਟ ਇਕਰਾਰਨਾਮੇ ਤਹਿਤ ਸਨਮਾਨ ਕੈਪੀਟਲ ਲਿਮਟਿਡ ਤੋਂ ਸਾਰਾ ਬਕਾਇਆ ਕਰਜ਼ਾ ਅਤੇ ਉਸ ਨਾਲ ਜੁੜੀਆਂ ਜ਼ਮਾਨਤਾਂ ਹਾਸਿਲ ਕਰ ਲਈਆਂ ਹਨ। ਉਕਤ ਮਿਤੀ 29.03.2025 ਦੇ ਅਸਾਈਨਮੈਂਟ ਦੇ ਇਕਰਾਰਨਾਮੇ ਦੇ ਤਹਿਤ ਓਮਕਾਰਾ ਐਸਟਸ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਜੋ ਕਿ ਕੰਪਨੀਜ਼ ਐਕਟ 1956 ਦੀਆਂ ਵਿਵਸਥਾਵਾਂ ਦੇ ਤਹਿਤ ਗਠਿਤ ਇੱਕ ਕੰਪਨੀ ਹੈ ਅਤੇ ਸਰਫੇਸੀ ਐਕਟ, 2002 ਦੀ ਧਾਰਾ 3 ਤਹਿਤ ਰਿਜ਼ਰਵ ਬੈਂਕ ਆਫ ਇੰਡੀਆ (ਆਰ ਬੀ ਆਈ) ਕੋਲ ਇੱਕ ਐੱਸਟ ਰੀਕੰਸਟ੍ਰਕਸ਼ਨ ਕੰਪਨੀ ਵਜੋਂ ਰਜਿਸਟਰਡ ਹੈ, ਜਿਸ ਦਾ ਸੀ ਆਈ ਐੱਨ ਨੰ. ਯੂ 67100 ਟੀ ਜ਼ੈੱਡ 2014 ਪੀ ਟੀ ਸੀ 020363 ਹੈ ਅਤੇ ਜਿਸ ਦਾ ਰਜਿਸਟਰਡ ਦਫਤਰ 9, ਐੱਮ ਪੀ ਨਗਰ, ਪਹਿਲੀ ਗਲੀ, ਕੋਂਗੂ ਨਗਰ ਐਕਸਟੈਨਸ਼ਨ ਤਿਰੁਪੁਰ-641607 ਅਤੇ ਕਾਰਪੋਰੇਟ ਦਫ਼ਤਰ 47ਵੀਂ ਮੰਜ਼ਲ, ਐੱਨ ਸੀ ਕੇਲਕਰ ਮਾਰਗ, ਆਰ ਜੀ ਗਡਕਰੀ ਚੌਕ, ਦਾਦਰ (ਪੱਛਮੀ) ਮੁੰਬਈ-400028 ਵਿਖੇ ਸਥਿਤ "ਓਮਕਾਰਾ ਪੀ ਐੱਸ 22/2024-25 ਟਰੱਸਟ" ਦੇ ਟਰੱਸਟੀ ਵਜੋਂ ਕਾਰਜਸ਼ੀਲ ਨੇ ਅਸਾਈਨਰ ਦੀ ਥਾਂ ਲੈ ਲਈ ਹੈ ਅਤੇ ਅਸਾਈਨਰ ਦੁਆਰਾ ਪ੍ਰਦਾਨ ਕੀਤੀ ਗਈ ਵਿੱਤੀ ਸਹਾਇਤਾ ਪ੍ਰਾਪਤ ਕਰਨ ਦੇ ਉਦੇਸ਼ ਨਾਲ ਤਿਆਰ ਕੀਤੇ ਗਏ ਗਰੰਟੀ ਅਤੇ ਸਕਿਉਰਟੀ ਦਸਤਾਵੇਜ਼ ਸਮੇਤ ਸਾਰੇ ਵਿੱਤੀ ਅਤੇ ਸਕਿਉਰਟੀ ਦਸਤਾਵੇਜ਼ਾਂ ਅਧੀਨ ਬਕਾਇਆ ਰਕਮਾਂ ਦੀ ਵਸੂਲੀ ਕਰਨ ਅਤੇ ਸਾਰੇ ਅਧਿਕਾਰਾਂ, ਸ਼ਕਤੀਆਂ ਅਤੇ ਲਾਭਾਂ ਨੂੰ ਲਾਗੂ ਕਰਨ ਦੀ ਹੱਕਦਾਰ ਬਣ ਗਈ ਹੈ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ 16 ਜੁਲਾਈ 2026 ਨੂੰ ਨਿਮਨ ਲਿਖਤ ਨੇ ਜਾਇਦਾਦ ਦਾ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਕਰਜ਼ਦਾਰਾਂ/ਸਹਿ-ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਸ ਦੁਆਰਾ ਸੁਚੇਤ ਕੀਤਾ ਜਾਂਦਾ ਹੈ ਕਿ ਉਹ ਇਸ ਜਾਇਦਾਦ ਸੰਬੰਧੀ ਕੋਈ ਵੀ ਲੈਣ-ਦੇਣ ਨਾ ਕਰਨ। ਇਸ ਜਾਇਦਾਦ ਨਾਲ ਕੋਈ ਵੀ ਲੈਣ-ਦੇਣ ਕਰਨਾ ਓ ਏ ਆਰ ਪੀ ਐੱਲ ਦੇ ਮਿਤੀ 11.11.2024 ਨੂੰ ਰਕਮ ਰੁਪਏ 22,33,215.36/- (ਬਾਈ ਲੱਖ ਤੇਤੀ ਹਜ਼ਾਰ ਦੋ ਸੌ ਪੰਦਰਾਂ ਰੁਪਏ ਅਤੇ ਛੱਤੀ ਪੈਸੇ ਕੇਵਲ) ਅਤੇ ਇਸ 'ਤੇ ਵਿਆਜ ਦਾ ਹੱਕਦਾਰ ਬਣਾਏਗੀ।

ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੇ ਸੰਬੰਧ 'ਚ ਉਪਲਬਧ ਸਮੇਂ ਦੇ ਸੰਬੰਧ 'ਚ ਬਕਾਇਆ ਰਕਮ ਦੀ ਅਦਾਇਗੀ ਕਰਕੇ ਸਕਿਉਰਡ ਐੱਸਟਸ ਦੇ ਪੁਨਰ ਗ੍ਰਹਿਣ ਵੱਲ ਦਿਵਾਇਆ ਜਾਂਦਾ ਹੈ।

### ਅਚੱਲ ਜਾਇਦਾਦ ਦਾ ਵੇਰਵਾ

ਰਿਹਾਇਸ਼ੀ ਜਾਇਦਾਦ ਖਸਰਾ ਨੰ. 2161/6 ਮਿਨ ਰਕਬਾ 180 ਵਰਗ ਗਜ਼, ਗਲੀ ਨੰ. 13/7, ਗੁਰੂ ਗੋਬਿੰਦ ਸਿੰਘ ਨਗਰ, ਬਠਿੰਡਾ-151001 ਪੰਜਾਬ। ਹੱਦਾਂ : ਉੱਤਰ : ਬਲਬੀਰ ਸਿੰਘ ਅਤੇ ਬਲਵਿੰਦਰ ਸਿੰਘ ਦੀ ਜਾਇਦਾਦ, ਪੂਰਬ : ਰਣਜੋਧ ਸਿੰਘ ਦੀ ਜਾਇਦਾਦ, ਪੱਛਮ : ਬਾਬੂ ਰਾਮ ਅਤੇ ਪਰਮਜੀਤ ਸਿੰਘ ਦੀ ਜਾਇਦਾਦ, ਦੱਖਣ : (20'-0) ਬਾਬੂ ਰਾਮ (8'-0) ਗਲੀ

ਅਧਿਕਾਰਤ ਅਫ਼ਸਰ
ਓਮਕਾਰਾ ਐਸਟਸ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ
(ਓਮਕਾਰਾ ਪੀ ਐੱਸ 22/2024-25 ਟਰੱਸਟ)

ਮਿਤੀ : 16.07.2026
ਸਥਾਨ : ਬਠਿੰਡਾ

# 100 ਫ਼ੀਸਦੀ ਡਿਜੀਟਾਈਜ਼ੇਸ਼ਨ ਕਰਨ ਵਾਲੇ ਬੀ ਐੱਲ ਓਜ਼ ਦਾ ਸਨਮਾਨ

**ਮੁਹਾਲੀ (ਗੁਰਜੀਤ ਬਿੱਲਾ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮੋਹਾਲੀ ਵਿਖੇ ਕਰਵਾਏ ਸਮਾਗਮ ਦੌਰਾਨ ਸਪੈਸ਼ਲ ਇੰਟੈਂਸਿਵ ਰੀਵਿਜ਼ਨ (ਐੱਸ.ਆਈ.ਆਰ.)-2026 ਤਹਿਤ ਵੋਟਰਾਂ ਤੋਂ ਪ੍ਰਾਪਤ ਐਨਿਊਮਰੇਸ਼ਨ ਫਾਰਮਾਂ ਦੀ 100 ਫ਼ੀਸਦੀ ਡਿਜੀਟਾਈਜ਼ੇਸ਼ਨ ਕਰਨ ਵਾਲੇ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਦਾ ਸਨਮਾਨ ਕੀਤਾ। ਇਸ ਮੌਕੇ ਬੀ ਐੱਲ ਓਜ਼ ਨੂੰ ਵਧਾਈ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਦੇ 42 ਪੋਲਿੰਗ ਬੂਥਾਂ ਦੀਆਂ ਐਨਿਊਮਰੇਸ਼ਨ ਫਾਰਮਾਂ ਦੀ ਡਿਜੀਟਾਈਜ਼ੇਸ਼ਨ ਦਾ ਕੰਮ 100 ਫ਼ੀਸਦੀ ਮੁਕੰਮਲ ਹੋ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਦੇ 838 ਪੋਲਿੰਗ ਬੂਥਾਂ 'ਤੇ ਸਪੈਸ਼ਲ ਇੰਟੈਂਸਿਵ ਰੀਵਿਜ਼ਨ ਦੀ ਪ੍ਰਕਿਰਿਆ ਚੱਲ ਰਹੀ ਹੈ ਅਤੇ ਇਨ੍ਹਾਂ ਬੂਥਾਂ 'ਤੇ ਡਿਜੀਟਾਈਜ਼ੇਸ਼ਨ ਦਾ ਕੰਮ ਮੁਕੰਮਲ ਹੋਣਾ ਬੀ.ਐਲ.ਓਜ਼ ਦੀ ਲਗਨ ਅਤੇ ਸਮਰਪਣ ਦਾ ਪ੍ਰਤੀਕ ਹੈ। ਇਸ ਮੌਕੇ ਸਨਮਾਨਿਤ ਕੀਤੇ ਗਏ ਬੀ ਐੱਲ ਓਜ਼ ਵਿੱਚ ਐੱਸ ਏ ਐੱਸ. ਨਗਰ (ਮੋਹਾਲੀ) ਵਿਧਾਨ ਸਭਾ ਹਲਕੇ ਤੋਂ ਸਾਲੀਗ ਰਾਮ (ਬੂਥ ਨੰਬਰ 108), ਰੁਪਿੰਦਰ ਕੌਰ (ਬੂਥ ਨੰਬਰ 109), ਪਰਮਜੀਤ ਕੌਰ (ਬੂਥ ਨੰਬਰ 6), ਨੀਰਜ ਸੈਂਮਵਾਲ (ਬੂਥ ਨੰਬਰ 107), ਸੁਖਦੇਵ ਸਿੰਘ (ਬੂਥ ਨੰਬਰ 58), ਸੁਖਵੀਰ ਸਿੰਘ (ਬੂਥ ਨੰਬਰ 57), ਦਿਵਿੰਦਰਜੀਤ ਕੌਰ (ਬੂਥ ਨੰਬਰ 90), ਸੀਮਾ ਚੌਧਰੀ (ਬੂਥ ਨੰਬਰ 225), ਵੈਸ਼ਾਲੀ (ਬੂਥ ਨੰਬਰ 162) ਅਤੇ ਗੁਰਬਿੰਦਰ ਸਿੰਘ (ਬੂਥ ਨੰਬਰ 161); ਖਰੜ ਵਿਧਾਨ ਸਭਾ ਹਲਕੇ ਤੋਂ ਅਸ਼ੋਕ ਕੁਮਾਰ (ਬੂਥ ਨੰਬਰ 1), ਗੁਰਪ੍ਰੀਤ ਸਿੰਘ (ਬੂਥ ਨੰਬਰ 13), ਕੁਲਵੀਰ ਸਿੰਘ (ਬੂਥ ਨੰਬਰ 78), ਵਿਜੇ ਕੁਮਾਰ (ਬੂਥ ਨੰਬਰ 79), ਮਨਿੰਦਰ ਪਾਲ ਸਿੰਘ (ਬੂਥ ਨੰਬਰ 105), ਰਵੀ ਕੁਮਾਰ (ਬੂਥ ਨੰਬਰ 109), ਬਲਜਿੰਦਰ ਸਿੰਘ (ਬੂਥ ਨੰਬਰ 146), ਅਜੈ ਗੋਇਲ (ਬੂਥ ਨੰਬਰ 162), ਗੁਰਪ੍ਰੀਤ ਸਿੰਘ (ਬੂਥ ਨੰਬਰ 275), ਹਰੀਸ਼ ਕਪਿਲ (ਬੂਥ ਨੰਬਰ 285) ਅਤੇ ਅਮਰੀਕ ਸਿੰਘ (ਬੂਥ ਨੰਬਰ 286); ਅਤੇ ਡੇਰਾਬੱਸੀ ਵਿਧਾਨ ਸਭਾ ਹਲਕੇ ਤੋਂ ਕਮਲਜੀਤ ਕੌਰ (ਬੂਥ ਨੰਬਰ 212), ਜੋਤੀ (ਬੂਥ ਨੰਬਰ 286), ਧਰਮਿੰਦਰ ਸਿੰਘ (ਬੂਥ ਨੰਬਰ 267), ਬੰਧਨਾ (ਬੂਥ ਨੰਬਰ 282), ਮਨਜੀਤ ਕੌਰ (ਬੂਥ ਨੰਬਰ 265), ਹਰਪ੍ਰੀਤ ਕੌਰ (ਬੂਥ ਨੰਬਰ 276) ਅਤੇ ਜਿਸਨਾ ਰਾਣਾ (ਬੂਥ ਨੰਬਰ 38) ਸ਼ਾਮਲ ਸਨ।



# ਫ਼ਰੀ ਮੈਡੀਕਲ ਕੈਂਪ ਲਗਾਇਆ

**ਆਦਮਪੁਰ (ਪਰਮਜੀਤ ਸਿੰਘ)**- ਸਿਹਤ ਸੰਭਾਲ ਨੂੰ ਮੁੱਖ ਰੱਖਦਿਆਂ ਗੁਰੂ ਨਾਨਕ ਸਾਧ ਸੰਗਤ ਚੈਰੀਟੇਬਲ ਹਸਪਤਾਲ, ਕਾਲਰਾ, ਜ਼ਿਲ੍ਹਾ ਜਲੰਧਰ ਵਿਖੇ ਹਸਪਤਾਲ ਦੀ ਪ੍ਰਬੰਧਕੀ ਕਮੇਟੀ ਵੱਲੋਂ ਇੱਕ ਵਿਸ਼ੇਸ਼ ਫ਼ਰੀ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸੰਤ ਮਨਮੋਹਨ ਸਿੰਘ, ਸੰਤ ਗੁਰਜੀਤ ਸਿੰਘ ਤੇ ਹਰਦਮਨ ਸਿੰਘ ਮਿਨਹਾਸ (ਸਕੱਤਰ) ਸੰਤ ਬਾਬਾ ਭਾਗ ਸਿੰਘ ਮੈਮੋਰੀਅਲ ਚੈਰੀਟੇਬਲ ਸੋਸਾਇਟੀ ਵੀ ਮੌਜੂਦ ਸਨ। ਇਸ ਕੈਂਪ ਦੌਰਾਨ ਇਲਾਕੇ ਦੇ ਲੋੜਵੰਦ ਪਰਵਾਰਾਂ ਅਤੇ ਮਰੀਜ਼ਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ, ਜਿਸ ਵਿੱਚ 71 ਮਰੀਜ਼ਾਂ ਦਾ ਮੁਫ਼ਤ ਚੈੱਕਅੱਪ ਕਰਕੇ ਉਨ੍ਹਾਂ ਨੂੰ ਬਣਦੀਆਂ ਸਿਹਤ ਸੇਵਾਵਾਂ ਦੇ ਨਾਲ ਨਾਲ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ। ਕੈਂਪ ਦੌਰਾਨ ਮਰੀਜ਼ਾਂ ਦੀ ਬਾਰੀਕੀ ਨਾਲ ਜਾਂਚ ਕਰਨ ਲਈ ਹਸਪਤਾਲ ਦੇ ਪ੍ਰਸਿੱਧ ਮਾਹਿਰ ਡਾਕਟਰ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਹਨਾਂ ਵਿੱਚ ਡਾ. ਐਸ. ਪੀ. ਸੁਮਨ, ਰਿਟਾਇਰਡ ਸੀਨੀਅਰ ਮੈਡੀਕਲ ਅਫ਼ਸਰ (ਸਿਵਲ ਹਸਪਤਾਲ, ਫਗਵਾੜਾ) ਵੱਲੋਂ ਦਿਲ ਦੇ ਰੋਗ, ਛਾਤੀ ਦੇ ਰੋਗ, ਜਿਗਰ, ਗੁਰਦਿਆਂ ਦੇ ਰੋਗ ਅਤੇ ਹੋਰ ਕਈ ਗੰਭੀਰ ਬਿਮਾਰੀਆਂ ਨਾਲ ਪੀੜਤ ਮਰੀਜ਼ਾਂ ਦਾ ਨਿਰੀਖਣ ਕੀਤਾ ਗਿਆ ਤੇ ਢੁਕਵੀਂ ਡਾਕਟਰੀ ਸਲਾਹ ਦਿੱਤੀ ਗਈ। ਦੱਸਣਯੋਗ ਹੈ ਕਿ ਉਹ ਹਫ਼ਤਾਵਾਰੀ ਸਵੇਰੇ 10:30 ਤੋਂ ਦੁਪਹਿਰ 1:30 ਵਜੇ ਤੱਕ ਹਸਪਤਾਲ ਵਿੱਚ ਆਪਣੀਆਂ ਸੇਵਾਵਾਂ ਨਿਭਾਉਂਦੇ ਹਨ। ਇਸੇ ਤਰ੍ਹਾਂ ਡਾ. ਅਨੁਕੀਰਤ ਕੌਰ ਡੈਂਟਲ ਸਰਜਨ ਵੱਲੋਂ ਦੰਦਾਂ ਦੀਆਂ ਵੱਖ-ਵੱਖ ਬਿਮਾਰੀਆਂ ਨਾਲ ਪੀੜਤ ਮਰੀਜ਼ਾਂ ਦਾ ਅਤਿ-ਆਧੁਨਿਕ ਤਕਨੀਕਾਂ ਨਾਲ ਮੁਫ਼ਤ ਚੈੱਕਅਪ ਕੀਤਾ ਗਿਆ। ਇਸ ਦੇ ਨਾਲ ਹੀ ਡਾ ਹਰਕੀਰਤ ਸਿੰਘ ਅਤੇ ਚਮੜੀ ਰੋਗਾਂ ਦੇ ਮਾਹਿਰ ਡਾ ਕਰਨੈਲ ਸਿੰਘ ਵੱਲੋਂ ਵੀ ਆਪਣਾ ਅਹਿਮ ਯੋਗਦਾਨ ਪਾਇਆ। ਇਸ ਮੌਕੇ ਗਰਮੀ ਨੂੰ ਦੇਖਦੇ ਹੋਏ ਠੰਡੇ ਜਲ ਦੀ ਛਬੀਲ ਵੀ ਲਗਾਈ ਗਈ।ਕੈਂਪ ਦੌਰਾਨ ਹਸਪਤਾਲ ਦੀ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਮਨੋਹਰ ਸਿੰਘ ਡਰੋਲੀ ਕਲਾਂ, ਸੂਬੇਦਾਰ ਬਲਦੇਵ ਸਿੰਘ ਮੈਂਬਰ, ਹਰਕਿਸ਼ਨ ਸਿੰਘ ਮੈਂਬਰ ਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਸੰਤ ਬਾਬਾ ਭਾਗ ਸਿੰਘ ਮੈਮੋਰੀਅਲ ਚੈਰੀਟੇਬਲ ਸੋਸਾਇਟੀ ਵੱਲੋਂ ਕੀਤੇ ਜਾ ਰਹੇ ਇਸ ਮਾਨਵਤਾ ਭਲਾਈ ਦੇ ਕਾਰਜ ਦੀ ਭਰਪੂਰ ਸ਼ਲਾਘਾ ਕੀਤੀ।



# ਰੇਲ ਗੱਡੀ ਦੀ ਲਪੇਟ 'ਚ ਆਉਣ ਕਾਰਨ ਲੜਕੀ ਦੀ ਮੌਤ

**ਫਿਲੌਰ (ਨਿਰਮਲ)**- ਰੇਲਵੇ ਪੁਲਿਸ ਚੌਕੀ ਦੇ ਇੰਚਾਰਜ ਥਾਣੇਦਾਰ ਅਵਤਾਰ ਸਿੰਘ ਨੇ ਦੱਸਿਆ ਕਿ ਰੇਲਵੇ ਲਾਈਨਾਂ ਪਾਰ ਕਰਦੇ ਸਮੇਂ ਇੱਕ 24-25 ਸਾਲਾ ਲੜਕੀ ਨਾਮਲੂਮ ਰੇਲ ਗੱਡੀ ਦੀ ਲਪੇਟ ਵਿੱਚ ਆਉਣ ਨਾਲ ਮੌਤ ਹੋ ਗਈ। ਮ੍ਰਿਤਕ ਲੜਕੀ ਦੀ ਪਹਿਚਾਣ ਅਨੁ ਰਾਣੀ ਪੁੱਤਰੀ ਬੂਟਾ ਰਾਮ ਵਾਸੀ ਪਿੰਡ ਨੰਗਲ ਫਿਲੌਰ ਵੱਜੋਂ ਹੋਈ ਹੈ। ਮ੍ਰਿਤਕ ਦੇ ਵਾਰਸਾਂ ਨੇ ਦੱਸਿਆ ਕਿ ਲੜਕੀ ਲੁਧਿਆਣਾ ਵਿੱਚ ਕੰਮ ਕਰਦੀ ਸੀ ਅਤੇ ਰਾਤ ਦੇ ਸਮੇਂ ਘਰ ਨੂੰ ਜਾਂਦੇ ਸਮੇਂ ਰੇਲਵੇ ਲਾਈਨਾਂ ਨੂੰ ਪਾਰ ਕਰਦੀ ਹੋਈ ਕਿਸੇ ਨਾ ਮਲੂਮ ਰੇਲ ਗੱਡੀ ਦੀ ਲਪੇਟ ਵਿੱਚ ਆ ਗਈ ਜਿਸ ਨਾਲ ਉਸ ਦੀ ਮੌਕੇ ਤੇ ਹੀ ਮੌਤ ਹੋ ਗਈ। ਉਸ ਦੀ ਲਾਸ਼ ਨੂੰ ਸਿਵਲ ਹਸਪਤਾਲ ਫਿਲੌਰ ਵਿਖੇ ਪੋਸਟਮਾਰਟਮ ਉਪਰੰਤ ਲਾਸ਼ ਨੂੰ ਵਾਰਸਾਂ ਦੇ ਹਵਾਲੇ ਕਰ ਦਿੱਤਾ ਗਿਆ।

# ਗੁਰਸ਼ਰਨ ਸਿੰਘ ਬੱਬਰਾ ਰਾਮਗੜ੍ਹੀਆ ਵੈਲਫੇਅਰ ਬੋਰਡ ਦੇ ਚੇਅਰਮੈਨ ਨਿਯੁਕਤ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਸਰਕਾਰ ਵੱਲੋਂ ਉੱਘੇ ਸਮਾਜ ਸੇਵੀ ਅਤੇ ਠੇਕੇਦਾਰ ਵਜੋਂ ਜਾਣੇ ਜਾਂਦੇ ਗੁਰਸ਼ਰਨ ਸਿੰਘ ਬੱਬਰਾ (ਵਿੱਕੀ ਠੇਕੇਦਾਰ) ਨੂੰ ਹਲਕਾ ਸੁਲਤਾਨਪੁਰ ਲੋਧੀ ਦੇ ਰਾਮਗੜ੍ਹੀਆ ਵੈਲਫੇਅਰ ਬੋਰਡ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੀ ਨਿਯੁਕਤੀ ਨਾਲ ਸੁਲਤਾਨਪੁਰ ਲੋਧੀ ਹਲਕੇ ਸਮੇਤ ਪੂਰੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਹੈ ਅਤੇ ਸਮਾਜਿਕ, ਧਾਰਮਿਕ ਤੇ ਸਿਆਸੀ ਵਰਗਾਂ ਵੱਲੋਂ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ।ਚੇਅਰਮੈਨ ਨਿਯੁਕਤ ਹੋਣ ਉਪਰੰਤ ਗੁਰਸ਼ਰਨ ਸਿੰਘ ਬੱਬਰਾ ਨੇ ਆਮ ਆਦਮੀ ਪਾਰਟੀ ਦੀ ਹਾਈ ਕਮਾਨ ਅਰਵਿੰਦ ਕੇਜਰੀਵਾਲ ਅਤੇ ਮਨੀਸ਼ ਸਿਸੋਦੀਆ ਦਾ ਧੰਨਵਾਦ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕਪੂਰਥਲਾ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਤੇ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਦਾ ਵੀ ਵਿਸ਼ੇਸ਼ ਤੌਰ 'ਤੇ ਆਭਾਰ ਪ੍ਰਗਟਾਇਆ।



ਉਨ੍ਹਾਂ ਭਰੋਸਾ ਦਿੱਤਾ ਕਿ ਰਾਮਗੜ੍ਹੀਆ ਭਾਈਚਾਰੇ ਦੀ ਭਲਾਈ ਲਈ ਬੋਰਡ ਰਾਹੀਂ ਵੱਧ ਤੋਂ ਵੱਧ ਲੋਕ-ਹਿਤੈਸ਼ੀ ਕੰਮ ਕੀਤੇ ਜਾਣਗੇ ਅਤੇ ਸਮਾਜ ਦੀਆਂ ਹਰੇਕ ਸਮੱਸਿਆ ਤੇ ਜਾਇਜ਼ ਮੰਗਾਂ ਨੂੰ ਸਰਕਾਰ ਤੱਕ ਪਹੁੰਚਾ ਕੇ ਉਨ੍ਹਾਂ ਦੇ ਹੱਲ ਲਈ ਯਤਨ ਕੀਤੇ ਜਾਣਗੇ। ਬੱਬਰਾ ਨੇ ਕਿਹਾ ਕਿ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸੁਲਤਾਨਪੁਰ ਲੋਧੀ ਹਲਕੇ ਤੋਂ ਆਮ ਆਦਮੀ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਲਈ ਉਹ ਪੂਰੀ ਤਾਕਤ ਨਾਲ ਕੰਮ ਕਰਨਗੇ।

# ਮਨਰੇਗਾ ਕਰਮਚਾਰੀਆਂ 'ਤੇ ਲਾਠੀਚਾਰਜ ਦੀ ਨਿਖੇਧੀ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਮਹਿਲਾ ਕਾਂਗਰਸ ਦੀ ਕਾਰਜਕਾਰੀ ਪ੍ਰਧਾਨ ਬਲਜੀਤ ਕੌਰ ਨੇ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਸ਼ਾਂਤਮਈ ਅਤੇ ਲੋਕਤੰਤਰੀ ਢੰਗ ਨਾਲ ਸੰਘਰਸ਼ ਕਰ ਰਹੇ ਮਨਰੇਗਾ ਮੁਲਾਜ਼ਮਾਂ 'ਤੇ ਕੀਤੇ ਗਏ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸ ਨੂੰ ਲੋਕਤੰਤਰ ਦੀਆਂ ਕਦਰਾਂ-ਕੀਮਤਾਂ ਦੇ ਖ਼ਿਲਾਫ਼ ਕਰਾਰ ਦਿੱਤਾ ਹੈ। ਬਲਜੀਤ ਕੌਰ ਨੇ ਕਿਹਾ ਕਿ ਕਿਸੇ ਵੀ ਲੋਕਤੰਤਰੀ ਵਿਵਸਥਾ ਵਿੱਚ ਹਰ ਨਾਗਰਿਕ ਅਤੇ ਮੁਲਾਜ਼ਮ ਨੂੰ ਆਪਣੀਆਂ ਜਾਇਜ਼ ਮੰਗਾਂ ਲਈ ਸ਼ਾਂਤਮਈ ਢੰਗ ਨਾਲ ਆਵਾਜ਼ ਉਠਾਉਣ ਦਾ ਸੰਵਿਧਾਨਕ ਹੱਕ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਮਨਰੇਗਾ ਸਕੀਮ ਵਿੱਚ ਕੀਤੀਆਂ ਗਈਆਂ ਤਬਦੀਲੀਆਂ ਕਾਰਨ ਲੰਬੇ ਸਮੇਂ ਤੋਂ ਸੇਵਾ ਨਿਭਾ ਰਹੇ ਮਨਰੇਗਾ ਮੁਲਾਜ਼ਮਾਂ ਦੇ ਰੁਜ਼ਗਾਰ 'ਤੇ ਗੰਭੀਰ ਸੰਕਟ ਖੜ੍ਹਾ ਹੋ ਗਿਆ ਹੈ। ਅਜਿਹੇ ਹਾਲਾਤਾਂ ਵਿੱਚ ਆਪਣੀ ਨੌਕਰੀ ਅਤੇ ਭਵਿੱਖ ਨੂੰ ਬਚਾਉਣ ਲਈ ਮੁਲਾਜ਼ਮਾਂ ਦਾ ਸੰਘਰਸ਼ ਕਰਨਾ ਪੂਰੀ ਤਰ੍ਹਾਂ ਜਾਇਜ਼ ਹੈ। ਸਰਕਾਰ ਨੂੰ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਸਮਝਦਿਆਂ ਹੱਲ ਕੱਢਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਬਲਜੀਤ ਕੌਰ ਨੇ ਮੰਗ ਕੀਤੀ ਕਿ ਲਾਠੀਚਾਰਜ ਦੌਰਾਨ ਜ਼ਖ਼ਮੀ ਹੋਏ ਮੁਲਾਜ਼ਮਾਂ ਅਤੇ ਮਜ਼ਦੂਰਾਂ ਨੂੰ ਯੋਗ ਮੁਆਵਜ਼ਾ ਅਤੇ ਵਧੀਆ ਇਲਾਜ ਮੁਹੱਈਆ ਕਰਵਾਇਆ ਜਾਵੇ।



# ਨਿਰਮਾਣ ਅਧੀਨ 3 ਮੰਜ਼ਿਲਾ ਇਮਾਰਤ ਦੇ ਛੱਜੇ ਤੇ ਕੰਧਾਂ ਡਿੱਗੀਆਂ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਦੀ ਸਰਸਵਤੀ ਵਿਹਾਰ ਕਲੋਨੀ ਵਿੱਚ ਰੇਲਵੇ ਲਾਈਨ ਵੱਲ ਸਾਲਾਂ ਤੋਂ ਨਿਰਮਾਣ ਅਧੀਨ ਤਿੰਨ ਮੰਜ਼ਿਲਾ ਛੇ ਫਲੈਟਾਂ ਦੀਆਂ ਪਿਛਲੀਆਂ ਕੰਧਾਂ ਸਮੇਤ ਕੈਂਟੀਲੀਵਰ (ਛੱਜੇ) ਅਚਾਨਕ ਹੇਠਾਂ ਡਿੱਗ ਗਏ। ਹਾਲਾਂਕਿ ਬਾਕੀ ਬਚੀ ਇਮਾਰਤ ਵੀ ਡਿੱਗਣ ਦਾ ਖ਼ਤਰਾ ਬਣਿਆ ਹੋਇਆ ਹੈ। ਡਿੱਗੀ ਹੋਈ ਇਮਾਰਤ ਦੇ ਨਾਲ ਲੱਗਦੇ ਰਿਹਾਇਸ਼ੀ ਫਲੈਟਾਂ ਦੀ ਮਜ਼ਬੂਤੀ ਲਈ ਵੀ ਖ਼ਤਰਾ ਪੈਦਾ ਕਰ ਦਿੱਤਾ ਹੈ। ਅਨਸੇਫ਼ (ਅਸੁਰੱਖਿਅਤ) ਹੋ ਚੁੱਕੀ ਇਸ ਇਮਾਰਤ ਤੋਂ ਇਲਾਵਾ, ਡੇਰਾਬੱਸੀ ਦੇ ਐੱਸ ਡੀ ਐੱਮ ਅਮਿਤ ਗੁਪਤਾ ਨੇ ਨਗਰ ਕੌਂਸਲ ਨੂੰ ਨਾਲ ਲੱਗਦੇ ਫਲੈਟਾਂ ਦਾ ਸੇਫਟੀ ਆਡਿਟ ਕਰਵਾਉਣ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਇਹ ਇਮਾਰਤ ਅਸੁਰੱਖਿਅਤ ਹੋਣ ਦੇ ਨਾਲ-ਨਾਲ ਗੈਰ-ਕਾਨੂੰਨੀ ਵੀ ਹੈ, ਤਾਂ ਇਸ ਨੂੰ ਢਾਹ ਦਿੱਤਾ ਜਾਵੇ। ਇਸ ਤਿੰਨ ਮੰਜ਼ਿਲਾ ਇਮਾਰਤ ਦੇ ਛੱਜਿਆਂ ਅਤੇ ਪਿਛਲੀ ਕੰਧ ਦੇ ਮਲਬੇ ਨਾਲ ਗਰਾਊਂਡ ਫਲੋਰ ਦਾ ਪਿਛਲਾ ਹਿੱਸਾ (ਬੈਕਯਾਰਡ) ਪੂਰੀ ਤਰ੍ਹਾਂ ਭਰ ਗਿਆ, ਜਦੋਂ ਕਿ ਨਾਲ ਲੱਗਦੇ ਮਕਾਨ ਨੰਬਰ 34 ਦੀ ਗਰਾਊਂਡ ਫਲੋਰ 'ਤੇ ਰਹਿ ਰਿਹਾ ਇੱਕ ਪਰਿਵਾਰ ਵਾਲ-ਵਾਲ ਬਚ ਗਿਆ। ਪ੍ਰਸ਼ਾਸਨ ਵੱਲੋਂ ਤਹਿਸੀਲਦਾਰ ਬੀਰਕਰਨ ਅਤੇ ਨਾਇਬ ਤਹਿਸੀਲਦਾਰ ਮੁਕਲ ਜਿੰਦਲ ਨੇ ਵੀ ਮੌਕੇ ਦਾ ਦੌਰਾ ਕੀਤਾ। ਉਨ੍ਹਾਂ ਦੱਸਿਆ ਕਿ ਨਾਲ ਲੱਗਦੇ ਤਿੰਨ-ਤਿੰਨ ਮੰਜ਼ਿਲਾ ਦੋ ਫਲੈਟਾਂ ਦੀ ਇਮਾਰਤ ਡਿੱਗਣ ਕਾਰਨ ਨਾਲ ਲੱਗਦੇ ਫਲੈਟਾਂ ਦੀ ਤਿੰਨ ਮੰਜ਼ਿਲਾ ਇਮਾਰਤ ਨੂੰ ਵੀ ਨੁਕਸਾਨ ਪਹੁੰਚਿਆ ਹੈ। ਡੇਰਾਬੱਸੀ ਦੇ ਐੱਸ ਡੀ ਐੱਮ ਅਮਿਤ ਗੁਪਤਾ ਨੇ ਦੱਸਿਆ ਕਿ ਨਿਰਮਾਣ ਅਧੀਨ ਇਮਾਰਤ ਅਤੇ ਨਾਲ ਲੱਗਦੀ ਬਿਲਡਿੰਗ ਦੀ ਮਜ਼ਬੂਤੀ ਦੀ ਜਾਂਚ ਕਰਨ ਲਈ ਨਗਰ ਕੌਂਸਲ ਨੂੰ ਸੇਫਟੀ ਆਡਿਟ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਜੇਕਰ ਨਿਰਮਾਣ ਅਧੀਨ ਇਮਾਰਤ ਅਸੁਰੱਖਿਅਤ ਅਤੇ ਗੈਰ-ਕਾਨੂੰਨੀ ਹੋਣ ਦੇ ਨਾਲ-ਨਾਲ ਆਸ-ਪਾਸ ਦੀਆਂ ਇਮਾਰਤਾਂ ਲਈ ਖ਼ਤਰਾ ਹੈ, ਤਾਂ ਇਸ ਨੂੰ ਤੁਰੰਤ ਢਾਹ ਦਿੱਤਾ ਜਾਵੇ। ਡੇਰਾਬੱਸੀ ਦੇ ਈ ਓ. ਰਵਨੀਤ ਸਿੰਘ ਅਨੁਸਾਰ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਤਿੰਨ ਦਿਨਾਂ ਦੇ ਅੰਦਰ ਸੇਫਟੀ ਆਡਿਟ ਰਿਪੋਰਟ ਪ੍ਰਸ਼ਾਸਨ ਨੂੰ ਸੌਂਪ ਦਿੱਤੀ ਜਾਵੇਗੀ।

# ਸਾਂਝੀ ਰਸੋਈ ਮਨੁੱਖਤਾ ਦੀ ਅਨੋਖੀ ਮਿਸਾਲ : ਸੁਮਨ ਨਈਅਰ

**ਹੁਸ਼ਿਆਰਪੁਰ (ਬਲਵਿੰਦਰ ਸਿੰਘ ਸੈਣੀ)**- ਰੋਟਰੀ ਕਲੱਬ ਵੱਲੋਂ ਪ੍ਰਧਾਨ ਸੁਮਨ ਨਈਅਰ ਨੇ ਸਾਲ 2026-2027 ਦੀ ਸ਼ੁਰੂਆਤ ਮਨੁੱਖਤਾ ਦੀ ਸੇਵਾ ਲਈ ਪਹਿਲੇ ਪ੍ਰੋਜੈਕਟ



ਅੰਨਪੂਰਨਾ ਦੇਵੀ ਮਾਂ ਦੇ ਨਾਮ 'ਤੇ 500 ਲੋੜਵੰਦਾਂ ਨੂੰ ਭੋਜਨ ਛਕਾ ਕੇ ਕੀਤੀ ਹੈ।ਇਸ ਮੌਕੇ ਤੇ ਪੂਰਵ ਜ਼ਿਲ੍ਹਾ ਗਵਰਨਰ ਸੁਰਿੰਦਰ ਵਿਜ, ਜੋਨਲ ਚੇਅਰਮੈਨ ਸਨੇਹ ਜੈਨ, ਸਹਾਇਕ ਗਵਰਨਰ ਰਾਜਿੰਦਰ ਮੋਦਗਿਲ, ਸਕੱਤਰ ਲੈਪੀ ਆਹਲੂਵਾਲੀਆ, ਵਰਿਸ਼ਟ ਪ੍ਰਧਾਨ ਵਾਈਸ ਪ੍ਰੇਜਿਡੈਂਟ ਯੋਗੇਸ਼ ਚੰਦਰ ਵਿਸ਼ੇਸ਼ ਰੂਪ ਵਿੱਚ ਸ਼ਾਮਿਲ ਹੋਏ ਤੇ ਰੈਡ ਕਰਾਸ ਸੁਸਾਇਟੀ ਵੱਲੋਂ ਮੰਗੇਸ਼ ਸੂਦ ਸੈਕਟਰੀ, ਰਾਜੀਵ ਬਜਾਜ ਵਾਈਸ ਚੇਅਰਮੈਨ ਤੇ ਅਧੀਤਿਆ ਰਾਣਾ ਜੁਆਇੰਟ ਸੈਕਟਰੀ ਤੇ ਤਿਲਕ ਰਾਜ ਧਿਮਾਨ ਮੈਂਬਰ ਸ਼ਾਮਿਲ ਹੋਏ ਅਤੇ ਪ੍ਰਧਾਨ ਸੁਮਨ ਨਈਅਰ ਨੇ ਕਿਹਾ ਕਿ ਰੈਡ ਕਰਾਸ ਸੁਸਾਇਟੀ ਦੇ ਵੱਲੋਂ ਚਲਾਈ ਜਾ ਰਹੀ ਸਾਂਝੀ ਰਸੋਈ ਮਨੁੱਖਤਾ ਦਾ ਅਨੋਖੀ ਮਿਸਾਲ ਹੈ । ਇਸ ਰਸੋਈ ਵਿੱਚ ਹਰ ਰੋਜ 450 ਤੋਂ 500 ਲੋਕ ਸਨਮਾਨਪੂਰਵਕ ਦੁਪਹਿਰ ਦਾ ਭੋਜਨ ਗ੍ਰਹਿਣ ਕਰਦੇ ਹਨ । ਇਸ ਤੋਂ ਉਪਰੰਤ ਜੋਨਲ ਚੇਅਰਮੈਨ ਸਨੇਹ ਜੈਨ ਨੇ ਸਮਾਜ ਦੇ ਹਰੇਕ ਦਾਨੀ ਸੱਜਣ ਨੇ ਇਸ ਤਰ੍ਹਾਂ ਦੇ ਸੇਵਾ ਕੰਮਾਂ ਵਿੱਚ ਆਪਣਾ ਕੰਮਾਂ ਵਿੱਚ ਯੋਗਦਾਨ ਦੇਣ ਦੀ ਅਪੀਲ ਕੀਤੀ । ਸਹਾਇਕ ਗਵਰਨਰ ਰਾਜਿੰਦਰ ਮੋਦਗਿਲ ਨੇ ਕਿਹਾ ਕਿ ਰੋਟਰੀ ਕਲੱਬ ਦੇ ਅਗੇਲੇਰੇ ਸਮੇਂ ਵਿੱਚ ਸਾਰੇ ਮੈਂਬਰ ਆਪਣੇ ਜਨਮਦਿਨ ਅਤੇ ਸ਼ਾਦੀ ਦੀ ਵਰ੍ਹੇਗੰਢ ਤੇ ਇਸ ਸੇਵਾ ਪ੍ਰੋਜੈਕਟ ਵਿੱਚ ਆਪਣਾ ਯੋਗਦਾਨ ਦੇਣਗੇ । ਇਸ ਪ੍ਰੋਜੈਕਟ ਵਿੱਚ ਸਨੇਹ ਜੈਨ ਦਾ ਵਿਸ਼ੇਸ਼ ਯੋਗਦਾਨ ਰਿਹਾ । ਇਸ ਮੌਕੇ ਤੇ ਪ੍ਰਧਾਨ ਸੁਮਨ ਨਈਅਰ, ਪੀ.ਡੀ.ਜੀ. ਸੁਰਿੰਦਰ ਵਿਜ, ਸਹਾਇਕ ਗਵਰਨਰ ਰਾਜਿੰਦਰ ਮੌਦਗਿਲ, ਸਕੱਤਰ ਲੈਪੀ ਆਹੂਲਵਾਲੀਆ, ਜੋਨਲ ਚੇਅਰਮੈਨ ਸਨੇਹ ਜੈਨ, ਪ੍ਰੋਜੈਕਟ ਚੇਅਰਮੈਨ ਚੰਦਨ ਸਰੀਨ, ਰਵੀ ਜੈਨ, ਅਸ਼ੋਕ ਜੈਨ, ਯੋਗੇਸ਼ ਚੰਦਰ, ਸੰਜੀਵ ਕੁਮਾਰ, ਨਰੇਸ਼ ਜੈਨ, ਡਾ. ਰੰਜੀਤ, ਅਨਹੁਜਾ ਅਗਰਵਾਲ, ਦੀਦੀ ਓਮਕਾਂਤਾ, ਤਰਨਦੀਪ ਕੌਰ ਤੇ ਤਨਵੀਰ ਸਰੀਨ ਆਦਿ ਹਾਜ਼ਰ ਸਨ ।

# ਰਾਜਵਿੰਦਰ ਸਿੰਘ ਗੱਡੂ ਦੀ ਅਗਵਾਈ 'ਚ ਸਬਜ਼ੀ ਮੰਡੀ ਦਾ ਦੌਰਾ

**ਚੰਡੀਗੜ੍ਹ (ਸੁਰਜੀਤ ਸੁਮਨ)**- ਚੰਡੀਗੜ੍ਹ ਕਾਂਗਰਸ ਕਮੇਟੀ ਪ੍ਰਤੀਨਿਧੀ ਮੰਡਲ ਸੈਕਟਰ 40-ਬੀ, ਚੰਡੀਗੜ੍ਹ ਵੱਲੋਂ ਰਾਜਵਿੰਦਰ ਸਿੰਘ ਗੱਡੂ ਸੈਕਟਰੀ ਚੰਡੀਗੜ੍ਹ ਟੈਰੀਟੋਰੀਅਲ ਕਾਂਗਰਸ ਕਮੇਟੀ ਦੀ ਅਗਵਾਈ ਹੇਠ ਰਜਨੀ ਤਲਵਾੜ, ਸਟੇਟ ਮੀਤ ਪ੍ਰਧਾਨ, ਰਮੇਸ਼ ਆਹੂਜਾ ਸਟੇਟ ਸੈਕਟਰੀ, ਸੁਸ਼ੀਲ ਕੁਮਾਰ ਜ਼ਿਲ੍ਹਾ ਕਾਂਗਰਸ ਅਰਬਨ-2 ਦੇ ਮੀਤ ਪ੍ਰਧਾਨ, ਰਾਕੇਸ਼ ਕੁਮਾਰ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਮੀਤ ਪ੍ਰਧਾਨ, ਅਨਮੋਲ ਤਲਵਾੜ ਲੀਗਲ ਸੈੱਲ ਦੇ ਵਾਈਸ ਚੇਅਰਮੈਨ ਵੱਲੋਂ ਸੈਕਟਰ ਦੀ ਸਬਜ਼ੀ ਮੰਡੀ ਦਾ ਦੌਰਾ ਕੀਤਾ ਗਿਆ। ਸਬਜ਼ੀ ਮੰਡੀ ਦੇ ਕਿਨ੍ਹਾਂ ਦੁਕਾਨ ਮਾਲਕਾਂ ਅਤੇ ਗਾਹਕਾਂ ਨੇ ਸਬਜ਼ੀ ਮੰਡੀ ਵਿੱਚ ਆ ਰਹੀਆਂ



ਤਕਲੀਫ਼ਾਂ ਬਾਰੇ ਜਾਣਕਾਰੀ ਦਿੰਦਿਆਂ ਮੰਗ ਕੀਤੀ ਕਿ ਸਬਜ਼ੀ ਮੰਡੀ ਦਾ ਗਰਾਊਂਡ ਪੱਕਾ ਕੀਤਾ ਜਾਣਾ ਚਾਹੀਦਾ ਹੈ ਕਿਉਂਕਿ ਬਰਸਾਤ ਦੇ ਦਿਨਾਂ ਵਿੱਚ ਗਾਹਕ ਖਰੀਦਦਾਰੀ ਕਰਨ ਤੋਂ ਟਾਲਾ ਵੱਟਦੇ ਹਨ, ਜਿਸ ਕਾਰਨ ਖਾਲੀ ਹੱਥ ਘਰ ਪਰਤਣ ਲਈ ਮਜਬੂਰ ਹੋਣਾ ਪੈਂਦਾ ਹੈ।ਉਨ੍ਹਾਂ ਮੰਗ ਕੀਤੀ ਕਿ ਮੰਡੀ ਦਾ ਗਰਾਊਂਡ ਪੱਕਾ ਹੋਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਇੱਥੇ ਬਾਥਰੂਮ ਆਦਿ ਬਣਨੇ ਚਾਹੀਦੇ ਹਨ। ਆਮ ਜਨਤਾ ਲਈ ਪੀਣ ਵਾਲੇ ਪਾਣੀ ਦੀ ਸਹੂਲਤ ਲਈ ਟੂਟੀਆਂ ਲੱਗਣੀਆਂ ਚਾਹੀਦੀਆਂ ਹਨ। ਰਾਜਵਿੰਦਰ ਸਿੰਘ ਗੱਡੂ ਨਾਲ ਆਏ ਵਫਦ ਨੇ ਸਬਜ਼ੀ ਮੰਡੀ ਵਿੱਚ ਇਹ ਸਾਰੀਆਂ ਸਹੂਲਤਾਂ ਪ੍ਰਦਾਨ ਕਰਵਾਉਣ ਲਈ ਵਾਅਦਾ ਕੀਤਾ ਕਿ ਉੱਚ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਇਸ ਮਸਲੇ ਦਾ ਹੱਲ ਕਰਵਾਇਆ ਜਾਵੇਗਾ।

# ਪੰਜਾਬ ਸਿਵਲ ਸਕੱਤਰੇਤ ਸਟਾਫ ਐਸੋਸੀਏਸ਼ਨ ਦੇ ਅਹੁਦੇਦਾਰ ਸਨਮਾਨਤ



**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਸਿਵਲ ਸਕੱਤਰੇਤ ਸਟਾਫ ਐਸੋਸੀਏਸ਼ਨ ਵੱਲੋ ਕੀਤੇ ਉਪਰਾਲੇ ਦੇ ਸਨਮੁੱਖ ਪੰਜਾਬ ਸਰਕਾਰ ਦੇ ਚੰਡੀਗੜ੍ਹ ਵਿਖੇ ਸਥਿਤ ਸਰਕਾਰੀ ਮਕਾਨਾਂ ਦੀ ਲਾਇਸੰਸ ਫੀਸ ਚੰਡੀਗੜ੍ਹ ਦੀ ਤਰਜ਼ 'ਤੇ ਫਿਕਸ ਹੋਣ ਉਪਰੰਤ ਸੈਕਟਰ 39-ਡੀ ਦੀ ਰੈਜੀਡੈਂਟ ਵੈਲਫ਼ੇਅਰ ਐਸੋਸੀਏਸ਼ਨ ਦੇ ਪ੍ਰਧਾਨ ਗੁਰਮੀਤ ਸਿੰਘ ਰਾਓ, ਜਨਰਲ ਸਕੱਤਰ-ਕਮ-ਮੁਲਾਜ਼ਮ ਆਗੂ ਦਵਿੰਦਰ ਸਿੰਘ ਬੈਨੀਪਾਲ, ਇੰਦਰਪਾਲ ਸਿੰਘ ਭੰਗੂ ਅਤੇ ਉਨ੍ਹਾਂ ਦੀ ਟੀਮ ਵੱਲੋਂ ਸੰਗਰਾਂਦ ਮੌਕੇ ਗੁਰਦਵਾਰਾ ਸ੍ਰੀ ਚੰਦ ਸਾਹਿਬ ਜੀ, ਸੈਕਟਰ-39 ਵਿਖੇ ਸੰਗਤ ਦੀ ਹਾਜ਼ਰੀ ਵਿੱਚ ਪੰਜਾਬ ਸਿਵਲ ਸਕੱਤਰੇਤ ਸਟਾਫ ਐਸੋਸੀਏਸ਼ਨ ਅਤੇ ਸਕੱਤਰੇਤ ਦੇ ਅਹੁਦੇਦਾਰਾਂ ਸੁਖਚੈਨ ਸਿੰਘ ਖਹਿਰਾ, ਸੁਸ਼ੀਲ ਕੁਮਾਰ ਫੌਜੀ, ਸਾਹਿਬ ਸ਼ਰਮਾ ਅਤੇ ਹੋਰ ਸਾਥੀਆਂ ਨੂੰ ਸਨਮਾਨ ਚਿੰਨ੍ਹ ਨਾਲ ਅਤੇ ਸਿਰਪਾਓ ਪਾ ਕੇ ਸਨਮਾਨਤ ਕੀਤਾ ਗਿਆ।

# ਕੰਗ ਰਾਈਆਂ 'ਚ ਜ਼ਹਿਰੀਲੇ ਪਾਣੀ ਨੇ ਲਈਆਂ 6 ਬੱਕਰੀਆਂ ਦੀਆਂ ਜਾਨਾਂ

**ਫਿਲੌਰ (ਨਿਰਮਲ)**- ਪਿੰਡ ਕੰਗ ਰਾਈਆਂ 'ਚ ਬੱਕਰੀਆਂ ਚਰਾ ਕੇ ਆਪਣਾ ਅਤੇ ਆਪਣੇ ਪਰਵਾਰ ਦਾ ਪੇਟ ਪਾਲਣ ਵਾਲੇ ਪੱਪੂ ਨਾਮਕ ਵਿਅਕਤੀ 'ਤੇ ਦੁੱਖਾਂ ਦਾ ਪਹਾੜ ਟੁੱਟ



ਪਿਆ । ਮਿਲੀ ਜਾਣਕਾਰੀ ਅਨੁਸਾਰ ਪੱਪੂ ਦੀਆਂ 6 ਬੱਕਰੀਆਂ ਨੇ ਅਣਜਾਣੇ ਵਿੱਚ ਖੇਤਾਂ ਵਿੱਚ ਖੜ੍ਹਾ ਅਜਿਹਾ ਪਾਣੀ ਪੀ ਲਿਆ, ਜਿਸ ਵਿੱਚ ਝੋਨੇ ਨੂੰ ਪਕਾਉਣ ਲਈ ਵਰਤੇ ਗਏ ਖਤਰਨਾਕ ਰਸਾਇਣਾਂ ਦੀ ਮਿਲਾਵਟ ਸੀ। ਪਾਣੀ ਪੀਂਦਿਆਂ ਹੀ ਬੱਕਰੀਆਂ ਦੀ ਹਾਲਤ ਵਿਗੜ ਗਈ ਅਤੇ ਉਹ ਤੜਫ-ਤੜਫ ਕੇ ਦਮ ਤੋੜ ਗਈਆਂ। ਘਟਨਾ ਦੀਆਂ ਤਸਵੀਰਾਂ ਇੰਨੀਆਂ ਦਰਦਨਾਕ ਹਨ ਕਿ ਬੱਕਰੀਆਂ ਦੇ ਮੂੰਹ ਵਿੱਚੋਂ ਜ਼ਹਿਰ ਨਿਕਲ ਰਿਹਾ ਸੀ ਅਤੇ ਉਨ੍ਹਾਂ ਦੀਆਂ ਅੰਦਰੂਨੀ ਆਂਦਰਾਂ ਤੱਕ ਫਟ ਗਈਆਂ, ਜੋ ਕਿ ਖੇਤਾਂ ਵਿੱਚ ਵਰਤੇ ਜਾ ਰਹੇ ਘਾਤਕ ਕੈਮੀਕਲਾਂ ਦੀ ਪੁਸ਼ਟੀ ਕਰਦੀਆਂ ਹਨ। ਮੌਕੇ 'ਤੇ ਪਹੁੰਚੇ ਪਿੰਡ ਦੇ ਮੌਜੂਦਾ ਸਰਪੰਚ ਪਲਵਿੰਦਰ ਕੌਰ, ਉਨ੍ਹਾਂ ਦੇ ਪਤੀ ਪਰਮਜੀਤ ਸਿੰਘ ਅਤੇ ਸਾਬਕਾ ਪੰਚਾਇਤ ਮੈਂਬਰ ਹਰਦੀਪ ਸਿੰਘ ਨੇ ਇਸ ਘਟਨਾ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਵੱਲੋਂ ਫਸਲਾਂ ਨੂੰ ਜਲਦੀ ਪਕਾਉਣ ਲਈ ਕੀਤੀ ਜਾ ਰਹੇ ਰਸਾਇਣਾਂ ਦੀ ਅੰਨ੍ਹੇਵਾਹ ਵਰਤੋਂ ਹੁਣ ਬੇਜ਼ੁਬਾਨ ਜਾਨਵਰਾਂ ਲਈ ਮੌਤ ਦਾ ਕਾਰਨ ਬਣ ਰਹੀ ਹੈ, ਜਿਸ ਨਾਲ ਇੱਕ ਗਰੀਬ ਪਰਵਾਰ ਦਾ ਘਰ ਉੱਜੜ ਗਿਆ ਹੈ। ਪੱਪੂ ਲਈ ਇਹ ਸਿਰਫ਼ ਬੱਕਰੀਆਂ ਨਹੀਂ, ਸਗੋਂ ਉਸ ਦੇ ਪਰਵਾਰ ਦੀ ਰੋਜ਼ੀ-ਰੋਟੀ ਸੀ। ਇਸ ਔਖੀ ਘੜੀ ਵਿੱਚ ਪਿੰਡ ਵਾਸੀਆਂ ਨੇ ਸਮੂਹ ਐਨ.ਆਰ.ਆਈਜ਼ ਅਤੇ ਸਮਾਜ ਸੇਵੀ ਸੰਸਥਾਵਾਂ ਨੂੰ ਅਪੀਲ ਕੀਤੀ ਹੈ ਕਿ ਇਸ ਗਰੀਬ ਪਰਵਾਰ ਦੀ ਵੱਧ ਤੋਂ ਵੱਧ ਆਰਥਿਕ ਮਦਦ ਕੀਤੀ ਜਾਵੇ।

# ਸਿੰਘ ਸਭਾ ਲੰਡਨ ਈਸਟ ਗੁਰਦੁਆਰਾ ਤੇ ਖੇਡ ਕਲੱਬ ਦੇ ਸਹਿਯੋਗ ਨਾਲ ਕਰਵਾਏ ਸਾਲਾਨਾ ਗੱਤਕਾ ਮੁਕਾਬਲੇ

**ਲੰਡਨ (ਗੁਰਜੀਤ ਬਿੱਲਾ)**- ਸਿੰਘ ਸਭਾ ਲੰਡਨ ਈਸਟ ਗੁਰਦੁਆਰਾ ਅਤੇ ਖੇਡ ਕਲੱਬ ਦੇ ਸਹਿਯੋਗ ਨਾਲ ਗੱਤਕਾ ਫੈਡਰੇਸ਼ਨ ਯੂ ਕੇ ਦੇ ਪ੍ਰਧਾਨ ਤੇ ਸੰਸਦ ਮੈਂਬਰ ਤਨਮਨਜੀਤ ਸਿੰਘ ਢੇਸੀ ਦੇ ਯਤਨਾਂ ਸਦਕਾ 12ਵੀਂ ਯੂ ਕੇ ਗੱਤਕਾ ਚੈਂਪੀਅਨਸ਼ਿਪ ਕਰਵਾਈ ਗਈ। ਇਲਫੋਰਡ ਵਿਖੇ ਆਯੋਜਿਤ ਇਸ ਚੈਂਪੀਅਨਸ਼ਿਪ ਦੌਰਾਨ ਵਾਰਿੰਗਟਨ, ਕਵੈਂਟਰੀ, ਡਰਬੀ, ਲੇਟਨ, ਗੁੱਡਮੇਅਜ਼, ਗ੍ਰੇਵਜ਼ੈਂਡ, ਵੂਲਿਚ ਅਤੇ ਬੋਅ ਸ਼ਹਿਰਾਂ ਤੋਂ ਪਹੁੰਚੇ 9 ਗੱਤਕਾ ਅਖਾੜਿਆਂ ਦੇ ਸਿੱਖ ਨੌਜਵਾਨਾਂ ਅਤੇ ਬੀਬੀਆਂ ਨੇ ਖਾਲਸਾਈ ਪ੍ਰੰਪਰਾਵਾਂ ਮੁਤਾਬਿਕ ਜੌਹਰ ਵਿਖਾਏ। ਇੱਥੇ ਇਹ ਜਾਣਕਾਰੀ ਦਿੰਦਿਆਂ ਵਿਸ਼ਵ ਗੱਤਕਾ ਫੈਡਰੇਸ਼ਨ ਦੇ ਪ੍ਰਧਾਨ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਨੇ ਦੱਸਿਆ ਕਿ ਅਰਦਾਸ ਤੋਂ ਉਪਰੰਤ ਢੇਸੀ ਸਮੇਤ ਪ੍ਰਬੰਧਕਾਂ ਨੇ ਗੱਤਕਾ ਮੁਕਾਬਲਿਆਂ ਦੀ ਸ਼ੁਰੂਆਤ ਕਰਵਾਈ। ਇਹਨਾਂ ਸਲਾਨਾ ਮੁਕਾਬਲਿਆਂ ਦੌਰਾਨ ਗੱਤਕਾ ਖੇਡ ਦੇ ਵੱਖ-ਵੱਖ ਉਮਰ ਦੇ ਬੱਚਿਆਂ, ਬੀਬੀਆਂ ਅਤੇ ਮਰਦਾਂ ਦੇ ਜੰਗਜੂ ਮੁਕਾਬਲੇ ਕਰਵਾਏ ਗਏ। ਇੰਨਾ ਵਿੱਚੋਂ 18 ਸਾਲ ਤੋਂ ਵੱਧ ਉਮਰ ਦੇ ਲੜਕਿਆਂ ਦੇ ਮੁਕਾਬਲਿਆਂ 'ਚੋਂ ਜੋਰਾ ਸਿੰਘ ਬਾਬਾ ਫਤਹਿ ਸਿੰਘ ਅਖਾੜਾ ਵੂਲਿਚ ਜੇਤੂ ਰਿਹਾ ਜਦਕਿ ਗੁਰਦੀਪ ਸਿੰਘ ਦਮਦਮੀ ਟਕਸਾਲ ਅਖਾੜਾ ਡਰਬੀ ਦੂਜੇ ਸਥਾਨ 'ਤੇ ਰਿਹਾ। ਬੀਬੀਆਂ 'ਚੋਂ ਦਮਦਮੀ ਟਕਸਾਲ ਅਖਾੜਾ ਡਰਬੀ ਦੀ ਕਮਲਪ੍ਰੀਤ ਕੌਰ ਪਹਿਲੇ ਅਤੇ ਕਰਮਜੀਤ ਕੌਰ ਦੂਜੇ ਸਥਾਨ 'ਤੇ ਰਹੀ। 18 ਤੋਂ ਸਾਲ ਦੇ ਲੜਕਿਆਂ ਦੇ ਮੁਕਾਬਲਿਆਂ ਵਿੱਚੋਂ ਦਮਦਮੀ ਟਕਸਾਲ ਦਾ ਹਰਸ਼ਦੀਪ ਸਿੰਘ ਪਹਿਲੇ ਅਤੇ



ਜਸਕੀਰਤ ਸਿੰਘ ਦੂਜੇ ਸਥਾਨ ਤੇ ਜਦਕਿ ਇਸੇ ਉਮਰ ਵਰਗ ਵਿੱਚ ਲੜਕੀਆਂ 'ਚੋਂ ਗੁਰਸੁਖਮਨ ਕੌਰ ਅਕਾਲੀ ਫੂਲਾ ਸਿੰਘ ਅਖਾੜਾ ਪਹਿਲੇ ਅਤੇ ਹਰਲੀਨ ਕੌਰ ਦਮਦਮੀ ਟਕਸਾਲ ਅਖਾੜਾ ਦੂਜੇ ਸਥਾਨ 'ਤੇ, 14 ਸਾਲ ਤੋਂ ਘੱਟ ਉਮਰ ਵਰਗ ਦੇ ਮੁਕਾਬਲੇ 'ਚੋਂ ਦਮਦਮੀ ਟਕਸਾਲ ਅਖਾੜੇ ਦੇ ਯੁਵਰਾਜ ਸਿੰਘ ਪਹਿਲੇ ਅਤੇ ਰਬਜੋਤ ਸਿੰਘ ਦੂਜੇ ਸਥਾਨ ਤੇ ਜਦਕਿ ਲੜਕੀਆਂ ਚੋਂ ਅਕਾਲੀ ਫੂਲਾ ਸਿੰਘ ਅਖਾੜਾ ਕਵੈਂਟਰੀ ਦੀ ਮਨਰੂਪ ਕੌਰ ਪਹਿਲੇ ਅਤੇ ਅਕਾਲੀ ਬਾਬਾ ਅਜੀਤ ਸਿੰਘ ਅਖਾੜਾ ਵਾਰਿੰਗਟਨ ਦੀ ਨਕੀਤਾ ਕੌਰ ਦੂਜੇ ਸਥਾਨ ਤੇ ਰਹੀ। ਇਸ ਮੌਕੇ ਬੋਲਦਿਆਂ ਗੱਤਕਾ ਫੈਡਰੇਸ਼ਨ ਯੂਕੇ ਦੇ ਪ੍ਰਧਾਨ ਐਮਪੀ ਤਨਮਨਜੀਤ ਸਿੰਘ ਢੇਸੀ ਨੇ ਕਿਹਾ ਕਿ ਸੰਗਤਾਂ ਦੇ ਸਹਿਯੋਗ ਹਰ ਸਾਲ ਗੱਤਕਾ ਚੈਂਪੀਅਨਸ਼ਿਪ ਕਰਵਾਈ ਜਾਂਦੀ ਹੈ।

ਉਹਨਾਂ ਯੂਕੇ ਗੱਤਕਾ ਫੈਡਰੇਸ਼ਨ ਦੇ ਜਨਰਲ ਸਕੱਤਰ ਹਰਮਨ ਸਿੰਘ ਜੌਹਲ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਤਨਾਮ ਸਿੰਘ ਸੰਧੂ, ਗੁਰਦੀਪ ਸਿੰਘ ਹੁੰਦਲ, ਖੇਡ ਕਲੱਬ ਦੇ ਪਿੰਦਰ ਸਿੰਘ ਭਰੋਲੀ, ਲਹਿੰਬਰ ਸਿੰਘ ਲੱਧੜ, ਅਜਮੇਰ ਸਿੰਘ ਮੇਲਾ, ਮੇਜਰ ਸਿੰਘ ਬਾਸੀ, ਮਨਦੀਪ ਸਿੰਘ ਬੜਿੰਗ, ਮਨਜਿੰਦਰ ਸਿੰਘ ਬੜਿੰਗ, ਰਾਣਾ ਪੱਡਾ, ਜਸਪਾਲ ਸਿੰਘ ਢੇਸੀ, ਮਨਜੀਤ ਸਿੰਘ ਸ਼ਾਲਾਪੁਰੀ, ਸਾਹਿਬ ਸਿੰਘ ਢੇਸੀ, ਨਿਸ਼ਾਨ ਸਿੰਘ ਸਲੋਹ, ਜਗਬੀਰ ਸਿੰਘ ਜੱਗਾ ਚਕਰ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐੱਮ ਪੀ ਜਸ ਅਠਵਾਲ, ਰਾਣਾ ਪੱਡਾ, ਸੁਰਿੰਦਰ ਸਿੰਘ ਮਾਣਕ, ਸੋਖਾ ਢੇਸੀ, ਸੁਰਜੀਤ ਸਿੰਘ ਘੁੰਮਣ 'ਪੰਜਾਬ ਰੇਡੀਓ' ਅਤੇ ਪੰਜਾਬ ਟੀ ਵੀ, ਮਨਪ੍ਰੀਤ ਸਿੰਘ ਬੱਧਨੀ ਕਲਾਂ ਅਜੀਤ ਅਤੇ ਪੰਜਾਬ ਟਾਈਮਜ਼ ਆਦਿ ਵੀ ਉਚੇਚੇ ਤੌਰ 'ਤੇ ਪਹੁੰਚੇ।

# ਧਾਰਮਿਕ ਸਮਾਗਮ ਮੌਕੇ ਮੁਫ਼ਤ ਮੈਡੀਕਲ ਕੈਂਪ ਲਾਇਆ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਸਿੱਧ ਯੋਗੀ ਟਰੱਸਟ ਪਿੰਡ ਖਾਨਪੁਰ ਵੱਲੋਂ ਫਰੀ ਮੈਡੀਕਲ ਕੈਂਪ ਸਾਈਂ ਗੁਲਾਬ ਸ਼ਾਹ ਜੀ ਡੇਰਾ ਮੈਲੀ ਵਿਖੇ ਗੱਦੀਨਸ਼ੀਨ 108 ਸੰਤ ਗੰਗਾ ਦੇਵੀ ਮਹਾਰਾਜ ਦੀ ਰਹਿਨੁਮਾਈ ਹੇਠ ਸਾਵਣ ਮਹੀਨੇ ਦੀ ਸੰਗਰਾਂਦ ਮੌਕੇ ਲਗਵਾਇਆ ਗਿਆ। ਜਿਸ ਦਾ ਉਦਘਾਟਨ ਗੱਦੀਨਸ਼ੀਨ 108 ਸੰਤ ਗੰਗਾ ਦੇਵੀ ਮਹਾਰਾਜ ਨੇ ਕੀਤਾ।ਇਸ ਮੌਕੇ ਸੰਤ ਬਿਨੇ ਮੁਨੀ, ਜੰਮੂ ਤੋਂ ਸੰਤ ਸਰੀਤਾ ਜੀ, ਸੰਤ ਰਾਣੀ ਮਹਾਰਾਜ, ਸੰਤ ਹਿੰਦੂ ਜੀ, ਸੰਤ ਜਗਦੀਸ਼ ਮਹਾਰਾਜ, ਸੰਤ ਸਰਸਵਤੀ, ਡਾਕਟਰ ਪ੍ਰਭ ਹੀਰ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਫਨ ਰੇਸ ਮੁਕਾਬਲੇ

**ਸੁਲਤਾਨਪੁਰ ਲੋਧੀ (ਹਨੀ)**- ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਸ਼ਾਸਕ ਇੰਜੀ. ਨਿਮਰਤਾ ਕੌਰ ਦੀ ਅਗਵਾਈ ਵਿਚ ਕਿੰਡਰ ਗਾਰਡਨ ਦੇ ਵਿਦਿਆਰਥੀਆਂ ਲਈ ਫਨ ਰੇਸ ਮੁਕਾਬਲਾ ਕਰਵਾਇਆ ਗਿਆ। ਇਸ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਮਨੋਰੰਜਕ ਰੇਸਾਂ ਵਿੱਚ ਪੂਰੇ ਜੋਸ਼ ਨਾਲ ਭਾਗ ਲੈਂਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਸਰੀਰਕ ਤੰਦਰੁਸਤੀ,



ਆਤਮ-ਵਿਸ਼ਵਾਸ, ਟੀਮ ਭਾਵਨਾ ਅਤੇ ਖੇਡਾਂ ਪ੍ਰਤੀ ਰੁਚੀ ਨੂੰ ਉਤਸ਼ਾਹਤ ਕਰਨਾ ਸੀ। ਮੁਕਾਬਲੇ ਦੇ ਅੰਤ ਵਿੱਚ ਜੇਤੂ ਵਿਦਿਆਰਥੀਆਂ ਨੂੰ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਸਕੂਲ ਡਾਇਰੈਕਟਰ ਇੰਜੀ. ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀ. ਨਿਮਰਤਾ ਕੌਰ ਨੇ ਸਾਰੇ ਭਾਗੀਦਾਰਾਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਇਸੇ ਤਰ੍ਹਾਂ ਹਰ ਗਤੀਵਿਧੀ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।

# ਵਿਦਿਆਰਥੀਆਂ ਨੂੰ ਸਟੇਸ਼ਨਰੀ ਦਿੱਤੀ

**ਬਲਾਚੌਰ (ਜਸਵਿੰਦਰ ਬੈਂਸ)**- ਸਮਾਜਿਕ ਜ਼ਿੰਮੇਵਾਰੀ ਨੂੰ ਨਿਭਾਉਂਦਿਆਂ ਬੈਂਕ ਆਫ਼ ਇੰਡੀਆ ਬਲਾਚੌਰ ਸ਼ਾਖਾ ਵੱਲੋਂ ਸਰਕਾਰੀ ਹਾਈ ਸਕੂਲ ਕੌਲਗੜ੍ਹ ਦੇ ਵਿਦਿਆਰਥੀਆਂ ਨੂੰ ਸਟੇਸ਼ਨਰੀ ਸਮੱਗਰੀ ਵੰਡ ਕੇ




ਸਿੱਖਿਆ ਪ੍ਰਤੀ ਆਪਣੀ ਵਚਨਬੱਧਤਾ ਦਾ ਸ਼ਾਨਦਾਰ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਬੈਂਕ ਦੇ ਬ੍ਰਾਂਚ ਮੈਨੇਜਰ ਪਰਮਜੀਤ ਸਿੰਘ ਨੇ ਅਧਿਕਾਰੀਆਂ ਨਰਿੰਦਰ ਸਿੰਘ ਅਤੇ ਰਾਧੇ ਸ਼ਿਆਮ ਦੇ ਨਾਲ ਮਿਲ ਕੇ ਵਿਦਿਆਰਥੀਆਂ ਨੂੰ ਨੋਟਬੁੱਕਾਂ, ਪੈਨ, ਪੈਨਸਲਾਂ ਤੇ ਹੋਰ ਲੋੜੀਂਦੀ ਸਟੇਸ਼ਨਰੀ ਭੇਟ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਬ੍ਰਾਂਚ ਮੈਨੇਜਰ ਪਰਮਜੀਤ ਸਿੰਘ ਨੇ ਕਿਹਾ ਕਿ 'ਸਿੱਖਿਆ ਹੀ ਇੱਕ ਉੱਜਵਲ ਭਵਿੱਖ ਦੀ ਕੁੰਜੀ ਹੈ।ਬੈਂਕ ਆਫ਼ ਇੰਡੀਆ ਆਪਣੇ ਸੀ ਐੱਸ ਆਰ ਪ੍ਰੋਗਰਾਮਾਂ ਰਾਹੀਂ ਸਿੱਖਿਆ ਤੇ ਸਮਾਜਿਕ ਭਲਾਈ ਲਈ ਹਮੇਸ਼ਾ ਵਚਨਬੱਧ ਰਹੇਗਾ।' ਉਨ੍ਹਾਂ ਵਿਦਿਆਰਥੀਆਂ ਨੂੰ ਮਨ ਲਾ ਕੇ ਪੜ੍ਹਾਈ ਕਰਨ ਅਤੇ ਜੀਵਨ ਵਿੱਚ ਉੱਚੇ ਮੁਕਾਮ ਹਾਸਲ ਕਰਨ ਲਈ ਵੀ ਪ੍ਰੇਰਿਤ ਕੀਤਾ। ਪ੍ਰੋਗਰਾਮ ਵਿੱਚ ਪਿੰਡ ਦੇ ਸਰਪੰਚ ਗੁਰਦੇਵ ਸਿੰਘ, ਕੈਪਟਨ ਦਿਲਾਵਰ ਸਿੰਘ, ਜੁਝਾਰ ਸਿੰਘ ਰਾਣਾ, ਗੁਰਵਿੰਦਰ ਸਿੰਘ, ਪਰਮਜੀਤ ਸਿੰਘ, ਬਲਕਾਰ ਸਿੰਘ, ਜੁਝਾਰ ਸਿੰਘ, ਮੱਖਣ ਸਿੰਘ, ਗ੍ਰਾਮ ਪੰਚਾਇਤ ਮੈਂਬਰਾਂ ਅਤੇ ਹੋਰ ਪਤਵੰਤਿਆਂ ਨੇ ਸ਼ਮੂਲੀਅਤ ਕੀਤੀ। ਹਾਜ਼ਰ ਸ਼ਖ਼ਸੀਅਤਾਂ ਨੇ ਬੈਂਕ ਵੱਲੋਂ ਵਿਦਿਆਰਥੀਆਂ ਦੀ ਸਹਾਇਤਾ ਲਈ ਕੀਤੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਇਸ ਨੂੰ ਸਮਾਜ ਲਈ ਪ੍ਰੇਰਨਾਦਾਇਕ ਕਦਮ ਕਰਾਰ ਦਿੱਤਾ। ਅੰਤ ਵਿੱਚ ਸਰਕਾਰੀ ਹਾਈ ਸਕੂਲ ਕੌਲਗੜ੍ਹ ਦੇ ਪ੍ਰਿੰਸੀਪਲ, ਸਮੂਹ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਬੈਂਕ ਆਫ਼ ਇੰਡੀਆ ਦਾ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਸਿੱਖਿਆ ਦੇ ਖੇਤਰ ਵਿੱਚ ਇਸ ਤਰ੍ਹਾਂ ਦੀਆਂ ਪਹਿਲਕਦਮੀਆਂ ਬੱਚਿਆਂ ਦਾ ਮਨੋਬਲ ਵਧਾਉਣ ਦੇ ਨਾਲ-ਨਾਲ ਹੋਰ ਸੰਸਥਾਵਾਂ ਨੂੰ ਵੀ ਸਮਾਜਿਕ ਜ਼ਿੰਮੇਵਾਰੀ ਨਿਭਾਉਣ ਲਈ ਪ੍ਰੇਰਿਤ ਕਰਦੀਆਂ ਹਨ।

# ਡਾ. ਬਲਜੀਤ ਕੌਰ ਨੇ ਕੋਰਸ ਪੂਰਾ ਕਰ ਚੁੱਕੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਮੋਹਾਲੀ ਸਥਿਤ ਅੰਬੇਡਕਰ ਇੰਸਟੀਚਿਊਟ ਆਫ ਕਰੀਅਰਜ਼ ਐਂਡ



ਕੋਰਸਿਜ਼ ਵਿਖੇ ਆਯੋਜਿਤ ਸਮਾਗਮ ਦੌਰਾਨ ਵਿਦਿਆਰਥੀਆਂ ਨਾਲ ਵਿਸ਼ੇਸ਼ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਹੁਨਰ ਵਿਕਾਸ ਅਤੇ ਸਵੈ-ਨਿਰਭਰਤਾ ਵੱਲ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਉਨ੍ਹਾਂ ਸਫ਼ਲਤਾਪੂਰਵਕ ਕੋਰਸ ਪੂਰਾ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੀ ਵੰਡੇ। ਸਮਾਗਮ ਦੀ ਸ਼ੁਰੂਆਤ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਹੋਈ, ਜਿਸ ਵਿੱਚ ਕੈਬਨਿਟ ਮੰਤਰੀ ਡਾ. ਬਲਜੀਤ ਕੌਰ, ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਅਤੇ ਵਿਧਾਇਕ ਕੁਲਵੰਤ ਸਿੰਘ ਨੇ ਸ਼ਿਰਕਤ ਕਰਦਿਆਂ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।ਸਮਾਗਮ ਨੂੰ ਸੰਬੋਧਨ ਕਰਦਿਆਂ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਇੰਸਟੀਚਿਊਟ ਦੀ ਇਮਾਰਤ ਦੇ ਵਿਕਾਸ ਅਤੇ ਬੁਨਿਆਦੀ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਲਈ ਸਰਕਾਰ ਵੱਲੋਂ 1.35 ਕਰੋੜ ਰੁਪਏ ਖਰਚ ਕੀਤੇ ਗਏ ਹਨ ਤਾਂ ਜੋ ਵਿਦਿਆਰਥੀਆਂ ਨੂੰ ਵਧੀਆ ਸਿੱਖਣ ਦਾ ਮਾਹੌਲ ਮਿਲ ਸਕੇ। ਉਨ੍ਹਾਂ ਦੱਸਿਆ ਕਿ ਅੰਬੇਡਕਰ ਇੰਸਟੀਚਿਊਟ ਆਫ ਕਰੀਅਰਜ਼ ਐਂਡ ਕੋਰਸਿਜ਼ ਵਿਖੇ ਬੈਂਕ ਪੀ ਓ, ਏ ਏ ਓ, ਪੰਜਾਬੀ ਅਤੇ ਅੰਗਰੇਜ਼ੀ ਸਟੈਨੋਗ੍ਰਾਫੀ ਤੇ ਆਈ ਏ ਐਸ ਤੇ ਪੀ ਸੀ ਐੱਸ ਪ੍ਰੀਖਿਆਵਾਂ ਲਈ ਮੁਫ਼ਤ ਕੋਚਿੰਗ ਦੀ ਸਹੂਲਤ ਉਪਲਬਧ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਿਖਿਆਰਥੀਆਂ ਲਈ ਹੋਸਟਲ ਦੀ ਸਹੂਲਤ ਵੀ ਉਪਲਬਧ ਹੈ ਅਤੇ ਨਿਯਮਾਂ ਅਨੁਸਾਰ ਉਨ੍ਹਾਂ ਨੂੰ ਵਜ਼ੀਫ਼ਾ ਵੀ ਦਿੱਤਾ ਜਾਂਦਾ ਹੈ। ਮੰਤਰੀ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਅਤੇ ਸਿਖਲਾਈ ਪ੍ਰੋਗਰਾਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਪਣੇ ਸੁਨਹਿਰੇ ਭਵਿੱਖ ਦੀ ਮਜ਼ਬੂਤ ਨੀਂਹ ਰੱਖਣ।

# ਪੰਡਿਤ ਲੇਖਰਾਜ ਸ਼ਰਮਾ ਬ੍ਰਾਹਮਣ ਸਭਾ ਦੇ ਚੇਅਰਮੈਨ ਨਿਯੁਕਤ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਸੰਗਰੂਰ ਵਿੱਚ ਆਪਣੇ ਹੱਕਾਂ ਲਈ ਲੜਦੇ ਸਫਾਈ ਸੇਵਕਾਂ ਅਤੇ ਖੰਨਾ ਵਿੱਚ ਮਨਰੇਗਾ ਕਰਮਚਾਰੀਆਂ ਤੇ ਕੀਤੇ ਲਾਠੀ ਚਾਰਜ ਦੇ ਵਿਰੋਧ ਵਿੱਚ ਮਹਿਤਪੁਰ ਸ਼ਹਿਰ ਵਿੱਚ ਸਫਾਈ ਸੇਵਕਾਂ ਨੇ ਭਾਰੀ ਰੋਸ ਪ੍ਰਦਰਸ਼ਨ ਕਰਦਿਆਂ ਸ਼ਹਿਰ ਦੇ ਮੁੱਖ ਚੌਂਕ ਵਿੱਚ ਮਹਿਤਪੁਰ ਜਗਰਾਵਾਂ ਰੋਡ ਤੇ ਆਵਾਜਾਈ ਕੁਝ ਸਮੇਂ ਲਈ ਠੱਪ ਕਰਕੇ ਸਰਕਾਰ ਦਾ ਪੁਤਲਾ ਫੂਕਿਆ। ਇਸ ਪ੍ਰਦਰਸ਼ਨ ਦਾ ਸਮਰਥਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਅਤੇ



ਨੌਜਵਾਨ ਭਾਰਤ ਸਭਾ ਨੇ ਪ੍ਰਦਰਸ਼ਨ ਵਿੱਚ ਹਿੱਸਾ ਲਿਆ। ਇਸ ਮੌਕੇ ਸਫਾਈ ਸੇਵਕਾਂ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਸਫਾਈ ਸੇਵਕ ਯੂਨੀਅਨ ਪੰਜਾਬ ਜਿਲਾ ਆਗੂ ਸੁਭਾਸ਼ ਵਾਲਮੀਕ ਮਹਿਤਪੁਰ ਦੇ ਪ੍ਰਧਾਨ ਪੱਪੂ, ਰਾਮਚਰਨ, ਓਮ ਪ੍ਰਕਾਸ਼, ਸਲੀਮ ਮਹਿਤਪੁਰੀ, ਕੇਵਲ ਕਿਸ਼ੋਰ, ਨਸੀਬ ਤੋਂ ਇਲਾਵਾ ਪੇਂਡੂ ਸਫਾਈ ਕਰਮਚਾਰੀਆਂ ਦੇ ਸੂਬਾਈ ਪ੍ਰਧਾਨ ਪ੍ਰੇਮ ਸਾਰਸਰ, ਕਿਰਤੀ ਕਿਸਾਨ ਯੂਨੀਅਨ ਦੇ ਰਜਿੰਦਰ ਮੰਡ, ਸਾਬਕਾ ਸਰਪੰਚ ਬਚਨ ਸਿੰਘ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਅਤੇ ਜ਼ਿਲ੍ਹਾ ਆਗੂ ਕਸ਼ਮੀਰ ਮੰਡਿਆਲਾ, ਨੌਜਵਾਨ ਭਾਰਤ ਸਭਾ ਦੇ ਆਗੂ ਸੁਖਵਿੰਦਰ ਸੁੱਖਾ ਨੇ ਸੰਬੋਧਨ ਕੀਤਾ।

# ਮਨਰੇਗਾ ਮੁਲਾਜ਼ਮਾਂ 'ਤੇ ਲਾਠੀਚਾਰਜ ਦੀ ਨਿਖੇਧੀ



**ਮੋਰਿੰਡਾ (ਨਿਹਾਲ ਸਿੰਘ ਕਲਸੀ)** ਪੀ ਡਬਲਿਊ ਡੀ ਜਲ ਸਪਲਾਈ ਅਤੇ ਸੈਨੀਟੇਸ਼ਨ, ਭਵਨ ਤੇ ਮਾਰਗ, ਸਿੰਚਾਈ ਤੇ ਸੀਵਰੇਜ ਬੋਰਡ ਦੇ ਫੀਲਡ ਮੁਲਾਜਮਾਂ ਦੀ ਜੱਥੇਬੰਦੀ ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ ਰਜਿ ਪੰਜਾਬ ਦੇ ਸੂਬਾ ਪ੍ਰਧਾਨ ਮਲਾਗਰ ਖਮਾਣੋ, ਜਰਨਲ ਸਕੱਤਰ ਜਸਵਿੰਦਰ ਕਾਲਝਰਾਣੀ, ਪ੍ਰੈੱਸ ਸਕੱਤਰ ਅਸ਼ੋਕ ਕੁਮਾਰ, ਵਿੱਤ ਸਕੱਤਰ ਭੂਸ਼ਣ ਗੋਇਲ, ਸੀਨੀਅਰ ਮੀਤ ਪ੍ਰਧਾਨ ਉਪਕਾਰ ਯਾਦਵ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਮਨਰੇਗਾ ਮੁਲਾਜ਼ਮ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਸ਼ਾਂਤਮਈ ਅਤੇ ਲੋਕਤੰਤਰੀ ਢੰਗ ਨਾਲ ਸੰਘਰਸ਼ ਕਰ ਰਹੇ ਸਨ, ਪਰ ਉਨ੍ਹਾਂ ਦੀ ਆਵਾਜ਼ ਸੁਣਨ ਦੀ ਬਜਾਏ ਉਨ੍ਹਾਂ 'ਤੇ ਲਾਠੀਚਾਰਜ ਕਰਨਾ ਬਹੁਤ ਹੀ ਨਿੰਦਣਯੋਗ ਅਤੇ ਲੋਕਤੰਤਰ ਵਿਰੋਧੀ ਕਾਰਵਾਈ ਹੈ। ਉਨ੍ਹਾਂ ਕਿਹਾ ਜਦੋਂ ਕੇਂਦਰ ਸਰਕਾਰ ਵੱਲੋਂ ਮਨਰੇਗਾ ਸਕੀਮ ਵਿੱਚ ਬੁਨਿਆਦੀ ਤਬਦੀਲੀਆਂ ਕੀਤੀਆਂ ਗਈਆਂ ਹਨ ਤਾਂ ਇਹਨਾਂ ਤਬਦੀਲੀਆਂ ਨਾਲ ਮਨਰੇਗਾ ਮੁਲਾਜ਼ਮਾਂ ਦੇ ਰੁਜ਼ਗਾਰ ਦਾ ਉਜਾੜਾ ਹੋਵੇਗਾ। ਇਹਨਾਂ ਨੌਜਵਾਨਾਂ ਨਾਲ ਪੰਜਾਬ ਸਰਕਾਰ ਨੂੰ ਗੱਲਬਾਤ ਰਾਹੀਂ ਕਰਨਾ ਚਾਹੀਦਾ ਹੈ। ਆਗੂਆਂ ਨੇ ਮੰਗ ਕੀਤੀ ਕਿ ਜ਼ਖ਼ਮੀ ਮਜ਼ਦੂਰਾਂ, ਮੁਲਾਜ਼ਮਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ ਅਤੇ ਮਨਰੇਗਾ ਮਜ਼ਦੂਰਾਂ ਦੀਆਂ ਜਾਇਜ਼ ਮੰਗਾਂ ਨੂੰ ਤੁਰੰਤ ਮੰਨਿਆ ਜਾਵੇ।

# ਸੰਤ ਸੰਮੇਲਨ ਤੇ ਬਰਸੀ ਸਮਾਗਮ ਸ਼ਰਧਾ ਨਾਲ ਮਨਾਇਆ

**ਅਲਾਵਲਪੁਰ (ਮਦਨ ਬੰਗੜ)**- ਰਵਿਦਾਸੀਆ ਧਰਮ ਪ੍ਰਚਾਰ ਅਸਥਾਨ ਕਾਹਨਪੁਰ ਵਿਖੇ ਜਗਤ ਗੁਰੂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੋਤੀ ਜੋਤ ਜਮਾਉ ਦਿਵਸ, ਹਾੜ੍ਹ ਦੀ ਸੰਗਰਾਂਦ ਪੁਰਬ ਤੇ ਸਤਿਗੁਰ ਸਰਵਣ ਦਾਸ ਮਹਾਰਾਜ ਦੀ ਬਰਸੀ ਸੰਬੰਧੀ ਵਿਸ਼ਾਲ ਸੰਤ ਸੰਮੇਲਨ ਸੰਤ ਸੁਰਿੰਦਰ ਦਾਸ ਬਾਵਾ ਜੀ ਦੀ ਸਰਪ੍ਰਸਤੀ ਹੇਠ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਅੰਮ੍ਰਿਤ ਵੇਲੇ ਅੰਮ੍ਰਿਤ ਬਾਣੀ ਦੇ ਪਾਵਨ ਜਾਪ ਨਾਲ ਹੋਈ। ਉਪਰੰਤ ਆਰਤੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਸੰਤ ਸੁਰਿੰਦਰ ਦਾਸ ਬਾਵਾ ਨੇ ਜਗਤ ਗੁਰੂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ, ਉਪਦੇਸ਼ਾਂ ਅਤੇ ਸਮਾਨਤਾ ਦੇ ਸੰਦੇਸ਼ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਸਤਿਗੁਰ ਸਰਵਣ ਦਾਸ ਮਹਾਰਾਜ ਨੇ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਦੀ ਖੋਜ ਅਤੇ ਉਸਾਰੀ ਕਰਵਾ ਕੇ ਰਵਿਦਾਸੀਆ ਕੌਮ ਨੂੰ ਵਿਸ਼ਵ ਪੱਧਰ 'ਤੇ ਮਹਾਨ ਧਾਰਮਿਕ ਤੀਰਥ ਅਸਥਾਨ ਦੀ ਸੌਗਾਤ ਦਿੱਤੀ ਤੇ ਰਵਿਦਾਸੀਆ ਧਰਮ ਦੇ ਪ੍ਰਚਾਰ-ਪ੍ਰਸਾਰ ਵਿੱਚ ਅਹਿਮ ਯੋਗਦਾਨ ਪਾਇਆ। ਉਨ੍ਹਾਂ ਸੰਗਤਾਂ ਨੂੰ ਰਹਿਬਰਾਂ ਦੀ ਵਿਚਾਰਧਾਰਾ ਨਾਲ ਜੁੜਨ, ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਉਣ, ਮਾਤਾ-ਪਿਤਾ ਦੀ ਸੇਵਾ ਕਰਨ, ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਸੰਵਿਧਾਨਕ ਹੱਕਾਂ ਪ੍ਰਤੀ ਜਾਗਰੂਕ ਰਹਿਣ ਦਾ ਸੱਦਾ ਦਿੱਤਾ। ਇਸ ਦੇ ਨਾਲ ਹੀ ਉਨ੍ਹਾਂ ਅਪੀਲ ਕੀਤੀ ਕਿ ਜਨਗਣਨਾ ਦੌਰਾਨ ਆਪਣਾ ਧਰਮ ਰਵਿਦਾਸੀਆ ਧਰਮ ਦਰਜ ਕਰਵਾਇਆ ਜਾਵੇ।ਸਮਾਗਮ ਦੌਰਾਨ ਸ੍ਰੀ ਗੁਰੂ ਰਵਿਦਾਸ ਧਰਮ ਅਸਥਾਨ, ਚਮਾਰਵਾੜਾ ਜੋਹੜ (ਤੁਗਲਕਾਬਾਦ, ਦਿੱਲੀ) ਦੀ ਜ਼ਮੀਨ ਰਵਿਦਾਸੀਆ ਕੌਮ ਨੂੰ ਸੌਂਪਣ ਦੀ ਵੀ ਮੰਗ ਕੀਤੀ ।ਇਸ ਮੌਕੇ ਸੰਤ ਹਰਵਿੰਦਰ ਦਾਸ (ਆਦਮਪੁਰ), ਸੰਤ ਬੀਬੀ ਕ੍ਰਿਸ਼ਨਾ ਦੇਵੀ (ਬੋਪਾ ਰਾਏ ਕਲਾ), ਸੰਤ ਬਲਵੀਰ ਦਾਸ (ਖੰਨਾ), ਸੰਤ ਮਹੇਸ਼ਵਰੀ, ਸੰਤ ਪਰਮੇਸ਼ਵਰੀ, ਬਾਬਾ ਮੋਤੀ ਰਾਮ, ਭਾਈ ਰਾਮ ਜੀ ਦਾਸ, ਜਗਤ ਗੁਰੂ ਰਵਿਦਾਸ ਸੰਗੀਤ ਅਕੈਡਮੀ ਕਾਹਨਪੁਰ ਦੇ ਮੈਂਬਰਾਂ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਸਟੇਜ ਸਕੱਤਰ ਦੀ ਸੇਵਾ ਸੁਖਵਿੰਦਰ ਗੋਲਡੀ ਨੇ ਨਿਭਾਈ। ਅੰਤ ਵਿੱਚ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।



# ਕਪੂਰਥਲਾ ਰੈਸਲਿੰਗ ਐਸੋਸੀਏਸ਼ਨ ਦੇ ਜਨਰਲ ਸਕੱਤਰ ਨੇ ਕੁਸ਼ਤੀ ਅਖਾੜੇ ਦਾ ਕੀਤਾ ਦੌਰਾ

**ਫਗਵਾੜਾ, ਮੇਹਟੀਆਣਾ (ਡਾ. ਰਮਨ, ਜਗਤਾਰ ਸਿੰਘ ਭੁੰਗਰਨੀ)**- ਭਾਰਤੀ ਕੁਸ਼ਤੀ ਨੂੰ ਨਵੀਂ ਦਿਸ਼ਾ ਦੇਣ ਅਤੇ ਰਵਾਇਤੀ ਮਿੱਟੀ ਦੇ ਅਖਾੜਿਆਂ ਨੂੰ ਆਧੁਨਿਕ ਮੈਟ ਰੈਸਲਿੰਗ ਨਾਲ ਜੋੜਨ ਦੀ ਮੁਹਿੰਮ ਤਹਿਤ ਕਪੂਰਥਲਾ ਰੈਸਲਿੰਗ ਐਸੋਸੀਏਸ਼ਨ ਦੇ ਜਨਰਲ ਸਕੱਤਰ ਗੀਤਪ੍ਰੀਤ ਪਾਲ ਸਿੰਘ ਨੇ ਹੁਸ਼ਿਆਰਪੁਰ ਰੋਡ ਸਥਿਤ ਭੁਆਧਮੜੀ ਕੁਸ਼ਤੀ ਅਖਾੜੇ ਦਾ ਦੌਰਾ ਕੀਤਾ। ਰੈਸਲਿੰਗ ਫੈਡਰੇਸ਼ਨ ਆਫ ਇੰਡੀਆ ਦੇ ਪ੍ਰਧਾਨ ਸੰਜੇ ਕੁਮਾਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਤੇ ਪੰਜਾਬ ਰੈਸਲਿੰਗ ਐਸੋਸੀਏਸ਼ਨ ਦੇ ਪ੍ਰਧਾਨ ਰਮਨ ਬਖ਼ਸ਼ੀ ਦੀਆਂ ਹਦਾਇਤਾਂ ਅਨੁਸਾਰ ਮੈਟ ਅਤੇ ਮਿੱਟੀ ਦੇ ਅਖਾੜਿਆਂ ਦੇ ਤਾਲਮੇਲ ਬਣਾਉਣ ਲਈ ਇਹ ਦੌਰੇ ਕੀਤੇ ਜਾ ਰਹੇ ਹਨ। ਅਖਾੜੇ ਵਿੱਚ ਪਹੁੰਚਣ 'ਤੇ ਕੋਚ ਪਹਿਲਵਾਨ ਆਸ਼ੂਤੋਸ਼ ਅਤੇ ਹੋਰ ਪਹਿਲਵਾਨਾਂ ਨੇ ਗੀਤਪ੍ਰੀਤ ਪਾਲ ਸਿੰਘ ਦਾ ਸਵਾਗਤ ਕੀਤਾ। ਇਸ ਮੌਕੇ ਉਨ੍ਹਾਂ ਨੇ ਪਹਿਲਵਾਨਾਂ ਨਾਲ ਖੁੱਲ੍ਹ ਕੇ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ, ਸਿਖਲਾਈ ਨਾਲ ਜੁੜੀਆਂ ਲੋੜਾਂ ਤੇ ਭਵਿੱਖ ਦੀਆਂ ਯੋਜਨਾਵਾਂ ਬਾਰੇ ਜਾਣਕਾਰੀ ਹਾਸਲ ਕੀਤੀ। ਪਹਿਲਵਾਨਾਂ ਨੇ ਅਭਿਆਸ ਲਈ ਮੈਟ, ਆਧੁਨਿਕ ਸਾਜ਼ੋ-ਸਾਮਾਨ ਅਤੇ



ਵਧੀਆ ਟ੍ਰੇਨਿੰਗ ਸਹੂਲਤਾਂ ਦੀ ਲੋੜ ਬਾਰੇ ਜਾਣੂ ਕਰਵਾਇਆ। ਗੀਤਪ੍ਰੀਤ ਪਾਲ ਸਿੰਘ ਨੇ ਕਿਹਾ ਕਿ ਫਗਵਾੜਾ ਇਲਾਕੇ ਦੇ ਬਹੁਤੇ ਰਵਾਇਤੀ ਅਖਾੜੇ ਸ਼ਮਸ਼ਾਨ ਘਾਟਾਂ ਦੇ ਵਿੱਚ ਹੀ ਚੱਲ ਰਹੇ ਹਨ ਤੇ ਸਰਕਾਰ ਵੱਲੋਂ ਪਹਿਲਵਾਨਾਂ ਲਈ ਕੋਈ ਸਥਾਈ ਅਤੇ ਆਧੁਨਿਕ ਅਖਾੜਾ ਉਪਲਬਧ ਨਹੀਂ ਕਰਵਾਇਆ ਗਿਆ। ਉਨ੍ਹਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਫਗਵਾੜਾ ਵਿੱਚ ਮਿੱਟੀ ਅਤੇ ਮੈਟ ਦੋਵਾਂ ਸਹੂਲਤਾਂ ਨਾਲ ਲੈਸ ਇੱਕ ਆਧੁਨਿਕ ਕੁਸ਼ਤੀ ਅਖਾੜਾ ਬਣਾਇਆ ਜਾਵੇ, ਜਿੱਥੇ ਖਿਡਾਰੀ ਉੱਚ ਪੱਧਰ ਦੀ ਤਿਆਰੀ ਕਰ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਦੀ ਮਿੱਟੀ ਨੇ ਦੇਸ਼ ਨੂੰ ਅਨੇਕਾਂ ਨਾਮਵਰ ਪਹਿਲਵਾਨ ਦਿੱਤੇ ਹਨ। ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਮੈਟ ਰੈਸਲਿੰਗ ਦਾ ਬਹੁਤ ਮਹੱਤਵ ਹੈ। ਏਸ਼ਿਆਈ ਖੇਡਾਂ, ਵਿਸ਼ਵ ਚੈਂਪੀਅਨਸ਼ਿਪ ਅਤੇ ਓਲੰਪਿਕ ਸਮੇਤ ਸਾਰੀਆਂ ਵੱਡੀਆਂ ਪ੍ਰਤੀਯੋਗਿਤਾਵਾਂ ਮੈਟ ਰੈਸਲਿੰਗ ਦੇ ਨਿਯਮਾਂ ਅਨੁਸਾਰ ਹੁੰਦੀਆਂ ਹਨ। ਇਸ ਲਈ ਮਿੱਟੀ ਦੇ ਪਹਿਲਵਾਨਾਂ ਨੂੰ ਵੀ ਆਧੁਨਿਕ ਤਕਨੀਕ ਅਤੇ ਅੰਤਰਰਾਸ਼ਟਰੀ ਨਿਯਮਾਂ ਦੀ ਜਾਣਕਾਰੀ ਹੋਣੀ ਚਾਹੀਦੀ ਹੈ। ਇਸ ਮੌਕੇ ਲਾਲੀ ਪਹਿਲਵਾਨ ਫਗਵਾੜਾ, ਘੌਲੀ ਪਹਿਲਵਾਨ ਫਗਵਾੜਾ, ਸ਼ੌਕਤ ਅਲੀ ਪਹਿਲਵਾਨ ਫਗਵਾੜਾ, ਬੱਗਾ ਪਹਿਲਵਾਨ ਫਗਵਾੜਾ ਸਮੇਤ ਵੱਡੀ ਗਿਣਤੀ ਵਿੱਚ ਪਹਿਲਵਾਨ ਤੇ ਖੇਡ ਪ੍ਰੇਮੀ ਹਾਜ਼ਰ ਸਨ।

# 18 ਤੇ 19 ਨੂੰ ਪੋਲਿੰਗ ਸਟੇਸ਼ਨਾਂ 'ਤੇ ਲੱਗਣਗੇ ਵਿਸ਼ੇਸ਼ ਕੈਂਪ

**ਮੁਹਾਲੀ (ਗੁਰਜੀਤ ਬਿੱਲਾ)**- ਭਾਰਤ ਦੇ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਚੱਲ ਰਹੀ ਸਪੈਸ਼ਲ ਇੰਟੈਂਸਿਵ ਰੀਵਿਜ਼ਨ-2026 ਮੁਹਿੰਮ ਤਹਿਤ ਜ਼ਿਲ੍ਹੇ ਵਿੱਚ 18 ਜੁਲਾਈ (ਸ਼ਨੀਵਾਰ) ਅਤੇ 19 ਜੁਲਾਈ (ਐਤਵਾਰ) ਨੂੰ ਸਮੂਹ ਪੋਲਿੰਗ ਸਟੇਸ਼ਨਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਇਹ ਕੈਂਪ ਸਵੇਰੇ 8:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਚੱਲਣਗੇ। ਇਨ੍ਹਾਂ ਵਿਸ਼ੇਸ਼ ਕੈਂਪਾਂ ਦਾ ਮੁੱਖ ਉਦੇਸ਼ ਬੂਥ ਲੈਵਲ ਅਫ਼ਸਰਾਂ ਵੱਲੋਂ ਇਕੱਠੇ ਕੀਤੇ ਜਾ ਰਹੇ ਐਨੂਮਰੇਸ਼ਨ ਫਾਰਮਾਂ ਦੀ ਕੁਲੈਕਸ਼ਨ ਅਤੇ ਡਿਜੀਟਾਈਜ਼ੇਸ਼ਨ ਦੀ ਪ੍ਰਕਿਰਿਆ ਨੂੰ ਤੇਜ਼ੀ ਨਾਲ ਪੂਰਾ ਕਰਨਾ ਹੈ। ਇਸ ਦੌਰਾਨ ਵੋਟਰਾਂ ਨੂੰ ਆਪਣੇ ਫਾਰਮ ਜਮ੍ਹਾਂ ਕਰਵਾਉਣ ਅਤੇ ਲੋੜੀਂਦੀਆਂ ਤਰੁੱਟੀਆਂ ਦੂਰ ਕਰਵਾਉਣ ਦੀ ਵੀ ਸਹੂਲਤ ਦਿੱਤੀ ਜਾਵੇਗੀ। ਵਿਸ਼ੇਸ਼ ਕੈਂਪਾਂ ਦੌਰਾਨ ਅੱਗੇ ਉਨ੍ਹਾਂ ਕੰਮਾਂ ਨੂੰ ਤਰਜੀਹ ਦਿੱਤੀ ਜਾਵੇਗੀ, ਜਿੱਥੇ ਬੀ. ਐਲ.ਓਜ਼ ਵੱਲੋਂ 100 ਫੀਸਦੀ ਐਨੂਮਰੇਸ਼ਨ ਦਾ ਕੰਮ ਪੂਰਾ ਕਰ ਲਿਆ ਗਿਆ ਹੈ, ਉਹ ਬੀ ਐਲ ਓ, ਰਾਜਨੀਤਕ ਪਾਰਟੀਆਂ ਦੇ ਬੂਥ ਲੈਵਲ ਏਜੰਟਾਂ ਨਾਲ ਮੀਟਿੰਗਾਂ ਕਰਕੇ ਖਾਮੀਆਂ/ਗਲਤੀਆਂ ਅਤੇ ਨਾਲ ਸਬੰਧਤ ਦਾਅਵਿਆਂ/ਇਤਰਾਜ਼ਾਂ ਦਾ ਨਿਪਟਾਰਾ ਕਰਨਗੇ। ਇਸ ਤੋਂ ਇਲਾਵਾ ਜਿਨ੍ਹਾਂ ਬੀ.ਐਲ.ਓਜ਼ ਵੱਲੋਂ ਐਨੂਮਰੇਸ਼ਨ ਫਾਰਮਾਂ ਦੀ ਕੁਲੈਕਸ਼ਨ ਨਿਰਧਾਰਿਤ ਮਾਤਰਾ ਵਿੱਚ ਨਹੀਂ ਹੋ ਸਕੀ, ਉਹ ਬਾਕੀ ਰਹਿੰਦੇ ਯੋਗ ਵੋਟਰਾਂ ਤੋਂ ਫਾਰਮ ਪ੍ਰਾਪਤ ਕਰਕੇ ਕੁਲੈਕਸ਼ਨ ਦਾ ਕੰਮ ਮੁਕੰਮਲ ਕਰਨਗੇ। ਇਸੇ ਤਰ੍ਹਾਂ ਜਿਨ੍ਹਾਂ ਵੋਟਰਾਂ ਦੇ ਐਨੂਮਰੇਸ਼ਨ ਫਾਰਮਾਂ ਵਿੱਚ ਕੋਈ ਘਾਟ ਜਾਂ ਕਮੀ ਪਾਈ ਗਈ ਹੈ, ਉਨ੍ਹਾਂ ਨੂੰ ਦੂਰ ਕਰਕੇ ਫਾਰਮਾਂ ਨੂੰ ਡਿਜੀਟਾਈਜ਼ੇਸ਼ਨ ਲਈ ਤਿਆਰ ਕੀਤਾ ਜਾਵੇਗਾ।

## ਸੇਂਟ ਸੋਲਜਰ ਗਰੁੱਪ ਦੇ ਵਿਦਿਆਰਥੀਆਂ ਦਾ ਨੀਟ 2026 ਦੇ ਨਤੀਜੇ 'ਚ ਸ਼ਾਨਦਾਰ ਪ੍ਰਦਰਸ਼ਨ

**ਜਲੰਧਰ (ਇਕਬਾਲ ਸਿੰਘ ਉੱਭੀ)**- ਸੇਂਟ ਸੋਲਜਰ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਵਿਦਿਆਰਥੀਆਂ ਨੇ ਨੀਟ 2026 ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਦਾ ਮਾਣ ਵਧਾਇਆ ਹੈ। ਸਫਲ ਵਿਦਿਆਰਥੀਆਂ ਵਿੱਚ ਭਾਵਿਕਾ ਨੇ ਆਲ ਇੰਡੀਆ ਰੈਂਕ 4419, ਪ੍ਰੀਤਪਾਲ ਗੋਸਵਾਮੀ ਨੇ 6727, ਅਰਪਣ ਅਰੋੜਾ ਨੇ 12334, ਅਰਮਾਨ ਸਿੰਘ ਨੇ 307469, ਐਂਜਲੀਤ ਕੌਰ ਨੇ 1160643, ਅਤੇ ਜੀਵਿਤੇਸ਼ ਸਿੰਘ ਕਟਵਾਲ ਨੇ ਆਲ ਇੰਡੀਆ ਰੈਂਕ 424957 ਹਾਸਲ ਕੀਤਾ। ਇਸ ਤੋਂ ਇਲਾਵਾ ਦਿਕਸ਼ਾ ਨੇ 95%, ਤਨੀਸ਼ ਪਾਲ ਨੇ 91.12%, ਅਤੇ ਅਨੀਸ਼ ਸਿੰਘ ਨੇ 89% ਅੰਕ ਪ੍ਰਾਪਤ ਕਰਕੇ ਸ਼ਾਨਦਾਰ ਸਫਲਤਾ ਹਾਸਲ ਕੀਤੀ। ਵਿਦਿਆਰਥੀਆਂ ਦੀ ਇਸ ਉਪਲਬਧੀ ਨੇ ਸੇਂਟ ਸੋਲਜਰ ਗਰੁੱਪ ਆਫ ਇੰਸਟੀਚਿਊਸ਼ਨਜ਼ ਦੀ ਅਕਾਦਮਿਕ ਉਤਕ੍ਰਿਸ਼ਟਤਾ ਦੀ ਪਰੰਪਰਾ ਵਿੱਚ ਇੱਕ ਹੋਰ ਸੁਨਹਿਰੀ ਅਧਿਆਇ ਜੋੜ ਦਿੱਤਾ ਹੈ।



ਇਹ ਸਫਲਤਾ ਵਿਦਿਆਰਥੀਆਂ ਦੀ ਕੜੀ ਮਿਹਨਤ, ਸਮਰਪਣ ਅਤੇ ਸੰਸਥਾ ਵੱਲੋਂ ਦਿੱਤੀ ਜਾ ਰਹੀ ਮਿਆਰੀ ਸਿੱਖਿਆ ਦਾ ਪ੍ਰਤੀਕ ਹੈ। ਇਸ ਮੌਕੇ 'ਤੇ ਗਰੁੱਪ ਚੇਅਰਪਰਸਨ ਸੰਗੀਤਾ ਚੋਪੜਾ ਨੇ ਸਾਰੇ ਸਫਲ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਦੀ ਲਗਨ, ਮਿਹਨਤ ਅਤੇ ਆਪਣੇ ਟੀਚੇ ਪ੍ਰਤੀ ਸਮਰਪਣ ਦੀ ਸਰਾਹਨਾ ਕਰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਲਾਲਕਾ ਬਾਜ਼ੀਗਰ ਬਰਾਦਰੀ ਦੇ ਚੇਅਰਮੈਨ ਨਿਯੁਕਤ

**ਕਪੂਰਥਲਾ (ਮਨਜੀਤ ਮਾਨ)**- ਆਮ ਆਦਮੀ ਪਾਰਟੀ ਪੰਜਾਬ ਵਲੋਂ ਆਮ ਘਰਾਂ ਦੇ ਵਰਕਰਾਂ ਨੂੰ ਅਹੁਦੇਦਾਰੀਆਂ ਦੇ ਕੇ ਸਾਬਿਤ ਕੀਤਾ ਹੈ ਕਿ ਇਹ ਆਮ ਲੋਕਾਂ ਦੀ ਪਾਰਟੀ ਹੈ ਜਿਸ ਦੀ ਤਾਜ਼ਾ ਮਿਸਾਲ ਆਮ ਪਰਵਾਰ ਦੇ ਪਾਰਟੀ ਦੇ ਪੁਰਾਣੇ ਵਰਕਰ



ਡਾ. ਬਲਕਾਰ ਸਿੰਘ ਲਾਲਕਾ ਉਰਫ ਭਗਵਾਨ ਦਾਸ ਲਾਲਕਾ ਨੂੰ ਬਾਜ਼ੀਗਰ ਬਰਾਦਰੀ ਦਾ ਹਲਕਾ ਕਪੂਰਥਲਾ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਜਿਸ ਨਾਲ ਸਾਰੇ ਹਲਕੇ ਵਿੱਚ ਖੁਸ਼ੀ ਦੀ ਲਹਿਰ ਹੈ। ਪਾਰਟੀ ਦੇ ਹਲਕਾ ਇੰਚਾਰਜ ਕਰਮਵੀਰ ਚੰਦੀ, ਜ਼ਿਲ੍ਹਾ ਪ੍ਰਧਾਨ ਸਰਬਜੀਤ ਲੁਬਾਣਾ, ਸੰਯੁਕਤ ਸਕੱਤਰ ਗੁਰਪਾਲ ਇੰਡੀਅਨ, ਮੰਡੀ ਬੋਰਡ ਦੇ ਚੇਅਰਮੈਨ ਜਗਜੀਤ ਸਿੰਘ ਬਿੱਟੂ, ਪਰਮਿੰਦਰ ਸਿੰਘ ਢੋਟ, ਟਕਸਾਲੀ ਆਗੂ ਸਤਨਾਮ ਸਿੰਘ ਸੰਘਾ , ਬਲਾਕ ਪ੍ਰਧਾਨ ਵਿਜੇ ਕੁਮਾਰ ਅਰੋੜਾ, ਕਿਸਾਨ ਵਿੰਗ ਦੇ ਨਰਿੰਦਰ ਸਿੰਘ, ਐਸੀ ਵਿੰਗ ਬਲਾਕ ਪ੍ਰਧਾਨ ਜਗਰੂਪ ਸਿੰਘ, ਦਲਵੀਰ ਸਿੰਘ, ਭਿੰਡਾ ਸੰਘਾ ਦਲਵੀਰ ਸਿੰਘ ਹੁੰਦਲ ਸੁਨੱਡਵਾਲ, ਡਾ ਬਲਰਾਮ ਸਿੰਘ ਉਰਫ ਡਾਕਟਰ ਕਿੰਦੀ, ਹਰਵਿੰਦਰ ਸਿੰਘ, ਸੀਨੀਅਰ ਆਗੂ ਬਿੱਲੂ ਸਰਹੰਦ, ਹਰਵਿੰਦਰ ਬੂਰਾ, ਸੁਨੀਲ ਕੁਮਾਰ ਅਤੇ ਮੁਲਾਜ਼ਮ ਆਗੂ ਸੰਜੀਵ ਕੰਡਲ ਨੇ ਵਧਾਈ ਦਿੱਤੀ।

## ਅਥਲੈਟਿਕਸ 'ਚ ਅਰਮਾਨ ਨੇ ਤਿੰਨ ਸੋਨੇ ਦੇ ਤਗਮੇ ਜਿੱਤੇ

**ਸੁਲਤਾਨਪੁਰ ਲੋਧੀ (ਹਨੀ)**- ਹਿਮਾਚਲ ਪ੍ਰਦੇਸ਼ ਦੇ ਧਰਮਸ਼ਾਲਾ ਸਟੇਡੀਅਮ ਵਿਖੇ ਆਯੋਜਿਤ 14ਵੀਂ ਨੈਸ਼ਨਲ ਅਥਲੈਟਿਕਸ ਚੈਂਪੀਅਨਸ਼ਿਪ 'ਚ ਨਨਕਾਣਾ ਸਾਹਿਬ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਹੋਣਹਾਰ ਖਿਡਾਰੀ ਅਰਮਾਨ ਸਿੰਘ ਨੇ ਅੰਡਰ-19 ਵਰਗ ਦੇ ਮੁਕਾਬਲੇ ਵਿਚ ਸ਼ਿਰਕਤ ਕਰਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਦੌਰਾਨ ਅਰਮਾਨ ਨੇ 60 ਮੀਟਰ, 100 ਮੀਟਰ ਅਤੇ 200 ਮੀਟਰ ਦੌੜ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਤਿੰਨ ਸੋਨੇ ਦੇ ਤਗਮੇ ਜਿੱਤੇ ਅਤੇ ਨਨਕਾਣਾ ਸਾਹਿਬ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ, ਸੁਲਤਾਨਪੁਰ ਲੋਧੀ ਸਮੇਤ ਆਪਣੇ ਪਰਵਾਰ ਅਤੇ ਪੰਜਾਬ ਦਾ ਨਾਂਅ ਰੌਸ਼ਨ ਕੀਤਾ। ਇਸ ਦੌਰਾਨ ਸਮਾਗਮ ਦੇ ਮੁੱਖ ਮਹਿਮਾਨ ਰਾਜੀਵ ਭਾਰਦਵਾਜ ਸੰਸਦ ਕਾਂਗੜਾ, ਸੁਰੇਸ਼ ਸ਼ਰਮਾ ਵਿਧਾਇਕ ਧਰਮਸ਼ਾਲਾ ਅਤੇ ਅਮਿਤ ਭਾਰਦਵਾਜ ਡਾਇਰੈਕਟਰ ਨੇ ਜੇਤੂ ਖਿਡਾਰੀ ਅਰਮਾਨ ਸਿੰਘ ਨੂੰ ਸਨਮਾਨਤ ਕੀਤਾ । ਨਨਕਾਣਾ ਸਾਹਿਬ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਦੇ ਪ੍ਰਿੰਸੀਪਲ ਨਿਧੀ ਸੰਗੋਤਰਾ ਨੇ ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਅਰਮਾਨ ਸਿੰਘ ਦੀ ਇਹ ਇਤਿਹਾਸਕ ਪ੍ਰਾਪਤੀ ਸਕੂਲ ਲਈ ਬੇਹੱਦ ਮਾਣ ਅਤੇ ਖੁਸ਼ੀ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਸਾਨੂੰ ਪੂਰਾ ਵਿਸ਼ਵਾਸ ਹੈ ਕਿ ਉਹ ਭਵਿੱਖ ਵਿੱਚ ਵੀ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਸਕੂਲ, ਸੂਬੇ ਅਤੇ ਦੇਸ਼ ਦਾ



ਨਾਂਅ ਰੌਸ਼ਨ ਕਰੇਗਾ। ਇਸ ਮੌਕੇ ਗੁਰੂ ਨਾਨਕ ਖਾਲਸਾ ਕਾਲਜ ਸੁਸਾਇਟੀ ਦੇ ਪ੍ਰਧਾਨ ਇੰਜੀ. ਸਵਰਨ ਸਿੰਘ, ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਇੰਜੀ. ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀ. ਨਿਮਰਤਾ ਕੌਰ ਨੇ ਅਰਮਾਨ ਸਿੰਘ ਨੂੰ ਇਸ ਸ਼ਾਨਦਾਰ ਉਪਲਬਧੀ ਲਈ ਵਧਾਈ ਦਿੱਤੀ ਅਤੇ ਉਸ ਦੇ ਉਜਲੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

## ਫੇਸਬੁੱਕ ਮਾਰਕੀਟਪਲੇਸ ਰਾਹੀਂ ਐੱਨ ਆਈ ਆਰ ਨਾਲ 99 ਹਜ਼ਾਰ ਦੀ ਠੱਗੀ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਮੋਹਾਲੀ ਵਿੱਚ ਫੇਸਬੁੱਕ ਮਾਰਕੀਟਪਲੇਸ ਰਾਹੀਂ ਇੱਕ ਐੱਨ ਆਰ ਆਈ ਨਾਲ ਠੱਗੀ ਦਾ ਮਾਮਲਾ ਸਾਹਮਣੇ ਆਇਆ ਹੈ। ਆਈਫੋਨ ਖਰੀਦਣ ਦੇ ਬਹਾਨੇ ਇੱਕ ਨੌਜਵਾਨ ਔਰਤ ਨੇ ਕੈਨੇਡਾ ਨਿਵਾਸੀ ਨੂੰ ਸੈਕਟਰ-85 ਸਥਿਤ ਵੇਵ ਅਸਟੇਟ ਸੋਸਾਇਟੀ ਵਿੱਚ ਬੁਲਾਇਆ ਅਤੇ 1.19 ਲੱਖ ਕੀਮਤ ਦਾ ਆਈ ਫੋਨ ਦੇ ਜੀ ਪਰਮੈਕਸ ਲੈ ਕੇ ਫਰਾਰ ਹੋ ਗਈ। ਸ਼ਿਕਾਇਤਕਰਤਾ ਕੈਨੇਡਾ ਨਿਵਾਸੀ ਅਮਰਿੰਦਰ ਸਿੰਘ ਹੁੰਦਲ, ਜੋ ਮੋਹਾਲੀ ਵਿੱਚ ਰਹਿ ਰਹੇ ਹਨ, ਨੇ ਦੱਸਿਆ ਕਿ ਉਨ੍ਹਾਂ ਨੇ ਆਪਣਾ ਆਈ ਫੋਨ ਦੇ ਜੀ ਪਰੋਮੈਕਸ ਵੇਚਣ ਲਈ ਫੇਸਬੁੱਕ ਮਾਰਕੀਟਪਲੇਸ 'ਤੇ ਇਸ਼ਤਿਹਾਰ ਦਿੱਤਾ ਸੀ। ਇਸ ਦੌਰਾਨ ਜੈਸਮੀਨ ਕੌਰ ਨਾਂਅ ਦੀ ਨੌਜਵਾਨ ਔਰਤ ਨੇ ਉਨ੍ਹਾਂ ਨਾਲ ਸੰਪਰਕ ਕੀਤਾ ਅਤੇ 1.19 ਲੱਖ ਵਿੱਚ ਸੌਦਾ ਤੈਅ ਹੋਇਆ। ਤੈਅ ਮੁਤਾਬਕ ਜੈਸਮੀਨ ਨੇ ਅਮਰਿੰਦਰ ਨੂੰ ਵੇਵ ਅਸਟੇਟ ਦੇ ਇੱਕ ਫਲੈਟ ਵਿੱਚ ਬੁਲਾਇਆ। ਉੱਥੇ ਉਸ ਨੇ ਫੋਨ ਆਪਣੇ ਕਬਜ਼ੇ ਵਿੱਚ ਲੈ ਲਿਆ ਤੇ ਸਿਰਫ ?20,000 ਨਕਦ ਦਿੱਤੇ। ਬਾਕੀ 99,000 ਆਨਲਾਈਨ ਭੇਜਣ ਦਾ ਦਾਅਵਾ ਕਰਦਿਆਂ ਉਸ ਨੇ ਇੱਕ ਫਰਜ਼ੀ ਟ੍ਰਾਂਜ਼ੈਕਸ਼ਨ ਰਸੀਦ ਦਿਖਾ ਦਿੱਤੀ। ਹਾਲਾਂਕਿ ਅਮਰਿੰਦਰ ਦੇ ਖਾਤੇ ਵਿੱਚ ਇਹ ਰਕਮ ਕਦੇ ਵੀ ਜਮ੍ਹਾਂ ਨਹੀਂ ਹੋਈ। ਬਾਅਦ ਵਿੱਚ ਜਦੋਂ ਅਮਰਿੰਦਰ ਮੁੜ ਫਲੈਟ 'ਤੇ ਪਹੁੰਚੇ ਤਾਂ ਪਤਾ ਲੱਗਾ ਕਿ ਉਹ ਫਲੈਟ ਏਅਰ ਬੀ ਐਨ ਬੀ ਰਾਹੀਂ ਕਿਰਾਏ 'ਤੇ ਲਿਆ ਗਿਆ ਸੀ। ਫਲੈਟ ਮੈਨੇਜਰ ਮਿਸਟਰ ਸੇਠੀ ਨੇ ਵੀ ਦੱਸਿਆ ਕਿ ਜੈਸਮੀਨ ਕੌਰ ਨੇ ਉਨ੍ਹਾਂ ਨਾਲ ਵੀ ਕਿਰਾਏ ਦੇ ਭੁਗਤਾਨ ਸੰਬੰਧੀ ਧੋਖਾਧੜੀ ਕੀਤੀ ਹੈ। ਪੀੜਤ ਦੀ ਲਿਖਤੀ ਸ਼ਿਕਾਇਤ 'ਤੇ ਐੱਨ ਆਰ ਆਈ ਥਾਣਾ ਮੋਹਾਲੀ ਪੁਲਸ ਨੇ ਮੁੱਢਲੀ ਜਾਂਚ ਤੋਂ ਬਾਅਦ ਦਿੱਲੀ ਨਿਵਾਸੀ ਜੈਸਮੀਨ ਕੌਰ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਏ ਆਰ ਟੀ ਓ ਵੱਲੋਂ ਜੁਗਾੜੂ ਰੇੜ੍ਹੀਆਂ ਤੇ ਸਕੂਲ ਬੱਸਾਂ ਦੇ ਚਲਾਨ

**ਮੋਰਿੰਡਾ (ਨਿਰਮਲ ਸਿੰਘ ਕਲਸੀ)** ਸੜਕ ਸੁਰੱਖਿਆ ਅਤੇ ਸਕੂਲੀ ਬੱਚਿਆਂ ਦੀ ਸੁਰੱਖਿਅਤ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਸਹਾਇਕ ਖੇਤਰੀ ਟਰਾਂਸਪੋਰਟ ਅਫ਼ਸਰ (ਏ ਆਰ ਟੀ ਓ), ਰੂਪਨਗਰ ਸਰਬਜੀਤ ਸਿੰਘ ਸੈਣੀ ਦੀ ਅਗਵਾਈ ਹੇਠ ਮੋਰਿੰਡਾ ਵਿੱਚ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ਇਸ ਦੌਰਾਨ ਜੁਗਾੜੂ ਰੇੜ੍ਹੀਆਂ ਅਤੇ ਸਕੂਲ ਬੱਸਾਂ ਦੀ ਜਾਂਚ ਕਰਕੇ ਟਰੈਫਿਕ ਅਤੇ ਮੋਟਰ ਵਾਹਨ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਖ਼ਿਲਾਫ਼ ਕਾਰਵਾਈ ਕੀਤੀ ਗਈ। ਏ ਆਰ ਟੀ ਓ ਦਫ਼ਤਰ ਵੱਲੋਂ ਜਾਰੀ ਜਾਣਕਾਰੀ ਅਨੁਸਾਰ ਇਹ ਮੁਹਿੰਮ ਸੇਫ਼ ਸਕੂਲ



ਵਾਹਨ ਪਾਲਿਸੀ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਲਈ ਚਲਾਈ ਗਈ। ਸਕੂਲ ਬੱਸਾਂ ਦੀ ਜਾਂਚ ਦੌਰਾਨ ਵੈਧ ਫਿਟਨੈੱਸ ਸਰਟੀਫਿਕੇਟ, ਲੋੜੀਂਦੇ ਕਾਨੂੰਨੀ ਦਸਤਾਵੇਜ਼, ਸੁਰੱਖਿਆ ਉਪਕਰਨ, ਸੀਸੀਟੀਵੀ ਕੈਮਰੇ, ਫਾਇਰ ਐਕਸਟਿੰਗਵਿਸ਼ਰ (ਅੱਗ ਬੁਝਾਉਣ ਵਾਲੇ ਸਿਲੰਡਰ), ਫਸਟ ਏਡ ਕਿੱਟ, ਸਪੀਡ ਗਵਰਨਰ, ਓਵਰਲੋਡਿੰਗ ਦੀ ਰੋਕਥਾਮ ਅਤੇ ਹੋਰ ਲਾਜ਼ਮੀ ਸੁਰੱਖਿਆ ਮਾਪਦੰਡਾਂ ਦੀ ਵਿਸ਼ੇਸ਼ ਤੌਰ 'ਤੇ ਜਾਂਚ ਕੀਤੀ ਗਈ। ਚੈਕਿੰਗ ਦੌਰਾਨ ਚਾਰ ਜੁਗਾੜੂ ਰੇੜ੍ਹੀਆਂ ਦੇ ਚਲਾਨ ਕੀਤੇ ਗਏ। ਇਸ ਤੋਂ ਇਲਾਵਾ ਚਾਰ ਸਕੂਲ ਬੱਸਾਂ ਦੇ ਵੀ ਚਲਾਨ ਕੱਟੇ ਗਏ, ਜਿਨ੍ਹਾਂ ਵਿੱਚ ਦੋ ਬੱਸਾਂ ਐਂਜਲਜ਼ ਵਰਲਡ ਸਕੂਲ ਤੇ ਦੋ ਬੱਸਾਂ ਗੁਰਕਰਨ ਵੈਲੀ ਸਕੂਲ ਨਾਲ ਸਬੰਧਤ ਦੱਸੀਆਂ ਗਈਆਂ। ਜਿਨ੍ਹਾਂ ਵਾਹਨਾਂ ਵਿੱਚ ਨਿਯਮਾਂ ਦੀ ਉਲੰਘਣਾ ਪਾਈ ਗਈ, ਉਨ੍ਹਾਂ ਖ਼ਿਲਾਫ਼ ਮੋਟਰ ਵਾਹਨ ਐਕਟ ਅਧੀਨ ਬਣਦੀ ਕਾਨੂੰਨੀ ਕਾਰਵਾਈ ਕੀਤੀ ਗਈ। ਇਸ ਮੌਕੇ ਏ ਆਰ ਟੀ ਓ ਸਰਬਜੀਤ ਸਿੰਘ ਸੈਣੀ ਨੇ ਕਿਹਾ ਕਿ ਸਕੂਲੀ ਬੱਚਿਆਂ ਦੀ ਸੁਰੱਖਿਆ ਵਿਭਾਗ ਦੀ ਸਭ ਤੋਂ ਵੱਡੀ ਤਰਜੀਹ ਹੈ। ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਵਾਹਨ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਜਾਰੀ ਰਹੇਗੀ। ਉਨ੍ਹਾਂ ਵਾਹਨ ਚਾਲਕਾਂ ਅਤੇ ਸਕੂਲ ਪ੍ਰਬੰਧਕਾਂ ਨੂੰ ਅਪੀਲ ਕੀਤੀ ਕਿ ਉਹ ਸਾਰੇ ਲੋੜੀਂਦੇ ਦਸਤਾਵੇਜ਼ ਅਤੇ ਸੁਰੱਖਿਆ ਮਾਪਦੰਡਾਂ ਦੀ ਪੂਰੀ ਪਾਲਣਾ ਯਕੀਨੀ ਬਣਾਉਣ। ਉਨ੍ਹਾਂ ਇਹ ਵੀ ਕਿਹਾ ਕਿ ਮੋਰਿੰਡਾ ਖੇਤਰ ਵਿੱਚ ਚੱਲ ਰਹੇ ਟਿੱਪਰਾਂ ਸਬੰਧੀ ਜੇਕਰ ਓਵਰਲੋਡਿੰਗ, ਅਸੁਰੱਖਿਅਤ ਸੰਚਾਲਨ ਜਾਂ ਟਰੈਫਿਕ ਨਿਯਮਾਂ ਦੀ ਉਲੰਘਣਾ ਦੀ ਕੋਈ ਸ਼ਿਕਾਇਤ ਜਾਂ ਜਾਣਕਾਰੀ ਮਿਲਦੀ ਹੈ ਤਾਂ ਉਨ੍ਹਾਂ ਖ਼ਿਲਾਫ਼ ਵੀ ਮੋਟਰ ਵਾਹਨ ਐਕਟ ਅਧੀਨ ਬਣਦੀ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਪਿਓ ਨੂੰ ਜ਼ਖ਼ਮੀ ਕਰਨ ਵਾਲੇ ਪੁੱਤਰ ਖਿਲਾਫ ਇਰਾਦਾ ਕਤਲ ਦਾ ਮਾਮਲਾ ਦਰਜ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਥਾਣਾ ਟਾਂਡਾ ਪੈਂਦੇ ਪਿੰਡ ਤਲਵੰਡੀ ਸੱਲਾਂ ਵਿਖੇ ਬਜ਼ੁਰਗ ਵਿਅਕਤੀ ਨੂੰ ਪਿਤਾ ਵੱਲੋਂ ਪੈਸੇ ਨਾ ਦੇਣ 'ਤੇ ਉਸ ਦੇ ਸਿਰ 'ਤੇ ਇੱਟਾਂ ਮਾਰ ਕੇ ਉਸ ਨੂੰ ਗੰਭੀਰ ਜ਼ਖ਼ਮੀ ਕਰਨ ਟਾਂਡਾ ਪੁਲਸ ਨੇ ਉਸ ਦੀ ਹੀ ਪਤਨੀ ਦੇ ਬਿਆਨ ਦੇ ਆਧਾਰ 'ਤੇ ਉਸ ਦੇ ਖ਼ਿਲਾਫ਼ ਇਰਾਦਾ ਕਤਲ ਦਾ ਮਾਮਲਾ ਦਰਜ ਕੀਤਾ ਹੈ। ਐਡੀਸ਼ਨਲ ਐੱਸ. ਐੱਚ. ਓ. ਜਗਦੀਪ ਸਿੰਘ ਨੇ ਦੱਸਿਆ ਕਿ ਪੁਲਸ ਨੇ ਇਹ ਮਾਮਲਾ ਜਾਨਲੇਵਾ ਹਮਲੇ ਦਾ ਸ਼ਿਕਾਰ ਹੋਏ ਬਜ਼ੁਰਗ ਚੰਨਣ ਸਿੰਘ ਦੀ ਨੂੰਹ ਲਵਲੀਨ ਕੌਰ ਦੇ ਬਿਆਨ ਦੇ ਆਧਾਰ 'ਤੇ ਉਸ ਦੇ ਪਤੀ ਕੁਲਵਿੰਦਰ ਸਿੰਘ ਖ਼ਿਲਾਫ਼ ਦਰਜ ਕੀਤਾ ਹੈ। ਪੁਲਸ ਕੋਲ ਦਰਜ ਕਰਾਏ ਆਪਣੇ ਬਿਆਨ ਵਿਚ ਲਵਲੀਨ ਕੌਰ ਨੇ ਦੱਸਿਆ ਕਿ ਉਸ ਦਾ ਪਤੀ ਕੁਲਵਿੰਦਰ ਸਿੰਘ ਕੋਈ ਕੰਮਕਾਰ ਨਹੀਂ ਕਰਦਾ ਅਤੇ ਉਸ ਦਾ ਸਹੁਰਾ ਹੀ ਉਸ ਦੇ ਬੱਚਿਆਂ ਅਤੇ ਪਰਵਾਰ ਦੀ ਦੇਖਭਾਲ ਕਰਦੇ ਹੋਏ ਸਾਰਾ ਖ਼ਰਚ ਚੁੱਕਦਾ ਹੈ। ਕੁਲਵਿੰਦਰ ਸਿੰਘ ਅਕਸਰ ਪੈਸਿਆਂ ਲਈ ਉਨ੍ਹਾਂ ਨੂੰ ਤੰਗ ਪ੍ਰੇਸ਼ਾਨ ਕਰਦਾ ਹੈ ਅਤੇ ਮਨ੍ਹਾ ਕਰਨ 'ਤੇ ਉਨ੍ਹਾਂ ਨਾਲ ਕੁੱਟਮਾਰ ਕਰਦਾ ਹੈ। ਇਸ ਦੌਰਾਨ ਬੀਤੀ 13 ਜੁਲਾਈ ਨੂੰ ਵੀ ਜਦੋਂ ਕੁਲਵਿੰਦਰ ਸਿੰਘ ਨੇ ਉਸ ਦੇ ਸਹੁਰੇ ਕੋਲੋਂ ਪੈਸੇ ਮੰਗੇ ਤਾਂ ਮਨ੍ਹਾ ਹੋਣ 'ਤੇ ਉਸ ਨੇ ਉਸ ਦੇ ਸਹੁਰੇ 'ਤੇ ਜਾਨਲੇਵਾ ਹਮਲਾ ਕਰਦੇ ਹੋਏ ਸਿਰ 'ਤੇ ਇੱਟ ਦੇ ਅਨੇਕਾਂ ਵਾਰ ਕਰਦੇ ਹੋਏ ਗੰਭੀਰ ਜ਼ਖ਼ਮੀ ਕਰ ਦਿੱਤਾ ਜਿਸ 'ਤੇ ਚੰਨਣ ਸਿੰਘ ਨੂੰ ਟਾਂਡਾ ਦੇ ਸਰਕਾਰੀ ਹਸਪਤਾਲ ਵਿਚ ਮੁਢਲੀ ਮੈਡੀਕਲ ਮਦਦ ਤੋਂ ਬਾਅਦ ਜਲੰਧਰ ਦੇ ਹਸਪਤਾਲ ਵਿਚ ਭਰਤੀ ਕਰਵਾਇਆ ਗਿਆ ਹੈ। ਲਵਲੀਨ ਨੇ ਹੋਰ ਦੱਸਿਆ ਕਿ ਜਦੋਂ ਉਹ ਹਸਪਤਾਲ ਵਿਚ ਸਨ ਤਾਂ ਪਿੱਛੋਂ ਕੁਲਵਿੰਦਰ ਸਿੰਘ ਨੇ ਘਰ 'ਤੇ ਕਬਜ਼ਾ ਕਰਕੇ ਉਸ ਨੂੰ ਅਤੇ ਉਸ ਦੇ ਬੱਚਿਆਂ ਨੂੰ ਘਰ ਦਾਖ਼ਲ ਨਹੀਂ ਹੋਣ ਦਿੱਤਾ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ।ਟਾਂਡਾ ਪੁਲਸ ਨੇ ਹੁਣ ਮਾਮਲਾ ਦਰਜ ਕਰਕੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

## ਬੱਬਰ ਕਰਮ ਸਿੰਘ ਝਿੰਗੜ ਦੀ ਯਾਦ 'ਚ ਸਮਾਗਮ ਮੌਕੇ ਹੋਈਆਂ ਗੰਭੀਰ ਵਿਚਾਰਾਂ

**ਬੰਗਾ (ਅਵਤਾਰ ਕਲੇਰ)**- ਆਜ਼ਾਦੀ ਸੰਗਰਾਮ ਦੇ ਸ਼ਾਨਾਂਮੱਤੇ ਵਰਕੇ, ਬਬਰ ਅਕਾਲੀ ਲਹਿਰ ਦੇ ਮਹਾਨ ਸ਼ਹੀਦ ਕਰਮ ਸਿੰਘ ਝਿੰਗੜ ਦੀ ਯਾਦ ਨੂੰ ਸਿਜਦਾ ਕਰਦੇ ਹੋਏ ਕਸ਼ਮੀਰ ਸਿੰਘ ਝਿੰਗੜ ਦੀ ਅਗਵਾਈ ਹੇਠ ਨਗਰ ਦੇ ਲੋਕਾਂ ਨੇ ਆਪਣੇ ਹੀ ਨਿਵੇਕਲੇ ਅੰਦਾਜ਼ ਵਿੱਚ ਆਪਣੇ ਸਤਿਕਾਰਤ ਸ਼ਹੀਦ ਨੂੰ ਸਿਜਦਾ ਕਰਨ ਦਾ ਉੱਦਮ ਕੀਤਾ। ਭਗਤ ਦੀ ਯਾਦ ਵਿੱਚ ਬਣਿਆਂ ਪਾਰਕ, ਯਾਦਗਾਰੀ ਬੁੱਤ ਤੋਂ ਇਲਾਵਾ ਕਮਿਊਨਿਟੀ ਸੈਂਟਰ ਵੀ ਦੇਖਿਆ। ਕਸ਼ਮੀਰ ਸਿੰਘ ਦਾ ਪਰਵਾਰ ਅਮੋਲਕ ਸਿੰਘ, ਸ਼ਹੀਦੀ ਯਾਦਗਾਰ ਕਮੇਟੀ ਇਲਾਕਾ ਬੰਗਾ ਦੇ ਕਨਵੀਨਰ ਤੀਰਥ ਰਸੂਲਪੁਰੀ, ਕਮੇਟੀ ਮੈਂਬਰ ਖੁਸ਼ੀ ਰਾਮ ਅਤੇ ਦੇਵ ਰਾਜ



ਚੇਤੇ ਰਹੇ ਕਿ ਬਬਰ ਕਰਮ ਸਿੰਘ ਕੈਨੇਡਾ ਤੋਂ ਆਏ ਸਨ ਅਤੇ ਬਹੁਤ ਸਾਰੇ ਗਦਰੀ ਦੇਸ਼ ਭਗਤਾਂ ਵਾਂਗ ਉਹਨਾਂ ਨੇ ਵੀ ਗਦਰ ਲਹਿਰ ਅਤੇ ਫਿਰ ਬੱਬਰ ਅਕਾਲੀ ਲਹਿਰ ਦੇ ਸੁਨਹਿਰੀ ਇਤਿਹਾਸ ਨੂੰ ਹੋਰ ਵੀ ਰੋਸ਼ਨ ਕਰਨ ਲਈ ਆਪਣਾ ਤਨ ਮਨ ਧਨ ਸਭ ਕੁਝ ਪਿਆਰੇ ਵਤਨ ਤੋਂ ਕੁਰਬਾਨ ਕਰ ਦਿੱਤਾ। ਕਸ਼ਮੀਰ ਸਿੰਘ ਝਿੰਗੜ ਨੇ ਅੱਜ ਵੱਖ-ਵੱਖ ਜਥੇਬੰਦੀਆਂ ਦੇ ਝਿੰਗੜਾਂ ਪੁੱਜੇ ਵਫ਼ਦ ਨੂੰ ਉਹ ਜੱਦੀ ਘਰ ਵਿਖਾਇਆ ਜਿੱਥੋਂ ਕਰਮ ਸਿੰਘ ਝਿੰਗੜ ਅਤੇ ਦਲੀਪ ਸਿੰਘ ਗੋਸਲ ਦੋਨਾਂ ਬਬਰ ਦੇਸ਼ ਭਗਤਾਂ ਨੂੰ ਹਕੂਮਤ ਨੇ ਆਪਣੇ ਸੂਹੀਆ ਤੰਤਰ ਰਾਹੀਂ ਗ੍ਰਿਫ਼ਤਾਰ ਕੀਤਾ ਸੀ। ਜੱਥੇਬੰਦੀਆਂ ਦੇ ਨੁਮਾਇੰਦਿਆਂ ਨੇ ਪਿੰਡ ਵਿੱਚ ਬਬਰ ਦੇਸ਼ ਅੱਗੇ ਹੋ ਕੇ ਕਰਮ ਸਿੰਘ ਦੇ ਮਹਾਨ ਇਤਿਹਾਸ ਨੂੰ ਸਿਜਦਾ ਕਰਦੇ ਹੋਏ ਪਿਛਲੇ ਵਰ੍ਹਿਆਂ ਤੋਂ ਉਹਨਾਂ ਦੀ ਯਾਦ ਤਾਜ਼ਾ ਰੱਖਣ ਲਈ ਹਰ ਸੰਭਵ ਯਤਨ ਕਰਦੇ ਆ ਰਹੇ ਹਨ। ਉਹਨਾਂ ਦੇ ਆਪਣੇ ਜੱਦੀ ਘਰ ਦੀ ਛੱਤ ਦੇ ਉੱਤੇ ਬੱਬਰ ਕਰਮ ਸਿੰਘ ਸਿੰਘ ਦਾ ਬੁੱਤ ਵੀ ਲਗਾ ਰੱਖਿਆ ਹੈ। ਕਸ਼ਮੀਰ ਸਿੰਘ ਝਿੰਗੜ ਨੇ ਅੱਜ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਭਿਆਚਾਰਕ ਵਿੰਗ ਦੇ ਕਨਵੀਨਰ ਗੁਣਾਂਚੌਰ, ਜਮਹੂਰੀ ਹੱਕਾਂ ਦੇ ਝੰਡਾਬਰਦਾਰ, ਲੇਖਕ ਅਤੇ ਅਨੁਵਾਦਿਕ ਬੂਟਾ ਸਿੰਘ ਮਹਿਮੂਦਪੁਰ, ਮਲਕੀਤ ਸਿੰਘ ਝਿੰਗੜ ਅਤੇ ਲੋਕ ਗਾਇਕ ਕਲਾਕਾਰ ਧਰਮਿੰਦਰ ਮਸਾਣੀ ਨੂੰ ਕਿਹਾ ਕਿ ਉਹ ਪਰਿਵਾਰ ਦੀ ਤਰਫੋਂ ਗ਼ਦਰੀ ਬਾਬਿਆਂ ਦੇ ਮੇਲੇ ਲਈ ਆਰਥਿਕ ਯੋਗਦਾਨ ਪਾਉਣ ਦੀ ਖੁਸ਼ੀ ਲੈਣਗੇ ਅਤੇ ਪਿੰਡ ਤੋਂ ਜੱਥਾ ਲੈ ਕੇ ਮੇਲੇ ਵਿੱਚ ਵੀ ਸ਼ਾਮਲ ਹੋਣਗੇ।

## ਪੰਜਾਬ ਪੈਨਸ਼ਨਰ ਐਸੋਸੀਏਸ਼ਨ ਨੇ ਫੂਕੀ ਸਰਕਾਰ ਦੀ ਅਰਥੀ

**ਨੰਗਲ (ਸੁਰਜੀਤ ਸਿੰਘ ਢੇਰ)**- ਇਥੇ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੀ ਨੰਗਲ ਇਕਾਈ ਦੇ ਆਗੂਆਂ ਨੇ ਸਰਕਾਰ ਦੇ 17 ਜੁਲਾਈ 2020 ਦੇ ਪੱਤਰ ਦੀ ਪੁਰਜ਼ੋਰ ਵਿਰੋਧਤਾ ਕੀਤੀ।17 ਜੁਲਾਈ ਦੇ 2020 ਦੇ ਕਰਮਚਾਰੀਆਂ ਨੇ ਵੱਧ ਚੜ ਕੇ ਹਿੱਸਾ ਲਿਆ ਤੇ ਸਫਾਈ ਕਰਮਚਾਰੀਆਂ ਦੀ ਸਮੁੱਚੀ ਲੀਡਰਸ਼ਿਪ ਨੇ ਸਰਕਾਰ ਵਿਰੁੱਧ ਰੋਸ ਪ੍ਰਗਟ ਕੀਤਾ। ਸਥਾਨਕ ਤਹਿਸੀਲ ਕੰਪਲੈਕਸ ਮੂਹਰੇ ਕੀਤੇ ਰੋਸ ਪ੍ਰਦਰਸ਼ਨ ਵਿੱਚ ਮੁਲਾਜ਼ਮ





ਤੇ ਪੈਨਸ਼ਨਰ ਸਾਂਝਾ ਫਰੰਟ ਦੇ ਪ੍ਰਧਾਨ ਤਰਸੇਮ ਲਾਲ ਸੈਣੀ ਭਣਾਮ, ਜਨਰਲ ਸਕੱਤਰ ਕਸ਼ਮੀਰੀ ਲਾਲ,ਵਿੱਤ ਸਕੱਤਰ ਦੌਲਤ ਰਾਮ ਮਜਾਰੀ, ਅਜੀਤ ਸਿੰਘ ਮਾਨ, ਹਰੀ ਕ੍ਰਿਸ਼ਨ ਪ੍ਰੇਮੀ, ਸੁਭਾਸ਼ ਚੰਦ, ਗੰਗਾ ਪ੍ਰਸਾਦ, ਬਖਸ਼ੀ ਰਾਮ, ਰੋਸ਼ਨ ਸਿੰਘ, ਪ੍ਰਿੰਸੀਪਲ ਦੇਵ ਰਾਜ ਧਾਮੀ,ਇੰਜਨੀਅਰ ਸੁਰਿੰਦਰ ਸਿੰਘ ,ਬਲਦੇਵ ਰਾਜ, ਅਨਿਲ ਐਰੀ, ਸੁਖਦੇਵ ਰਾਮ, ਗੁਰਦੀਪ ਸਿੰਘ ਬੇਲਾ, ਫ਼ਕੀਰ ਚੰਦ ਬਾਂਸਲ, ਪੰਜਾਬ ਰੋਡਵੇਜ਼ ਜਥੇਬੰਦੀ ਦੇ ਪ੍ਰਧਾਨ ਮੁਖਤਿਆਰ ਚੰਦ , ਸਕੱਤਰ ਜੇ ਐਸ ਸੋਹਲ, ਮੋਹਨ ਸਿੰਘ, ਰਵਨੀਤ ਸਿੰਘ ਨਸੀਬ ਸਿੰਘ, ਰਾਮ ਪਿਆਰਾ, ਸੇਵਾ ਸਿੰਘ, ਅਵਤਾਰ ਸਿੰਘ, ਗਿਆਨ ਸਿੰਘ, ਰਣਜੀਤ ਸਿੰਘ, ਦਿਆ ਰਾਮ, ਹਰਪ੍ਰੀਤ ਸਿੰਘ ਅਤੇ ਸਫਾਈ ਕਰਮਚਾਰੀ ਜਥੇਬੰਦੀ ਦੇ ਸਮੁੱਚੇ ਆਗੂ ਅਤੇ ਵਰਕਰਾਂ ਨੇ ਹਿੱਸਾ ਲਿਆ।

ਪੱਤਰ ਅਨੁਸਾਰ ਪੰਜਾਬ ਦੇ ਮੁਲਾਜ਼ਮਾਂ ਦੇ ਪੇ ਸਕੇਲਾਂ ਨੂੰ ਸੈਂਟਰ ਨਾਲ ਜੋੜਨਾ ਪੰਜਾਬ ਦੇ ਮੁਲਾਜ਼ਮਾਂ ਨਾਲ ਇੱਕ ਵੱਡਾ ਧੱਕਾ ਹੈ। ਇਸ ਲਈ ਇਸ ਪੱਤਰ ਦੀਆਂ ਕਾਪੀਆਂ ਸਾੜ ਕੇ ਇਸ ਨੂੰ ਕਾਲਾ ਦਿਵਸ ਵਜੋਂ ਮਨਾਇਆ ਗਿਆ।ਸਰਕਾਰ ਵੱਲੋਂ ਮਗਨਰੇਗਾ ਕਰਮਚਾਰੀਆਂ ਤੇ ਕੀਤੇ ਅੱਤਿਆਚਾਰ ਅਤੇ ਸਫਾਈ ਸੇਵਕਾਂ ਨਾਲ ਕੀਤੇ ਜਾ ਰਹੇ ਧੱਕੇ ਦੇ ਖਿਲਾਫ ਸਰਕਾਰ ਦਾ ਅਰਥੀ ਫੂਕ ਮੁਹਜ਼ਾਰਾ ਕੀਤਾ ਗਿਆ ਜਿਸ ਵਿੱਚ ਸਫਾਈ

## ਨਿਲੇਸ਼ ਦੱਤਾ ਨੇ ਨੀਟ ਯੂ ਜੀ-2026 'ਚ ਪ੍ਰਾਪਤ ਕੀਤਾ ਆਲ ਇੰਡੀਆ ਰੈਂਕ 1305

**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟ ਹਾਰਟਸ ਸਕੂਲ, ਗ੍ਰੀਨ ਮਾਡਲ ਟਾਊਨ ਕੈਂਪਸ ਦੇ ਵਿਦਿਆਰਥੀ ਨਿਲੇਸ਼ ਦੱਤਾ ਨੇ ਆਪਣੇ ਸਕੂਲ ਦਾ ਨਾਂਅ ਰੋਸ਼ਨ ਕਰਦੇ ਹੋਏ ਨੀਟ ਯੂ ਜੀ-2026 ਪ੍ਰੀਖਿਆ ਵਿੱਚ ਆਲ



ਇੰਡੀਆ ਰੈਂਕ 1305 ਹਾਸਲ ਕਰਕੇ ਸ਼ਾਨਦਾਰ ਸਫਲਤਾ ਪ੍ਰਾਪਤ ਕੀਤੀ ਹੈ। ਇਸ ਪ੍ਰੀਖਿਆ ਦੇ ਨਤੀਜੇ ਹਾਲ ਹੀ ਵਿੱਚ ਨੈਸ਼ਨਲ ਟੈਸਟਿੰਗ ਏਜੰਸੀ ਵੱਲੋਂ ਐਲਾਨੇ ਗਏ ਸਨ। ਨਿਲੇਸ਼ ਦੀ ਇਹ ਸ਼ਾਨਦਾਰ ਪ੍ਰਾਪਤੀ ਉਸਦੀ ਸਖ਼ਤ ਮਿਹਨਤ, ਲਗਨ, ਅਨੁਸ਼ਾਸਨ ਅਤੇ ਲਗਾਤਾਰ ਸ਼ਾਨਦਾਰ ਅਕਾਦਮਿਕ ਪ੍ਰਦਰਸ਼ਨ ਦਾ ਨਤੀਜਾ ਹੈ। ਉਸਦੀ ਇਸ ਸਫਲਤਾ ਨਾਲ ਇੰਨੋਸੈਂਟ ਹਾਰਟਸ ਪਰਿਵਾਰ ਨੂੰ ਮਾਣ ਮਹਿਸੂਸ ਹੋਇਆ ਹੈ।ਇੰਨੋਸੈਂਟ ਹਾਰਟਸ ਗਰੁੱਪ ਦੇ ਚੇਅਰਮੈਨ ਡਾ. ਅਨੂਪ ਬੌਰੀ ਨੇ ਨਿਲੇਸ਼, ਉਸਦੇ ਮਾਪਿਆਂ ਅਤੇ ਸਮੂਹ ਅਧਿਆਪਕ ਵਰਗ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਸਕੂਲ ਦੀ ਅਕਾਦਮਿਕ ਉਤਕ੍ਰਿਸ਼ਟਤਾ ਅਤੇ ਸਰਵਪੱਖੀ ਮਾਰਗਦਰਸ਼ਨ ਪ੍ਰਤੀ ਵਚਨਬੱਧਤਾ ਦਾ ਪ੍ਰਮਾਣ ਹਨ। ਉਨ੍ਹਾਂ ਇਹ ਵੀ ਵਿਸ਼ਵਾਸ ਪ੍ਰਗਟਾਇਆ ਕਿ ਨਿਲੇਸ਼ ਦੀ ਇਹ ਸਫਲਤਾ ਹੋਰ ਵਿਦਿਆਰਥੀਆਂ ਨੂੰ ਆਪਣੇ ਸੁਪਨੇ ਸਾਕਾਰ ਕਰਨ ਲਈ ਪ੍ਰੇਰਿਤ ਕਰੇਗੀ।ਪ੍ਰਿੰਸੀਪਲ ਰਾਜੀਵ ਪਾਲੀਵਾਲ ਨੇ ਨਿਲੇਸ਼ ਦੀ ਸ਼ਾਨਦਾਰ ਪ੍ਰਾਪਤੀ ਦੀ ਸ਼ਲਾਘਾ ਕਰਦਿਆਂ ਉਸਨੂੰ ਭਵਿੱਖ ਦੇ ਡਾਕਟਰੀ ਕਰੀਅਰ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਡੇਂਗੂ ਦੀ ਰੋਕਥਾਮ ਲਈ ਘਰਾਂ ਤੇ ਆਲੇ-ਦੁਆਲੇ ਦੀ ਸਫ਼ਾਈ ਰੱਖਣੀ ਜ਼ਰੂਰੀ : ਡਾ. ਕਰਨ ਸੈਣੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਪੰਡਿਤ ਮਿਥਲੇਸ਼)**- ਸਿਵਲ ਸਰਜਨ ਡਾ. ਮਨਦੀਪ



ਕੌਰ ਕਮਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਐਸ.ਐਮ.ਓ. ਡਾ. ਕਰਨ ਕੁਮਾਰ ਸੈਣੀ ਦੀ ਅਗਵਾਈ ਹੇਠ ਹਰ ਸ਼ੁੱਕਰਵਾਰ ਮਨਾਏ ਜਾਣ ਵਾਲੇ ਡਰਾਈ ਡੇ ਤਹਿਤ ਡੇਂਗੂ ਰੋਕਥਾਮ ਗਤੀਵਿਧੀਆਂ ਚਲਾਈਆਂ ਗਈਆਂ। ਇਸ ਦੌਰਾਨ ਲੋਕਾਂ ਨੂੰ ਆਪਣੇ ਘਰਾਂ, ਕੂਲਰਾਂ, ਗਮਲਿਆਂ, ਪੁਰਾਣੇ ਟਾਇਰਾਂ, ਫਰਿੱਜ ਦੀਆਂ ਟਰੇਆਂ ਅਤੇ ਹੋਰ ਪਾਣੀ ਇਕੱਠਾ ਹੋਣ ਵਾਲੀਆਂ ਥਾਵਾਂ ਦੀ ਹਫ਼ਤਾਵਾਰੀ ਸਫ਼ਾਈ ਕਰਨ ਅਤੇ ਖੜ੍ਹਾ ਪਾਣੀ ਨਾ ਰਹਿਣ ਦੇਣ ਲਈ ਜਾਗਰੂਕ ਕੀਤਾ ਗਿਆ। ਇਸ ਮੁਹਿੰਮ ਵਿੱਚ ਇੰਸਪੈਕਟਰ ਰਜੀਵ ਪਾਲ, ਜਤਿੰਦਰ ਸਿੰਘ, ਕੁਲਵੀਰ ਸਿੰਘ, ਗੁਰਜੀਤ ਸਿੰਘ, ਅਮਰੀਕ ਸਿੰਘ, ਬਿਨੋਦ ਕੁਮਾਰ (ਐਮ. ਪੀ.ਐਚ. ਡਬਲਯੂ.), ਗੁਰਪ੍ਰੀਤ ਸਿੰਘ (ਮੇਲ ਵਰਕਰ) ਅਤੇ ਬਲਜੀਤ ਸਿੰਘ (ਮੇਲ ਵਰਕਰ) ਨੇ ਸਰਗਰਮ ਭੂਮਿਕਾ ਨਿਭਾਈ। ਟੀਮ ਵੱਲੋਂ ਲੋਕਾਂ ਨੂੰ ਡੇਂਗੂ ਦੇ ਲੱਛਣਾਂ, ਬਚਾਅ ਦੇ ਉਪਾਵਾਂ ਅਤੇ ਮੱਛਰਾਂ ਦੇ ਪੈਦਾ ਹੋਣ ਵਾਲੇ ਸਰੋਤਾਂ ਨੂੰ ਖਤਮ ਕਰਨ ਬਾਰੇ ਜਾਣਕਾਰੀ ਦਿੱਤੀ ਗਈ।ਸਿਹਤ ਵਿਭਾਗ ਨੇ ਸਮੂਹ ਲੋਕਾਂ ਨੂੰ ਅਪੀਲ ਕੀਤੀ ਕਿ ਹਰ ਸ਼ੁੱਕਰਵਾਰ ਡਰਾਈ ਡੇ ਜ਼ਰੂਰ ਮਨਾਇਆ ਜਾਵੇ ਅਤੇ ਆਪਣੇ ਘਰਾਂ ਅਤੇ ਆਲੇ-ਦੁਆਲੇ ਕਿਸੇ ਵੀ ਥਾਂ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ, ਤਾਂ ਜੋ ਡੇਂਗੂ ਵਰਗੀਆਂ ਬਿਮਾਰੀਆਂ ਤੋਂ ਬਚਾਅ ਯਕੀਨੀ ਬਣਾਇਆ ਜਾ ਸਕੇ।

## ਡਾ. ਸੁਖਵਿੰਦਰ ਸੁੱਖੀ ਨੇ ਆਂਗਣਵਾੜੀ ਵਰਕਰਾਂ ਨੂੰ ਵੰਡੇ ਨਿਯੁਕਤੀ ਪੱਤਰ

**ਬੰਗਾ (ਅਵਤਾਰ ਕਲੇਰ)**- ਬਲਾਕ ਬੰਗਾ ਅਧੀਨ ਚੱਲ ਰਹੇ ਆਂਗਣਵਾੜੀ ਸੈਂਟਰਾਂ ਵਿਖੇ ਖਾਲੀ ਆਂਗਣਵਾੜੀ ਵਰਕਰਾਂ ਦੀਆਂ ਪੋਸਟਾਂ 'ਤੇ ਨਿਯੁਕਤ ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ



ਪੱਤਰਾਂ ਦੀ ਵੰਡ ਹਲਕਾ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਵੱਲੋਂ ਕੀਤੀ ਗਈ। ਉਨ੍ਹਾਂ ਸੰਬੋਧਨ ਕਰਦਿਆਂ ਸੰਬੰਧਤ ਨਵਨਿਯੁਕਤ ਆਂਗਣਵਾੜੀ ਵਰਕਰਾਂ ਨੂੰ ਸਲਾਹ ਦਿੱਤੀ ਗਈ ਕਿ ਉਨ੍ਹਾ ਵੱਲੋਂ ਆਪਣੀ ਡਿਊਟੀ ਲਗਨ ਅਤੇ ਇਮਾਨਦਾਰੀ ਨਾਲ ਕੀਤੀ ਜਾਵੇ। ਇਸ ਮੌਕੇ ਪੂਰਨ ਪੰਕਜ ਸ਼ਰਮਾ, ਬਾਲ ਵਿਕਾਸ ਪ੍ਰੋਜੈਕਟ ਅਫਸਰ ਬੰਗਾ ਨੇ ਦੱਸਿਆ ਕਿ ਅੱਜ ਬਲਾਕ ਬੰਗਾ ਅਧੀਨ 14 ਆਂਗਣਵਾੜੀ ਵਰਕਰਾਂ ਅਤੇ ਬਲਾਕ ਔੜ ਅਧੀਨ 9 ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰਾਂ ਦੀ ਵੰਡ ਕੀਤੀ ਗਈ । ਇਸ ਮੌਕੇ ਸ਼ਾਮ ਲਾਲ ਜੂਨੀਅਰ ਸਹਾਇਕ ਹਰਕਮਲਜੀਤ, ਕੁਲਵਿੰਦਰ ਕੌਰ, ਸੁਪਰਵਾਈਜ਼ਰ ਹਾਜ਼ਰ ਸਨ।

## ਪੰਡਿਤ ਲੇਖਰਾਜ ਸ਼ਰਮਾ ਬ੍ਰਾਹਮਣ ਸਭਾ ਦੇ ਚੇਅਰਮੈਨ ਨਿਯੁਕਤ



**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਵੱਲੋਂ ਪੰਡਿਤ ਲੇਖਰਾਜ ਸ਼ਰਮਾ ਨੂੰ ਬਲਾਚੌਰ ਹਲਕੇ ਤੋਂ ਬ੍ਰਾਹਮਣ ਸਭਾ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਨਾਲ ਬ੍ਰਾਹਮਣ ਭਾਈਚਾਰੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਅਤੇ ਵੱਖ-ਵੱਖ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਦੇ ਨੁਮਾਇੰਦਿਆਂ ਵੱਲੋਂ ਪੰਡਿਤ ਲੇਖਰਾਜ ਸ਼ਰਮਾ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ। ਪੰਡਿਤ ਲੇਖਰਾਜ ਸ਼ਰਮਾ ਨੇ ਇਸ ਮੌਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਹਲਕਾ ਵਿਧਾਇਕ ਸੰਤੋਸ਼ ਕਟਾਰੀਆ,ਅਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਦਿੱਤੀ ਗਈ ਇਸ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਨਿਸ਼ਠਾ ਅਤੇ ਸਮਰਪਣ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਬ੍ਰਾਹਮਣ ਭਾਈਚਾਰੇ ਦੀ ਭਲਾਈ, ਏਕਤਾ ਅਤੇ ਸਮਾਜਿਕ ਵਿਕਾਸ ਲਈ ਉਹ ਹਰ ਸੰਭਵ ਯਤਨ ਕਰਨਗੇ ਅਤੇ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਵੀ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

## ਤਰਕਸ਼ੀਲ ਸੁਸਾਇਟੀ ਪੰਜਾਬ ਦੀ ਮੀਟਿੰਗ



**ਬੰਗਾ (ਅਵਤਾਰ ਕਲੇਰ)**- ਤਰਕਸ਼ੀਲ ਸੋਸਾਇਟੀ ਪੰਜਾਬ ਇਕਾਈ ਬੰਗਾ ਦੀ ਮੀਟਿੰਗ ਪਿੰਡ ਲੰਗੇਰੀ ਵਿੱਖੇ ਕੀਤੀ ਗਈ। ਪ੍ਰਧਾਨ ਹਰਜਿੰਦਰ ਸੂੰਨੀ ਵਲੋਂ ਵੱਖ ਵੱਖ ਮੁੱਦਿਆਂ ਤੇ ਗੱਲਬਾਤ ਕੀਤੀ ਗਈ। ਤਰਕਸ਼ੀਲ ਮੈਗਜ਼ੀਨ ਅੰਕ ਜੁਲਾਈ ਅਗਸਤ ਦੀ ਵੰਡ ਕੀਤੀ। ਮਾਸਟਰ ਜਗਦੀਸ਼ ਨੇ ਦੱਸਿਆ ਕਿ ਜ਼ੋਨ ਨਵਾਂਸ਼ਹਿਰ ਵਲੋਂ ਸਾਰੀਆਂ ਇਕਾਈਆਂ ਦੀ ਸਾਂਝੀ ਮੀਟਿੰਗ ਕੀਤੀ ਜਾਵੇਗੀ ਜਿਸ ਵਿੱਚ ਬੰਗਾ ਇਕਾਈ ਦੇ ਸਾਰੇ ਮੈਂਬਰ ਸ਼ਾਮਲ ਹੋਣਗੇ। ਪਖੰਡੀ ਬਾਬਿਆਂ, ਸਾਧਾਂ, ਤਾਂਤਰਿਕਾਂ, ਜੋਤਿਸ਼ੀਆਂ, ਪੁੱਛਾਂ ਦੇਣ ਵਾਲਿਆ ਦੀਆ ਗੈਰ ਕਾਨੂੰਨੀ ਕਾਰਵਾਈਆਂ ਅਤੇ ਗੁੰਮਰਾਹਕੁੰਨ ਇਸ਼ਤਿਹਾਰਬਾਜੀ ਤੇ ਪ੍ਰਸ਼ਾਸਨ ਤੋਂ ਪਾਬੰਦੀ ਲਾਉਣ ਦੀ ਮੰਗ ਕੀਤੀ ਗਈ। ਤਰਕਸ਼ੀਲ ਆਗੂ ਕੁਲਵਿੰਦਰ ਖਟਕੜ ਦੇ ਜੀਜਾ ਦੀ ਬੇਵਕਤੀ ਮੌਤ ਤੇ ਇਸ ਮੌਕੇ ਇਕਾਈ ਵਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਸੁਖਵਿੰਦਰ ਲੰਗੇਰੀ ਵਲੋਂ ਪਿੰਡ ਵਿੱਚ ਲਾਇਬ੍ਰੇਰੀ ਲਈ ਸਾਹਿਤ ਦਾ ਸਹਿਯੋਗ ਦਿੱਤਾ ਗਿਆ ਜਿਸ ਵਿੱਚ ਵਿਗਿਆਨ, ਇਤਿਹਾਸ, ਕਹਾਣੀਆਂ,ਨਾਵਲ ਵਰਗੀਆਂ ਕਿਤਾਬਾਂ ਸ਼ਾਮਿਲ ਕੀਤੀਆਂ ਗਈਆ । ਪੰਜਾਬੀ ਫਿਲਮ ਸੱਤਲੁਜ 'ਤੇ ਸਰਕਾਰ ਵੱਲੋਂ ਪਾਬੰਦੀ ਲਗਾਉਣਾ ਲੋਕਾਂ ਦੇ ਜਮਹੂਰੀ ਹੱਕਾਂ ਤੇ ਡਾਕਾ ਕਰਾਰ ਦਿੱਤਾ ਅਤੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ।ਇਸ ਮੌਕੇ ਮੋਹਣ ਬੀਕਾ, ਬਲਜੀਤ ਖਟਕੜ, ਕੁਲਵਿੰਦਰ ਖਟਕੜ, ਦਿਲਸ਼ਾਨ,ਅਰਮਾਨ ਮੌਜੂਦ ਸਨ।

## 257.32 ਕਰੋੜ ਦੀ ਲਾਗਤ ਨਾਲ ਜਲੰਧਰ-ਹੁਸ਼ਿਆਰਪੁਰ ਰਾਸ਼ਟਰੀ ਰਾਜਮਾਰਗ ਦੇ ਵਿਕਾਸ ਲਈ ਰਸਤਾ ਸਾਫ਼

### ਪੰਜਾਬ ਸਰਕਾਰ ਨੇ ਕੇਂਦਰ ਨੂੰ ਇੱਕ ਵਿਸਤ੍ਰਿਤ ਅਨੁਮਾਨ ਭੇਜਿਆ

**ਚੰਡੀਗੜ੍ਹ**- ਪੰਜਾਬ ਸਰਕਾਰ ਨੇ ਜਲੰਧਰ-ਹੁਸ਼ਿਆਰਪੁਰ ਰਾਸ਼ਟਰੀ ਰਾਜਮਾਰਗ ਜਿਸ ਨੂੰ ਆਮ ਤੌਰ 'ਤੇ ਆਦਮਪੁਰ ਫਲਾਈਓਵਰ ਪ੍ਰੋਜੈਕਟ ਵਜੋਂ ਜਾਣਿਆ ਜਾਂਦਾ ਹੈ, 'ਤੇ ਲੰਬੇ ਸਮੇਂ ਤੋਂ ਰੁਕੇ ਹੋਏ ਵਿਕਾਸ ਕਾਰਜ ਨੂੰ ਮੁੜ ਸੁਰਜੀਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ। ਰਾਸ਼ਟਰੀ ਰਾਜਮਾਰਗ ਦੇ 11,400 ਤੋਂ 29,200 ਕਿਲੋਮੀਟਰ ਤੱਕ ਬਾਕੀ ਚਾਰ-ਮਾਰਗੀ ਸੜਕ ਅਤੇ ਪੱਕੇ ਸ਼ੋਲਡਰ ਦੇ ਨਿਰਮਾਣ ਲਈ ?257.32 ਕਰੋੜ ਦੀ ਲਾਗਤ ਦਾ ਇੱਕ ਵਿਸਤ੍ਰਿਤ ਅਨੁਮਾਨ ਕੇਂਦਰ ਸਰਕਾਰ ਨੂੰ ਪ੍ਰਵਾਨਗੀ ਲਈ ਭੇਜਿਆ ਗਿਆ ਹੈ। ਇਹ ਪ੍ਰਸਤਾਵ ਰਾਸ਼ਟਰੀ ਰਾਜਮਾਰਗ ਸਰਕਲ, ਅੰਮ੍ਰਿਤਸਰ ਦੇ ਮੁੱਖ ਇੰਜੀਨੀਅਰ ਦੁਆਰਾ ਤਿਆਰ ਕੀਤਾ ਗਿਆ ਹੈ ਅਤੇ ਪੰਜਾਬ ਸਰਕਾਰ ਰਾਹੀਂ ਕੇਂਦਰ ਸਰਕਾਰ ਨੂੰ ਭੇਜਿਆ ਗਿਆ ਹੈ। ਇਸ ਸੰਬੰਧ ਵਿੱਚ ਆਮ ਆਦਮੀ ਪਾਰਟੀ ਦੇ ਮੁੱਖ ਬੁਲਾਰੇ ਅਤੇ ਆਦਮਪੁਰ ਹਲਕੇ ਦੇ ਇੰਚਾਰਜ ਪਵਨ ਟੀਨੂੰ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜੂਨ ਦੇ ਪਹਿਲੇ ਹਫ਼ਤੇ ਵਿੱਚ ਇਸ ਪ੍ਰੋਜੈਕਟ ਨੂੰ ਮਨਜ਼ੂਰੀ ਦੇਣ ਲਈ



ਕੇਂਦਰੀ ਸੜਕ ਆਵਾਜਾਈ ਅਤੇ ਹਾਈਵੇਅ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਦੌਰਾਨ, ਆਦਮਪੁਰ ਫਲਾਈਓਵਰ ਪ੍ਰੋਜੈਕਟ ਦਾ ਮੁੱਦਾ ਚੁਕਿਆ ਸੀ। ਮੁੱਖ ਮੰਤਰੀ ਨੇ ਮੰਗ ਕੀਤੀ ਸੀ ਕਿ ਇਸ ਮਹੱਤਵਪੂਰਨ ਪ੍ਰੋਜੈਕਟ ਨੂੰ ਜਨਤਕ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪਹਿਲ ਦੇ ਆਧਾਰ 'ਤੇ ਮਨਜ਼ੂਰੀ ਦਿੱਤੀ ਜਾਵੇ ਅਤੇ ਸ਼ੁਰੂ ਕੀਤਾ ਜਾਵੇ। ਪਵਨ ਟੀਨੂੰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ, ਪ੍ਰੋਜੈਕਟ ਲਈ ਇੱਕ ਵਿਸਤ੍ਰਿਤ ਅਨੁਮਾਨ ਤਿਆਰ ਕਰਕੇ ਕੇਂਦਰ ਸਰਕਾਰ ਨੂੰ ਪ੍ਰਵਾਨਗੀ ਲਈ ਸੌਂਪ ਦਿੱਤਾ ਗਿਆ ਹੈ। ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਕੇਂਦਰ ਸਰਕਾਰ ਇਸ ਪ੍ਰਸਤਾਵ ਦੀ ਪ੍ਰਵਾਨਗੀ ਵਿੱਚ ਤੇਜ਼ੀ ਲਿਆਵੇਗੀ ਅਤੇ ਲੰਬੇ ਸਮੇਂ ਤੋਂ ਲਟਕ ਰਹੇ ਇਸ ਮਹੱਤਵਪੂਰਨ ਪ੍ਰੋਜੈਕਟ 'ਤੇ ਨਿਰਮਾਣ ਕਾਰਜ ਸ਼ੁਰੂ ਕਰੇਗੀ।

## ਅਣਪਛਾਤੇ ਚੋਰਾਂ ਖਿਲਾਫ ਮਾਮਲਾ ਦਰਜ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਪੰਡੋਰੀ ਵਾਸੀ ਵਿਅਕਤੀ ਦੇ ਘਰ ਨੂੰ ਨਿਸ਼ਾਨਾ ਬਣਾਉਣ ਵਾਲੇ ਅਣਪਛਾਤੇ ਚੋਰਾਂ ਦੇ ਖਿਲਾਫ ਟਾਂਡਾ ਪੁਲਸ ਨੇ ਮਾਮਲਾ ਦਰਜ ਕੀਤਾ ਹੈ । ਪੁਲਸ ਨੇ ਇਹ ਮਾਮਲਾ ਚੋਰੀ ਦਾ ਸ਼ਿਕਾਰ ਹੋਏ ਸੁਰਜੀਤ ਸਿੰਘ ਪੁੱਤਰ ਸੁਰਿੰਦਰ ਸਿੰਘ ਦੇ ਬਿਆਨ ਦੇ ਅਧਾਰ ਤੇ ਦਰਜ ਕੀਤਾ ਹੈ। ਆਪਣੇ ਬਿਆਨ ਵਿਚ ਸੁਰਜੀਤ ਸਿੰਘ ਨੇ ਦੱਸਿਆ ਕਿ 26 ਜੂਨ ਨੂੰ ਉਹ ਪਰਵਾਰ ਸਮੇਤ ਰਿਸ਼ੀਕੇਸ਼ (ਉੱਤਰਾਖੰਡ) ਰਿਸ਼ਤੇਦਾਰ ਦੇ ਵਿਆਹ ਸਮਾਗਮ ਵਿਚ ਗਿਆ ਸੀ।28 ਜੂਨ ਦੀ ਸ਼ਾਮ ਨੂੰ ਉਨ੍ਹਾਂ ਦੀ ਗੁਆਂਢਣ ਨੇ ਉਨ੍ਹਾਂ ਨੂੰ ਫੋਨ ਕਰਕੇ ਸੂਚਨਾ ਦਿੱਤੀ ਕਿ ਉਨ੍ਹਾਂ ਦੇ ਘਰ ਦੇ ਜਿੰਦਰੇ ਟੁੱਟੇ ਹੋਏ ਹਨ ਅਤੇ ਚੋਰੀ ਹੋਈ



ਜਾਪਦੀ ਹੈ। 29 ਜੂਨ ਦੀ ਸ਼ਾਮ ਨੂੰ ਜਦੋਂ ਉਨ੍ਹਾਂ ਘਰ ਵਾਪਸ ਆ ਕੇ ਦੇਖਿਆ ਤਾਂ ਚੋਰ ਘਰ ਵਿੱਚੋ ਉਨ੍ਹਾਂ ਦਾ ਮੋਟਰਸਾਈਕਲ, ਲਗਭਗ 15 ਤੋਲੇ ਸੋਨੇ ਦੇ ਗਹਿਣੇ ਅਤੇ ਲਗਭਗ 2 ਲੱਖ ਰੁਪਏ ਚੋਰੀ ਕਰਕੇ ਲੈ ਗਏ ਸਨ। ਪੁਲਸ ਨੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਅਤੇ ਥਾਣੇਦਾਰ ਲਖਵਿੰਦਰ ਸਿੰਘ ਜਾਂਚ ਵਿਚ ਜੁਟੇ ਹੋਏ ਹਨ।ਇਸ ਦੌਰਾਨ ਸੁਰਜੀਤ ਸਿੰਘ ਨੇ ਕੁਝ ਸ਼ੱਕੀ ਵਿਅਕਤੀਆਂ ਦੀ ਸੀ ਸੀ ਟੀ ਵੀ ਫੁੱਟੇਜ ਵੀ ਪੁਲਸ ਦਿੱਤੀ ਹੈ ।

## ਜੰਗਬੰਦੀ ਟੁੱਟਣ ਲਈ ਅਮਰੀਕਾ-ਇਜ਼ਰਾਇਲ ਦੇ ਹਾਕਮ ਕਸੂਰਵਾਰ : ਪਾਸਲਾ

**ਜਲੰਧਰ (ਰਾਜੇਸ਼ ਥਾਪਾ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੀ ਪੰਜਾਬ ਰਾਜ ਕਮੇਟੀ ਦੇ ਸਕੱਤਰੇਤ ਦੀ ਮੀਟਿੰਗ 'ਚ ਬੋਲਦੇ ਹੋਏ ਪਾਰਟੀ ਦੇ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਨੇ ਲੰਘੇ ਦਿਨੀਂ ਅਮਰੀਕਾ-ਈਰਾਨ ਦਰਮਿਆਨ ਹੋਈ ਜੰਗਬੰਦੀ ਟੁੱਟ ਜਾਣ 'ਤੇ ਡੂੰਘਾ ਦੁੱਖ ਜਾਹਿਰ ਕਰਦਿਆਂ ਕਿਹਾ ਹੈ ਕਿ ਨਵੇਂ ਸਿਰਿਓਂ ਜੰਗ ਛਿੜ ਜਾਣ ਦੇ ਮੁੱਖ ਦੋਸ਼ੀ ਅਮਰੀਕਾ ਤੇ ਇਜ਼ਰਾਇਲ ਦੇ ਹਾਕਮ ਹਨ। ਪਾਸਲਾ ਨੇ ਕਿਹਾ ਹੈ ਕਿ ਇਹ ਗੱਲ ਵਾਰ-ਵਾਰ ਸੱਚ ਸਿੱਧ ਹੋ ਰਹੀ ਹੈ ਕਿ 'ਜਦੋਂ ਤੱਕ ਸਾਮਰਾਜ ਦੀ ਹੋਂਦ ਕਾਇਮ ਹੈ ਉਦੋਂ ਤਾਈਂ ਸੰਸਾਰ ਦੇ ਲੋਕੀਂ ਅਮਨ-ਚੈਨ ਨਾਲ ਹਰਗਿਜ ਨਹੀਂ ਰਹਿ ਸਕਦੇ' ਉਨ੍ਹਾਂ



ਕਿਹਾ ਕਿ 'ਸਾਮਰਾਜੀ ਅਮਰੀਕਾ ਨਾਲ ਯੁਧਨੀਤਕ ਸਾਂਝਾਂ ਕਾਇਮ ਕਰਨ ਦੇ ਨਤੀਜੇ ਵਜੋਂ ਮੋਦੀ ਸਰਕਾਰ ਵਲੋਂ ਕੂਟਨੀਤੀ ਦੇ ਖੇਤਰ 'ਚ ਲਏ ਗਏ ਰੱਦੀ ਨਿਰਣਿਆਂ ਸਦਕਾ ਦੇਸ਼ ਦੇ ਵੱਕਾਰ ਨੂੰ ਭਾਰੀ ਸੱਟ ਵੱਜੀ ਹੈ।' ਪਾਸਲਾ ਨੇ ਦੇਸ਼ ਵਾਸੀਆਂ, ਖਾਸ ਕਰਕੇ ਪੰਜਾਬੀਆਂ ਨੂੰ ਸੱਦਾ ਦਿੱਤਾ ਹੈ ਕਿ ਉਹ ਅਮਰੀਕਾ ਤੇ ਦੂਜੇ ਅਮੀਰ ਦੇਸ਼ਾਂ ਨਾਲ ਕੀਤੇ ਜਾ ਰਹੇ, ਦੇਸ਼ ਦੀ ਖੇਤੀ, ਦਰਮਿਆਨੇ ਤੇ ਛੋਟੇ ਉਦਯੋਗ-ਕਾਰੋਬਾਰ ਅਤੇ ਪ੍ਰਚੂਨ ਵਪਾਰ ਨੂੰ ਤਬਾਹ ਕਰਨ ਵਾਲੇ 'ਵਿਦੇਸ਼ ਵਪਾਰ ਸਮਝੌਤਿਆਂ' ਖਿਲਾਫ ਨਿਰਣਾਇਕ ਲੋਕ ਯੁੱਧ ਵਿੱਢਣ। ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਦੱਸਿਆ ਹੈ ਕਿ ਪਾਰਟੀ ਵੱਲੋਂ ਖੱਬੀਆਂ ਧਿਰਾਂ ਅਤੇ 'ਬਹੁਜਨ ਲੈਫਟ ਫਰੰਟ' ਦੇ ਸਹਿਯੋਗ ਨਾਲ ਪੰਜਾਬ ਵਿਧਾਨ ਸਭਾ ਦੀਆਂ 15 ਸੀਟਾਂ ਤੇ ਉਮੀਦਵਾਰ ਖੜ੍ਹੇ ਕੀਤੇ ਜਾਣਗੇ। ਮੀਟਿੰਗ ਨੇ ਮੋਦੀ ਸਰਕਾਰ ਦੀਆਂ ਨੀਤੀਆਂ ਸਦਕਾ ਹੋਈ ਦੇਸ਼ ਦੇ ਅਰਥਚਾਰੇ ਦੀ ਭਾਰੀ ਤਬਾਹੀ ਅਤੇ ਸਿੱਟੇ ਵਜੋਂ ਲੋਕਾਂ ਨੂੰ ਝੱਲਣੀਆਂ ਪੈ ਰਹੀਆਂ ਬੇਸ਼ੁਮਾਰ ਮੁਸੀਬਤਾਂ ਪ੍ਰਤੀ ਡੂੰਘੀ ਚਿੰਤਾ ਜ਼ਾਹਰ ਕੀਤੀ ਹੈ। ਮੀਟਿੰਗ ਦੀ ਪ੍ਰਧਾਨਗੀ ਰਤਨ ਸਿੰਘ ਰੰਧਾਵਾ ਨੇ ਕੀਤੀ। ਆਰੰਭ ਵਿਚ ਵਿਛੜੇ ਸਾਥੀ ਪ੍ਰੇਮ ਸਿੰਘ ਗਹਿਲਾਵਤ ਨੂੰ ਦੋ ਮਿੰਟ ਮੌਨ ਖੜੇ ਹੋ ਕੇ ਸ਼ਰਧਾਂਜਲੀ ਭੇਟ ਕੀਤੀ ਗਈ।

## ਮੁਲਾਜ਼ਮ-ਪੈਨਸ਼ਨਰ ਫਰੰਟ ਵੱਲੋਂ ਸਰਕਾਰ ਵਿਰੁੱਧ ਰੋਸ ਮੁਜ਼ਾਹਰਾ



**ਮਾਹਿਲਪੁਰ (ਸਫ਼ਰੀ)**- ਸਰਕਾਰ ਵੱਲੋਂ ਲਗਾਤਾਰ ਮੁਲਾਜ਼ਮ-ਪੈਨਸ਼ਨਰ ਮੰਗਾਂ ਪ੍ਰਤੀ ਅਪਣਾਈ ਟਾਲਮਟੋਲ ਦੀ ਨੀਤੀ ਦੇ ਵਿਰੋਧ ਵਿੱਚ ਮੁਲਾਜ਼ਮ-ਪੈਨਸ਼ਨਰ ਸਾਂਝਾ ਫਰੰਟ ਦੀ ਸੂਬਾ ਕਮੇਟੀ ਵਲੋਂ ਸਰਕਾਰ ਵੱਲੋਂ ਵਾਰ-ਵਾਰ ਮੀਟਿੰਗ ਲਈ ਸਮਾਂ ਦੇਣ ਉਪਰੰਤ ਐਨ ਮੌਕੇ ਤੇ ਮੀਟਿੰਗ ਰੱਦ ਕਰਕੇ ਮੰਗਾਂ ਨੂੰ ਲਟਕਾਉਣ ਲਈ ਬਲਾਕ ਪੱਧਰੀ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਗਿਆ ਹੈ।ਇਸ ਲੜੀ ਤਹਿਤ ਬਲਾਕ ਮਾਹਿਲਪੁਰ ਦੇ ਮੁਲਾਜ਼ਮ-ਪੈਨਸ਼ਨਰ ਫਰੰਟ ਵਲੋਂ ਸਥਾਨਕ ਸਬਜ਼ੀ ਮੰਡੀ ਵਿਖੇ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਮੱਖਣ ਲੰਗੇਰੀ, ਮਲਕੀਤ ਬਾਹੋਵਾਲ, ਅਮਰਜੀਤ ਕੁਮਾਰ ਨੰਗਲ ਖਿਲਾੜੀਆਂ ਪਰਮਜੀਤ ਕਾਤਿਬ ਅਤੇ ਬਲਵਿੰਦਰ ਕੌਰ ਦੀ ਅਗਵਾਈ ਵਿੱਚ ਰੋਸ ਮੁਜਾਹਰਾ ਕੀਤਾ ਗਿਆ। ਆਗੂਆਂ ਨੇ ਸੱਤ ਅਗਸਤ ਦੀ ਚੰਡੀਗੜ੍ਹ ਮਹਾਂਰੈਲੀ ਲਈ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਲਾਮਬੰਦ ਵੀ ਕੀਤਾ।ਇਸ ਮੌਕੇ ਸਤਨਾਮ ਸਿੰਘ, ਜਸਵਿੰਦਰ ਸਿੰਘ, ਗਿਆਨ ਚੰਦ, ਕੁਲਵਿੰਦਰ ਸਿੰਘ, ਅਜੇ ਕੁਮਾਰ, ਸਗਲੀ ਰਾਮ, ਹਰਮਨੋਜ ਕੁਮਾਰ, ਮਹਿੰਦਰ ਪਾਲ, ਓਮ ਦੱਤ, ਅਮਰਜੀਤ ਸਿੰਘ, ਸੁਖਦੇਵ ਸਿੰਘ, ਸ਼ਿੰਦਰ ਪਾਲ, ਰਕੇਸ਼ ਕੁਮਾਰ, ਕਮਲਜੀਤ ਸਿੰਘ, ਸੁਖਦੇਵ ਸਿੰਘ, ਸੋਹਣ ਲਾਲ, ਮਨਜਿੰਦਰ ਸਿੰਘ, ਵਿਜੇ ਕੁਮਾਰ, ਮਨਜੀਤ ਸਿੰਘ, ਭੁਪਿੰਦਰ ਸਿੰਘ, ਬਖਤਾਵਰ ਸਿੰਘ, ਕਮਲਜੀਤ ਕੌਰ, ਜਸਵੀਰ ਕੌਰ, ਸੁਖਵਿੰਦਰ ਕੌਰ, ਆਸ਼ਾ ਰਾਣੀ, ਸੋਨੀਆ, ਜਸਵੀਰ ਕੌਰ, ਹਰਪ੍ਰੀਤ ਕੌਰ, ਬਬਲੀ ਸਰੋਜ ਸਮੇਤ ਵੱਡੀ ਗਿਣਤੀ ਵਿੱਚ ਮੁਲਾਜ਼ਮ-ਪੈਨਸ਼ਨਰ ਹਾਜ਼ਰ ਸਨ।

## 'ਐੱਨ ਆਈ ਏ ਮਜ਼ਦੂਰ ਹੱਕਾਂ ਦੇ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਣਾ ਬੰਦ ਕਰੇ'

**ਬੰਗਾ (ਅਵਤਾਰ ਕਲੇਰ)**- ਇੱਥੇ ਪ੍ਰੈੱਸ ਬਿਆਨ ਜਾਰੀ ਕਰਕੇ ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਸੂਬਾ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋ. ਏ ਕੇ ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ ਪਾਲ ਨੇ ਹਰਿਆਣਾ ਦੇ ਸੋਨੀਪਤ ਜ਼ਿਲ੍ਹੇ ਦੇ ਕੁੰਡਲੀ ਉਦਯੋਗਿਕ ਖੇਤਰ ਵਿੱਚ ਮਜ਼ਦੂਰ ਅਧਿਕਾਰ ਸੰਗਠਨ ਦੇ ਕਾਰਕੁਨ ਮਨਜੀਤ ਨੂੰ ਕਥਿਤ ਲਖਨਊ ਸਾਜ਼ਿਸ਼ ਕੇਸ ਸਬੰਧੀ ਕੌਮੀ ਜਾਂਚ ਏਜੰਸੀ (ਐੱਨ ਆਈ ਏ) ਵੱਲੋਂ ਨੋਟਿਸ ਜਾਰੀ ਕੀਤੇ ਜਾਣ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਇਹ ਕਥਿਤ ਪੁੱਛਗਿੱਛ ਮਜ਼ਦੂਰ ਆਗੂਆਂ, ਵਿਦਿਆਰਥੀ ਕਾਰਕੁਨਾਂ, ਵਕੀਲਾਂ, ਪੱਤਰਕਾਰਾਂ ਅਤੇ ਉਹਨਾਂ ਸਭ ਜਮਹੂਰੀ ਆਵਾਜ਼ਾਂ ਨੂੰ ਅਪਰਾਧੀ ਬਣਾਉਣ ਦੀ ਹਕੂਮਤੀ ਮੁਹਿੰਮ ਦਾ ਹਿੱਸਾ ਹੈ, ਜੋ ਮਜ਼ਦੂਰਾਂ, ਕਿਸਾਨਾਂ, ਦਲਿਤਾਂ, ਆਦਿਵਾਸੀਆਂ ਅਤੇ ਹੋਰ ਹਾਸ਼ੀਏ 'ਤੇ ਧੱਕੇ ਹੋਏ ਭਾਈਚਾਰਿਆਂ ਦੇ ਹਿਤਾਂ ਲਈ ਆਵਾਜ਼ ਉਠਾਉਂਦੇ ਹਨ। ਕਥਿਤ ਲਖਨਊ ਸਾਜ਼ਿਸ਼ ਕਿਸੇ ਅਸਲ ਅਪਰਾਧ ਦੀ ਜਾਂਚ ਲਈ ਨਹੀਂ, ਸਗੋਂ ਭੀਮਾ ਕੋਰੇਗਾਂਓ ਕੇਸ ਦੀ ਤਰਜ਼ 'ਤੇ ਜਮਹੂਰੀ ਅਸਹਿਮਤੀ ਅਤੇ ਲੋਕ ਸੰਘਰਸ਼ਾਂ ਨੂੰ ਕੁਚਲਣ ਦੇ ਰਾਜਨੀਤਕ ਹਥਿਆਰ ਤੌਰ ਦੇ ਤੌਰ 'ਤੇ ਘੜਿਆ ਗਿਆ ਹੈ। ਪਿਛਲੇ ਕੁਝ ਸਾਲਾਂ ਦੌਰਾਨ ਏਜੰਸੀ ਨੇ ਇਸ ਕੇਸ ਦਾ ਘੇਰਾ ਲਗਾਤਾਰ ਵਧਾਉਂਦਿਆਂ ਹਰਿਆਣਾ, ਦਿੱਲੀ, ਉੱਤਰ ਪ੍ਰਦੇਸ਼, ਪੰਜਾਬ ਅਤੇ ਹੋਰ ਸੂਬਿਆਂ ਦੇ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਕਥਿਤ ਮਾਓਵਾਦੀ ਸੰਬੰਧਾਂ ਦੇ ਆਧਾਰ 'ਤੇ ਛਾਪੇਮਾਰੀਆਂ, ਨਿਗਰਾਨੀ, ਗ੍ਰਿਫ਼ਤਾਰੀਆਂ ਅਤੇ ਲਗਾਤਾਰ ਪਰੇਸ਼ਾਨ ਕੀਤੇ ਜਾਣ ਦਾ ਸਿਲਸਿਲਾ ਵਿੱਢਿਆ ਹੋਇਆ ਹੈ। ਹਿਮਾਂਯੂ ਕਸ਼ਿਯਪ, ਐਡਵੋਕੇਟ ਅਜੇ ਕੁਮਾਰ ਅਤੇ ਡਾਕੂਮੈਂਟਰੀ ਫਿਲਮਸਾਜ਼ ਵਿਸ਼ਾਲ ਸਿੰਘ ਨੂੰ ਝੂਠੇ ਦੋਸ਼ਾਂ ਦੇ ਤਹਿਤ ਜੇਲ੍ਹ ਵਿਚ ਡੱਕਿਆ ਹੋਇਆ ਹੈ। ਇਹ ਨੋਟਿਸ ਵੀ ਉੱਤਰੀ ਭਾਰਤ ਦੇ ਉਦਯੋਗਿਕ ਖੇਤਰਾਂ ਵਿੱਚ ਚੱਲ ਰਹੇ ਮਜ਼ਦੂਰ ਅੰਦੋਲਨ ਨੂੰ ਡਰਾਉਣ ਅਤੇ ਦਬਾਉਣ ਦੀ ਇੱਕ ਹੋਰ ਕੋਸ਼ਿਸ਼ ਹੈ ਕਿਉਂਕਿ ਮਜ਼ਦੂਰ ਹੱਕਾਂ ਦੇ ਕਾਰਕੁਨ ਕੁੰਡਲੀ ਉਦਯੋਗਿਕ ਖੇਤਰ ਵਿੱਚ ਮਜ਼ਦੂਰਾਂ ਨੂੰ ਜਥੇਬੰਦ ਕਰਨ ਕਰ ਰਹੇ ਹਨ, ਜਿੱਥੇ ਹਜ਼ਾਰਾਂ ਮਜ਼ਦੂਰ ਬਿਹਤਰ ਤਨਖ਼ਾਹਾਂ, ਸੁਰੱਖਿਅਤ ਕੰਮਕਾਜੀ ਹਾਲਾਤਾਂ ਅਤੇ ਆਪਣੇ ਬੁਨਿਆਦੀ ਮਜ਼ਦੂਰੀ ਹੱਕਾਂ ਲਈ ਸੰਘਰਸ਼ ਕਰ ਰਹੇ ਹਨ। ਇਸੇ ਸਾਲ ਮਾਰਚ ਮਹੀਨੇ ਵੀ ਦਿੱਲੀ ਕੌਮੀ ਰਾਜਧਾਨੀ ਖੇਤਰ ਵਿਚ ਮਨਜੀਤ ਸਮੇਤ ਬਹੁਤ ਸਾਰੇ ਕਾਰਕੁਨਾਂ ਨੂੰ ਪੁਲਸ ਵੱਲੋਂ ਅਗਵਾ ਕਰਕੇ ਗ਼ੈਰ-ਕਾਨੂੰਨੀ ਹਿਰਾਸਤ ਵਿਚ ਰੱਖ ਕੇ ਤਸੀਹੇ ਦਿੱਤੇ ਗਏ ਸਨ। ਉਨ੍ਹਾਂ ਮੰਗ ਕੀਤੀ ਕਿ ਨੋਟਿਸਾਂ ਰਾਹੀਂ ਦਹਿਸ਼ਤ ਫੈਲਾਉਣੀ ਬੰਦ ਕੀਤੀ ਜਾਵੇ। ਮਨਜੀਤ ਨੂੰ ਜਾਰੀ ਕੀਤਾ ਨੋਟਿਸ ਤੁਰੰਤ ਵਾਪਸ ਲਿਆ ਜਾਵੇ। ਫ਼ਰਜ਼ੀ ਲਖਨਊ ਕੇਸ ਤੁਰੰਤ ਰੱਦ ਕੀਤਾ ਜਾਵੇ। ਇਸ ਕੇਸ ਵਿੱਚ ਗ੍ਰਿਫ਼ਤਾਰ ਕੀਤੇ ਸਾਰੇ ਕਾਰਕੁਨਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਗ਼ੈਰ-ਕਾਨੂੰਨੀ ਹਿਰਾਸਤ ਵਿਚ ਲੈਣ ਅਤੇ ਹਿਰਾਸਤੀ ਤਸ਼ੱਦਦ ਲਈ ਜ਼ਿੰਮੇਵਾਰ ਅਧਿਕਾਰੀਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇ। ਕਾਰਕੁਨਾਂ ਅਤੇ ਜਮਹੂਰੀ ਅਸਹਿਮਤੀ ਦਾ ਅਪਰਾਧੀਕਰਨ ਬੰਦ ਕੀਤਾ ਜਾਵੇ। ਬੋਲਣ ਦੀ ਆਜ਼ਾਦੀ, ਜਥੇਬੰਦੀ ਬਣਾਉਣ ਦੇ ਹੱਕ ਅਤੇ ਸ਼ਾਂਤਮਈ ਵਿਰੋਧ ਦੇ ਜਮਹੂਰੀ ਅਧਿਕਾਰਾਂ ਦਾ ਘਾਣ ਬੰਦ ਕੀਤੀ ਜਾਵੇ।

## ਸਿਹਤ ਵਿਭਾਗ ਦੀ ਟੀਮ ਵੱਲੋਂ ਡੇਂਗੂ ਸਰਵੇ



**ਬੱਲੋਵਾਲ (ਵਿਰਦੀ)**- ਸਿਵਲ ਸਰਜਨ ਹੁਸ਼ਿਆਰਪੁਰ ਡਾ. ਨਰਿੰਦਰ ਕਮਲ, ਜ਼ਿਲ੍ਹਾ ਐਪੀਡਿਮੋਲੋਜਿਸਟ ਡਾ. ਜਗਦੀਪ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਮਨਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਪਿੰਡ ਹਰਦੋਖਾਨਪੁਰ ਵਿਖੇ ਹੈਲਥ ਇੰਸਪੈਕਟਰ ਗੁਰਦੇਵ ਸਿੰਘ ਦੀ ਅਗਵਾਈ ਹੇਠ ਬਰੀਡਿੰਗ ਚੈੱਕਰ ਦੁਆਰਾ ਡੇਂਗੂ ਸਰਵੇ ਕੀਤਾ ਗਿਆ ਤੇ ਡੇਂਡੂ ਰੋਗ ਸਬੰਧੀ ਜਾਣਕਾਰੀ ਦਿੱਤੀ ਗਈ।

ਗੁਰਦੇਵ ਸਿੰਘ ਸੁਪਰਵਾਈਜ਼ਰ ਨੇ ਦੱਸਿਆ ਕਿ ਡੇਂਗੂ ਮੱਛਰ ਸਾਫ ਖੜ੍ਹੇ ਪਾਣੀ ਵਿੱਚ ਪੈਦਾ ਹੁੰਦਾ ਹੈ। ਇਹ ਸਾਡੇ ਘਰਾਂ ਵਿੱਚ ਕੂਲਰਾਂ ਵਿੱਚ, ਮਨੀ ਪਲਾਂਟ ਦੇ ਬੂਟਿਆਂ ਵਿੱਚ, ਫਰਿੱਜ ਦੀ ਟ੍ਰੇ ਵਿੱਚ, ਟੁੱਟੇ ਹੋਏ ਕੰਟੇਨਰਾਂ ਵਿੱਚ, ਪਾਣੀ ਵਾਲੇ ਡਰਾਮਾ ਵਿੱਚ ਅਤੇ ਵਾਟਰ ਟੈਂਕਾਂ ਵਿੱਚ ਹੁੰਦਾ ਹੈ। ਹਰਦੋਖਾਨਪੁਰ ਦੇ ਘਰਾਂ ਵਿੱਚ ਕੰਟੇਨਰਾਂ ਵਿੱਚ ਟੈਮੀਫਾਸ ਦੀ ਸਪਰੇ ਵੀ ਕੀਤੀ ਗਈ।

ਉਹਨਾਂ ਕਿਹਾ ਕਿ 280 ਘਰਾਂ ਦਾ ਸਰਵੇ ਕੀਤਾ ਗਿਆ ਜਿਸ ਦੌਰਾਨ 16 ਘਰਾਂ ਵਿੱਚੋਂ ਲਾਰਵਾ ਪ੍ਰਾਪਤ ਹੋਇਆਂ ਜਿਸ ਨੂੰ ਮੌਕੇ ਤੇ ਹੀ ਨਸ਼ਟ ਕੀਤਾ ਗਿਆ ਅਤੇ ਪਿੰਡ ਵਾਸੀਆਂ ਨੂੰ ਇਸ ਸਬੰਧੀ ਜਾਗਰੂਕ ਕੀਤਾ। ਇਸ ਮੌਕੇ ਮਲਟੀਪਰਪਜ ਹੈਲਥ ਵਰਕਰ ਕੁਲਵੰਤ ਸਿੰਘ, ਸੁਖਵਿੰਦਰ ਪਾਲ, ਆਸ਼ਾ ਵਰਕਰ ਸੁਮਨ, ਨਰਿੰਦਰ ਕੌਰ ਅਤੇ ਬਰੀਡਿੰਗ ਚੈੱਕਰ ਹਰਜਿੰਦਰ ਸਿੰਘ, ਮਨਜੀਤ ਸਿੰਘ ਲਖਵਿੰਦਰ ਕੌਰ, ਲਵਦੀਪ, ਸੁਖਵਿੰਦਰ ਕੌਰ, ਅਨੀਤਾ ਰਾਣੀ ਅਤੇ ਜੋਤੀ ਵੀ ਮੌਜੂਦ ਸਨ।

## ਜਰਨਲਿਸਟ ਯੂਨੀਅਨ ਦੀ ਮੀਟਿੰਗ ਹੋਈ



ਕੋਟਕਪੂਰਾ (ਰਛਪਾਲ ਭੁੱਲਰ)-ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਇਕਾਈ ਕੋਟਕਪੂਰਾ ਦੀ ਮੀਟਿੰਗ ਸੀਨੀਅਰ ਪੱਤਰਕਾਰ ਗੁਰਿੰਦਰ ਸਿੰਘ ਮਹਿੰਦੀਰੱਤਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ 'ਚ ਜਥੇਬੰਦੀ ਨੂੰ ਮਜ਼ਬੂਤ ਬਣਾਉਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ 'ਚ ਬੋਲਦਿਆਂ ਜਨਰਲ ਸਕੱਤਰ ਹਰਪ੍ਰੀਤ ਸਿੰਘ ਚਾਨਾ ਨੇ ਸਮੂਹ ਅਹੁਦੇਦਾਰਾਂ ਦੇ ਧਿਆਨ 'ਚ ਲਿਆਂਦਾ ਕਿ ਵਿੱਦਿਅਕ ਸੈਸ਼ਨ 2024-25 'ਚ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਦਸਵੀਂ ਜਮਾਤ ਦੇ ਸਾਲਾਨਾ ਨਤੀਜੇ 'ਚ ਟੌਪਰ ਰਹੀਆਂ ਵਿਦਿਆਰਥਣਾਂ ਅਕਸ਼ਨੂਰ ਕੌਰ ਤੇ ਜਸ਼ਨਪ੍ਰੀਤ ਕੌਰ ਗਿੱਲ ਦਾ ਡਾ. ਚੰਦਾ ਸਿੰਘ ਮਰਵਾਹ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਕੋਟਕਪੂਰਾ ਵਿਖੇ ਸਨਮਾਨ ਸਮਾਰੋਹ ਰੱਖਿਆ ਗਿਆ ਸੀ।ਇਸ ਸਨਮਾਨ ਸਮਾਰੋਹ 'ਚ ਮੁੱਖ ਮਹਿਮਾਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਜਸ਼ਨਪ੍ਰੀਤ ਕੌਰ ਗਿੱਲ ਨੂੰ 51 ਹਜ਼ਾਰ ਰੁਪਿਆ ਆਪਣੇ ਅਖ਼ਤਿਆਰੀ ਫ਼ੰਡ 'ਚੋਂ ਦੇਣ ਦਾ ਐਲਾਨ ਕੀਤਾ ਸੀ, ਪਰ ਅਫ਼ਸੋਸ ਦੀ ਗੱਲ ਹੈ ਕਿ 14 ਮਹੀਨੇ ਬੀਤ ਜਾਣ ਦੇ ਬਾਵਜੂਦ ਸੰਧਵਾਂ ਹੁਰਾਂ ਵੱਲੋਂ ਐਲਾਨੀ ਗਈ ਰਾਸ਼ੀ ਅਜੇ ਤੱਕ ਪਰਿਵਾਰ ਨੂੰ ਨਹੀਂ ਮਿਲੀ।ਇਸ ਸਬੰਧੀ ਜਥੇਬੰਦੀ ਦੇ ਚੇਅਰਮੈਨ ਗੁਰਿੰਦਰ ਸਿੰਘ ਮਹਿੰਦੀਰੱਤਾ ਹੁਰਾਂ ਦੀ ਸਪੀਕਰ ਸੰਧਵਾਂ ਤੱਕ ਸੁਨੇਹਾ ਪਹੁੰਚਾਉਣ ਦੀ ਜ਼ਿੰਮੇਵਾਰੀ ਲਾਈ ਗਈ।ਉਨ੍ਹਾਂ ਤੁਰੰਤ ਸਪੀਕਰ ਸੰਧਵਾਂ ਨਾਲ ਸੰਪਰਕ ਕਰਕੇ ਆਉਂਦੇ 10 ਦਿਨਾਂ ਬਾਅਦ ਅਗਲਾ ਪ੍ਰੋਗਰਾਮ ਉਲੀਕਣ ਪ੍ਰਤੀ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ 'ਚ ਜਥੇਬੰਦੀ ਨੂੰ ਰਜਿ. ਕਰਵਾਉਣ ਅਤੇ ਇਸ ਦੇ ਨਾਮ ਸਬੰਧੀ ਸਬੰਧੀ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ।

## ਨੇਤਰਹੀਣ ਮਦਨ ਲਾਲ 50 ਸਾਲ ਤੋਂ ਰੇਲਵੇ ਸਟੇਸ਼ਨ 'ਤੇ ਕਰ ਰਿਹਾ ਪਾਣੀ ਦੀ ਸੇਵਾ



ਮਾਨਸਾ (ਆਤਮਾ ਸਿੰਘ ਪਮਾਰ)-ਪਹਿਲਾਂ ਅੱਖਾਂ ਤੋਂ ਘੱਟ ਨਜ਼ਰ ਆਉਣ ਲੱਗਾ ਤੇ ਫਿਰ ਹੌਲੀ-ਹੌਲੀ ਬਿਲਕੁਲ ਹੀ ਅੱਖਾਂ ਦੀ ਰੌਸ਼ਨੀ ਚਲੀ ਗਈ, ਪ੍ਰੰਤੂ ਗ਼ਰਮੀ ਸਰਦੀ ਰੇਲਵੇ ਸਟੇਸ਼ਨ ਮਾਨਸਾ 'ਤੇ ਯਾਤਰੀਆਂ ਨੂੰ ਪਾਣੀ ਪਿਲਾਉਣ ਦੀ ਸੇਵਾ ਨਹੀਂ ਛੱਡੀ। ਸੇਵਾ ਪਾਣੀ ਸੇਵਾ ਦਾ ਮਾਨਸਾ ਨਾਲ ਜੁੜੇ ਮਦਨ ਲਾਲ ਨੂੰ ਭਾਵੇਂ ਅੱਖਾਂ ਤੋਂ ਨਹੀਂ ਦਿਖਾਈ ਨਹੀਂ ਦਿੰਦਾ ਸਕਦੇ ਤੇ ਬਿਲਕੁਲ ਨੇਤਰਹੀਣ ਹਨ, ਪਰ ਪਿਆਸਿਆਂ, ਰਾਹੀਆਂ, ਯਾਤਰੀਆਂ ਨੂੰ ਪਾਣੀ ਪਿਲਾਉਣ ਦੀ ਸੇਵਾ 'ਚੋਂ ਹੀ ਉਹ ਸਾਰਾ ਸੰਸਾਰ ਦੇਖ ਲੈਂਦੇ ਹਨ।ਮਦਨ ਲਾਲ ਮਾਨਸਾ ਦੇ ਕਾਰੋਬਾਰ ਨਾਲ ਜੁੜੇ ਹੋਏ ਹਨ।ਉਹ ਬਚਪਨ ਤੋਂ 60 ਪਾਰ ਮਦਨ ਲਾਲ ਨੇ ਭਰ ਜਵਾਨੀ 'ਚ ਆਪਣੇ ਕੰਮ ਧੰਦਿਆਂ 'ਚੋਂ ਸਮਾਂ ਕੱਢ ਕੇ ਰੇਲਵੇ ਸਟੇਸ਼ਨ ਤੇ ਯਾਤਰੀਆਂ ਨੂੰ ਪਾਣੀ ਪਿਲਾਉਣ ਦੀ ਸੇਵਾ ਨਾਲ ਖੁਦ ਨੂੰ ਜੋੜ ਲਿਆ ਤੇ ਮੁੜ ਇਸ ਸੇਵਾ ਦਾ ਸਾਥ ਨਾ ਛੱਡਿਆ।ਮਦਨ ਲਾਲ ਨੂੰ ਕਰੀਬ 20 ਕੁ ਵਰ੍ਹੇ ਪਹਿਲਾਂ ਅੱਖਾਂ ਤੋਂ ਘੱਟ ਨਜ਼ਰ ਆਉਣ ਲੱਗਾ, ਪਰ ਹੌਲੀ-ਹੌਲੀ ਉਨ੍ਹਾਂ ਦੀ ਅੱਖਾਂ ਦੀ ਰੌਸ਼ਨੀ ਬਿਲਕੁਲ ਚਲੀ ਗਈ, ਪਰ ਮਦਨ ਲਾਲ ਨੇ ਆਪਣੀ ਸੇਵਾ ਜਾਰੀ ਰੱਖੀ।ਨੇਤਰਹੀਣ ਹੋਣ ਦੇ ਬਾਵਜੂਦ ਉਹ ਹਰ ਦਿਨ ਸਵੇਰੇ ਸ਼ਾਮ ਰੇਲਵੇ ਸਟੇਸ਼ਨ ਤੇ ਯਾਤਰੀਆਂ ਨੂੰ ਪਾਣੀ ਪਿਲਾਉਣ ਲਈ ਆਉਂਦੇ ਹਨ।ਮਦਨ ਲਾਲ ਦਾ ਕਹਿਣਾ ਹੈ ਕਿ ਇਸ ਸੇਵਾ ਕਾਰਜ ਦੀਆਂ ਅੱਖਾਂ ਨਾਲ ਹੀ ਮੈਂ ਸਾਰਾ ਜਹਾਨ ਦੇਖ ਲੈਂਦਾ ਹੈ, ਮਨ ਦਾ ਸਕੂਨ ਮੈਨੂੰ ਸੁਜਾਖਾ ਕਰ ਦਿੰਦਾ ਹੈ।ਉਨ੍ਹਾਂ ਦਾ ਕਹਿਣਾ ਕਿ ਉਸ ਨੂੰ ਕਦੇ ਇਹ ਮਹਿਸੂਸ ਹੀ ਨਹੀਂ ਹੋਇਆ ਕਿ ਉਹ ਨੇਤਰਹੀਣ ਹਨ।ਪਾਣੀ ਪਿਲਾਉਣ ਦੀ ਸੇਵਾ ਕਰਦਿਆਂ ਯਾਤਰੀਆਂ ਦੀ ਆਵਾਜ਼ ਹੀ ਉਨ੍ਹਾਂ ਦੀਆਂ ਅੱਖਾਂ ਬਣ ਜਾਂਦੀ ਹੈ।ਹੈਰਾਨੀ ਦੀ ਗੱਲ ਇਹ ਹੈ ਕਿ ਮਦਨ ਲਾਲ ਨੂੰ ਦੇਖ ਕੇ ਜਾਂ ਕੰਮ ਕਰਦਿਆਂ ਨਿਹਾਰ ਕੇ ਕੋਈ ਨਹੀਂ ਕਹਿ ਸਕਦਾ ਕਿ ਉਹ ਨੇਤਰਹੀਣ ਹਨ।

## ਸਫ਼ਾਈ ਸੇਵਕਾਂ ਦੀਆਂ ਹੱਕੀ ਮੰਗਾਂ ਮੰਨਣ ਦੀ ਬਜਾਏ ਲਾਠੀਚਾਰਜ ਕਰਨ ਦੀ ਨਿਖੇਧੀ



ਸੰਗਰੂਰ (ਪ੍ਰਵੀਨ ਸਿੰਘ)-ਸਫ਼ਾਈ ਸੇਵਕ ਯੂਨੀਅਨ ਦੇ ਜਨਰਲ ਸਕੱਤਰ ਰਮੇਸ਼ ਗੇਚੰਦ, ਸੂਬਾ ਸਲਾਹਕਾਰ ਕੁਲਦੀਪ ਸ਼ਰਮਾ ਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਵਿੱਤ ਸਕੱਤਰ ਬਿੱਕਰ ਸਿੰਘ ਹਥੋਆ ਅਤੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਭੁਪਿੰਦਰ ਸਿੰਘ ਲੌਂਗੋਵਾਲ ਡੀ.ਐਮ.ਐਫ਼ ਦੇ ਮੇਘ ਰਾਜ ਨੇ ਕਿਹਾ ਕਿ ਸਫ਼ਾਈ ਸੇਵ ਕ ਲਗਾਤਾਰ ਪਿਛਲੇ 9 ਦਿਨ ਤੋਂ ਹੜਤਾਲ 'ਤੇ ਹਨ। ਸਰਕਾਰ ਉਨ੍ਹਾਂ ਦੀਆਂ ਹੱਕੀ ਮੰਗਾਂ ਦਾ ਹੱਲ ਕਰਨ ਦੀ ਬਜਾਏ ਧੱਕੇਸ਼ਾਹੀ ਨਾਲ ਹੜਤਾਲ ਖ਼ਤਮ ਕਰਨ ਦੀ ਨੀਅਤ ਨਾਲ ਸ਼ਹਿਰ 'ਚੋਂ ਕੂੜਾ ਚੁਕਵਾਉਣ ਲੱਗੀ, ਜਦ ਸਫਾਈ ਸੇਵਕਾਂ ਵੱਲੋਂ ਇਸ ਦਾ ਵਿਰੋਧ ਕੀਤਾ ਤਾਂ ਜ਼ਿਲ੍ਹਾ ਪ੍ਰਧਾਨ ਸਮੇਤ ਕਈ ਲੋਕਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਤੇ ਪੁਲਸ ਵੱਲੋਂ ਲਾਠੀਚਾਰਜ ਕੀਤਾ। ਆਗੂਆਂ ਵੱਲੋਂ ਐਲਾਨ ਕੀਤਾ ਗਿਆ ਕਿ ਪੰਜਾਬ ਸਰਕਾਰ ਵੱਲੋਂ ਹਰ ਵਰਗ ਦੀਆ ਮੰਗਾਂ ਮੰਨਣ ਦੀ ਬਜਾਏ ਡੰਡੇ ਦੇ ਜ਼ੋਰ 'ਤੇ ਦਬਾਇਆ ਜਾ ਰਿਹਾ ਹੈ, ਜਿਸ ਦੀ ਪ੍ਰਤੱਖ ਮਿਸਾਲ ਮਨਰੇਗਾ ਕ੍ਰਮਚਾਰੀਆਂ ਤੇ ਬਰਬਰ ਤਰੀਕੇ ਨਾਲ ਕੀਤਾ ਲਾਠੀਚਾਰਜ ਤੇ ਸਫ਼ਾਈ ਸੇਵਕਾਂ 'ਤੇ ਕੀਤਾ ਲਾਠੀਚਾਰਜ ਹੈ। ਸਮੂਹ ਜਥੇਬੰਦੀਆਂ ਦੇ ਦਬਾਅ ਸਦਕਾ ਸੰਗਰੂਰ ਪ੍ਰਸ਼ਾਸਨ ਨੇ ਗ੍ਰਿਫ਼ਤਾਰ ਕੀਤੇ ਆਗੂਆਂ ਨੂੰ ਫੌਰੀ ਰਿਹਾਅ ਕੀਤਾ ਗਿਆ।ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਫ਼ਾਈ ਸੇਵਕਾਂ ਦੀਆਂ ਮੰਗਾਂ ਤੁਰੰਤ ਮੰਨੀਆਂ ਜਾਣ।

## ਸੇਂਟ ਸਹਾਰਾ ਕਾਲਜ ਦਾ ਬੀ ਐੱਡ ਦਾ ਨਤੀਜਾ ਸ਼ਾਨਦਾਰ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸ੍ਰੀ ਮੁਕਤਸਰ ਸਾਹਿਬ ਸਥਾਨਕ ਸੇਂਟ ਸਹਾਰਾ ਗਰੁੱਪ ਆਫ ਇੰਸਟੀਚਿਊਟਸ ਅਧੀਨ ਫਿਰੋਜ਼ਪੁਰ ਰੋਡ ਉਪਰ ਸਥਿਤ ਸੇਂਟ ਸਹਾਰਾ ਕਾਲਜ ਆਫ ਐਜੂਕੇਸ਼ਨ ਦਾ ਬੀ. ਐੱਡ ਦਾ ਸ਼ੈਸ਼ਨ 2024-26 ਦੇ ਚੌਥੇ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ।ਇਹ ਨਤੀਜਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ 15 ਜੁਲਾਈ 2026 ਨੂੰ ਐਲਾਨਿਆ ਗਿਆ।ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਮੈਡਮ ਊਸ਼ਾ ਰਾਣੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਨਤੀਜੇ ਵਿਚ 100% ਵਿਦਿਆਰਥੀ ਮੈਰਿਟ ਵਿੱਚ ਆਏ ਹਨ ਤੇ ਉਨ੍ਹਾਂ ਦੇ ਅੰਕ 80% ਤੋਂ ਵੱਧ ਹਨ।ਮੈਡਮ ਊਸ਼ਾ ਰਾਣੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਨਤੀਜੇ ਵਿੱਚ ਸਿਫਤ ਅਰੋੜਾ ਨੇ 1333/1600 (83.3%) ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਨਵਕਿਰਨ ਕੌਰ ਨੇ 1313/1600 (82%) ਅੰਕ ਪ੍ਰਾਪਤ ਕਰਕੇ ਦੂਜਾ ਸਥਾਨ, ਖੁਸ਼ੀ ਨੇ 1292/1600 (80.7%), ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਉਨ੍ਹਾ ਇਸ ਨਤੀਜੇ ਲਈ ਸਾਰੇ ਸਟਾਫ ਦੀ ਮਿਹਨਤ ਤੇ ਲਗਨ ਦੀ ਸ਼ਲਾਘਾ ਕੀਤੀ।ਕਾਲਜ ਦੇ ਚੇਅਰਮੈਨ ਡਾ. ਨਰੇਸ਼ ਪਰੂਥੀ, ਡਾਇਰੈਕਟਰ ਡਾ. ਸਪਨਾ ਪਰੂਥੀ ਤੇ ਜਨਰਲ ਸਕੱਤਰ ਰਾਕੇਸ਼ ਪਰੂਥੀ ਨੇ ਕਾਰਜਕਾਰੀ ਪ੍ਰਿੰਸੀਪਲ ਮੈਡਮ ਊਸ਼ਾ ਰਾਣੀ, ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਕਾਲਜ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ।

## ਮੁੱਖ ਮੰਤਰੀ ਰਾਸ਼ਨ ਯੋਜਨਾ ਤਹਿਤ ਕਿੱਟਾਂ ਵੰਡੀਆਂ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਪੰਜਾਬ ਸਰਕਾਰ ਦੀ ਮੁੱਖ ਮੰਤਰੀ ਰਾਸ਼ਨ ਯੋਜਨਾ ਤਹਿਤ ਸੁਨਾਮ ਸ਼ਹਿਰ ਵਿੱਚ ਲਾਭਪਾਤਰੀਆਂ ਨੂੰ ਰਾਸ਼ਨ ਕਿੱਟਾਂ ਵੰਡਣ ਦੀ ਸ਼ੁਰੂਆਤ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਦੇ ਨਿਰਦੇਸ਼ਾਂ ਅਨੁਸਾਰ ਨਗਰ ਕੌਂਸਲ ਸੁਨਾਮ ਦੇ ਪ੍ਰਧਾਨ ਮਨਪ੍ਰੀਤ ਬਾਂਸਲ ਵੱਲੋਂ ਕੀਤੀ ਗਈ।ਮਨਪ੍ਰੀਤ ਬਾਂਸਲ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ।ਮੁੱਖ ਮੰਤਰੀ ਰਾਸ਼ਨ ਯੋਜਨਾ ਦਾ ਉਦੇਸ਼ ਯੋਗ ਲਾਭਪਾਤਰੀਆਂ ਤੱਕ ਸਮੇਂ ਸਿਰ ਘਰ-ਘਰ ਰਾਸ਼ਨ ਪੁਚਾ ਕੇ ਉਨ੍ਹਾਂ ਨੂੰ ਵੱਧ ਤੋਂ ਵੱਧ ਸਹੂਲਤ ਪ੍ਰਦਾਨ ਕਰਨਾ ਹੈ।ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੁਨਾਮ ਹਲਕੇ ਵਿੱਚ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਦਾ ਲਾਭ ਹਰ ਹੱਕਦਾਰ ਤੱਕ ਪੁਚਾਇਆ ਜਾ ਰਿਹਾ ਹੈ।ਵਾਰਡ ਨੰਬਰ 5 ਵਿੱਚ ਐਮ.ਸੀ. ਕੰਚਨ ਵਰਮਾ ਤੇ ਸੋਨੂ ਵਰਮਾ ਵੀ ਹਾਜ਼ਰ ਰਹੇ।ਉਨ੍ਹਾਂ ਨੇ ਵੀ ਲਾਭਪਾਤਰੀਆਂ ਨੂੰ ਸਰਕਾਰ ਦੀਆਂ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ ਤੇ ਭਰੋਸਾ ਦਿੱਤਾ ਕਿ ਲੋਕਾਂ ਦੀ ਸੇਵਾ ਤੇ ਵਿਕਾਸ ਦੇ ਕੰਮ ਇਸੇ ਤਰ੍ਹਾਂ ਨਿਰੰਤਰ ਜਾਰੀ ਰਹਿਣਗੇ।

## ਇੰਟਰ-ਹਾਊਸ ਸਕੇਟਿੰਗ ਮੁਕਾਬਲੇ ਕਰਵਾਏ



ਜਗਰਾਉਂ (ਅਮਿਤ ਖੰਨਾ)-ਜੀ.ਐਚ.ਜੀ. ਅਕੈਡਮੀ ਵਿੱਚ ਇੰਟਰ-ਹਾਊਸ ਸਕੇਟਿੰਗ ਮੁਕਾਬਲੇ ਦਾ ਸਫਲ ਆਯੋਜਨ ਕੀਤਾ ਗਿਆ।ਮੁਕਾਬਲੇ ਵਿੱਚ ਚਾਰੇ ਹਾਊਸਾਂ ਦੇ ਵਿਦਿਆਰਥੀਆਂ ਨੇ ਬੜੇ ਜੋਸ਼, ਆਤਮਵਿਸ਼ਵਾਸ ਤੇ ਖੇਡ ਭਾਵਨਾ ਨਾਲ ਭਾਗ ਲਿਆ।ਵਿਦਿਆਰਥੀਆਂ ਨੇ ਆਪਣੀ ਰਫ਼ਤਾਰ, ਸੰਤੁਲਨ ਤੇ ਸਕੇਟਿੰਗ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਕੇ ਦਰਸ਼ਕਾਂ ਨੂੰ ਪ੍ਰਭਾਵਿਤ ਕੀਤਾ।ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਅਜੀਤ ਹਾਊਸ ਨੇ ਪਹਿਲਾ ਸਥਾਨ, ਜ਼ੋਰਾਵਰ ਹਾਊਸ ਨੇ ਦੂਜਾ ਸਥਾਨ, ਜਦਕਿ ਜੁਝਾਰ ਹਾਊਸ ਨੇ ਤੀਜਾ ਸਥਾਨ ਹਾਸਲ ਕੀਤਾ।ਸਕੂਲ ਦੀ ਪ੍ਰਿੰਸੀਪਲ ਤੇ ਪ੍ਰਬੰਧਕ ਕਮੇਟੀ ਨੇ ਸਾਰੇ ਜੇਤੂਆਂ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਖੇਡਾਂ ਵਿੱਚ ਵਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।

## ਅੱਖਾਂ ਦਾ ਚੈੱਕਅੱਪ ਤੇ ਅਪ੍ਰੇਸ਼ਨ ਕੈਂਪ ਭਲਕੇ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਨੇਤਰਦਾਨ ਮਹਾਂਦਾਨ ਦੇ ਸੰਕਲਪ ਨੂੰ ਬੁਲੰਦੀਆਂ 'ਤੇ ਲਿਜਾਣ ਵਾਲੀ ਪੁਨਰਜੋਤੀ ਆਈ-ਡੋਨੇਸ਼ਨ ਸੁਸਾਇਟੀ ਵੱਲੋਂ ਸ੍ਰੀ ਮਹੰਤ ਰਾਮ ਨਰਾਇਣ ਗਿਰੀ, ਤ੍ਰਿਵੈਣੀ ਗਿਰੀ ਆਸ਼ਰਮ ਵਾਲੇ ਦੇ ਅਸ਼ੀਰਵਾਦ ਨਾਲ 158ਵਾਂ ਅੱਖਾਂ ਦਾ ਚੈਕਅਪ ਤੇ ਅਪ੍ਰੇਸ਼ਨ ਕੈਂਪ 19 ਜੁਲਾਈ ਨੂੰ ਸਵੇਰੇ 9 ਵਜੇ ਤੋਂ 1 ਵਜੇ ਤੱਕ, ਸਥਾਨ ਸੰਤ ਤ੍ਰਿਵੈਣੀ ਗਿਰੀ ਪੁਨਰਜੋਤੀ ਆਈ ਹਸਪਤਾਲ, ਬੱਸ ਸਟੈਂਡ ਰੋਡ, ਨੇੜੇ ਨਗਰ ਕੌਂਸਲ ਦਫਤਰ ਵਿਖੇ ਲਾਇਆ ਜਾ ਰਿਹਾ ਹੈ। ਸੰਸਥਾ ਦੇ ਮੁੱਖ ਸੇਵਾਦਾਰ ਰਾਕੇਸ਼ ਤਾਇਲ ਨੇ ਦੱਸਿਆ ਕਿ ਇਸ ਕੈਂਪ ਵਿੱਚ ਅੱਖਾਂ ਦੇ ਅਪ੍ਰੇਸ਼ਨ ਤੇ ਦਵਾਈਆਂ ਬਿਲਕੁਲ ਮੁਫਤ ਦਿੱਤੀਆਂ ਜਾਣਗੀਆਂ।ਉਨ੍ਹਾਂ ਕਿਹਾ ਜੋ ਮਰੀਜ਼ ਆਪ੍ਰੇਸ਼ਨ ਲਈ ਚੁਣੇ ਜਾਣਗੇ, ਉਨ੍ਹਾਂ ਦਾ ਸਾਰਾ ਇਲਾਜ ਹਸਪਤਾਲ ਸੁਸਾਇਟੀ ਵੱਲੋਂ ਕੀਤਾ ਜਾਵੇਗਾ, ਜਿਸ ਵਿੱਚ ਅਪਰੇਸ਼ਨ ਦਵਾਈਆਂ, ਕਾਲੀਆਂ ਐਨਕਾਂ ਤੇ ਖਾਣਾ ਸ਼ਾਮਲ ਹਨ।ਮਰੀਜ਼ ਅਪਣਾ ਪਛਾਣ ਪੱਤਰ ਵੋਟਰ ਕਾਰਡ, ਡਰਾਈਵਿੰਗ ਲਾਇਸੈਂਸ ਜ਼ਰੂਰ ਲੈ ਕੇ ਆਉਣ।

## ਦਲਿਤ ਸਮਾਜ ਦੀ ਬਰਾਬਰ ਦੀ ਭਾਗੀਦਾਰੀ ਤੋਂ ਬਿਨਾਂ ਵਿਕਸਿਤ ਪੰਜਾਬ ਸੰਭਵ ਨਹੀਂ : ਕੈਂਥ

### ਕੇਵਲ ਢਿੱਲੋਂ ਨੂੰ 'ਪੰਜਾਬ ਦਲਿਤ ਸਸ਼ਕਤੀਕਰਨ ਵਿਜ਼ਨ 2027' ਦਾ ਖਰੜਾ ਪੇਸ਼



ਨਾਭਾ (ਅਮਨ ਗਰਗ) ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ ਉਪ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ 'ਪੰਜਾਬ ਦਲਿਤ ਸਸ਼ਕਤੀਕਰਨ ਵਿਜ਼ਨ 2027' ਦਾ ਖਰੜਾ ਪੇਸ਼ ਕੀਤਾ।ਪਰਮਜੀਤ ਸਿੰਘ ਕੈਂਥ ਨੇ ਕਿਹਾ ਕਿ ਪੰਜਾਬ ਵਿੱਚ ਅਨੁਸੂਚਿਤ ਜਾਤੀ ਭਾਈਚਾਰਾ ਰਾਜ ਦੀ ਆਬਾਦੀ ਦਾ ਇੱਕ ਵੱਡਾ ਤੇ ਨਿਰਣਾਇਕ ਹਿੱਸਾ ਹੈ।ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਦਲਿਤ ਸਮਾਜ ਨੂੰ ਕੇਵਲ ਵੋਟ ਬੈਂਕ ਜਾਂ ਸਰਕਾਰੀ ਭਲਾਈ ਯੋਜਨਾਵਾਂ ਦੇ ਲਾਭਪਾਤਰੀ ਵਜੋਂ ਨਹੀਂ, ਸਗੋਂ ਨੀਤੀ-ਨਿਰਮਾਣ, ਸੰਗਠਨ, ਪ੍ਰਸ਼ਾਸਨ ਤੇ ਸ਼ਾਸਨ ਵਿੱਚ ਬਰਾਬਰ ਦਾ ਭਾਗੀਦਾਰ ਬਣਾਇਆ ਜਾਵੇ।ਉਨ੍ਹਾਂ ਕਿਹਾ ਕਿ 'ਪੰਜਾਬ ਦਲਿਤ ਸਸ਼ਕਤੀਕਰਨ ਵਿਜ਼ਨ 2027' ਕੇਵਲ ਇੱਕ ਚੋਣੀ ਦਸਤਾਵੇਜ਼ ਨਹੀਂ, ਸਗੋਂ ਦਲਿਤ ਸਮਾਜ ਦੇ ਸਮਾਜਿਕ ਸਨਮਾਨ, ਆਰਥਿਕ ਸਸ਼ਕਤੀਕਰਨ, ਗੁਣਵੱਤਾ ਭਰਪੂਰ ਸਿੱਖਿਆ, ਹੁਨਰ ਵਿਕਾਸ, ਰੁਜ਼ਗਾਰ, ਜ਼ਮੀਨੀ ਅਧਿਕਾਰਾਂ, ਰਾਜਨੀਤਕ ਨੁਮਾਇੰਦਗੀ ਤੇ ਸੁਸ਼ਾਸਨ ਲਈ ਇੱਕ ਵਿਆਪਕ ਨੀਤੀਗਤ ਰੋਡਮੈਪ ਹੈ।ਕੈਂਥ ਨੇ ਰਾਜ ਪ੍ਰਧਾਨ ਨੂੰ ਇਸ ਵਿਜ਼ਨ ਦਸਤਾਵੇਜ਼ ਦੇ ਮੁੱਖ ਉਦੇਸ਼ਾਂ, ਰਣਨੀਤਕ ਥੰਮ੍ਹਾਂ, ਨੀਤੀਗਤ ਸੁਧਾਰਾਂ, ਸੰਗਠਨਾਤਮਕ ਰੋਡਮੈਪ, 100-ਦਿਨਾਂ ਦੀ ਕਾਰਜ ਯੋਜਨਾ ਅਤੇ ਲਾਗੂਕਰਨ ਦੀ ਰੂਪਰੇਖਾ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ। ਕੈਂਥ ਨੇ ਕਿਹਾ ਕਿ ਸੰਵਿਧਾਨਕ ਅਧਿਕਾਰਾਂ ਤੇ ਕਾਨੂੰਨੀ ਸੁਰੱਖਿਆ ਦੇ ਬਾਵਜੂਦ ਪੰਜਾਬ ਦਾ ਦਲਿਤ ਸਮਾਜ ਅੱਜ ਵੀ ਸਮਾਜਿਕ, ਆਰਥਿਕ ਤੇ ਰਾਜਨੀਤਕ ਖੇਤਰਾਂ ਵਿੱਚ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਚੁਣੌਤੀਆਂ ਦਾ ਸਥਾਈ ਹੱਲ ਕੇਵਲ ਐਲਾਨਾਂ ਨਾਲ ਨਹੀਂ, ਸਗੋਂ ਸਪੱਸ਼ਟ ਨੀਤੀਆਂ, ਮਜ਼ਬੂਤ ਰਾਜਨੀਤਕ ਇੱਛਾ-ਸ਼ਕਤੀ ਤੇ ਪ੍ਰਭਾਵਸ਼ਾਲੀ ਲਾਗੂਕਰਨ ਰਾਹੀਂ ਹੀ ਸੰਭਵ ਹੈ।ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਇਸ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਦਲਿਤ ਸਮਾਜ ਦੇ ਸਰਵਪੱਖੀ ਵਿਕਾਸ ਲਈ ਇਸ ਤਰ੍ਹਾਂ ਦਾ ਨੀਤੀ-ਆਧਾਰਤ ਵਿਜ਼ਨ ਦਸਤਾਵੇਜ਼ ਤਿਆਰ ਕਰਨਾ ਇੱਕ ਮਹੱਤਵਪੂਰਨ ਯਤਨ ਹੈ।ਉਨ੍ਹਾਂ ਕਿਹਾ ਕਿ ਇਸ ਖਰੜੇ ਦਾ ਵਿਸਥਾਰ ਨਾਲ ਅਧਿਐਨ ਕੀਤਾ ਜਾਵੇਗਾ ਤੇ ਪਾਰਟੀ ਦੇ ਸੀਨੀਅਰ ਲੀਡਰਸ਼ਿਪ, ਸਮਾਜਿਕ ਸੰਸਥਾਵਾਂ ਤੇ ਵਿਸ਼ਾ-ਮਾਹਰਾਂ ਨਾਲ ਵਿਚਾਰ-ਵਟਾਂਦਰੇ ਤੋਂ ਬਾਅਦ ਲੋੜੀਂਦੇ ਸੁਝਾਵਾਂ ਨੂੰ ਸ਼ਾਮਲ ਕਰਕੇ ਇਸ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾਵੇਗਾ।

## ਚਿੱਤਰਕਾਰ ਜਰਨੈਲ ਸਿੰਘ ਬਾਰੇ ਸਿਮਰਤੀ ਗ੍ਰੰਥ ਲੋਕ ਅਰਪਣ



ਮੋਗਾ (ਇਕਬਾਲ ਸਿੰਘ ਖਹਿਰਾ) ਚਿੱਤਰਕਾਰੀ ਦੇ ਖੇਤਰ ਵਿੱਚ ਪੰਜਾਬ ਦਾ ਨਾਂਅ ਅੰਤਰ-ਰਾਸ਼ਟਰੀ ਪੱਧਰ ਤੱਕ ਲਿਜਾਣ ਵਾਲੇ ਮਹਾਨ ਚਿੱਤਰਕਾਰ ਸਵ: ਜਰਨੈਲ ਸਿੰਘ ਆਰਟਿਸਟ ਬਾਰੇ ਵੈਨਕੂਵਰ ਵਿਚਾਰ ਮੰਚ ਵੱਲੋਂ ਪ੍ਰਕਾਸ਼ਿਤ ਸਿਮਰਤੀ ਗ੍ਰੰਥ ਮਹਿੰਦਰ ਸਾਥੀ ਯਾਦਗਾਰੀ ਮੰਚ ਵੱਲੋਂ ਲੋਕ ਅਰਪਣ ਕੀਤਾ ਗਿਆ।ਸਿਮਰਤੀ ਗ੍ਰੰਥ ਲੋਕ ਅਰਪਣ ਕਰਨ ਦੀ ਰਸਮ ਨਾਮਵਰ ਸ਼ਾਇਰ ਦਰਸ਼ਨ ਸਿੰਘ ਬੁੱਟਰ, ਨਾਮਵਰ ਕਹਾਣੀਕਾਰ ਵਿਅੰਗਕਾਰ ਕੇ ਐੱਲ ਗਰਗ, ਕਹਾਣੀਕਾਰ ਗੁਰਮੀਤ ਕੜਿਆਲਵੀ, ਪੰਜਾਬੀ ਦੇ ਚਰਚਿਤ ਸ਼ਾਇਰ ਵਾਹਿਦ, ਜ਼ਿਲ੍ਹਾ ਭਾਸ਼ਾ ਅਫਸਰ ਮੋਗਾ ਡਾ. ਅਜੀਤ ਪਾਲ ਸਿੰਘ, ਜ਼ਿਲ੍ਹਾ ਭਾਸ਼ਾ ਅਫਸਰ ਫਰੀਦਕੋਟ ਮਨਜੀਤ ਪੁਰੀ, ਨਾਮਵਰ ਸ਼ਾਇਰ ਹਰਮੀਤ ਵਿਦਿਆਰਥੀ, ਪ੍ਰਸਿੱਧ ਆਲੋਚਕ ਡਾ. ਸੁਰਜੀਤ ਬਰਾੜ, ਸਰਬਜੀਤ ਕੌਰ ਮਾਹਲਾ, ਅਮਰਪ੍ਰੀਤ ਕੌਰ ਸੰਘਾ, ਗੁਰਪ੍ਰੀਤ ਧਰਮਕੋਟ, ਧਾਮੀ ਗਿੱਲ, ਗੁਰਦੀਪ ਸਿੰਘ ਲੋਪੋਂ, ਜਸਵਿੰਦਰ ਧਰਮਕੋਟ ਤੇ ਹਾਜ਼ਰ ਸਾਹਿਤਕਾਰਾਂ ਨੇ ਕੀਤੀ।ਸਿਮਰਤੀ ਗ੍ਰੰਥ ਬਾਰੇ ਜਾਣਕਾਰੀ ਦਿੰਦਿਆਂ ਮੰਚ ਦੇ ਸਰਪ੍ਰਸਤ ਗੁਰਮੀਤ ਕੜਿਆਲਵੀ ਨੇ ਕਿਹਾ ਕਿ ਜਰਨੈਲ ਸਿੰਘ ਆਰਟਿਸਟ ਪੰਜਾਬ ਦੇ ਸੱਭਿਆਚਾਰ ਨੂੰ ਚਿਤਰਨ ਵਾਲਾ ਕੌਮਾਂਤਰੀ ਪੱਧਰ 'ਤੇ ਪ੍ਰਸਿੱਧੀ ਪ੍ਰਾਪਤ ਕਰਨ ਵਾਲਾ ਚਿੱਤਰਕਾਰ ਸੀ।ਪੰਜਾਬ ਦੇ ਪੇਂਡੂ ਜਨਜੀਵਨ ਨੂੰ ਚਿਤਰਨ ਦੇ ਨਾਲ ਨਾਲ ਉਸ ਨੇ ਸਿੱਖ ਇਤਿਹਾਸ ਦੇ ਸ਼ਹੀਦਾਂ ਤੇ ਗਦਰੀ ਲਹਿਰ ਦੇ ਨਾਇਕਾਂ ਨੂੰ ਵੀ ਚਿਤਰਿਆ।ਦੁਨੀਆ ਭਰ ਵਿੱਚ ਉਸ ਦੇ ਚਿੱਤਰਾਂ ਦੀਆਂ ਪ੍ਰਦਰਸ਼ਨੀਆਂ ਲੱਗਦੀਆਂ ਸਨ।ਗੁਰਮੀਤ ਕੜਿਆਲਵੀ ਨੇ ਦੱਸਿਆ ਕਿ ਦੁਨੀਆ ਦਾ ਇਹ ਮਹਾਨ ਚਿੱਤਰਕਾਰ ਪਿੰਡ ਕੜਿਆਲ ਦਾ ਦੋਹਤਰਾ ਸੀ।ਡਾ. ਸੁਰਜੀਤ ਬਰਾੜ ਨੇ ਚੇਤਨਾ ਪ੍ਰਕਾਸ਼ਨ ਵੱਲੋਂ ਛਾਪੇ ਗਏ ਇਸ ਸਿਮਰਤੀ ਗ੍ਰੰਥ ਦੇ ਇਤਿਹਾਸਕ ਮਹੱਤਵ ਬਾਰੇ ਚਾਨਣਾ ਪਾਇਆ।

ਵਿਅੰਗਕਾਰ ਕੇ ਐੱਲ ਗਰਗ ਨੇ ਕਿਹਾ ਕਿ ਜਰਨੈਲ ਸਿੰਘ ਨੇ ਆਪਣੇ ਚਿੱਤਰਾਂ ਰਾਹੀਂ ਪੰਜਾਬੀ ਸੱਭਿਆਚਾਰ ਨੂੰ ਦੁਨੀਆ ਭਰ ਵਿੱਚ ਫੈਲਾਇਆ।ਸਾਹਿਤ ਅਕਾਦਮੀ ਐਵਾਰਡ ਪ੍ਰਾਪਤ ਸ਼ਾਇਰ ਦਰਸ਼ਨ ਸਿੰਘ ਬੁੱਟਰ ਨੇ ਜਰਨੈਲ ਸਿੰਘ ਆਰਟਿਸਟ ਨੂੰ ਪੰਜਾਬ ਦਾ ਲਾਡਲਾ ਪੁੱਤ ਕਿਹਾ।ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਅਜੀਤਪਾਲ ਸਿੰਘ ਨੇ ਕਿਹਾ ਕਿ ਜਰਨੈਲ ਸਿੰਘ ਆਰਟਿਸਟ ਵੱਲੋਂ ਫੁਲਕਾਰੀ ਕੱਢਦੀ ਔਰਤ ਦਾ ਚਿੱਤਰ ਪੰਜਾਬੀ ਜਨਮਾਨਸ ਦੇ ਚੇਤਿਆਂ ਵਿੱਚ ਵਸਿਆ ਹੋਇਆ ਹੈ।

ਡਾ. ਅਜੀਤ ਪਾਲ ਸਿੰਘ ਨੇ ਉਨ੍ਹਾਂ ਦੇ ਪਿਤਾ ਤੇ ਸਿੱਖਾਂ ਦੇ ਕੁਰਬਾਨੀਆਂ ਭਰੇ ਇਤਿਹਾਸ ਨੂੰ ਚਿਤਰਕਾਰੀ ਰਾਹੀਂ ਪੇਸ਼ ਕਰਨ ਵਾਲੇ ਮਹਾਨ ਚਿੱਤਰਕਾਰ ਸ੍ਰ. ਕਿਰਪਾਲ ਸਿੰਘ ਨੂੰ ਵੀ ਯਾਦ ਕੀਤਾ।ਸ਼ਾਇਰ ਤੇ ਫਰੀਦਕੋਟ ਦੇ ਜ਼ਿਲ੍ਹਾ ਭਾਸ਼ਾ ਅਫ਼ਸਰ ਮਨਜੀਤ ਪੁਰੀ ਨੇ ਕਿਹਾ ਕਿ ਗੁਰਭਜਨ ਸਿੰਘ ਗਿੱਲ, ਗੁਰਮੀਤ ਕੜਿਆਲਵੀ, ਜਰਨੈਲ ਸਿੰਘ ਸੇਖਾ, ਸਤੀਸ਼ ਗੁਲਾਟੀ, ਇੰਦਰਜੀਤ ਸਿੰਘ ਧਾਮੀ, ਮੋਹਨ ਗਿੱਲ, ਡਾ. ਗੁਰਮਿੰਦਰ ਕੌਰ ਸਿੱਧੂ, ਡਾ. ਪਿਰਥੀ ਪਾਲ ਸਿੰਘ ਸੋਹੀ, ਨਾਮਵਰ ਸ਼ਾਇਰ ਜਸਵਿੰਦਰ ਸਮੇਤ ਬਾਕੀ ਲੇਖਕਾਂ ਵੱਲੋਂ ਜਰਨੈਲ ਸਿੰਘ ਆਰਟਿਸਟ ਬਾਰੇ ਲਿਖੇ ਆਰਟੀਕਲਾਂ ਰਾਹੀਂ ਉਨ੍ਹਾਂ ਦੀ ਸ਼ਖਸੀਅਤ ਤੇ ਦੇਣ ਨੂੰ ਚੰਗੀ ਤਰ੍ਹਾਂ ਜਾਣਿਆ ਜਾ ਸਕਦਾ ਹੈ।

## ਪੈਪਸੀਕੋ ਨੇ ਟਰੱਕ ਆਪ੍ਰੇਟਰਾਂ ਨੂੰ ਦਿੱਤੀ ਰਾਹਤ, ਮਾਲ ਭਾੜੇ 'ਚ ਵਾਧਾ



ਭਵਾਨੀਗੜ੍ਹ (ਰਾਜ ਖੁਰਮੀ)-ਪੈਪਸੀਕੋ ਫੈਕਟਰੀ ਚੰਨੋ ਵੱਲੋਂ ਟਰੱਕ ਯੂਨੀਅਨ ਭਵਾਨੀਗੜ੍ਹ ਦੇ ਟਰੱਕ ਆਪ੍ਰੇਟਰਾਂ ਨੂੰ ਵੱਡੀ ਰਾਹਤ ਦਿੰਦਿਆਂ ਮਾਲ ਢੁਆਈ ਦੇ ਭਾੜਿਆਂ ਵਿੱਚ ਵਾਧਾ ਕਰਨ ਦਾ ਫੈਸਲਾ ਕੀਤਾ ਗਿਆ ਹੈ।ਇਹ ਫੈਸਲਾ ਪੈਪਸੀਕੋ ਮੈਨੇਜਮੈਂਟ ਤੇ ਟਰੱਕ ਯੂਨੀਅਨ ਦੇ ਨੁਮਾਇੰਦਿਆਂ ਵਿਚਾਲੇ ਹੋਈ ਮੀਟਿੰਗ ਦੌਰਾਨ ਲਿਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਟਰੱਕ ਯੂਨੀਅਨ ਭਵਾਨੀਗੜ੍ਹ ਦੇ ਪ੍ਰਧਾਨ ਮਾਲਵਿੰਦਰ ਸਿੰਘ ਮਾਲਾ ਨੇ ਦੱਸਿਆ ਕਿ ਕੰਪਨੀ ਨੇ ਪਹਿਲੀ ਜੂਨ ਤੋਂ ਲਾਗੂ ਹੋਣ ਵਾਲੇ ਨਵੇਂ ਰੇਟਾਂ ਅਨੁਸਾਰ ਫੈਕਟਰੀ ਤੋਂ ਸੁਜਾਨਪੁਰ ਤੇ ਪੰਜਾਬ ਦੇ ਹੋਰ ਸਥਾਨਾਂ ਲਈ ਭੇਜੇ ਜਾਣ ਵਾਲੇ ਮਾਲ ਦੇ ਭਾੜੇ ਵਿੱਚ 6 ਫੀਸਦੀ ਵਾਧਾ ਕੀਤਾ ਹੈ।ਇਸੇ ਤਰ੍ਹਾਂ ਰਾਜਸਥਾਨ, ਹਿਮਾਚਲ ਪ੍ਰਦੇਸ਼ ਤੇ ਹਰਿਆਣਾ ਲਈ ਮਾਲ ਢੁਆਈ ਦੇ ਭਾੜੇ ਵਿੱਚ 7 ਫੀਸਦੀ ਦਾ ਵਾਧਾ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਪੰਜਾਬ ਅੰਦਰ ਚੱਲਣ ਵਾਲੇ ਟਰੱਕਾਂ ਦੀ ਦਿਹਾੜੀ ਵਧਾ ਕੇ 1000 ਰੁਪਏ ਕਰ ਦਿੱਤੀ ਗਈ ਹੈ, ਜਦਕਿ ਸੀ.ਏ.ਐੱਫ. ਦੀ ਦਿਹਾੜੀ 1200 ਰੁਪਏ ਨਿਰਧਾਰਤ ਕੀਤੀ ਗਈ ਹੈ।ਟਰੱਕ ਯੂਨੀਅਨ ਦੇ ਅਹੁਦੇਦਾਰਾਂ ਨੇ ਪੈਪਸੀਕੋ ਮੈਨੇਜਮੈਂਟ ਦੇ ਇਸ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਵਾਧਾ ਟਰੱਕ ਆਪ੍ਰੇਟਰਾਂ ਲਈ ਰਾਹਤ ਭਰਿਆ ਸਾਬਿਤ ਹੋਵੇਗਾ।

## ਮਗਨਰੇਗਾ ਮੁਲਾਜ਼ਮਾਂ 'ਤੇ ਪੁਲਸ ਤਸ਼ੱਦਦ ਦੀ ਜਨਤਕ ਆਗੂਆਂ ਵੱਲੋਂ ਨਿੰਦਾ

ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ) ਪਿਛਲੇ ਅੱਠ ਮਹੀਨਿਆਂ ਤੋਂ ਰੁਕੀਆਂ ਤਨਖਾਹਾਂ ਜਾਰੀ ਕਰਵਾਉਣ, ਸੇਵਾਵਾਂ ਰੈਗੂਲਰ ਕਰਨ ਤੇ ਹੋਰ ਹੱਕੀ ਮੰਗਾਂ ਨੂੰ ਲੈ ਕੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਖੰਨਾ ਸਥਿਤ ਕੋਠੀ ਅੱਗੇ ਸ਼ਾਂਤਮਈ ਰੋਸ ਪ੍ਰਦਰਸ਼ਨ ਕਰ ਰਹੇ ਮਗਨਰੇਗਾ ਮੁਲਾਜ਼ਮਾਂ ਤੇ ਮਜ਼ਦੂਰਾਂ 'ਤੇ ਪੰਜਾਬ ਪੁਲਸ ਵੱਲੋਂ ਕੀਤੇ ਗਏ ਵਹਿਸ਼ੀਆਨਾ ਲਾਠੀਚਾਰਜ, ਪਾਣੀ ਦੀਆਂ ਬੁਛਾੜਾਂ ਛੱਡਣ ਤੇ ਅੱਥਰੂ ਗੈਸ ਦੇ ਗੋਲੇ ਸੁੱਟਣ ਦੀ ਘਟਨਾ ਦੀ ਫਰੀਦਕੋਟ ਦੇ ਵੱਖ-ਵੱਖ ਜਨਤਕ, ਕਿਸਾਨ ਤੇ ਮਜ਼ਦੂਰ ਆਗੂਆਂ ਨੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਇਸ ਮੰਦਭਾਗੀ ਘਟਨਾ 'ਤੇ ਡੂੰਘੇ ਰੋਸ ਦਾ ਪ੍ਰਗਟਾਵਾ ਕਰਦਿਆਂ ਨਰੇਗਾ ਰੁਜ਼ਗਾਰ ਪ੍ਰਾਪਤੀ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਵੀਰ ਸਿੰਘ ਕੰਮੇਆਣਾ, ਸਲਾਹਕਾਰ ਬਲਕਾਰ ਸਿੰਘ ਸਹੋਤਾ, ਕੁੱਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਸੁਖਜਿੰਦਰ ਸਿੰਘ ਤੂੰਬੜਭੰਨ, ਪੈਨਸ਼ਨਰ ਆਗੂ ਪ੍ਰੇਮ ਚਾਵਲਾ, ਗੁਰਚਰਨ ਸਿੰਘ ਮਾਨ, ਹਰਪਾਲ ਸਿੰਘ ਮਚਾਕੀ, ਇੰਦਰਜੀਤ ਸਿੰਘ ਗਿੱਲ ਤੇ ਖੇਤ ਮਜ਼ਦੂਰ ਆਗੂ ਕਾਮਰੇਡ ਗੁਰਨਾਮ ਸਿੰਘ ਮਾਨੀ ਸਿੰਘ ਵਾਲਾ ਨੇ ਸਾਂਝਾ ਬਿਆਨ ਜਾਰੀ ਕੀਤਾ।

ਆਗੂਆਂ ਨੇ ਦੋਸ਼ ਲਾਇਆ ਕਿ ਇਹ ਅੰਨ੍ਹਾ ਪੁਲਸ ਤਸ਼ੱਦਦ, ਜਿਸ ਵਿੱਚ ਕਈ ਮੁਲਾਜ਼ਮਾਂ ਦੀਆਂ ਲੱਤਾਂ ਟੁੱਟੀਆਂ ਤੇ ਦਰਜਨਾਂ ਗੰਭੀਰ ਜ਼ਖਮੀ ਹੋਏ, ਮੁੱਖ ਮੰਤਰੀ ਤੇ ਪੰਚਾਇਤ ਮੰਤਰੀ ਦੀ ਸ਼ਹਿ 'ਤੇ ਹੋਇਆ ਹੈ।ਉਨ੍ਹਾਂ ਕਿਹਾ ਕਿ ਬਦਲਾਅ ਦਾ ਦਾਅਵਾ ਕਰਨ ਵਾਲੀ ਪੰਜਾਬ ਸਰਕਾਰ ਨੇ ਹੱਕ ਮੰਗਦੇ ਲੋਕਾਂ ਦੇ ਮਸਲੇ ਹੱਲ ਕਰਨ ਦੀ ਬਜਾਏ ਪੁਰਅਮਨ ਸੰਘਰਸ਼ਾਂ ਨੂੰ ਡੰਡੇ ਦੇ ਜ਼ੋਰ ਨਾਲ ਦਬਾਉਣ ਦਾ ਲੋਕ-ਵਿਰੋਧੀ ਰਾਹ ਚੁਣ ਲਿਆ ਹੈ।ਆਗੂਆਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਇਹ ਰਾਹ ਸਿੱਧਾ ਹੀ ਆਮ ਆਦਮੀ ਪਾਰਟੀ ਦੇ ਸਿਆਸੀ ਪਤਨ ਵੱਲ ਜਾਂਦਾ ਹੈ।

ਆਗੂਆਂ ਨੇ ਮੁੱਖ ਮੰਤਰੀ ਪੰਜਾਬ ਤੋਂ ਮੰਗ ਕੀਤੀ ਕਿ ਉਹ ਤੁਰੰਤ ਇਸ ਹੈਂਕੜਬਾਜ਼ੀ ਵਾਲੇ ਵਤੀਰੇ ਨੂੰ ਤਿਆਗ ਕੇ ਸੰਘਰਸ਼ਸ਼ੀਲ ਮੁਲਾਜ਼ਮਾਂ ਤੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਮੰਦਰ ਸਿੰਘ ਢੁੱਡੀ, ਮੇਟ ਲਵਪ੍ਰੀਤ ਕੌਰ ਪਿਪਲੀ, ਮੇਟ ਕੁਲਦੀਪ ਕੌਰ, ਮੇਟ ਗੁਰਪ੍ਰੀਤ ਕੌਰ, ਮੇਟ ਕਰਮਜੀਤ ਕੌਰ ਗੋਲੇਵਾਲਾ, ਅੰਜੂ ਕੌਰ, ਮੇਟ ਵੀਰਪਾਲ ਕੌਰ, ਮੇਟ ਸੁਖਮੰਦਰ ਸਿੰਘ, ਮੇਟ ਸੁਨੀਤਾ ਰਾਣੀ ਤੇ ਮੇਟ ਸਿਮਰਨ ਕੌਰ ਆਦਿ ਹਾਜ਼ਰ ਸਨ।

## ਫੈਕਲਟੀ ਇੰਡਕਸ਼ਨ ਪ੍ਰੋਗਰਾਮ ਦੌਰਾਨ ਉੱਚ ਸਿੱਖਿਆ 'ਚ ਗੁਣਵੱਤਾ ਭਰੋਸੇ 'ਤੇ ਵਿਸ਼ੇਸ਼ ਸੈਸ਼ਨ



ਸ੍ਰੀ ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਆਯੋਜਤ ਪੰਜ ਰੋਜ਼ਾ ਫੈਕਲਟੀ ਇੰਡਕਸ਼ਨ ਪ੍ਰੋਗਰਾਮ ਦੇ ਚੌਥੇ ਦਿਨ ਉੱਚ ਸਿੱਖਿਆ ਵਿੱਚ ਗੁਣਵੱਤਾ ਭਰੋਸੇ, ਫੈਕਲਟੀ ਤੰਦਰੁਸਤੀ, ਖੋਜ ਤੇ ਨਵੀਨਤਾ ਅਤੇ ਸਾਬਕਾ ਵਿਦਿਆਰਥੀਆਂ ਦੀ ਸ਼ਮੂਲੀਅਤ ਨਾਲ ਸਬੰਧਤ ਸੈਸ਼ਨਾਂ ਦਾ ਆਯੋਜਨ ਕੀਤਾ ਗਿਆ। ਆਈ ਕਿਊ ਏ ਸੀ ਦੇ ਡਾਇਰੈਕਟਰ ਡਾ. ਅੰਕਦੀਪ ਕੌਰ ਅਟਵਾਲ ਵੱਲੋਂ 'ਉੱਚ ਸਿੱਖਿਆ ਵਿੱਚ ਗੁਣਵੱਤਾ ਭਰੋਸਾ: ਨੈਕ, ਨਿਰਫ਼ ਤੇ ਵਿੱਦਿਅਕ ਅਦਾਰਿਆਂ ਦੀ ਦਰਜਾਬੰਦੀ' ਵਿਸ਼ੇ 'ਤੇ ਸੈਸ਼ਨ ਲਿਆ ਗਿਆ।ਉਨ੍ਹਾਂ ਨੇ ਭਾਰਤੀ ਉੱਚ ਸਿੱਖਿਆ 'ਚ ਵਿਕਸਤ ਹੋ ਰਹੇ ਗੁਣਵੱਤਾ ਭਰੋਸਾ ਢਾਂਚੇ ਬਾਰੇ ਜਾਣਕਾਰੀ ਦਿੰਦਿਆਂ ਨੈਕ ਮਾਨਤਾ, ਨਿਰਫ਼ ਤੇ ਵਿਦਿਅਕ ਅਦਾਰਿਆਂ ਦੀ ਦਰਜਾਬੰਦੀ ਦੇ ਮਹੱਤਵਪੂਰਨ ਮਾਪਦੰਡਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ।ਉਨ੍ਹਾਂ ਕਿਹਾ ਕਿ ਗੁਣਵੱਤਾ ਇੱਕ ਨਿਰੰਤਰ ਪ੍ਰਕਿਰਿਆ ਹੈ, ਜਿਸ ਲਈ ਪ੍ਰਭਾਵਸ਼ਾਲੀ ਅਧਿਆਪਨ-ਸਿਖਲਾਈ, ਗੁਣਵੱਤਾ ਭਰਪੂਰ ਖੋਜ, ਵਿਸਥਾਰ ਗਤੀਵਿਧੀਆਂ, ਦਸਤਾਵੇਜ਼ੀਕਰਨ ਤੇ ਵਿਦਿਆਰਥੀ-ਕੇਂਦਰਤ ਪਹਿਲਕਦਮੀਆਂ ਰਾਹੀਂ ਸਮੂਹਿਕ ਵਚਨਬੱਧਤਾ ਦੀ ਲੋੜ ਹੈ।ਉਨ੍ਹਾਂ ਨੇ ਆਈ ਕਿਊ ਏ ਸੀ ਦੀ ਭੂਮਿਕਾ ਬਾਰੇ ਵੀ ਚਾਨਣਾ ਪਾਇਆ ਤੇ ਕਿਹਾ ਕਿ ਇਹ ਯੂਨੀਵਰਸਿਟੀ ਵਿੱਚ ਨਿਰੰਤਰ ਗੁਣਵੱਤਾ ਵਧਾਉਣ ਅਤੇ ਵਿੱਦਿਅਕ ਅਦਾਰੇ ਦੇ ਵਿਕਾਸ ਨੂੰ ਗਤੀ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ।ਇਸ ਤੋਂ ਇਲਾਵਾ, ਫਿਜ਼ੀਓਥੈਰੇਪੀ ਵਿਭਾਗ ਦੇ ਮੁਖੀ ਡਾ. ਸੁਪ੍ਰੀਤ ਕੌਰ ਨੇ ਫੈਕਲਟੀ ਦੀ ਸਰੀਰਕ ਤੰਦਰੁਸਤੀ ਸਬੰਧੀ ਸੈਸ਼ਨ ਲਿਆ, ਜਦਕਿ ਬਾਇਓਟੈਕਨਾਲੋਜੀ ਵਿਭਾਗ ਦੇ ਮੁਖੀ ਡਾ. ਰੁਪਿੰਦਰ ਕੌਰ ਨੇ ਯੂਨੀਵਰਸਿਟੀ ਦੇ ਖੋਜ ਵਾਤਾਵਰਣ, ਨਵੀਨਤਾ ਪਹਿਲਕਦਮੀਆਂ ਅਤੇ ਬੌਧਿਕ ਸੰਪੱਤੀ ਅਧਿਕਾਰਾਂ ਬਾਰੇ ਜਾਣਕਾਰੀ ਦਿੱਤੀ।ਦਿਨ ਦੇ ਆਖਰੀ ਸੈਸ਼ਨ ਵਿੱਚ ਡਾ. ਸਰਪ੍ਰੀਤ ਸਿੰਘ, ਡੀਨ ਐਲੂਮਨੀ ਅਫੇਅਰਜ਼ ਨੇ ਵਿਦਿਆਰਥੀਆਂ ਲਈ ਸਲਾਹਕਾਰ ਸੇਵਾਵਾਂ, ਇੰਟਰਨਸ਼ਿਪਾਂ, ਪਲੇਸਮੈਂਟ ਤੇ ਉਦਯੋਗ-ਅਕਾਦਮਿਕ ਸਹਿਯੋਗ ਨੂੰ ਮਜ਼ਬੂਤ ਕਰਨ ਵਿੱਚ ਸਾਬਕਾ ਵਿਦਿਆਰਥੀਆਂ ਦੀ ਭੂਮਿਕਾ ਨੂੰ ਉਜਾਗਰ ਕੀਤਾ। ਇਸ ਮੌਕੇ ਫੈਕਲਟੀ ਇੰਡਕਸ਼ਨ ਪ੍ਰੋਗਰਾਮ ਦੀ ਕਨਵੀਨਰ ਡਾ. ਹਰਨੀਤ ਬਿਲਿੰਗ ਨੇ ਕਿਹਾ ਕਿ ਇਹ ਪ੍ਰੋਗਰਾਮ ਨਵੇਂ ਨਿਯੁਕਤ ਫੈਕਲਟੀ ਮੈਂਬਰਾਂ ਨੂੰ ਯੂਨੀਵਰਸਿਟੀ ਦੇ ਅਕਾਦਮਿਕ ਅਭਿਆਸਾਂ, ਗੁਣਵੱਤਾ ਮਾਪਦੰਡਾਂ, ਖੋਜ ਸੱਭਿਆਚਾਰ ਤੇ ਵਿਦਿਆਰਥੀ ਸਹਾਇਤਾ ਪ੍ਰਣਾਲੀਆਂ ਨਾਲ ਜਾਣੂ ਕਰਵਾਉਣ ਦੇ ਉਦੇਸ਼ ਨਾਲ ਆਯੋਜਿਤ ਕੀਤਾ ਗਿਆ ਹੈ, ਤਾਂ ਜੁ ਉਹ ਵਿਦਿਅਕ ਅਦਾਰੇ ਦੇ ਵਿਕਾਸ ਵਿੱਚ ਪ੍ਰਭਾਵਸ਼ਾਲੀ ਯੋਗਦਾਨ ਪਾ ਸਕਣ।

## ਇੰਸ. ਰਮਨਦੀਪ ਬਾਵਾ ਨੇ ਥਾਣਾ ਸਿਟੀ ਦਾ ਕਾਰਜਭਾਰ ਸੰਭਾਲਿਆ



ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ, ਬਿੰਨੀ ਗਰਗ)-ਇੰਸਪੈਕਟਰ ਰਮਨਦੀਪ ਸਿੰਘ ਬਾਵਾ ਨੇ ਥਾਣਾ ਸਿਟੀ ਧੂਰੀ ਦੇ ਮੁਖੀ ਵਜੋਂ ਕਾਰਜਭਾਰ ਸੰਭਾਲ ਲਿਆ ਹੈ।ਉਹ ਇਸ ਤੋਂ ਪਹਿਲਾਂ ਭਵਾਨੀਗੜ੍ਹ ਵਿੱਚ ਤਾਇਨਾਤ ਸਨ ਤੇ ਉਹ ਇਸ ਤੋਂ ਪਹਿਲਾਂ ਵੀ ਧੂਰੀ ਵਿੱਚ ਥਾਣਾ ਸਿਟੀ ਦੇ ਮੁਖੀ ਵਜੋਂ ਸੇਵਾਵਾਂ ਨਿਭਾਅ ਚੁੱਕੇ ਹਨ।ਕਾਰਜਭਾਰ ਸੰਭਾਲਣ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇੰਸਪੈਕਟਰ ਬਾਵਾ ਨੇ ਕਿਹਾ ਕਿ ਸ਼ਹਿਰ ਵਿੱਚ ਆਵਾਜਾਈ ਦੀ ਸਮੱਸਿਆ ਦੇ ਹੱਲ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ।

ਉਨ੍ਹਾਂ ਕਿਹਾ ਕਿ ਲੜਕੀਆਂ ਦੇ ਸਕੂਲਾਂ ਤੇ ਕਾਲਜਾਂ ਦੇ ਆਲੇ ਦੁਆਲੇ ਸਾਦਾ ਵਰਦੀ ਵਿੱਚ ਪੁਲਸ ਮੁਲਾਜ਼ਮ ਤਾਇਨਾਤ ਕੀਤੇ ਜਾਣਗੇ ਤਾਂ ਜੋ ਆਵਾਰਾ ਅਨਸਰਾਂ 'ਤੇ ਨਜ਼ਰ ਰੱਖੀ ਜਾ ਸਕੇ।ਇੰਸਪੈਕਟਰ ਬਾਵਾ ਨੇ ਲੋਕਾਂ ਨੂੰ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਪੁਲਸ ਨਾਲ ਸਹਿਯੋਗ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਨਸ਼ਾ ਤਸਕਰੀ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

## ਵੋਟਰ ਜਾਗਰੂਕਤਾ ਮੁਹਿੰਮ ਸ਼ੁਰੂ

ਫ਼ਾਜ਼ਿਲਕਾ (ਨਿਸ਼ਾ ਸ਼ਰਮਾ)-ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਫ਼ਾਜ਼ਿਲਕਾ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਦੀ ਅਗਵਾਈ ਹੇਠ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.)-2026 ਮੁਹਿੰਮ ਨੂੰ ਲੈ ਕੇ ਉਪ ਮੰਡਲ ਮੈਜਿਸਟ੍ਰੇਟ ਜੁਗਰਾਜ ਸਿੰਘ ਕਾਹਲੋਂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਧਾਨ ਸਭਾ ਹਲਕਾ 80-ਫਾਜ਼ਿਲਕਾ 'ਚ ਵੋਟਰ ਜਾਗਰੂਕਤਾ ਅਭਿਆਨ ਚਲਾਇਆ ਜਾ ਰਿਹਾ ਹੈ।

ਸਵੀਪ ਟੀਮ ਦੇ ਨੋਡਲ ਅਫ਼ਸਰ ਸਤਿੰਦਰ ਬੱਤਰਾ ਨੇ ਆਪਣੀ ਟੀਮ ਸਮੇਤ ਬਿਰਧ ਆਸ਼ਰਮ ਤੇ ਪੁਲਸ ਸਟੇਸ਼ਨ ਵਿੱਚ ਜਾ ਕੇ ਐਸ. ਆਈ. ਆਰ. ਫਾਰਮ ਭਰਨ ਦਾ ਸੁਨੇਹਾ ਦਿੱਤਾ ਤੇ ਐਸ.ਆਈ.ਆਰ.-2026 ਦੀ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਨੋਡਲ ਅਫ਼ਸਰ ਸਤਿੰਦਰ ਬੱਤਰਾ ਨੇ ਦੱਸਿਆ ਕਿ ਬੂਥ ਲੈਵਲ ਅਫ਼ਸਰਾਂ ਵੱਲੋਂ ਹਰ ਘਰ ਜਾ ਕੇ ਵੋਟਰਾਂ ਦੀ ਸਵੈ-ਤਸਦੀਕ ਲਈ ਗਣਨਾ ਫਾਰਮ ਵੰਡੇ ਜਾ ਰਹੇ ਹਨ।ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਫਾਰਮ ਵਿੱਚ ਸਹੀ ਜਾਣਕਾਰੀ ਭਰ ਕੇ ਬੀ.ਐਲ.ਓ. ਕੋਲ ਜਮ੍ਹਾਂ ਕਰਾਉਣ।

## ਲੋਕ ਮਿਲਣੀ ਦੌਰਾਨ ਵਿਧਾਇਕਾ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ

### ਪਬਲਿਕ ਹੈਲਥ ਡਿਸਪੈਂਸਰੀ ਦਾ ਕੀਤਾ ਉਦਘਾਟਨ



ਮੋਗਾ (ਇਕਬਾਲ ਸਿੰਘ ਖਹਿਰਾ)-ਮੋਗਾ ਹਲਕੇ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਪਿੰਡ ਖੁਖਰਾਣਾ ਵਿਖੇ ਕਰਵਾਈ ਗਈ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨੂੰ ਉਨ੍ਹਾਂ ਦਾ ਜਲਦ ਹੱਲ ਕਰਨ ਲਈ ਲੋੜੀਂਦੇ ਨਿਰਦੇਸ਼ ਦਿੱਤੇ।ਇਸ ਉਪਰੰਤ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਲਗਭਗ 15 ਲੱਖ ਰੁਪਏ ਦੀ ਲਾਗਤ ਨਾਲ ਬਣ ਰਹੀ ਪਬਲਿਕ ਹੈਲਥ ਡਿਸਪੈਂਸਰੀ ਦੀ ਇਮਾਰਤ ਦਾ ਉਦਘਾਟਨ ਕੀਤਾ ਤੇ ਪਿੰਡ ਵਿੱਚ ਨਵੀਆਂ ਬਣੀਆਂ ਗਲੀਆਂ ਨੂੰ ਲੋਕ ਅਰਪਣ ਕੀਤਾ।ਇਸ ਮੌਕੇ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮੁੱਖ ਉਦੇਸ਼ ਪੰਜਾਬ ਦੇ ਹਰ ਪਿੰਡ ਦਾ ਸਰਵਪੱਖੀ ਵਿਕਾਸ ਕਰਨਾ ਤੇ ਲੋਕਾਂ ਨੂੰ ਬਿਹਤਰ ਸਿਹਤ, ਸਿੱਖਿਆ ਤੇ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾ ਰਹੀ ਹੈ।ਪਿੰਡਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਵਿਕਾਸ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਲੋਕਾਂ ਨੂੰ ਆਪਣੇ ਹੀ ਖੇਤਰ ਵਿੱਚ ਸਾਰੀਆਂ ਲੋੜੀਂਦੀਆਂ ਸਹੂਲਤਾਂ ਮਿਲ ਸਕਣ।ਉਨ੍ਹਾਂ ਪਿੰਡ ਵਾਸੀਆਂ ਨੂੰ ਸਰਕਾਰੀ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਤੇ ਵਿਕਾਸ ਕਾਰਜਾਂ ਵਿੱਚ ਆਪਣਾ ਸਹਿਯੋਗ ਦੇਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪੇਂਡੂ ਖੇਤਰਾਂ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣ, ਆਧੁਨਿਕ ਸਹੂਲਤਾਂ ਉਪਲਬਧ ਕਰਵਾਉਣ ਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਨਿਪਟਾਰਾ ਕਰਨ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ।ਇਸ ਮੌਕੇ ਬਲਾਕ ਸੰਮਤੀ ਮੈਂਬਰ ਬੇਅੰਤ ਸਿੰਘ ਖੁਖਰਾਣਾ, ਸਾਬਕਾ ਸਰਪੰਚ ਭੋਲਾ ਸਿੰਘ, ਸਰਪੰਚ ਗੁਰਜੀਤ ਸਿੰਘ, ਕੁਲਦੀਪ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਪ੍ਰੀਤ ਸਿੰਘ ਮੰਗੇਵਾਲਾ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਸਵਾਮੀ ਰੂਪ ਚੰਦ ਜੈਨ ਸਕੂਲ 'ਚ ਇੰਟਰ-ਹਾਊਸ ਖੋ-ਖੋ ਮੁਕਾਬਲਿਆਂ ਦੀ ਧੂਮ



ਜਗਰਾਉਂ (ਅਮਿਤ ਖੰਨਾ)-ਸਵਾਮੀ ਰੂਪ ਚੰਦ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਵਿਖੇ ਪ੍ਰਿੰਸੀਪਲ ਸ੍ਰੀਮਤੀ ਰਾਜਪਾਲ ਕੌਰ ਦੀ ਯੋਗ ਅਗਵਾਈ ਤੇ ਸਮੂਹ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਇੰਟਰ-ਹਾਊਸ ਖੋ-ਖੋ (ਲੜਕੀਆਂ) ਮੁਕਾਬਲੇ ਬੜੇ ਹੀ ਜੋਸ਼, ਉਤਸ਼ਾਹ ਤੇ ਖੇਡ ਭਾਵਨਾ ਨਾਲ ਕਰਵਾਏ ਗਏ।ਮੁਕਾਬਲਿਆਂ ਵਿੱਚ ਸਕੂਲ ਦੇ ਚਾਰਾਂ ਹਾਊਸਾਂ ਦੀਆਂ ਵਿਦਿਆਰਥਣਾਂ ਨੇ ਪੂਰੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀ ਚੁਸਤੀ, ਫੁਰਤੀ, ਟੀਮ ਵਰਕ ਤੇ ਖੇਡ ਪ੍ਰਤੀ ਸਮਰਪਣ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਹਰ ਟੀਮ ਨੇ ਜਿੱਤ ਲਈ ਪੂਰੇ ਜਜ਼ਬੇ ਨਾਲ ਖੇਡਦਿਆਂ ਦਰਸ਼ਕਾਂ ਦਾ ਭਰਪੂਰ ਮਨੋਰੰਜਨ ਕੀਤਾ।ਪਹਿਲੇ ਸੈਮੀਫਾਈਨਲ ਵਿੱਚ ਯੈਲੋ ਹਾਊਸ ਨੇ ਗ੍ਰੀਨ ਹਾਊਸ ਨੂੰ ਹਰਾਕੇ ਫਾਈਨਲ ਵਿੱਚ ਪ੍ਰਵੇਸ਼ ਕੀਤਾ, ਜਦਕਿ ਦੂਜੇ ਸੈਮੀਫਾਈਨਲ ਵਿੱਚ ਬਲੂ ਹਾਊਸ ਨੇ ਰੈੱਡ ਹਾਊਸ ਨੂੰ ਮਾਤ ਦੇ ਕੇ ਫਾਈਨਲ ਵਿੱਚ ਆਪਣੀ ਜਗ੍ਹਾ ਪੱਕੀ ਕੀਤੀ।ਰੋਮਾਂਚ ਨਾਲ ਭਰੇ ਫਾਈਨਲ ਮੁਕਾਬਲੇ ਵਿੱਚ ਬਲੂ ਹਾਊਸ ਤੇ ਯੈਲੋ ਹਾਊਸ ਵਿਚਾਲੇ ਕਾਂਟੇ ਦੀ ਟੱਕਰ ਦੇਖਣ ਨੂੰ ਮਿਲੀ।ਦੋਵਾਂ ਟੀਮਾਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ, ਪਰ ਅੰਤ ਵਿੱਚ ਬਲੂ ਹਾਊਸ ਨੇ ਬਿਹਤਰ ਰਣਨੀਤੀ ਤੇ ਸ਼ਾਨਦਾਰ ਟੀਮ ਵਰਕ ਦਾ ਪ੍ਰਦਰਸ਼ਨ ਕਰਦਿਆਂ ਜਿੱਤ ਆਪਣੇ ਨਾਮ ਕਰ ਲਈ।ਜੇਤੂ ਟੀਮ ਦੀ ਜਿੱਤ 'ਤੇ ਸਮੁੱਚੇ ਸਕੂਲ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਤੇ ਵਿਦਿਆਰਥਣਾਂ ਦੀ ਗੂੰਜ ਨਾਲ ਖਿਡਾਰਨਾਂ ਦਾ ਉਤਸ਼ਾਹ ਵਧਾਇਆ।ਓਵਰਆਲ ਨਤੀਜਿਆਂ ਵਿੱਚ ਬਲੂ ਹਾਊਸ ਨੇ ਪਹਿਲਾ, ਯੈਲੋ ਹਾਊਸ ਨੇ ਦੂਜਾ ਤੇ ਰੈੱਡ ਹਾਊਸ ਨੇ ਤੀਜਾ ਸਥਾਨ ਹਾਸਲ ਕੀਤਾ।ਪ੍ਰਿੰਸੀਪਲ ਰਾਜਪਾਲ ਕੌਰ ਤੇ ਸਕੂਲ ਪ੍ਰਬੰਧਕਾਂ ਨੇ ਜੇਤੂ ਟੀਮਾਂ ਨੂੰ ਵਧਾਈ ਦਿੰਦਿਆਂ ਸਾਰੀਆਂ ਭਾਗੀਦਾਰ ਵਿਦਿਆਰਥਣਾਂ ਦੀ ਹੌਸਲਾ-ਅਫ਼ਜ਼ਾਈ ਕੀਤੀ।

## ਬਰਸਟ ਵੱਲੋਂ 98.43 ਲੱਖ ਦੇ ਸੜਕੀ ਪ੍ਰੋਜੈਕਟ ਦਾ ਉਦਘਾਟਨ



ਸਮਾਣਾ (ਗੁਰਪਿਆਰ ਸਿੰਘ ਬੱਲ)-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਵਿਖੇ ਸੜਕੀ ਪ੍ਰੋਜੈਕਟ ਦਾ ਉਦਘਾਟਨ ਕੀਤਾ ਗਿਆ ਹੈ।ਲੋਕਾਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਮੁੱਖ ਰੱਖਦੇ ਹੋਏ ਸ਼ੁਰੂ ਕੀਤੇ ਗਏ ਇਸ ਪ੍ਰੋਜੈਕਟ ਦੀ ਕੁੱਲ ਲਾਗਤ ਕਰੀਬ 98.43 ਲੱਖ ਰੁਪਏ ਹੈ।ਇਨ੍ਹਾਂ ਵਿਕਾਸ ਕਾਰਜਾਂ ਦੇ ਸ਼ੁਰੂ ਹੋਣ ਨਾਲ ਸਮੂਹ ਇਲਾਕੇ ਵਾਸੀਆਂ ਵਿੱਚ ਖੁਸ਼ੀ ਤੇ ਉਤਸ਼ਾਹ ਦੀ ਲਹਿਰ ਦੌੜ ਗਈ ਹੈ।ਬਰਸਟ ਨੇ ਦੌਰਾ ਕਰਕੇ ਵੱਖ-ਵੱਖ ਥਾਵਾਂ 'ਤੇ ਰਿਬਨ ਕੱਟ ਕੇ ਸੜਕਾਂ ਦੇ ਨਿਰਮਾਣ ਕਾਰਜਾਂ ਦੀ ਰਸਮੀ ਸ਼ੁਰੂਆਤ ਕੀਤੀ।ਉਨ੍ਹਾਂ ਨੇ ਮਾਰਕਿਟ ਕਮੇਟੀ ਡਕਾਲਾ ਦੇ ਅਧੀਨ ਆਉਂਦੀ ਪਟਿਆਲਾ-ਸਮਾਣਾ ਰੋਡ ਤੋਂ ਕਕਰਾਲਾ ਤੱਕ ਦੀ ਸੜਕ ਦੇ ਨਿਰਮਾਣ ਕਾਰਜ ਸ਼ੁਰੂ ਕਰਾਏ।ਇਹ 2.12 ਕਿਲੋਮੀਟਰ ਲੰਬੀ ਸੜਕ ਕਰੀਬ 73.79 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਜਾਵੇਗਾ।ਇਸ ਸੜਕ ਦੇ ਬਣਨ ਨਾਲ ਆਸ-ਪਾਸ ਦੇ ਦਰਜਨਾਂ ਪਿੰਡਾਂ ਦੇ ਲੋਕਾਂ ਨੂੰ ਰੋਜ਼ਾਨਾ ਦੇ ਸਫ਼ਰ ਵਿੱਚ ਵੱਡੀ ਰਾਹਤ ਮਿਲੇਗੀ।ਇਸੇ ਤਰ੍ਹਾਂ ਚੇਅਰਮੈਨ ਵੱਲੋਂ ਮਾਰਕਿਟ ਕਮੇਟੀ ਸਮਾਣਾ ਅਧੀਨ ਪੈਂਦੀ ਪਟਿਆਲਾ-ਸਮਾਣਾ ਰੋਡ ਤੋਂ ਬਿਜਲਪੁਰ ਤੋਂ ਸੈਦੀਪੁਰ-ਨੱਸੂਰਪੁਰ ਰੋਡ ਦੀ ਉਸਾਰੀ ਦੇ ਕਾਰਜ ਦਾ ਵੀ ਉਦਘਾਟਨ ਕੀਤਾ ਗਿਆ।ਇਸ ਸੜਕ ਦੀ ਕੁੱਲ ਲੰਬਾਈ 1.42 ਕਿਲੋਮੀਟਰ ਹੈ ਤੇ ਇਸ ਦੇ ਨਿਰਮਾਣ 'ਤੇ ਕਰੀਬ 24.64 ਲੱਖ ਰੁਪਏ ਖਰਚ ਆਵੇਗਾ। ਬਰਸਟ ਨੇ ਕਿਹਾ ਕਿ ਇਨ੍ਹਾਂ ਸੜਕਾਂ ਦੇ ਬਣਨ ਨਾਲ ਕਿਸਾਨਾਂ, ਵਿਦਿਆਰਥੀਆਂ, ਵਪਾਰੀਆਂ ਤੇ ਆਮ ਲੋਕਾਂ ਨੂੰ ਵੱਡਾ ਲਾਭ ਮਿਲੇਗਾ।ਖੇਤਰ ਵਿੱਚ ਆਰਥਿਕ ਗਤੀਵਿਧੀਆਂ ਨੂੰ ਵੀ ਹੁਲਾਰਾ ਮਿਲੇਗਾ ਤੇ ਲੋਕਾਂ ਦਾ ਸਮਾਂ ਅਤੇ ਯਾਤਰਾ ਖਰਚ ਘਟੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਿਕਾਸ ਕਾਰਜਾਂ ਵਿੱਚ ਪੂਰੀ ਪਾਰਦਰਸ਼ਤਾ ਤੇ ਗੁਣਵੱਤਾ ਨੂੰ ਯਕੀਨੀ ਬਣਾ ਰਹੀ ਹੈ।ਸੜਕਾਂ ਦੇ ਨਿਰਮਾਣ ਕਾਰਜ ਵਿੱਚ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਕੀਤਾ ਜਾਵੇਗਾ।

## ਵਿਧਾਇਕ ਦੇਵ ਮਾਨ ਵੱਲੋਂ ਅੱਚਲ 'ਚ ਪੰਚਾਇਤ ਘਰ ਦਾ ਉਦਘਾਟਨ



ਨਾਭਾ (ਅਮਨ ਗਰਗ)-ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਪਿੰਡ ਅੱਚਲ ਵਿਖੇ ਗ੍ਰਾਮ ਪੰਚਾਇਤ ਵੱਲੋਂ ਕਰੀਬ 50 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਨਵੇਂ ਪੰਚਾਇਤ ਘਰ ਦਾ ਉਦਘਾਟਨ ਕੀਤਾ।ਇਸ ਮੌਕੇ ਪਿੰਡ ਵਾਸੀਆਂ ਨੇ ਵਿਧਾਇਕ ਦੇਵ ਮਾਨ ਦਾ ਨਿੱਘਾ ਸਵਾਗਤ ਕੀਤਾ।ਉਦਘਾਟਨ ਉਪਰੰਤ ਵਿਧਾਇਕ ਦੇਵ ਮਾਨ ਨੇ ਲੋਕ ਮਿਲਣੀ ਕਰਕੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ ਤੇ ਸਬੰਧਤ ਅਧਿਕਾਰੀਆਂ ਨੂੰ ਲੋਕਾਂ ਦੀਆਂ ਮੁਸ਼ਕਲਾਂ ਦਾ ਜਲਦ ਹੱਲ ਕਰਨ ਲਈ ਲੋੜੀਂਦੇ ਨਿਰਦੇਸ਼ ਦਿੱਤੇ।ਇਸ ਮੌਕੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਖੇਡ ਕਿੱਟਾਂ ਤੇ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਵੀ ਵੰਡੀਆਂ ਗਈਆਂ।ਵਿਧਾਇਕ ਦੇਵ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਇਸ ਮੌਕੇ ਉਨ੍ਹਾਂ ਨਾਲ ਤੇਜਿੰਦਰ ਸਿੰਘ ਖਹਿਰਾ ਡਾਇਰੈਕਟਰ, ਧਰਮਿੰਦਰ ਸਿੰਘ ਸੁਖੇਵਾਲ ਸੀਨੀਅਰ ਆਗੂ, ਜਸਵਿੰਦਰ ਸਿੰਘ ਅੱਚਲ ਸਰਪੰਚ, ਮਨਜੀਤ ਸਿੰਘ ਸਰਪੰਚ ਫਤਿਹਪੁਰ, ਅਮਨਦੀਪ ਕੁਮਾਰ ਸਰਪੰਚ ਛੱਜੂ ਭੱਟ, ਅਮਨਦੀਪ ਸਿੰਘ ਸਰਪੰਚ ਕੋਟ ਕਲਾਂ, ਮੇਜਰ ਸਿੰਘ ਤੁੰਗਾਂ, ਗੁਰਲਾਲ ਸਿੰਘ ਮੱਲੀ ਚੇਅਰਮੈਨ, ਪੱਪੀ ਸਰਪੰਚ ਬਿਰਧਨੋ, ਗੁਰਜੰਟ ਸਿੰਘ ਅੱਚਲ, ਪਿੰਡ ਦੀ ਪੰਚਾਇਤ, ਪਾਰਟੀ ਆਗੂ, ਪਿੰਡ ਦੇ ਮੋਹਤਬਰ ਵਿਅਕਤੀ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਡੇਰਾ ਸ੍ਰੀ ਭਜਨਗੜ੍ਹ ਵਿਖੇ ਸਾਲਾਨਾ ਗੁਰਮਤਿ ਸਮਾਗਮ



ਫਿਰੋਜ਼ਪੁਰ/ਗੁਰੂ ਹਰਸਹਾਏ (ਗੁਰਬਚਨ ਸਿੰਘ/ਮਨਦੀਪ ਸੋਢੀ)-ਮਹਾਨ ਤਪੱਸਵੀ ਸ੍ਰੀਮਾਨ 108 ਸੰਤ ਬਾਬਾ ਵਚਨ ਸਿੰਘ ਦੇ ਅਸਥਾਨ ਡੇਰਾ ਸ੍ਰੀ ਭਜਨਗੜ੍ਹ ਗੋਲੂ ਕਾ ਮੋੜ ਵਿਖੇ ਹਰ ਸਾਲ ਦੀ ਤਰ੍ਹਾਂ ਸਾਲਾਨਾ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ 'ਚ ਸੰਤ ਬਾਬਾ ਵਚਨ ਸਿੰਘ ਦੀ ਚਲਾਈ ਮਰਿਆਦਾ ਅਨੁਸਾਰ ਪਹਿਲੀ ਹਾੜ੍ਹ ਤੋਂ ਸ਼ੁਰੂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਦੇ ਸਵੇਰੇ 10 ਵਜੇ ਪਾਏ ਗਏ।ਉਪਰੰਤ ਕਥਾ ਕੀਰਤਨ ਰਾਹੀਂ ਰਾਗੀ-ਢਾਡੀ, ਕਵੀਸ਼ਰੀ ਜਥਿਆਂ ਨੇ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਗੁਰੂ ਘਰ ਨਾਲ ਜੋੜਿਆ ਤੇ ਵੱਖ-ਵੱਖ ਸੰਸਥਾਵਾਂ ਤੋਂ ਪਹੁੰਚੇ ਸੰਤਾਂ ਮਹਾਂਪੁਰਸ਼ਾਂ ਨੇ ਵੀ ਸੰਗਤਾਂ ਨੂੰ ਆਪਣੇ ਪਵਚਨਾਂ ਰਾਹੀਂ ਨਿਹਾਲ ਕੀਤਾ।ਇਸ ਸਮਾਗਮ 'ਚ ਇਲਾਕੇ ਭਰ ਤੋਂ ਇਲਾਵਾ ਦਿੱਲੀ, ਰਾਜਸਥਾਨ, ਹਰਿਆਣਾ, ਉੱਤਰਾਖੰਡ, ਯੂ ਪੀ ਤੋਂ ਇਲਾਵਾ ਵਿਦੇਸ਼ਾਂ ਤੋਂ ਵੀ ਸੰਗਤਾਂ ਨੇ ਪਹੁੰਚ ਕੇ ਆਪਣੀ ਹਾਜ਼ਰੀ ਲਗਵਾਈ। ਸਮਾਗਮ ਦੌਰਾਨ ਗੁਰੂ ਕੇ ਲੰਗਰ ਤੇ ਠੰਢੇ ਮਿੱਠੇ ਜਲ ਤੇ ਜੂਸ ਛਬੀਲਾਂ ਲਗਾਈਆਂ ਗਈਆਂ।ਇਸ ਮੌਕੇ ਜਲਾਲਾਬਾਦ ਦੇ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ, ਵਿਧਾਇਕ ਜਗਦੀਪ ਕੰਬੋਜ, ਬੀ ਸੀ ਕਮਿਸ਼ਨ ਪੰਜਾਬ ਦੇ ਚੇਅਰਮੈਨ ਡਾ. ਮਲਕੀਤ ਥਿੰਦ, ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸ਼ਿਵ ਤਿਰਪਾਲ ਕੇ, ਸ਼੍ਰੋਮਣੀ ਅਕਾਲੀ ਦਲ ਦੇ ਹਰਪਿੰਦਰ ਸਿੰਘ ਮਾਨ ਨੇ ਵੀ ਪਹੁੰਚ ਹਾਜ਼ਰੀ ਲਗਵਾਈ। ਇਸ ਮੌਕੇ ਪਿੰਡ ਜੀਵਾਂ ਅਰਾਈ ਦੇ ਸਮੂਹ ਨਗਰ ਵੱਲੋਂ ਬੂਟਿਆਂ ਦਾ ਲੰਗਰ, ਕਿਤਾਬਾਂ ਦਾ ਲੰਗਰ ਲਗਾਇਆ ਗਿਆ।ਇਸ ਦੌਰਾਨ ਬਾਬਾ ਵਚਨ ਸਿੰਘ ਯੂਥ ਵੈੱਲਫੇਅਰ ਸੋਸਾਇਟੀ ਵੱਲੋਂ ਖੂਨਦਾਨ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਸੰਗਤਾਂ ਵੱਲੋਂ 71 ਯੂਨਿਟ ਖੂਨ ਦਾਨ ਕੀਤਾ ਗਿਆ।

## ਇਲੈਕਟਰੋ ਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਪੰਜਾਬ ਦੀ ਮੀਟਿੰਗ



ਮੋਗਾ (ਇਕਬਾਲ ਸਿੰਘ ਖਹਿਰਾ)-ਇਲੈਕਟਰੋ ਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਪੰਜਾਬ ਦੀ ਜੁਲਾਈ ਮਹੀਨੇ ਦੀ ਅਹਿਮ ਮੀਟਿੰਗ ਮੋਗਾ ਦੇ ਚੋਖਾ ਅੰਪਾਇਰ ਵਿਖੇ ਹੋਈ।ਇਸ ਮੀਟਿੰਗ ਦੌਰਾਨ ਪੰਜਾਬ, ਹਰਿਆਣਾ ਤੇ ਦਿੱਲੀ ਆਦਿ ਤੋਂ 120 ਤੋਂ ਵਧੇਰੇ ਡਾਕਟਰਾਂ ਨੇ ਸ਼ਮੂਲੀਅਤ ਕੀਤੀ ਤੇ ਬਿਮਾਰੀਆਂ ਦੇ ਇਲਾਜ ਨਾਲ ਸੰਬੰਧਤ ਵਿਚਾਰ ਸਾਂਝੇ ਕੀਤੇ।ਮੀਟਿੰਗ ਦੀ ਸ਼ੁਰੂਆਤ ਡਾ. ਜਗਜੀਤ ਸਿੰਘ ਗਿੱਲ ਵੱਲੋਂ ਕੀਤੀ ਗਈ।ਉਨ੍ਹਾਂ ਐਸੋਸੀਏਸ਼ਨ ਦੀਆਂ ਪਿਛਲੇ ਮਹੀਨੇ ਦੀਆਂ ਗਤੀਵਿਧੀਆਂ 'ਤੇ ਚਾਨਣਾ ਪਾਇਆ।ਮੀਟਿੰਗ ਦੌਰਾਨ ਵੱਖ-ਵੱਖ ਮਾਹਰ ਡਾਕਟਰਾਂ ਨੇ ਇਲੈਕਟਰੋ ਹੋਮਿਓਪੈਥੀ ਤੇ ਹੋਰ ਗੰਭੀਰ ਬਿਮਾਰੀਆਂ ਦੇ ਇਲਾਜ ਸਬੰਧੀ ਜਾਣਕਾਰੀ ਸਾਂਝੀ ਕੀਤੀ, ਜਿਨ੍ਹਾਂ ਵਿਚ ਐਸੋਸੀਏਸ਼ਨ ਦੇ ਚੇਅਰਮੈਨ ਡਾ. ਜਗਤਾਰ ਸਿੰਘ ਸੇਖੋਂ ਵੱਲੋਂ ਸਾਹ ਚੜ੍ਹਨ ਦੇ ਕਾਰਨ ਤੇ ਇਲਾਜ ਸਬੰਧੀ ਚਾਨਣਾ ਪਾਇਆ।ਡਾ. ਪ੍ਰਮਿੰਦਰ ਪਾਠਕ ਨੇ ਦਵਾਈਆਂ ਦੀ ਬਾਹਰੀ ਵਰਤੋਂ ਦੇ ਵਿਗਿਆਨਕ ਤਰੀਕਿਆਂ ਬਾਰੇ ਵਿਸਥਾਰ ਵਿੱਚ ਦੱਸਿਆ।ਡਾ. ਸੰਤੋਖ ਸਿੰਘ ਜੋਸਨ ਵੱਲੋਂ ਫੈਟੀ ਲਿਵਰ ਦੇ ਕਾਰਨ ਤੇ ਇਲਾਜ ਬਾਰੇ ਜਾਣਕਾਰੀ ਦਿੱਤੀ।ਡਾ. ਅਵਤਾਰ ਸਿੰਘ ਦੇਵਗਨ (ਮੋਗਾ) ਨੇ ਲਿਵਰ ਦੇ ਟੈਸਟ ਰਿਪੋਰਟ ਦੀਆਂ ਬਰੀਕੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਡਾ. ਅੰਮ੍ਰਿਤਪਾਲ ਸਿੰਘ ਗੋਨਿਆਨਾ ਨੇ ਵਿਟਾਮਿਨ ਬੀ ਤੇ ਇਸ ਦੀ ਖੋਜ ਬਾਰੇ ਚਾਨਣਾ ਪਾਇਆ।ਡਾ. ਜਗਪ੍ਰੀਤ ਸਿੰਘ ਖੋਖਰ ਨੇ ਪੇਟ ਪ੍ਰਣਾਲੀ ਦੇ ਅੰਗਾਂ ਸਬੰਧੀ ਜਾਣਕਾਰੀ ਦਿੱਤੀ। ਇਸ ਸਮੇਂ ਡਾ. ਸੁਰਿੰਦਰ ਅਰੋੜਾ ਨੇ ਗੰਜਾਪਣ, ਡਾ. ਐੱਸ ਕੇ ਕਟਾਰੀਆ ਨੇ ਚਮੜੀ ਦੀ ਐਲਰਜੀ, ਡਾ. ਕਿਸ਼ੋਰ ਚੰਦ ਨੇ ਦਿਲ ਦੇ ਰੋਗ, ਡਾ. ਸਹਿਯਾਦ ਨੇ ਫੈਟੀ ਲਿਵਰ ਲਈ ਸਹੀ ਡਾਈਟ, ਡਾ. ਰਾਜੇਸ਼ ਸਿਰਸਾ ਪੇਟ ਦੀਆਂ ਬਿਮਾਰੀਆਂ, ਡਾ. ਮਨਦੀਪ ਸਿੰਘ ਬਾਝਪਨ ਦੇ ਇਲਾਜ ਸਬੰਧੀ ਆਪਣੇ ਸਫ਼ਲ ਤਜਰਬੇ ਸਾਂਝੇ ਕੀਤੇ।ਇਸ ਮੌਕੇ ਵੱਡੀ ਗਿਣਤੀ ਵਿੱਚ ਡਾਕਟਰ ਹਾਜ਼ਰ ਸਨ। ਅੰਤ 'ਚ ਪ੍ਰਧਾਨ ਡਾ. ਸੰਤੋਖ ਸਿੰਘ ਜੋਸਨ ਨੇ ਆਏ ਹੋਏ ਡਾਕਟਰਾਂ ਦਾ ਧੰਨਵਾਦ ਕੀਤਾ ਤੇ ਅਗਲੇ ਮਹੀਨੇ ਦੀ ਮੀਟਿੰਗ ਵਿੱਚ ਆਉਣ ਦਾ ਸੱਦਾ ਦਿੱਤਾ।

# ਪੁਲਸ ਵੱਲੋਂ 31 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਤੇ ਨਸ਼ੀਲੇ ਪਦਾਰਥ ਨਸ਼ਟ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰੀ ਖ਼ਿਲਾਫ਼ ਆਪਣੀ ਕਾਰਵਾਈ ਨੂੰ ਹੋਰ ਤੇਜ਼ ਕਰਦਿਆਂ ਤਰਨ ਤਾਰਨ ਪੁਲਸ ਵੱਲੋਂ 61 ਐੱਨ.ਡੀ.ਪੀ.ਐੱਸ. ਮਾਮਲਿਆਂ ਵਿੱਚ ਜ਼ਬਤ ਕੀਤੇ ਗਏ ਨਸ਼ੀਲੇ ਪਦਾਰਥਾਂ ਨੂੰ ਸਾਰੀਆਂ ਕਾਨੂੰਨੀ ਕਾਰਵਾਈਆਂ ਪੂਰੀਆਂ ਕਰਨ ਉਪਰੰਤ ਨਸ਼ਟ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਪੁਲਿਸ ਕਪਤਾਨ ਤਰਨ ਤਾਰਨ ਸੁਰੇਂਦਰ ਲਾਂਬਾ, ਆਈ.ਪੀ.ਐੱਸ. ਨੇ ਦੱਸਿਆ ਕਿ ਨਸ਼ੀਲੇ ਪਦਾਰਥਾਂ ਦੇ ਨਿਪਟਾਰੇ ਦੀ ਪੂਰੀ ਪ੍ਰਕਿਰਿਆ ਡੀ.ਆਈ.ਜੀ. ਫਿਰੋਜ਼ਪੁਰ ਰੇਂਜ ਸਨੇਹਦੀਪ ਸ਼ਰਮਾ, ਆਈ.ਪੀ.ਐਸ. ਦੀ ਅਗਵਾਈ ਹੇਠ ਅਤੇ ਮਨੋਨੀਤ ਡਰੱਗ ਡਿਸਪੋਜ਼ਲ ਕਮੇਟੀ ਦੀ ਨਿਗਰਾਨੀ ਵਿੱਚ ਐੱਨ.ਡੀ.ਪੀ.ਐੱਸ. ਐਕਟ ਅਤੇ ਮਾਣਯੋਗ ਅਦਾਲਤਾਂ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਮਲ ਵਿੱਚ ਲਿਆਂਦੀ ਗਈ।



ਨਸ਼ਟ ਕੀਤੇ ਗਏ ਨਸ਼ੀਲੇ ਪਦਾਰਥਾਂ ਵਿੱਚ 31.068 ਕਿਲੋਗ੍ਰਾਮ ਹੈਰੋਇਨ, 4.450 ਕਿਲੋਗ੍ਰਾਮ ਇੰਟੋਕਸੀਕੈਂਟ ਪਾਊਡਰ, 1,070 ਟੈਬਲਟਾਂ, 89 ਕੈਪਸੂਲਾਂ ਅਤੇ 2.692 ਕਿਲੋਗ੍ਰਾਮ ਪੈਕਿੰਗ ਮਟੀਰੀਅਲ ਸ਼ਾਮਲ ਸੀ, ਜੋ ਕਿ ਤਰਨ ਤਾਰਨ ਜ਼ਿਲ੍ਹੇ ਦੇ ਵੱਖ-ਵੱਖ ਐਨ.ਡੀ.ਪੀ.ਐਸ. ਮਾਮਲਿਆਂ ਵਿੱਚ ਬਰਾਮਦ ਕੀਤਾ ਗਿਆ ਸੀ। ਐੱਸ.ਐੱਸ.ਪੀ. ਸੁਰੇਂਦਰ ਲਾਂਬਾ, ਆਈ.ਪੀ.ਐੱਸ. ਨੇ ਦੱਸਿਆ ਕਿ ਨਸ਼ੀਲੇ ਪਦਾਰਥਾਂ ਦੇ ਨਿਪਟਾਰੇ ਦੀ ਸਮੁੱਚੀ ਪ੍ਰਕਿਰਿਆ ਪੂਰੀ ਜਾਂਚ-ਪੜਤਾਲ, ਦਸਤਾਵੇਜ਼ੀ ਕਾਰਵਾਈ ਅਤੇ ਕਾਨੂੰਨੀ ਪ੍ਰਬੰਧਾਂ ਦੀ ਪਾਲਣਾ ਕਰਦਿਆਂ ਪੂਰੀ ਪਾਰਦਰਸ਼ਤਾ ਅਤੇ ਜਵਾਬਦੇਹੀ ਨਾਲ ਅਮਲ ਵਿੱਚ ਲਿਆਂਦੀ ਗਈ। ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਲਈ ਪੰਜਾਬ ਪੁਲਸ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਉਨ੍ਹਾਂ ਕਿਹਾ ਕਿ ਤਰਨ ਤਾਰਨ ਪੁਲਸ ਨਸ਼ਾ ਤਸਕਰੀ ਦੇ ਨੈੱਟਵਰਕ ਨੂੰ ਤੋੜਨ ਅਤੇ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਾ ਤਸਕਰੀ ਨਾਲ ਸਬੰਧਤ ਕਿਸੇ ਵੀ ਜਾਣਕਾਰੀ ਨੂੰ ਪੁਲਿਸ ਨਾਲ ਸਾਂਝਾ ਕਰਨ ਤਾਂ ਜੋ ਸਾਂਝੇ ਯਤਨਾਂ ਨਾਲ ਸਮਾਜ ਵਿੱਚੋਂ ਨਸ਼ਿਆਂ ਦੀ ਬੁਰਾਈ ਨੂੰ ਜੜ੍ਹੋਂ ਖਤਮ ਕੀਤਾ ਜਾ ਸਕੇ ।

# ਸਫ਼ਾਈ ਸੇਵਕ ਯੂਨੀਅਨ ਵੱਲੋਂ ਰੋਸ ਪ੍ਰਦਰਸ਼ਨ



**ਕਾਦੀਆਂ (ਯਾਦਦਵਿੰਦਰ ਸਿੰਘ ਮਲਹੋਤਰਾ)**- ਸਫ਼ਾਈ ਸੇਵਕ ਯੂਨੀਅਨ ਦੇ ਸੂਬਾ ਪੱਧਰੀ ਸੱਦੇ ਤਹਿਤ, ਸੰਗਰੂਰ ਵਿਖੇ ਸਫ਼ਾਈ ਸੇਵਕ ਆਗੂਆਂ ਦੀ ਹੋਈ ਗ੍ਰਿਫ਼ਤਾਰੀ ਅਤੇ ਮੁਲਾਜ਼ਮਾਂ ਨਾਲ ਹੋਈ ਵਧੀਕੀ ਦੇ ਖਿਲਾਫ ਕਾਦੀਆਂ ਦੇ ਥਾਣੇ ਵਾਲੇ ਚੌਕ ਵਿੱਚ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਆਗੂ ਮੇਜਰ ਸਿੰਘ ਕੋਟ ਟੋਡਰ ਮੱਲ ਅਤੇ ਸਫ਼ਾਈ ਸੇਵਕ ਯੂਨੀਅਨ ਕਾਦੀਆਂ ਦੇ ਪ੍ਰਧਾਨ ਰਹਿਮਤ ਨੇ ਸਾਂਝੇ ਤੌਰ ਤੇ ਦੱਸਿਆ ਕਿ ਸਫ਼ਾਈ ਸੇਵਕ ਅਤੇ ਮਿਊਂਸੀਪਲ ਕਾਮੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ, ਤਨਖਾਹਾਂ ਵਿੱਚ ਵਾਧਾ ਕਰਨ ਅਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਵਰਗੀਆਂ ਮੰਨੀਆਂ ਹੋਈਆਂ ਮੰਗਾਂ ਦੇ ਨੋਟੀਫਿਕੇਸ਼ਨ ਜਾਰੀ ਕਰਵਾਉਣ ਲਈ 8 ਜੁਲਾਈ ਤੋਂ ਹੜਤਾਲ ਤੇ ਹਨ।ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ:ਲੋਕਤੰਤਰ ਵਿੱਚ ਹੱਕ ਮੰਗਦੇ ਮੁਲਾਜ਼ਮਾਂ 'ਤੇ ਲਾਠੀਆਂ ਅਤੇ ਗ੍ਰਿਫ਼ਤਾਰੀਆਂ ਦਾ ਜਬਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਪੰਜਾਬ ਦੀ ਮਾਨ ਸਰਕਾਰ ਲੋਕਾਂ ਦੇ ਮਸਲੇ ਹੱਲ ਕਰਨ ਦੀ ਬਜਾਏ ਜਬਰ ਦੇ ਰਾਹ ਪਈ ਹੋਈ ਹੈ, ਜਿਸ ਨਾਲ ਇਸ ਦੇ ਜਮਹੂਰੀ ਹੋਣ ਦਾ ਭਰਮ ਵੀ ਟੁੱਟ ਗਿਆ ਹੈ।ਇਹ ਸੰਘਰਸ਼ ਜਬਰ ਨਾਲ ਦਬਾਇਆ ਨਹੀਂ ਜਾ ਸਕਦਾ।ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਨੇ ਸਫ਼ਾਈ ਸੇਵਕਾਂ ਅਤੇ ਮਗਨਰੇਗਾ ਮੁਲਾਜ਼ਮਾਂ ਦੇ ਸੰਘਰਸ਼ ਨੂੰ ਹਰ ਪੱਧਰ 'ਤੇ ਡੱਟਵੀਂ ਹਮਾਇਤ ਦੇਣ ਦਾ ਐਲਾਨ ਕੀਤਾ।

# ਕੁੱਲ ਹਿੰਦ ਕਿਸਾਨ ਸਭਾ ਤੇ ਸਬਜ਼ੀ ਉਤਪਾਦਕ ਕਿਸਾਨ ਜਥੇਬੰਦੀ ਅੰਮ੍ਰਿਤਸਰ ਵੱਲੋਂ ਸੰਘਰਸ਼ ਦੀ ਚਿਤਾਵਨੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਕੁੱਲ ਹਿੰਦ ਕਿਸਾਨ ਸਭਾ ਅਤੇ ਸਬਜੀ ਉਤਪਾਦਿਕ ਕਿਸਾਨ ਜਥੇਬੰਦੀ ਅੰਮ੍ਰਿਤਸਰ ਦੀ ਮੀਟਿੰਗ ਪ੍ਰਧਾਨ ਭੁਪਿੰਦਰ ਸਿੰਘ ਤੀਰਥਪੁਰ ਦੀ ਪ੍ਰਧਾਨਗੀ ਹੇਠ ਨਵਾਂ ਪਿੰਡ ਵਿਖੇ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਲਖਬੀਰ ਸਿੰਘ ਨਿਜਾਮਪੁਰ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਕੇਦਰ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਜਾ ਕਰ ਮੁਕਤ ਵਪਾਰ ਸਮਝੌਤੇ ਅਤੇ ਪੰਜਾਬ ਸਰਕਾਰ ਵੱਲੋਂ ਦੁਬਾਰਾ ਲਿਆਂਦੀ ਜਾ ਰਹੀ ਲੈਂਡ ਪੂਲਿੰਗ ਪਾਲਸੀ ਖਿਲਾਫ 22 ਜੁਲਾਈ ਨੂੰ ਪੰਜਾਬ ਅੰਦਰ ਸਾਰੇ ਟੋਲ ਪਲਾਜ਼ਿਆਂ ਉੱਪਰ 12 ਤੋਂ 3 ਵਜੇ ਤੱਕ ਧਰਨੇ ਦੇ ਕੇ ਪਰਚੀ ਮੁਕਤ ਕਰਨ ਅਤੇ ਬੀਜੇਪੀ ਦੇ ਸੀਨੀਅਰ ਆਗੂਆਂ ਦੇ ਘਰਾਂ ਅੱਗੇ ਇਸ ਸਮਝੌਤੇ ਦੇ ਵਿਰੋਧ ਵਿੱਚ ਅਤੇ ਇਸ ਸਮਝੌਤੇ ਵਿੱਚੋਂ ਖੇਤੀਬਾੜੀ ਸੈਕਟਰ ਨੂੰ ਬਾਹਰ ਰੱਖਣ ਦੀ ਮੰਗ ਕੀਤੀ ਜਾਵੇਗੀ।ਇਸ ਤੋਂ ਇਲਾਵਾ ਮੋਰਚੇ ਦੀਆਂ ਬਕਾਇਆ ਮੰਗਾਂ ਐੱਮਐੱਸਪੀ, ਖ੍ਰੀਦ ਗਰੰਟੀ ਕਨੂੰਨ ਬਣਾਉਣ, ਬਿਜਲੀ ਅਤੇ ਬੀਜ ਬਿੱਲ ਵਾਪਿਸ ਲੈਣ, ਕਿਸਾਨਾਂ ਮਜ਼ਦੂਰਾਂ ਦਾ ਕਰਜ਼ਾ ਮੁਆਫ ਕਰਨ ਦੀ ਮੰਗ ਕੀਤੀ ਜਾਵੇਗੀ।ਇਸ ਦਿਨ ਅੰਮ੍ਰਿਤਸਰ ਜ਼ਿਲੇ ਦੇ ਤਿੰਨੇ ਟੋਲ ਪਲਾਜ਼ਿਆਂ ਨਿੱਜਰ (ਮਾਨਾਂਵਾਲਾ), ਕੱਥੂਨੰਗਲ ਅਤੇ ਛਿੱਡਣ (ਅਟਾਰੀ) ਉੱਪਰ ਧਰਨਿਆਂ ਅੰਦਰ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ।ਇਸ ਤੋਂ ਇਲਾਵਾ ਸਥਾਨਿਕ ਮਸਲਿਆਂ ਸਬਜ਼ੀ ਮੰਡੀ ਵੱਲਾ ਦੇ ਪ੍ਰਬੰਧਾਂ ਅੰਦਰ ਸੁਧਾਰ ਨਾ ਹੋਣ ਕਰਕੇ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਮਾਰਕੀਟ ਕਮੇਟੀ, ਜ਼ਿਲਾ ਮੰਡੀਕਰਣ ਅਤੇ ਸਿਵਲ ਪ੍ਰਸ਼ਾਸਨ ਨੂੰ ਵਾਰਨਿੰਗ ਦਿੱਤੀ ਗਈ ਕਿ ਜੇਕਰ ਅਧਿਕਾਰੀਆਂ ਵੱਲੋਂ ਜਥੇਬੰਦੀ ਨਾਲ ਕੀਤੇ ਗਏ ਵਾਅਦਿਆਂ ਮੁਤਾਬਿਕ ਸੁਧਾਰ ਨਾ ਹੋਇਆ ਤਾਂ ਜਥੇਬੰਦੀ ਨੂੰ ਦੁਬਾਰਾ ਸੰਘਰਸ਼ ਦਾ ਰਾਹ ਅਪਣਾਉਣਾ ਪਵੇਗਾ।ਮੀਟਿੰਗ ਅੰਦਰ ਕਿਸਾਨ ਆਗੂ ਕਰਨੈਲ ਸਿੰਘ, ਰਵਿੰਦਰ ਸਿੰਘ ਨਵਾਂ ਪਿੰਡ, ਬਲਵੰਤ ਸਿੰਘ ਤੀਰਥਪੁਰ, ਗੁਰਮੇਜ ਸਿੰਘ, ਮਲਕੀਤ ਸਿੰਘ ਮੱਖਣਵਿੰਡੀ, ਜਸਵਿੰਦਰ ਸਿੰਘ, ਜਸਪਾਲ ਸਿੰਘ ਨਬੀਪੁਰ, ਧਰਮਿੰਦਰ ਸਿੰਘ ਕਿਲਾ, ਜਸਜੀਤ ਸਿੰਘ ਧੰਜੂ, ਹਰਜੀਤ ਸਿੰਘ ਨਿਜ਼ਾਮਪੁਰ, ਮਹਿਲ ਸਿੰਘ ਛਾਪਾ, ਭੁਪਿੰਦਰ ਸਿੰਘ, ਅਵਤਾਰ ਸਿੰਘ ਵਡਾਲਾ ਜੌਹਲ ਆਦਿ ਹਾਜ਼ਰ ਸਨ।



# ਚੇਅਰਮੈਨ ਲਾਉਣ 'ਤੇ ਸਰਪੰਚ ਕੇਵਲ ਕ੍ਰਿਸ਼ਨ ਨਈਅਰ ਵੱਲੋਂ ਲਾਲਪੁਰਾ ਦਾ ਧੰਨਵਾਦ

**ਚੋਹਲਾ ਸਾਹਿਬ (ਰਮਨ ਚੱਢਾ)**- ਚੋਹਲਾ ਸਾਹਿਬ ਤੋਂ ਸਰਪੰਚ ਕੇਵਲ ਕ੍ਰਿਸ਼ਨ ਨਈਅਰ ਨੂੰ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਤੋਂ ਖੱਤਰੀ ਅਰੋੜਾ ਵੈੱਲਫੇਅਰ ਬੋਰਡ ਦੇ ਚੇਅਰਮੈਨ ਲਾਉਣ 'ਤੇ ਮੁੱਖ ਮੰਤਰੀ ਪੰਜਾਬ, ਅਮਨ ਅਰੋੜਾ ਕੈਬਨਿਟ ਮੰਤਰੀ ਪੰਜਾਬ ਹਲਕਾ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਦਾ ਧੰਨਵਾਦ ਕੀਤਾ।ਇਸ ਮੌਕੇ ਸੁਖਬੀਰ ਸਿੰਘ ਪੰਨੂ ਆੜ੍ਹਤੀਆ, ਪ੍ਰਦੀਪ ਕੁਮਾਰ ਵਿੱਲੋਂ, ਅੰਗਰੇਜ਼ ਸਿੰਘ, ਕੇਵਲ ਬਿੱਲਾ, ਕਾਕੇ ਸ਼ਾਹ, ਹਰਵਿੰਦਰ ਸਿੰਘ ਮੈਂਬਰ ਪੰਚਾਇਤ, ਪਲਵਿੰਦਰ ਸਿੰਘ ਪਿੰਦੋ ਮੈਂਬਰ ਪੰਚਾਇਤ, ਰਾਜ ਕੁਮਾਰ ਮੈਂਬਰ ਪੰਚਾਇਤ, ਜਗਦੀਸ਼ ਸਿੰਘ ਜੀਨਾ ਮੈਂਬਰ ਪੰਚਾਇਤ, ਸਰਬਜੀਤ ਸਿੰਘ ਸਾਬੀ (ਖੁਸ਼ੀ ਜਨਰਲ ਸਟੋਰ ਵਾਲੇ), ਬੇਨੀ ਚੋਹਲਾ, ਰਣਜੀਤ ਰਾਣਾ ਅਤੇ ਵੱਡੀ ਗਿਣਤੀ 'ਚ ਆਮ ਆਦਮੀ ਪਾਰਟੀ ਆਗੂਆਂ ਵੱਲੋਂ ਸਰਪੰਚ ਕੇਵਲ ਕ੍ਰਿਸ਼ਨ ਨਈਅਰ ਨੂੰ ਚੇਅਰਮੈਨ ਬਣਨ ਦੀਆਂ ਵਧਾਈਆਂ ਦਿੱਤੀਆਂ।



# ਗੁਰਇਕਬਾਲ ਸਿੰਘ ਮਾਹਲ ਦੀ ਅਗਵਾਈ ਹੇਠ ਵਿਸ਼ਾਲ ਰੋਡ ਸ਼ੋਅ ਕੱਢਿਆ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਕਾਦੀਆਂ ਵਿੱਚ ਆਮ ਆਦਮੀ ਪਾਰਟੀ ਦੀ ਪ੍ਰਧਾਨ ਬਣਨ ਉਪਰੰਤ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਦੀ ਅਗਵਾਈ ਹੇਠ ਕਾਦੀਆਂ ਸ਼ਹਿਰ ਵਿੱਚ ਵਿਸ਼ਾਲ ਰੋਡ ਸ਼ੋਅ ਕੱਢਿਆ ਗਿਆ। ਰੋਡ ਸ਼ੋਅ ਦੌਰਾਨ ਪਾਰਟੀ ਵਰਕਰਾਂ ਅਤੇ ਸ਼ਹਿਰ ਵਾਸੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਗੁਰਇਕਬਾਲ ਸਿੰਘ ਮਾਹਲ ਨੇ ਕਾਦੀਆਂ ਦੇ ਲੋਕਾਂ ਦਾ ਆਮ ਆਦਮੀ ਪਾਰਟੀ ਤੇ ਭਰੋਸਾ ਜਤਾਉਣ ਲਈ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਜਿੱਤ ਕਿਸੇ ਇੱਕ ਵਿਅਕਤੀ ਦੀ ਨਹੀਂ, ਸਗੋਂ ਕਾਦੀਆਂ ਦੇ ਹਰ ਨਾਗਰਿਕ ਦੀ ਜਿੱਤ ਹੈ, ਜਿਸ ਨੇ ਵਿਕਾਸ ਅਤੇ ਇਮਾਨਦਾਰ ਰਾਜਨੀਤੀ ਨੂੰ ਆਪਣਾ ਸਮਰਥਨ ਦਿੱਤਾ ਹੈ।ਰੋਡ ਸ਼ੋਅ ਦੌਰਾਨ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚ ਦੁਕਾਨਦਾਰਾਂ ਅਤੇ ਨਾਗਰਿਕਾਂ ਵੱਲੋਂ ਗੁਰਇਕਬਾਲ ਸਿੰਘ ਮਾਹਲ ਦਾ ਹਾਰ ਪਾ ਕੇ ਅਤੇ ਸਿਰੋਪਾਓ ਭੇਟ ਕਰਕੇ ਨਿੱਘਾ ਸਵਾਗਤ ਅਤੇ ਸਨਮਾਨ ਕੀਤਾ ਗਿਆ।ਲੋਕਾਂ ਨੇ ਆਮ ਆਦਮੀ ਪਾਰਟੀ ਦੀ ਨਵੀਂ ਟੀਮ ਨੂੰ ਵਧਾਈ ਦਿੰਦਿਆਂ ਸ਼ਹਿਰ ਦੇ ਵਿਕਾਸ ਲਈ ਪੂਰਾ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ। ਗੁਰਇਕਬਾਲ ਸਿੰਘ ਮਾਹਲ ਨੇ ਕਿਹਾ ਕਿ ਕਾਦੀਆਂ ਸ਼ਹਿਰ ਵਿੱਚ ਲੰਮੇ ਸਮੇਂ ਤੋਂ ਅਧੂਰੇ ਪਏ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਮੁਕੰਮਲ ਕਰਵਾਇਆ ਜਾਵੇਗਾ। ਸ਼ਹਿਰ ਦੀਆਂ ਸੜਕਾਂ, ਸੀਵਰੇਜ, ਸਫ਼ਾਈ, ਸਟਰੀਟ ਲਾਈਟਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਨਗਰ ਕੌਂਸਲ ਵੱਲੋਂ ਯੋਜਨਾਬੱਧ ਢੰਗ ਨਾਲ ਕੰਮ ਕੀਤਾ ਜਾਵੇਗਾ।ਉਨ੍ਹਾਂ ਭਰੋਸਾ ਦਿੱਤਾ ਕਿ ਕਾਦੀਆਂ ਨੂੰ ਇੱਕ ਸੁੰਦਰ, ਸਾਫ਼-ਸੁਥਰਾ ਅਤੇ ਵਿਕਸਤ ਸ਼ਹਿਰ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਜਰਨੈਲ ਸਿੰਘ ਮਾਹਲ, ਨਗਰ ਕੌਂਸਲ ਦੇ ਪ੍ਰਧਾਨ ਪਲਵਿੰਦਰ ਕੌਰ ਮਾਹਲ, ਵਾਇਸ ਪ੍ਰਧਾਨ ਗੁਰਦਿਲਬਾਗ ਸਿੰਘ ਮਾਹਲ, ਹਰਪ੍ਰੀਤ ਕੌਰ ਕੌਂਸਲਰ ਪੂਜਾ ਕੌਂਸਲਰ, ਰਾਜ ਕੁਮਾਰ ਕੌਂਸਲਰ, ਪੁਜਾ ਰਾਣੀ ਕੌਂਸਲਰ, ਸੁਰਿੰਦਰਪਾਲ ਕੌਂਸਲਰ, ਗਗਨਦੀਪ ਸਿੰਘ ਗਿੰਨੀ ਭਾਟੀਆ, ਸਾਬਕਾ ਵਿਜੇ ਕੁਮਾਰ, ਅਸ਼ੋਕ ਕੁਮਾਰ, ਸੁਖਵਿੰਦਰ ਨਾਹਰ, ਮੁਲਖਰਾਜ ਸਾਰੇ ਸਾਬਕਾ ਕੌਂਸਲਰ, ਹਰਪ੍ਰੀਤ ਸਿੰਘ ਮਾਹਲ, ਸਰਬਜੀਤ ਸਿੰਘ ਮਾਹਲ, ਹਰਪਾਲ ਸਿੰਘ ਕੰਗ ਸਰਪੰਚ, ਮੁਖਦੇਵ ਸਿੰਘ ਆਲੋਵਾਲ, ਜਸਪਾਲ ਸਿੰਘ ਪੰਧੇਰ, ਸਰਪੰਚ ਮਲਕੀਤ ਸਿੰਘ ਨਾਥਪੁਰ, ਬਿਕਰਮਜੀਤ ਸਿੰਘ ਧਾਲੀਵਾਲ ਬਚਿੱਤਰ ਸਿੰਘ ਠੱਕਰ ਸੰਧੂ ਆਦਿ ਹਾਜ਼ਰ ਸਨ।



# ਗੁ. ਸਰਹਾਲੀ ਕਲਾਂ ਵਿਖੇ ਲੱਗਾ ਅੱਖਾਂ ਦਾ ਮੁਫਤ ਚੈੱਕਅੱਪ ਕੈਂਪ

**ਚੋਹਲਾ ਸਾਹਿਬ (ਰਮਨ ਚੱਢਾ)** ਸਿਵਲ ਸਰਜਨ ਤਰਨ ਤਾਰਨ ਡਾਕਟਰ ਸੰਦੀਪ ਧਵਨ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐੱਚਸੀ ਸਰਹਾਲੀ ਕਲਾਂ ਦੀ ਯੋਗ ਅਗਵਾਈ ਹੇਠ ਅਪਥਾਲਮਿਕ ਅਫਸਰ ਜਸਵਿੰਦਰ ਸਿੰਘ ਵੱਲੋਂ ਗੁਰਦੁਆਰਾ ਸਾਹਿਬ ਸਰਹਾਲੀ ਕਲਾਂ ਵਿਖੇ ਮੁਫ਼ਤ ਅੱਖਾਂ ਦੀ ਜਾਂਚ ਦਾ ਕੈਂਪ ਲਗਾਇਆ ਗਿਆ। ਇਸ ਸਮੇਂ ਜਾਣਕਾਰੀ ਦਿੰਦੇ ਹੋਏ ਅਪਥਾਲਮਿਕ ਅਫਸਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਮੁਫ਼ਤ ਅੱਖਾਂ ਦੇ ਜਾਂਚ ਕੈਂਪ ਦੌਰਾਨ 74 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਜਿਨ੍ਹਾਂ ਵਿੱਚੋਂ 5 ਮਰੀਜ਼ਾਂ ਨੂੰ ਚਿੱਟੇ ਮੋਤੀਏ ਦੀ ਸ਼ਿਕਾਇਤ ਪਾਈ ਗਈ। 42 ਜ਼ਰੂਰਤਮੰਦ ਵਿਅਕਤੀਆਂ ਜਿਨ੍ਹਾਂ ਦੀ ਨਜ਼ਰਾਂ ਘੱਟ ਸੀ, ਨੂੰ ਮੁਫ਼ਤ ਐਨਕਾਂ ਵੰਡੀਆਂ ਗਈਆਂ। ਮਰੀਜ਼ਾਂ ਨੂੰ ਅੱਖਾਂ ਦੀ ਸਾਂਭ ਸੰਭਾਲ ਸੰਬੰਧੀ ਜਾਣਕਾਰੀ ਦਿੱਤੀ ਅਤੇ ਦੱਸਿਆ ਗਿਆ ਕਿ ਆਪਣੀਆਂ ਅੱਖਾਂ ਨੂੰ ਘੱਟੋ-ਮਿੱਟੀ ਅਤੇ ਤੇਜ਼ ਧੁੱਪ ਤੋਂ ਬਚਾਉਣ ਲਈ ਐਨਕਾਂ ਦੀ ਵਰਤੋਂ ਕਰੋ। ਖਾਸ ਕਰਕੇ ਅਖ਼ਬਾਰ ਜਾਂ ਕਿਤਾਬ ਪੜ੍ਹਨ ਅਤੇ ਟੀ. ਵੀ. ਜਾਂ ਮੋਬਾਇਲ ਵੇਖਣ ਵੇਲੇ ਜ਼ਰੂਰ ਐਨਕਾਂ ਦੀ ਵਰਤੋਂ ਕੀਤੀ ਜਾਵੇ।

ਉਨ੍ਹਾਂ ਦੱਸਿਆ ਕਿ ਸਮੇਂ ਸਮੇਂ ਤੇ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਲੋੜਵੰਦਾਂ ਨੂੰ ਮੁਫ਼ਤ ਐਨਕਾਂ ਵੰਡੀਆਂ ਜਾ ਰਹੀਆਂ ਹਨ।



# ਫੌਜ ਦੀ ਭਰਤੀ ਰੈਲੀ ਕਰਵਾਈ

**ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫਤਿਹਗੜ੍ਹ ਚੂੜੀਆਂ ਵਿਖੇ ਕਮਾਂਡਿੰਗ ਅਫਸਰ ਮੋਹਿਤ ਥਾਪਾ ਗਿਆਰਾਂ ਪੰਜਾਬ ਬਟਾਲੀਅਨ ਅੰਮ੍ਰਿਤਸਰ ਦੇ ਦਿਸ਼ਾ ਨਿਰਦੇਸ਼ ਹੇਠ ਪ੍ਰਿੰਸੀਪਲ ਅਨੀਤਾ ਅਰੋੜਾ ਦੀ ਅਗਵਾਈ ਅਤੇ ਮੇਜਰ ਅਮਰਬੀਰ ਸਿੰਘ ਰੰਧਾਵਾ ਮੁਰੀਦਕੇ ਵੱਲੋਂ ਸਕੂਲ ਵਿੱਚ ਫੌਜ ਦੀ ਭਰਤੀ ਰੈਲੀ ਕਰਵਾਈ ਗਈ। ਇਸ ਰੈਲੀ ਵਿੱਚ ਲਗਭਗ 200 ਬੱਚਿਆਂ ਨੇ ਭਾਗ ਲਿਆ। ਭਾਰਤੀ ਫੌਜ ਵੱਲੋਂ ਆਏ ਹਵਲਦਾਰ ਸਤਨਾਮ ਸਿੰਘ ਅਤੇ ਹਵਲਦਾਰ ਸਤਿੰਦਰ ਸਿੰਘ ਨੇ ਮੇਜਰ ਅਮਰਬੀਰ ਸਿੰਘ ਰੰਧਾਵਾ ਦੇ ਸਹਿਯੋਗ ਨਾਲ ਵੱਖ-ਵੱਖ ਟੈਸਟ ਲੈ ਕੇ 23 ਹੋਣਹਾਰ ਵਿਦਿਆਰਥੀਆਂ ਦੀ ਚੋਣ ਕੀਤੀ।ਇਸ ਮੌਕੇ ਸਪਨਾ ਕਟਾਰੀਆ, ਇੰਦਰਪਾਲ ਸਿੰਘ, ਰੀਟਾ ਰਾਣੀ, ਜਸਵਿੰਦਰ ਕੌਰ, ਜੋਤੀ ਬਾਲਾ, ਕਰਮਜੀਤ ਕੌਰ, ਮੁਨਾਕਸ਼ੀ ਸ਼ਰਮਾ ਅਤੇ ਹੋਰ ਸਟਾਫ ਹਾਜ਼ਰ ਸਨ।



# ਤਲਬੀਰ ਗਿੱਲ ਨੇ ਚੇਅਰਮੈਨ ਬੋਪਾਰਾਏ ਨੂੰ ਦਿੱਤੀਆਂ ਵਧਾਈਆਂ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਹਲਕਾ ਮਜੀਠਾ ਦੇ ਅਧੀਨ ਮਜੀਠਾ ਮਾਰਕਿਟ ਕਮੇਟੀ ਦੇ ਨਵ ਨਿਯੁਕਤ ਚੇਅਰਮੈਨ ਸ.ਬਲਵੀਰ ਸਿੰਘ ਬੋਪਾਰਾਏ ਨੂੰ ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਦੇ ਇੰਚਾਰਜ ਸਰਦਾਰ ਤਲਬੀਰ ਸਿੰਘ ਗਿੱਲ ਨੇ ਚੇਅਰਮੈਨ ਲੱਗਣ ਤੇ ਦਿੱਤੀ ਵਧਾਈ ਅਤੇ ਦਿੱਤੀਆਂ ਸ਼ੁਭਕਾਮਨਾਵਾਂ।ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਮੈਨੂੰ ਪੂਰਾ ਵਿਸ਼ਵਾਸ ਹੈ ਉਹ ਆਪਣੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਅਤੇ ਮਿਹਨਤ ਨਾਲ ਲੋਕ ਭਲਾਈ ਦੀ ਭਾਵਨਾ ਨਾਲ ਨਿਭਾਉਂਦੇ ਹੋਏ ਕਿਸਾਨਾਂ ਅਤੇ ਆਮ ਲੋਕਾਂ ਦੇ ਹਿੱਤ ਵਿੱਚ ਸ਼ਲਾਘਾਯੋਗ ਕੰਮ ਕਰਨਗੇ।ਇਸ ਮੌਕੇ ਹਲਕਾ ਕੁਆਰਡੀਨੇਟਰ-ਸਰਪੰਚ ਮਨਦੀਪ ਸਿੰਘ, ਭਿੰਦ ਸ਼ਾਹ ਮਜੀਠਾ, ਚੇਅਰਮੈਨ ਸਿਕੰਦਰ ਸਿੰਘ, ਸਰਪੰਚ ਮਿੱਠਾ ਸਿੰਘ, ਸ਼ਿਵਰਾਜ ਭੀਲੋਵਾਲ, ਮਲਕੀਤ ਭੋਏ, ਗੁਰਭੇਦ ਸਿੰਘ ਭੀਲੋਵਾਲ, ਜੋਬਨ ਜੋਗਾ ਸਿੰਘ, ਐੱਸਐੱਚਓ ਨਰੇਸ਼ ਕੁਮਾਰ ਮੱਤੇਵਾਲ, ਚਮਕੌਰ ਸਿੰਘ, ਮੰਗਲ ਸਿੰਘ, ਮੁਖਤਾਰ ਸਿੰਘ ਬੋਪਾਰਾਏ, ਗੁਰਬੀਰ ਸਿੰਘ ਆਦਿ ਹਾਜ਼ਰ ਸਨ।



# ਬਟਾਲਾ ਰੋਡ, ਵੇਰਕਾ ਬਾਈਪਾਸ ਤੇ ਰਾਮ ਤਲਾਈ ਰੋਡ ਤੋਂ ਨਾਜਾਇਜ਼ ਕਬਜ਼ੇ ਹਟਾਏ

**ਅੰਮ੍ਰਿਤਸਰ (ਜਗਦੀਸ਼ ਕਮਲੇਸ਼)**- ਨਗਰ ਨਿਗਮ ਅੰਮ੍ਰਿਤਸਰ ਦੇ ਐਸਟੇਟ ਵਿੰਗ ਵੱਲੋਂ ਸ਼ਹਿਰ ਵਿੱਚ ਨਾਜਾਇਜ਼ ਕਬਜ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਬਟਾਲਾ ਰੋਡ, ਵੇਰਕਾ ਬਾਈਪਾਸ ਅਤੇ ਰਾਮ ਤਲਾਈ ਰੋਡ 'ਤੇ ਵਿਸ਼ੇਸ਼ ਕਾਰਵਾਈ ਕਰਦਿਆਂ ਸੜਕਾਂ, ਫੁੱਟਪਾਥਾਂ ਅਤੇ ਸਰਕਾਰੀ ਥਾਵਾਂ ਤੋਂ ਨਾਜਾਇਜ਼ ਕਬਜ਼ੇ ਹਟਾਏ ਗਏ।ਇਹ ਕਾਰਵਾਈ ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਵਧੀਕ ਨਗਰ ਨਿਗਮ ਕਮਿਸ਼ਨਰ ਡਾ. ਜੈ ਇੰਦਰ ਸਿੰਘ ਦੀ ਰਹਿਨੁਮਾਈ ਹੇਠ ਕੀਤੀ ਗਈ।ਮੁਹਿੰਮ ਦੌਰਾਨ ਨਿਯਮਾਂ ਦੀ ਉਲੰਘਣਾ ਕਰਕੇ ਰੱਖਿਆ ਗਿਆ ਸਮਾਨ, ਡਿਸਪਲੇ ਆਈਟਮ ਅਤੇ ਹੋਰ ਸਮੱਗਰੀ ਜ਼ਬਤ ਕੀਤੀ ਗਈ।ਸੜਕਾਂ ਅਤੇ ਫੁੱਟਪਾਥਾਂ 'ਤੇ ਕੀਤੇ ਗਏ ਨਾਜਾਇਜ਼ ਕਬਜ਼ਿਆਂ ਨੂੰ ਹਟਾ ਕੇ ਆਵਾਜਾਈ ਨੂੰ ਸੁਚਾਰੂ ਬਣਾਇਆ ਗਿਆ।ਨਗਰ ਨਿਗਮ ਦੇ ਅਧਿਕਾਰੀਆਂ ਨੇ ਕਿਹਾ ਕਿ ਸਰਕਾਰੀ ਥਾਵਾਂ 'ਤੇ ਨਾਜਾਇਜ਼ ਕਬਜ਼ਿਆਂ ਕਾਰਨ ਆਮ ਲੋਕਾਂ ਅਤੇ ਰਾਹਗੀਰਾਂ ਨੂੰ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਲਈ ਅਜਿਹੇ ਕਬਜ਼ਿਆਂ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਨਗਰ ਨਿਗਮ ਨੇ ਦੁਕਾਨਦਾਰਾਂ ਅਤੇ ਕਬਜ਼ਾਕਾਰਾਂ ਨੂੰ ਸਖ਼ਤ ਚੇਤਾਵਨੀ ਦਿੱਤੀ ਹੈ ਕਿ ਉਹ ਦੁਬਾਰਾ ਸਰਕਾਰੀ ਜਗ੍ਹਾ 'ਤੇ ਕਬਜ਼ਾ ਨਾ ਕਰਨ।ਜੇਕਰ ਦੁਬਾਰਾ ਕਬਜ਼ਾ ਕੀਤਾ ਗਿਆ ਤਾਂ ਨਿਯਮਾਂ ਅਨੁਸਾਰ ਸਖ਼ਤ ਕਾਨੂੰਨੀ ਕਾਰਵਾਈ ਕਰਦੇ ਹੋਏ ਸਾਮਾਨ ਜ਼ਬਤ ਕੀਤਾ ਜਾਵੇਗਾ ਅਤੇ ਜੁਰਮਾਨਾ ਵੀ ਲਗਾਇਆ ਜਾਵੇਗਾ।ਇਹ ਕਾਰਵਾਈ ਸਕੱਤਰ-ਕਮ-ਐਸਟੇਟ ਅਫ਼ਸਰ ਸੁਸ਼ਾਂਤ ਭਾਟੀਆ ਅਤੇ ਐਸਟੇਟ ਅਫ਼ਸਰ ਧਰਮਿੰਦਰਜੀਤ ਸਿੰਘ ਦੀ ਨਿਗਰਾਨੀ ਹੇਠ ਕੀਤੀ ਗਈ। ਨਗਰ ਨਿਗਮ ਅੰਮ੍ਰਿਤਸਰ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਜਨਤਕ ਥਾਵਾਂ ਨੂੰ ਨਾਜਾਇਜ਼ ਕਬਜ਼ਿਆਂ ਤੋਂ ਮੁਕਤ ਰੱਖਣ ਲਈ ਨਿਗਮ ਦਾ ਸਹਿਯੋਗ ਕਰਨ, ਤਾਂ ਜੋ ਸ਼ਹਿਰ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਆਵਾਜਾਈ ਲਈ ਸੁਗਮ ਬਣਾਇਆ ਜਾ ਸਕੇ।



# ਪ੍ਰਧਾਨ ਮੰਤਰੀ ਦੇ ਜਲੰਧਰ ਦੌਰੇ ਮੌਕੇ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**- ਅੰਮ੍ਰਿਤਸਰ ਦੇ ਗੋਲਡਨ ਗੇਟ ਤੇ ਕਿਸਾਨ ਮਜ਼ਦੂਰ ਮੋਰਚਾ (ਕੇ. ਐੱਮ. ਐੱਮ.) ਦੇ ਐਲਾਨ ਦੇ ਚਲਦੇ ਪ੍ਰਧਾਨ ਮੰਤਰੀ ਦੇ ਜਲੰਧਰ ਦੌਰੇ ਮੌਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ, ਸੂਬਾਈ ਆਗੂ ਗੁਰਬਚਨ ਸਿੰਘ ਚੱਬਾ ਅਤੇ ਜਰਮਨਜੀਤ ਬੰਡਾਲਾ ਦੀ ਅਗਵਾਈ ਵਿੱਚ ਪੁਤਲਾ ਫੂਕ ਪ੍ਰਦਰਸ਼ਨ ਕੀਤਾ ਗਿਆ ।ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕੀਤੇ ਜਾ ਰਹੇ ਫ੍ਰੀ ਟ੍ਰੇਡ ਸਮਝੌਤੇ ਦੇਸ਼ ਦੇ ਕਿਸਾਨਾਂ, ਮਜ਼ਦੂਰਾਂ, ਡੇਅਰੀ ਖੇਤਰ, ਛੋਟੇ ਵਪਾਰੀਆਂ ਅਤੇ ਆਮ ਲੋਕਾਂ ਦੇ ਹਿੱਤਾਂ ਤੇ ਗੰਭੀਰ ਹਮਲਾ ਹਨ, ਸੋ ਸਰਕਾਰ ਨੂੰ ਤੁਰੰਤ ਅਜਿਹੇ ਸਮਝੌਤਿਆਂ ਤੋਂ ਪਿੱਛੇ ਹਟਣਾ ਚਾਹੀਦਾ ਹੈ। ਉਹਨਾ ਕਿਹਾ ਕਿ ਸਾਰੀਆਂ ਫ਼ਸਲਾਂ ਦੀ ਖਰੀਦ ਲਈ ਘੱਟੋ-ਘੱਟ ਸਮਰਥਨ ਮੁੱਲ ਦਾ (ਐੱਮ. ਐੱਸ. ਪੀ.) ਗਾਰੰਟੀ ਕਾਨੂੰਨ ਬਣਾਇਆ ਜਾਵੇ, ਸਵਾਮੀਨਾਥਨ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ ਸੀ-2+50 ਫ਼ੀਸਦੀ ਫਾਰਮੂਲੇ ਮੁਤਾਬਕ ਫ਼ਸਲਾਂ ਦੇ ਭਾਅ ਲਾਗੂ ਕੀਤੇ ਜਾਣ, ਕਿਸਾਨਾਂ ਅਤੇ ਮਜ਼ਦੂਰਾਂ ਦੀ ਸੰਪੂਰਨ ਕਰਜ਼ਾ ਮੁਕਤੀ ਕੀਤੀ ਜਾਵੇ। ਉਹਨਾ ਕਿਹਾ ਕਿ ਸਾਰੇ ਲੋਕ ਹਿੱਤਾਂ ਵਿੱਚ ਚੱਲੇ ਕਿਸਾਨ ਮਜਦੂਰ ਸੰਘਰਸ਼ਾ ਦੌਰਾਨ ਪਾਏ ਗਏ ਪੁਲਸ ਅਤੇ ਰੇਲਵੇ ਨਾਲ ਸੰਬੰਧਿਤ ਕੇਸ ਰੱਦ ਕੀਤੇ ਜਾਣ।ਆਗੂਆਂ ਕਿਹਾ ਕਿ ਕੇਂਦਰ ਸਰਕਾਰ ਲਗਾਤਾਰ ਕਾਰਪੋਰੇਟ ਪੱਖੀ ਨੀਤੀਆਂ ਲਾਗੂ ਕਰਕੇ ਖੇਤੀਬਾੜੀ, ਲਘੂ ਉਦਯੋਗ ਅਤੇ ਪੇਂਡੂ ਅਰਥਚਾਰੇ ਨੂੰ ਕਮਜ਼ੋਰ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਦੇਸ਼ ਬਚਾਓ ਮੋਰਚੇ ਦੇ ਸੱਦੇ ਤੇ 21 ਤਰੀਕ ਨੂੰ ਫ੍ਰੀ ਟ੍ਰੇਡ ਸਮਝੌਤਿਆਂ ਖ਼ਿਲਾਫ਼ ਕਿਸਾਨ ਘਾਟ ਤੇ ਹੋਣ ਜਾ ਰਹੀ ਮਹਾ ਪੰਚਾਇਤ ਲਈ ਜਿਲ੍ਹੇ ਤੋਂ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਅਤੇ ਆਮ ਜਨਤਾ ਵੱਲੋਂ ਸ਼ਿਰਕਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਦੇਸ਼ ਵਾਸੀਆਂ ਦੀਆਂ ਜਾਇਜ਼ ਮੰਗਾਂ ਤੇ ਗੌਰ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਕਿਸਾਨ ਮਜ਼ਦੂਰ ਮੋਰਚਾ ਦੇ ਸੱਦੇ ਤੇ ਅੱਜ ਵੱਖ-ਵੱਖ ਜ਼ਿਲ੍ਹਿਆਂ ਵਿੱਚ ਹੋਏ ਰੋਸ ਪ੍ਰਦਰਸ਼ਨਾਂ ਵਿੱਚ ਸਮੂਹ ਵਰਗਾ ਵੱਲੋਂ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਇੱਕਜੁੱਟ ਆਵਾਜ਼ ਬੁਲੰਦ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਆਉਂਦੇ ਦਿਨਾਂ ਵਿੱਚ ਦੇਸ਼ ਬਚਾਓ ਮੋਰਚਾ ਵੱਲੋਂ ਦਿੱਤੇ ਜਾਣ ਵਾਲੇ ਪ੍ਰੋਗਰਾਮਾਂ ਨੂੰ ਪੂਰੀ ਤਨਦੇਹੀ ਨਾਲ਼ ਲਾਗੂ ਕੀਤਾ ਜਾਵੇਗਾ।



# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਚਵਿੰਡਾ ਦੇਵੀ ਤੋਂ ਤੀਸਰੀ ਬੱਸ ਰਵਾਨਾ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਹਲਕਾ ਮਜੀਠਾ 'ਚ ਪੈਂਦੇ ਪਿੰਡ ਚਵਿੰਡਾ ਦੇਵੀ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੁਆਰਾ ਤੀਸਰੀ ਬੱਸ ਰਵਾਨਾ ਕੀਤੀ ਗਈ।ਇਸ ਤੋਂ ਪਹਿਲਾਂ ਪਿੰਡ ਚਵਿੰਡਾ ਦੇਵੀ ਬੂਥ ਨੰਬਰ 123 ਅਤੇ 124 ਦੋ ਮੁਫਤ ਬੱਸਾਂ ਰਵਾਨਾ ਕੀਤੀਆਂ ਗਈਆਂ, ਜਿਸ ਵਿੱਚ ਬਜ਼ੁਰਗਾਂ ਨੂੰ ਚਾਰ ਗੁਰਧਾਮ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ, ਮਾਤਾ ਨੈਣਾਂ ਦੇਵੀ ਅਤੇ ਅਜੂਬਾ ਦੀ ਯਾਤਰਾ ਕਰਵਾਈ ਗਈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਦੀਪਕ ਭੰਡਾਰੀ ਨੇ ਦੱਸਿਆ ਕਿ ਇਹ ਤੀਸਰੀ ਯਾਤਰਾ ਸਰਦਾਰ ਭਗਵੰਤ ਮਾਨ ਦੁਆਰਾ ਅਤੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਰਹਿਨੁਮਾਈ ਹੇਠ ਰਵਾਨਾ ਕੀਤੀ ਜਾ ਰਹੀ ਹੈ।ਇਸ ਮੌਕੇ ਸ਼ਰਧਾਲੂਆਂ ਨੇ ਭਗਵੰਤ ਮਾਨ ਦਾ ਅਤੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਵਿੱਚ ਖੁਸ਼ੀ ਅਤੇ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਇਸ ਮੌਕੇ ਚੇਅਰਮੈਨ ਦੀਪਕ ਭੰਡਾਰੀ, ਜਗਦੀਪ ਸ਼ਰਮਾ (ਜੱਜ), ਮਾਸਟਰ ਬਲਦੇਵ, ਸੋਡੀ ਟੇਲਰ, ਸੱਤਾ ਸਿੰਘ, ਮਨਦੀਪ ਕੁਮਾਰ (ਸੋਨੂੰ) ਆਦਿ ਹਾਜ਼ਰ ਸਨ।

# ਪੈਸੇ ਖੋਹ ਕੇ ਭੱਜੇ ਲੁਟੇਰਿਆਂ ਨੂੰ ਸਰਪੰਚ ਨੇ ਕੀਤਾ ਕਾਬੂ

**ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)**- ਫਤਿਹਗੜ੍ਹ ਚੂੜੀਆਂ ਨਜ਼ਦੀਕ ਕਾਲਾ ਅਫਗਾਨਾਂ ਤੋਂ ਭਾਲੋਵਾਲੀ ਨੂੰ ਜਾਂਦੀ ਸੜਕ ਉਪਰ ਦੋ ਮੋਟਰਸਾਈਕਲ ਸਵਾਰ ਲੋਟੇਰਿਆਂ ਨੇ ਇੱਕ ਬਜ਼ੁਰਗ ਕੋਲੋਂ ਪੈਸੇ ਖੋਹ ਕੇ ਭੱਜਣ ਦੀ ਕੋਸ਼ਿਸ਼ ਕੀਤੀ ਤਾਂ ਅਚਾਨਕ ਨਜ਼ਦੀਕੀ ਪਿੰਡ ਕਿਲਾ ਦੇਸਾ ਸਿੰਘ ਦੇ ਅਕਾਲੀ ਸਰਪੰਚ ਜਰਨੈਲ ਸਿੰਘ ਲਾਡੀ ਉੱਥੇ ਪਹੁੰਚ ਗਏ ।

ਜਿਸ ਨੂੰ ਵੇਖ ਕੇ ਦੋਵੇਂ ਲੁਟੇਰੇ ਉਥੋਂ ਭੱਜ ਨਿਕਲੇ ਅਤੇ ਸਰਪੰਚ ਵੱਲੋਂ ਬਹਾਦਰੀ ਵਿਖਾਉਂਦੇ ਹੋਏ ਗੱਡੀ ਉਪਰ ਉਨਾਂ ਦਾ ਪਿੱਛਾ ਕੀਤਾ ਗਿਆ ਅਤੇ ਸਰਪੰਚ ਵੱਲੋਂ ਕੁੱਝ ਕਿਲੋਮੀਟਰ ਜਾ ਕੇ ਉਨ੍ਹਾਂ ਦੇ ਮੋਟਰਸਾਈਕਲ ਨੂੰ ਹਲਕੀ ਟੱਕਰ ਮਾਰੀ ਅਤੇ ਦੋਵੇਂ ਨੌਜਵਾਨ ਮੋਟਰਸਾਈਕਲ ਤੋਂ ਡਿੱਗ ਗਏ ਅਤੇ ਉਥੋਂ ਖੇਤਾਂ ਨੂੰ ਦੌੜਨ ਲੱਗੇ। ਸਰਪੰਚ ਨੇ ਰੌਲਾ ਪਾਇਆ।

ਰੌਲਾ ਸੁਣ ਕੇ ਨਜ਼ਦੀਕੀ ਪਿੰਡ ਮਾਨ ਸੈਂਡਵਾਲ ਦੇ ਕੁੱਝ ਨੌਜਵਾਨ ਅੱਗੋਂ ਆ ਗਏ ਅਤੇ ਦੋਵਾਂ ਲੋਟੇਰਿਆਂ ਨੂੰ ਚਰੀ ਦੇ ਖੇਤ 'ਚੋਂ ਬਾਹਰ ਕੱਡ ਕੇ ਪੁਲਸ ਹਵਾਲੇ ਕਰ ਦਿੱਤਾ।ਇਸ ਸਬੰਧੀ ਥਾਣਾ ਘਣੀਏ ਕੇ ਬਾਂਗਰ ਦੇ ਐੱਸ ਐੱਚ ਓ ਲਖਵਿੰਦਰ ਸਿੰਘ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਲੁਟੇਰਿਆਂ ਵਿਰੁੱਧ ਮਾਮਲਾ ਦਰਜ ਕਰ ਕੇ ਜੇਲ ਭੇਜ ਦਿੱਤਾ ਗਿਆ ਹੈ।



ਸਰਪੰਚ ਜਰਨੈਲ ਸਿੰਘ ਲਾਡੀ

# ਜਗਜੀਤ ਸਿੰਘ ਸੋਨੂੰ ਰਾਮਗੜ੍ਹੀਆ ਵੈੱਲਫੇਅਰ ਬੋਰਡ ਦੇ ਚੇਅਰਮੈਨ ਨਿਯੁਕਤ



**ਬਟਾਲਾ, (ਡਾ. ਮਲਵਿੰਦਰ ਸਿੰਘ)**- ਆਮ ਆਦਮੀ ਪਾਰਟੀ, ਆਮ ਲੋਕਾਂ ਦੀ ਪਾਰਟੀ ਹੈ, ਜਿਸ ਵਿੱਚ ਆਮ ਘਰਾਂ ਦੇ ਲੋਕਾਂ ਨੂੰ ਵੱਡੀਆਂ ਜ਼ਿੰਮੇਵਾਰੀਆਂ ਦੇ ਕੇ ਨਿਵਾਜਿਆ ਗਿਆ ਹੈ।ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਜਗਜੀਤ ਸਿੰਘ ਸੋਨੂੰ ਨੂੰ ਹਲਕਾ ਬਟਾਲਾ ਦਾ ਰਾਮਗੜ੍ਹੀਆ ਵੈੱਲਫੇਅਰ ਬੋਰਡ ਦੇ ਚੇਅਰਮੈਨ ਨਿਯੁਕਤ ਹੋਣ ਤੇ ਮੁਬਾਰਕਬਾਦ ਦੇਣ ਉਪਰੰਤ ਕੀਤਾ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਆਮ ਆਦਮੀ ਪਾਰਟੀ, ਲੋਕਾਂ ਦੀ ਪਾਰਟੀ ਹੈ ਅਤੇ ਪਾਰਟੀ ਵਿੱਚ ਮਿਹਨਤ ਕੰਮ ਕਰਨ ਵਾਲੇ ਹਰ ਵਰਕਰ ਦੇ ਨਾਲ ਪਾਰਟੀ ਡੱਟ ਕੇ ਖੜੀ ਹੈ ਅਤੇ ਵਰਕਰਾਂ ਦੇ ਮਾਣ ਸਤਿਕਾਰ ਲਈ ਪਾਰਟੀ ਵਚਨਬੱਧ ਹੈ।ਉਨ੍ਹਾਂ ਕਿਹਾ ਰਿ ਪਾਰਟੀ ਵਲੋਂ ਵੱਖ-ਵੱਖ ਭਲਾਈ ਬੋਰਡਾਂ ਦਾ ਗਠਨ ਕੀਤਾ ਗਿਆ ਹੈ ਅਤੇ ਪਾਰਟੀ ਨਾਲ ਮੋਢੇ ਨਾਲ ਮੋਢਾ ਲਾ ਕੇ ਕੰਮ ਕਰਨ ਵਾਲੇ ਸਾਥੀਆਂ ਨੂੰ ਵੱਡੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ।ਉਹ ਸਾਰੇ ਸਾਥੀਆਂ ਮਿਲੀ ਜ਼ਿੰਮੇਵਾਰੀ ਲਈ ਦਿਲੋਂ ਮੁਬਾਰਕਬਾਦ ਦਿੱਤੀ।ਨਵ-ਨਿਯੁਕਤ ਚੇਅਰਮੈਨ ਜਗਜੀਤ ਸਿੰਘ ਸੋਨੂੰ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸਾਰਿਆਂ ਦੇ ਸਾਥ ਨਾਲ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨੂੰ ਹੋਰ ਮਿਹਨਤ ਨਾਲ ਘਰ-ਘਰ ਪਹੁੰਚਾਉਣਗੇ ਅਤੇ ਵਰਕਰਾਂ ਨਾਲ ਤਾਲਮੇਲ ਕਰਕੇ ਹਲਕੇ ਅੰਦਰ ਪਾਰਟੀ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਵਲੰਟੀਅਰ ਪਾਰਟੀ ਦੀ ਰੀੜ੍ਹ ਦੀ ਹੱਡੀ ਹਨ ਅਤੇ ਮਿਹਨਤ ਤੇ ਲਗਨ ਨਾਲ ਕੰਮ ਕਰਨ ਵਾਲੇ ਵਲੰਟੀਅਰ ਦਾ ਪਾਰਟੀ ਵੱਲੋਂ ਪੂਰਾ ਮਾਣ ਸਤਿਕਾਰ ਕੀਤਾ ਜਾਂਦਾ ਹੈ।

# ਡਰੋਨ ਉਡਾਉਣ ਤੇ ਲੇਜ਼ਰ ਲਾਈਟਾਂ ਦੀ ਵਰਤੋਂ 'ਤੇ ਮੁਕੰਮਲ ਪਾਬੰਦੀ

**ਅੰਮ੍ਰਿਤਸਰ (ਜਗਦੀਸ਼ ਕਮਲੇਸ਼)**- ਵਧੀਕ ਜ਼ਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਮੈਡਮ ਪੱਲਵੀ ਮਿਸ਼ਰਾ ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸਹਿੰਤਾ, 2023 ਦੀ ਧਾਰਾ 163 ਬੀ. ਐੱਨ. ਐੱਸ. ਐੱਸ. ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਜ਼ਿਲ੍ਹਾ ਅੰਮ੍ਰਿਤਸਰ ਵਿਚ ਪੈਂਦੇ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡਾ, ਅਜਨਾਲਾ ਰੋਡ, ਰਾਜਾਸਾਂਸੀ, ਅੰਮ੍ਰਿਤਸਰ ਦੇ ਆਲੇ-ਦੁਆਲੇ 10 ਕਿਲੋਮੀਟਰ ਦੇ ਘੇਰੇ ਅੰਦਰ ਬਿਨਾਂ ਸਮਰੱਥ ਅਥਾਰਿਟੀ ਦੀ ਪ੍ਰਵਾਨਗੀ ਦੇ ਡਰੋਨਜ਼ ਚਲਾਉਣ ਅਤੇ ਲੇਜ਼ਰ ਲਾਈਟ ਦੀ ਵਰਤੋਂ ਕਰਨ ਤੇ ਮੁਕੰਮਲ ਤੌਰ 'ਤੇ ਪਾਬੰਦੀ ਲਗਾਈ ਜਾਂਦੀ ਹੈ।ਇਹ ਹੁਕਮ ਮੈਰੇਜ ਪੈਲੇਸਾਂ, ਹੋਟਲਾਂ, ਰੈਸਟੋਰੈਂਟਾਂ ਅਤੇ ਪਬਲਿਕ ਫੰਕਸ਼ਨਾਂ ਤੇ ਵੀ ਲਾਗੂ ਹੋਣਗੇ।ਹੁਕਮਾਂ ਵਿਚ ਕਿਹਾ ਗਿਆ ਹੈ ਕਿ ਇਹ ਧਿਆਨ ਵਿਚ ਆਇਆ ਹੈ ਕਿ ਏਅਰਪੋਰਟ ਵਿਖੇ ਦਿਨ ਰਾਤ ਅੰਤਰਰਾਸ਼ਟਰੀ/ਘਰੇਲੂ ਉਡਾਨਾਂ ਆਉਂਦੀਆਂ ਤੇ ਜਾਂਦੀਆਂ ਹਨ।ਇਸ ਲਈ ਹਵਾਈ ਅੱਡੇ ਦੇ ਨਜ਼ਦੀਕ ਪੈਂਦੇ ਦਿਹਾਤੀ ਖੇਤਰ ਵਿੱਚ ਆਸ ਪਾਸ ਕਾਫ਼ੀ ਹੋਟਲ ਤੇ ਮੈਰਿਜ ਪੈਲਸ ਪੈਂਦੇ ਹਨ।ਜਿਥੇ ਆਮ ਪਬਲਿਕ ਆਪਣੇ ਫੰਕਸ਼ਨਾਂ ਦੀ ਡਰੋਨਜ਼ ਰਾਹੀਂ ਕਵਰਿੰਗ ਅਤੇ ਲੇਜ਼ਰ ਲਾਈਟ ਦੀ ਵਰਤੋਂ ਕਰਦੇ ਹਨ, ਜਿਨ੍ਹਾਂ ਦੀ ਆੜ ਵਿੱਚ ਕੋਈ ਸਮਾਜ ਵਿਰੋਧੀ ਅਨਸਰ ਕਿਸੇ ਸਮੇਂ ਵੀ ਵੱਡੇ ਹਾਦਸੇ ਨੂੰ ਅੰਜਾਮ ਦੇ ਸਕਦੇ ਹਨ।ਇਸ ਲਈ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਏਅਰਪੋਰਟ ਦੇ ਨਜ਼ਦੀਕ ਪੈਂਦੇ ਦਿਹਾਤੀ ਖੇਤਰ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਡਰੋਨਜ਼ ਚਲਾਉਣ ਅਤੇ ਲੇਜ਼ਰ ਲਾਈਟ ਦੀ ਵਰਤੋਂ 'ਤੇ ਮੁਕੰਮਲ ਪਾਬੰਦੀ ਲਗਾਈ ਜਾਂਦੀ ਹੈ।ਇਹ ਹੁਕਮ 6 ਸਤੰਬਰ 2026 ਤੱਕ ਲਾਗੂ ਰਹੇਗਾ।



# ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵਾਲਿਆਂ ਵੱਲੋਂ ਬੂਟੇ ਲਾਉਣ ਦੀ ਸੇਵਾ ਨਿਰੰਤਰ ਜਾਰੀ





**ਪੱਟੀ (ਸ਼ਮਸ਼ੇਰ ਸਿੰਘ ਯੋਧਾ)**- ਜ਼ਿਲ੍ਹਾ ਤਰਨਤਾਰਨ ਅਧੀਨ ਪੈਂਦੇ ਪਿੰਡ ਸਰਹਾਲੀ ਵਿਖੇ ਪੜਾਅ ਗੁਰਦੁਆਰਾ ਸੰਤ ਬਾਬਾ ਤਾਰਾ ਸਿੰਘ ਜੀ ਦੇ ਅਸਥਾਨ ਤੇ ਸੰਤ ਮਹਾਂਪੁਰਖ ਬਾਬਾ ਸੁੱਖਾ ਸਿੰਘ ਜੀ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵੱਲੋਂ ਹਰ ਸਾਲ ਬੂਟੇ ਲਗਾਏ ਜਾਂਦੇ ਹਨ।ਸਰਹਾਲੀ ਤੋਂ ਚੋਹਲਾ ਸਾਹਿਬ ਵਾਲੀ ਸੜਕ ਦੇ ਦੋਨੋਂ ਪਾਸੇ ਬੂਟੇ ਲਗਾਉਣ ਤੋਂ ਬਾਅਦ ਹੁਣ ਸਰਹਾਲੀ ਸਾਹਿਬ ਤੋਂ ਪੱਟੀ ਰੋਡ ਤੇ ਬੂਟੇ ਲਗਾਉਣ ਦੀ ਸੇਵਾ ਕੀਤੀ ਜਾ ਰਹੀ ਹੈ।ਇਨ੍ਹਾਂ ਗੱਲਾਂ ਦੀ ਜਾਣਕਾਰੀ ਸੰਪਰਦਾਇ ਦੇ ਜਥੇਦਾਰ ਸ਼ਬਦਲ ਸਿੰਘ ਨੇ ਪੱਤਰਕਾਰਾਂ ਨਾਲ ਸਾਂਝੀ ਕਰਦਿਆਂ ਦੱਸਿਆ ਕਿ ਸੰਤ ਮਹਾਂਪੁਰਖ ਸੰਤ ਬਾਬਾ ਸੁੱਖਾ ਸਿੰਘ ਪਿਛਲੇ ਦਿਨੀਂ ਆਸਟਰੇਲੀਆ ਵਿਖੇ ਗੁਰਮਤਿ ਪ੍ਰਚਾਰ ਫੇਰੀ ਤੇ ਗਏ ਹਨ ਅਤੇ ਉਹਨਾਂ ਵੱਲੋਂ ਹੋਏ ਆਦੇਸ਼ ਅਨੁਸਾਰ ਪਿਛਲੇ ਦੋ ਹਫ਼ਤਿਆਂ ਤੋਂ ਲਗਾਤਾਰ ਬੂਟੇ ਲਗਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਲਗਾਏ ਗਏ ਬੂਟਿਆਂ ਦੀ ਸਾਂਭ ਸੰਭਾਲ ਦੀ ਸੇਵਾ ਸਾਰਾ ਸਾਲ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਬੂਟਿਆਂ ਨੂੰ ਸਮੇਂ ਸਿਰ ਪਾਣੀ ਦੇਣਾ ਬਹੁਤ ਜ਼ਰੂਰੀ ਹੁੰਦਾ ਨਹੀਂ ਤਾਂ ਬੂਟੇ ਮੁਰਝਾ ਸਕਦੇ ਹਨ।ਇਸ ਮੌਕੇ ਚੇਅਰਮੈਨ ਗੁਰਮਹਾਂਵੀਰ ਸਿੰਘ, ਜਥੇਦਾਰ ਬਾਬਾ ਹਿੰਮਤ ਸਿੰਘ, ਜਥੇਦਾਰ ਬਾਬਾ ਤਰਸੇਮ ਸਿੰਘ, ਜਥੇਦਾਰ ਬਾਬਾ ਬਲਬੀਰ ਸਿੰਘ, ਬਾਬਾ ਬਲਦੇਵ ਸਿੰਘ, ਸਰਪੰਚ ਸਾਹਿਬ ਸਿੰਘ, ਅਜੈਬ ਸਿੰਘ, ਅਰਜਨ ਸਿੰਘ, ਜਰਮਨ ਸਿੰਘ, ਗੁਰਬਾਜ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

# ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਨੇ ਸੌਂਪਿਆ ਮੰਗ ਪੱਤਰ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਵੱਲੋਂ ਦੇਸ਼ ਬਚਾਓ ਮੋਰਚੇ ਦੀ ਕਾਲ ਤਹਿਤ ਸੂਬਾ ਜਰਨਲ ਸਕੱਤਰ ਦਿਲਬਾਗ ਸਿੰਘ ਦਰਾਜਕੇ ਦੀ ਪ੍ਰਧਾਨਗੀ ਹੇਠ ਭਿੱਖੀਵਿੰਡ ਐੱਸ ਡੀ ਐੱਮ ਦਫਤਰ ਤੱਕ ਵਿਸ਼ਾਲ ਰੋਡ ਮਾਰਚ ਕੱਢ ਕੇ ਮੰਗ ਪੱਤਰ ਸੌਂਪਿਆ ਗਿਆ।



ਇਸ ਮੌਕੇ ਦਿਲਬਾਗ ਸਿੰਘ ਦਰਾਜਕੇ ਨੇ ਕਿਸਾਨਾਂ ਦੇ ਇੱਕਠ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਅਸੀਂ ਸਪੱਸ਼ਟ ਤੌਰ ਤੇ ਕਹਿਣਾ ਚਾਹੁੰਦੇ ਹਾਂ ਕਿ ਪ੍ਰਸਤਾਵਿਤ ਭਾਰਤ ਅਮਰੀਕਾ ਵਪਾਰ ਸਮਝੌਤਾ ਦੇਸ਼ ਦੇ ਕਿਸਾਨਾਂ ਖੇਤ ਮਜ਼ਦੂਰਾਂ ਪਸ਼ੂ ਪਾਲਕਾਂ ਛੋਟੇ ਵਪਾਰੀਆਂ ਲਘੂ ਉਦਯੋਗਾਂ ਅਤੇ ਦੇਸ਼ ਦੀ ਖੁਰਾਕੀ ਅਤੇ ਆਰਥਿਕ ਖ਼ੁਦਮੁਖ਼ਤਿਆਰੀ ਲਈ ਗੰਭੀਰ ਖ਼ਤਰਾ ਹੈ। ਦੇਸ਼ ਬਚਾਓ ਮੋਰਚਾ ਇਸ ਭਾਰਤ ਅਮਰੀਕਾ ਵਪਾਰ ਸਮਝੌਤਾ ਦਾ ਪੂਰੀ ਤਰ੍ਹਾਂ ਵਿਰੋਧ ਕਰਦਾ ਹੈ।ਸਾਨੂੰ ਇਹ ਵਪਾਰ ਸਮਝੌਤਾ ਕਿਸੇ ਹਾਲਤ ਵਿੱਚ ਮਨਜ਼ੂਰ ਨਹੀਂ ਹੈ। ਅਸੀਂ ਭਾਰਤ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਭਾਰਤ ਅਮਰੀਕਾ ਮੁਕਤ ਵਪਾਰ (ਫ੍ਰੀ ਟਰੇਡ) ਸਮਝੋਤੇ ਨੂੰ ਤੁਰੰਤ ਪ੍ਰਭਾਵ ਨਾਲ ਰੱਦ ਕੀਤਾ ਜਾਵੇ। ਇਸ ਮੌਕੇ ਜ਼ਿਲ੍ਹਾ ਆਗੂ ਜਗਬੀਰ ਸਿੰਘ ਬੱਬੂ ਗੰਡੀਵਿੰਡ, ਭਿੱਖੀਵਿੰਡ ਬਲਾਕ ਮੀਡੀਆ ਇੰਚਾਰਜ ਗੁਰਪ੍ਰੀਤ ਸਿੰਘ ਗੋਲਾ, ਚੋਪੜਾ, ਗੁਰਭੇਜ ਸਿੰਘ,ਸਹਾਇਕ ਸਕੱਤਰ ਬਲਵੰਤ ਸਿੰਘ, ਬਲਾਕ ਪ੍ਰਧਾਨ ਗੁਰਸਾਹਿਬ ਸਿੰਘ, ਬਲਾਕ ਪ੍ਰਧਾਨ ਦਿਲਬਾਗ ਸਿੰਘ, ਬਲਾਕ ਆਗੂ ਸਾਹਿਬ ਸਿੰਘ, ਸਤਨਾਮ ਸਿੰਘ, ਅਮਰੀਕ ਸਿੰਘ, ਕਾਲਾ ਪੱਟੀ, ਬਲਾਕ ਪ੍ਰਧਾਨ ਸੁਖਚੈਨ ਸਿੰਘ, ਬਲਜਿੰਦਰ ਸਿੰਘ, ਗੁਰਦਿਆਲ ਸਿੰਘ, ਹਰਜੀਤ ਸਿੰਘ, ਰਾਜਵਿੰਦਰ ਸਿੰਘ, ਹਰਭਜਨ ਸਿੰਘ, ਜਸਪਾਲ ਸਿੰਘ, ਜਰਨੈਲ ਸਿੰਘ, ਇਕਾਈ ਪ੍ਰਧਾਨ ਬਲਵਿੰਦਰ ਸਿੰਘ, ਮਨਜੀਤ ਸਿੰਘ ਖਜਾਨਚੀ, ਗੁਰਸੇਵਕ ਸਿੰਘ, ਗੁਰਲਾਲ ਸਿੰਘ, ਜੁਗਰਾਜ ਸਿੰਘ, ਗੁਰਚੇਤ ਸਿੰਘ, ਕਰਮਜੀਤ ਸਿੰਘ, ਬੂਟਾ ਸਿੰਘ ਆਦਿ ਕਿਸਾਨ ਆਗੂ ਹਾਜ਼ਰ ਸਨ।

# ਨੀਤੂ ਮਨਹਾਸ ਨਗਰ ਕੌਂਸਲ ਦੀ ਪ੍ਰਧਾਨ ਤੇ ਸੁਰਿੰਦਰ ਸ਼ਰਮਾ ਉਪ ਪ੍ਰਧਾਨ ਚੁਣੇ ਗਏ

**ਪਠਾਨਕੋਟ (ਦਵਿੰਦਰ ਸਿੰਘ)**: ਸੁਜਾਨਪੁਰ ਨਗਰ ਕੌਂਸਲ ਦੇ ਪ੍ਰਧਾਨ ਅਤੇ ਉਪ ਪ੍ਰਧਾਨ ਦੀ ਚੋਣ ਪਠਾਨਕੋਟ ਦੇ ਜ਼ਿਲ੍ਹਾ ਪ੍ਰਸ਼ਾਸਨ ਕੰਪਲੈਕਸ ਦਫ਼ਤਰ ਵਿਖੇ ਹੋਈ।ਆਮ ਆਦਮੀ ਪਾਰਟੀ ਦੇ ਚਾਰ ਕੌਂਸਲਰ ਮੌਜੂਦ ਸਨ, ਜਿਨ੍ਹਾਂ ਵਿੱਚ ਨੀਤੂ ਮਨਹਾਸ, ਸੁਰਿੰਦਰ ਸ਼ਰਮਾ, ਰਾਣਾ ਪ੍ਰਤਾਪ ਅਤੇ ਸੁਦੇਸ਼ ਕੁਮਾਰੀ ਸ਼ਾਮਲ ਸਨ। ਨੀਤੂ ਮਨਹਾਸ ਨੂੰ ਸਰਬਸੰਮਤੀ ਨਾਲ ਪ੍ਰਧਾਨ ਅਤੇ ਸੁਰਿੰਦਰ ਸ਼ਰਮਾ ਨੂੰ ਸੁਜਾਨਪੁਰ ਨਗਰ ਕੌਂਸਲ ਦਾ ਉਪ ਪ੍ਰਧਾਨ ਚੁਣਿਆ ਗਿਆ।ਇਸ ਮੌਕੇ ਹਲਕਾ ਇੰਚਾਰਜ ਡਾ. ਸਵਰਨ ਸਿੰਘ ਸਲਾਰੀਆ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਸੁਜਾਨਪੁਰ ਵਿੱਚ ਆਮ ਆਦਮੀ ਪਾਰਟੀ (ਆਪ) ਨਗਰ ਕੌਂਸਲ ਬਣਾਈ ਗਈ ਹੈ, ਅਤੇ ਆਪ ਸੁਜਾਨਪੁਰ ਦੇ ਲੋਕਾਂ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਜਲਦੀ ਤੋਂ ਜਲਦੀ ਹੱਲ ਕਰੇਗੀ।ਉਨ੍ਹਾਂ ਭਰੋਸਾ ਦਿੱਤਾ ਕਿ ਪੂਰੇ ਸੁਜਾਨਪੁਰ ਖੇਤਰ ਦਾ ਸਹੀ ਢੰਗ ਨਾਲ ਵਿਕਾਸ ਕੀਤਾ ਜਾਵੇਗਾ।ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਨੀਤੂ ਮਨਹਾਸ ਨੇ ਕਿਹਾ ਕਿ ਉਹ ਸ਼ਹਿਰ ਦੇ ਵਿਕਾਸ ਅਤੇ ਬਿਹਤਰੀ ਲਈ ਸਾਰਿਆਂ ਨਾਲ ਮਿਲ ਕੇ ਕੰਮ ਕਰੇਗੀ ਅਤੇ ਸ਼ਹਿਰ ਦੇ ਸਾਰੇ ਮੁੱਦੇ ਬਿਨਾਂ ਕਿਸੇ ਭੇਦਭਾਵ ਦੇ ਹੱਲ ਕੀਤੇ ਜਾਣਗੇ।

ਉਨ੍ਹਾਂ ਕਿਹਾ ਕਿ ਉਹ ਆਮ ਆਦਮੀ ਪਾਰਟੀ ਹਾਈ ਕਮਾਂਡ ਵੱਲੋਂ ਸੁਜਾਨਪੁਰ ਨਗਰ ਕੌਂਸਲ ਦੀ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਮਿਹਨਤ ਨਾਲ ਨਿਭਾਉਣਗੇ। ਨਵ-ਨਿਯੁਕਤ ਕੌਂਸਲ ਪ੍ਰਧਾਨ ਅਤੇ ਉਪ ਪ੍ਰਧਾਨ ਦੇ ਸੁਜਾਨਪੁਰ ਪਹੁੰਚਣ ਤੇ ਉਨ੍ਹਾਂ ਦੇ ਵਰਕਰਾਂ ਨੇ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਦੇ ਉਪ ਚੇਅਰਮੈਨ ਸ੍ਰੀ ਸਾਹਿਬ ਸਿੰਘ ਸਾਬਾ, ਨਗਰ ਪ੍ਰੀਸ਼ਦ ਦੇ ਸਾਬਕਾ ਉਪ ਪ੍ਰਧਾਨ ਸੁਰੇਂਦਰ ਮਨਹਾਸ, ਕੌਂਸਲਰ ਰਾਣਾ ਪ੍ਰਤਾਪ, ਕੌਂਸਲਰ ਸੁਦੇਸ਼ ਕੁਮਾਰੀ, ਤਰਸੇਮ ਲਾਲ, ਸੁਭਾਸ਼ ਵਰਮਾ, ਪੁਨੀਤ ਸਿੰਘ ਇੰਜੀਨੀਅਰ ਅਜੈ ਮਹਾਜਨ, ਰਾਜੇਸ਼ ਰਾਜੂ, ਸੁਭਾਸ਼ ਕਾਲਾ, ਅਜੈਸ਼ ਮਹਾਜਨ, ਸੰਦੀਪ ਸ਼ਰਮਾ ਮੌਜੂਦ ਸਨ।



# ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਨੀਤੀਆਂ ਖਿਲਾਫ਼ ਮਹਾਰੈਲੀ ਦਾ ਐਲਾਨ

**ਸੁਜਾਨਪੁਰ, (ਦਵਿੰਦਰ ਸਿੰਘ)** : ਪੰਜਾਬ ਸਰਕਾਰ ਦੀਆਂ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਨੀਤੀਆਂ ਦੇ ਖ਼ਿਲਾਫ਼ ਪੰਜਾਬ ਸਾਂਝਾ ਮੁਲਾਜ਼ਮ ਮੰਚ ਦੇ ਸੱਦੇ 'ਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਦੇ ਬਾਹਰ ਵਿਸ਼ਾਲ ਰੋਸ ਰੈਲੀ ਅਤੇ ਧਰਨਾ ਦਿੱਤਾ ਗਿਆ।ਜ਼ਿਲ੍ਹਾ ਪ੍ਰਧਾਨ ਵਿਸ਼ਾਲਵੀਰ ਸਿੰਘ, ਚੇਅਰਮੈਨ ਗੁਰਨਾਮ ਸਿੰਘ ਸੈਣੀ, ਮਹਾਸਚਿਵ ਹਿਤੇਸ਼ ਸ਼ਰਮਾ, ਕਨਵੀਨਰ ਸਤਿਆ ਪ੍ਰਕਾਸ਼, ਡਾ. ਲੇਖਰਾਜ, ਰਾਜਿੰਦਰ ਧੀਮਾਨ, ਇਕਬਾਲ ਸਿੰਘ, ਗੁਰਦਿਆਲ ਸੈਣੀ ਅਤੇ ਰਾਮ ਪ੍ਰਕਾਸ਼ ਸ਼ਰਮਾ ਦੀ ਅਗਵਾਈ ਹੇਠ ਹੋਏ ਇਸ ਪ੍ਰਦਰਸ਼ਨ ਵਿੱਚ ਵੱਖ-ਵੱਖ ਵਿਭਾਗਾਂ ਦੇ ਵੱਡੀ ਗਿਣਤੀ ਮੁਲਾਜ਼ਮਾਂ ਨੇ ਸ਼ਮੂਲੀਅਤ ਕੀਤੀ।ਇਸ ਦੌਰਾਨ ਪੰਜਾਬ ਪੈਨਸ਼ਨ ਵੈਲਫੇਅਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਨਰੇਸ਼ ਕੁਮਾਰ ਦੀ ਅਗਵਾਈ ਹੇਠ ਪੈਨਸ਼ਨਰਾਂ ਨੇ ਵੀ ਵੱਡੀ ਗਿਣਤੀ ਵਿੱਚ ਪਹੁੰਚ ਕੇ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਅਤੇ 17 ਜੁਲਾਈ 2020 ਦੇ ਪੱਤਰ ਦੀਆਂ ਕਾਪੀਆਂ ਸਾੜ ਕੇ ਆਪਣਾ ਰੋਸ ਪ੍ਰਗਟਾਇਆ।ਰੈਲੀ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਵਿਸ਼ਾਲਵੀਰ ਸਿੰਘ ਨੇ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਲਗਾਤਾਰ ਮੁਲਾਜ਼ਮਾਂ ਦੇ ਹੱਕਾਂ ਦੀ ਅਣਦੇਖੀ ਕਰ ਰਹੀ ਹੈ ਅਤੇ ਵਾਰ-ਵਾਰ ਭਰੋਸੇ ਦੇਣ ਦੇ ਬਾਵਜੂਦ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ।ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਆਪਣਾ ਅੜੀਅਲ ਰਵੱਈਆ ਨਾ ਬਦਲਿਆ ਤਾਂ ਸੂਬਾ ਪੱਧਰੀ ਆਗੂਆਂ ਦੇ ਸੱਦੇ 'ਤੇ ਕੈਬਿਨੇਟ ਮੰਤਰੀਆਂ ਦੇ ਘਰਾਂ ਦਾ ਘਿਰਾਓ ਕਰਨ ਤੋਂ ਬਾਅਦ 7 ਅਗਸਤ ਨੂੰ ਚੰਡੀਗੜ੍ਹ ਵਿਖੇ ਵਿਸ਼ਾਲ ਰਾਜ ਪੱਧਰੀ ਮਹਾਰੈਲੀ ਕਰਕੇ ਸਰਕਾਰ ਖ਼ਿਲਾਫ਼ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।



## 'ਮਾਂਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਲੁਧਿਆਣਾ ਲਾਭਪਾਤਰੀਆਂ ਦੀ ਸੂਚੀ ਵਿੱਚ ਸਭ ਤੋਂ ਅੱਗੇ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮਾਂਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਲੁਧਿਆਣਾ ਸਭ ਤੋਂ ਵੱਧ ਲਾਭਪਾਤਰੀਆਂ ਵਾਲਾ ਜ਼ਿਲ੍ਹਾ ਬਣ ਕੇ ਉੱਭਰਿਆ ਹੈ। ਇਸ ਯੋਜਨਾ ਤਹਿਤ ਜ਼ਿਲ੍ਹੇ ਵਿੱਚ 7.4 ਲੱਖ ਲਾਭਪਾਤਰੀਆਂ ਦਾ ਰਜਿਸਟ੍ਰੇਸ਼ਨ ਕੀਤਾ ਗਿਆ ਹੈ। ਲੁਧਿਆਣਾ ਤੋਂ ਬਾਅਦ ਪਟਿਆਲਾ ਵਿੱਚ 5.3 ਲੱਖ, ਅੰਮ੍ਰਿਤਸਰ ਵਿੱਚ 4.9 ਲੱਖ, ਜਲੰਧਰ ਵਿੱਚ 4.8 ਲੱਖ, ਗੁਰਦਾਸਪੁਰ ਵਿੱਚ 4.4 ਲੱਖ ਅਤੇ ਹੁਸ਼ਿਆਰਪੁਰ ਵਿੱਚ 4.2 ਲੱਖ ਲਾਭਪਾਤਰੀ ਯੋਜਨਾ ਨਾਲ ਜੁੜੇ ਹਨ। ਰਾਜ ਵਿੱਚ ਸਭ ਤੋਂ ਘੱਟ ਰਜਿਸਟ੍ਰੇਸ਼ਨ ਮਲੇਰਕੋਟਲਾ ਜ਼ਿਲ੍ਹੇ ਵਿੱਚ ਦਰਜ ਕੀਤਾ ਗਿਆ ਹੈ, ਜਿੱਥੇ 1.3 ਲੱਖ ਲਾਭਪਾਤਰੀ ਯੋਜਨਾ ਨਾਲ ਜੁੜੇ ਹਨ। ਪੂਰੇ ਪੰਜਾਬ ਵਿੱਚ 14 ਜੁਲਾਈ ਤੱਕ ਕੁੱਲ 68.9 ਲੱਖ ਲਾਭਪਾਤਰੀਆਂ ਦਾ ਇਸ ਯੋਜਨਾ ਤਹਿਤ ਰਜਿਸਟ੍ਰੇਸ਼ਨ ਕੀਤਾ ਜਾ ਚੁੱਕਾ ਹੈ। ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਲੁਧਿਆਣਾ, ਪਟਿਆਲਾ, ਅੰਮ੍ਰਿਤਸਰ, ਜਲੰਧਰ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਵਰਗੇ ਜ਼ਿਲ੍ਹਿਆਂ ਵਿੱਚ ਵੱਧ ਰਜਿਸਟ੍ਰੇਸ਼ਨਾਂ ਦੇ ਪਿੱਛੇ ਕਈ ਕਾਰਨ ਹਨ, ਜਿਨ੍ਹਾਂ ਵਿੱਚ ਵੱਡੀ ਆਬਾਦੀ, ਮਜ਼ਬੂਤ ਪ੍ਰਸ਼ਾਸਨਿਕ ਨੈੱਟਵਰਕ ਅਤੇ ਭਲਾਈ ਯੋਜਨਾਵਾਂ ਪ੍ਰਤੀ ਵੱਧ ਜਾਗਰੂਕਤਾ ਸ਼ਾਮਲ ਹਨ। ਉਨ੍ਹਾਂ ਕਿਹਾ, ਯੋਜਨਾ ਦੀ ਸਫ਼ਲਤਾ ਯਕੀਨੀ ਬਣਾਉਣ ਲਈ ਪੂਰੀ ਸਰਕਾਰੀ ਮਸ਼ੀਨਰੀ ਮਿਸ਼ਨ ਮੋਡ ਵਿੱਚ ਕੰਮ ਕਰ ਰਹੀ ਹੈ। ਵੱਧ ਰਜਿਸਟ੍ਰੇਸ਼ਨ ਦਾ ਇੱਕ ਮੁੱਖ ਕਾਰਨ ਇਨ੍ਹਾਂ ਜ਼ਿਲ੍ਹਿਆਂ ਦੀ ਵੱਡੀ ਆਬਾਦੀ ਹੈ।



## ਖ਼ਾਲਸਾ ਏਡ ਇੰਡੀਆ ਦਾ ਸਾਂਝੀ ਖੇਤੀ ਪ੍ਰੋਜੈਕਟ ਛੋਟੇ ਕਿਸਾਨਾਂ ਲਈ ਬਣਿਆ ਆਸ ਦੀ ਕਿਰਨ

**ਜਲੰਧਰ**- ਖ਼ਾਲਸਾ ਏਡ ਇੰਡੀਆ ਵੱਲੋਂ ਛੋਟੇ ਅਤੇ ਲੋੜਵੰਦ ਕਿਸਾਨਾਂ ਦੀ ਸਹਾਇਤਾ ਲਈ ਸ਼ੁਰੂ ਕੀਤਾ ਗਿਆ ਸਾਂਝੀ ਖੇਤੀ ਪ੍ਰੋਜੈਕਟ ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਸਫ਼ਲਤਾਪੂਰਵਕ ਚੱਲ ਰਿਹਾ ਹੈ ਅਤੇ ਹਜ਼ਾਰਾਂ ਕਿਸਾਨਾਂ ਦੀ ਜ਼ਿੰਦਗੀ ਵਿੱਚ ਸਕਾਰਾਤਮਕ ਬਦਲਾਅ ਲਿਆ ਰਿਹਾ ਹੈ। ਖ਼ਾਲਸਾ ਏਡ ਇੰਡੀਆ ਦੇ ਸਾਂਝੀ ਖੇਤੀ ਪ੍ਰੋਜੈਕਟ ਦੇ ਪੰਜਾਬ ਇੰਚਾਰਜ ਗਗਨਦੀਪ ਸਿੰਘ ਨੇ ਦੱਸਿਆ ਕਿ ਇਸ ਪ੍ਰੋਜੈਕਟ ਦਾ ਮੁੱਖ ਉਦੇਸ਼ ਪੰਜ ਏਕੜ ਤੋਂ ਘੱਟ ਜ਼ਮੀਨ ਵਾਲੇ ਛੋਟੇ ਅਤੇ ਸੀਮਾਂਤ ਕਿਸਾਨਾਂ, ਖ਼ਾਸ ਕਰਕੇ ਇੱਕ, ਦੋ ਜਾਂ ਤਿੰਨ ਏਕੜ ਜ਼ਮੀਨ ਵਾਲੇ ਕਿਸਾਨਾਂ, ਨੂੰ ਆਧੁਨਿਕ ਖੇਤੀ ਮਸ਼ੀਨਰੀ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਬਹੁਤ ਸਾਰੇ ਕਿਸਾਨ ਮਹਿੰਗੀ ਖੇਤੀ ਮਸ਼ੀਨਰੀ ਖਰੀਦਣ ਦੇ ਸਮਰੱਥ ਨਹੀਂ ਹੁੰਦੇ। ਇਸ ਲਈ ਖ਼ਾਲਸਾ ਏਡ ਇੰਡੀਆ ਨੇ ਇਹ ਪ੍ਰੋਜੈਕਟ ਸ਼ੁਰੂ ਕੀਤਾ ਹੈ, ਤਾਂ ਜੋ ਉਹ ਘੱਟ ਲਾਗਤ ਨਾਲ ਵੱਧ ਉਤਪਾਦਨ ਕਰ ਸਕਣ, ਆਪਣੀ ਆਮਦਨ ਵਿੱਚ ਵਾਧਾ ਕਰ ਸਕਣ ਅਤੇ ਆਰਥਿਕ ਤੌਰ 'ਤੇ ਹੋਰ ਮਜ਼ਬੂਤ ਬਣ ਸਕਣ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਆਧੁਨਿਕ ਖੇਤੀ ਮਸ਼ੀਨਰੀ ਦੀ ਵਰਤੋਂ ਬਹੁਤ ਜ਼ਰੂਰੀ ਹੋ ਚੁੱਕੀ ਹੈ। ਇਸ ਪ੍ਰੋਜੈਕਟ ਤਹਿਤ ਕਿਸਾਨਾਂ ਨੂੰ ਟਰੈਕਟਰ, ਤਹਿ-ਤੋੜ ਹਲ, ਕਲਟੀਵੇਟਰ, ਤਵੀਆ, ਬੈਡ ਪਲਾਂਟਰ, ਰੋਟਾਵੇਟਰ, ਜ਼ੀਰੋ ਡ੍ਰਿੱਲ, ਸੁਪਰ ਸੀਡਰ ਅਤੇ ਸੁਹਾਗਾ ਵਰਗੀਆਂ ਆਧੁਨਿਕ ਮਸ਼ੀਨਾਂ ਉਪਲਬਧ ਕਰਵਾਈਆਂ ਜਾਂਦੀਆਂ ਹਨ। ਇਸ ਦੇ ਨਾਲ ਮਸ਼ੀਨਰੀ ਚਲਾਉਣ ਲਈ ਤਜਰਬੇਕਾਰ ਡਰਾਈਵਰਾਂ ਦੀ ਸਹੂਲਤ ਵੀ ਦਿੱਤੀ ਜਾਂਦੀ ਹੈ। ਗਗਨਦੀਪ ਸਿੰਘ ਨੇ ਦੱਸਿਆ ਕਿ ਇਸ ਪ੍ਰੋਜੈਕਟ ਦੀ ਸ਼ੁਰੂਆਤ 20 ਅਪ੍ਰੈਲ 2025 ਨੂੰ ਜ਼ਿਲ੍ਹਾ ਬਠਿੰਡਾ ਦੇ ਪਿੰਡ ਮੰਡੀ ਖੁਰਦ ਵਿਖੇ ਸਾਂਝਾ ਪੰਜ ਆਬ ਦੀਆਂ ਲੋਕ ਸੇਵਾ ਸੁਸਾਇਟੀ ਦੇ ਸਹਿਯੋਗ ਨਾਲ ਕੀਤੀ ਗਈ ਸੀ। ਸ਼ੁਰੂਆਤੀ ਪੜਾਅ ਵਿੱਚ ਲਗਭਗ 50 ਕਿਸਾਨਾਂ ਨੂੰ ਇਸ ਨਾਲ ਜੋੜਿਆ ਗਿਆ ਸੀ, ਪਰ ਇਸ ਦੇ ਸ਼ਾਨਦਾਰ ਨਤੀਜਿਆਂ ਨੂੰ ਦੇਖਦਿਆਂ ਹੁਣ ਇਸ ਦਾ ਦਾਇਰਾ ਲਗਾਤਾਰ ਵਧਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਖ਼ਾਲਸਾ ਏਡ ਇੰਡੀਆ ਵੱਲੋਂ ਸਿਰਫ਼ ਮਸ਼ੀਨਰੀ ਹੀ ਨਹੀਂ ਦਿੱਤੀ ਜਾਂਦੀ, ਸਗੋਂ ਕਿਸਾਨਾਂ ਦੇ ਖੇਤਾਂ ਦੀ ਮਿੱਟੀ ਦੀ ਵਿਗਿਆਨਕ ਜਾਂਚ ਵੀ ਕਰਵਾਈ ਜਾਂਦੀ ਹੈ। ਮਿੱਟੀ ਜਾਂਚ ਦੀ ਰਿਪੋਰਟ ਦੇ ਆਧਾਰ 'ਤੇ ਮਾਹਿਰਾਂ ਵੱਲੋਂ ਕਿਸਾਨਾਂ ਨੂੰ ਫ਼ਸਲਾਂ ਦੀ ਚੋਣ, ਸੰਤੁਲਿਤ ਖਾਦਾਂ ਦੀ ਵਰਤੋਂ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਵਧਾਉਣ ਲਈ ਮਾਰਗਦਰਸ਼ਨ ਦਿੱਤਾ ਜਾਂਦਾ ਹੈ। ਗਗਨਦੀਪ ਸਿੰਘ ਨੇ ਦੱਸਿਆ ਕਿ ਇਸ ਸਮੇਂ ਹੁਸ਼ਿਆਰਪੁਰ ਅਤੇ ਫ਼ਿਰੋਜ਼ਪੁਰ ਜ਼ਿਲ੍ਹਿਆਂ ਵਿੱਚ ਸਾਂਝੀ ਖੇਤੀ ਪ੍ਰੋਜੈਕਟ ਸਫ਼ਲਤਾਪੂਰਵਕ ਚੱਲ ਰਹੇ ਹਨ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਇਸ ਦਾ ਲਾਭ ਲੈ ਰਹੇ ਹਨ। ਹੁਣ ਰੋਪੜ ਅਤੇ ਗੁਰਦਾਸਪੁਰ ਵਿੱਚ ਵੀ ਇਹ ਪ੍ਰੋਜੈਕਟ ਸ਼ੁਰੂ ਕੀਤਾ ਜਾ ਰਿਹਾ ਹੈ, ਜਿੱਥੇ ਲੋੜੀਂਦੀ ਮਸ਼ੀਨਰੀ ਅਤੇ ਹੋਰ ਸਾਜ਼ੋ-ਸਾਮਾਨ ਮੁਹੱਈਆ ਕਰਵਾਇਆ ਜਾ ਰਿਹਾ ਹੈ।



## ਅਰੀਸ਼ਾ ਸ਼ੁਕਲਾ ਨੇ ਬੀ ਐੱਸ ਸੀ ਪ੍ਰੀਖਿਆ 'ਚ ਪਹਿਲਾ ਸਥਾਨ ਕੀਤਾ ਹਾਸਲ

**ਗੁਰਾਇਆ (ਬਿੰਦਰ ਸੁਮਨ)**- ਸ੍ਰੀ ਹਨੂਮਤ ਇੰਟਰਨੈਸ਼ਨਲ ਪਬਲਿਕ ਸਕੂਲ ਗੋਰਾਇਆ ਲਈ ਇਹ ਬਹੁਤ ਹੀ ਮਾਣ ਤੇ ਖ਼ੁਸ਼ੀ ਦੀ ਗੱਲ ਹੈ ਕਿ ਸਕੂਲ ਦੀ ਪੂਰਵ ਵਿਦਿਆਰਥਣ ਅਰੀਸ਼ਾ ਸ਼ੁਕਲਾ ਨੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੀ ਬੀ ਐੱਸ ਸੀ ਪ੍ਰੀਖਿਆ ਵਿੱਚ 94.4% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ ਹੈ। ਉਸ ਦੀ ਇਸ ਸ਼ਾਨਦਾਰ ਪ੍ਰਾਪਤੀ ਨੇ ਨਾ ਸਿਰਫ਼ ਉਸਦੇ ਪਰਿਵਾਰ ਸਗੋਂ ਸਕੂਲ ਦਾ ਨਾਂਅ ਵੀ ਰੌਸ਼ਨ ਕੀਤਾ ਹੈ। ਅਰੀਸ਼ਾ ਸ਼ੁਕਲਾ ਸ਼ੁਰੂ ਤੋਂ ਹੀ ਇੱਕ ਹੋਣਹਾਰ, ਅਨੁਸ਼ਾਸਿਤ ਅਤੇ ਮਿਹਨਤੀ ਵਿਦਿਆਰਥਣ ਰਹੀ ਹੈ। ਸਕੂਲੀ ਜੀਵਨ ਦੌਰਾਨ ਉਸਨੇ ਲਗਾਤਾਰ ਸ਼ਾਨਦਾਰ ਅਕਾਦਮਿਕ ਪ੍ਰਦਰਸ਼ਨ ਕੀਤਾ ਅਤੇ ਵੱਖ-ਵੱਖ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਵੀ ਸਰਗਰਮ ਭਾਗ ਲੈ ਕੇ ਆਪਣੀ ਬਹੁਪੱਖੀ ਪ੍ਰਤਿਭਾ ਦਾ ਪ੍ਰਗਟਾਵਾ ਕੀਤਾ। ਉਸਦੀ ਇਹ ਸਫਲਤਾ ਮਿਹਨਤ, ਦ੍ਰਿੜ ਨਿਸ਼ਚੇ, ਸਕਾਰਾਤਮਕ ਸੋਚ ਅਤੇ ਸਿੱਖਿਆ ਪ੍ਰਤੀ ਸਮਰਪਣ ਦਾ ਨਤੀਜਾ ਹੈ। ਅਰੀਸ਼ਾ ਦੀ ਇਹ ਪ੍ਰਾਪਤੀ ਇਸ ਗੱਲ ਦਾ ਸਬੂਤ ਹੈ ਕਿ ਜੇਕਰ ਟੀਚਾ ਸਪਸ਼ਟ ਹੋਵੇ ਅਤੇ ਉਸ ਨੂੰ ਪ੍ਰਾਪਤ ਕਰਨ ਲਈ ਲਗਾਤਾਰ ਯਤਨ ਕੀਤੇ ਜਾਣ ਤਾਂ ਸਫਲਤਾ ਜ਼ਰੂਰ ਮਿਲਦੀ ਹੈ। ਉਸ ਦੀ ਇਹ ਕਾਮਯਾਬੀ ਅੱਜ ਸਕੂਲ ਦੇ ਵਿਦਿਆਰਥੀਆਂ ਲਈ ਪ੍ਰੇਰਣਾ ਦਾ ਸਰੋਤ ਬਣ ਗਈ ਹੈ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੱਡੇ ਸੁਪਨੇ ਦੇਖਣ ਅਤੇ ਉਨ੍ਹਾਂ ਨੂੰ ਸਾਕਾਰ ਕਰਨ ਲਈ ਉਤਸ਼ਾਹਿਤ ਕਰੇਗੀ। ਸਕੂਲ ਦੌਰਾਨ ਹੀ ਉਸਨੇ ਮਿਸ ਸ਼ਿਫਾ ਦਾ ਖ਼ਿਤਾਬ ਵੀ ਜਿੱਤਿਆ ਅਤੇ ਸਕੂਲ ਦੀ ਹੈਡ ਗਰਲ ਵੀ ਚੁਣੀ ਗਈ। ਸਕੂਲ ਦੀ ਪ੍ਰਿੰਸੀਪਲ ਆਰਤੀ ਸੋਬਤੀ ਨੇ ਅਰੀਸ਼ਾ ਸ਼ੁਕਲਾ ਅਤੇ ਉਸਦੇ ਮਾਤਾ-ਪਿਤਾ ਨੂੰ ਇਸ ਵਿਸ਼ੇਸ਼ ਪ੍ਰਾਪਤੀ ਲਈ ਦਿਲੋਂ ਵਧਾਈਆਂ ਤੇ ਸ਼ੁਭਕਾਮਨਾਵਾਂ ਦਿੱਤੀਆਂ।



## ਐਸ ਸੀ ਸਿਖਿਆਰਥੀਆਂ ਲਈ ਮੁਫ਼ਤ ਡੇਅਰੀ ਸਿਖਲਾਈ ਕੋਰਸ ਦਾ ਪਹਿਲਾ ਬੈਚ 3 ਅਗਸਤ ਤੋਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਪੰਜਾਬ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੀ ਅਗਵਾਈ ਵਿੱਚ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਕੁਲਦੀਪ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡੇਅਰੀ ਵਿਕਾਸ ਵਿਭਾਗ ਪੰਜਾਬ ਵੱਲੋਂ ਐਸ ਸੀ ਉਮੀਦਵਾਰਾਂ ਲਈ 2 ਹਫਤੇ ਦਾ ਮੁਫ਼ਤ ਡੇਅਰੀ ਸਿਖਲਾਈ ਕੋਰਸ 3 ਅਗਸਤ ਤੋਂ ਡੇਅਰੀ ਸਿਖਲਾਈ ਕੇਂਦਰ ਫਗਵਾੜਾ ਵਿਖੇ ਚਲਾਇਆ ਜਾ ਰਿਹਾ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਦਵਿੰਦਰ ਸਿੰਘ ਨੇ ਦੱਸਿਆ ਕਿ ਇਸ ਸਿਖਲਾਈ ਪ੍ਰੋਗਰਾਮ ਵਿੱਚ ਦੁਧਾਰੂ ਪਸ਼ੂਆਂ ਦੀ ਖਰੀਦ ਤੋਂ ਲੈ ਕੇ ਰੱਖ ਰਖਾਅ, ਖਾਧ ਖੁਰਾਕ, ਨਸਲ ਸੁਧਾਰ, ਸਾਂਭ ਸੰਭਾਲ ਅਤੇ ਸੁਚੱਜੇ ਮੰਡੀਕਰਨ ਦੀਆਂ ਨਵੀਨਤਮ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਇਨ੍ਹਾਂ ਸਿਖਿਆਰਥੀਆਂ ਦੀ ਚੋਣ ਜ਼ਿਲ੍ਹਾ ਲੈਵਲ ਕਮੇਟੀ ਵਲੋਂ ਕੀਤੀ ਜਾਵੇਗੀ। ਇਸ ਸੰਬੰਧੀ ਅਨੁਸੂਚਿਤ ਜਾਤੀ ਦੇ ਵਿਅਕਤੀ (ਮਰਦ/ਔਰਤ) ਜਿਨ੍ਹਾਂ ਦੀ ਉਮਰ 18 ਤੋਂ 55 ਸਾਲ ਦੇ ਵਿੱਚ ਹੋਵੇ, ਪੰਜਵੀਂ ਪਾਸ ਹੋਵੇ, ਪੇਂਡੂ ਪਿਛੋਕੜ ਨਾਲ ਸੰਬੰਧ ਰੱਖਦਾ ਹੋਵੇ 31 ਜੁਲਾਈ ਤੱਕ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ, ਮਿਨੀ ਸਕੱਤਰੇਤ, ਚੌਥੀ ਮੰਜ਼ਿਲ, ਕਮਰਾ ਨੰਬਰ 439 ਵਿਖੇ ਆਪਣਾ ਆਧਾਰ ਕਾਰਡ, ਯੋਗਤਾ ਸਰਟੀਫਿਕੇਟ, ਅਨੁਸੂਚਿਤ ਜਾਤੀ ਸਰਟੀਫਿਕੇਟ ਲੈ ਕੇ ਫਾਰਮ ਭਰ ਸਕਦੇ ਹਨ। ਟ੍ਰੇਨਿੰਗ ਉਪਰੰਤ ਸਿਖਿਆਰਥੀਆਂ ਨੂੰ 3500 ਰੁਪਏ ਵਜ਼ੀਫਾ ਵੀ ਦਿੱਤਾ ਜਾਵੇਗਾ ਸਿਖਲਾਈ ਪ੍ਰਾਪਤ ਉਮੀਦਵਾਰਾਂ ਨੂੰ 2,5,10 ਦੁਧਾਰੂ ਪਸ਼ੂਆਂ ਦੀ ਖਰੀਦ ਤੇ 33 ਪ੍ਰਤੀਸ਼ਤ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਵਧੇਰੇ ਜਾਣਕਾਰੀ ਲਈ ਫੋਨ ਨੰਬਰ 01882-220025,9872277136 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਸਫ਼ਾਈ ਸੇਵਕਾਂ 'ਤੇ ਹੋਏ ਲਾਠੀਚਾਰਜ ਦੇ ਵਿਰੋਧ 'ਚ ਸ਼ਹਿਰ ਵਿੱਚ ਕੀਤਾ ਜਾਵੇਗਾ ਮੁਜ਼ਾਹਰਾ : ਯੂਨੀਅਨ

### ਗ੍ਰਿਫਤਾਰ ਸਫਾਈ ਸੇਵਕਾਂ ਨੂੰ ਬਿਨਾਂ ਸ਼ਰਤ ਕੀਤਾ ਜਾਵੇ ਰਿਹਾਅ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪਿਛਲੇ ਦਿਨਾਂ ਤੋਂ ਆਪਣੀਆਂ ਮੰਗਾਂ ਮਨਵਾਉਣ ਲਈ ਸਫਾਈ ਸੇਵਕ ਹੜਤਾਲ ਕਰਕੇ ਜਮਹੂਰੀ ਢੰਗ ਨਾਲ ਸੰਘਰਸ਼ ਚਲਾ ਰਹੇ ਹਨ। ਸ਼ਾਂਤੀਪੂਰਵਕ ਚੱਲ ਰਹੇ ਸੰਘਰਸ਼ ਨੂੰ ਡੰਡੇ ਦੇ ਜ਼ੋਰ ਨਾਲ ਦਬਾਉਣ ਲਈ ਸੰਗਰੂਰ ਵਿਖੇ ਪੰਜਾਬ ਸਰਕਾਰ ਦੇ ਹੁਕਮਾਂ 'ਤੇ ਸਫਾਈ ਸੇਵਕਾਂ 'ਤੇ ਲਾਠੀਚਾਰਜ ਕਰਕੇ ਸਫਾਈ ਸੇਵਕਾਂ ਨੂੰ ਗ੍ਰਿਫਤਾਰ ਕਰਕੇ ਥਾਣੇ ਵਿੱਚ ਬੰਦ ਕਰ ਦਿੱਤਾ ਗਿਆ। ਜਿਸ ਦੇ ਵਿਰੋਧ ਵਿੱਚ ਨਗਰ ਪੰਚਾਇਤ ਮਹਿਤਪੁਰ ਦੇ ਦਫਤਰ ਵਿੱਚ ਸਫਾਈ ਸੇਵਕਾਂ ਨੇ ਰੈਲੀ ਕਰਕੇ ਐਲਾਨ ਕੀਤਾ ਕਿ ਲਾਠੀਚਾਰਜ ਦੇ ਵਿਰੋਧ ਵਿੱਚ ਅਤੇ ਗ੍ਰਿਫਤਾਰ ਸਫਾਈ ਸੇਵਕਾਂ ਦੀ ਰਿਹਾਈ ਲਈ ਮਹਿਤਪੁਰ ਸ਼ਹਿਰ ਵਿੱਚ ਮੁਜ਼ਾਹਰਾ ਕਰਕੇ ਸਰਕਾਰ ਦਾ ਪੁਤਲਾ ਫੂਕਿਆ ਜਾਵੇਗਾ। ਯੂਨੀਅਨ ਵੱਲੋਂ ਇੱਕ ਮਤਾ ਪਾਸ ਕਰਕੇ ਖੰਨਾ ਰੈਲੀ ਤੋਂ ਮੁੜਦਿਆਂ ਦੋ ਮਨਰੇਗਾ ਵਰਕਰਾਂ ਦੀ ਸੜਕ ਹਾਦਸੇ ਵਿੱਚ ਹੋਈ ਮੌਤ ਤੇ ਮ੍ਰਿਤਕਾਂ ਦੇ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮ੍ਰਿਤਕ ਮਨਰੇਗਾ ਵਰਕਰਾਂ ਨੂੰ ਢੁਕਵਾਂ ਮੁਆਵਜ਼ਾ ਅਤੇ ਪਰਵਾਰ ਦੇ ਇੱਕ ਮੈਂਬਰ ਨੂੰ ਨੌਕਰੀ ਦਿੱਤੀ ਜਾਵੇ। ਹਾਦਸੇ ਵਿੱਚ ਫੱਟੜ ਮਨਰੇਗਾ ਵਰਕਰਾਂ ਦਾ ਇਲਾਜ ਸਰਕਾਰ ਵੱਲੋਂ ਕਰਵਾ ਕੇ ਉਨ੍ਹਾਂ ਨੂੰ ਮਾਈਕ ਸਹਾਇਤਾ ਦਿੱਤੀ ਜਾਵੇ। ਇਸ ਰੈਲੀ ਨੂੰ ਸੰਬੋਧਨ ਵਾਲਿਆਂ ਵਿੱਚ ਯੂਨੀਅਨ ਦੇ ਆਗੂ ਸੁਭਾਸ਼ ਵਾਲਮੀਕ, ਰਾਮਚਰਨ, ਪੱਪੂ ਪ੍ਰਧਾਨ, ਓਮ ਪ੍ਰਕਾਸ਼, ਸਲੀਮ ਮਹਿਤਪੁਰੀ, ਕੇਵਲ ਕਿਸ਼ੋਰ, ਨਸੀਬ, ਪੇਂਡੂ ਸਫਾਈ ਕਰਮਚਾਰੀ ਯੂਨੀਅਨ ਦੇ ਸੂਬਾ ਪ੍ਰਧਾਨ ਪ੍ਰੇਮ ਸਰਸਰ ਆਦਿ ਸ਼ਾਮਲ ਸਨ।



## ਸੇਵਾ ਕੇਂਦਰਾਂ 'ਚ ਆਮ ਲੋਕਾਂ ਦੀ ਹੋ ਰਹੀ ਖੱਜਲ-ਖੁਆਰੀ

**ਫਿਲੌਰ (ਨਿਰਮਲ)**- ਅਜੀਤ ਰਾਮ ਬ੍ਰਹਮਚਾਰੀ ਸਾਬਕਾ ਪ੍ਰੈੱਸ ਸਕੱਤਰ ਮੁਲਾਜ਼ਮ ਯੂਨੀਅਨ ਪੰਜਾਬ ਸਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਪੰਜਾਬ ਨੇ ਪ੍ਰੈੱਸ ਨੋਟ ਜਾਰੀ ਕਰਦੇ ਹੋਏ ਕਿਹਾ ਕਿ ਪੰਜਾਬ ਦੇ ਸੇਵਾ ਕੇਂਦਰਾਂ ਵਿੱਚ ਆਮ ਲੋਕਾਂ ਨੂੰ ਆਪਣੇ ਰੋਜ਼ਾਨਾ ਦੇ ਸਰਕਾਰੀ ਕੰਮ ਕਰਵਾਉਣ ਲਈ ਭਾਰੀ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਆਮ ਲੋਕਾਂ ਵੱਲੋਂ ਇਹ ਦੋਸ਼ ਲਗਾਏ ਜਾ ਰਹੇ ਹਨ ਕਿ ਟੋਕਨ ਪ੍ਰਣਾਲੀ ਵਿੱਚ ਪਾਰਦਰਸ਼ਤਾ ਨਹੀਂ ਹੈ। ਕਈ ਵਿਅਕਤੀਆਂ ਦਾ ਕਹਿਣਾ ਹੈ ਕਿ ਟੋਕਨ ਕਥਿਤ ਤੌਰ 'ਤੇ ਸਿਫਾਰਸ਼ ਜਾਂ ਪੈਸਿਆਂ ਦੇ ਲੈਣ-ਦੇਣ ਦੇ ਆਧਾਰ 'ਤੇ ਪਹਿਲਾਂ ਹੀ ਜਾਰੀ ਕਰ ਦਿੱਤੇ ਜਾਂਦੇ ਹਨ, ਜਿਸ ਕਾਰਨ ਅਸਲ ਵਿੱਚ ਸਮੇਂ ਸਿਰ ਪਹੁੰਚਣ ਵਾਲੇ ਲੋਕਾਂ ਨੂੰ ਪਿੱਛੇ ਧੱਕ ਦਿੱਤਾ ਜਾਂਦਾ ਹੈ। ਇਨ੍ਹਾਂ ਦੋਸ਼ਾਂ ਦੀ ਨਿਰਪੱਖ ਜਾਂਚ ਕੀਤੀ ਜਾਣੀ ਚਾਹੀਦੀ ਹੈ। ਆਮ ਜਨਤਾ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਫਿਲੌਰ ਵਿਖੇ ਦੋ ਲੜਕੀਆਂ ਸਵੇਰੇ ਕਰੀਬ 6:00 ਵਜੇ ਸੇਵਾ ਕੇਂਦਰ ਪਹੁੰਚੀਆਂ। ਉਨ੍ਹਾਂ ਦਾ ਦਾਅਵਾ ਹੈ ਕਿ ਉਸ ਸਮੇਂ ਉਨ੍ਹਾਂ ਤੋਂ ਪਹਿਲਾਂ ਕੋਈ ਹੋਰ ਵਿਅਕਤੀ ਸੇਵਾ ਕੇਂਦਰ ਵਿੱਚ ਮੌਜੂਦ ਨਹੀਂ ਸੀ, ਫਿਰ ਵੀ ਉਨ੍ਹਾਂ ਨੂੰ ਟੋਕਨ ਨੰਬਰ 19 ਦਿੱਤਾ ਗਿਆ। ਇਸੇ ਤਰ੍ਹਾਂ ਮੈਂ, ਅਜੀਤ ਰਾਮ ਬ੍ਰਹਮਚਾਰੀ, ਸਾਬਕਾ ਪ੍ਰੈੱਸ ਸਕੱਤਰ, ਮੁਲਾਜ਼ਮ ਯੂਨੀਅਨ, ਪੰਜਾਬ ਸਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਸਵੇਰੇ ਕਰੀਬ 7:00 ਵਜੇ ਆਪਣੇ ਕੰਮ ਲਈ ਸੇਵਾ ਕੇਂਦਰ ਪਹੁੰਚਿਆ। ਉਸ ਸਮੇਂ ਵੀ ਮੇਰੇ ਆਉਣ ਤੋਂ ਪਹਿਲਾਂ ਕੋਈ ਹੋਰ ਵਿਅਕਤੀ ਮੌਜੂਦ ਨਹੀਂ ਸੀ, ਪਰ ਮੈਨੂੰ ਟੋਕਨ ਨੰਬਰ 3 ਦਿੱਤਾ ਗਿਆ। ਇਸ ਤਰ੍ਹਾਂ ਦੇ ਤੱਥ ਟੋਕਨ ਪ੍ਰਣਾਲੀ ਦੀ ਪਾਰਦਰਸ਼ਤਾ 'ਤੇ ਗੰਭੀਰ ਸਵਾਲ ਖੜ੍ਹੇ ਕਰਦੇ ਹਨ। ਜੋ ਸੇਵਾ ਕੇਂਦਰਾਂ, ਐਸ.ਡੀ.ਐਮ.ਦਫ਼ਤਰ ਫਿਲੌਰ, ਵਿੱਚ ਲੱਗੀ ਹੈ, ਉਹ ਵੀ ਖਰਾਬ ਹੋ ਚੁੱਕੀ ਹੈ। ਅਸੀ ਪੰਜਾਬ ਸਰਕਾਰ ਅਤੇ ਸਬੰਧਤ ਵਿਭਾਗ ਤੋਂ ਮੰਗ ਕਰਦੇ ਹਾਂ ਕਿ ਸੇਵਾ ਕੇਂਦਰਾਂ ਦੀ ਟੋਕਨ ਪ੍ਰਣਾਲੀ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ ਅਤੇ ਡਿਜ਼ੀਟਲ ਬਣਾਇਆ ਜਾਵੇ। ਟੋਕਨ ਜਾਰੀ ਕਰਨ ਦੀ ਪ੍ਰਕਿਰਿਆ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਜੇਕਰ ਕੋਈ ਬੇਨਿਯਮੀਆਂ ਪਾਈਆਂ ਜਾਣ ਤਾਂ ਜ਼ਿੰਮੇਵਾਰ ਅਧਿਕਾਰੀਆਂ ਜਾਂ ਕਰਮਚਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ।


## ਅਵਤਾਰ ਸਿੰਘ ਸਾਥੀਆਂ ਸਮੇਤ 'ਆਪ' 'ਚ ਸ਼ਾਮਲ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਡਾ. ਭੀਮ ਆਰਮੀ ਭਾਰਤ ਏਕਤਾ ਮਿਸ਼ਨ ਪੰਜਾਬ ਦੇ ਡੇਰਾਬੱਸੀ ਹਲਕਾ ਇੰਚਾਰਜ ਅਵਤਾਰ ਸਿੰਘ ਆਪਣੇ ਸਾਥੀਆਂ ਸਮੇਤ ਹਲਕਾ ਵਿਧਾਇਕ ਸਰਦਾਰ ਕੁਲਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਅਵਤਾਰ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਲੋਕ-ਪੱਖੀ ਸੋਚ, ਇਮਾਨਦਾਰ ਰਾਜਨੀਤੀ ਅਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਹਰ ਵਰਗ ਦੇ ਲੋਕ ਪਾਰਟੀ ਨਾਲ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਥੀਆਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਉਨ੍ਹਾਂ ਨੂੰ ਪਾਰਟੀ ਦੀ ਮਜ਼ਬੂਤੀ ਅਤੇ ਲੋਕ ਸੇਵਾ ਦੇ ਕੰਮਾਂ ਵਿੱਚ ਅਹਿਮ ਜ਼ਿੰਮੇਵਾਰੀਆਂ ਸੌਂਪੀਆਂ ਜਾਣਗੀਆਂ। ਇਸ ਮੌਕੇ ਅਵਤਾਰ ਸਿੰਘ ਨੇ ਕਿਹਾ ਕਿ ਉਹ ਪਾਰਟੀ ਦੀਆਂ ਨੀਤੀਆਂ ਅਤੇ ਲੋਕ ਭਲਾਈ ਲਈ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੀ ਅਗਵਾਈ ਵਿੱਚ ਪੂਰੀ ਤਨਦੇਹੀ ਨਾਲ ਕੰਮ ਕਰਨਗੇ।



## ਧਾਰਮਿਕ ਸਮਾਗਮ ਅੱਜ ਤੋਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਕਿਹਾ ਕਿ ਮੁਕੇਰੀਆਂ ਅਤੇ ਤਲਵਾੜਾ ਵਿੱਚ ਭਗਵਾਨ ਸ਼ਿਵ ਨੂੰ ਸਮਰਪਿਤ ਵਿਸ਼ਾਲ ਧਾਰਮਿਕ ਸਮਾਗਮ 'ਇੱਕ ਸ਼ਾਮ ਭਗਵਾਨ ਸ਼ਿਵ ਦੇ ਨਾਮ' ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ 18 ਜੁਲਾਈ ਨੂੰ ਮੁਕੇਰੀਆਂ ਦੇ ਐਸ.ਪੀ.ਐਨ. ਕਾਲਜ ਮੈਦਾਨ ਅਤੇ 19 ਜੁਲਾਈ ਨੂੰ ਤਲਵਾੜਾ ਦੇ ਨਰਸਰੀ ਗਰਾਊਂਡ ਵਿੱਚ ਸ਼ਾਮ 6:30 ਵਜੇ ਹੋਣ ਵਾਲੇ ਇਸ ਵਿਸ਼ਾਲ ਧਾਰਮਿਕ ਸਮਾਗਮ ਦੌਰਾਨ ਦੇਸ਼ ਦੇ ਪ੍ਰਸਿੱਧ ਗਾਇਕ ਕੈਲਾਸ਼ ਖੇਰ ਆਪਣੀਆਂ ਭਗਤੀਮਈ ਪੇਸ਼ਕਾਰੀਆਂ ਰਾਹੀਂ ਸ਼ਰਧਾਲੂਆਂ ਨੂੰ ਸ਼ਿਵ ਭਗਤੀ ਦੇ ਰੰਗ ਵਿੱਚ ਰੰਗਣਗੇ। ਵਿਧਾਇਕ ਕਰਮਵੀਰ ਸਿੰਘ ਘੁੰਮਣ ਅਤੇ ਸਨਾਤਨ ਸੇਵਾ ਸਮਿਤੀ ਦੇ ਰਾਸ਼ਟਰੀ ਪ੍ਰਧਾਨ ਵਿਜੈ ਸ਼ਰਮਾ ਨਾਲ ਸਾਂਝੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੀਪਕ ਬਾਲੀ ਨੇ ਦੱਸਿਆ ਕਿ ਇਸ ਖੇਤਰ ਵਿੱਚ ਪਹਿਲੀ ਵਾਰ ਇੰਨੇ ਵੱਡੇ ਪੱਧਰ 'ਤੇ ਧਾਰਮਿਕ ਸਮਾਗਮ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਮਾਗਮ ਵਿੱਚ ਹਜ਼ਾਰਾਂ ਸ਼ਰਧਾਲੂਆਂ ਦੇ ਪਹੁੰਚਣ ਦੀ ਸੰਭਾਵਨਾ ਨੂੰ ਧਿਆਨ ਵਿੱਚ ਰੱਖਦਿਆਂ ਸਾਰੀਆਂ ਲੋੜੀਂਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਦੀਪਕ ਬਾਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸ਼ਰਧਾਲੂਆਂ ਦੀਆਂ ਸਹੂਲਤਾਂ ਅਤੇ ਸਮਾਗਮ ਦੀਆਂ ਸਾਰੀਆਂ ਵਿਵਸਥਾਵਾਂ ਵਿੱਚ ਪੂਰਾ ਸਹਿਯੋਗ ਦੇ ਰਹੀ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਇਸ ਸਮਾਗਮ ਵਿੱਚ ਸ਼ਾਮਲ ਹੋਣਗੇ।



## ਟਰੈਫਿਕ ਨਿਯਮਾਂ ਸੰਬੰਧੀ ਸੈਮੀਨਾਰ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜ਼ਿਲ੍ਹਾ ਪੁਲਸ ਮੁਖੀ ਸੰਦੀਪ ਕੁਮਾਰ ਮਲਿਕ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਏ ਐੱਸ ਆਈ ਮਨੋਹਰ ਚੰਦ ਟ੍ਰੈਫਿਕ ਐਜੂਕੇਸ਼ਨ ਸੈਲ ਹੁਸ਼ਿਆਰਪੁਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਨੋਹਾ ਵਿਖੇ ਸਕੂਲ ਦੇ ਵਿਦਿਆਰਥੀਆਂ ਨਾਲ ਟਰੈਫਿਕ ਨਿਯਮਾਂ ਸੰਬੰਧੀ ਸੈਮੀਨਾਰ ਲਗਾਇਆ ਗਿਆ ਜਿਸ ਵਿਚ ਬੱਚਿਆਂ ਨੂੰ ਪੰਜਾਬ ਸਰਕਾਰ ਵੱਲੋਂ ਆਈਆਂ ਹਦਾਇਤਾ ਦੀ ਪਾਲਣਾ ਕਰਦੇ ਹੋਏ ਬੱਚਿਆਂ ਨੂੰ ਟ੍ਰੈਫਿਕ ਨਿਯਮਾਂ ਜਿਵੇਂ ਕਿ ਟਰੈਫਿਕ ਦੇ ਨਵੇਂ ਕਾਨੂੰਨ ਅਨੁਸਾਰ ਕੋਈ ਵੀ 18 ਸਾਲ ਤੋਂ ਘੱਟ ਉਮਰ ਦਾ ਵਿਦਿਆਰਥੀ ਕੋਈ ਵੀ ਗੇਅਰ ਵਾਲਾ ਵਹੀਕਲ ਨਾ ਚਲਾਉਣ ਅਤੇ ਇਸ ਦੀ ਉਲੰਘਣਾ ਕਰਨ ਵਾਲੇ ਬੱਚਿਆਂ ਦੇ ਨਾਲ ਨਾਲ ਮਾਤਾ/ਪਿਤਾ ਜਾਂ ਵਹੀਕਲ ਦੇ ਮਾਲਕ ਨੂੰ ਭਰਨਾ ਪਵੇਗਾ ਭਾਰੀ ਜੁਰਮਾਨਾ ਅਤੇ ਨਾਲ ਮਿਲੇਗੀ ਤਿੰਨ ਸਾਲ ਦੀ ਸਜ਼ਾ ਵਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਇਸ ਮੌਕੇ ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਈਕਲ ਪਰ ਚੱਲਦੇ ਸਮੇਂ ਚੌਕਾਂ ਵਿੱਚ ਲੱਗੀਆਂ ਲਾਈਟਾਂ ਦੀ ਪਾਲਣਾ ਕਰਦੇ ਹੋਏ ਚੌਕ ਨੂੰ ਪਾਰ ਕਰਨਾ ਚਾਹੀਦਾ ਹੈ ਅਤੇ ਕਿਸੇ ਵੀ ਕਿਸਮ ਦਾ ਨਸ਼ੇ ਦਾ ਪ੍ਰਯੋਗ ਨਹੀਂ ਕਰਨ ਦੀ ਸਖ਼ਤ ਹਦਾਇਤ ਕੀਤੀ।ਇਸ ਮੌਕੇ ਉਨ੍ਹਾਂ ਕਿਹਾ ਕਿ ਫ਼ਰਿਸ਼ਤੇ ਸਕੀਮ 2024 ਅਧੀਨ ਸੜਕ ਹਾਦਸਿਆਂ ਵਿਚ ਜ਼ਖ਼ਮੀ ਵਿਅਕਤੀਆਂ ਨੂੰ ਮੁੱਢਲੀ ਸਹਾਇਤਾ ਦੇਣੀ ਚਾਹੀਦੀ ਹੈ ਅਤੇ ਹਸਪਤਾਲ ਵਿਚ ਦਾਖਲ ਕਰਵਾਉਣਾ ਚਾਹੀਦਾ ਹੈ।ਟਰੈਫਿਕ ਨਿਯਮਾਂ ਸੰਬੰਧੀ ਜਾਗਰੂਕ ਕਰਦਿਆਂ ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਵਾਹਨ ਚਲਾਉਂਦੇ ਸਮੇਂ ਮੋਬਾਇਲ ਫੋਨ ਦੀ ਵਰਤੋਂ ਨਹੀਂ ਕਰਨੀ ਚਾਹੀਦੀ ਅਤੇ ਵਹੀਕਲ ਚਲਾਉਂਦੇ ਸਮੇਂ ਕਿਸੇ ਵੀ ਤਰ੍ਹਾਂ ਦਾ ਨਸ਼ਾ ਨਾ ਕਰਨ ਦੀ ਹਦਾਇਤ ਕੀਤੀ।ਇਸ ਦੀ ਉਲੰਘਣਾ ਕਰਨ ਵਾਲਿਆਂ ਦੇ ਖਿਲਾਫ ਮੋਟਰ ਵਹੀਕਲ ਐਕਟ ਤਹਿਤ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਇਸ ਮੌਕੇ ਸਕੂਲ ਪ੍ਰਿੰਸੀਪਲ ਹਰਮਨੋਜ ਕੁਮਾਰ, ਜਤਿੰਦਰ ਸਿੰਘ, ਸਰਬਜੀਤ ਕੌਰ, ਰਾਜਵਿੰਦਰ ਕੌਰ, ਨਰਿੰਦਰ ਅਜਨੋਹਾ, ਹਾਫਿਜ, ਕੁਲਵਿੰਦਰ ਸਿੰਘ, ਆਰਤੀ ਥਾਪਰ, ਹਰਭਜਨ ਸਿੰਘ ਅਤੇ ਵਿਦਿਆਰਥੀ ਹਾਜ਼ਰ ਸਨ।



## ਬੇਅਦਬੀ ਕਰਨ ਵਾਲੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਹੋਵੇ : ਬੇਗਮਪੁਰਾ ਟਾਈਗਰ ਫੋਰਸ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਲੁਧਿਆਣਾ-ਜਲੰਧਰ ਬਾਈਪਾਸ 'ਤੇ ਸਥਿਤ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦੇ ਦੁਆਲੇ ਲੱਗੇ ਸ਼ੀਸ਼ੇ ਨੂੰ ਕੁਝ ਸ਼ਰਾਰਤੀ ਤੇ ਗਲਤ ਅਨਸਰਾਂ ਵੱਲੋਂ ਤੋੜੇ ਜਾਣ ਦੀ ਘਟਨਾ ਸਾਹਮਣੇ ਆਈ ਹੈ। ਇਸ ਘਿਨਾਉਣੀ ਹਰਕਤ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਬੇਗਮਪੁਰਾ ਟਾਈਗਰ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ, ਜ਼ਿਲ੍ਹਾ ਪ੍ਰਧਾਨ ਹੈਪੀ ਫ਼ਤਿਹਗੜ੍ਹ, ਬੰਟੀ ਹਰਿਆਣਾ ਪ੍ਰਧਾਨ ਹਲਕਾ ਸ਼ਾਮ ਚੁਰਾਸੀ, ਅਮਨਦੀਪ ਕੌਂਡਲਾ, ਰਾਮ ਮੂਰਤੀ ਕੈਂਥ, ਰਾਹੁਲ ਕਲੋਤਾ, ਰਾਹੁਲ ਬੱਧਣ ਨਾਰਾ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਦੇਸ਼ ਅੰਦਰ ਅੰਬੇਡਕਰਵਾਦੀ ਸੋਚ ਦੇ ਖ਼ਿਲਾਫ਼ ਚੱਲ ਰਹੀ ਇੱਕ ਡੂੰਘੀ ਸਾਜ਼ਿਸ਼ ਦਾ ਹਿੱਸਾ ਹਨ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਮਨੂੰਵਾਦੀ ਅਤੇ ਜਾਤੀਵਾਦੀ ਸੋਚ ਵਾਲੀਆਂ ਤਾਕਤਾਂ ਅੱਜ ਵੀ ਸੰਵਿਧਾਨ ਅਤੇ ਬਰਾਬਰਤਾ ਦੇ ਅਧਿਕਾਰਾਂ ਨੂੰ ਬਰਦਾਸ਼ਤ ਨਹੀਂ ਕਰ ਪਾ ਰਹੀਆਂ।

ਬਾਬਾ ਸਾਹਿਬ ਨੇ ਸੰਵਿਧਾਨ ਰਾਹੀਂ ਹਰ ਵਰਗ ਨੂੰ ਬਰਾਬਰ ਦੇ ਹੱਕ ਦਿੱਤੇ ਹਨ, ਪਰ ਕੁਝ ਮਾਨਸਿਕਤਾ ਦੇ ਮਾਰੇ ਲੋਕ ਅੱਜ ਵੀ ਨਫ਼ਰਤ ਫੈਲਾਉਣ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ ਉਨ੍ਹਾਂ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਅਤੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਬਾਬਾ ਸਾਹਿਬ ਦੀਆਂ ਮੂਰਤੀਆਂ ਦੇ ਨੇੜੇ ਸੀ ਸੀ ਟੀ ਵੀ ਕੈਮਰਿਆਂ ਦੀ ਯੋਗ ਵਿਵਸਥਾ ਕੀਤੀ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਚਿਤਾਵਨੀ ਦਿੱਤੀ ਕਿ ਇਸ ਘਿਨਾਉਣੀ ਹਰਕਤ ਨੂੰ ਅੰਜਾਮ ਦੇਣ ਵਾਲੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ ਜੇਲ੍ਹ ਦੀਆਂ ਸਲਾਖਾਂ ਪਿੱਛੇ ਬੰਦ ਕੀਤਾ ਜਾਵੇ।



## ਗੜ੍ਹਸ਼ੰਕਰ 'ਚ 22 ਤੋਂ 24 ਜੁਲਾਈ ਤੱਕ ਚੱਲੇਗੀ ਪਾਸਪੋਰਟ ਸੇਵਾ ਮੋਬਾਇਲ ਵੈਨ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਭਾਰਤ ਦੇ ਵਿਦੇਸ਼ ਮੰਤਰਾਲਾ ਦੇ ਖੇਤਰੀ ਪਾਸਪੋਰਟ ਦਫ਼ਤਰ ਜਲੰਧਰ ਵੱਲੋਂ ਗੜ੍ਹਸ਼ੰਕਰ ਦੇ ਤਹਿਸੀਲ ਕੰਪਲੈਕਸ ਵਿਖੇ ਪਾਸਪੋਰਟ ਸੇਵਾ ਮੋਬਾਇਲ ਵੈਨ ਭੇਜੀ ਜਾ ਰਹੀ ਹੈ, ਜਿਥੇ ਲੋਕ ਆਪਣੀਆਂ ਅਰਜ਼ੀਆਂ ਦੇ ਸਕਣਗੇ।ਖੇਤਰੀ ਪਾਸਪੋਰਟ ਅਧਿਕਾਰੀ ਯਸ਼ਪਾਲ ਨੇ ਦੱਸਿਆ ਕਿ ਇਹ ਵੈਨ 22 ਤੋਂ 24 ਜੁਲਾਈ ਤੱਕ ਤਹਿਸੀਲ ਕੰਪਲੈਕਸ ਵਿਖੇ ਰਹੇਗੀ ਤਾਂ ਜੋ ਗੜ੍ਹਸ਼ੰਕਰ ਅਤੇ ਇਸ ਦੇ ਨਾਲ ਲਗਦੇ ਇਲਾਕਿਆਂ ਦੇ ਬਿਨੈਕਾਰ ਆਪਣੀਆਂ ਪਾਸਪੋਰਟ ਨਾਲ ਸੰਬੰਧਤ ਅਰਜ਼ੀਆਂ ਜਮ੍ਹਾਂ ਕਰਵਾ ਸਕਣ। ਉਨ੍ਹਾਂ ਦੱਸਿਆ ਕਿ ਪਾਸਪੋਰਟ ਸੇਵਾਵਾਂ ਦੇ ਚਾਹਵਾਨ ਲੋਕ ਆਪਣੀਆਂ ਆਨਲਾਈਨ ਅਰਜ਼ੀ ਫਾਰਮ ਭਰ ਕੇ ਆਨਲਾਈਨ ਸਮਾਂ (ਅਪਾਇੰਟਮੈਂਟ) ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਮੋਬਾਇਲ ਵੈਨ ਤੋਂ ਸੇਵਾ ਹਾਸਲ ਕਰਨ ਤੋਂ ਪਹਿਲਾਂ ਬਿਨੈਕਾਰਾਂ ਨੂੰ ਪਾਸਪੋਰਟ ਸੇਵਾ ਪੋਰਟਲ www.passportindia.gov.in ਰਾਹੀਂ ਅਪਾਇੰਟਮੈਂਟ ਲੈਣੀ ਲਾਜ਼ਮੀ ਹੈ।

## ਵਿਕਸਿਤ ਭਾਰਤ ਯੁਵਾ ਜੋੜੋ ਪ੍ਰੋਗਰਾਮ ਕਰਵਾਇਆ

**ਆਦਮਪੁਰ (ਪਰਮਜੀਤ ਸਿੰਘ)**- ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਮਾਣਯੋਗ ਚਾਂਸਲਰ ਸੰਤ ਬਾਬਾ ਮਨਮੋਹਨ ਸਿੰਘ, ਵਾਈਸ-ਚਾਂਸਲਰ ਪ੍ਰੋ. ਪਲਵਿੰਦਰ ਸਿੰਘ ਤੇ ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ ਹੇਠ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਖਿਆਲਾ (ਜਲੰਧਰ) ਨੇ 'ਵਿਕਸਿਤ ਭਾਰਤ ਦੇ ਵਿਜ਼ਨ ਦੇ ਤਹਿਤ' ਵਿਕਸਿਤ ਭਾਰਤ ਯੁਵਾ ਜੋੜੋ ਪ੍ਰੋਗਰਾਮ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ। ਇਸ ਪ੍ਰੋਗਰਾਮ ਦਾ ਉਦੇਸ਼ ਨੌਜਵਾਨਾਂ ਨੂੰ 2047 ਤੱਕ ਇੱਕ ਵਿਕਸਿਤ, ਆਤਮ-ਨਿਰਭਰ ਅਤੇ ਪ੍ਰਗਤੀਸ਼ੀਲ ਭਾਰਤ ਦੇ ਨਿਰਮਾਣ ਵਿੱਚ ਸਰਗਰਮ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਨਾ ਸੀ।ਸਮਾਗਮ ਦੀ ਸ਼ੁਰੂਆਤ ਸ਼ਮ੍ਹਾਂ ਰੋਸ਼ਨ ਨਾਲ ਹੋਈ। ਇਸ ਤੋਂ ਬਾਅਦ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ.(ਡਾ.) ਪਲਵਿੰਦਰ ਸਿੰਘ ਨੇ ਨੌਜਵਾਨਾਂ ਅਤੇ ਸਮਾਜ ਨੂੰ 'ਨਸ਼ਾ ਮੁਕਤ ਭਾਰਤ ਅਭਿਆਨ' ਦਾ ਸਰਗਰਮੀ ਨਾਲ ਸਮਰਥਨ ਕਰਨ ਦਾ ਸੱਦਾ ਦਿੱਤਾ ਹੈ। ਉਨ੍ਹਾਂ ਚਿੰਤਾ ਜਤਾਈ ਕਿ ਦੇਸ਼ ਦੀ ਸਭ ਤੋਂ ਕੀਮਤੀ ਨੌਜਵਾਨ ਆਬਾਦੀ ਅੱਜ ਨਸ਼ਿਆਂ ਦੀ ਲਤ ਵਰਗੀ ਵੱਡੀ ਸਮਾਜਿਕ ਚੁਣੌਤੀ ਦੇ ਖਤਰੇ ਵਿੱਚ ਘਿਰੀ ਹੋਈ ਹੈ। ਸਾਥੀਆਂ ਦੇ ਦਬਾਅ, ਤਣਾਅ ਅਤੇ ਬੇਰੁਜ਼ਗਾਰੀ ਵਰਗੇ ਮੂਲ ਕਾਰਨਾਂ ਨੂੰ ਸਿੱਖਿਆ, ਕੌਂਸਲਿੰਗ ਅਤੇ ਪਰਵਾਰਕ ਸਹਿਯੋਗ ਰਾਹੀਂ ਹੀ ਹੱਲ ਕੀਤਾ ਜਾ ਸਕਦਾ ਹੈ।ਇਸ ਮੌਕੇ ਕੁਮਾਰੀ ਸਾਕਸ਼ੀ ਸ਼ਰਮਾ ਮੁੱਖ ਮਹਿਮਾਨ ਵੱਜੋਂ ਸ਼ਿਕਰਤ ਕੀਤੀ।



## ਵਿਸ਼ਵ ਆਬਾਦੀ ਦਿਵਸ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਸਿਵਲ ਸਰਜਨ ਡਾ. ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਐਸ.ਐਮ.ਓ. ਡਾ. ਕਰਨ ਕੁਮਾਰ ਸੈਣੀ ਦੀ ਅਗਵਾਈ ਹੇਠ ਕਮਿਊਨਿਟੀ ਹੈਲਥ ਸੈਂਟਰ ਟਾਂਡਾ ਵਿਖੇ ਵਿਸ਼ਵ ਆਬਾਦੀ ਦਿਵਸ ਮਨਾਇਆ ਗਿਆ।ਇਸ ਮੌਕੇ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਵੱਧ ਰਹੀ ਆਬਾਦੀ ਦੇ ਪ੍ਰਭਾਵਾਂ, ਪਰਵਾਰ ਨਿਯੋਜਨ ਦੇ ਮਹੱਤਵ ਅਤੇ ਮਾਂ-ਬੱਚੇ ਦੀ ਸਿਹਤ ਸੰਬੰਧੀ ਜਾਗਰੂਕ ਕੀਤਾ ਗਿਆ। ਡਾ. ਕਰਨ ਕੁਮਾਰ ਸੈਣੀ ਨੇ ਕਿਹਾ ਕਿ ਛੋਟਾ ਤੇ ਖੁਸ਼ਹਾਲ ਪਰਿਵਾਰ ਹੀ ਸਿਹਤਮੰਦ ਸਮਾਜ ਦੀ ਨੀਂਹ ਹੈ। ਉਨ੍ਹਾਂ ਦੱਸਿਆ ਕਿ ਪਰਵਾਰ ਨਿਯੋਜਨ ਦੇ ਸਾਧਨਾਂ ਨੂੰ ਅਪਨਾ ਕੇ ਮਾਂ ਅਤੇ ਬੱਚੇ ਦੀ ਸਿਹਤ ਨੂੰ ਬਿਹਤਰ ਬਣਾਇਆ ਜਾ ਸਕਦਾ ਹੈ ਅਤੇ ਪਰਵਾਰ ਦੀ ਸਮਾਜਿਕ ਤੇ ਆਰਥਿਕ ਸਥਿਤੀ ਵੀ ਮਜ਼ਬੂਤ ਹੁੰਦੀ ਹੈ। ਉਨ੍ਹਾਂ ਯੋਗ ਦੰਪਤੀਆਂ ਨੂੰ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਉਪਲਬਧ ਮੁਫ਼ਤ ਪਰਵਾਰ ਨਿਯੋਜਨ ਸੇਵਾਵਾਂ ਦਾ ਲਾਭ ਲੈਣ ਦੀ ਅਪੀਲ ਕੀਤੀ। ਇਸ ਮੌਕੇ ਸਿਹਤ ਕਰਮਚਾਰੀਆਂ ਵੱਲੋਂ ਲੋਕਾਂ ਨੂੰ ਪਰਵਾਰ ਨਿਯੋਜਨ ਦੇ ਅਸਥਾਈ ਅਤੇ ਸਥਾਈ ਸਾਧਨਾਂ, ਜਨਮਾਂ ਵਿੱਚ ਉਚਿਤ ਅੰਤਰ ਰੱਖਣ ਦੇ ਫਾਇਦਿਆਂ ਅਤੇ ਮਾਂ-ਬੱਚੇ ਦੀ ਸੁਰੱਖਿਆ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਮੌਕੇ ਤੇ ਹਾਜ਼ਰ ਲੋਕਾਂ ਨੇ ਵੀ ਸਿਹਤ ਵਿਭਾਗ ਦੀ ਇਸ ਪਹਿਲ ਦੀ ਸ਼ਲਾਘਾ ਕੀਤੀ।

## ਸਕੂਲ ਦੇ ਇੰਟਰੈਕਟਿਵ ਪੈਨਲ ਦਾ ਉਦਘਾਟਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਰਕਾਰੀ ਐਲੀਮੈਂਟਰੀ ਸਕੂਲ ਰੇੜੂਪੱਤੀ ਵਿਖੇ ਉੱਘੇ ਸਮਾਜ ਸੇਵੀ ਐਕਸੀਅਨ ਨਰਿੰਦਰ ਸਿੰਘ ਤੇ ਸੀਨੀਅਰ ਸੈਕੰਡਰੀ ਸਕੂਲ ਕਮਾਹੀ ਦੇਵੀ ਦੇ ਪ੍ਰਿੰਸੀਪਲ ਰਜੇਸ਼ ਸਿੰਘ ਨੇ ਮਾਪਿਆਂ ਅਤੇ ਪਿੰਡ ਦੇ ਸਹਿਯੋਗ ਨਾਲ ਸਕੂਲ ਵਿੱਚ ਲਗਾਏ 75 ਇੰਚੀ ਇੰਟਰੈਕਟਿਵ ਪੈਨਲ ਦਾ ਰਿਬਨ ਕੱਟ ਕੇ ਉਦਘਾਟਨ ਕੀਤਾ। ਸਕੂਲ ਦੇ ਵਿਦਿਆਰਥੀਆਂ ਵੱਲੋਂ ਪਹਿਲਾਂ ਆਏ ਹੋਏ ਮਹਿਮਾਨਾਂ ਦਾ ਫੁੱਲਾਂ ਦੀ ਵਰਖਾ ਨਾਲ ਭਰਵਾਂ ਸਵਾਗਤ ਕੀਤਾ ਗਿਆ। ਉਪਰੰਤ ਮੁੱਖ ਮਹਿਮਾਨ ਮਹਾਤਮਾ ਨਰਿੰਦਰ ਸਿੰਘ ਤੇ ਪ੍ਰਿੰਸੀਪਾਲ ਰਜੇਸ਼ ਸਿੰਘ ਵਲੋਂ ਰਿਬਨ ਕੱਟ ਕੇ ਇੰਟਰੈਕਟਿਵ ਪੈਨਲ ਦਾ ਉਦਘਾਟਨ ਕੀਤਾ ਗਿਆ ਤੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਅੱਜ ਦੀ ਸਿੱਖਿਆ ਸਮਾਰਟ ਹੋ ਚੁੱਕੀ ਹੈ। ਬੱਚਿਆਂ ਨੂੰ ਇਸ ਵੱਡੀ ਸਕਰੀਨ ਰਾਹੀਂ ਔਖੇ ਸਵਾਲ ਵੀ ਸੌਖੇ ਹੀ ਸਮਝ ਆ ਜਾਣਗੇ। ਮਿਹਨਤੀ ਅਧਿਆਪਕਾਂ ਕਾਰਨ ਸਕੂਲ ਨਵੀਆਂ ਉਚਾਈਆਂ ਨੂੰ ਛੂਹ ਰਿਹਾ ਹੈ।ਉਹਨਾਂ ਪਿੰਡ ਵਾਸੀਆਂ ਤੇ ਮਾਪਿਆਂ ਵੱਲੋਂ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ। ਇਸ ਮੌਕੇ ਤੇ ਬੋਲਦਿਆਂ ਐਕਸੀਅਨ ਨਰਿੰਦਰ ਸਿੰਘ ਨੇ ਕਿਹਾ ਕਿ ਰੇੜੂਪੱਤੀ ਸਕੂਲ ਦੇ ਬੱਚੇ ਖੇਤਰ ਵਿੱਚ ਮੱਲਾਂ ਮਾਰ ਰਹੇ ਹਨ ਇਹ ਸਕੂਲ ਬੱਚਿਆਂ ਦੇ ਸਰਬਪੱਖੀ ਵਿਕਾਸ ਕਰ ਰਿਹਾ ਹੈ ਜਿਸ ਕਾਰਨ ਸਾਡੇ ਇਲਾਕੇ ਦਾ ਨਾਂ ਰੌਸ਼ਨ ਹੋ ਰਿਹਾ ਹੈ ਉਨ੍ਹਾਂ ਸਕੂਲ ਨੂੰ ਇੱਕ ਅਧੁਨਿਕ ਬੈਂਡ ਦੇਣ ਦਾ ਵੀ ਐਲਾਨ ਕੀਤਾ ਤੇ ਬੱਚਿਆਂ ਨੂੰ ਕਾਪੀਆਂ,ਪੈਨਸਿਲਾਂ ਤੇ ਪੈੱਨ ਵੀ ਵੰਡੇ।ਇਸ ਮੌਕੇ ਤੇ ਬੋਲਦਿਆਂ ਬੀ ਐੱਨ ਓ ਅਮਿਤ ਰਾਣਾ, ਐੱਸ ਐੱਮ ਸੀ ਚੇਅਰਮੈਨ ਅੰਜਨਾ ਦੇਵੀ, ਪੰਚ ਸਨੇਹਲਤਾ ਨੇ ਸਕੂਲ ਵਿੱਚ ਹਰ ਤਰ੍ਹਾਂ ਦੇ ਸਹਿਯੋਗ ਨੂੰ ਜਾਰੀ ਰੱਖਣ ਦੀ ਪ੍ਰਤੀਬੱਧਤਾ ਦੁਹਰਾਈ।ਇਸ ਮੌਕੇ ਤੇ ਮਾਸਟਰ ਰਜਿੰਦਰ ਸਿੰਘ, ਤਿਲਕ ਰਾਜ, ਸੀਮਾ, ਅਧਿਆਪਕ ਚਮਨ ਲਾਲ, ਸਰੋਜ ਕੁਮਾਰੀ, ਭੁਵਨੇਸ਼ਵਰੀ ਦੇਵੀ, ਰੁਪਾਲੀ, ਕਵਿਤਾ, ਪ੍ਰਿਆ, ਕੁੱਕ ਉਸ਼ਾ ਤੇ ਅਨੀਤਾ ਦੇਵੀ, ਪੰਚ ਉਰਮਿਲਾ ਦੇਵੀ ਆਦਿ ਹਾਜ਼ਰ ਸਨ।



## ਟਿੱਪਰਾਂ ਦੇ ਕਹਿਰ ਤੋਂ ਦੁਖੀ ਲੋਕ ਡੀ ਸੀ ਨੂੰ ਮਿਲੇ

**ਬੰਗਾ (ਅਵਤਾਰ ਕਲੇਰ)**- ਨਵਾਂਸ਼ਹਿਰ ਇਲਾਕੇ ਦੀਆਂ ਪੰਚਾਇਤਾਂ ਅਤੇ ਜਥੇਬੰਦੀਆਂ ਨੇ ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਨੂੰ ਮਿਲ ਕੇ ਓਵਰ ਲੋਡਿੰਗ ਅਤੇ ਤੂਫ਼ਾਨੀ ਵੇਗ ਨਾਲ ਹਾਦਸਿਆਂ ਦਾ ਕਾਰਨ ਬਣਦੇ ਟਿੱਪਰਾਂ 'ਤੇ ਲਗਾਮ ਕੱਸਣ ਦੀ ਮੰਗ ਕੀਤੀ ਹੈ।ਇਸ ਸੰਬੰਧੀ ਵਫ਼ਦ ਨੇ ਡੀ ਸੀ ਨੂੰ ਮੰਗ ਪੱਤਰ ਦਿੱਤਾ, ਜਿਸ ਵਿੱਚ ਉਨ੍ਹਾਂ ਲਿਖਿਆ ਕਿ ਮੁਨਾਫੇ ਦੀ ਦੌੜ ਅਤੇ ਟਿੱਪਰ ਚਾਲਕਾਂ ਦੀ ਬੇਲਗਾਮ ਡਰਾਈਵਿੰਗ ਰੋਜ਼ ਹੀ ਭਿਆਨਕ ਹਾਦਸਿਆਂ ਦਾ ਕਾਰਨ ਬਣ ਰਹੀ ਹੈ। ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ, ਸੂਬਾ ਕਮੇਟੀ ਮੈਂਬਰ ਭੁਪਿੰਦਰ ਸਿੰਘ ਵੜੈਚ, ਸ਼ਹਾਬਪੁਰ ਦੇ ਸਰਪੰਚ ਸ਼ਲਿੰਦਰ ਸਿੰਘ, ਕਮਲੇਸ਼ ਰਾਣੀ ਸਰਪੰਚ ਅਸਮਾਨਪੁਰ, ਰਘਵੀਰ ਸਿੰਘ ਸਾਬਕਾ ਸਰਪੰਚ ਅਸਮਾਨਪੁਰ, ਸੋਇਤਾ ਦੇ ਸਰਪੰਚ ਜਸਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਵਿਦਿਆਰਥੀ, ਨੌਜਵਾਨ, ਔਰਤਾਂ, ਕਿਸਾਨ ਅਤੇ ਮਜ਼ਦੂਰ ਆਦਿ ਇਨ੍ਹਾਂ ਹਾਦਸਿਆਂ ਦੀ ਜੱਦ ਵਿੱਚ ਆ ਰਹੇ ਹਨ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਹਰ ਤੀਜੇ ਦਿਨ ਮਨਾਹੀ ਦੇ ਹੁਕਮ ਜਾਰੀ ਕਰ ਰਹੇ ਹਨ ਜਦਕਿ ਉਨ੍ਹਾਂ ਦੇ ਇਹ ਹੁਕਮ ਟਿੱਪਰ ਚਾਲਕ ਧੂੜ ਵਾਂਗ ਉਡਾ ਰਹੇ ਹਨ।ਨਾਜਾਇਜ਼ ਮਾਇਨਿੰਗ ਵੀ ਜਾਰੀ ਹੈ ਅਤੇ ਹਾਦਸਿਆਂ ਨੂੰ ਵੀ ਨੱਥ ਨਹੀਂ ਪਾਈ ਜਾ ਰਹੀ।ਹੁਕਮਾਂ ਨੂੰ ਲਾਗੂ ਕਰਵਾਉਣ ਲਈ ਜ਼ਿੰਮੇਵਾਰ ਪੁਲਸ ਟਿੱਪਰਾਂ ਨੂੰ ਹੱਥ ਪਾਉਣ ਦੀ ਹਿੰਮਤ ਨਹੀਂ ਕਰਦੀ। ਇਸ ਮੌਕੇ ਨੰਬਰਦਾਰ ਅਮਰੀਕ ਸਿੰਘ ਉਸਮਾਨਪੁਰ, ਮਾਸਟਰ ਅਜੈਬ ਸਿੰਘ ਸਾਬਕਾ ਸਰਪੰਚ ਉਸਮਾਨਪੁਰ, ਬਲਵੀਰ ਸਿੰਘ ਨੰਬਰਦਾਰ ਉਸਮਾਨਪੁਰ, ਕਸ਼ਮੀਰ ਸਿੰਘ ਸੈਕਟਰੀ, ਮੇਜਰ ਸਿੰਘ ਉਸਮਾਨਪੁਰ, ਪਰਮਜੀਤ ਸਿੰਘ ਸੰਘਾ ਸ਼ਹਾਬਪੁਰ, ਹਰਮਿੰਦਰ ਸਿੰਘ, ਬਲਵਿੰਦਰ ਸਿੰਘ, ਅਜੈਬ ਸਿੰਘ, ਤਾਰਾ ਸਿੰਘ ਸਹਾਬਪੁਰ, ਅਵਤਾਰ ਸਿੰਘ ਤਾਰੀ, ਰਾਣਾ ਰਾਮਜੀ ਦਾਸ ਸਨਾਵਾ, ਮਹਿੰਦਰ ਸ਼ਹਾਬਪੁਰ ਵੀ ਮੌਜੂਦ ਸਨ।




## ਪ੍ਰਧਾਨ ਮੰਤਰੀ ਦੀ ਜਲੰਧਰ ਫੇਰੀ ਤੋਂ ਪਹਿਲਾਂ ਟਾਂਡਾ ਦੇ ਕਿਸਾਨ ਆਗੂਆਂ ਨੂੰ ਘਰਾਂ 'ਚ ਕੀਤਾ ਨਜ਼ਰਬੰਦ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਜਲੰਧਰ ਫੇਰੀ ਤੋਂ ਪਹਿਲਾਂ ਇਲਾਕਾ ਟਾਂਡਾ ਦੇ ਵੱਖ ਵੱਖ ਕਿਸਾਨ ਆਗੂਆਂ ਨੂੰ ਟਾਂਡਾ ਪੁਲਸ ਨੇ ਘਰਾਂ ਵਿੱਚ ਹੀ ਨਜ਼ਰਬੰਦ ਕਰ ਲਿਆ।ਜਾਣਕਾਰੀ ਮੁਤਾਬਕ ਦੁਆਬਾ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਜੰਗਵੀਰ ਸਿੰਘ ਚੌਹਾਨ, ਸਤਪਾਲ ਸਿੰਘ ਮਿਰਜਾਪੁਰ, ਅਮਰਜੀਤ ਸਿੰਘ ਕੁਰਾਲਾ ਤੇ ਹੋਰਨਾਂ ਕਿਸਾਨ ਆਗੂਆਂ ਨੂੰ ਟਾਂਡਾ ਪੁਲਸ ਨੇ ਘਰਾਂ ਵਿੱਚ ਹੀ ਡਿਟੇਨ ਕੀਤਾ। ਇਸ ਸੰਬੰਧੀ ਜਦੋਂ ਦੁਆਬਾ ਕਿਸਾਨ ਕਮੇਟੀ ਪੰਜਾਬ ਦੇ ਪ੍ਰਧਾਨ ਜੰਗਵੀਰ ਸਿੰਘ ਚੌਹਾਨ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਦੱਸਿਆ ਕਿ ਬੇਸ਼ੱਕ ਉਹਨਾਂ ਦੀ ਜਥੇਬੰਦੀ ਕਿਰਸਾਨ ਅਤੇ ਕਿਰਸਾਨੀ ਲਈ ਲੜਦੀ ਆ ਰਹੀ ਹੈ ਪ੍ਰੰਤੂ ਅੱਜ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਜਲੰਧਰ ਫੇਰੀ ਨੂੰ ਲੈ ਕੇ ਉਹਨਾਂ ਵੱਲੋਂ ਕੋਈ ਵੀ ਵਿਰੋਧ ਜਾਂ ਸੰਘਰਸ਼ ਜਾਂ ਸੰਕੇਤ ਨਹੀਂ ਦਿੱਤਾ ਗਿਆ ਸੀ। ਉਧਰ ਦੂਸਰੇ ਪਾਸੇ ਜਥੇਬੰਦੀ ਦੇ ਹੋਰਨਾਂ ਆਗੂਆਂ ਨੇ ਪੰਜਾਬ ਪੁਲਸ ਦੇ ਇਸ ਵਤੀਰੇ ਦੀ ਨਿਖੇਧੀ ਕੀਤੀ ਹੈ ਕਿ ਪੁਲਸ ਬਿਨਾਂ ਵਜ੍ਹਾ ਹੀ ਕਿਸਾਨ ਆਗੂਆਂ ਨੂੰ ਡਿਟੇਨ ਕਰਕੇ ਤੰਗ ਪਰੇਸ਼ਾਨ ਕਰ ਰਹੀ ਹੈ। ਇਸ ਬਾਰੇ ਜਦੋਂ ਡੀ.ਐਸ.ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਨਾਲ ਸੰਪਰਕ ਕੀਤਾ ਗਿਆ ਤਾਂ ਉਹਨਾਂ ਕਿਹਾ ਕਿ ਸੁਰੱਖਿਆ ਕਾਰਨਾਂ ਕਰਕੇ ਅਜਿਹੀ ਕਾਰਵਾਈ ਕੀਤੀ ਜਾ ਰਹੀ ਹੈ।



## ਸ੍ਰੀ ਰਾਮਲੀਲ੍ਹਾ ਕਮੇਟੀ ਦੀ ਨਵੀਂ ਕਾਰਜਕਾਰਨੀ ਦੀ ਸਰਬਸੰਮਤੀ ਨਾਲ ਚੋਣ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਸ੍ਰੀ ਰਾਮਲੀਲ੍ਹਾ ਕਮੇਟੀ (ਰਜਿਸਟਰ ਨੰਬਰ 812) ਡੇਰਾਬੱਸੀ ਦੀ ਇਸ ਸਾਲ ਦੀ ਚੋਣ ਵੀ ਸਰਬਸੰਮਤੀ ਨਾਲ ਸੰਪੰਨ ਹੋ ਗਈ । ਇਸ ਵਿੱਚ ਪ੍ਰਧਾਨ ਰਵਿੰਦਰ ਵੈਸ਼ਨਵ ਲਵਲੀ ਅਤੇ ਉਨ੍ਹਾਂ ਦੀ ਪੂਰੀ ਸਹਿਯੋਗੀ ਅਹੁਦੇਦਾਰਾਂ ਦੀ ਟੀਮ ਨੂੰ ਇੱਕ ਵਾਰ ਫਿਰ ਤੋਂ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ। ਨਵੀਂ ਚੋਣ ਵਿੱਚ ਨਿਯੁਕਤ ਕੀਤੇ ਗਏ ਅਹੁਦੇਦਾਰਾਂ ਦੀ ਸੂਚੀ ਇਸ ਪ੍ਰਕਾਰ ਹੈ: ਪ੍ਰਧਾਨ ਰਵਿੰਦਰ ਵੈਸ਼ਨਵ ਲਵਲੀ, ਚੇਅਰਮੈਨ ਮਨੋਜ ਰਾਜਪੂਤ, ਖਜ਼ਾਨਚੀ ਉਪੇਸ਼ ਬੰਸਲ, ਸਕੱਤਰ ਦਿਨੇਸ਼ ਵੈਸ਼ਨਵ ਅਤੇ ਮਧੂਕਰ ਸ਼ਰਮਾ, ਸੀਨੀਅਰ ਉਪ-ਪ੍ਰਧਾਨ ਬਲਬੀਰ ਕੁਮਾਰ ਮੱਗੂ ਅਤੇ ਸੁਸ਼ੀਲ ਧੀਮਾਨ, ਉਪ-ਪ੍ਰਧਾਨ ਸਤਪਾਲ ਅੱਤਰੀ ਨੀਲੂ, ?ਨਿਰਦੇਸ਼ਕ ਮੰਡਲ ਸੰਜੀਵ ਥੰਮਣ, ਮੁਕੇਸ਼ ਮੱਗੂ, ਐਡਵੋਕੇਟ ਅਰੁਣ ਕੁਮਾਰ, ਨਰਿੰਦਰ ਵੈਸ਼ਨਵ ਅਤੇ ਯੋਗੇਸ਼ ਅੱਤਰੀ, ?ਸਟੋਰ ਇੰਚਾਰਜ ਸੁਸ਼ੀਲ ਗੁਪਤਾ ਅਤੇ ਗੋਵਿੰਦ ਸ਼ਰਮਾ ਸਮਾਜਿਕ ਕਾਰਜਾਂ ਵਿੱਚ ਮੋਹਰੀ ਸੰਸਥਾ। ਵਿਧਾਨ ਸਭਾ ਹਲਕਾ ਡੇਰਾਬੱਸੀ ਦੀ ਇਹ ਸਭ ਤੋਂ ਪੁਰਾਣੀ ਰਾਮਲੀਲ੍ਹਾ ਕਮੇਟੀ ਹੈ, ਜੋ ਨਾ ਸਿਰਫ਼ ਰਾਮਲੀਲ੍ਹਾ ਦਾ ਮੰਚਨ ਕਰਦੀ ਹੈ, ਬਲਕਿ ਸ਼ੋਭਾ ਯਾਤਰਾ ਅਤੇ ਦੁਸਹਿਰਾ ਮੇਲਾ ਵੀ ਬੜੀ ਧੂਮਧਾਮ ਨਾਲ ਮਨਾਉਂਦੀ ਆ ਰਹੀ ਹੈ। ਸ੍ਰੀ ਰਾਮਲੀਲ੍ਹਾ ਕਮੇਟੀ 812 ਡੇਰਾਬੱਸੀ ਦੀ ਇੱਕਮਾਤਰ ਅਜਿਹੀ ਧਾਰਮਿਕ ਸੰਸਥਾ ਹੈ, ਜਿਸ ਦੀ ਐਂਬੂਲੈਂਸ ਸੇਵਾ ਦਾ ਲਾਭ ਆਮ ਲੋਕਾਂ ਨੂੰ ਪਿਛਲੇ 16 ਸਾਲਾਂ ਤੋਂ ਨਿਰੰਤਰ ਮਿਲ ਰਿਹਾ ਹੈ।



## ਡਾ. ਰਵਜੋਤ ਸਿੰਘ ਵੱਲੋਂ ਢੂੰਗੀ ਚੋਈ ਬਰੋਟੀ 'ਚ ਨਵੇਂ ਟਿਊਬਵੈੱਲ ਦਾ ਉਦਘਾਟਨ



**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਦੇ ਜੇਲ੍ਹ ਤੇ ਐਨ.ਆਰ.ਆਈ. ਮਾਮਲਿਆਂ ਬਾਰੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਇਸੇ ਵਚਨਬੱਧਤਾ ਤਹਿਤ ਢੂੰਗੀ ਚੋਈ ਬਰੋਟੀ ਪੰਚਾਇਤ ਦੀ ਸਾਲਾਂ ਪੁਰਾਣੀ ਮੰਗ ਨੂੰ ਪੂਰਾ ਕਰਦਿਆਂ ਪਿੰਡ ਵਾਸੀਆਂ ਨੂੰ ਨਵੇਂ ਪੀਣ ਵਾਲੇ ਪਾਣੀ ਦੇ ਟਿਊਬਵੈੱਲ ਦੀ ਸੌਗਾਤ ਦਿੱਤੀ ਗਈ ਹੈ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਇਸ ਟਿਊਬਵੈੱਲ ਦੇ ਚਾਲੂ ਹੋਣ ਨਾਲ ਪਿੰਡ ਦੇ ਲੋਕਾਂ ਨੂੰ ਸਾਫ਼ ਅਤੇ ਨਿਰੰਤਰ ਪੀਣ ਵਾਲਾ ਪਾਣੀ ਉਪਲਬਧ ਹੋਵੇਗਾ। ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੋਂ ਪਿੰਡ ਵਾਸੀਆਂ ਨੂੰ ਪਾਣੀ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਸੀ, ਜਿਸ ਕਾਰਨ ਖਾਸ ਕਰਕੇ ਗਰਮੀ ਦੇ ਮੌਸਮ ਵਿੱਚ ਲੋਕਾਂ ਨੂੰ ਕਾਫ਼ੀ ਦਿੱਕਤਾਂ ਝੱਲਣੀਆਂ ਪੈਂਦੀਆਂ ਸਨ, ਹੁਣ ਇਸ ਨਵੇਂ ਟਿਊਬਵੈੱਲ ਨਾਲ ਨਾ ਸਿਰਫ਼ ਪਾਣੀ ਦੀ ਕਮੀ ਦੂਰ ਹੋਵੇਗੀ, ਸਗੋਂ ਹਰ ਘਰ ਤੱਕ ਬਿਹਤਰ ਪਾਣੀ ਦੀ ਸਪਲਾਈ ਵੀ ਯਕੀਨੀ ਬਣੇਗੀ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਸੂਬੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਪੀਣ ਵਾਲੇ ਸਾਫ਼ ਪਾਣੀ ਦੀ ਉਪਲਬਧਤਾ ਨੂੰ ਆਪਣੀ ਪ੍ਰਮੁੱਖ ਤਰਜੀਹ ਮੰਨਦੀ ਹੈ। ਲੋਕਾਂ ਦੀਆਂ ਲੋੜਾਂ ਨੂੰ ਸਮਝਦਿਆਂ ਸਰਕਾਰ ਵੱਲੋਂ ਪਾਣੀ ਸਪਲਾਈ ਨਾਲ ਜੁੜੇ ਪ੍ਰਾਜੈਕਟਾਂ ਨੂੰ ਤੇਜ਼ੀ ਨਾਲ ਲਾਗੂ ਕੀਤਾ ਜਾ ਰਿਹਾ ਹੈ ਤਾਂ ਜੋ ਕਿਸੇ ਵੀ ਖੇਤਰ ਨੂੰ ਬੁਨਿਆਦੀ ਸਹੂਲਤਾਂ ਤੋਂ ਵਾਂਝਾ ਨਾ ਰਹਿਣਾ ਪਵੇ।ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਵਿੱਚ ਪੰਚਾਇਤਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ ਅਤੇ ਸਰਕਾਰ ਹਰ ਪੰਚਾਇਤ ਨਾਲ ਮਿਲ ਕੇ ਲੋਕ ਭਲਾਈ ਦੇ ਕੰਮਾਂ ਨੂੰ ਅੱਗੇ ਵਧਾ ਰਹੀ ਹੈ। ਇਸ ਮੌਕੇ ਅਰਸ਼ਦੀਪ ਸਿੰਘ, ਮਨਪ੍ਰੀਤ ਸਿੰਘ, ਨਵਜੋਤ ਸਿੰਘ, ਜਸਪ੍ਰੀਤ, ਸਰਬਜੀਤ, ਗੁਰਵਿੰਦਰ ਸਿੰਘ, ਸੰਜੀਵ ਕੁਮਾਰ, ਸੰਦੀਪ ਕੁਮਾਰ, ਅਮਿਤ, ਵਿਜੇ ਕੁਮਾਰ ਆਦਿ ਵੀ ਹਾਜ਼ਰ ਸਨ।

## ਸੰਗਰਾਂਦ ਦਾ ਦਿਹਾੜਾ ਸ਼ਰਧਾ ਪੂਰਵਕ ਮਨਾਇਆ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**- ਸ੍ਰੀ ਗੁਰੂ ਰਵਿਦਾਸ ਭਵਨ ਦਸ਼ਮੇਸ਼ ਨਗਰ ਟਾਂਡਾ ਵਿਖੇ ਸਾਉਣ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਸ਼ਰਧਾ, ਸਤਿਕਾਰ ਤੇ ਸੇਵਾ ਭਾਵਨਾ ਨਾਲ ਮਨਾਇਆ ਗਿਆ। ਪ੍ਰਬੰਧਕ ਕਮੇਟੀ ਵੱਲੋਂ ਡਾ. ਬੀ.ਆਰ ਅੰਬੇਡਕਰ ਕਲੱਬ, ਮੀਰਾਬਾਈ ਸਭਾ ਤੇ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਵਿੱਚ ਸਭ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਸ੍ਰੀ ਬਾਰਹ ਮਾਹ ਜੀ ਦੀ ਬਾਣੀ ਦੇ ਪਾਠ ਉਚਾਰਨ ਕੀਤੇ ਇਸ ਤੋਂ ਬਾਅਦ ਸਰਬੱਤ ਦੇ ਭਲੇ ਦੀ ਅਰਦਾਸ ਗੁਰੂ ਚਰਨਾਂ ਵਿੱਚ ਕੀਤੀ ਗਈ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਜਗਦੀਸ਼ ਕੁਮਾਰ ਰਿੰਕਾ ਨੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਆਰੰਭ ਹੋਏ ਸਾਉਣ ਮਹੀਨੇ ਦੀਆਂ ਸਮੂਹ ਸੰਗਤ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650 ਸਾਲਾ ਸ਼ਤਾਬਦੀ ਪ੍ਰਕਾਸ਼ ਪੁਰਬ ਨੂੰ ਮਨਾਏ ਜਾਣ ਦੇ ਸਬੰਧ ਵਿੱਚ ਤਿਆਰ ਕੀਤਾ ਗਿਆ ਲੋਗੋ ਵੀ ਜਾਰੀ ਕੀਤਾ ਗਿਆ ਜਿਸ ਬਾਰੇ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਸੇਵਾਦਾਰ ਭਾਈ ਜਗਦੀਸ਼ ਕੁਮਾਰ ਰਿੰਕਾ, ਮਨਦੀਪ ਸਿੰਘ ਦੀਪਾ, ਚਮਨ ਲਾਲ, ਤਰਸੇਮ ਲਾਲ,ਅਮਰੀਕ ਸਿੰਘ, ਸੋਮ ਪ੍ਰਕਾਸ਼, ਸੁਰਜੀਤ ਸਿੰਘ, ਜਸਪਾਲ ਰਾਏ, ਸਰਵਣ ਸਿੰਘ, ਬਚਿੰਤ ਸਿੰਘ, ਲਾਲ ਦੇਵ, ਬਲਵਿੰਦਰ ਸਿੰਘ, ਜੋਗਿੰਦਰ ਪਾਲ, ਮੋਹਿੰਦਰ ਰਾਮ, ਜਗਜੀਤ ਸਿੰਘ ਭੁੱਟਾ, ਮਨਜੀਤ ਕੌਰ, ਰਵਿੰਦਰ ਕੌਰ, ਸੁਨੀਤਾ ਰਾਣੀ, ਹਰਜੀਤ ਕੌਰ, ਪੂਜਾ, ਸਿਮਰਨ, ਜਸਵਿੰਦਰ ਸਿੰਘ, ਦਵਿੰਦਰ ਕੌਰ, ਅਮਰਜੀਤ ਕੌਰ, ਬਲਵਿੰਦਰ ਕੌਰ, ਨਵਜੋਤ ਕੌਰ ਤੇ ਪੱਲਵੀ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650 ਸਾਲਾ ਸ਼ਤਾਬਦੀ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦੇ ਹੋਏ ਗੁਰਦੁਆਰਾ ਸਾਹਿਬ ਵਿਖੇ ਫਰਵਰੀ ਮਹੀਨੇ ਤੋਂ ਸਾਲ ਭਰ ਚੱਲਣ ਵਾਲੇ ਸਮਾਗਮ ਦੀ ਆਰੰਭਤਾ ਕੀਤੀ ਗਈ ਹੈ ਜਿਸ ਦੌਰਾਨ ਹੁਣ ਤੱਕ 8 ਸ੍ਰੀ ਸਹਿਜ ਪਾਠ ਜੀ ਦੇ ਭੋਗ ਪਾਏ ਜਾ ਚੁੱਕੇ ਹਨ ਅਤੇ ਇਹ ਸਮਾਗਮ ਫਰਵਰੀ 2027 ਤੱਕ ਜਾਰੀ ਰਹਿਣਗੇ ਅਤੇ ਪੂਰਾ ਸਾਲ ਸ੍ਰੀ ਸਹਿਜ ਪਾਠ ਜੀ ਦੇ ਜਾਪ ਕੀਤੇ ਜਾਣਗੇ ਅਤੇ ਹਰੇਕ ਪੂਰਨਮਾਸ਼ੀ ਤੇ ਭੋਗ ਪਾਉਣ ਉਪਰੰਤ ਅਗਲੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ ਕੀਤੀ ਜਾਂਦੀ ਹੈ। ਉਹਨਾਂ ਦੱਸਿਆ ਕਿ ਸਤਿਗੁਰੂ ਰਵਿਦਾਸ ਮਹਾਰਾਜ ਦੇ 650 ਸਾਲਾ ਪ੍ਰਕਾਸ਼ ਪੁਰਬ ਦਸ਼ਮੇਸ਼ ਨਗਰ ਟਾਂਡਾ ਦੀਆਂ ਸੰਗਤਾਂ ਵੱਲੋਂ ਵੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਏਗਾ। ਉਹਨਾਂ ਦੱਸਿਆ ਕਿ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜਿੱਥੇ ਦਸ਼ਮੇਸ਼ ਨਗਰ ਟਾਂਡਾ ਤੋਂ ਮਹਾਨ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਸਜਾਏ ਜਾਣਗੇ ਉੱਥੇ ਹੀ ਆਉਣ ਵਾਲੇ ਸਮੇਂ ਵਿੱਚ ਵੱਡੀ ਪੱਧਰ ਤੇ ਕੀਰਤਨ ਸਮਾਗਮ ਦੇ ਪ੍ਰੋਗਰਾਮ ਵੀ ਉਲੀਕੇ ਜਾਣਗੇ। ਉਹਨਾਂ ਨੇ ਇਸ ਸਾਰੇ ਸਮਾਗਮ ਵਿੱਚ ਸੰਗਤਾਂ ਨੂੰ ਸਹਿਯੋਗ ਕਰਨ ਲਈ ਅਪੀਲ ਕੀਤੀ। ਸਮਾਗਮ ਦੌਰਾਨ ਵੱਖ-ਵੱਖ ਸੇਵਾਵਾਂ ਨਿਭਾਉਣ ਵਾਲੇ ਸੇਵਾਦਾਰਾਂ ਦਾ ਸਨਮਾਨ ਕੀਤਾ ਗਿਆ।

